
ਮੰਗਲਵਾਰ, 1 ਜੁਲਾਈ, 2025, 17 ਹਾੜ੍ਹ, ਨਾਨਕਸ਼ਾਹੀ 557, ਬਿਕਰਮੀ 2082, ਜਿਲਦ/VOL. : 74, ਅੰਕ/NO. : 30
ਰੋਜ਼ਾਨਾ ਨਵਾਂ ਜ਼ਮਾਨਾ ਜਲੰਧਰ
Regd. No : L-4/Pb-JL-0023/2024-26, (R.N.I.)-00068/57, ਸਫ਼ੇ : 12, ਕੀਮਤ : 5.00 ਰੁਪਏ



1-JULY-PAGE-10.qxd 6/30/2025 10:41 PM Page 1



## ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਦੀ ਪੈਨਸ਼ਨਰ ਵੈੱਲਫਰ ਐਸੋਸੀਏਸ਼ਨ ਸੁਨਾਮ ਦੀ ਮੀਟਿੰਗ ਰਾਮ ਸਰੂਪ ਢੈਪਈ ਦੀ ਪ੍ਰਧਾਨਗੀ ਹੇਠ ਪੈਨਸ਼ਨ ਭਵਨ ਸੁਨਾਮ ਵਿਖੇ ਹੋਈ।ਮੀਟਿੰਗ ਨੇ ਸਦੀਵੀ ਵਿਛੋੜਾ ਦੇ ਗਏ ਸਾਥੀਆਂ ਦੇ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ।ਮੀਟਿੰਗ ਨੇ ਮਜ਼ਦੂਰਾਂ ਦੇ ਆਗੂ ਹਰਭਗਵਾਨ ਮੂਨਕ ਤੇ ਧਨਾਢਾਂ ਦੇ ਗੁੰਡਿਆਂ ਵੱਲੋਂ ਕੀਤੇ ਜਾਨਲੇਵਾ ਹਮਲੇ ਦੀ ਸਖ਼ਤ ਨਿਖੇਧੀ ਕੀਤੀ ਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਭੁਪਿੰਦਰ ਸਿੰਘ ਛਾਜਲੀ, ਜੀਤ ਸਿੰਘ ਬੰਦਾ, ਪਵਨ ਸ਼ਰਮਾ, ਰਾਜ ਕੁਮਾਰ ਖਿਲਾਫ਼, ਦਰਸ਼ਨ ਸਿੰਘ ਮੱਟੂ, ਬਿਰਜ ਲਾਲ ਧੀਮਾਨ, ਛੱਜੂ ਰਾਮ ਜਿੰਦਲ, ਹਰੇਕ ਸਿੰਘ ਨੱਥੇ, ਧਰਮ ਸਿੰਘ, ਬਲਵਿੰਦਰ ਸਿੰਘ ਜ਼ਿਲ੍ਹੇਦਾਰ ਨੇ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਅੱਖੋਂ ਪਰੋਖੇ ਕਰਨ ਦੀ ਜ਼ੋਰਦਾਰ ਨਿਖੇਧੀ ਕੀਤੀ ਅਤੇ 30 ਜੂਨ ਨੂੰ ਜਥੇਬੰਦੀ ਦੇ ਸੂਬਾਈ ਸੱਦੇ 'ਤੇ ਪੰਜਾਬ ਭਰ ਵਿੱਚ ਖਜ਼ਾਨਿਆਂ ਅੱਗੇ ਦਿੱਤੇ ਜਾਣ ਦੇ ਪ੍ਰੋਗਰਾਮ ਤਹਿਤ ਸੁਨਾਮ ਦੇ ਸਾਰੇ ਪੈਨਸ਼ਨਰਾਂ ਨੂੰ 10 ਵਜੇ ਖ਼ਜ਼ਾਨਾ ਦਫਤਰ ਸੁਨਾਮ ਵਿਖੇ ਕੀਤੀ ਜਾ ਰਹੀ ਰੈਲੀ ਵਿੱਚ ਪੁੱਜਣ ਦੀ ਅਪੀਲ ਕੀਤੀ।

## ਭਰਪੂਰ ਸਿੰਘ ਬਣੇ ਕੋਆਪ੍ਰੇਟਿਵ ਸੁਸਾਇਟੀ ਚਨਾਰਥਲ ਖੁਰਦ ਦੇ ਪ੍ਰਧਾਨ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਦੀ ਚਨਾਰਥਲ ਖੁਰਦ ਕੋਆਪ੍ਰੇਟਿਵ ਖੇਤੀਬਾੜੀ ਸੇਵਾ ਸਰਵਿਸ ਸੁਸਾਇਟੀ ਪਿੰਡ ਚਨਾਰਥਲ ਖੁਰਦ ਦੀ ਚੋਣ ਸਰਬਸੰਮਤੀ ਦੇ ਨਾਲ ਹੋਈ, ਜਿਸ ਵਿੱਚ ਭਰਪੂਰ ਸਿੰਘ ਅਤਾਪੁਰ ਨੂੰ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਤੋਂ ਇਲਾਵਾ ਗੁਰਮੇਲ ਸਿੰਘ ਪੰਡਰਾਲੀ ਨੂੰ ਸੀਨੀਅਰ ਮੀਤ ਪ੍ਰਧਾਨ ਤੇ ਨੇਤਰ ਸਿੰਘ ਨੂੰ ਯੂਨੀਅਰ ਮੀਤ ਪ੍ਰਧਾਨ ਲਗਾਇਆ ਗਿਆ।ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ, ਉਨ੍ਹਾਂ ਨਵੇਂ ਚੁਣੇ ਗਏ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਵਧਾਈ ਦਿੱਤੀ ਅਤੇ ਸਿਰੋਪਾਓ ਭੇਟ ਕਰਕੇ ਸਨਮਾਨ ਕੀਤਾ।ਉਨ੍ਹਾਂ ਕਿਹਾ ਕਿ ਉਕਤ ਸੁਸਾਇਟੀ ਦੀ ਚੋਣ ਸਰਬਸੰਮਤੀ ਨਾਲ ਹੋਈ ਹੈ, ਇਹ ਇਲਾਕੇ ਲਈ ਮਾਣ ਵਾਲੀ ਗੱਲ ਹੈ।ਉਕਤ ਸੁਸਾਇਟੀ ਅਤਾਪੁਰ, ਪੰਡਰਾਲੀ ਤੇ ਚਨਾਰਥਲ ਖੁਰਦ ਪਿੰਡਾਂ ਦੀ ਸੁਸਾਇਟੀ ਹੈ।ਅਸੀਂ ਆਸ ਕਰਦੇ ਹਾਂ ਕਿ ਨਵੇਂ ਚੁਣੇ ਗਏ ਅਹੁਦੇਦਾਰ ਤੇ ਕਮੇਟੀ ਮੈਂਬਰ ਕਿਸਾਨਾਂ ਦੇ ਸਰਬਪੱਖੀ ਵਿਕਾਸ ਲਈ ਕੰਮ ਕਰਨਗੇ।ਇਸ ਮੌਕੇ ਸੁਸਾਇਟੀ ਦੇ ਸਕੱਤਰ ਸਤਾਰ ਮੁਹੰਮਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਰਪੂਰ ਸਿੰਘ ਅਤਾਪੁਰ ਨੂੰ ਸਰਬਸੰਮਤੀ ਨਾਲ ਪ੍ਰਧਾਨ, ਗੁਰਮੇਲ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਨੇਤਰ ਸਿੰਘ ਨੂੰ ਜੂਨੀਅਰ ਮੀਤ ਪ੍ਰਧਾਨ ਬਣਾਇਆ ਗਿਆ ਹੈ, ਜਦਕਿ ਜਗਮੋਹਨ ਸਿੰਘ, ਰਣਜੀਤ ਸਿੰਘ, ਗੁਰਿੰਦਰ ਸਿੰਘ, ਰਾਜਵੰਤ ਕੌਰ, ਮਲਕੀਤ ਸਿੰਘ, ਤਜਿੰਦਰ ਸਿੰਘ, ਕਮਲਜੀਤ ਕੌਰ ਤੇ ਤਰਤੇਜ ਸਿੰਘ ਨੂੰ ਮੈਂਬਰ ਨਿਯੁਕਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦਵਿੰਦਰ ਸਿੰਘ ਜਿੰਦੂ, ਦਰਸ਼ਨ ਸਿੰਘ ਪੰਡਰਾਲੀ, ਰਾਜਦੀਪ ਸਿੰਘ ਰਾਜੂ, ਰਮੇਸ਼ ਛੰਨਾ, ਲਾਲਾ ਜਖਵਾਲੀ ਆਦਿ ਹਾਜ਼ਰ ਸਨ।

## ਜ਼ਮੀਨ ਸੰਘਰਸ਼ ਕਮੇਟੀ ਵੱਲੋਂ ਅੰਦੋਲਨ ਕਰਨ ਦਾ ਐਲਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਰਿਜ਼ਰਵ ਕੋਟੇ ਦੀ ਪੰਚਾਇਤੀ ਜ਼ਮੀਨ ਦੀਆਂ ਗਲਤ ਬੋਲੀਆਂ ਖਿਲਾਫ ਤਿੰਨ ਜੁਲਾਈ ਨੂੰ ਡੀ ਸੀ ਦਫ਼ਤਰ ਅੱਗੇ ਧਰਨੇ ਦਾ ਐਲਾਨ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜ਼ੋਨਲ ਸੈਕਟਰੀ ਗੁਰਵਿੰਦਰ ਸਿੰਘ ਬੌੜਾਂ ਨੇ ਕਿਹਾ ਕਿ ਜ਼ਿਲ੍ਹੇ ਦੇ ਲਗਭਗ ਸਾਰੇ ਪਿੰਡਾਂ ਵਿੱਚ ਜ਼ਮੀਨ ਦੀਆਂ ਬੋਲੀਆਂ ਮੁਕੰਮਲ ਹੋ ਚੁੱਕੀਆਂ ਹਨ, ਪਰ ਪਿੰਡ ਮੰਡੌਰ, ਕਕਰਾਲਾ ਤੇ ਲੰਗ ਵਿੱਚ ਜ਼ਮੀਨ ਦੀ ਬੋਲੀ ਹਾਲੇ ਤੱਕ ਲਟਕ ਰਹੀ ਹੈ, ਕਿਉਂਕਿ ਇਨ੍ਹਾਂ ਪਿੰਡਾਂ ਦੇ ਪੰਚਾਇਤ ਸੈਕਟਰੀ, ਡੀ ਡੀ ਪੀ ਓ, ਪਿੰਡ ਦੇ ਜ਼ਿਮੀਂਦਾਰ ਭਾਈਚਾਰੇ ਨੂੰ ਪੰਚਾਇਤੀ ਰਿਜ਼ਰਵ ਜ਼ਮੀਨ ਸੌਂਪਣ ਲਈ ਪੱਬਾਂ ਭਾਰ ਹੋ ਰਹੇ ਹਨ।ਇਨ੍ਹਾਂ ਤਿੰਨਾਂ ਪਿੰਡਾਂ ਦਾ ਮਸਲਾ ਕਈ ਵਾਰ ਡੀਡੀਪੀਓ, ਏਡੀਸੀ ਤੇ ਡੀਸੀ ਦੇ ਧਿਆਨ ਵਿੱਚ ਲਿਆਂਦਾ ਜਾ ਚੁੱਕਿਆ ਹੈ, ਪਰ ਪ੍ਰਸ਼ਾਸਨ ਦੇ ਕਿਸੇ ਵੀ ਅਧਿਕਾਰੀਆਂ ਵੱਲੋਂ ਇਸ ਦਾ ਕੋਈ ਵੀ ਪੁਖਤਾ ਹੱਲ ਨਹੀਂ ਕੀਤਾ ਗਿਆ। ਇਨ੍ਹਾਂ ਪਿੰਡਾਂ ਵਿੱਚ ਮਜ਼ਦੂਰ ਆਪਣੇ ਹਿੱਸੇ ਦੀ ਪੰਚਾਇਤੀ ਰਿਜ਼ਰਵ ਜ਼ਮੀਨ ਲੈ ਕੇ ਸਾਂਝੀ ਖੇਤੀ ਕਰਦੇ ਹਨ ਤੇ ਕੁਝ ਮਜ਼ਦੂਰ ਆਪਣੇ ਪਸ਼ੂਆਂ ਲਈ ਹਰਾ ਚਾਰਾ ਬੀਜਦੇ ਹਨ, ਪਰ ਪ੍ਰਸ਼ਾਸਨ ਮਜ਼ਦੂਰਾਂ ਨੂੰ ਜ਼ਿਮੀਂਦਾਰਾਂ ਦੀਆਂ ਵੋਟਾਂ ਦਾ ਮੁਹਤਾਜ ਕਰਨਾ ਚਾਹੁੰਦਾ ਹੈ।ਪਿੰਡ ਮੰਡੌਰ ਤੇ ਕਕਰਾਲੇ ਵਿੱਚ ਇਸ ਮਸਲੇ ਨੂੰ ਲੈ ਕੇ ਸਥਿਤੀ ਕਾਫੀ ਤਣਾਅ ਪੂਰਨ ਹੈ। ਪਿੰਡ ਮੰਡੌਰ ਵਿੱਚ ਪਿੰਡ ਦੇ ਉੱਚ-ਜਾਤੀ ਕਈ ਘੜੰਮ ਚੌਧਰੀ ਪੰਚਾਇਤੀ ਰਿਜ਼ਰਵ ਜ਼ਮੀਨ 'ਤੇ ਧੱਕੇ ਨਾਲ ਵਾਹੀ ਕਰਨਾ ਚਾਹੁੰਦੇ ਹਨ, ਜਦੋਂਕਿ ਉਨ੍ਹਾਂ 'ਤੇ ਪਹਿਲਾਂ ਹੀ ਐੱਸ ਸੀ ਐੱਸ ਟੀ ਐਕਟ ਤਹਿਤ ਮਾਮਲਾ ਦਰਜ ਹੈ, ਪਰ ਪ੍ਰਸ਼ਾਸਨ ਕਿਸੇ ਵੱਡੇ ਦਬਾਅ ਹੇਠ ਕਿਸੇ ਵੀ ਤਰ੍ਹਾਂ ਵਿੱਚ ਇਨ੍ਹਾਂ ਦੇ ਮਸਲੇ ਨੂੰ ਹੱਲ ਕਰਨ ਦੀ ਬਜਾਏ ਹੋਰ ਉਲਝਾ ਰਿਹਾ ਹੈ।ਇਸ ਲਈ ਜ਼ਮੀਨ ਦੀ ਸਹੀ ਬੋਲੀ ਕਰਵਾਉਣ ਨੂੰ ਲੈ ਕੇ ਮਜ਼ਦੂਰਾਂ ਨੂੰ ਦਿਵਾਉਣ ਲਈ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ 3 ਜੁਲਾਈ ਨੂੰ ਡੀ ਸੀ ਦਫ਼ਤਰ ਪਟਿਆਲਾ ਦੇ ਗੇਟ ਅੱਗੇ ਧਰਨਾ ਲਾਉਣ ਦਾ ਐਲਾਨ ਕੀਤਾ ਗਿਆ ਹੈ।

## ਲੋਕ ਸੇਵਾ ਸੁਸਾਇਟੀ ਵੱਲੋਂ ਅੱਖਾਂ ਦਾ ਮੁਫ਼ਤ ਚੈੱਕਅਪ ਤੇ ਅਪ੍ਰੇਸ਼ਨ ਕੈਂਪ



**ਜਗਰਾਓਂ (ਅਮਿਤ ਖੰਨਾ)**-ਸਵਰਗਵਾਸੀ ਸੁਸ਼ੀਲ ਕੁਮਾਰ ਜੈਨ ਸਪੁੱਤਰ ਸਵਰਗਵਾਸੀ ਦਿਆ ਚੰਦ ਜੈਨ ਦੀ ਯਾਦ ਵਿੱਚ ਲੋਕ ਸੇਵਾ ਸੁਸਾਇਟੀ ਜਗਰਾਉਂ ਵੱਲੋਂ ਅੱਖਾਂ ਦਾ 65ਵਾਂ ਮੁਫ਼ਤ ਚੈੱਕਅਪ ਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ।ਸੁਸਾਇਟੀ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਰਜਿੰਦਰ ਜੈਨ ਕਾਕਾ, ਸੈਕਟਰੀ ਡਾਕਟਰ ਕੁਲਭੂਸ਼ਨ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਲੰਮਿਆਂ ਵਾਲਾ ਬਾਗ ਜਗਰਾਓਂ ਵਿਖੇ ਲਗਾਏ ਕੈਂਪ ਦਾ ਉਦਘਾਟਨ ਸਵਰਗਵਾਸੀ ਸੁਸ਼ੀਲ ਚੰਦ ਜੈਨ ਦੇ ਸਪੁੱਤਰ ਡਾਕਟਰ ਮਨੀਸ਼ ਜੈਨ ਤੇ ਹਰਸ਼ ਜੈਨ ਨੇ ਕਰਦਿਆਂ ਸੁਸਾਇਟੀ ਵੱਲੋਂ ਜ਼ਰੂਰਤਮੰਦ ਲੋਕਾਂ ਦੀ ਮਦਦ ਲਈ ਲਗਾਤਾਰ ਕੀਤੇ ਜਾ ਰਹੇ ਸਮਾਜ ਸੇਵੀ ਕੰਮਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਸੁਸਾਇਟੀ ਨੂੰ ਜੈਨ ਪਰਿਵਾਰ ਵੱਲੋਂ ਹਮੇਸ਼ਾ ਹੀ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਸੋਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ ਤੇ ਪ੍ਰਧਾਨ ਰਜਿੰਦਰ ਜੈਨ ਕਾਕਾ ਨੇ ਕਿਹਾ ਕਿ ਸੁਸਾਇਟੀ ਵੱਲੋਂ ਹਰੇਕ ਮਹੀਨੇ ਦੇ ਅਖੀਰਲੇ ਐਤਵਾਰ ਨੂੰ ਅੱਖਾਂ ਦਾ ਮੁਫ਼ਤ ਚੈੱਕਅਪ ਤੇ ਆਪ੍ਰੇਸ਼ਨ ਕੈਂਪ ਜਗਰਾਉਂ ਵਿਖੇ ਲਗਾਉਣ ਤੋਂ ਇਲਾਵਾ ਹਰੇਕ ਮਹੀਨੇ ਸੁਸਾਇਟੀ ਵੱਲੋਂ ਮੈਡੀਕਲ ਚੈੱਕਅਪ ਕੈਂਪ ਤੇ ਸਮੇਂ ਸਮੇਂ ਜ਼ਰੂਰਤ ਅਨੁਸਾਰ ਸਮਾਜ ਸੇਵਾ ਦੇ ਪ੍ਰੋਜੈਕਟ ਲਗਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਸੁਸਾਇਟੀ ਨੂੰ ਜੈਨ ਪਰਿਵਾਰ ਦਾ ਹਮੇਸ਼ਾ ਭਰਪੂਰ ਯੋਗਦਾਨ ਮਿਲਦਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਅੱਜ ਦੇ ਕੈਂਪ ਵਿੱਚ ਸੰਕਰਾ ਆਈ ਹਸਪਤਾਲ ਮੁੱਲਾਂਪੁਰ ਦੀ ਟੀਮ ਦੇ ਡਾਕਟਰਾਂ ਦੀ ਟੀਮ ਵੱਲੋਂ 115 ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅਪ ਕਰਨ ਤੋਂ ਬਾਅਦ 32 ਮਰੀਜ਼ਾਂ ਦੀਆਂ ਅੱਖਾਂ ਦੇ ਆਪ੍ਰੇਸ਼ਨ ਹਸਪਤਾਲ ਵਿਖੇ ਮੁਫ਼ਤ ਕੀਤੇ ਜਾਣਗੇ। ਇਸ ਮੌਕੇ ਸੋਸਾਇਟੀ ਦੇ ਵਾਈਸ ਚੇਅਰਮੈਨ ਕੰਵਲ ਕੱਕੜ ਤੇ ਸੁਖਜਿੰਦਰ ਸਿੰਘ ਢਿੱਲੋਂ, ਪ੍ਰੋਜੈਕਟ ਚੇਅਰਮੈਨ ਮਨੋਹਰ ਸਿੰਘ ਟੱਕਰ, ਪ੍ਰੋਜੈਕਟ ਕੈਸ਼ੀਅਰ ਰਜੀਵ ਗੁਪਤਾ, ਰਾਜਨ ਸਿੰਗਲਾ, ਆਰ ਕੇ ਗੋਇਲ, ਅਨਿਲ ਮਲਹੋਤਰਾ, ਲਾਕੇਸ਼ ਟੰਡਨ ਆਦਿ ਸੁਸਾਇਟੀ ਮੈਂਬਰ ਹਾਜ਼ਰ ਸਨ।

## ਰੁਪਿੰਦਰ ਕੌਰ ਜ਼ਿਲ੍ਹਾ ਮਹਿਲਾ ਕਾਂਗਰਸ ਪਟਿਆਲਾ ਦੀ ਪ੍ਰਧਾਨ ਨਿਯੁਕਤ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪੰਜਾਬ ਮਹਿਲਾ ਕਾਂਗਰਸ ਦੇ ਸੂਬਾ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਵੱਲੋਂ ਹਲਕਾ ਸਮਾਣਾ ਦੇ ਕਈ ਪਿੰਡਾਂ ਦਾ ਦੌਰਾ ਕੀਤਾ ਗਿਆ।ਇਸ ਦੌਰਾਨ ਉਨ੍ਹਾਂ ਵੱਲੋਂ ਸਮਾਜ ਸੇਵਿਕਾ ਰੁਪਿੰਦਰ ਕੌਰ ਕੌਰਜੀਵਾਲਾ ਨੂੰ ਜ਼ਿਲ੍ਹਾ ਮਹਿਲਾ ਕਾਂਗਰਸ ਪਟਿਆਲਾ ਦਿਹਾਤੀ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਇੱਥੇ ਜ਼ਿਕਰਯੋਗ ਹੈ ਕਿ ਜ਼ਿਲ੍ਹਾ ਮਹਿਲਾ ਕਾਂਗਰਸ ਦਿਹਾਤੀ ਤੇ ਸ਼ਹਿਰੀ ਦੇ ਪ੍ਰਧਾਨ ਰਹੇ ਅਮਰਜੀਤ ਕੌਰ ਭੱਠਲ ਨੂੰ ਸੰਗਠਨ ਵਿੱਚ ਸੂਬਾ ਮੀਤ ਪ੍ਰਧਾਨ ਦੇ ਅਹੁਦੇ ਲਈ ਚੁਣ ਲਿਆ ਗਿਆ ਹੈ।ਬੀਬੀ ਰੰਧਾਵਾ ਨੇ ਕਿਹਾ ਕਿ ਰੁਪਿੰਦਰ ਕੌਰ ਜ਼ਿਲ੍ਹਾ ਮਹਿਲਾ ਕਾਂਗਰਸ ਪਟਿਆਲਾ ਦੇ ਸਾਬਕਾ ਪ੍ਰਧਾਨ ਭੁਪਿੰਦਰ ਕੌਰ ਕੌਰਜੀਵਾਲਾ ਦੀ ਨੂੰਹ ਹਨ, ਜਿਨ੍ਹਾਂ ਨੇ ਉਮਰ ਭਰ ਕਾਂਗਰਸ ਲਈ ਕੰਮ ਕੀਤਾ ਹੈ।ਇਸ ਮੌਕੇ ਗੁਰਸ਼ਰਨ ਕੌਰ ਰੰਧਾਵਾ ਨੇ ਕਿਹਾ ਕਿ ਪੰਜਾਬ ਕਾਂਗਰਸ ਦੇ ਸੂਬਾਈ ਪ੍ਰਧਾਨ ਰਾਜਾ ਵੜਿੰਗ ਤੇ ਆਲ ਇੰਡੀਆ ਮਹਿਲਾ ਕਾਂਗਰਸ ਦੇ ਰਾਸ਼ਟਰੀ ਪ੍ਰਧਾਨ ਅਲਕਾ ਲਾਂਬਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਮਹਿਲਾ ਕਾਂਗਰਸ ਸੂਬੇ ਭਰ ਵਿੱਚ ਆਪਣੇ ਸੰਗਠਨ ਦੀ ਮਜ਼ਬੂਤੀ ਲਈ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਅੱਜ ਪੰਜਾਬ ਮਹਿਲਾ ਕਾਂਗਰਸ ਹਰ ਫਰੰਟ 'ਤੇ ਮੂਹਰਲੀ ਕਤਾਰ ਵਿੱਚ ਖੜੀ ਹੁੰਦੀ ਹੈ ਤੇ 2027 ਵਿੱਚ ਕਾਂਗਰਸ ਦੀ ਸਰਕਾਰ ਬਣਾਉਣ ਲਈ ਕੋਈ ਕਸਰ ਨਹੀਂ ਛੱਡੇਗੀ ।ਇਸ ਮੌਕੇ ਗੁਰਸ਼ਰਨ ਕੌਰ ਰੰਧਾਵਾ ਵੱਲੋਂ ਰੁਪਿੰਦਰ ਕੌਰ ਦੀ ਅਗਵਾਈ ਹੇਠ ਪਿੰਡ ਕੌਰਜੀਵਾਲਾ ਵਿਖੇ ਨਵੇਂ ਖੁੱਲ੍ਹੇ ਸਿਲਾਈ ਸੈਂਟਰ ਦਾ ਉਦਘਾਟਨ ਕੀਤਾ ਗਿਆ ਤੇ ਬੀਬੀਆਂ ਨੂੰ ਵਧਾਈ ਦਿੱਤੀ ਗਈ।ਰੰਧਾਵਾ ਨੇ ਕਿਹਾ ਕਿ ਪਟਿਆਲਾ ਦੇ ਸਾਂਸਦ ਡਾਕਟਰ ਧਰਮਵੀਰ ਗਾਂਧੀ ਵੱਲੋਂ ਮਹਿਲਾ ਕਾਂਗਰਸ ਨੂੰ ਪੂਰਨ ਸਹਿਯੋਗ ਮਿਲ ਰਿਹਾ ਹੈ ਤੇ ਉਹ ਵੀ ਮਹਿਲਾਵਾਂ ਨੂੰ ਰਾਜਨੀਤੀ ਵਿੱਚ ਅੱਗੇ ਆਉਣ ਲਈ ਪ੍ਰੇਰਨਾ ਦਿੰਦੇ ਰਹਿੰਦੇ ਹਨ।ਇਸ ਮੀਟਿੰਗ ਵਿੱਚ ਨਰਿੰਦਰ ਕੌਰ ਕੰਗ ਸੂਬਾ ਮੀਤ ਪ੍ਰਧਾਨ, ਪ੍ਰਿੰਸੀਪਲ ਅਮਰਜੀਤ ਕੌਰ ਸੂਬਾ ਜਨਰਲ ਸਕੱਤਰ, ਮਹਿੰਦਰ ਕੌਰ ਧਬਲਾਨ ਮੈਂਬਰ ਬਲਾਕ ਸੰਮਤੀ, ਮਨਜੀਤ ਕੌਰ ਭੱਠਲ ਸੂਬਾ ਸਕੱਤਰ, ਕ੍ਰਿਸ਼ਨਾ ਸ਼ਾਹਪੁਰ ਬਲਾਕ ਪ੍ਰਧਾਨ ਘੱਗਾ, ਕ੍ਰਿਸ਼ਨਾ ਦੇਵੀ ਪਾਤੜਾਂ ਜ਼ਿਲ੍ਹਾ ਮੀਤ ਪ੍ਰਧਾਨ ਸਮੇਤ ਵੱਡੀ ਗਿਣਤੀ ਵਿੱਚ ਔਰਤਾਂ ਹਾਜ਼ਰ ਸਨ।

# ਸਰਕਾਰ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਵਚਨਬੱਧ : ਗੋਇਲ

### ਕੈਬਨਿਟ ਮੰਤਰੀ ਨੇ ਖਨੌਰੀ ਵਿਖੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ



**ਮੂਨਕ (ਰਾਜਪਾਲ ਸਿੰਗਲਾ)**-ਪੰਜਾਬ ਸਰਕਾਰ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਵਚਨਬੱਧ ਹੈ ਤੇ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਨਗਰ ਪੰਚਾਇਤ ਦਫ਼ਤਰ ਖਨੌਰੀ ਵਿਖੇ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਮੌਕੇ ਕੀਤਾ।ਕੈਬਨਿਟ ਮੰਤਰੀ ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣਦੇ ਸਾਰ ਕਈ ਮੁਸ਼ਕਲਾਂ ਮੌਕੇ ਉੱਤੇ ਹੀ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦੇ ਕੇ ਹੱਲ ਕਰਵਾਈਆਂ ਅਤੇ ਬਾਕੀਆਂ ਦੇ ਹੱਲ ਲਈ ਅਗਲੇਰੀ ਕਾਰਵਾਈ ਆਰੰਭ ਕਰਵਾਈ।

ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਜਿਹੜੇ ਵਾਅਦੇ ਲੋਕਾਂ ਨਾਲ ਕੀਤੇ ਸਨ, ਉਹ ਪੜਾਅਵਾਰ ਪੂਰੇ ਕੀਤੇ ਜਾ ਰਹੇ ਹਨ।ਸੜਕਾਂ, ਗਲੀਆਂ, ਸਟਰੀਟ ਲਾਈਟਾਂ, ਪਾਰਕਾਂ, ਸ਼ਮਸ਼ਾਨਘਾਟਾਂ ਤੇ ਕਬਰਸਤਾਨਾਂ, ਪਾਣੀ ਦੀ ਨਿਕਾਸੀ ਤੇ ਸਕੂਲਾਂ ਸਬੰਧੀ ਵੱਡੇ ਪੱਧਰ ਉੱਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ।ਕੈਬਨਿਟ ਮੰਤਰੀ ਨੇ ਕਿਹਾ ਕਿ ਹਲਕੇ ਦੀਆਂ ਸੜਕਾਂ ਦੀ ਕਾਇਆ ਕਲਪ ਵੱਲ ਉਚੇਚਾ ਧਿਆਨ ਦਿੱਤਾ ਜਾ ਰਿਹਾ ਹੈ ਤੇ ਹਲਕੇ ਦੀ ਕੋਈ ਸੜਕ ਅਜਿਹੀ ਨਹੀਂ ਰਹਿਣ ਦਿੱਤੀ ਜਾਵੇਗੀ, ਜਿਸ ਦੀ ਕਾਇਆ ਕਲਪ ਨਾ ਹੋਈ ਹੋਵੇ।ਇਸ ਤੋਂ ਇਲਾਵਾ ਪੰਜਾਬ ਸਰਕਾਰ ਦੀਆਂ ਸਾਰੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਹਰ ਇਕ ਯੋਗ ਲਾਭਪਾਤਰੀ ਨੂੰ ਦਿੱਤਾ ਜਾ ਰਿਹਾ ਹੈ।ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੀ ਲਾਹਨਤ ਨੂੰ ਜੜ੍ਹੋਂ ਖਤਮ ਕਰਨ ਲਈ ਪੂਰੀ ਤਰ੍ਹਾਂ ਦ੍ਰਿੜ੍ਹ ਹੈ।

ਸ੍ਰੀ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਟੀਚਾ ਹੈ ਕਿ ਪੰਜਾਬ ਦੇ ਨਹਿਰੀ ਪਾਣੀ ਦੀ ਇਕ ਇਕ ਬੂੰਦ ਕਿਸਾਨਾਂ ਦੇ ਖੇਤਾਂ ਤੱਕ ਪੁਜਦੀ ਕੀਤੀ ਜਾਵੇ।ਇਸੇ ਲੜੀ ਤਹਿਤ ਹਰ ਖੇਤ ਤੱਕ ਨਹਿਰੀ ਪਾਣੀ ਪੁੱਜਦਾ ਕਰਨ ਲਈ ਜ਼ਮੀਨਦੋਜ਼ ਪਾਈਪਾਂ ਪਾਉਣ ਤੇ ਖਾਲੇ ਬਣਾਉਣ ਦਾ ਕੰਮ ਜੰਗੀ ਪੱਧਰ 'ਤੇ ਜਾਰੀ ਹੈ। ਉਨ੍ਹਾ ਕਿ ਖਨੌਰੀ ਵਿਖੇ ਜਿਹੜੇ ਵੀ ਵਿਕਾਸ ਕਾਰਜ ਬਕਾਇਆ ਹਨ, ਉਹ ਹਰ ਹਾਲ ਤੈਅ ਸਮੇਂ ਵਿੱਚ ਪੂਰੇ ਕੀਤੇ ਜਾਣਗੇ।ਨਗਰ ਦੀ ਸਾਫ ਸਫਾਈ ਵੱਲ ਉਚੇਚਾ ਧਿਆਨ ਦਿੱਤਾ ਜਾ ਰਿਹਾ ਹੈ ਤੇ ਜਿਵੇਂ ਹੀ ਇਸ ਨਗਰ ਬਾਬਤ ਪ੍ਰੋਜੈਕਟ ਪੂਰੇ ਹੋਣਗੇ, ਇਸ ਨਗਰ ਦੀ ਦਸ਼ਾ ਪੂਰੀ ਤਰ੍ਹਾਂ ਬਦਲ ਜਾਵੇਗੀ।

ਇਸ ਮੌਕੇ ਪੀ.ਏ. ਰਾਕੇਸ਼ ਕੁਮਾਰ ਗੁਪਤਾ, ਸਾਰੇ ਮਹਿਕਮਿਆਂ ਦੇ ਅਧਿਕਾਰੀ, ਟਰੱਕ ਯੂਨੀਅਨ ਦੇ ਪ੍ਰਧਾਨ ਬੀਰਭਾਨ ਕਾਂਸਲ, ਤਰਸੇਮ ਸਿੰਗਲਾ, ਸੁਰਿੰਦਰ ਕਰੋਦਾ, ਵਿਸ਼ਾਲ ਕਾਂਸਲ, ਅਸ਼ੋਕ ਕੁਮਾਰ, ਕੌਂਸਲਰ ਮਹਾਵੀਰ ਸ਼ਰਮਾ, ਜੋਰਾ ਸਿੰਘ ਸਾਬਕਾ ਪ੍ਰਧਾਨ ਟਰੱਕ ਯੂਨੀਅਨ ਖਨੌਰੀ ਮੰਡੀ, ਗਿਰਧਾਰੀ ਲਾਲ ਸਾਬਕਾ ਪ੍ਰਧਾਨ ਨਗਰ ਪੰਚਾਇਤ ਖਨੌਰੀ, ਅਨਿਲ ਕੁਮਾਰ, ਸੰਜੇ ਸਿੰਗਲਾ, ਕੌਂਸਲਰ ਬਲਵਿੰਦਰ ਸਿੰਘ, ਰੋਮੀ ਗੋਇਲ, ਸ਼ੀਸ਼ਪਾਲ ਮਲਿਕ, ਕੌਂਸਲਰ ਜੀਤੀ ਨੰਬਰਦਾਰ ਤੋਂ ਇਲਾਵਾ ਵੱਖ-ਵੱਖ ਸਮੂਹ ਕੌਂਸਲਰ ਤੇ ਆਮ ਆਦਮੀ ਪਾਰਟੀ ਦੇ ਵਰਕਰ ਤੇ ਆਗੂ ਹੋਰ ਹਾਜ਼ਰ ਸਨ।

## ਵਿਧਾਇਕ ਸਵਨਾ ਨੇ ਐੱਸ ਸੀ ਲਾਭਪਾਤਰੀਆਂ ਨੂੰ ਕਰਜ਼ਾ ਮੁਕਤੀ ਸਰਟੀਫਿਕੇਟ ਵੰਡੇ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਵਿੱਤ ਨਿਗਮ ਤੋਂ ਕਰਜ਼ਾ ਲੈਣ ਵਾਲੇ ਐੱਸ ਸੀ ਭਾਈਚਾਰੇ ਦੇ 4727 ਲੋਕਾਂ ਦਾ 67.84 ਕਰੋੜ ਰੁਪਏ ਦਾ ਕਰਜ਼ਾ ਮਾਫ ਕੀਤਾ ਹੈ। ਇਹ ਗੱਲ ਫਾਜ਼ਿਲਕਾ ਦੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਇੱਥੇ ਮਾਰਕੀਟ ਕਮੇਟੀ ਵਿਖੇ ਹੋਏ ਇੱਕ ਸਮਾਗਮ ਦੌਰਾਨ ਫਾਜ਼ਿਲਕਾ ਵਿਧਾਨ ਸਭਾ ਹਲਕੇ ਦੇ ਉਕਤ ਸਕੀਮ ਦੇ ਲਾਭਪਾਤਰੀਆਂ ਨੂੰ ਕਰਜ਼ਾ ਮੁਕਤੀ ਸਰਟੀਫਿਕੇਟ ਵੰਡਣ ਮੌਕੇ ਆਖੀ।ਵਿਧਾਇਕ ਨੇ ਆਖਿਆ ਕਿ ਜਿਨ੍ਹਾਂ ਲੋਕਾਂ ਨੇ ਵੀ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਵਿੱਤ ਕਾਰਪੋਰੇਸ਼ਨ ਤੋਂ 31 ਮਾਰਚ 2020 ਤੋਂ ਪਹਿਲਾਂ ਜੋ ਵੀ ਕਰਜ਼ਾ ਲਿਆ ਸੀ, ਉਹ ਸਾਰੇ ਕਰਜ਼ੇ ਮਾਫ ਕਰ ਦਿੱਤੇ ਗਏ ਹਨ।ਉਨ੍ਹਾਂ ਕਿਹਾ ਕਿ ਫਾਜ਼ਿਲਕਾ ਵਿਧਾਨ ਸਭਾ ਹਲਕੇ ਦੇ 33 ਲੋਕਾਂ ਨੂੰ ਇਸ ਸਕੀਮ ਦਾ ਲਾਭ ਹੋਇਆ ਹੈ ਤੇ ਉਨ੍ਹਾਂ ਦੇ 72 ਲੱਖ 13 ਹਜ਼ਾਰ 919 ਰੁਪਏ ਮਾਫ ਹੋਏ ਹਨ, ਜਦਕਿ ਪੂਰੇ ਫਾਜ਼ਿਲਕਾ ਜ਼ਿਲ੍ਹੇ ਵਿੱਚ ਇਸ ਸਕੀਮ ਦਾ ਲਾਭ 266 ਲੋਕਾਂ ਨੂੰ ਮਿਲਿਆ ਹੈ ਅਤੇ 4.97 ਕਰੋੜ ਰੁਪਏ ਦੇ ਕਰਜ਼ੇ ਮਾਫ ਹੋਏ ਹਨ।ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਸਰਕਾਰ ਹੈ ਤੇ ਲੋਕ ਹਿੱਤਾਂ ਨੂੰ ਧਿਆਨ ਵਿੱਚ ਰੱਖਦੀ ਹੈ।ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਕੋਵਿਡ ਤੇ ਹੋਰ ਸਮੱਸਿਆਵਾਂ ਕਾਰਨ ਸਾਡੇ ਐੱਸ ਸੀ ਭਾਈਚਾਰੇ ਦੇ ਲੋਕਾਂ ਨੂੰ ਆਪਣੇ ਬਕਾਏ ਅਦਾ ਕਰਨ ਵਿੱਚ ਦਿੱਕਤ ਆ ਰਹੀ ਸੀ, ਜਿਸ ਦੇ ਚੱਲਦਿਆਂ ਸਰਕਾਰ ਨੇ ਉਨ੍ਹਾਂ ਦੀ ਮੁਸ਼ਕਲ ਨੂੰ ਸਮਝਦਿਆਂ ਇਹ ਕਰਜ਼ੇ ਮਾਫ ਕੀਤੇ ਹਨ।ਇਸ ਮੌਕੇ ਫਾਜ਼ਿਲਕਾ ਦੇ ਐੱਸ ਡੀ ਐੱਮ ਵੀਰ ਪਾਲ ਕੌਰ, ਪੰਜਾਬ ਅਨੁਸੂਚਿਤ ਜਾਤੀਆਂ ਤੇ ਭੌਂ ਵਿਕਾਸ ਵਿੱਤ ਕਾਰਪੋਰੇਸ਼ਨ ਦੇ ਜਨਰਲ ਮੈਨੇਜਰ ਤਲਵਿੰਦਰ ਸਿੰਘ ਹਾਜ਼ਰ ਸਨ।

## ਪੀ ਬੀ ਜੀ ਵੈੱਲਫੇਅਰ ਕਲੱਬ ਵੱਲੋਂ ਮਿਸ਼ਨ 1313 ਤਹਿਤ ਵਿਸ਼ਾਲ ਖ਼ੂਨਦਾਨ ਕੈਂਪ

### ਲੋੜਵੰਦਾਂ ਦੀ ਮਦਦ ਲਈ ਸਭ ਨੂੰ ਖ਼ੂਨ ਦਾਨ ਕਰਨਾ ਚਾਹੀਦਾ : ਸੰਧਵਾਂ



**ਕੋਟਕਪੂਰਾ (ਰਛਪਾਲ ਭੁੱਲਰ)**-ਇਲਾਕੇ ਦੀ ਪ੍ਰਸਿੱਧ ਖ਼ੂਨਦਾਨੀ ਸੰਸਥਾ ਪੀ.ਬੀ.ਜੀ. ਵੈੱਲਫੇਅਰ ਕਲੱਬ ਦੇ ਗਠਨ ਦੇ 16 ਸਾਲ ਪੂਰੇ ਹੋਣ 'ਤੇ ਸੰਸਥਾ ਵੱਲੋਂ ਮਿਸ਼ਨ 1313 ਤਹਿਤ ਵਿਸ਼ਾਲ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ ।ਇਸ ਕੈਂਪ ਵਿੱਚ ਸ੍ਰ. ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਨੇ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਸਪੀਕਰ ਸੰਧਵਾਂ ਨੇ ਕਿਹਾ ਕਿ ਖ਼ੂਨਦਾਨ ਉੱਤਮ ਦਾਨ ਹੈ ਤੇ ਖ਼ੂਨਦਾਨ ਕਰਕੇ ਕਈ ਕੀਮਤੀ ਜਾਨਾਂ ਨੂੰ ਬਚਾਇਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਲੋੜਵੰਦਾਂ ਦੀ ਮੱਦਦ ਲਈ ਸਾਨੂੰ ਸਾਰਿਆਂ ਨੂੰ ਖ਼ੂਨ ਦਾਨ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਕੁਝ ਲੋਕਾਂ ਨੂੰ ਇਹ ਗਲਤਫਹਿਮੀ ਹੁੰਦੀ ਹੈ ਕਿ ਖ਼ੂਨ ਦਾਨ ਕਰਕੇ ਵਿਅਕਤੀ ਕਮਜ਼ੋਰ ਜਾਂ ਬਿਮਾਰ ਹੋ ਸਕਦਾ ਹੈ, ਇਹ ਬਿਲਕੁਲ ਗਲਤ ਤੇ ਬੇ-ਬਨਿਆਦ ਧਾਰਨਾ ਹੈ।ਉਨ੍ਹਾਂ ਕਿਹਾ ਕਿ ਇੱਕ ਸਿਹਤਮੰਦ ਵਿਅਕਤੀ ਹਰ 3 ਮਹੀਨੇ ਬਾਅਦ ਖ਼ੂਨ ਦਾਨ ਕਰ ਸਕਦਾ ਹੈ ਤੇ ਖ਼ੂਨ ਦਾਨ ਕਰਨ ਉਪਰੰਤ 48 ਘੰਟੇ ਬਾਅਦ ਹੀ ਖ਼ੂਨ ਦੇ ਸਰੀਰ ਵਿੱਚ ਨਵੇਂ ਸੈੱਲ ਬਣਨੇ ਸ਼ੁਰੂ ਹੋ ਜਾਂਦੇ ਹਨ। ਉਨ੍ਹਾਂ ਕਿਹਾ ਕਿ ਖ਼ੂਨ ਦਾਨ ਜਿੱਥੇ ਕਿਸੇ ਲੋੜਵੰਦ ਨੂੰ ਨਵੀਂ ਜ਼ਿੰਦਗੀ ਬਖਸ਼ਦਾ ਹੈ, ਉਥੇ ਹੀ ਖ਼ੂਨ ਦਾਨ ਕਰਨ ਵਾਲੇ ਮਨੁੱਖੀ ਸਰੀਰ ਨੂੰ ਕਈ ਲਾਭ ਪਹੁੰਚਾ ਸਕਦਾ ਹੈ।ਇਸ ਮੌਕੇ ਉਨ੍ਹਾ ਕਿਹਾ ਕਿ ਇਸ ਤਰ੍ਹਾਂ ਦੀਆਂ ਸੰਸਥਾਵਾਂ, ਜੋ ਲੋਕ ਭਲਾਈ ਦੇ ਕੰਮ ਕਰਦੀਆਂ ਹਨ, ਦਾ ਇਹ ਬਹੁਤ ਹੀ ਸ਼ਲਾਘਾਯੋਗ ਕਦਮ ਹੈ।ਇਸ ਮੌਕੇ ਕਲੱਬ ਦੇ ਪ੍ਰਧਾਨ ਰਾਜੀਵ ਮਲਿਕ, ਪ੍ਰੈੱਸ ਸਕੱਤਰ ਗੁਰਿੰਦਰ ਸਿੰਘ ਮਹਿੰਦੀਰੱਤਾ, ਚੇਅਰਮੈਨ ਬਲਜੀਤ ਸਿੰਘ ਖੀਵਾ ਤੇ ਪ੍ਰੋਜੈਕਟ ਇੰਚਾਰਜ ਰਵੀ ਅਰੋੜਾ, ਨਵਨੀਤ ਸਿੰਘ ਸੋਨੂੰ ਸੇਠੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਖ਼ੂਨਦਾਨੀ ਤੇ ਇਲਾਕਾ ਨਿਵਾਸੀ ਹਾਜ਼ਰ ਸਨ।

# ਚੌਕੀਮਾਨ ਇਲਾਕੇ 'ਚ ਚੋਰੀਆਂ ਦੀ ਭਰਮਾਰ, ਸ਼ਰਾਰਤੀ ਪੁਲਸ ਗ੍ਰਿਫ਼ਤ ਤੋਂ ਬਾਹਰ

### ਚੱਲਦੇ ਵਹੀਕਲਾਂ ਤੋਂ ਖੋਹ ਕਰਕੇ ਹੋ ਜਾਂਦੇ ਨੇ ਫ਼ਰਾਰ

**ਚੌਕੀਮਾਨ (ਇੰਜ਼ ਬਲਬੀਰ ਸਿੰਘ ਮਾਨ)**

ਇਲਾਕਾ ਚੌਕੀਮਾਨ ਅੰਦਰ ਬੀਤੇ ਸਮੇਂ ਦੌਰਾਨ ਕਾਫੀ ਲੁੱਟ ਖੋਹ ਤੇ ਚੋਰੀ ਦੀਆਂ ਘਟਨਾਵਾਂ ਹੋ ਚੁੱਕੀਆਂ ਹਨ, ਪਰ ਅਜੇ ਤੱਕ ਪ੍ਰਸ਼ਾਸਨ ਦੇ ਕਹਿਣ ਅਨੁਸਾਰ ਮੁਲਜ਼ਮਾਂ ਦੀ ਭਾਲ਼ ਜਾਰੀ ਹੈ।ਬੀਤੇ ਕੱਲ੍ਹ ਪਿੰਡ ਚੌਕੀਮਾਨ ਦੇ ਬੇਰੀਆਂ ਵਾਲੇ ਚੌਂਤਰੇ ਦੇ ਬਿਲਕੁਲ ਸਾਹਮਣੇ ਜਿੱਥੇ ਅਕਸਰ ਸੁਧਾਰ, ਰਾਏਕੋਟ ਤੇ ਹੋਰ ਸ਼ਹਿਰਾਂ, ਪਿੰਡਾਂ ਦੇ ਲੋਕਾਂ ਦੀ ਆਵਾਜਾਈ ਪੂਰੇ ਦਿਨ-ਰਾਤ ਚੱਲਦੀ ਰਹਿੰਦੀ ਹੈ, ਨਿਰਮਲ ਸਿੰਘ ਕਾਲੇ ਦੀ ਕਰਿਆਨੇ ਦੀ ਦੁਕਾਨ ਦੇ ਪਿਛਲੇ ਪਾਸਿਓਂ ਦਰਵਾਜ਼ਾ ਭੰਨ ਤੋੜ ਕਰਕੇ ਕਰੀਬ 35000 ਰੁਪਏ ਦਾ ਕੀਮਤੀ ਸਾਮਾਨ ਚੋਰੀ ਕਰਨ ਦੇ ਨਾਲ ਗੱਲੇ ਵਿੱਚ ਪਈ ਪੰਜ ਹਜ਼ਾਰ ਰੁਪਏ ਦੀ ਰਾਸ਼ੀ ਚਾਬੀ ਲੱਭ ਕੇ ਚੋਰੀ ਕਰ ਲਈ। ਪੁਲਸ ਪ੍ਰਸ਼ਾਸਨ ਨੂੰ ਸੂਚਿਤ ਕਰਨ ਦੇ 48 ਘੰਟੇ ਬਾਅਦ ਵੀ ਪੀੜਤ ਮੌਕਾ ਚੈੱਕ ਕਰਵਾ ਕੇ ਮੁੱਢਲੀ ਰਿਪੋਰਟ ਕਰਵਾਉਣ ਦੀ ਉਡੀਕ ਕਰ ਰਹੇ ਹਨ।ਪਿਛਲੇ ਦਿਨੀਂ ਸਕੂਟਰ ਮਕੈਨਿਕ ਬੂਟਾ ਸਿੰਘ ਦਾ ਗੀਝਾ ਕੱਟ ਕੇ ਵੀ ਝਪਟਮਾਰਾਂ ਨੇ ਪੁਲਸ ਪ੍ਰਸ਼ਾਸਨ ਦਾ ਮੂੰਹ ਚਿੜਾਇਆ ਹੈ।ਜੋਤ ਸਟੂਡੀਓ ਵਾਲੇ ਦਾ ਮੋਟਰਸਾਈਕਲ ਵੀ ਚੋਰੀ ਹੋਇਆ ਹੈ।ਮੁੱਖ ਚੌਕ ਵਿੱਚ ਬਣੇ ਮਾਰਟ ਵਿੱਚੋਂ ਵੀ ਚੋਰ ਆਪਣੇ ਹੱਥ ਸਾਫ਼ ਕਰ ਚੁੱਕੇ ਹਨ।ਇੱਥੋਂ ਲੁਧਿਆਣਾ-ਮੋਗਾ ਮੁੱਖ ਮਾਰਗ ਤੋਂ ਕਾਫੀ ਥਾਵਾਂ ਲਈ ਕਰੀਬ 18-20 ਪਿੰਡਾਂ ਦੇ ਯਾਤਰੀ ਬੱਸਾਂ ਆਦਿ ਰਾਹੀਂ ਆਉਣ-ਜਾਣ ਕਰਦੇ ਹਨ।ਸਵੇਰੇ 4 ਵਜੇ ਤੋਂ ਲੈ ਕੇ ਰਾਤ ਕਰੀਬ 11 ਵਜੇ ਤੱਕ ਕੰਮਕਾਜ ਵਾਲਿਆਂ ਦਾ ਆਉਣ ਜਾਣ ਬਣਿਆ ਰਹਿੰਦਾ ਹੈ।ਸੁਰੱਖਿਆ ਦੀ ਘਾਟ ਹੋਣ ਕਾਰਨ ਗ਼ੈਰ-ਸਮਾਜੀ, ਸ਼ਰਾਰਤੀ ਅਨਸਰ ਅਕਸਰ ਲੁੱਟ ਖੋਹ ਦੀਆਂ ਵਾਰਦਾਤਾਂ ਨੂੰ ਅੰਜ਼ਾਮ ਦਿੰਦੇ ਰਹਿੰਦੇ ਹਨ, ਜਿਸ ਕਰਕੇ ਸਮੂਹ ਯਾਤਰੀ, ਦੁਕਾਨਦਾਰਾਂ ਤੇ ਆਮ ਵਰਗ ਅੰਦਰ ਇਨ੍ਹਾਂ ਲੁਟੇਰਿਆਂ ਤੋਂ ਜਾਨ ਮਾਲ ਦਾ ਭੈਅ ਅਕਸਰ ਬਣਿਆ ਰਹਿੰਦਾ ਹੈ।ਚੌਕੀਮਾਨ ਬੱਸ ਅੱਡੇ ਵਾਲਾ ਪੁਲ ਉਤਰਨ ਸਮੇਂ ਪੁਲਸ ਚੌਕੀ ਸਾਹਮਣੇ ਮਾਨ ਪੈਟਰੋਲ ਪੰਪ ਦੇ ਨਜ਼ਦੀਕ ਪਿੰਡ ਗ਼ਾਲਿਬ ਕਲਾਂ ਦੇ ਕੁਲਵਿੰਦਰ ਸਿੰਘ ਸਪੁੱਤਰ ਸਰਬਣ ਸਿੰਘ, ਜੋ ਆਪਣੀ ਪਤਨੀ ਸਮੇਤ ਲੁਧਿਆਣੇ ਵੱਲ ਜਾ ਰਿਹਾ ਸੀ, ਦਾ ਮੋਟਰਸਾਈਕਲ 'ਤੇ ਜਾਂਦਿਆਂ ਦੋ ਪਲਸਰ ਸਵਾਰ, ਮੂੰਹ ਬੰਨ੍ਹ ਕੇ ਕਾਲੀਆਂ ਜੈਕਟਾਂ ਧਾਰੀ ਝਪਟਮਾਰ ਕੁੜਤੇ ਦਾ ਗੀਝਾ ਅੱਖ ਝਪਕਦਿਆਂ ਕੱਟ ਕੇ ਫ਼ਰਾਰ ਹੋ ਗਏ।ਜਦੋਂ ਇਸ ਮਾਮਲੇ ਦੀ ਸੂਚਨਾ ਜਿਸ ਵਿੱਚ ਬਟੂਏ ਸਮੇਤ ਅਧਾਰ ਕਾਰਡ, ਪੈਨ ਕਾਰਡ, ਡਰਾਈਵਿੰਗ ਲਾਇਸੰਸ ਸਮੇਤ ਹੋਰ ਜ਼ਰੂਰੀ ਦਸਤਾਵੇਜ਼ ਦੇ 1500 ਰੁਪਏ ਦੇ ਕਰੀਬ ਨਕਦ ਰਾਸ਼ੀ ਦੀ ਸੂਚਨਾ ਦੇਣ ਚੌਕੀ ਇੰਚਾਰਜ ਕੋਲ ਗਏ ਤਾਂ ਪਤਾ ਲੱਗਿਆ ਕਿ ਉਹ ਕਿਸੇ ਹੋਰ ਲੁੱਟ ਖੋਹ ਦੇ ਮਾਮਲੇ ਦੀ ਤਫਤੀਸ਼ ਕਰਨ ਗਏ ਹੋਏ ਸਨ।ਜਦੋਂ ਕੁੱਝ ਦੇਰ ਬਾਅਦ ਆਏ ਇੰਚਾਰਜ ਸਾਹਿਬਾਨ ਨੂੰ ਮੌਕੇ 'ਤੇ ਹਾਜ਼ਰ ਮੁਣਸ਼ੀ ਰਾਹੀਂ ਮਿਲਣ ਦੀ ਗੱਲ ਆਖੀ ਤਾਂ ਕਹਿ ਦਿੱਤਾ ਗਿਆ ਕਿ ਅਸੀਂ ਆਪ ਹੀ ਦੱਸ ਦਿਆਂਗੇ ਕਹਿ ਕੇ ਟਾਲ ਦਿੱਤਾ ਗਿਆ।ਅਜੇ ਕੁੱਝ ਦਿਨ ਪਹਿਲਾਂ ਹੀ ਸਿੱਧਵਾਂ ਖ਼ੁਰਦ ਨਜ਼ਦੀਕ ਇਸੇ ਪਿੰਡ ਦੀ ਵਸਨੀਕ ਔਰਤ ਦੀਆਂ ਸਕੂਟਰ ਪਿੱਛੇ ਬੈਠੀ ਦੀਆਂ ਕੰਨਾਂ ਦੀਆਂ ਬਾਲੀਆਂ ਝਪਟਮਾਰਾਂ ਨੇ ਉਤਾਰ ਲਈਆਂ ਸਨ। ਇਲਾਕੇ ਦੇ ਲੋਕਾਂ ਦੀ ਚਿਰਾਂ ਤੋਂ ਮੰਗ ਹੈ ਕਿ ਥਾਂ ਥਾਂ 'ਤੇ ਕੈਮਰੇ ਲੱਗੇ ਹੋਣ ਦੇ ਬਾਵਜੂਦ ਆਏ ਦਿਨ ਮੰਦਭਾਗੀਆਂ ਘਟਨਾਵਾਂ ਵਿੱਚ ਵਾਧਾ ਹੋ ਰਿਹਾ ਹੈ, ਜਿਨ੍ਹਾਂ ਨੂੰ ਰੋਕਣ ਤੇ ਰਾਹਗੀਰਾਂ, ਇਲਾਕਾ ਨਿਵਾਸੀਆਂ ਦੇ ਜਾਨ ਮਾਲ ਦੀ ਰਾਖੀ ਲਈ ਯੋਗ ਸੁਰੱਖਿਆ ਪ੍ਰਬੰਧ ਮੁਹੱਈਆ ਕਰਕੇ ਸੁਰੱਖਿਆ ਵਿੱਚ ਵਾਧਾ ਕੀਤਾ ਜਾਵੇ, ਪ੍ਰੰਤੂ ਅੱਗਿਓਂ ਪ੍ਰਸ਼ਾਸਨ ਵੱਲੋਂ ਅਕਸਰ ਬਣਿਆ ਬਣਾਇਆ ਬਹਾਨਾ ਸਟਾਫ ਦੀ ਘਾਟ ਹੈ, ਵੀ ਆਈ ਪੀ ਡਿਊਟੀਆਂ 'ਤੇ ਨੇ, ਹੀ ਸੁਣਨ ਨੂੰ ਮਿਲਦਾ ਹੈ।

## ਚਿੱਟਾ, ਭੁੱਕੀ ਤੇ ਨਸ਼ੇ ਦੀਆਂ ਗੋਲੀਆਂ ਸਮੇਤ ਚਾਰ ਗ੍ਰਿਫ਼ਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੀਤੇ 24 ਘੰਟਿਆਂ ਦੌਰਾਨ ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਦੀ ਪੁਲਸ ਵੱਲੋਂ ਚਾਰ ਵਿਅਕਤੀਆਂ ਨੂੰ ਨਸ਼ੀਲੇ ਪਦਾਰਥਾਂ ਸਮੇਤ ਗ੍ਰਿਫ਼ਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਮੂਲੇਪੁਰ ਦੀ ਇੱਕ ਪੁਲਸ ਪਾਰਟੀ ਵੱਲੋਂ ਪਿੰਡ ਰਿਊਣਾ ਭੋਲਾ ਦੀ ਗੁੱਗਾ ਮਾੜੀ ਨੇੜਿਓਂ ਕਾਬੂ ਕੀਤੇ ਗਏ ਅਵਤਿੰਦਰ ਸਿੰਘ ਵਾਸੀ ਪਿੰਡ ਮਹਿਮਦਪੁਰ ਦੀ ਤਲਾਸ਼ੀ ਕੀਤੀ ਗਈ ਤਾਂ ਉਸ ਦੇ ਕਬਜ਼ੇ 'ਚੋਂ 15 ਗ੍ਰਾਮ ਚਿੱਟਾ ਬਰਾਮਦ ਹੋਇਆ, ਜਿਸ 'ਤੇ ਅਵਤਿੰਦਰ ਸਿੰਘ ਨੂੰ ਅ/ਧ 21(ਬੀ) ਐੱਨ.ਡੀ.ਪੀ.ਐੱਸ. ਐਕਟ ਤਹਿਤ ਗ੍ਰਿਫ਼ਤਾਰ ਕਰ ਲਿਆ ਗਿਆ।ਇੱਕ ਵੱਖਰੇ ਮਾਮਲੇ 'ਚ ਚੁੰਨੀ ਕਲਾਂ ਚੌਕੀ ਦੀ ਪੁਲਸ ਪਾਰਟੀ ਪਿੰਡ ਪਮੌਰ ਨਜ਼ਦੀਕ ਮੌਜੂਦ ਸੀ, ਜਿਸ ਦੌਰਾਨ ਸ਼ੱਕ ਦੇ ਅਧਾਰ 'ਤੇ ਕਾਬੂ ਕੀਤੇ ਗਏ ਸੁਖਚੈਨ ਸਿੰਘ ਵਾਸੀ ਚੁੰਨੀ ਕਲਾਂ ਦੀ ਤਲਾਸ਼ੀ ਕੀਤੀ ਗਈ ਤਾਂ ਉਸ ਦੇ ਕਬਜ਼ੇ 'ਚੋਂ 120 ਗੋਲੀਆਂ ਲੋਮੋਟਿਲ ਬਰਾਮਦ ਹੋਈਆਂ।ਇਸ 'ਤੇ ਥਾਣਾ ਬਡਾਲੀ ਆਲਾ ਸਿੰਘ ਵਿਖੇ ਦਰਜ ਕਰਵਾਏ ਗਏ ਮੁਕੱਦਮੇ 'ਚ ਸੁਖਚੈਨ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਚੁੰਨੀ ਕਲਾਂ ਚੌਕੀ ਇੰਚਾਰਜ ਥਾਣੇਦਾਰ ਹਰਜੀਤ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।ਇੱਕ ਵੱਖਰੇ ਮਾਮਲੇ 'ਚ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਪਾਰਟੀ ਵੱਲੋਂ ਜਹਾਜ਼ ਹਵੇਲੀ ਨਜ਼ਦੀਕ ਸ਼ੱਕ ਦੇ ਅਧਾਰ 'ਤੇ ਕਾਬੂ ਕੀਤੇ ਗਏ ਮੰਗਤ ਚੋਪੜਾ ਵਾਸੀ ਸਰਹਿੰਦ ਦੀ ਤਲਾਸ਼ੀ ਕੀਤੀ ਗਈ ਤਾਂ ਉਸ ਦੇ ਕਬਜ਼ੇ 'ਚੋਂ 15 ਗ੍ਰਾਮ ਚਿੱਟਾ ਬਰਾਮਦ ਹੋਇਆ, ਜਿਸ 'ਤੇ ਮੰਗਤ ਚੋਪੜਾ ਉਰਫ ਕਾਲਾ ਪੇਂਟਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।ਇੱਕ ਵੱਖਰੇ ਮਾਮਲੇ 'ਚ ਥਾਣਾ ਬਸੀ ਪਠਾਣਾ ਦੀ ਪੁਲਸ ਵੱਲੋਂ ਬਸੀ ਪਠਾਣਾ ਦੀ ਦਾਣਾ ਮੰਡੀ ਨਜ਼ਦੀਕ ਸ਼ੱਕ ਦੇ ਅਧਾਰ 'ਤੇ ਕਾਬੂ ਕੀਤੇ ਗਏ ਦਿਲਬਰ ਸਿੰਘ ਵਾਸੀ ਪਿੰਡ ਇਉਂਦ (ਰੂਪਨਗਰ) ਦੀ ਤਲਾਸ਼ੀ ਕੀਤੀ ਤਾਂ ਉਸ ਦੇ ਕਬਜ਼ੇ ਵਾਲੇ ਥੈਲੇ 'ਚੋਂ 5 ਕਿੱਲੋ ਭੁੱਕੀ ਬਰਾਮਦ ਹੋਈ, ਜਿਸ 'ਤੇ ਦਿਲਬਰ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਸੰਗਠਨ ਇੰਚਾਰਜ ਲੱਗਣ 'ਤੇ ਮਨਦੀਪ ਮਾਨ ਨੂੰ ਪ੍ਰਦੀਪ ਰੋਡੇ ਵੱਲੋਂ ਵਧਾਈ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਮਾਰਕੀਟ ਕਮੇਟੀ ਬਾਘਾ ਪੁਰਾਣਾ ਦੇ ਚੇਅਰਮੈਨ ਮਨਦੀਪ ਸਿੰਘ ਮਾਨ ਕੋਟਲਾ ਨੂੰ ਹਲਕਾ ਬਾਘਾ ਪੁਰਾਣਾ ਦਾ ਹਲਕਾ ਸੰਗਠਨ ਇੰਚਾਰਜ ਲੱਗਣ 'ਤੇ ਆਪ ਆਗੂ ਪ੍ਰਦੀਪ ਰੋਡੇ ਨੇ ਵਧਾਈ ਦਿੰਦਿਆਂ ਆਖਿਆ ਕਿ ਆਪ ਹਾਈਕਮਾਂਡ ਦੀ ਇਸ ਫੈਸਲੇ ਦੀ ਪਾਰਟੀ ਵਰਕਰਾਂ ਤੇ ਸਥਾਨਕ ਆਗੂਆਂ ਵੱਲੋਂ ਚੁਫੇਰੋਂ ਸ਼ਲਾਘਾ ਕੀਤੀ ਜਾ ਰਹੀ ਹੈ।ਉਨ੍ਹਾਂ ਆਖਿਆ ਕਿ ਚੇਅਰਮੈਨ ਮਨਦੀਪ ਸਿੰਘ ਮਾਨ ਕੋਟਲਾ ਵੱਲੋਂ ਮਾਰਕੀਟ ਕਮੇਟੀ ਦੇ ਚੇਅਰਮੈਨ ਹੁੰਦਿਆਂ ਵੀ ਸ਼ਾਨਦਾਰ ਸੇਵਾਵਾਂ ਨਿਭਾਅ ਰਹੇ ਹਨ ਤੇ ਜੋ ਨਵੀਂ ਜ਼ਿੰਮੇਵਾਰੀ ਮਿਲੀ ਹੈ, ਇਸ ਨੂੰ ਵੀ ਉਹ ਤਨਦੇਹੀ ਨਾਲ ਨਿਭਾਉਂਦੇ ਹੋਏ ਪਾਰਟੀ ਦੀ ਮਜ਼ਬੂਤੀ ਲਈ ਆਪ ਸਰਕਾਰ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣਗੇ।ਆਪ ਆਗੂ ਪ੍ਰਦੀਪ ਰੋਡੇ ਨੇ ਆਖਿਆ ਕਿ ਚੇਅਰਮੈਨ ਮਨਦੀਪ ਸਿੰਘ ਮਾਨ ਕੋਟਲਾ ਦੀਆਂ ਸੇਵਾਵਾਂ ਪਾਰਟੀ ਲਈ ਹਮੇਸ਼ਾ ਕਾਬਿਲੇ-ਤਾਰੀਫ ਰਹੀਆਂ ਹਨ।ਉਨ੍ਹਾਂ ਮਾਰਕੀਟ ਕਮੇਟੀ ਦੇ ਚੇਅਰਮੈਨ ਵਜੋਂ ਸਮਾਜਿਕ ਤੇ ਵਿਕਾਸ ਕਾਰਜਾਂ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ।ਉਨ੍ਹਾਂ ਦੀ ਸਮਰਪਿਤ ਸੇਵਾ ਤੇ ਜਨਤਕ ਮੁੱਦਿਆਂ ਪ੍ਰਤੀ ਸੰਜੀਦਗੀ ਨੂੰ ਵੇਖਦਿਆਂ ਪਾਰਟੀ ਨੇ ਉਨ੍ਹਾਂ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਹੈ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਮਨਦੀਪ ਮਾਨ ਦੀ ਅਗਵਾਈ ਵਿੱਚ ਹਲਕਾ ਬਾਘਾ ਪੁਰਾਣਾ ਵਿੱਚ ਪਾਰਟੀ ਦਾ ਸੰਗਠਨ ਹੋਰ ਮਜ਼ਬੂਤ ਹੋਵੇਗਾ ਤੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨੂੰ ਜ਼ਮੀਨੀ ਪੱਧਰ 'ਤੇ ਲੋਕਾਂ ਤੱਕ ਪਹੁੰਚਾਇਆ ਜਾਵੇਗਾ।ਉਨ੍ਹਾਂ ਮਨਦੀਪ ਮਾਨ ਦੀ ਨਿਯੁਕਤੀ ਨੂੰ ਪਾਰਟੀ ਦਾ ਸਹੀ ਫੈਸਲਾ ਕਰਾਰ ਦਿੰਦਿਆਂ ਕਿਹਾ ਕਿ ਮਾਨ ਦੀ ਜ਼ਮੀਨੀ ਪਕੜ ਤੇ ਲੋਕਾਂ ਨਾਲ ਪਿਆਰ ਹਲਕੇ ਵਿੱਚ ਪਾਰਟੀ ਦੀ ਸਥਿਤੀ ਨੂੰ ਮਜ਼ਬੂਤ ਕਰਨ ਵਿਚ ਅਹਿਮ ਭੂਮਿਕਾ ਨਿਭਾਏਗਾ।

## ਫਸਲਾਂ ਲਈ ਨਹਿਰੀ ਪਾਣੀ ਦਾ ਇਸਤੇਮਾਲ ਧਰਤੀ ਹੇਠਲੇ ਪਾਣੀ ਨੂੰ ਬਚਾਏਗਾ : ਵਿਧਾਇਕ ਰਾਏ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਦੇ ਵਿੱਚ ਚੱਲ ਰਹੀ ਸਰਕਾਰ ਦੇ ਅਸੀਂ ਤਹਿ ਦਿਲੋਂ ਧੰਨਵਾਦੀ ਹਾਂ, ਜਿਨ੍ਹਾਂ ਦੇ ਉਪਰਾਲੇ ਸਦਕਾ ਪਿੰਡ ਸੁਹਾਗਹੇੜੀ ਦੇ ਲੋਕਾਂ ਨੂੰ ਨਹਿਰੀ ਪਾਣੀ ਨਸੀਬ ਹੋਇਆ ਹੈ।ਇਹ ਪ੍ਰਗਟਾਵਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਪਿੰਡ ਸੁਹਾਗਹੇੜੀ ਵਿਖੇ ਨਹਿਰੀ ਪਾਣੀ ਦੇ ਲੱਗਣ ਵਾਲੇ ਨਵੇਂ ਮੋਘੇ ਦਾ ਉਦਘਾਟਨ ਕਰਨ ਮੌਕੇ ਕੀਤਾ।ਉਨ੍ਹਾ ਕਿਹਾ ਕਿ ਪੰਜਾਬ ਨੂੰ ਆਜ਼ਾਦ ਹੋਇਆਂ ਕਰੀਬ 75 ਸਾਲ ਦਾ ਸਮਾਂ ਹੋ ਗਿਆ ਹੈ, ਇਸ ਦੌਰਾਨ ਜਿਹੜੇ ਰਜਬਾਹੇ, ਕੱਸੀਆਂ ਪਿੰਡਾਂ ਨੂੰ ਲੱਗਦੀਆਂ ਸਨ, ਸਮੇਂ ਦੀਆਂ ਸਰਕਾਰਾਂ ਨੇ ਉਨ੍ਹਾਂ ਵੱਲ ਕੋਈ ਧਿਆਨ ਨਹੀਂ ਦਿੱਤਾ, ਜਿਸ ਕਾਰਨ ਉਹ ਬੰਦ ਹੋ ਗਈਆਂ।ਪਿੰਡਾਂ ਦੇ ਲੋਕ ਨਹਿਰੀ ਪਾਣੀ ਤੋਂ ਵਾਂਝੇ ਹੋ ਗਏ ਤੇ ਟਿਊਬਵੈਲਾਂ 'ਤੇ ਲੱਖਾਂ ਰੁਪਈਆ ਖਰਚ ਕਰਕੇ ਧਰਤੀ ਹੇਠਲਾ ਪਾਣੀ ਕੱਢਣ ਲੱਗੇ, ਜਿਸ ਨਾਲ ਧਰਤੀ ਹੇਠਲਾ ਪਾਣੀ ਡੂੰਘਾ ਹੁੰਦਾ ਚਲਾ ਗਿਆ ਜੋ ਸਾਡੇ ਆਉਣ ਵਾਲੇ ਭਵਿੱਖ ਲਈ ਵੱਡਾ ਖਤਰਾ ਹੈ।ਸੂਬੇ ਦੀ ਭਗਵੰਤ ਮਾਨ ਸਰਕਾਰ ਨੇ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਖਾਤਰ ਨਹਿਰੀ ਪਾਣੀ ਨੂੰ ਲੋਕਾਂ ਦੇ ਖੇਤਾਂ ਤੱਕ ਪਹੁੰਚਾਇਆ, ਜਿਸ ਕਾਰਨ ਸੂਬੇ ਦੇ ਲੋਕ ਆਪ ਮੁਹਾਰੇ ਪੰਜਾਬ ਸਰਕਾਰ ਦੀ ਸਰਾਹਣਾ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਸਾਨੂੰ ਸਾਰਿਆਂ ਨੂੰ ਇੱਕਜੁੱਟ ਹੋ ਕੇ ਹੰਭਲਾ ਮਾਰਨਾ ਪਵੇਗਾ, ਸਾਡੇ ਸੂਬੇ ਵਿੱਚੋਂ ਬਹੁਤ ਸਾਰਾ ਪਾਣੀ ਬਾਹਰਲੇ ਸੂਬਿਆਂ ਵਿੱਚ ਜਾ ਰਿਹਾ ਹੈ, ਜਿਸ ਨੂੰ ਪਿਛਲੀਆਂ ਸਰਕਾਰਾਂ ਨੇ ਕਦੇ ਰੋਕਣ ਦੀ ਕੋਸ਼ਿਸ਼ ਹੀ ਨਹੀਂ ਕੀਤੀ।ਭਗਵੰਤ ਮਾਨ ਸਰਕਾਰ ਵੱਲੋਂ ਉਸ ਨਹਿਰੀ ਪਾਣੀ ਨੂੰ ਪਿੰਡਾਂ ਦੀਆਂ ਟੇਲਾਂ ਤੱਕ ਪਹੁੰਚਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਯਤਨ ਜਾਰੀ ਰੱਖੇਗੀ। ਇਸ ਮੌਕੇ ਪਿੰਡ ਵਾਸੀਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਬਹੁਤ ਨਸੀਬ ਵਾਲੇ ਹਨ, ਜੋ ਇਮਾਨਦਾਰ ਵਿਧਾਇਕ ਮਿਲੇ ਹਨ।ਉਨ੍ਹਾਂ ਕਿਹਾ ਕਿ ਵਿਧਾਇਕ ਲਖਬੀਰ ਸਿੰਘ ਰਾਏ ਦੇ ਯਤਨਾ ਸਦਕਾ ਹੀ ਇਹ ਕੰਮ ਸਿਰੇ ਚੜ੍ਹਿਆ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਪਿੰਡ ਦੇ ਸਰਪੰਚ ਗੁਰਸੇਵਕ ਸਿੰਘ, ਗੁਰਦਰਸ਼ਨ ਸਿੰਘ, ਕਰਮਜੀਤ ਜੋਗੀ (ਦੋਵੇਂ ਪੰਚ), ਨਾਜਰ ਸਿੰਘ, ਰਾਜਦੀਪ ਸਿੰਘ ਰਾਜੂ, ਜਸਪਾਲ ਸਿੰਘ ਸਿੱਧਵਾਂ, ਅਵਤਾਰ ਸਿੰਘ, ਰਜਿੰਦਰ ਸਿੰਘ, ਗੁਰਮੇਲ ਸਿੰਘ, ਸ਼ਿਵ ਕਰਮ ਸਿੰਘ, ਦਰਸ਼ਨ ਸਿੰਘ, ਹਰਪਾਲ ਸਿੰਘ, ਗੁਰਸੇਵਕ ਸਿੰਘ, ਬਲਵੀਰ ਸਿੰਘ ਆਦਿ ਹਾਜ਼ਰ ਸਨ।

## ਡੀ ਐੱਸ ਪੀ ਪ੍ਰਦੀਪ ਸਿੰਘ ਦਾ ਸਨਮਾਨ



**ਬਠਿੰਡਾ (ਰਾਜੀਵ ਗੋਇਲ)**-ਸੂਬਾ ਸਰਕਾਰ ਵੱਲੋਂ ਆਪਣੀ ਡਿਊਟੀ ਨੂੰ ਵਧੀਆ ਢੰਗ ਨਾਲ ਨਿਭਾਉਣ ਬਦਲੇ ਜਿੱਥੇ ਤਰੱਕੀਆਂ ਦਿੱਤੀਆਂ ਜਾ ਰਹੀਆਂ ਹਨ, ਉੱਥੇ ਹੀ ਪੁਲਸ ਮੁਲਾਜ਼ਮਾਂ ਨੂੰ ਨਗਦ ਇਨਾਮ ਤੇ ਡੀ ਜੀ ਪੀ ਡੈਸਕ ਨਾਲ ਵੀ ਸਨਮਾਨਿਆ ਜਾ ਰਿਹਾ ਹੈ। ਇਸੇ ਹੀ ਲੜੀ ਤਹਿਤ ਹੋਰਨਾਂ ਮੁਲਾਜ਼ਮਾਂ ਸਮੇਤ ਜ਼ਿਲ੍ਹਾ ਪੁਲਸ ਕਪਤਾਨ ਬਠਿੰਡਾ ਅਮਨੀਤ ਕੌਂਡਲ ਵੱਲੋਂ ਉਪ-ਕਪਤਾਨ ਪ੍ਰਦੀਪ ਸਿੰਘ ਦਾ ਸਨਮਾਨ ਕੀਤਾ ਗਿਆ। ਦੱਸਣਾ ਬਣਦਾ ਹੈ ਕਿ ਪ੍ਰਦੀਪ ਸਿੰਘ ਫੂਲ ਦਫਤਰ ਵਿਖੇ ਤਾਇਨਾਤ ਹਨ, ਜਿਨ੍ਹਾਂ ਨੂੰ ਵਧੀਆ ਸੇਵਾਵਾਂ ਦੇਣ ਬਦਲੇ ਸਨਮਾਨਤ ਕੀਤਾ ਗਿਆ ਹੈ।

## ਸਪੀਕਰ ਸੰਧਵਾਂ ਨੇ ਹਲਕੇ ਦੇ ਸਮਾਜਿਕ ਤੇ ਧਾਰਮਿਕ ਸਮਾਗਮਾਂ 'ਚ ਕੀਤੀ ਸ਼ਿਰਕਤ



**ਕੋਟਕਪੂਰਾ (ਰਛਪਾਲ ਭੁੱਲਰ)**-ਸਪੀਕਰ ਪੰਜਾਬ ਵਿਧਾਨ ਸਭਾ ਸ੍ਰ. ਕੁਲਤਾਰ ਸਿੰਘ ਸੰਧਵਾਂ ਵੱਲੋਂ ਆਪਣੇ ਨਿੱਜੀ ਰੁਝੇਵਿਆਂ ਵਿੱਚੋਂ ਸਮਾਂ ਕੱਢ ਕੇ ਆਮ ਲੋਕਾਂ ਦੇ ਦੁੱਖ ਸੁੱਖ ਵਿੱਚ ਸ਼ਰੀਕ ਹੁੰਦੇ ਹੋਏ ਅੱਜ ਬਲਾਕ ਕੋਟਕਪੂਰਾ ਦੇ ਪਿੰਡ ਖਾਰਾ ਦੇ ਗੁਰਦੁਆਰਾ ਸਾਹਿਬ ਵਿਖੇ ਮਾਤਾ ਸੁਖਦੇਵ ਕੌਰ ਦੇ ਭੋਗ ਦੀ ਅੰਤਿਮ ਅਰਦਾਸ ਵਿੱਚ ਸ਼ਾਮਲ ਹੋ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।ਇਸ ਮੌਕੇ ਸਪੀਕਰ ਸ੍ਰ. ਸੰਧਵਾਂ ਨੇ ਕਿਹਾ ਕਿ ਕਿਸੇ ਜੀਅ ਦਾ ਪਰਿਵਾਰ ਵਿੱਚੋਂ ਅਚਾਨਕ ਚਲੇ ਜਾਣਾ ਪਰਿਵਾਰ/ਸਮਾਜ ਲਈ ਬਹੁਤ ਵੱਡਾ ਘਾਟਾ ਹੁੰਦਾ ਹੈ, ਜੋ ਕਦੇ ਵੀ ਪੂਰਾ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਅਰਦਾਸ ਕੀਤੀ ਕਿ ਵਿੱਛੜੀ ਰੂਹ ਨੂੰ ਪ੍ਰਮਾਤਮਾ ਆਪਣੇ ਚਰਨਾਂ ਦੇ ਨਾਲ ਲਾਵੇ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।ਇਸ ਉਪਰੰਤ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਗੁਰਦੁਆਰਾ ਸਾਹਿਬ ਸ਼੍ਰੋਮਣੀ ਭਗਤ ਬਾਬਾ ਨਾਮਦੇਵ ਜੀ, ਮੋਗਾ ਰੋਡ ਕੋਟਕਪੂਰਾ ਵਿਖੇ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੀ ਲੜੀ ਦੇ 6 ਸਾਲ ਪੂਰੇ ਹੋਣ 'ਤੇ ਕਰਵਾਏ ਗਏ ਕੀਰਤਨ ਸਮਾਗਮ ਵਿੱਚ ਵੀ ਸ਼ਮੂਲੀਅਤ ਕੀਤੀ ਤੇ ਗੁਰੂ ਮਹਾਰਾਜ ਅੱਗੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ।ਇਸ ਮੌਕੇ ਉਨ੍ਹਾ ਇਲਾਕਾ ਨਿਵਾਸੀਆਂ ਨੂੰ ਪਾਣੀ ਦੀ ਨਿਕਾਸੀ ਦਾ ਪੱਕੇ ਤੌਰ 'ਤੇ ਹੱਲ ਕਰਨ ਦਾ ਭਰੋਸਾ ਵੀ ਦਿਵਾਇਆ ਤੇ ਕਿਹਾ ਕਿ ਇਸ ਦਾ ਹੱਲ ਬਹੁਤ ਹੀ ਜਲਦ ਕੀਤਾ ਜਾਵੇਗਾ।ਇਸ ਤੋਂ ਇਲਾਵਾ ਉਹ ਮਾਈ ਗੋਦੜੀ ਸਾਹਿਬ ਵਿਖੇ ਵੀ ਨਤਮਸਤਕ ਹੋਏ।ਇਸ ਮੌਕੇ ਗੁਰਦਆਰਾ ਦੀ ਸਾਰੀ ਕਮੇਟੀ ਪ੍ਰਧਾਨ ਸ਼ਰਨਜੀਤ ਸਿੰਘ ਮੁੱਕਰ, ਬੌਬੀ ਜੱਸਲ ਖਜ਼ਾਨਚੀ ਜਗਦੇਵ ਸਿੰਘ ਤੇ ਜਸਮੇਲ ਸਿੰਘ ਪੁਰਬਾ ਪੰਜਾਬ ਪਗੜੀ ਹਾਊਸ, ਪਾਰਟੀ ਦੇ ਅਹੁਦੇਦਾਰ ਸਿਮਰਨਜੀਤ ਸਿੰਘ, ਅਰੁਣ ਚਾਵਲਾ ਤੇ ਇਲਾਕ ਨਿਵਾਸੀ ਹਾਜ਼ਰ ਸਨ।

## ਵਿਧਾਇਕ ਕੋਹਲੀ ਨੇ ਮਨੀਸ਼ ਸਿਸੋਦੀਆ ਨਾਲ ਕੀਤੀ ਮੁਲਾਕਾਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪੰਜਾਬ ਦੇ ਇੰਚਾਰਜ ਤੇ ਸਾਬਕਾ ਉੱਪ-ਮੁੱਖ ਮੰਤਰੀ ਦਿੱਲੀ ਮਨੀਸ਼ ਸਿਸੋਦੀਆ ਨਾਲ ਮੀਟਿੰਗ ਕੀਤੀ।ਇਸ ਮੌਕੇ ਪਟਿਆਲਾ ਸ਼ਹਿਰ ਵਾਸੀਆਂ ਦੀ ਬਿਹਤਰੀ ਲਈ ਭਵਿੱਖੀ ਏਜੰਡੇ, ਵਿਕਾਸ ਕਾਰਜਾਂ, ਨਗਰ ਨਿਗਮ, ਸਰਕਾਰੀ ਵਿਭਾਗ, ਡੇਰਾ ਜ਼ਮੀਨ ਦਾ ਮੁੱਦਾ, ਲੋਕ ਨਿਰਮਾਣ ਵਿਭਾਗ ਸਮੇਤ ਇੰਪਰੂਵਮੈਂਟ ਟਰੱਸਟ ਦੇ ਕੰਮਕਾਜ ਬਾਰੇ ਚਰਚਾ ਕੀਤੀ ਗਈ।ਇਹ ਵੀ ਚਰਚਾ ਹੋਈ ਕਿ ਪਟਿਆਲਾ ਸ਼ਹਿਰ ਨੂੰ ਹੋਰ ਬਿਹਤਰ ਬਣਾਉਣ ਲਈ ਕੀ ਕੁਝ ਕੀਤਾ ਜਾ ਸਕਦਾ ਹੈ ਤੇ ਭਵਿੱਖ ਵਿੱਚ ਅਸੀਂ ਸ਼ਹਿਰ ਵਾਸੀਆਂ ਵਾਸਤੇ ਕਿਹੜੀਆਂ ਸਕੀਮਾਂ ਪ੍ਰਵਾਨ ਕਰ ਸਕਦੇ ਹਾਂ ਜਾਂ ਅਜਿਹੀ ਕਿਹੜੀ ਸਕੀਮ ਲਿਆਈ ਜਾ ਸਕਦੀ ਹੈ, ਜਿਸ ਨਾਲ ਪਟਿਆਲਵੀਆਂ ਦਾ ਵਧੇਰੇ ਫ਼ਾਇਦਾ ਹੋ ਸਕੇ।ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਅਸੀਂ ਪੰਜਾਬ ਦੀ ਰਾਜਨੀਤੀ ਤੇ ਖ਼ਾਸ ਕਰਕੇ ਪਟਿਆਲਾ ਸ਼ਹਿਰ ਦੇ ਵੱਖ-ਵੱਖ ਸਰਕਾਰੀ ਵਿਭਾਗਾਂ, ਡੇਰਾ ਜ਼ਮੀਨ ਦਾ ਮੁੱਦਾ, ਲੋਕ ਨਿਰਮਾਣ ਵਿਭਾਗ, ਨਗਰ ਨਿਗਮ, ਇੰਪਰੂਵਮੈਂਟ ਟਰੱਸਟ ਦੇ ਕੰਮਕਾਜ ਬਾਰੇ ਚਰਚਾ ਕੀਤੀ।ਮੈਂ ਖ਼ਾਸ ਤੌਰ 'ਤੇ ਪਟਿਆਲਾ ਦੇ ਵਿਕਾਸ ਪ੍ਰੋਜੈਕਟਾਂ ਵਿੱਚ ਉਨ੍ਹਾਂ ਦੀ ਦਿਲਚਸਪੀ ਤੋਂ ਪ੍ਰਭਾਵਿਤ ਹੋਇਆ।ਉਹ ਸ਼ਹਿਰ ਵਿੱਚ ਹੋ ਰਹੇ ਸਾਰੇ ਕੰਮਾਂ ਤੋਂ ਜਾਣੂ ਸੀ ਤੇ ਇਹ ਗੱਲ ਮੈਨੂੰ ਵਿਸ਼ਵਾਸ ਦਿਵਾਉਂਦੀ ਹੈ ਕਿ ਪਟਿਆਲਾ ਵਿੱਚ ਆਉਣ ਵਾਲੇ ਭਵਿੱਖ ਵਿੱਚ ਬਹੁਤ ਸਾਰੇ ਵਿਕਾਸ ਕਾਰਜ ਕੀਤੇ ਜਾਣਗੇ।

## ਭਾਰਤ ਵਿਕਾਸ ਪ੍ਰੀਸ਼ਦ ਨੇ ਮਰੀਜ਼ਾਂ ਨੂੰ ਫਲ ਵੰਡੇ




**ਜਲਾਲਾਬਾਦ (ਜੀਤ ਕੁਮਾਰ)**-ਭਾਰਤ ਵਿਕਾਸ ਪ੍ਰੀਸ਼ਦ ਜਲਾਲਾਬਾਦ ਨੇ ਸਿਵਲ ਹਸਪਤਾਲ ਜਲਾਲਾਬਾਦ ਵਿੱਚ ਮਰੀਜ਼ਾਂ ਨੂੰ ਫਲ ਵੰਡੇ ਤੇ ਭਾਰਤ ਵਿਕਾਸ ਪ੍ਰੀਸ਼ਦ ਦੇ ਸੰਸਥਾਪਕ ਡਾ. ਸੂਰਜ ਪ੍ਰਕਾਸ਼, ਜੋ ਬਹੁਪੱਖੀ ਪ੍ਰਤਿਭਾ ਦੇ ਮਾਲਕ, ਰਾਸ਼ਟਰ ਨੂੰ ਸਮਰਪਿਤ ਤੇ ਸਮਾਜ ਵਿੱਚ ਹੇਠਲੇ ਵਰਗ ਦੇ ਉਥਾਨ ਲਈ ਉੱਚ ਵਰਗ ਨੂੰ ਪ੍ਰੇਰਿਤ ਕਰਕੇ ਸਮਾਜਿਕ ਸਮਾਨਤਾ ਲਈ ਆਪਣਾ ਜੀਵਨ ਸਮਰਪਿਤ ਕਰਨ ਵਾਲੇ ਵਿਅਕਤੀ ਹਨ, ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਸ਼ਾਖਾ ਜਲਾਲਾਬਾਦ ਤੋਂ ਪੰਜਾਬ ਦੱਖਣੀ ਦੇ ਗਤੀਵਿਧੀ ਇੰਚਾਰਜ ਦਵਿੰਦਰ ਕੁੱਕੜ, ਪੰਜਾਬ ਦੱਖਣੀ ਦੇ ਪ੍ਰੋਜੈਕਟ ਇੰਚਾਰਜ ਪ੍ਰਵੇਸ਼ ਖੰਨਾ, ਸ਼ਾਖਾ ਪ੍ਰਧਾਨ ਮਦਨ ਡੂਮੜਾ, ਸਕੱਤਰ ਗੁਰਮੀਤ ਮਦਾਨ, ਖਜ਼ਾਨਚੀ ਰਮੇਸ਼ ਸਿਡਾਨਾ, ਰਾਜਨ ਡੂਮਰਾ, ਬੰਟੀ ਆਹੂਜਾ, ਵੰਸ਼ ਆਹੂਜਾ ਤੇ ਸਟਾਫ ਵੱਲੋਂ ਡਾ. ਜਸਕਰਨ ਤੇ ਨਰਸ ਹਰਪ੍ਰੀਤ ਕੌਰ ਮੌਜੂਦ ਸਨ।

## ਰਿਟਾਇਰਡ ਐੱਸ ਡੀ ਓ ਵੱਲੋਂ ਭਾਈਰੂਪਾ ਤੇ ਦਿਆਲਪੁਰਾ ਗਰਿੱਡ ਨੂੰ ਆਰ ਓ ਭੇਟ



**ਬਠਿੰਡਾ (ਰਾਜੀਵ ਗੋਇਲ)**-ਕਸਬਾ ਭਾਈਰੂਪਾ ਤੋਂ ਰਿਟਾਇਰ ਹੋ ਚੁੱਕੇ ਬਿਜਲੀ ਮਹਿਕਮੇ ਦੇ ਐੱਸ.ਡੀ.ਓ. ਇੰਦਰਜੀਤ ਸਿੰਘ ਸੰਧੂ ਵੱਲੋਂ ਆਪਣੇ ਹੀ ਦਫਤਰ ਸਮੇਤ ਗਰਿੱਡ ਦਿਆਲਪੁਰਾ ਨੂੰ ਮੁਲਾਜ਼ਮਾਂ ਦੀ ਸਹੂਲਤ ਲਈ ਆਰ ਓ ਸੈੱਟ ਭੇਟ ਕੀਤੇ ਗਏ। ਜਾਣਕਾਰੀ ਦਿੰਦਿਆਂ ਰਿਟਾਇਰਡ ਐੱਸ.ਡੀ.ਓ. ਸੰਧੂ ਨੇ ਦੱਸਿਆ ਕਿ ਉਹ ਕੁਝ ਸਮਾਂ ਪਹਿਲਾਂ ਭਾਈਰੂਪਾ ਦਫਤਰ ਤੋਂ ਹੀ ਰਿਟਾਇਰ ਹੋਏ ਹਨ ਤੇ ਦਫਤਰ ਵਿੱਚ ਮੁਲਾਜ਼ਮਾਂ ਲਈ ਪੀਣ ਵਾਲੇ ਸਾਫ ਪਾਣੀ ਦੀ ਘਾਟ ਸੀ, ਜਿਸ ਨੂੰ ਲੈ ਕੇ ਅੱਜ ਉਨ੍ਹਾਂ ਵੱਲੋਂ ਇਨ੍ਹਾਂ ਮੁਲਾਜ਼ਮ ਸਾਥੀਆਂ ਦੀ ਸਹੂਲਤ ਲਈ ਭਾਈਰੂਪਾ ਤੇ ਦਿਆਲਪੁਰਾ ਗਰਿੱਡ ਲਈ ਆਰ ਓ ਵਾਟਰ ਫਿਲਟਰ ਭੇਟ ਕੀਤੇ ਗਏ ਹਨ। ਰਿਟਾਇਰਡ ਸਾਥੀ ਵੱਲੋਂ ਭੇਟ ਕੀਤੇ ਆਰ ਓ ਵਾਟਰ ਫਿਲਟਰਾਂ ਨੂੰ ਲੈ ਕੇ ਸਮੂਹ ਦਫਤਰ ਕਰਮੀਆਂ ਵੱਲੋਂ ਧੰਨਵਾਦ ਕਰਦੇ ਹੋਏ ਇਸ ਕੰਮ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਐੱਸ.ਡੀ.ਓ. ਗੁਰਮੇਲ ਸਿੰਘ, ਜੇ ਈ ਭੁਪਿੰਦਰ ਸਿੰਘ, ਜੇ ਈ ਲਖਵਿੰਦਰ ਸਿੰਘ, ਲਾਇਨਮੈਨ ਲਖਵਿੰਦਰ ਸਿੰਘ, ਕਰਨਦੀਪ ਸਿੰਘ, ਅਜੈਬ ਸਿੰਘ, ਪਰਮਪ੍ਰੀਤ ਸ਼ਰਮਾ, ਸੁਖਪਾਲ ਸਿੰਘ ਸਮੇਤ ਸਮੂਹ ਬਿਜਲੀ ਕਰਮਚਾਰੀ ਹਾਜ਼ਰ ਸਨ।

## ਰਣਵੀਰ ਸਿੰਘ ਦੇ ਡੀ.ਐੱਸ.ਪੀ. ਬਨਣ ਦੀ ਖੁਸ਼ੀ 'ਚ ਗੁਰੂਘਰ ਅਰਦਾਸ ਕਰਾਈ



**ਦਿੜ੍ਹਬਾ (ਜਸਵੀਰ ਲਾਡੀ)**-ਇੱਥੋਂ ਨਾਲ ਦੇ ਪਿੰਡ ਸਲੂਰ ਘਰਾਟ ਵਿਖੇ ਗੁਰਤੇਜ ਸਿੰਘ ਭੱਟੀ ਸਾਬਕਾ ਸਰਪੰਚ ਸਲੂਰ ਘਰਾਟ ਵੱਲੋਂ ਪਰਮ-ਪਿਆਰੇ ਮਿੱਤਰ ਸ੍ਰ. ਰਣਵੀਰ ਸਿੰਘ ਦੇ ਡੀ.ਐੱਸ.ਪੀ. ਬਨਣ ਦੀ ਖੁਸ਼ੀ ਵਿੱਚ ਗੁਰੂਘਰ 'ਚ ਅਰਦਾਸ ਕਰਾਈ।ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਣਵੀਰ ਸਿੰਘ ਨੇ ਉੱਚ ਵਿੱਦਿਆ ਖ਼ਾਲਸਾ ਕਾਲਜ ਪਟਿਆਲੇ ਤੋਂ ਹਾਸਲ ਕੀਤੀ ਤੇ 1998 ਵਿੱਚ ਪੁਲਸ ਮਹਿਕਮੇ ਵਿੱਚ ਭਰਤੀ ਹੋ ਗਏ।ਕਈ ਚੌਕੀ-ਥਾਣਿਆਂ ਦੇ ਇੰਚਾਰਜ ਰਹੇ, ਜਿਨ੍ਹਾਂ ਵਿੱਚੋਂ ਪਾਤੜਾਂ, ਘੱਗਾ ਤੇ ਲਹਿਰਾਗਾਗਾ ਤੋਂ ਡਿਊਟੀ ਕਰਦਿਆਂ ਉਨ੍ਹਾਂ ਨੂੰ ਡੀ.ਐੱਸ.ਪੀ. ਦੇ ਅਹੁਦੇ 'ਤੇ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਦੀ ਚੜ੍ਹਦੀ ਕਲਾ ਤੇ ਹੋਰ ਤਰੱਕੀਆਂ ਬਖਸ਼ਣ ਲਈ ਗੁਰੂ ਮਹਾਰਾਜ ਅੱਗੇ ਅਰਦਾਸ-ਬੇਨਤੀ ਕੀਤੀ ਗਈ।ਇਸ ਮੌਕੇ ਜਥੇਦਾਰ ਤੇਜਾ ਸਿੰਘ ਕਮਾਲਪੁਰ, ਐੱਸ.ਜੀ.ਪੀ.ਸੀ. ਮੈਂਬਰ ਸਤਬੀਰ ਸਿੰਘ ਜੇਜੀ ਦਿਆਲਗੜ੍ਹ, ਗੋਗੀ ਬਿਜਲਪੁਰ, ਬਲਰਾਜ ਸਿੰਘ ਦਿਆਲਗੜ੍ਹ, ਤੇਜਿੰਦਰ ਸਿੰਘ ਗੁੱਜਰਾਂ, ਮੱਖਣ ਸਿੰਘ ਗੁੱਜਰਾਂ, ਗੁਰਦੇਵ ਸਿੰਘ ਮੌੜ, ਯਾਦਵਿੰਦਰ ਸਿੰਘ ਢੰਡੋਲੀ, ਲਾਲੀ ਦਿਆਲਗੜ੍ਹ, ਮੇਸੀ ਸਲੂਰ ਘਰਾਟ, ਰਿੰਪੀ ਮੋਖਾ ਸੁਨਾਮ, ਕੁਲਵਿੰਦਰ ਸ਼ਰਮਾ ਸਰਪੰਚ ਸਲੂਰ ਘਰਾਟ, ਗੁਰਪਾਲ ਸਿੰਘ ਫ਼ੌਜੀ ਸਲੂਰ ਘਾਰਾਟ, ਜਸਵਿੰਦਰ ਸਿੰਘ ਨੈਣਾ ਪੰਚਾਇਤ ਮੈਂਬਰ ਸਲੂਰ ਘਰਾਟ, ਤਰਲੋਚਨ ਸਿੰਘ ਪ੍ਰਧਾਨ, ਰਣ ਸਿੰਘ ਸਲੂਰ ਘਰਾਟ, ਰਾਜੂ ਸਿੰਘ ਮੈਂਬਰ, ਹੈਪੀ ਮੈਂਬਰ ਆਦਿ ਨੇ ਹਾਜ਼ਰ ਹੋ ਕੇ ਸ੍ਰ. ਰਣਵੀਰ ਸਿੰਘ ਨੂੰ ਡੀ.ਐੱਸ.ਪੀ. ਬਨਣ 'ਤੇ ਵਧਾਈਆਂ ਦਿੱਤੀਆਂ।

## ਟੀ ਐੱਸ ਯੂ ਵੱਲੋਂ ਸੀਨੀਅਰ ਕਾਰਜਕਾਰੀ ਇੰਜੀਨੀਅਰ ਨਾਲ ਮੀਟਿੰਗ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਟੈਕਨੀਕਲ ਸਰਵਿਸ ਯੂਨੀਅਨ (ਰਜਿ. 49) ਗੁਰੂ ਹਰਗੋਬਿੰਦ ਸਾਹਿਬ ਥਰਮਲ ਪਲਾਂਟ ਲਹਿਰਾ ਮੁਹੱਬਤ ਦੇ ਪ੍ਰਧਾਨ ਅਮਰਜੀਤ ਸਿੰਘ ਮੰਗਲੀ ਦੀ ਅਗਵਾਈ ਵਿੱਚ ਮਕੈਨੀਕਲ ਅਗਜੈਲਰੀ ਮੈਂਟੀਨੈਂਸ ਦੇ ਸੀਨੀਅਰ ਕਾਰਜਕਾਰੀ ਇੰਜੀਨੀਅਰ ਗੁਰਦੀਪ ਸਿੰਘ ਦੇ ਨਾਲ ਮੀਟਿੰਗ ਕਰਕੇ ਥਰਮਲ ਪਲਾਂਟ ਦੀਆਂ ਵੱਖ ਵੱਖ ਲੁਕੇਸ਼ਨਾਂ 'ਤੇ ਨਵੇਂ ਆਰ ਓ ਤੇ ਪਾਣੀ ਵਾਲੇ ਨਵੇਂ ਕੂਲਰ ਲਾਉਣ ਸੰਬੰਧੀ ਗੱਲਬਾਤ ਕੀਤੀ ਗਈ। ਇੰਜੀਨੀਅਰ ਗੁਰਦੀਪ ਸਿੰਘ ਨੇ ਕਿਹਾ ਕਿ ਕੁੱਝ ਨਵੇਂ ਆਰ ਓ ਪਏ ਹਨ, ਜੋ ਰਹਿੰਦੀਆਂ ਲੁਕੇਸ਼ਨਾਂ 'ਤੇ ਲਗਾ ਦਿੱਤੇ ਜਾਣਗੇ। ਯੂਨੀਅਨ ਵੱਲੋਂ ਸੀਨੀਅਰ ਕਾਰਜਕਾਰੀ ਇੰਜੀਨੀਅਰ ਗੁਰਦੀਪ ਸਿੰਘ ਦਾ ਧੰਨਵਾਦ ਕੀਤਾ ਗਿਆ। ਮੀਟਿੰਗ ਵਿੱਚ ਮੀਤ ਪ੍ਰਧਾਨ ਜਗਦੀਪ ਸਿੰਘ, ਜਨਰਲ ਸਕੱਤਰ ਅੰਤਰ ਸਿੰਘ ਜੇ ਈ, ਪ੍ਰਚਾਰ ਸਕੱਤਰ ਪਿਆਰਾ ਸਿੰਘ ਤੇ ਸਲਾਹਕਾਰ ਰਵਿੰਦਰ ਕੁਮਾਰ ਰਾਮਪੁਰਾ ਹਾਜ਼ਰ ਸਨ।

ਮੰਗਲਵਾਰ, 1 ਜੁਲਾਈ, 2025
17 ਹਾੜ੍ਹ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 30

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 1 JULY, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in

## 'ਸਾਰਕ' ਦਾ ਬਦਲ ਤਿਆਰ ਕਰਨ ਦੀ ਕਵਾਇਦ



**ਇਸਲਾਮਾਬਾਦ** : ਪਾਕਿਸਤਾਨ ਅਤੇ ਚੀਨ ਇੱਕ ਨਵੀਂ ਖੇਤਰੀ ਸੰਸਥਾ ਸਥਾਪਤ ਕਰਨ ਦੀ ਤਜਵੀਜ਼ 'ਤੇ ਕੰਮ ਕਰ ਰਹੇ ਹਨ, ਜੋ ਹੁਣ ਬੇਹਰਕਤ ਹੋ ਚੁੱਕੇ ਦੱਖਣੀ ਏਸ਼ੀਆਈ ਖੇਤਰੀ ਸਹਿਯੋਗ ਸੰਗਠਨ (ਸਾਰਕ) ਦੀ ਥਾਂ ਲੈ ਸਕਦੀ ਹੈ। ਇਸ ਘਟਨਾਕ੍ਰਮ ਤੋਂ ਜਾਣੂ ਕੂਟਨੀਤਕ ਸੂਤਰਾਂ ਦੇ ਹਵਾਲੇ ਨਾਲ ਐਕਸਪ੍ਰੈਸ ਟ੍ਰਿਬਿਊਨ ਅਖਬਾਰ ਨੇ ਰਿਪੋਰਟ ਦਿੱਤੀ ਹੈ ਕਿ ਇਸਲਾਮਾਬਾਦ ਅਤੇ ਬੀਜਿੰਗ ਵਿਚਕਾਰ ਗੱਲਬਾਤ ਹੁਣ ਅਗਲੇ ਪੜਾਅ 'ਤੇ ਹੈ, ਕਿਉਂਕਿ ਦੋਵੇਂ ਧਿਰਾਂ ਇਸ ਗੱਲ 'ਤੇ ਸਹਿਮਤ ਹਨ ਕਿ ਖੇਤਰੀ ਏਕੀਕਰਨ ਅਤੇ ਸੰਪਰਕ ਲਈ ਇੱਕ ਨਵੀਂ ਸੰਸਥਾ ਜ਼ਰੂਰੀ ਹੈ। ਸੂਤਰਾਂ ਦੇ ਹਵਾਲੇ ਨਾਲ ਅਖਬਾਰ ਨੇ ਕਿਹਾ ਕਿ ਇਹ ਨਵੀਂ ਸੰਸਥਾ ਸੰਭਾਵਤ ਤੌਰ 'ਤੇ ਖੇਤਰੀ ਬਲਾਕ ਸਾਰਕ ਦੀ ਥਾਂ ਲੈ ਸਕਦੀ ਹੈ, ਜਿਸ ਵਿੱਚ ਭਾਰਤ, ਅਫਗਾਨਿਸਤਾਨ, ਬੰਗਲਾਦੇਸ਼, ਭੂਟਾਨ, ਮਾਲਦੀਵ, ਨੇਪਾਲ, ਪਾਕਿਸਤਾਨ ਅਤੇ ਸ੍ਰੀਲੰਕਾ ਸ਼ਾਮਲ ਹਨ। ਉਨ੍ਹਾ ਕਿਹਾ ਕਿ ਪਾਕਿਸਤਾਨ, ਚੀਨ ਅਤੇ ਬੰਗਲਾਦੇਸ਼ ਵਿਚਕਾਰ ਹਾਲ ਹੀ ਵਿੱਚ ਚੀਨ ਦੇ ਕੁਨਮਿੰਗ ਵਿੱਚ ਹੋਈ ਤਿੰਨ-ਪੱਖੀ ਮੀਟਿੰਗ ਕੂਟਨੀਤਕ ਚਾਲਾਂ ਦਾ ਹਿੱਸਾ ਸੀ ਅਤੇ ਇਸ ਦਾ ਉਦੇਸ਼ ਦੂਜੇ ਦੱਖਣੀ ਏਸ਼ੀਆਈ ਦੇਸ਼ਾਂ, ਜੋ ਸਾਰਕ ਦਾ ਹਿੱਸਾ ਸਨ, ਨੂੰ ਨਵੇਂ ਸਮੂਹ ਵਿੱਚ ਸ਼ਾਮਲ ਹੋਣ ਲਈ ਸੱਦਾ ਦੇਣਾ ਸੀ। ਹਾਲਾਂਕਿ ਬੰਗਲਾਦੇਸ਼ ਦੀ ਅੰਤਰਮ ਸਰਕਾਰ ਨੇ ਇਹ ਕਹਿੰਦੇ ਹੋਏ ਕਿ ਮੀਟਿੰਗ ਰਾਜਨੀਤਕ ਨਹੀਂ ਸੀ, ਢਾਕਾ, ਬੀਜਿੰਗ ਅਤੇ ਇਸਲਾਮਾਬਾਦ ਵਿਚਕਾਰ ਕਿਸੇ ਵੀ ਉਭਰ ਰਹੇ ਗੱਠਜੋੜ ਦੇ ਵਿਚਾਰ ਨੂੰ ਖਾਰਜ ਕਰ ਦਿੱਤਾ ਸੀ। ਵਿਦੇਸ਼ ਮਾਮਲਿਆਂ ਦੇ ਸਲਾਹਕਾਰ ਐੱਮ ਤੌਹੀਦ ਹੁਸੈਨ ਨੇ ਕਿਹਾ ਸੀ, "ਅਸੀਂ ਕੋਈ ਗੱਠਜੋੜ ਨਹੀਂ ਬਣਾ ਰਹੇ ਹਾਂ।" ਸੂਤਰਾਂ ਅਨੁਸਾਰ ਭਾਰਤ ਨੂੰ ਨਵੇਂ ਪ੍ਰਸਤਾਵਤ ਫੋਰਮ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਜਾਵੇਗਾ, ਜਦੋਂ ਕਿ ਸ੍ਰੀਲੰਕਾ, ਮਾਲਦੀਵ ਅਤੇ ਅਫਗਾਨਿਸਤਾਨ ਵਰਗੇ ਦੇਸ਼ਾਂ ਦੇ ਇਸ ਸਮੂਹ ਦਾ ਹਿੱਸਾ ਬਣਨ ਦੀ ਉਮੀਦ ਹੈ।

ਅਖਬਾਰ ਨੇ ਕਿਹਾ ਕਿ ਨਵੀਂ ਸੰਸਥਾ ਦਾ ਮੁੱਖ ਉਦੇਸ਼ ਵਧੇ ਹੋਏ ਵਪਾਰ ਅਤੇ ਸੰਪਰਕ ਰਾਹੀਂ ਵਧੇਰੇ ਖੇਤਰੀ ਸ਼ਮੂਲੀਅਤ ਦੀ ਮੰਗ ਕਰਨਾ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਜੇ ਇਹ ਤਜਵੀਜ਼ ਸਿਰੇ ਚੜ੍ਹਦੀ ਹੈ ਤਾਂ ਇਹ ਸੰਸਥਾ ਸਾਰਕ ਦੀ ਥਾਂ ਲੈ ਲਵੇਗੀ, ਜੋ ਭਾਰਤ-ਪਾਕਿਸਤਾਨ ਸੰਘਰਸ਼ ਕਾਰਨ ਲੰਬੇ ਸਮੇਂ ਤੋਂ ਮੁਅੱਤਲ ਹੈ।

ਸਾਲ 2014 ਦੌਰਾਨ ਕਾਠਮੰਡੂ ਵਿੱਚ ਸਾਰਕ ਦਾ ਦੋ-ਸਾਲਾ ਸਿਖਰ ਸੰਮੇਲਨ ਆਖਰੀ ਸੀ। 2016 ਦਾ ਸਾਰਕ ਸੰਮੇਲਨ ਇਸਲਾਮਾਬਾਦ ਵਿੱਚ ਹੋਣਾ ਸੀ, ਪਰ ਉਸ ਸਾਲ 18 ਸਤੰਬਰ ਨੂੰ ਜੰਮੂ-ਕਸ਼ਮੀਰ ਦੇ ਉੜੀ ਵਿੱਚ ਇੱਕ ਭਾਰਤੀ ਫੌਜੀ ਕੈਂਪ 'ਤੇ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਨੇ ਹਾਲਾਤ ਕਾਰਨ ਸੰਮੇਲਨ ਵਿੱਚ ਹਿੱਸਾ ਲੈਣ ਵਿੱਚ ਆਪਣੀ ਅਸਮਰੱਥਾ ਪ੍ਰਗਟਾਈ ਸੀ। ਬੰਗਲਾਦੇਸ਼, ਭੂਟਾਨ ਅਤੇ ਅਫਗਾਨਿਸਤਾਨ ਦੇ ਵੀ ਇਸਲਾਮਾਬਾਦ ਮੀਟਿੰਗ ਵਿੱਚ ਹਿੱਸਾ ਲੈਣ ਤੋਂ ਇਨਕਾਰ ਕਰਨ ਤੋਂ ਬਾਅਦ ਸੰਮੇਲਨ ਰੱਦ ਕਰ ਦਿੱਤਾ ਗਿਆ ਸੀ।

## ਜਿਹੜੀ ਧਿਰ ਨੇ ਆਜ਼ਾਦੀ ਦੀ ਲੜਾਈ 'ਚ ਗਦਾਰੀ ਕੀਤੀ, ਉਹ ਹੁਣ ਲੋਕਾਂ ਦੀ ਸਾਂਝ ਤੋੜਨ ਦੀ ਤਾਕ 'ਚ : ਬੰਤ ਬਰਾੜ

### ਪੰਜਾਬ ਦੇ ਕਮਿਊਨਿਸਟ ਮਹਾਂ-ਸੰਮੇਲਨ ਨੂੰ ਸ਼ਾਨ ਨਾਲ ਨੇਪਰੇ ਚੜ੍ਹਾਉਣਗੇ, ਕਲਾਕਾਰਾਂ ਲਈ ਹੱਦਾਂ-ਸਰਹੱਦਾਂ ਦੇ ਕੋਈ ਮਾਇਨੇ ਨਹੀਂ

**ਜਲੰਧਰ (ਸਟਾਫ ਰਿਪੋਰਟਰ)**

'ਜਿਹੜੇ ਲੋਕ ਭਾਰਤ ਦੀ ਆਜ਼ਾਦੀ ਦੇ ਸੰਘਰਸ਼ ਵੇਲੇ ਅੰਗਰੇਜ਼ ਹਾਕਮ ਦੇ ਟੋਡੀ ਬਣੇ, ਉਹੀ ਆਜ਼ਾਦ ਭਾਰਤ ਵਿੱਚ ਘਰੇਲੂ ਕਲੇਸ਼ ਪਾ ਕੇ ਭਾਈਚਾਰਕ ਸਾਂਝ ਨੂੰ ਤਾਰ-ਤਾਰ ਕਰਨ ਦੀ ਤਾਕ ਵਿੱਚ ਹਨ।' ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੀ ਸੂਬਾ ਇਕਾਈ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਕੀਤਾ। ਉਹ ਇੱਥੇ ਪਾਰਟੀ ਦਫਤਰ ਵਿਖੇ ਸੀ ਪੀ ਆਈ ਦੀ ਜ਼ਿਲ੍ਹਾ ਕੌਂਸਲ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਆਰ ਐੱਸ ਐੱਸ ਦੇ ਜਨਰਲ ਸਕੱਤਰ ਦੱਤਾ ਤ੍ਰੇਅ ਹੋਸਬਾਲੇ ਤੋਂ ਲੈ ਕੇ ਉਪ ਰਾਸ਼ਟਰਪਤੀ ਤੱਕ ਵੱਲੋਂ ਸੰਵਿਧਾਨ ਵਿੱਚੋਂ ਸਮਾਜਵਾਦੀ ਤੇ ਧਰਮ ਨਿਰਪੱਖ ਸ਼ਬਦਾਂ ਨੂੰ ਹਟਾਉਣ ਦੀ ਮੰਗ ਦੇ ਸੰਦਰਭ ਵਿੱਚ ਕਿਹਾ ਕਿ ਇਸੇ ਧਿਰ ਦੇ ਪਹਿਲੇ ਆਗੂਆਂ ਨੇ ਆਜ਼ਾਦੀ ਦੀ ਲੜਾਈ ਵੇਲੇ ਦੇਸ਼ ਨਾਲ ਗਦਾਰੀ ਕੀਤੀ ਤੇ ਹੁਣ ਭਾਰਤੀ ਲੋਕਾਂ ਦੀ ਸਾਂਝ ਨੂੰ ਤੋੜਨ ਦਾ ਰਾਹ ਫੜਿਆ ਹੋਇਆ ਹੈ। ਕਾਮਰੇਡ ਬਰਾੜ ਨੇ ਸੰਘ ਪਰਵਾਰ ਦੇ ਆਗੂਆਂ ਦੇ ਕੁਬੋਲਾਂ ਬਾਰੇ ਸਖਤ ਟਿੱਪਣੀ ਕਰਦਿਆਂ ਕਿਹਾ ਕਿ ਦੇਸ਼ ਲਈ ਘਾਤਕ ਸਾਬਤ ਹੋਈ ਟੂ-ਨੇਸ਼ਨ ਥਿਊਰੀ ਵੀ ਇਨ੍ਹਾਂ ਲੋਕਾਂ ਦੀ ਦੇਣ ਸੀ।

ਸੰਸਾਰ ਪੱਧਰ ਦੇ ਹਾਲਾਤ ਦੀ ਗੱਲ ਕਰਦਿਆਂ ਕਮਿਊਨਿਸਟ ਆਗੂ ਨੇ ਕਿਹਾ ਕਿ ਰਾਸ਼ਟਰਪਤੀ ਟਰੰਪ ਦੀ ਅਗਵਾਈ ਵਿੱਚ ਅਮਰੀਕਾ ਪੂਰੀ ਦੁਨੀਆ 'ਤੇ ਧੌਂਸ ਦੀ ਸਿਆਸਤ ਕਰ ਰਿਹਾ ਹੈ। ਉਸ ਨੇ ਪੂਰੀ ਦੁਨੀਆਂ ਨੂੰ ਪੁਲਸੀਆ ਡੰਡੇ ਨਾਲ ਡਰਾਉਣ ਦੀ ਅਨੈਤਿਕ ਨੀਤੀ ਅਪਣਾਈ ਹੋਈ ਹੈ।ਉਹਨਾ ਕਿਹਾ ਕਿ ਕਮਿਊਨਿਸਟ ਧਿਰਾਂ ਦੀ ਇਹ ਦਿਲੀ ਚਾਹਤ ਹੈ ਕਿ ਫਲਸਤੀਨੀ ਲੋਕ ਆਪਣਾ ਮੁਲਕ ਬਣਾ ਕੇ ਵੱਸਣ। ਅਮਰੀਕਾ ਫਲਸਤੀਨੀਆ ਨੂੰ ਤਬਾਹ ਕਰਨ 'ਤੇ ਤੁਲਿਆ ਹੋਇਆ ਹੈ।



ਮੀਟਿੰਗ ਦੌਰਾਨ ਸੂਬਾ ਸਕੱਤਰ ਬੰਤ ਸਿੰਘ ਬਰਾੜ ਜ਼ਿਲ੍ਹਾ ਕੌਂਸਲ ਦੇ ਮੈਂਬਰਾਂ ਨਾਲ।

ਦਲਜੀਤ ਦੁਸਾਂਝ ਦੀ ਫਿਲਮ 'ਤੇ ਕਾਵਾਂਰੌਲੀ ਪਾਉਣ ਦੀ ਆਲੋਚਨਾ ਕਰਦਿਆਂ ਕਾਮਰੇਡ ਬਰਾੜ ਨੇ ਕਿਹਾ ਕਿ ਸਾਂਝਾ ਸੱਭਿਆਚਾਰ ਪੰਜਾਬੀਆਂ ਦੀ ਵਡੱਤਣ ਅਤੇ ਸ਼ਾਨ ਹੈ। ਕਲਾ ਤੇ ਕਲਾਕਾਰਾਂ ਲਈ ਹੱਦਾਂ-ਸਰਹੱਦਾਂ ਕੋਈ ਮਾਇਨੇ ਨਹੀਂ ਰੱਖਦੀਆਂ। ਕਲਾਕਾਰਾਂ ਨੂੰ ਫਿਰਕਿਆਂ ਵਿੱਚ ਵੰਡਣਾ ਕਦੇ ਵੀ ਦਰੁਸਤ ਨਹੀਂ ਹੋ ਸਕਦਾ। ਫਿਲਮ 'ਤੇ 'ਹਾਲਪਾਰ੍ਹਿਆ' ਕਰਨ ਵਾਲੇ ਆਪਣੀ ਅੱਖ ਦਾ ਟੀਰ ਹੀ ਦਰਸਾਉਂਦੇ ਹਨ।

ਸੂਬਾ ਸਕੱਤਰ ਨੇ ਚੰਡੀਗੜ੍ਹ ਵਿੱਚ 21 ਸਤੰਬਰ ਤੋਂ 25 ਸਤੰਬਰ ਤੱਕ • ਬਾਕੀ ਸਫਾ 10 'ਤੇ

## ਰਾਜਸਥਾਨ ਸਰਹੱਦ ਤੋਂ 60 ਕਿੱਲੋ ਹੈਰੋਇਨ ਬਰਾਮਦ

**ਅੰਮ੍ਰਿਤਸਰ** : ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਬੀ ਐੱਸ ਐੱਫ ਅਤੇ ਰਾਜਸਥਾਨ ਪੁਲਸ ਨਾਲ ਮਿਲ ਕੇ 60 ਕਿੱਲੋ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਹੈ। ਇਸ ਕਾਰਵਾਈ ਤਹਿਤ ਪੁਲਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿੱਚ ਸ਼ਾਮਲ ਕੌਮਾਂਤਰੀ ਡਰੱਗ ਸਿੰਡੀਕੇਟ ਦਾ ਵੀ ਪਰਦਾਫਾਸ਼ ਕੀਤਾ ਹੈ।

ਅਧਿਕਾਰੀਆਂ ਨੇ ਦੱਸਿਆ ਕਿ ਇੱਕ ਔਰਤ ਸਮੇਤ ਨੌਂ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਜਿਹੜੇ ਪੰਜਾਬ, ਹਰਿਆਣਾ, ਰਾਜਸਥਾਨ ਅਤੇ ਜੰਮੂ-ਕਸ਼ਮੀਰ ਦੇ ਹਨ। ਹੈਰੋਇਨ ਪਾਕਿਸਤਾਨ ਦੀ ਸਰਹੱਦ ਨਾਲ ਲੱਗਦੇ ਰਾਜਸਥਾਨ ਦੇ ਇਲਾਕੇ ਬਾੜਮੇਰ ਤੋਂ ਬਰਾਮਦ ਕੀਤੀ ਗਈ ਹੈ। ਇਸ ਮਾਮਲੇ ਵਿੱਚ ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਵਿੱਚ ਗੁਰਸਾਹਿਬ ਸਿੰਘ, ਜਸ਼ਨਪ੍ਰੀਤ ਸਿੰਘ, ਕੁਲਵਿੰਦਰ ਸਿੰਘ, ਪੁਰਸ਼ੋਤਮ ਸਿੰਘ, ਗਗਨਦੀਪ ਸਿੰਘ ਅਤੇ ਰਜਿੰਦਰ ਕੌਰ ਅੰਮ੍ਰਿਤਸਰ ਜ਼ਿਲ੍ਹੇ ਨਾਲ ਸੰਬੰਧਤ ਹਨ। ਡੀ ਜੀ ਪੀ ਗੌਰਵ ਯਾਦਵ ਨੇ ਖੁਲਾਸਾ ਕੀਤਾ ਕਿ ਨਸ਼ੀਲੇ ਪਦਾਰਥਾਂ ਦਾ ਇਹ ਗਰੋਹ ਕੈਨੇਡਾ ਅਧਾਰਤ ਤਸਕਰ ਜੋਬਨ ਕਲੇਰ ਅਤੇ ਪਾਕਿਸਤਾਨੀ ਤਸਕਰ ਤਨਵੀਰ ਸ਼ਾਹ ਵੱਲੋਂ ਚਲਾਇਆ ਜਾ ਰਿਹਾ ਸੀ।

## 'ਅਪ੍ਰੇਸ਼ਨ ਸਿੰਧੂਰ' ਦੌਰਾਨ ਭਾਰਤ ਨੂੰ ਕੁਝ ਜਹਾਜ਼ ਗੁਆਉਣੇ ਪਏ

**ਜਕਾਰਤਾ** : ਇੰਡੋਨੇਸ਼ੀਆ ਵਿੱਚ ਭਾਰਤੀ ਦੂਤਘਰ ਦੇ ਡਿਫੈਂਸ ਅਤਾਸ਼ੀ ਕੈਪਟਨ ਸ਼ਿਵ ਕੁਮਾਰ ਦੇ ਇਸ ਬਿਆਨ ਨੇ ਵਿਵਾਦ ਖੜ੍ਹਾ ਕਰ ਦਿੱਤਾ ਹੈ ਕਿ ਅਪ੍ਰੇਸ਼ਨ ਸਿੰਧੂਰ ਦੇ ਸ਼ੁਰੂਆਤੀ ਪੜਾਅ ਵਿੱਚ ਭਾਰਤੀ ਹਵਾਈ ਫੌਜ ਨੂੰ ਪਾਕਿਸਤਾਨੀ ਫੌਜੀ ਟਿਕਾਣਿਆਂ 'ਤੇ ਹਮਲਾ ਕਰਨ ਦੀ ਆਗਿਆ ਨਹੀਂ ਸੀ ਤੇ ਸਿਰਫ ਦਹਿਸ਼ਤਗਰਦਾਂ ਦੇ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਣ ਦੇ ਨਿਰਦੇਸ਼ ਸਨ, ਜਿਸ ਕਰਕੇ ਕੁਝ ਲੜਾਕੂ ਜਹਾਜ਼ ਗੁਆਉਣੇ ਪਏ। ਕੈਪਟਨ ਸ਼ਿਵ ਕੁਮਾਰ ਨੇ 10 ਜੂਨ ਨੂੰ ਜਕਾਰਤਾ ਦੀ ਇੱਕ ਯੂਨੀਵਰਸਿਟੀ ਵਿੱਚ 'ਭਾਰਤ-ਪਾਕਿਸਤਾਨ ਹਵਾਈ ਜੰਗ ਤੇ ਇੰਡੋਨੇਸ਼ੀਆ ਦੀ ਯੁੱਧ ਨੀਤੀ' ਵਿਸ਼ੇ 'ਤੇ ਇੱਕ ਸੈਮੀਨਾਰ ਵਿੱਚ ਬੋਲਦਿਆਂ ਇਹ ਗੱਲ ਕਹੀ। ਇਸ ਦੀ ਵੀਡੀਓ ਹੁਣ ਵਾਇਰਲ ਹੋਈ ਹੈ। (ਡਿਫੈਂਸ ਅਤਾਸ਼ੀ ਹਥਿਆਰਬੰਦ ਬਲਾਂ ਦੇ ਮੈਂਬਰ ਹੁੰਦੇ ਹਨ, ਜਿਹੜੇ ਵਿਦੇਸ਼ੀ ਦੂਤਘਰ ਵਿੱਚ ਦੇਸ਼ ਦੇ ਰੱਖਿਆ ਨੁਮਾਇੰਦੇ ਦੇ ਰੂਪ ਵਿੱਚ ਕੰਮ ਕਰਦੇ ਹਨ।) ਕੈਪਟਨ ਨੇ ਕਿਹਾ ਕਿ ਨੁਕਸਾਨ ਦੇ ਬਾਅਦ ਭਾਰਤ ਨੇ ਰਣਨੀਤੀ ਬਦਲੀ ਤੇ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ। (ਇਸ ਤੋਂ ਪਹਿਲਾਂ ਚੀਫ ਆਫ ਡਿਫੈਂਸ ਸਟਾਫ ਜਨਰਲ ਅਨਿਲ ਚੌਹਾਨ ਨੇ ਇੱਕ ਇੰਟਰਵਿਊ ਵਿੱਚ ਕੁਝ ਜਹਾਜ਼ ਗੁਆਉਣ ਦੀ ਗੱਲ ਮੰਨੀ ਸੀ।)



ਇੰਡੋਨੇਸ਼ੀਆ ਵਿੱਚ ਭਾਰਤੀ ਦੂਤਘਰ 'ਚ ਤਾਇਨਾਤ ਕੈਪਟਨ ਸ਼ਿਵ ਕੁਮਾਰ (ਖੱਬੇ)।

ਇਸੇ ਦੌਰਾਨ ਇੰਡੋਨੇਸ਼ੀਆ ਵਿਚਲੇ ਭਾਰਤੀ ਦੂਤਘਰ ਨੇ ਸਫਾਈ ਦਿੱਤੀ ਹੈ ਕਿ ਕੈਪਟਨ ਦੇ ਬਿਆਨ ਨੂੰ ਸੰਦਰਭ ਤੋਂ ਹਟਾ ਕੇ ਪੇਸ਼ ਕੀਤਾ ਗਿਆ ਹੈ। ਉਸ ਨੇ ਕਿਹਾ ਕਿ ਭਾਰਤੀ ਫੌਜ ਸਿਆਸੀ ਲੀਡਰਸ਼ਿਪ ਦੇ ਅਧੀਨ ਕੰਮ ਕਰਦੀ ਹੈ ਜਦਕਿ ਗੁਆਂਢੀ ਦੇਸ਼ਾਂ ਵਿੱਚ ਵੱਖਰਾ ਸਿਸਟਮ ਹੈ। ਅਪ੍ਰੇਸ਼ਨ ਸਿੰਧੂਰ ਦਾ ਉਦੇਸ਼ ਦਹਿਸ਼ਤਗਰਦੀ ਦੇ ਢਾਂਚੇ ਨੂੰ ਨਿਸ਼ਾਨਾ ਬਣਾਉਣਾ ਸੀ। ਭਾਰਤ ਦੀ ਪ੍ਰਤੀਕਿਰਿਆ ਉਕਸਾਵੇ ਵਾਲੀ ਨਹੀਂ ਸੀ।

ਕਾਂਗਰਸ ਨੇ ਸਰਕਾਰ 'ਤੇ ਦੇਸ਼ ਨੂੰ ਗੁੰਮਰਾਹ ਕਰਨ ਦਾ ਦੋਸ਼ ਲਾਇਆ ਹੈ। ਇਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ ਕਿ ਪਹਿਲਾਂ ਜਨਰਲ ਚੌਹਾਨ ਨੇ ਅਹਿਮ ਖੁਲਾਸੇ ਕੀਤੇ ਤੇ ਹੁਣ ਕੈਪਟਨ ਸ਼ਿਵ ਕੁਮਾਰ ਨੇ ਇੰਕਸ਼ਾਫ ਕੀਤਾ ਹੈ ਪਰ ਪ੍ਰਧਾਨ ਮੰਤਰੀ ਸਰਬਪਾਰਟੀ ਬੈਠਕ ਦੀ ਪ੍ਰਧਾਨਗੀ ਕਰਨ ਤੇ ਆਪੋਜ਼ੀਸ਼ਨ ਨੂੰ ਭਰੋਸੇ ਵਿੱਚ ਲੈਣ ਤੋਂ ਕਿਉਂ ਇਨਕਾਰ ਕਰ ਰਹੇ ਹਨ? ਸੰਸਦ ਦੇ ਵਿਸ਼ੇਸ਼ ਅਜਲਾਸ ਦੀ ਮੰਗ ਕਿਉਂ ਖਾਰਜ ਕਰ ਦਿੱਤੀ ਗਈ ਹੈ?

## ਤੇਲ ਘੁਟਾਲੇ 'ਚ ਐੱਸ ਐੱਮ ਓ ਸਣੇ 3 ਮੁਅੱਤਲ

**ਬਠਿੰਡਾ** : ਸਿਹਤ ਵਿਭਾਗ ਨੇ ਬਠਿੰਡਾ ਦੇ ਸਿਵਲ ਹਸਪਤਾਲ ਵਿੱਚ ਕਥਿਤ 30 ਲੱਖ ਰੁਪਏ ਦੇ ਤੇਲ ਘੁਟਾਲੇ ਦੇ ਸੰਬੰਧ ਵਿੱਚ ਸੁਨਾਮ ਵਿੱਚ ਸੀਨੀਅਰ ਮੈਡੀਕਲ ਅਫਸਰ ਵਜੋਂ ਤਾਇਨਾਤ ਡਾ. ਗੁਰਮੇਲ ਸਿੰਘ, ਜੂਨੀਅਰ ਅਸਿਸਟੈਂਟ ਸ਼ੀਨਮ ਸਿੰਗਲਾ ਤੇ ਡੇਟਾ ਐਂਟਰੀ ਅਪ੍ਰੇਟਰ ਜਗਜੀਤ ਸਿੰਘ ਨੂੰ ਮੁਅੱਤਲ ਕਰ ਦਿੱਤਾ ਹੈ। ਇਹ ਜਾਣਕਾਰੀ ਬਠਿੰਡਾ ਦੇ ਸੀ ਐੱਮ ਓ ਡਾ: ਰਮਨਦੀਪ ਸਿੰਘ ਨੇ ਦਿੱਤੀ। ਸੂਤਰਾਂ ਅਨੁਸਾਰ ਸਰਕਾਰੀ ਵਾਹਨਾਂ ਅਤੇ ਐਂਬੂਲੈਂਸਾਂ ਲਈ ਤੇਲ ਦੇ ਬਿੱਲ ਮਨਜ਼ੂਰ ਕੀਤੇ ਗਏ ਸਨ, ਪਰ ਵਾਹਨ ਵਰਤੋਂ ਵਿੱਚ ਨਹੀਂ ਸਨ। ਵਿਜੀਲੈਂਸ ਬਿਊਰੋ ਨੇ ਝੂਠੇ ਤੇਲ ਕਲੇਮਾਂ ਅਤੇ ਫੰਡਾਂ ਦੀ ਦੁਰਵਰਤੋਂ ਦੀਆਂ ਸ਼ਿਕਾਇਤਾਂ 'ਤੇ ਕਾਰਵਾਈ ਕਰਦਿਆਂ, ਸੰਬੰਧਤ ਰਿਕਾਰਡ ਪ੍ਰਾਪਤ ਕੀਤੇ ਹਨ ਅਤੇ ਜਾਂਚ ਸ਼ੁਰੂ ਕਰ ਦਿੱਤੀ ਹੈ। ਇਹ ਪਤਾ ਲੱਗਾ ਹੈ ਕਿ ਘੁਟਾਲੇ ਨਾਲ ਜੁੜੀਆਂ ਮੁੱਢਲੀਆਂ ਸ਼ਿਕਾਇਤਾਂ ਤੋਂ ਬਾਅਦ ਡਾ. ਗੁਰਮੇਲ ਨੂੰ ਪਹਿਲਾਂ ਹੀ ਬਠਿੰਡਾ ਤੋਂ ਸੁਨਾਮ ਤਬਦੀਲ ਕਰ ਦਿੱਤਾ ਗਿਆ ਸੀ। ਕਿਹਾ ਜਾ ਰਿਹਾ ਹੈ ਕਿ ਹੋਰ ਅਧਿਕਾਰੀ ਵੀ ਵਿਜੀਲੈਂਸ ਜਾਂਚ ਦੇ ਘੇਰੇ ਵਿੱਚ ਆ ਸਕਦੇ ਹਨ।



ਚੰਡੀਗੜ੍ਹ ਦੀ ਸੁਖਨਾ ਲੇਕ ਕੋਲ ਸੋਮਵਾਰ ਸਵੇਰੇ ਅਫਰਾ-ਤਫਰੀ ਮਚ ਗਈਸ਼ ਜਦੋਂ ਇੱਕ ਵਿਅਕਤੀ ਨੇ ਦਰੱਖਤ 'ਤੇ ਅਜਗਰ ਦੇਖ ਕੇ ਰੌਲਾ ਪਾਇਆ। ਜੰਗਲਾਤ ਅਧਿਕਾਰੀਆਂ ਨੇ ਆ ਕੇ ਕਰੀਬ 10 ਫੁੱਟ ਦੇ ਅਜਗਰ ਨੂੰ ਕਬਜ਼ੇ ਵਿੱਚ ਲੈ ਲਿਆ।

### ਧਮਾਕੇ 'ਚ 12 ਮਰੇ

**ਸੰਗਾਰੇਡੀ (ਤਿਲੰਗਾਨਾ)**-ਮੇਦਕ ਜ਼ਿਲ੍ਹੇ ਦੇ ਇੱਕ ਫਾਰਮਾ ਪਲਾਂਟ ਵਿੱਚ ਹੋਏ ਸ਼ੱਕੀ ਧਮਾਕੇ ਕਾਰਨ 12 ਵਿਅਕਤੀਆਂ ਦੀ ਮੌਤ ਹੋ ਗਈ ਅਤੇ 34 ਹੋਰ ਜ਼ਖ਼ਮੀ ਹੋ ਗਏ। ਪਸ਼ਾਮਿੱਲਰਾਮ ਉਦਯੋਗਿਕ ਅਸਟੇਟ ਵਿਖੇ ਸਿਗਾਚੀ ਫਾਰਮਾ ਕੰਪਨੀ ਵਿੱਚ ਹਾਦਸੇ ਵਾਲੀ ਥਾਂ 'ਤੇ ਕਈ ਮਜ਼ਦੂਰਾਂ ਦੇ ਫਸੇ ਹੋਣ ਦਾ ਖਦਸ਼ਾ ਹੈ ਅਤੇ ਉਨ੍ਹਾਂ ਨੂੰ ਬਚਾਉਣ ਦੀਆਂ ਕੋਸ਼ਿਸ਼ਾਂ ਜਾਰੀ ਹਨ। ਕੰਪਨੀ ਦੀ ਵੈੱਬਸਾਈਟ ਅਨੁਸਾਰ, ਸਿਗਾਚੀ ਇੰਡਸਟਰੀਜ਼ ਲਿਮਟਿਡ ਇੱਕ ਫਾਰਮਾਸਿਊਟੀਕਲ ਉਦਯੋਗ ਹੈ, ਜੋ ਐਕਟਿਵ ਫਾਰਮਾਸਿਊਟੀਕਲ ਇੰਗ੍ਰੇਡੀਐਂਟਸ, ਇੰਟਰਮੀਡੀਏਟਸ, ਐਕਸੀਪੀਐਂਟਸ, ਵਿਟਾਮਿਨ-ਮਿਨਰਲ ਮਿਸ਼ਰਣਾਂ ਅਤੇ ਅਪਰੇਸ਼ਨ ਅਤੇ ਮੈਨੇਜਮੈਂਟ ਸੇਵਾਵਾਂ ਵਿੱਚ ਮੋਹਰੀ ਤਰੱਕੀ ਲਈ ਸਮਰਪਤ ਹੈ।

### ਸ਼ਰਧਾਲੂ ਭਲਕੇ ਗੁਫਾ ਲਈ ਰਵਾਨਾ ਹੋਣਗੇ

**ਅਨੰਤਨਾਗ** : ਤਿੰਨ ਜੁਲਾਈ ਤੋਂ ਸ਼ੁਰੂ ਹੋਣ ਵਾਲੀ ਅਮਰਨਾਥ ਯਾਤਰਾ ਲਈ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਰਾਮਬਨ ਅਤੇ ਪਹਿਲਗਾਮ ਸਮੇਤ ਪ੍ਰਮੁੱਖ ਖੇਤਰਾਂ ਵਿੱਚ ਵੱਡੀ ਗਿਣਤੀ 'ਚ ਸੁਰੱਖਿਆ ਬਲਾਂ ਨੂੰ ਤਾਇਨਾਤ ਕੀਤਾ ਗਿਆ ਹੈ। ਸੁਰੱਖਿਆ ਅਧਿਕਾਰੀਆਂ ਨੇ ਅਮਰਨਾਥ ਯਾਤਰਾ ਦੇ ਸ਼ੁਰੂ ਹੋਣ ਤੋਂ ਪਹਿਲਾਂ ਅਨੰਤਨਾਗ, ਬਨਿਹਾਲ, ਰਾਮਬਨ ਅਤੇ ਹੋਰ ਪ੍ਰਮੁੱਖ ਖੇਤਰਾਂ ਵਿੱਚ ਪ੍ਰਬੰਧਾਂ ਦਾ ਜਾਇਜ਼ਾ ਲਿਆ। ਯਾਤਰਾ ਬਾਲਟਾਲ ਅਤੇ ਪਹਿਲਗਾਮ ਮਾਰਗਾਂ ਤੋਂ ਸ਼ੁਰੂ ਹੋਵੇਗੀ। ਇਸ ਤੋਂ ਪਹਿਲਾਂ ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਸ਼ਰਧਾਲੂਆਂ ਲਈ ਲੋੜੀਂਦੇ ਪ੍ਰਬੰਧਾਂ ਬਾਰੇ ਗੱਲ ਕੀਤੀ। ਉਨ੍ਹਾ ਕਿਹਾ ਕਿ ਇਸ ਯਾਤਰਾ ਨੂੰ 2 ਜੁਲਾਈ ਨੂੰ ਜੰਮੂ ਤੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਜਾਵੇਗਾ।

## ਅੱਤਵਾਦੀਆਂ ਦਾ ਗਾਈਡ ਕਾਬੂ

**ਜੰਮੂ** : ਸਰਹੱਦੀ ਜ਼ਿਲ੍ਹਿਆਂ ਪੁਣਛ ਅਤੇ ਰਾਜੌਰੀ ਨੇੜੇ ਕੰਟਰੋਲ ਰੇਖਾ 'ਤੇ ਭਾਰਤ ਵਿੱਚ ਘੁਸਪੈਠ ਕਰਨ ਦੀ ਕੋਸ਼ਿਸ਼ ਕਰਦੇ ਸਮੇਂ ਇੱਕ ਅੱਤਵਾਦੀ ਗਾਈਡ ਗ੍ਰਿਫਤਾਰ ਕੀਤਾ ਗਿਆ ਹੈ। ਮੁਹੰਮਦ ਆਰਿਫ ਜੈਸ਼-ਏ-ਮੁਹੰਮਦ ਦੇ ਅੱਤਵਾਦੀਆਂ ਦੇ ਇੱਕ ਸਮੂਹ ਨੂੰ ਭਾਰਤੀ ਪਾਸੇ ਲਿਆ ਰਿਹਾ ਸੀ, ਜਦੋਂ ਐਤਵਾਰ ਦੁਪਹਿਰ ਨੂੰ ਚੌਕਸ ਫੌਜੀਆਂ ਨੇ ਉਸ ਨੂੰ ਗ੍ਰਿਫਤਾਰ ਕਰ ਲਿਆ। ਅਧਿਕਾਰੀਆਂ ਨੇ ਦੱਸਿਆ ਕਿ ਉਸ ਦੇ ਨਾਲ ਮੌਜੂਦ ਅੱਤਵਾਦੀ ਇੱਕ ਖੜ੍ਹੀ ਚੱਟਾਨ ਤੋਂ ਛਾਲ ਮਾਰਦਿਆਂ ਜ਼ਖਮੀ ਹਾਲਤ ਵਿੱਚ ਪਾਕਿਸਤਾਨ ਵਾਲੇ ਪਾਸੇ ਪਰਤ ਗਏ। ਅਧਿਕਾਰੀਆਂ ਅਨੁਸਾਰ ਆਰਿਫ ਮਕਬੂਜ਼ਾ ਕਸ਼ਮੀਰ ਦੇ ਦਤੋਟ ਪਿੰਡ ਦਾ ਵਸਨੀਕ ਹੈ। ਅੱਤਵਾਦੀ ਸੰਘਣੀ ਵਨਸਪਤੀ ਦਾ ਫਾਇਦਾ ਉਠਾਉਣ ਦੀ ਕੋਸ਼ਿਸ਼ ਕਰ ਰਹੇ ਸਨ, ਪਰ ਚੌਕਸ ਜਵਾਨਾਂ ਨੇ ਆਰਿਫ ਨੂੰ ਕਾਬੂ ਕਰ ਲਿਆ। ਚਾਰ ਅੱਤਵਾਦੀ 'ਨੋ ਮੈਨਜ਼ ਲੈਂਡ' ਵਿੱਚ ਉੱਤਰੇ ਅਤੇ ਸੰਘਣੀ ਵਨਸਪਤੀ ਤੇ ਪ੍ਰਤੀਕੂਲ ਮੌਸਮੀ ਹਾਲਤਾਂ ਦੀ ਆੜ ਵਿੱਚ ਪਾਕਿਸਤਾਨੀ ਪਾਸੇ ਪਰਤ ਗਏ। ਨੇੜੇ ਪਾਕਿਸਤਾਨੀ ਚੌਕੀਆਂ ਦੀ ਮੌਜੂਦਗੀ ਕਾਰਨ ਫੌਜ ਦੇ ਜਵਾਨ ਅੱਤਵਾਦੀਆਂ 'ਤੇ ਗੋਲੀ ਨਹੀਂ ਚਲਾ ਸਕੇ। ਆਰਿਫ ਤੋਂ ਇੱਕ ਮੋਬਾਈਲ ਫੋਨ ਅਤੇ ਲੱਗਭੱਗ 20,000 ਪਾਕਿਸਤਾਨੀ ਕਰੰਸੀ ਮਿਲੀ। ਉਸ ਨੇ ਪੁੱਛਗਿੱਛ ਦੌਰਾਨ ਦੱਸਿਆ ਕਿ ਉਹ ਖੇਤਰ ਦੀ ਭੂਗੋਲਿਕ ਸਥਿਤੀ ਤੋਂ ਜਾਣੂ ਸੀ ਅਤੇ ਅੱਤਵਾਦੀਆਂ ਨੂੰ ਭਾਰਤੀ ਪਾਸੇ ਘੁਸਪੈਠ ਕਰਨ ਵਿੱਚ ਮਦਦ ਕਰਨ ਲਈ ਪਾਕਿਸਤਾਨੀ ਫੌਜ ਦੇ ਇਸ਼ਾਰੇ 'ਤੇ ਕੰਮ ਕਰ ਰਿਹਾ ਸੀ।

## ਗੈਂਗਰੇਪ 'ਚ ਫੜੀ ਤਿੱਕੜੀ ਦਾ ਰਿਕਾਰਡ ਦਾਗਦਾਰ

**ਕੋਲਕਾਤਾ** : ਪੁਲਸ ਨੇ ਸੋਮਵਾਰ ਦੱਸਿਆ ਕਿ ਦੱਖਣੀ ਕੋਲਕਾਤਾ ਦੇ ਲਾਅ ਕਾਲਜ ਦੀ ਵਿਦਿਆਰਥਣ ਨਾਲ ਕਥਿਤ ਤੌਰ 'ਤੇ ਕੀਤੇ ਗਏ ਸਮੂਹਕ ਜਬਰ-ਜ਼ਨਾਹ ਵਿੱਚ ਗ੍ਰਿਫਤਾਰ ਕੀਤੇ ਗਏ ਚਾਰ ਵਿਅਕਤੀਆਂ ਵਿੱਚੋਂ ਤਿੰਨ ਨੇ ਇਸ ਦੀ ਪਹਿਲਾਂ ਤੋਂ ਯੋਜਨਾ ਬਣਾਈ ਹੋਈ ਸੀ। ਘਟਨਾ ਦੀ ਜਾਂਚ ਕਰ ਰਹੀ ਨੌਂ ਮੈਂਬਰੀ ਵਿਸ਼ੇਸ਼ ਜਾਂਚ ਟੀਮ (ਐੱਸ ਆਈ ਟੀ) ਦੇ ਜਾਸੂਸਾਂ ਨੇ ਇਹ ਵੀ ਪਤਾ ਲਾਇਆ ਹੈ ਕਿ ਤਿੰਨ ਮੁਲਜ਼ਮਾਂ—ਮਨੋਜੀਤ ਮਿਸ਼ਰਾ, ਪ੍ਰਤੀਮ ਮੁਖਰਜੀ ਅਤੇ ਜ਼ੈਦ ਅਹਿਮਦ ਦਾ ਕਾਲਜ ਦੀਆਂ ਵਿਦਿਆਰਥਣਾਂ ਨੂੰ ਜਿਨਸੀ ਤੌਰ 'ਤੇ ਤੰਗ ਕਰਨ ਦਾ ਇਤਿਹਾਸ ਸੀ, ਜਦੋਂ ਕਿ ਚੌਥਾ ਮੁਲਜ਼ਮ ਕਾਲਜ ਦਾ ਸੁਰੱਖਿਆ ਗਾਰਡ ਹੈ। ਮੁਲਜ਼ਮਾਂ ਦੀ ਤਿੱਕੜੀ ਅਜਿਹੀਆਂ ਘਟਨਾਵਾਂ ਨੂੰ ਆਪਣੇ ਮੋਬਾਈਲ ਫੋਨਾਂ ਵਿੱਚ ਰਿਕਾਰਡ ਕਰਦੀ ਅਤੇ ਬਾਅਦ ਵਿੱਚ ਫੁਟੇਜ ਦੀ ਵਰਤੋਂ ਪੀੜਤਾਂ ਨੂੰ ਬਲੈਕਮੇਲ ਕਰਨ ਲਈ ਕਰਦੀ ਸੀ। ਪੁਲਸ ਅਧਿਕਾਰੀ ਨੇ ਕਿਹਾ, "ਪੂਰਾ ਮਾਮਲਾ ਪਹਿਲਾਂ ਤੋਂ ਯੋਜਨਾਬੱਧ ਸੀ। ਤਿੰਨੇ ਕਈ ਦਿਨਾਂ ਤੋਂ ਪੀੜਤਾ 'ਤੇ ਇਹ ਤਸ਼ੱਦਦ ਕਰਨ ਦੀ ਸਾਜ਼ਿਸ਼ ਰਚ ਰਹੇ ਸਨ।"

## ਜੇ ਚੱਲਿਓਂ ਪਹਾੜਾਂ ਵੱਲ...



ਕੁੱਲੂ ਵਿੱਚ ਚੜ੍ਹਿਆ ਦਰਿਆ ਬਿਆਸ।

**ਸ਼ਿਮਲਾ** : ਪਹਾੜੀਆਂ ਖਿਸਕਣ ਕਾਰਨ ਹਿਮਾਚਲ ਵਿੱਚ 129 ਸੜਕਾਂ 'ਤੇ ਆਵਾਜਾਈ ਬੰਦ ਹੋ ਗਈ ਹੈ। ਭਾਰੀ ਮੀਂਹ 'ਚ ਪਿਛਲੇ 24 ਘੰਟਿਆਂ ਵਿੱਚ 3 ਮੌਤਾਂ ਨਾਲ ਮਾਨਸੂਨ ਦੀ ਆਮਦ ਤੋਂ ਲੈ ਕੇ ਹੁਣ ਤੱਕ ਮੌਤਾਂ ਦੀ ਗਿਣਤੀ 39 ਹੋ ਗਈ ਹੈ। ਮੰਡੀ-ਕੁੱਲੂ ਕੌਮੀ ਹਾਈਵੇ 'ਤੇ ਥਲੌਟ ਦੀ ਭੁਭੂ ਜੋਤ ਸੁਰੰਗ ਕੋਲ ਸੋਮਵਾਰ ਸਵੇਰੇ ਪਹਾੜ ਖਿਸਕਣ ਕਾਰਨ ਸੁਰੰਗ ਵਿੱਚ ਪੰਜ ਘੰਟੇ ਤੱਕ ਗੱਡੀਆਂ ਫਸੀਆਂ ਰਹੀਆਂ। ਕਾਲਕਾ-ਸ਼ਿਮਲਾ ਹਾਈਵੇ 'ਤੇ ਸੋਲਨ ਦੇ ਸਲੋਗੜਾ ਕੋਲ ਪਹਾੜੀ ਖਿਸਕਣ ਦੌਰਾਨ ਬਾਈਕ ਸਵਾਰ ਵਾਲ-ਵਾਲ ਬਚਿਆ।

ਭਾਰਤੀ ਮੌਸਮ ਵਿਭਾਗ ਦੀ ਹਾਈਡਰੋ ਮੈਟਰੋਲੋਜੀਕਲ ਡਵੀਜ਼ਨ ਮੁਤਾਬਕ ਭਾਰੀ ਮੀਂਹ ਕਰਕੇ ਸੱਤ ਜ਼ਿਲ੍ਹਿਆਂ ਚੰਬਾ, ਕਾਂਗੜਾ, ਕੁੱਲੂ, ਮੰਡੀ, ਸ਼ਿਮਲਾ, ਸਿਰਮੌਰ ਅਤੇ ਸੋਲਨ ਜ਼ਿਲ੍ਹਿਆਂ ਦੇ ਨਦੀਆਂ-ਨਾਲਿਆਂ ਅਤੇ ਨੇੜਲੇ ਇਲਾਕਿਆਂ ਵਿੱਚ ਪਹਿਲੀ ਜੁਲਾਈ ਤੱਕ ਦਰਮਿਆਨੇ ਤੋਂ ਵੱਡੇ ਹੜ੍ਹਾਂ ਦਾ ਬਹੁਤ ਜ਼ਿਆਦਾ ਖਤਰਾ ਹੈ। ਹੜ੍ਹਾਂ ਕਰਕੇ ਨੀਵੇਂ ਇਲਾਕਿਆਂ ਵਿੱਚ ਪਾਣੀ ਭਰਨ ਦੀ ਸੰਭਾਵਨਾ ਹੈ। ਇਸੇ ਤਰ੍ਹਾਂ ਸ਼ਿਮਲਾ, ਸੋਲਨ, ਕੁੱਲੂ, ਮੰਡੀ, ਹਮੀਰਪੁਰ, ਬਿਲਾਸਪੁਰ, ਚੰਬਾ, ਕਾਂਗੜਾ ਅਤੇ ਸਿਰਮੌਰ ਜ਼ਿਲ੍ਹਿਆਂ ਲਈ ਸੰਤਰੀ ਮੌਸਮ ਦੀ ਚੇਤਾਵਨੀ ਜਾਰੀ ਕੀਤੀ ਗਈ ਹੈ, ਜਿਸ ਦੇ ਨਤੀਜੇ ਵਜੋਂ ਅਗਲੇ ਕੁਝ ਘੰਟਿਆਂ ਦੌਰਾਨ ਇਨ੍ਹਾਂ ਜ਼ਿਲ੍ਹਿਆਂ ਦੇ ਦੂਰ-ਦੁਰਾਡੇ ਇਲਾਕਿਆਂ ਵਿੱਚ ਭਾਰੀ ਮੀਂਹ ਦੇ ਨਾਲ-ਨਾਲ ਗਰਜ ਨਾਲ ਤੂਫਾਨ ਅਤੇ ਬਿਜਲੀ ਡਿੱਗਣ ਦੀ ਸੰਭਾਵਨਾ ਹੈ। ਰਾਜਧਾਨੀ ਸ਼ਿਮਲਾ ਅਤੇ ਨਾਲ ਲੱਗਦੇ ਇਲਾਕਿਆਂ ਵਿੱਚ ਵੀ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਹੈ ਅਤੇ ਅਗਲੇ ਕੁਝ ਘੰਟਿਆਂ ਦੌਰਾਨ ਦਿਸਣ ਹੱਦ ਵੀ ਘੱਟ ਰਹੇਗੀ।

## ਰਾਜਿੰਦਰਾ ਹਸਪਤਾਲ 'ਚ ਡਾਕਟਰਾਂ ਵੱਲੋਂ ਓ ਪੀ ਡੀ ਸੇਵਾਵਾਂ ਬੰਦ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਿਹਤ ਮੰਤਰੀ ਡਾ: ਬਲਬੀਰ ਸਿੰਘ ਦੇ ਆਪਣੇ ਸ਼ਹਿਰ ਪਟਿਆਲਾ ਦੇ ਰਾਜਿੰਦਰਾ ਹਸਪਤਾਲ 'ਚ ਡਾਕਟਰਾਂ ਨੇ ਆਪਣੀਆਂ ਮੰਗਾਂ ਦੇ ਹੱਕ 'ਚ ਹੜਤਾਲ ਕਰਕੇ ਓ ਪੀ ਡੀ ਸੇਵਾਵਾਂ ਬੰਦ ਕਰ ਕੇ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ। ਇਸ ਹੜਤਾਲ ਦਾ ਫੈਸਲਾ ਰੈਜ਼ੀਡੈਂਟ ਡਾਕਟਰ ਐਸੋਸੀਏਸ਼ਨ (ਆਰਡੀਏ) ਤੇ ਐੱਮਬੀਬੀਐੱਸ ਇੰਟਰਨਜ਼ ਵੱਲੋਂ ਕੀਤਾ ਗਿਆ ਹੈ, ਜਿਸ ਨੂੰ ਪੰਜਾਬ ਸਿਵਲ ਮੈਡੀਕਲ ਸਰਵਿਸਜ਼ ਐਸੋਸੀਏਸ਼ਨ ਨੇ ਵੀ ਸਮਰਥਨ ਦਿੱਤਾ ਹੈ।ਮੀਟਿੰਗ ਵਿੱਚ ਡਾਕਟਰਾਂ ਦੀਆਂ ਮੰਗਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।ਮੁੱਖ ਮੰਗਾਂ ਵਿੱਚ ਵਜ਼ੀਫ਼ਾ ਵਧਾਉਣਾ, ਇਸ ਨੂੰ ਮਹਿੰਗਾਈ ਭੱਤੇ ਨਾਲ ਜੋੜਨਾ, ਨਾਨ-ਪ੍ਰੈਕਟਿਸਿੰਗ ਭੱਤੇ (ਐੱਨਪੀਏ) ਦੀ ਬਹਾਲੀ ਤੇ ਹਰ ਸਾਲ ਨਿਯਮਤ ਵਾਧਾ ਸ਼ਾਮਲ • ਬਾਕੀ ਸਫਾ 10 'ਤੇ

## ਮਨੀਪੁਰ 'ਚ ਨੇੜਿਓਂ ਗੋਲੀਆਂ ਮਾਰ ਕੇ ਚਾਰ ਮਾਰੇ

**ਇੰਫਾਲ** : ਮਨੀਪੁਰ ਦੇ ਚੂਰਾਚੰਦਪੁਰ ਜ਼ਿਲ੍ਹੇ ਵਿੱਚ ਸੋਮਵਾਰ ਅਣਪਛਾਤੇ ਬੰਦੂਕਧਾਰੀਆਂ ਨੇ 72 ਸਾਲਾ ਔਰਤ ਸਣੇ ਚਾਰ ਜਣਿਆਂ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ।

ਇਹ ਹਮਲਾ ਦੁਪਹਿਰ 2 ਵਜੇ ਦੇ ਕਰੀਬ ਮੋਂਗਜਾਂਗ ਪਿੰਡ ਨੇੜੇ ਹੋਇਆ, ਜਦੋਂ ਪੀੜਤ ਇੱਕ ਕਾਰ ਵਿੱਚ ਸਫਰ ਕਰ ਰਹੇ ਸਨ।

ਮੋਂਗਜਾਂਗ ਚੂਰਾਚੰਦਪੁਰ ਤੋਂ ਲਗਭਗ ਸੱਤ ਕਿਲੋਮੀਟਰ ਦੂਰ ਹੈ। ਸ਼ੁਰੂਆਤੀ ਰਿਪੋਰਟਾਂ ਵਿੱਚ ਪਤਾ ਲੱਗਿਆ ਹੈ ਕਿ ਉਨ੍ਹਾਂ ਨੂੰ ਨੇੜਿਓਂ ਗੋਲੀਆਂ ਮਾਰੀਆਂ ਗਈਆਂ। ਮੌਕੇ ਤੋਂ 12 ਤੋਂ ਵੱਧ ਖਾਲੀ ਖੋਲ ਬਰਾਮਦ ਹੋਏ ਹਨ।

## ਕੈਨੇਡਾ ਨੇ ਟਰੰਪ ਨੂੰ ਮਨਾ ਲਿਆ

**ਟੋਰਾਂਟੋ** : ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਕਿਹਾ ਹੈ ਕਿ ਕੈਨੇਡਾ ਵੱਲੋਂ ਅਮਰੀਕੀ ਡਿਜੀਟਲ ਕੰਪਨੀਆਂ ਉੱਤੇ ਡਿਜੀਟਲ ਟੈਕਸ ਲਗਾਉਣ ਦੀ ਯੋਜਨਾ ਰੱਦ ਕਰਨ ਮਗਰੋਂ ਅਮਰੀਕਾ ਨਾਲ ਵਪਾਰਕ ਗੱਲਬਾਤ ਬਹਾਲ ਹੋ ਗਈ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸ਼ੁੱਕਰਵਾਰ ਕਿਹਾ ਸੀ ਕਿ ਉਹ ਤਕਨਾਲੋਜੀ ਕੰਪਨੀਆਂ 'ਤੇ ਟੈਕਸ ਲਗਾਉਣ ਦੀ ਕੈਨੇਡਾ ਦੀ ਯੋਜਨਾ ਨੂੰ ਲੈ ਕੇ ਵਪਾਰਕ ਗੱਲਬਾਤ ਨੂੰ ਮੁਅੱਤਲ ਕਰ ਰਹੇ ਹਨ। ਉਨ੍ਹਾ ਕੈਨੇਡਾ ਵੱਲੋਂ ਲਾਏ ਇਸ ਟੈਕਸ ਨੂੰ 'ਅਮਰੀਕਾ 'ਤੇ ਸਿੱਧਾ ਤੇ ਸਪੱਸ਼ਟ ਹਮਲਾ' ਦੱਸਿਆ ਸੀ। ਕੈਨੇਡੀਅਨ ਸਰਕਾਰ ਨੇ ਕਿਹਾ ਕਿ ਉਹ ਇੱਕ ਵਪਾਰਕ ਸਮਝੌਤੇ ਦੀ ਉਮੀਦ ਰੱਖਦੀ ਹੈ, ਇਸ ਲਈ ਇਹ 'ਡਿਜੀਟਲ ਸੇਵਾਵਾਂ ਟੈਕਸ ਨੂੰ ਰੱਦ' ਕਰ ਦੇਵੇਗੀ। ਕਾਰਨੀ ਦੇ ਦਫਤਰ ਨੇ ਕਿਹਾ ਕਿ ਕਾਰਨੀ ਅਤੇ ਟਰੰਪ ਗੱਲਬਾਤ ਮੁੜ ਸ਼ੁਰੂ ਕਰਨ ਲਈ ਸਹਿਮਤ ਹੋਏ ਹਨ।

## ਅੱਜ-ਨਾਮਾ

ਹਲਚਲ ਛਿੜੀ ਪਈ ਨਵੀਂ ਪੰਜਾਬ ਅੰਦਰ,
ਸਿਆਸੀ ਲੀਡਰ ਕਈ ਹੋਏ ਰੂਪੋਸ਼ ਬੇਲੀ।
ਮਜੀਠੀਏ ਕੇਸ ਵਿੱਚ ਜਿਵੇਂ ਬਿਆਨ ਛੱਡੇ,
ਸਾਂਭ ਹੋਇਆ ਨਹੀਂ ਉਨ੍ਹਾਂ ਦਾ ਜੋਸ਼ ਬੇਲੀ।
ਫਾਈਲਾਂ ਖੁੱਲ੍ਹਣ ਦੀ ਉਨ੍ਹਾਂ ਦੀ ਗੱਲ ਚੱਲੀ,
ਪੁਰਾਣੇ ਜਿਨ੍ਹਾਂ ਵਿੱਚ ਸਾਰੇ ਆ ਦੋਸ਼ ਬੇਲੀ।
ਬਾਕਾਇਦਾ ਅਜੇ ਪੜਤਾਲ ਨਾ ਸ਼ੁਰੂ ਹੋਈ,
ਕਰ'ਤੇ ਹਨ ਉਨ੍ਹਾਂ ਜੀ ਫੋਨ ਖਾਮੋਸ਼ ਬੇਲੀ।
ਚੱਲੀ ਪੜਤਾਲ ਤਾਂ ਪਤਾ ਨਾ ਜਾਊ ਕਿੱਧਰ,
ਚਰਚਾ ਤਾਂ ਚੋਖੀ ਅਗੇਤੀ ਪਈ ਚੱਲ ਬੇਲੀ।
ਲੱਗੇ ਸੀ ਕਰਨ ਉਹ ਮਦਦ ਮਜੀਠੀਏ ਦੀ,
ਆਪਣੀ ਬਚਦੀ ਨਹੀਂ ਜਾਪਦੀ ਭੱਲ ਬੇਲੀ।

-ਤੀਸ ਮਾਰ ਖਾਂ

## ਸੰਘ ਦੇ ਫਿਰਕੂ-ਫਾਸ਼ੀ ਹੱਲਿਆਂ ਖਿਲਾਫ਼ ਤਿੱਖਾ ਤੇ ਬੱਝਵਾਂ ਘੋਲ ਵਿੱਢਣ ਦਾ ਫੈਸਲਾ

### ਸਾਮਰਾਜੀ ਤੇ ਕਾਰਪੋਰੇਟੀ ਲੁੱਟ ਦੀਆਂ ਔਜ਼ਾਰ ਮੋਦੀ ਸਰਕਾਰ ਦੀਆਂ ਨੀਤੀਆਂ ਖਿਲਾਫ਼ ਵੀ ਛੇੜਿਆ ਜਾਵੇਗਾ ਆਰ-ਪਾਰ ਦਾ ਯੁੱਧ

**ਜਲੰਧਰ (ਥਾਪਾ, ਸ਼ੈਲੀ, ਕੇਸਰ)**

'ਸ਼ਹੀਦ ਕਾਮਰੇਡ ਸਰਵਣ ਸਿੰਘ ਚੀਮਾ ਭਵਨ' ਜਲੰਧਰ ਵਿਖੇ ਕਾਮਰੇਡ ਗੁਰਮੀਤ ਸਿੰਘ ਬਖ਼ਤਪੁਰ ਦੀ ਪ੍ਰਧਾਨਗੀ ਹੇਠ ਪੰਜਾਬ ਦੀਆਂ ਖੱਬੀਆਂ ਪਾਰਟੀਆਂ ਤੇ ਜਥੇਬੰਦੀਆਂ ਦੀ ਸੂਬਾ ਪੱਧਰੀ ਮੀਟਿੰਗ ਸੱਦੀ ਗਈ।ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਵੱਲੋਂ ਪਿਰਥੀਪਾਲ ਸਿੰਘ ਮਾੜੀਮੇਘਾ ਤੇ ਅਮਰਜੀਤ ਸਿੰਘ ਆਸਲ, ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਵੱਲੋਂ ਮੰਗਤ ਰਾਮ ਪਾਸਲਾ, ਪਰਗਟ ਸਿੰਘ ਜਾਮਾਰਾਏ, ਮਹੀਪਾਲ, ਪ੍ਰੋ. ਜੈਪਾਲ ਸਿੰਘ ਤੇ ਗੁਰਨਾਮ ਸਿੰਘ ਦਾਊਦ, ਸੀ.ਪੀ.ਆਈ. (ਮ.ਲ.) ਨਿਊ ਡੈਮੋਕਰੇਸੀ ਵੱਲੋਂ ਦਰਸ਼ਨ ਸਿੰਘ ਖਟਕੜ ਤੇ ਅਜਮੇਰ ਸਿੰਘ ਸਮਰਾ, ਸੀ.ਪੀ.ਆਈ. (ਮ.ਲ.) ਲਿਬਰੇਸ਼ਨ ਵੱਲੋਂ ਰਾਜਬਿੰਦਰ ਸਿੰਘ ਰਾਣਾ, ਸੁਖਦਰਸ਼ਨ ਸਿੰਘ ਨੱਤ, ਰੁਲਦੂ ਸਿੰਘ ਮਾਨਸਾ ਤੇ ਗੁਰਨਾਮ ਸਿੰਘ ਭੀਖੀ, ਇਨਕਲਾਬੀ ਕੇਂਦਰ ਪੰਜਾਬ ਵੱਲੋਂ ਮੁਖਤਿਆਰ ਸਿੰਘ ਪੂਹਲਾ, ਕੰਵਲਜੀਤ ਖੰਨਾ, ਗੁਰਸੇਵਕ ਸਿੰਘ ਸ਼ਾਮਲ ਹੋਏ। ਐੱਮ.ਸੀ.ਪੀ.ਆਈ. (ਯੂ.) ਵੱਲੋਂ ਐਡਵੋਕੇਟ ਕਿਰਨਜੀਤ ਸਿੰਘ ਸੇਖੋਂ ਨੇ ਮੀਟਿੰਗ ਦੀ ਮੁੱਖ ਸੇਧ ਅਤੇ ਫੈਸਲਿਆਂ ਨਾਲ ਮੁਕੰਮਲ ਸਹਿਮਤੀ ਜਤਾਈ।



ਮੀਟਿੰਗ ਵੱਲੋਂ ਗੰਭੀਰਤਾ ਨਾਲ ਨੋਟ ਕੀਤਾ ਗਿਆ ਹੈ ਕਿ ਮੋਦੀ ਹਕੂਮਤ ਦੇ ਲੰਘੇ ਤਕਰੀਬਨ 11 ਸਾਲ ਦੇ ਕਾਰਜਕਾਲ ਦੌਰਾਨ ਦੇਸ਼ ਭਰ 'ਚ ਧਾਰਮਿਕ ਘੱਟ ਗਿਣਤੀਆਂ, ਖਾਸ ਕਰਕੇ ਮੁਸਲਿਮ ਤੇ ਈਸਾਈ ਭਾਈਚਾਰੇ ਖਿਲਾਫ਼ ਫਿਰਕੂ ਜ਼ਹਿਰ ਫੈਲਾਈ ਜਾ ਰਹੀ ਹੈ। ਮਨੂੰਵਾਦੀ-ਹਿੰਦੂਤਵੀ ਖਰੂਦੀ ਟੋਲਿਆਂ ਨੇ ਦਲਿਤਾਂ, ਔਰਤਾਂ ਖਿਲਾਫ ਹੌਲਨਾਕ ਜਾਤੀਵਾਦੀ ਤੇ ਲਿੰਗਕ ਅਪਰਾਧਾਂ ਦਾ ਹੜ੍ਹ ਲਿਆਂਦਾ ਹੋਇਆ ਹੈ। ਆਰ.ਐੱਸ.ਐੱਸ. ਦਾ ਚਿਤਵਿਆ ਤਾਨਾਸ਼ਾਹੀ ਚੌਖਟੇ ਵਾਲਾ ਧਰਮ ਅਧਾਰਤ ਰਾਜ ਪ੍ਰਬੰਧ ਸਥਾਪਤ ਕਰਨ ਦਾ ਰਾਹ ਪੱਧਰਾ ਕਰਨ ਲਈ ਸੰਵਿਧਾਨਕ ਸੰਸਥਾਵਾਂ ਦਾ ਭਗਵਾਂਕਰਨ ਕੀਤਾ ਜਾ ਰਿਹਾ ਹੈ। ਦੇਸ਼ ਦਾ ਉਪ ਰਾਸ਼ਟਰਪਤੀ, ਆਸਾਮ ਦਾ ਮੁੱਖ ਮੰਤਰੀ ਤੇ ਰਾਜ ਕਰਦੀ ਧਿਰ ਦੇ ਅਨੇਕਾਂ ਹੋਰ ਨੇਤਾ ਸੰਵਿਧਾਨ ਦੀ ਪ੍ਰਸਤਾਵਨਾ 'ਚ ਦਰਜ ਧਰਮ ਨਿਰਪੱਖ ਅਤੇ ਸਮਾਜਵਾਦ ਸ਼ਬਦਾਂ ਨੂੰ ਨਾਸੂਰ ਦੱਸ ਰਹੇ ਹਨ। ਬਿਹਾਰ ਸੂਬੇ 'ਚ ਕਰੋੜਾਂ ਲੋਕਾਂ ਤੋਂ ਮਤਦਾਨ ਦਾ ਅਧਿਕਾਰ ਖੋਹ ਕੇ ਚੋਰ ਦਰਵਾਜ਼ਿਓਂ 'ਨਾਗਰਿਕਤਾ ਸੋਧ ਕਾਨੂੰਨ' ਲਾਗੂ ਕੀਤਾ ਜਾ ਰਿਹਾ ਹੈ। ਧਰਤੀ ਹੇਠਲੇ ਬੇਸ਼ਕੀਮਤੀ ਖਣਿਜ ਪਦਾਰਥਾਂ ਦਾ ਵਿਸ਼ਾਲ ਜ਼ਖੀਰਾ ਦੇਸੀ-ਵਿਦੇਸ਼ੀ ਕਾਰਪੋਰੇਟਾਂ ਦੇ ਹੱਥੀਂ ਸੌਂਪਣ ਲਈ ਆਦਿਵਾਸੀਆਂ ਨੂੰ ਜੰਗਲਾਂ 'ਚੋਂ ਬੇਦਖ਼ਲ ਕੀਤਾ ਜਾ ਰਿਹਾ ਹੈ ਅਤੇ ਇਸ ਖਿਲਾਫ ਉੱਠੇ ਲੋਕ ਰੋਹ ਨੂੰ ਦਬਾਉਣ ਲਈ ਅਪ੍ਰੇਸ਼ਨ ਕਗਾਰ ਅਤੇ ਬਲੈਕ ਫਾਰੈਸਟ ਤਹਿਤ ਵੱਡੀ ਪੱਧਰ 'ਤੇ ਮਾਓਵਾਦੀਆਂ ਤੇ ਕਬਾਇਲੀਆਂ ਦਾ ਕਤਲੇਆਮ ਕੀਤਾ ਜਾ ਰਿਹਾ ਹੈ। ਦੇਸ਼ ਦੇ ਕੁਦਰਤੀ ਤੇ ਮਾਨਵੀ ਵਸੀਲਿਆਂ ਦੀ ਮਨਚਾਹੀ ਲੁੱਟ ਕਰਨ ਲਈ ਜਲ, ਜੰਗਲ, ਜ਼ਮੀਨ ਤੇ ਪਬਲਿਕ ਸੈਕਟਰ ਜੁੰਡੀ ਪੂੰਜੀਪਤੀਆਂ ਤੇ ਬਹੁਕੌਮੀ ਕਾਰਪੋਰੇਸ਼ਨਾਂ ਦੇ ਹਵਾਲੇ ਕੀਤੇ ਜਾ ਰਹੇ ਹਨ। ਹੱਕ-ਸੱਚ, ਇਨਸਾਫ ਦੀ ਰਾਖੀ ਲਈ ਲੋਕ ਸੰਗਰਾਮ ਦਾ ਪ੍ਰਚਮ ਬੁਲੰਦ ਕਰਨ ਵਾਲੇ ਕਮਿਊਨਿਸਟਾਂ 'ਤੇ ਅੰਨ੍ਹਾ ਜਬਰ ਢਾਹੇ ਜਾਣ ਦੀਆਂ ਸਾਜ਼ਿਸ਼ਾਂ ਸਿਰੇ ਚੜ੍ਹਾਉਣ ਲਈ 'ਅਰਬਨ ਨਕਸਲ' ਵਰਗੇ ਜੁਮਲੇ ਉਛਾਲੇ ਜਾ ਰਹੇ ਹਨ। ਲੋਕ ਹਿਤੈਸ਼ੀ ਬੁੱਧੀਜੀਵੀਆਂ ਅਤੇ ਮਨੁੱਖੀ ਅਧਿਕਾਰ ਤੇ ਤਰਕਵਾਦੀ ਕਾਰਕੁੰਨਾਂ ਨੂੰ ਜੇਲ੍ਹੀਂ ਡੱਕਿਆ ਜਾ ਰਿਹਾ ਹੈ। ਅਮਿਤ ਸ਼ਾਹ ਵੱਲੋਂ ਮਾਰੇ ਜਾ ਰਹੇ 31 ਮਾਰਚ 2026 ਤੱਕ ਨਕਸਲਵਾਦ ਦੇ ਖਾਤਮੇ ਦੇ ਦਮਗਜੇ ਅਤੇ ਮੋਦੀ-ਸ਼ਾਹ ਸਰਕਾਰ ਵੱਲੋਂ ਲਾਗੂ ਕੀਤੇ ਜਾ ਰਹੇ ਕਾਲੇ ਕਾਨੂੰਨ ਇਸੇ ਸੰਦਰਭ 'ਚ ਦੇਖੇ-ਸਮਝੇ ਜਾਣੇ ਚਾਹੀਦੇ ਹਨ। ਸਾਮਰਾਜੀ ਤੇ ਕਾਰਪੋਰੇਟ ਪੱਖੀ ਨੀਤੀਆਂ ਲਾਗੂ ਕਰਦਿਆਂ ਦੇਸ਼ ਦੇ ਦਰਵਾਜ਼ੇ ਕਾਰਪੋਰੇਟਾਂ ਲਈ ਸਰਪਟ ਖੋਲ੍ਹਣ ਲਈ ਅਤੇ ਸਾਮਰਾਜੀ ਲੁੱਟ ਦੇ ਸਭ ਤੋਂ ਵੱਡੇ ਸਰਗਣਾ ਅਮਰੀਕਾ ਨਾਲ ਦੇਸ਼ ਵਿਰੋਧੀ ਵਪਾਰਕ ਸਮਝੌਤੇ ਕੀਤੇ ਜਾ ਰਹੇ ਹਨ। ਕਿਸਾਨਾਂ-ਮਜ਼ਦੂਰਾਂ, ਮਿਹਨਤੀ ਤਬਕਿਆਂ 'ਤੇ ਤਿੱਖਾ ਪੁਲਸ • ਬਾਕੀ ਸਫਾ 10 'ਤੇ

ਨਵਾਂ ਜ਼ਮਾਨਾ
ਮੰਗਲਵਾਰ, 1 ਜੁਲਾਈ 2025

# ਇੱਕ ਹੋਰ ਅਦਾਰੇ ਦੀ ਆਜ਼ਾਦੀ ਖਤਰੇ 'ਚ

*ਯੂਨੀਵਰਸਿਟੀਆਂ ਦੀ ਆਜ਼ਾਦ ਜਥੇਬੰਦੀ ਐਸੋਸੀਏਸ਼ਨ ਆਫ ਇੰਡੀਅਨ ਯੂਨੀਵਰਸਿਟੀਜ਼ (ਏ ਆਈ ਯੂ) ਦੇ ਰੋਲ ਨੂੰ ਮੁੜ ਪ੍ਰਿਭਾਸ਼ਤ ਕਰਨ ਦੀਆਂ ਕੋਸ਼ਿਸ਼ਾਂ ਨੇ ਅਕਾਦੀਮਿਸ਼ਨਾਂ ਨੂੰ ਕਾਫੀ ਚਿੰਤਤ ਕਰ ਦਿੱਤਾ ਹੈ, ਕਿਉਂਕਿ ਇਸ ਜਥੇਬੰਦੀ ਦੀ 100 ਸਾਲਾਂ ਦੀ ਹੋਂਦ ਵਿੱਚ ਪਹਿਲਾਂ ਕਦੇ ਇਸ ਤਰ੍ਹਾਂ ਦੀ ਕਵਾਇਦ ਨਹੀਂ ਕੀਤੀ ਗਈ। ਕੇਂਦਰੀ ਸਿੱਖਿਆ ਮੰਤਰਾਲੇ ਨੇ ਲੰਘੀ 23 ਜੂਨ ਨੂੰ ਕੌਮੀ ਸਿੱਖਿਆ ਨੀਤੀ (ਐੱਨ ਈ ਪੀ) ਦੀਆਂ ਮੱਦਾਂ ਦੇ ਹਿਸਾਬ ਨਾਲ ਏ ਆਈ ਯੂ ਦੇ ਪੁਨਰਗਠਨ ਦਾ ਹੁਕਮ ਜਾਰੀ ਕੀਤਾ, ਜਿਹੜਾ ਅਕਾਦੀਮਿਸ਼ਨਾਂ ਮੁਤਾਬਕ ਏ ਆਈ ਯੂ ਨੂੰ ਸਰਕਾਰੀ ਕੰਟਰੋਲ ਵਿੱਚ ਲੈਣ ਦੀ ਸਾਜ਼ਿਸ਼ ਹੈ।*

*ਕਰੀਬ 100 ਯੂਨੀਵਰਸਿਟੀਆਂ ਦੀ ਨੁਮਾਇੰਦਗੀ ਕਰਨ ਵਾਲੀ ਏ ਆਈ ਯੂ ਸਿੱਖਿਆ, ਖੇਡਾਂ ਤੇ ਸੱਭਿਆਚਾਰ ਦੇ ਖੇਤਰਾਂ ਵਿੱਚ ਯੂਨੀਵਰਸਿਟੀਆਂ ਦੀਆਂ ਸਰਗਰਮੀਆਂ ਲਈ ਵਸੀਲਿਆਂ ਤੇ ਜਾਣਕਾਰੀ ਨੂੰ ਸਾਂਝੇ ਕਰਨ ਤੇ ਵਧਾਉਣ ਦੇ ਮੰਚ ਵਜੋਂ ਕੰਮ ਕਰਦੀ ਹੈ। ਇਹ ਵਿਦੇਸ਼ੀ ਅਦਾਰਿਆਂ ਤੋਂ ਡਿਗਰੀਆਂ ਲੈਣ ਵਾਲੇ ਭਾਰਤੀ ਵਿਦਿਆਰਥੀਆਂ ਨੂੰ ਭਾਰਤੀ ਅਦਾਰਿਆਂ ਦੇ ਬਰਾਬਰ ਦੇ ਸਰਟੀਫਿਕੇਟ ਦੇਣ ਦਾ ਵੀ ਕੰਮ ਕਰਦੀ ਸੀ ਪਰ ਪਿੱਛੇ ਜਿਹੇ ਯੂਨੀਵਰਸਿਟੀ ਗਰਾਂਟਸ ਕਮਿਸ਼ਨ (ਯੂ ਜੀ ਸੀ) ਨੇ ਇਸ ਦੀਆਂ ਇਹ ਸ਼ਕਤੀਆਂ ਖੋਹ ਲਈਆਂ। ਸੁਸਾਇਟੀਜ਼ ਰਜਿਸਟ੍ਰੇਸ਼ਨ ਐਕਟ ਤਹਿਤ ਰਜਿਸਟਰਡ ਏ ਆਈ ਯੂ ਨੇ ਹਮੇਸ਼ਾ ਮੈਂਬਰ ਯੂਨੀਵਰਸਿਟੀਆਂ ਵਿੱਚੋਂ ਸਭ ਤੋਂ ਸੀਨੀਅਰ ਉਪ ਪ੍ਰਧਾਨ ਨੂੰ ਆਪਣਾ ਪ੍ਰਧਾਨ ਚੁਣਿਆ ਹੈ। ਕਾਨਪੁਰ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਵਿਨੇ ਪਾਠਕ ਇਸ ਦੇ ਪ੍ਰਧਾਨ ਸਨ, ਜਿਨ੍ਹਾ ਦੀ ਮਿਆਦ 30 ਜੂਨ ਨੂੰ ਮੁੱਕ ਗਈ। ਏ ਆਈ ਯੂ ਨੇ ਜਨਰਲ ਕੌਂਸਲ ਦੀ ਮੀਟਿੰਗ 22 ਜੂਨ ਤੇ ਸਾਲਾਨਾ ਜਨਰਲ ਮੀਟਿੰਗ 23 ਨੂੰ ਸੱਦੀ ਸੀ। ਏਜੰਡੇ ਵਿੱਚ ਪ੍ਰਧਾਨ ਤੇ ਉਪ ਪ੍ਰਧਾਨਾਂ ਦੀ ਚੋਣ ਸੀ, ਪਰ ਪਾਠਕ ਨੇ ਮੀਟਿੰਗਾਂ ਇਹ ਕਹਿ ਕੇ ਮੁਲਤਵੀ ਕਰ ਦਿੱਤੀਆਂ ਕਿ ਏ ਆਈ ਯੂ ਦੇ ਪੁਨਰਗਠਨ ਬਾਰੇ ਕੇਂਦਰ ਸਰਕਾਰ ਨਾਲ ਵਿਚਾਰ-ਵਟਾਂਦਰਾ ਚੱਲ ਰਿਹਾ ਹੈ। ਕਈ ਉਪ ਪ੍ਰਧਾਨਾਂ ਤੇ ਸਾਬਕਾ ਪ੍ਰਧਾਨਾਂ ਨੇ ਪ੍ਰੈੱਸ ਕਾਨਫਰੰਸ ਕਰਕੇ ਮੀਟਿੰਗਾਂ ਮੁਲਤਵੀ ਕਰਨ ਵਿਰੁੱਧ ਪ੍ਰੋਟੈੱਸਟ ਕੀਤਾ। ਫਿਰ ਮੀਟਿੰਗਾਂ 30 ਜੂਨ ਨੂੰ ਆਨਲਾਈਨ ਕਰਨ ਦਾ ਫੈਸਲਾ ਹੋਇਆ ਪਰ ਕੇਂਦਰੀ ਸਿੱਖਿਆ ਮੰਤਰਾਲੇ ਦੇ ਹੁਕਮ ਕਾਰਨ ਪ੍ਰਧਾਨ ਤੇ ਉਪ ਪ੍ਰਧਾਨਾਂ ਦੀ ਚੋਣ ਡਰਾਪ ਕਰ ਦਿੱਤੀ ਗਈ। ਸਿੱਖਿਆ ਮੰਤਰਾਲੇ ਨੇ ਜਿਹੜਾ ਹੁਕਮ ਜਾਰੀ ਕੀਤਾ ਹੈ, ਉਸ ਵਿੱਚ ਏ ਆਈ ਯੂ ਦੇ 26 ਮਾਰਚ 2025 ਦੇ ਇੱਕ ਪੱਤਰ ਦਾ ਹਵਾਲਾ ਦਿੱਤਾ ਗਿਆ ਹੈ, ਜਿਸ ਵਿੱਚ ਏ ਆਈ ਯੂ ਦੇ ਐੱਨ ਈ ਪੀ-2020 ਮੁਤਾਬਕ ਪੁਨਰਗਠਨ ਦੀ ਬੇਨਤੀ ਕੀਤੀ ਗਈ ਸੀ। ਇਸ ਦੇ ਮੱਦੇਨਜ਼ਰ ਏ ਆਈ ਯੂ ਦੀ ਫੰਕਸ਼ਨਿੰਗ 'ਤੇ ਨਜ਼ਰਸਾਨੀ ਕਰਨ ਤੇ ਐੱਨ ਈ ਪੀ ਮੁਤਾਬਕ ਇਸ ਦੇ ਰੋਲ ਬਾਰੇ ਸੁਝਾਅ ਦੇਣ ਲਈ ਪ੍ਰੋਫੈਸਰ ਅਨਿਲ ਸਹਸ਼ਰਾਬੁੱਧੇ ਦੀ ਪ੍ਰਧਾਨਗੀ ਹੇਠ ਛੇ ਮੈਂਬਰੀ ਕਮੇਟੀ ਬਣਾਈ ਗਈ ਹੈ। ਕਮੇਟੀ ਛੇ ਮਹੀਨਿਆਂ ਵਿੱਚ ਰਿਪੋਰਟ ਦੇਵੇਗੀ, ਉਦੋਂ ਤੱਕ ਏ ਆਈ ਯੂ ਨੂੰ ਸਲਾਹ ਦਿੱਤੀ ਗਈ ਹੈ ਕਿ ਉਹ ਕੋਈ ਖਾਸ ਫੈਸਲਾ ਨਾ ਕਰੇ।*

*ਰਾਸ਼ਟਰਪਤੀ ਸਰਵਪੱਲੀ ਰਾਧਾਕ੍ਰਿਸ਼ਨਨ ਵਰਗੇ ਏ ਆਈ ਯੂ ਦੇ ਪ੍ਰਧਾਨ ਰਹਿ ਚੁੱਕੇ ਹਨ ਅਤੇ ਅੱਜ ਤੱਕ ਕਿਸੇ ਵੀ ਸਰਕਾਰ ਨੇ ਇਸ ਦੇ ਆਜ਼ਾਦਾਨਾ ਰੁਤਬੇ ਨਾਲ ਛੇੜ-ਛਾੜ ਕਰਨ ਦੀ ਕੋਸ਼ਿਸ਼ ਨਹੀਂ ਕੀਤੀ, ਪਰ ਹਰ ਅਦਾਰੇ ਨੂੰ ਕੰਟਰੋਲ ਵਿੱਚ ਕਰਨ ਲਈ ਤਰਲੋ-ਮੱਛੀ ਆਰ ਐੱਸ ਐੱਸ-ਭਾਜਪਾ ਜੁੰਡਲੀ ਹੁਣ ਇਸ ਦੀ ਆਜ਼ਾਦੀ ਵੀ ਖੋਹਣ 'ਤੇ ਤੁਲ ਗਈ ਹੈ। ਅਧਿਆਪਕ ਭਾਈਚਾਰੇ ਲਈ ਇਹ ਇੱਕ ਬਹੁਤ ਵੱਡੀ ਵੰਗਾਰ ਹੈ। ਸਰਕਾਰ ਦੀ ਇਸ ਸਾਜ਼ਿਸ਼ ਨੂੰ ਉਹ ਮੁਤਹਿਦਾ ਘੋਲ ਨਾਲ ਹੀ ਨਾਕਾਮ ਕਰ ਸਕਦੇ ਹਨ।*

# ਜਨਗਣਨਾ 'ਚ ਲੋਕਾਂ ਦੀ ਭਰਵੀਂ ਸ਼ਮੂਲੀਅਤ ਜ਼ਰੂਰੀ



ਕੁਲਦੀਪ ਚੰਦ

ਜਨਗਣਨਾ ਦੇਸ਼ ਦੇ ਸਾਰੇ ਵਿਅਕਤੀਆਂ ਦੇ ਇੱਕ ਖਾਸ ਸਮੇਂ 'ਤੇ ਸੰਬੰਧਤ ਜਨਸੰਖਿਆ, ਆਰਥਿਕ ਅਤੇ ਸਮਾਜਿਕ ਡਾਟਾ ਨੂੰ ਇਕੱਠਾ ਕਰਨ, ਸੰਕਲਿਤ ਕਰਨ, ਵਿਸ਼ਲੇਸ਼ਣ ਕਰਨ ਅਤੇ ਪ੍ਰਸਾਰਤ ਕਰਨ ਦੀ ਪ੍ਰਕਿਰਿਆ ਹੈ। ਇਹ ਜਨਸੰਖਿਆ ਵਿਸ਼ੇਸ਼ਤਾਵਾਂ ਵਿੱਚ ਰੁਝਾਨਾਂ ਨੂੰ ਵੀ ਪ੍ਰਦਾਨ ਕਰਦਾ ਹੈ। ਭਾਰਤੀ ਜਨਗਣਨਾ ਦੁਨੀਆ ਵਿੱਚ ਕੀਤੇ ਗਏ ਸਭ ਤੋਂ ਵੱਡੇ ਪ੍ਰਸ਼ਾਸਕੀ ਅਭਿਆਸਾਂ ਵਿੱਚੋਂ ਇੱਕ ਹੈ। ਦਸ ਸਾਲਾ ਜਨਗਣਨਾ ਰਜਿਸਟਰਾਰ ਜਨਰਲ ਅਤੇ ਜਨਸੰਖਿਆ ਕਮਿਸ਼ਨਰ, ਗ੍ਰਹਿ ਮੰਤਰਾਲੇ ਦੇ ਦਫ਼ਤਰ ਦੁਆਰਾ ਕੀਤੀ ਜਾਂਦੀ ਹੈ। ਸਾਲ 1951 ਤੱਕ ਜਨਗਣਨਾ ਸੰਗਠਨ ਹਰੇਕ ਜਨਗਣਨਾ ਲਈ ਐਡਹਾਕ ਆਧਾਰ 'ਤੇ ਸਥਾਪਤ ਕੀਤਾ ਗਿਆ ਸੀ। ਭਾਰਤ ਵਿੱਚ ਜਨਗਣਨਾ ਐਕਟ 1948 ਅਤੇ ਜਨਗਣਨਾ ਨਿਯਮਾਂ 1990 ਦੇ ਉਪਬੰਧਾਂ ਅਧੀਨ ਹੀ ਜਨਗਣਨਾ ਕੀਤੀ ਜਾਂਦੀ ਹੈ। ਇਸ ਐਕਟ ਲਈ ਬਿੱਲ ਭਾਰਤ ਦੇ ਸਵਰਗੀ ਗ੍ਰਹਿ ਮੰਤਰੀ ਸਰਦਾਰ ਵੱਲਭ ਭਾਈ ਪਟੇਲ ਦੁਆਰਾ ਪੇਸ਼ ਕੀਤਾ ਗਿਆ ਸੀ। ਜਨਸੰਖਿਆ ਜਨਗਣਨਾ ਭਾਰਤੀ ਸੰਵਿਧਾਨ ਦੇ ਅਨੁਛੇਦ 246 ਦੇ ਤਹਿਤ ਇੱਕ ਕੇਂਦਰੀ ਵਿਸ਼ਾ ਹੈ। ਇਹ ਸੰਵਿਧਾਨ ਦੇ ਸੱਤਵੇਂ ਸ਼ਡਿਊਲ ਦੇ ਲੜੀ ਨੰਬਰ 69 'ਤੇ ਸੂਚੀਬੱਧ ਹੈ। ਜਨਸੰਖਿਆ ਜਨਗਣਨਾ ਦੌਰਾਨ ਇਕੱਠੀ ਕੀਤੀ ਗਈ ਜਾਣਕਾਰੀ ਏਨੀ ਗੁਪਤ ਹੁੰਦੀ ਹੈ ਕਿ ਇਹ ਕਾਨੂੰਨ ਦੀਆਂ ਅਦਾਲਤਾਂ ਤੱਕ ਵੀ ਪਹੁੰਚਯੋਗ ਨਹੀਂ ਹੈ, ਕਿਉਂਕਿ ਇਸ ਨੂੰ ਜਨਗਣਨਾ ਐਕਟ 1948 ਦੁਆਰਾ ਗੁਪਤ ਰੱਖਣ ਦੀ ਗਰੰਟੀ ਦਿੱਤੀ ਗਈ ਹੈ। ਇਹ ਕਾਨੂੰਨ ਐਕਟ ਦੇ ਕਿਸੇ ਵੀ ਉਪਬੰਧ ਦੀ ਪਾਲਣਾ ਨਾ ਕਰਨ ਜਾਂ ਉਲੰਘਣਾ ਕਰਨ ਲਈ ਜਨਤਾ ਅਤੇ ਜਨਗਣਨਾ ਅਧਿਕਾਰੀਆਂ ਦੋਵਾਂ ਲਈ ਜੁਰਮਾਨੇ ਨਿਰਧਾਰਤ ਕਰਦਾ ਹੈ। ਭਾਰਤੀ ਜਨਗਣਨਾ ਭਾਰਤ ਦੇ ਲੋਕਾਂ ਦੀਆਂ ਵੱਖ-ਵੱਖ ਵਿਸ਼ੇਸ਼ਤਾਵਾਂ ਬਾਰੇ ਵੱਖ-ਵੱਖ ਅੰਕੜਾ ਜਾਣਕਾਰੀ ਦਾ ਸਭ ਤੋਂ ਵੱਡਾ ਇਕੱਲਾ ਸਰੋਤ ਹੈ। ਖੋਜਕਰਤਾ ਅਤੇ ਜਨਸੰਖਿਆ ਵਿਗਿਆਨੀ ਆਬਾਦੀ ਦੇ ਵਾਧੇ ਅਤੇ ਰੁਝਾਨਾਂ ਦਾ ਵਿਸ਼ਲੇਸ਼ਣ ਕਰਨ ਅਤੇ ਅਨੁਮਾਨ ਲਗਾਉਣ ਲਈ ਜਨਗਣਨਾ ਡਾਟਾ ਦੀ ਵਰਤੋਂ ਕਰਦੇ ਹਨ। ਜਨਗਣਨਾ ਦੁਆਰਾ ਇਕੱਤਰ ਕੀਤੇ ਗਏ ਡਾਟਾ ਦੀ ਵਰਤੋਂ ਪ੍ਰਸ਼ਾਸਨ, ਯੋਜਨਾਬੰਦੀ ਅਤੇ ਨੀਤੀ ਨਿਰਮਾਣ ਦੇ ਨਾਲ-ਨਾਲ ਸਰਕਾਰ ਦੁਆਰਾ ਵੱਖ-ਵੱਖ ਪ੍ਰੋਗਰਾਮਾਂ ਦੇ ਪ੍ਰਬੰਧਨ ਅਤੇ ਮੁਲੰਕਣ ਲਈ ਕੀਤੀ ਜਾਂਦੀ ਹੈ। ਇਸ ਦੀ ਵਰਤੋਂ ਹਲਕਿਆਂ ਦੀ ਸੀਮਾ ਨਿਰਧਾਰਤ ਕਰਨ ਅਤੇ ਸੰਸਦ, ਰਾਜ ਵਿਧਾਨ ਸਭਾਵਾਂ ਅਤੇ ਸਥਾਨਕ ਸੰਸਥਾਵਾਂ ਨੂੰ ਪ੍ਰਤੀਨਿਧਤਾ ਦੇਣ ਲਈ ਵੀ ਕੀਤੀ ਜਾਂਦੀ ਹੈ। ਹਰ 10 ਸਾਲਾਂ ਬਾਅਦ ਕੀਤੀ ਜਾਣ ਵਾਲੀ ਇਹ ਜਨਗਣਨਾ ਵੱਖ-ਵੱਖ ਯੋਜਨਾਬੰਦੀ ਅਤੇ ਵਿਕਾਸ ਉਦੇਸ਼ਾਂ ਲਈ ਮਹੱਤਵਪੂਰਨ ਜਨਸੰਖਿਆ ਅਤੇ ਸਮਾਜਿਕ-ਆਰਥਿਕ ਡਾਟਾ ਇਕੱਠੀ ਕਰਦੀ ਹੈ। ਇਹ ਜਾਣਕਾਰੀ ਆਬਾਦੀ ਦੇ ਰੁਝਾਨਾਂ, ਸਰੋਤ ਵੰਡ ਅਤੇ ਸਮਾਜ ਦੀ ਬਿਹਤਰੀ ਲਈ ਨੀਤੀ ਨਿਰਮਾਣ ਨੂੰ ਸਮਝਣ ਵਿੱਚ ਮਦਦ ਕਰਦੀ ਹੈ। ਜਨਗਣਨਾ ਆਬਾਦੀ ਦੀਆਂ ਵਿਸ਼ੇਸ਼ਤਾਵਾਂ ਦੀ ਇੱਕ ਵਿਆਪਕ ਤਸਵੀਰ ਪ੍ਰਦਾਨ ਕਰਦੀ ਹੈ ਜਿਸ ਵਿੱਚ ਉਮਰ, ਲਿੰਗ, ਕਿੱਤਾ, ਸਿੱਖਿਆ ਅਤੇ ਹੋਰ ਸੰਬੰਧਿਤ ਵੇਰਵੇ ਸ਼ਾਮਲ ਹਨ। ਇਕੱਠਾ ਕੀਤਾ ਗਿਆ ਡਾਟਾ ਬੁਨਿਆਦੀ ਢਾਂਚਾ ਵਿਕਾਸ, ਸਿਹਤ ਸੰਭਾਲ, ਸਿੱਖਿਆ ਅਤੇ ਸਮਾਜ ਭਲਾਈ ਪ੍ਰੋਗਰਾਮਾਂ ਵਰਗੇ ਖੇਤਰਾਂ ਵਿੱਚ ਸੂਚਿਤ ਫੈਸਲੇ ਲੈਣ ਲਈ ਜ਼ਰੂਰੀ ਹੈ। ਜਨਗਣਨਾ ਡਾਟਾ ਵਪਾਰਕ ਘਰਾਣਿਆਂ ਅਤੇ ਉਦਯੋਗਾਂ ਲਈ ਉਨ੍ਹਾਂ ਖੇਤਰਾਂ ਵਿੱਚ ਪ੍ਰਵੇਸ਼ ਲਈ ਆਪਣੇ ਕਾਰੋਬਾਰ ਨੂੰ ਮਜ਼ਬੂਤ ਕਰਨ ਅਤੇ ਯੋਜਨਾ ਬਣਾਉਣ ਲਈ ਵੀ ਮਹੱਤਵਪੂਰਨ ਹੈ, ਜੋ ਹੁਣ ਤੱਕ ਵਾਂਝੇ ਰਹੇ ਸਨ। ਵਿੱਤ ਕਮਿਸ਼ਨ ਜਨਗਣਨਾ ਡਾਟਾ ਤੋਂ ਉਪਲੱਬਧ ਆਬਾਦੀ ਦੇ ਅੰਕੜਿਆਂ ਦੇ ਆਧਾਰ 'ਤੇ ਪ੍ਰਦਾਨ ਕਰਦਾਹੈ। ਜਨਗਣਨਾ ਤੋਂ ਪਤਾ ਲੱਗਦਾ ਹੈ ਕਿ ਕਿੰਨੇ ਲੋਕ ਕਿੱਥੇ ਰਹਿੰਦੇ ਹਨ, ਜਿਸ ਨਾਲ ਸਰਕਾਰਾਂ ਨੂੰ ਵੱਖ-ਵੱਖ ਖੇਤਰਾਂ ਵਿੱਚ ਸਹੂਲਤਾਂ ਪ੍ਰਦਾਨ ਕਰਨ ਵਿੱਚ ਮਦਦ ਮਿਲਦੀ ਹੈ। ਜਨਗਣਨਾ ਵਿੱਚ ਲੋਕਾਂ ਦੀ ਆਮਦਨ, ਸਿੱਖਿਆ, ਰੁਜ਼ਗਾਰ ਅਤੇ ਰਹਿਣ-ਸਹਿਣ ਦੇ ਹਾਲਾਤ ਬਾਰੇ ਜਾਣਕਾਰੀ ਇਕੱਠੀ ਕੀਤੀ ਜਾਂਦੀ ਹੈ, ਜਿਸ ਨਾਲ ਸਮਾਜਿਕ ਅਤੇ ਆਰਥਿਕ ਵਿਕਾਸ ਲਈ ਯੋਜਨਾਵਾਂ ਬਣਾਈਆਂ ਜਾ ਸਕਦੀਆਂ ਹਨ। ਜਨਗਣਨਾ ਵਿੱਚ ਮਾਂ-ਬੋਲੀ ਅਤੇ ਹੋਰ ਭਾਸ਼ਾਵਾਂ ਬਾਰੇ ਜਾਣਕਾਰੀ ਇਕੱਠੀ ਕੀਤੀ ਜਾਂਦੀ ਹੈ ਜਿਸ ਨਾਲ ਭਾਸ਼ਾਈ ਅਤੇ ਸੱਭਿਆਚਾਰਕ ਵਿਭਿੰਨਤਾਵਾਂ ਨੂੰ ਸਮਝਿਆ ਜਾ ਸਕਦਾ ਹੈ। ਜਨਗਣਨਾ ਤੋਂ ਮਿਲਣ ਵਾਲੇ ਅੰਕੜੇ ਵੱਖ-ਵੱਖ ਭਾਈਚਾਰਿਆਂ ਦੀਆਂ ਲੋੜਾਂ ਅਤੇ ਸਮੱਸਿਆਵਾਂ ਨੂੰ ਸਮਝਣ ਵਿੱਚ ਮਦਦ ਕਰਦੇ ਹਨ, ਜਿਸ ਨਾਲ ਸਰਕਾਰਾਂ ਉਨ੍ਹਾਂ ਲਈ ਵਿਸ਼ੇਸ਼ ਯੋਜਨਾਵਾਂ ਬਣਾ ਸਕਦੀਆਂ ਹਨ। ਜਨਗਣਨਾ ਦੇ ਅੰਕੜਿਆਂ ਦੀ ਵਰਤੋਂ ਵੋਟਿੰਗ ਹਲਕਿਆਂ ਨੂੰ ਨਿਰਧਾਰਤ ਕਰਨ ਲਈ ਵੀ ਕੀਤੀ ਜਾਂਦੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਹਰ ਵਿਅਕਤੀ ਨੂੰ ਵੋਟ ਪਾਉਣ ਦਾ ਮੌਕਾ ਮਿਲੇ। ਜਨਗਣਨਾ ਦੇ ਅੰਕੜਿਆਂ ਦੀ ਵਰਤੋਂ ਕਰਕੇ ਸਰਕਾਰਾਂ ਵੱਖ-ਵੱਖ ਖੇਤਰਾਂ ਜਿਵੇਂ ਕਿ ਸਿੱਖਿਆ, ਸਿਹਤ, ਆਵਾਸ ਅਤੇ ਰੁਜ਼ਗਾਰ ਆਦਿ ਲਈ ਯੋਜਨਾਵਾਂ ਅਤੇ ਨੀਤੀਆਂ ਬਣਾਉਂਦੀਆਂ ਹਨ। ਜਨਗਣਨਾ ਦੇ ਅੰਕੜੇ ਖੋਜਕਰਤਾਵਾਂ ਅਤੇ ਵਿਦਵਾਨਾਂ ਲਈ ਬਹੁਤ ਮਹੱਤਵਪੂਰਨ ਹੁੰਦੇ ਹਨ ਜੋ ਸਮਾਜਿਕ, ਆਰਥਿਕ ਅਤੇ ਭੂਗੋਲਿਕ ਵਿਸ਼ਿਆਂ 'ਤੇ ਅਧਿਐਨ ਕਰਦੇ ਹਨ।

ਦੇਸ਼ ਵਿੱਚ ਪਹਿਲੀ ਜਨਗਣਨਾ ਸਾਲ 1872 ਵਿੱਚ ਉਸ ਸਮੇਂ ਦੇ ਗਵਰਨਰ-ਜਨਰਲ ਲਾਰਡ ਮੇਓ ਦੇ ਰਾਜ ਦੌਰਾਨ ਕੀਤੀ ਗਈ ਸੀ, ਪਰ ਪੂਰੀ ਜਨਗਣਨਾ ਸਾਲ 1881 ਵਿੱਚ ਹੀ ਕੀਤੀ ਗਈ ਸੀ। ਇਸ ਤੋਂ ਬਾਅਦ ਆਮ ਤੌਰ ਤੇ ਹਰ 10 ਸਾਲਾਂ ਬਾਅਦ ਜਨਗਣਨਾ ਕੀਤੀ ਜਾਣ ਲੱਗੀ। ਭਾਰਤ ਦੀ ਆਜ਼ਾਦੀ ਤੋਂ ਪਹਿਲਾਂ 1881, 1891, 1901, 1911, 1921, 1931 ਅਤੇ 1941 ਵਿੱਚ ਜਨਗਣਨਾ ਕੀਤੀ ਗਈ ਸੀ। ਆਜ਼ਾਦੀ ਤੋਂ ਬਾਅਦ ਪਹਿਲੀ ਜਨਗਣਨਾ ਸਾਲ 1951 ਵਿੱਚ ਕੀਤੀ ਗਈ ਸੀ ਅਤੇ ਫਿਰ 1961, 1971, 1991, 2001 ਅਤੇ 2011 ਵਿੱਚ ਜਨਗਣਨਾ ਕੀਤੀ ਗਈ ਸੀ। ਭਾਰਤ ਦੀ ਆਖਰੀ ਜਨਗਣਨਾ ਸਾਲ 2011 ਵਿੱਚ ਦੋ ਪੜਾਵਾਂ ਵਿੱਚ ਕੀਤੀ ਗਈ ਸੀ। ਪੜਾਅ 01 ਵਿੱਚ ਮਕਾਨ ਸੂਚੀਕਰਨ 01 ਅਪ੍ਰੈਲ ਤੋਂ 30 ਸਤੰਬਰ 2010 ਅਤੇ ਪੜਾਅ 02 ਵਿੱਚ ਜਨਗਣਨਾ 09 ਫਰਵਰੀ ਤੋਂ 28 ਫਰਵਰੀ 2011 ਸੰਦਰਭ ਮਿਤੀ ਮਾਰਚ 2011 ਨੂੰ ਪਹਿਲੇ ਦਿਨ 00:00 ਵਜੇ ਅਤੇ ਜੰਮੂ ਅਤੇ ਕਸ਼ਮੀਰ, ਉੱਤਰਾਖੰਡ ਅਤੇ ਹਿਮਾਚਲ ਪ੍ਰਦੇਸ਼ ਦੇ ਬਰਫ਼ ਨਾਲ ਢਕੇ ਖੇਤਰਾਂ ਲਈ ਇਹ 11 ਤੋਂ 30 ਸਤੰਬਰ 2010 ਦੌਰਾਨ ਆਯੋਜਿਤ ਕੀਤੀ ਗਈ ਸੀ ਅਤੇ ਸੰਦਰਭ ਅਕਤੂਬਰ 2010 ਦੇ ਪਹਿਲੇ ਦਿਨ 00.00 ਵਜੇ ਸੀ। ਜਨਗਣਨਾ 2021 ਨੂੰ ਵੀ ਇਸੇ ਤਰ੍ਹਾਂ ਦੋ ਪੜਾਵਾਂ ਵਿੱਚ ਆਯੋਜਿਤ ਕਰਨ ਦਾ ਪ੍ਰਸਤਾਵ ਸੀ ਪਹਿਲਾ ਪੜਾਅ ਅਪ੍ਰੈਲ-ਸਤੰਬਰ 2020 ਦੌਰਾਨ ਅਤੇ ਦੂਜਾ ਪੜਾਅ ਫਰਵਰੀ 2021 ਵਿੱਚ ਆਯੋਜਿਤ ਕੀਤਾ ਜਾਣਾ ਸੀ। 2021 ਵਿੱਚ ਆਯੋਜਿਤ ਕੀਤੀ ਜਾਣ ਵਾਲੀ ਜਨਗਣਨਾ ਦੇ ਪਹਿਲੇ ਪੜਾਅ ਦੀਆਂ ਸਾਰੀਆਂ ਤਿਆਰੀਆਂ ਪੂਰੀਆਂ ਹੋ ਗਈਆਂ ਸਨ ਅਤੇ 1 ਅਪ੍ਰੈਲ 2020 ਤੋਂ ਕੁਝ ਰਾਜਾਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਫੀਲਡ ਵਰਕ ਸ਼ੁਰੂ ਹੋਣ ਵਾਲਾ ਸੀ, ਪਰੰਤੂ ਕੋਵਿਡ-19 ਮਹਾਂਮਾਰੀ ਫੈਲਣ ਕਾਰਨ ਜਨਗਣਨਾ ਦਾ ਕੰਮ ਰੱਦ ਕੀਤਾ ਗਿਆ ਸੀ। ਹੁਣ ਭਾਰਤ ਸਰਕਾਰ ਨੇ ਐਲਾਨ ਕੀਤਾ ਹੈ ਕਿ ਦੇਸ਼ ਦੀ ਅਗਲੀ ਜਨਗਣਨਾ ਸਾਲ 2027 ਵਿੱਚ ਕੀਤੀ ਜਾਵੇਗੀ। ਗ੍ਰਹਿ ਮੰਤਰਾਲੇ ਨੇ ਇਸ ਸਬੰਧੀ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ ਹੈ। ਗ੍ਰਹਿ ਮੰਤਰਾਲੇ ਨੇ 16 ਜੂਨ ਨੂੰ ਜਨਗਣਨਾ ਐਕਟ 1948 ਦੇ ਤਹਿਤ ਜਨਗਣਨਾ ਅਤੇ ਜਾਤੀ ਜਨਗਣਨਾ ਨਾਲ ਸਬੰਧਤ ਅਧਿਕਾਰਤ ਗਜ਼ਟ ਨੋਟੀਫਿਕੇਸ਼ਨ ਜਾਰੀ ਕੀਤੀ ਹੈ। ਇਸ ਤੋਂ ਬਾਅਦ ਜਨਗਣਨਾ ਨਾਲ ਸਬੰਧਤ ਵੱਖ-ਵੱਖ ਏਜੰਸੀਆਂ ਤਿਆਰੀਆਂ ਸ਼ੁਰੂ ਕਰ ਦੇਣਗੀਆਂ। ਇਸ ਲਈ ਪਹਿਲਾਂ ਸਟਾਫ ਨਿਯੁਕਤ ਕੀਤਾ ਜਾਵੇਗਾ, ਸਿਖਲਾਈ ਦਿੱਤੀ ਜਾਵੇਗੀ, ਫਾਰਮੈਟ ਤਿਆਰ ਕੀਤਾ ਜਾਵੇਗਾ ਅਤੇ ਫੀਲਡ ਵਰਕ ਦੀ ਯੋਜਨਾ ਬਣਾਈ ਜਾਵੇਗੀ। ਦੇਸ਼ ਵਿੱਚ ਪਹਿਲੀ ਵਾਰ ਜਨਗਣਨਾ ਅਤੇ ਜਾਤੀ ਜਨਗਣਨਾ ਇੱਕੋ ਸਮੇਂ ਕੀਤੀ ਜਾ ਰਹੀ ਹੈ। ਜਾਤੀਆਂ ਦੀ ਜਨਗਣਨਾ ਦੇ ਨਾਲ-ਨਾਲ ਜਨਗਣਨਾ 2027 ਨੂੰ ਦੋ ਪੜਾਵਾਂ ਵਿੱਚ ਕਰਵਾਉਣ ਦਾ ਫੈਸਲਾ ਲਿਆ ਗਿਆ ਹੈ। ਜਨਗਣਨਾ 2027 ਲਈ ਸੰਦਰਭ ਮਿਤੀ ਮਾਰਚ 2027 ਦੇ ਪਹਿਲੇ ਦਿਨ 00.00 ਵਜੇ ਹੋਵੇਗੀ। ਕੇਂਦਰ ਸ਼ਾਸਤ ਪ੍ਰਦੇਸ਼ ਲੱਦਾਖ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਜੰਮੂ-ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਰਾਜਾਂ ਦੇ ਬਰਫੀਲੇ ਖੇਤਰਾਂ ਦੇ ਲਈ ਸੰਦਰਭ ਮਿਤੀ ਅਕਤੂਬਰ 2026 ਦੇ ਪਹਿਲੇ ਦਿਨ 00.00 ਵਜੇ ਹੋਵੇਗੀ। ਜਨਗਣਨਾ ਐਕਟ 1948 ਦੀ ਧਾਰਾ 3 ਦੇ ਪ੍ਰਾਵਧਾਨ ਅਨੁਸਾਰ ਉਪਰੋਕਤ ਸੰਦਰਭ ਮਿਤੀਆਂ ਦੇ ਨਾਲ ਜਨਗਣਨਾ ਕਰਵਾਉਣ ਦੇ ਇਰਾਦੇ ਦੀ ਸੂਚਨਾ 16 ਜੂਨ 2025 ਨੂੰ ਸਰਕਾਰੀ ਗਜ਼ਟ ਵਿੱਚ ਪ੍ਰਕਾਸ਼ਿਤ ਕੀਤੀ ਗਈ ਹੈ। ਜਨਗਣਨਾ ਦਾ ਆਖਰੀ ਪੜਾਅ 1 ਮਾਰਚ 2027 ਤੱਕ ਪੂਰਾ ਹੋ ਜਾਵੇਗਾ। ਇਹ ਪੂਰੀ ਪ੍ਰਕਿਰਿਆ ਡਿਜੀਟਲ ਰੂਪ ਵਿੱਚ ਪੂਰੀ ਕੀਤੀ ਜਾਵੇਗੀ। ਜਨਗਣਨਾ ਲਈ ਸਰਕਾਰੀ ਕਰਮਚਾਰੀ ਨਿਯੁਕਤ ਕੀਤੇ ਜਾਂਦੇ ਹਨ ਅਤੇ ਉਨ੍ਹਾਂ ਨੂੰ ਗਣਨਾਕਾਰ ਕਿਹਾ ਜਾਂਦਾ ਹੈ। ਉਹ ਜਨਗਣਨਾ ਲਈ ਨਿਰਧਾਰਿਤ ਖੇਤਰ ਵਿੱਚ ਪਹੁੰਚਦੇ ਹਨ ਅਤੇ ਕਈ ਤਰ੍ਹਾਂ ਦੀ ਜਾਣਕਾਰੀ ਇਕੱਠੀ ਕਰਦੇ ਹਨ। ਸਰਕਾਰ ਉਨ੍ਹਾਂ ਨੂੰ ਇੱਕ ਖਾਸ ਕਿਸਮ ਦਾ ਪਹਿਚਾਣ ਪੱਤਰ ਦਿੰਦੀ ਹੈ। ਜੇਕਰ ਕਿਸੇ ਵਿਅਕਤੀ ਨੂੰ ਕੋਈ ਸ਼ੱਕ ਹੋਵੇ ਤਾਂ ਉਨ੍ਹਾਂ ਨੂੰ ਆਪਣਾ ਅਧਿਕਾਰਤ ਪਹਿਚਾਣ ਪੱਤਰ ਦਿਖਾਉਣ ਲਈ ਕਹਿ ਸਕਦਾ ਹੈ। ਦੇਸ਼ ਵਿੱਚ ਜਨਗਣਨਾ 02 ਭਾਗਾ ਵਿੱਚ ਕੀਤੀ ਜਾਂਦੀ ਹੈ। ਪਹਿਲੀ ਹਾਊਸਿੰਗ ਅਤੇ ਦੂਜੀ ਹਾਊਸਿੰਗ ਸੈਂਸਸ। ਹਾਊਸਿੰਗ ਵਿੱਚ ਘਰ ਨਾਲ ਸਬੰਧਤ ਸਵਾਲ ਪੁੱਛੇ ਜਾਂਦੇ ਹਨ, ਜਿਸ ਵਿੱਚ ਬਿਜਲੀ, ਪੀਣ ਵਾਲਾ ਪਾਣੀ, ਟਾਇਲਟ, ਜਾਇਦਾਦ ਅਤੇ ਜਾਇਦਾਦ ਦੇ ਕਬਜ਼ੇ ਨਾਲ ਸਬੰਧਤ ਸਵਾਲ ਪੁੱਛੇ ਜਾਂਦੇ ਹਨ। ਜਨਗਣਨਾ ਦੇ ਰਿਕਾਰਡ ਦਰਸਾਉਂਦੇ ਹਨ ਕਿ ਹਰ ਵਾਰ ਸਵਾਲਾਂ ਦੀ ਗਿਣਤੀ ਵਧਦੀ ਜਾਂਦੀ ਹੈ। ਸਾਲ 2001 ਵਿੱਚ ਹੋਈ ਜਨਗਣਨਾ ਦੇ ਮੁਕਾਬਲੇ 2011 ਦੀ ਜਨਗਣਨਾ ਵਿੱਚ ਬਹੁਤ ਸਾਰੇ ਵਾਧੂ ਸਵਾਲ ਪੁੱਛੇ ਗਏ ਸਨ। ਸਾਲ 2001 ਦੀ ਜਨਗਣਨਾ ਨਾਮ, ਜ਼ਿਲ੍ਹਾ ਅਤੇ ਰਾਜ ਵਰਗੇ ਮੁੱਢਲੇ ਸਵਾਲਾਂ ਤੱਕ ਸੀਮਿਤ ਸੀ ਪਰੰਤੂ 2011 ਦੀ ਜਨਗਣਨਾ ਵਿੱਚ ਪਿੰਡ ਦਾ ਨਾਮ ਵੀ ਸ਼ਾਮਲ ਸੀ। ਜਨਗਣਨਾ ਦਾ ਦੂਜਾ ਰੂਪ ਰਾਸ਼ਟਰੀ ਜਨਸੰਖਿਆ ਰਜਿਸਟਰ ਦਾ ਹੁੰਦਾ ਹੈ, ਜਿਸ ਵਿੱਚ ਪਰਵਾਰਕ ਮੈਂਬਰਾਂ ਨਾਲ ਸਬੰਧਤ ਸਵਾਲ ਦਰਜ ਹੁੰਦੇ ਹਨ ਜਿਸ ਨੂੰ ਗਣਨਾਕਾਰ ਪੁੱਛਦੇ ਹਨ ਅਤੇ ਉਸ ਨੂੰ ਭਰਦੇ ਜਾਂਦੇ ਹਨ। ਇਸ ਵਿੱਚ ਬਹੁਤ ਸਾਰੇ ਸਵਾਲ ਹਨ-ਜਿਵੇਂ ਕਿ ਨਾਂਅ, ਲਿੰਗ, ਮਾਤਾ ਦਾ ਨਾਂਅ, ਪਿਤਾ ਦਾ ਨਾਂਅ, ਜਨਮ ਮਿਤੀ, ਵਿਆਹੁਤਾ ਸਥਿਤੀ, ਅਸਥਾਈ ਪਤਾ, ਮੌਜੂਦਾ ਪਤਾ, ਪਰਵਾਰ ਦਾ ਮੁਖੀ ਕੌਣ ਹੈ ਅਤੇ ਮੁਖੀ ਨਾਲ ਕੀ ਸੰਬੰਧ ਹੈ ਆਦਿ ਸਵਾਲ ਸ਼ਾਮਲ ਹਨ। ਯੋਜਨਾਬੱਧ 2021 ਦੀ ਜਨਗਣਨਾ ਲਈ ਅੰਤਿਮ ਰੂਪ ਦਿੱਤੇ ਗਏ ਲੱਗਭੱਗ 24 ਲੱਖ ਬਲਾਕਾਂ ਨੂੰ 2027 ਦੇ ਅਭਿਆਸ ਲਈ ਵਰਤੇ ਜਾਣ ਦੀ ਸੰਭਾਵਨਾ ਹੈ। ਲੱਗਭੱਗ 30 ਲੱਖ ਗਣਨਾਕਾਰ ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਸਰਕਾਰੀ ਸਕੂਲ ਅਧਿਆਪਕ ਸ਼ਾਮਲ ਹਨ, ਨੂੰ ਮੋਬਾਈਲ ਐਪਲੀਕੇਸ਼ਨ ਤੇ ਨਵੇਂ ਸਿਰੇ ਤੋਂ ਸਿਖਲਾਈ ਦਿੱਤੀ ਜਾਵੇਗੀ, ਜੋ ਅਭਿਆਸ ਲਈ ਤਿਆਰ ਕੀਤੀ ਗਈ ਹੈ। ਇਸ ਸਿਖਲਾਈ ਮੈਨੂਅਲ ਵਿੱਚ ਇੱਕ ਮਹੱਤਵਪੂਰਨ ਵਾਧਾ ਜਾਤ ਦੀ ਗਣਨਾ ਹੋਵੇਗਾ। ਜਾਤਾਂ ਨੂੰ ਰਿਕਾਰਡ ਕਰਨ ਲਈ ਇੱਕ ਹੋਰ ਡਰੌਪ ਬਾਕਸ ਅਨੁਸੂਚਿਤ ਜਾਤੀ (ਐੱਸ ਸੀ) ਅਤੇ ਅਨੁਸੂਚਿਤ ਜਨਜਾਤੀ (ਐੱਸ ਟੀ) ਟੇਬਲਾਂ ਦੇ ਅੱਗੇ ਜੋੜਨ ਦੀ ਸੰਭਾਵਨਾ ਹੈ ਜੋ ਕਿ ਹੁਣ ਤੱਕ ਸਿਰਫ ਦੋ ਸ਼੍ਰੇਣੀਆਂ ਹਨ। ਰਾਸ਼ਟਰੀ ਜਨਸੰਖਿਆ ਰਜਿਸਟਰ ਨੂੰ ਅਪਡੇਟ ਕਰਨ ਬਾਰੇ ਕੋਈ ਐਲਾਨ ਨਹੀਂ ਕੀਤਾ ਗਿਆ ਸੀ, ਜਿਸ ਵਿੱਚ ਪਹਿਲਾਂ ਹੀ ਲੱਗਭੱਗ 119 ਕਰੋੜ ਦੇਸ਼ ਵਾਸੀਆਂ ਦਾ ਡਾਟਾਬੇਸ ਹੈ। ਯੋਜਨਾਬੱਧ 2021 ਦੀ ਜਨਗਣਨਾ ਦੇ ਪਹਿਲੇ ਪੜਾਅ ਦੌਰਾਨ ਜਨਸੰਖਿਆ ਰਜਿਸਟਰ ਨੂੰ ਅਪਡੇਟ ਕੀਤਾ ਜਾਣਾ ਸੀ। ਨਾਗਰਿਕਾਂ ਨੂੰ 'ਸਵੈ-ਗਣਨਾ' ਕਰਨ ਦਾ ਮੌਕਾ ਵੀ ਮਿਲ ਸਕਦਾ ਹੈ, ਕਿਉਂਕਿ ਭਾਰਤ ਦੇ ਰਜਿਸਟਰਾਰ ਜਨਰਲ ਦਫ਼ਤਰ ਜੋ ਜਨਗਣਨਾ ਕਰਦਾ ਹੈ, ਨੇ ਯੋਜਨਾਬੱਧ 2021 ਦੀ ਜਨਗਣਨਾ ਲਈ ਅੰਗਰੇਜ਼ੀ ਵਿੱਚ ਇੱਕ ਸਵੈ-ਗਣਨਾ ਪੋਰਟਲ ਵਿਕਸਿਤ ਕੀਤਾ ਹੈ, ਹਾਲਾਂਕਿ ਇਹ ਵਿਕਲਪ ਸਿਰਫ਼ ਉਨ੍ਹਾਂ ਪਰਵਾਰਾਂ ਲਈ ਉਪਲੱਬਧ ਹੋਵੇਗਾ, ਜਿਨ੍ਹਾਂ ਨੇ ਰਾਸ਼ਟਰੀ ਜਨਸੰਖਿਆ ਰਜਿਸਟਰ ਨੂੰ ਔਨਲਾਈਨ ਅੱਪਡੇਟ ਕੀਤਾ ਹੈ। ਸਾਲ 2001 ਦੇ 84ਵੇਂ ਸੰਵਿਧਾਨਕ ਸੋਧ ਐਕਟ ਅਨੁਸਾਰ 2026 ਤੋਂ ਬਾਅਦ ਪਹਿਲੀ ਜਨਗਣਨਾ ਦੇ ਆਬਾਦੀ ਡਾਟਾ ਦੇ ਅਧਾਰ 'ਤੇ ਹਲਕੇ ਦੀਆਂ ਸੀਮਾਵਾਂ ਦਾ ਪੁਨਰਗਠਨ ਕੀਤਾ ਜਾਣਾ ਹੈ। ਮੌਜੂਦਾ ਸੀਟਾਂ 1971 ਦੀ ਜਨਗਣਨਾ ਡਾਟਾ ਦੇ ਅਧਾਰ 'ਤੇ ਤਿਆਰ ਕੀਤੀਆਂ ਗਈਆਂ ਹਨ। ਮਹਿਲਾ ਰਾਖਵਾਂਕਰਨ ਕਾਨੂੰਨ ਅਨੁਸਾਰ ਲੋਕ ਸਭਾ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ ਸੀਟਾਂ ਦਾ ਇੱਕ ਤਿਹਾਈ ਰਾਖਵਾਂਕਰਨ ਉਦੋਂ ਲਾਗੂ ਹੋਵੇਗਾ, ਜਦੋਂ ਐਕਟ ਸ਼ੁਰੂ ਹੋਣ ਤੋਂ ਬਾਅਦ ਦਰਜ ਕੀਤੀ ਗਈ ਪਹਿਲੀ ਜਨਗਣਨਾ ਨਾਲ ਸੰਬੰਧਤ ਅੰਕੜਿਆਂ ਦੇ ਅਧਾਰ 'ਤੇ ਹੱਦਬੰਦੀ ਦੀ ਪ੍ਰਕਿਰਿਆ ਕੀਤੀ ਜਾਵੇਗੀ। ਪਹਿਲੀ ਵਾਰ ਜਨਗਣਨਾ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਅਤੇ ਡਾਟਾ ਦੀ ਸ਼ੁੱਧਤਾ ਨੂੰ ਵਧਾਉਣ ਲਈ ਮੋਬਾਈਲ ਐਪਲੀਕੇਸ਼ਨਾਂ ਅਤੇ ਔਨਲਾਈਨ ਸਵੈ-ਗਣਨਾ ਵਰਗੇ ਡਿਜੀਟਲ ਸਾਧਨਾਂ ਦੀ ਵਰਤੋਂ ਹੋਵੇਗੀ। ਜਦੋਂ ਜਨਗਣਨਾ ਗਣਨਾਕਾਰਾਂ ਦੁਆਰਾ ਸੰਪਰਕ ਕੀਤਾ ਜਾਵੇਗਾ ਤਾਂ ਵਿਅਕਤੀਆਂ ਨੂੰ ਆਪਣੇ ਅਤੇ ਆਪਣੇ ਘਰ ਦੇ ਮੈਂਬਰਾਂ ਬਾਰੇ ਸੱਚੀ ਅਤੇ ਪੂਰੀ ਜਾਣਕਾਰੀ ਪ੍ਰਦਾਨ ਕਰਨੀ ਚਾਹੀਦੀ ਹੈ। ਜੇਕਰ ਉਪਲੱਬਧ ਹੋਵੇ ਤਾਂ ਨਾਗਰਿਕ ਸਵੈ-ਗਣਨਾ ਕਰਨ ਲਈ ਔਨਲਾਈਨ ਪੋਰਟਲਾਂ ਦੀ ਵਰਤੋਂ ਵੀ ਕਰ ਸਕਦੇ ਹਨ, ਜਿਸ ਨਾਲ ਪ੍ਰਕਿਰਿਆ ਵਧੇਰੇ ਸੁਵਿਧਾਜਨਕ ਬਣ ਜਾਂਦੀ ਹੈ। ਜਨਗਣਨਾ ਦੀ ਸਫਲਤਾ ਲਈ ਜਨਤਾ ਦੀ ਸਰਗਰਮ ਅਤੇ ਸਹੀ ਭਾਗੀਦਾਰੀ ਬਹੁਤ ਜ਼ਰੂਰੀ ਹੈ। ਜਨਗਣਨਾ ਵਿੱਚ ਸਰਗਰਮੀ ਨਾਲ ਹਿੱਸਾ ਲੈ ਕੇ ਜਨਤਾ ਇੱਕ ਵਧੇਰੇ ਸੂਚਿਤ ਅਤੇ ਵਿਕਸਤ ਰਾਸ਼ਟਰ ਦੇ ਨਿਰਮਾਣ ਵਿੱਚ ਯੋਗਦਾਨ ਪਾ ਸਕਦੀ ਹੈ। ਇਸ ਜਨਗਣਨਾ ਨੂੰ ਸਫਲ ਬਣਾਉਣ ਲਈ ਸਰਕਾਰ ਵੱਲੋਂ ਦੇਸ਼ ਵਾਸੀਆਂ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਜਨਗਣਨਾ ਵਿੱਚ ਸਰਗਰਮੀ ਨਾਲ ਹਿੱਸਾ ਲੈਣ, ਗਿਣਤੀਕਾਰਾਂ ਨਾਲ ਸਹਿਯੋਗ ਕਰਨ ਅਤੇ ਉਨ੍ਹਾਂ ਨੂੰ ਲੋੜੀਂਦੀ ਸਹੀ ਅਤੇ ਮੁਕੰਮਲ ਜਾਣਕਾਰੀ ਪ੍ਰਦਾਨ ਕਰਨ।

**# ਸੰਪਰਕ : 94175-63054**

# ਡਿਜੀਟਲ ਯੁੱਗ 'ਚ ਬੱਚਿਆਂ ਦੇ ਦਿਮਾਗ ਦੀ ਨਵੀਂ ਸੁਰਤ

ਜਸਵਿੰਦਰ ਸਿੰਘ

21ਵੀਂ ਸਦੀ ਨੇ ਜਿੱਥੇ ਸਾਡੀ ਜੀਵਨ-ਸ਼ੈਲੀ ਨੂੰ ਬਦਲ ਕੇ ਰੱਖ ਦਿੱਤਾ ਹੈ, ਉੱਥੇ ਹੀ ਇਸ ਡਿਜੀਟਲ ਕ੍ਰਾਂਤੀ ਨੇ ਸਭ ਤੋਂ ਵੱਧ ਪ੍ਰਭਾਵ ਬੱਚਿਆਂ ਦੇ ਜੀਵਨ 'ਤੇ ਪਾਇਆ ਹੈ। ਅੱਜ ਦਾ ਬੱਚਾ ਜਿੱਥੇ ਇੱਕ ਪਾਸੇ ਇਲੈਕਟ੍ਰੌਨਿਕ ਯੰਤਰਾਂ ਨਾਲ ਪੈਦਾ ਹੋ ਰਿਹਾ ਹੈ, ਉੱਥੇ ਹੀ ਦੂਜੇ ਪਾਸੇ ਉਸ ਦੀ ਬਚਪਨ ਦੀ ਸਾਦਗੀ, ਖੇਡਾਂ ਅਤੇ ਮਨੋਵਿਗਿਆਨਿਕ ਵਿਕਾਸ ਵਿੱਚ ਵੱਡੇ ਬਦਲਾਅ ਵੇਖਣ ਨੂੰ ਮਿਲ ਰਹੇ ਹਨ। 'ਡਿਜੀਟਲ ਯੁੱਗ ਵਿੱਚ ਬੱਚਿਆਂ ਦੇ ਦਿਮਾਗ ਦੀ ਨਵੀ ਸੁਰਤ' ਦੇ ਅਰਥ ਹਨ, ਉਹ ਤਰੀਕੇ, ਜਿਨ੍ਹਾਂ ਰਾਹੀਂ ਕੰਪਿਊਟਰ, ਟੈਬਲੇਟ, ਮੋਬਾਇਲ ਅਤੇ ਇੰਟਰਨੈੱਟ ਬੱਚਿਆਂ ਦੇ ਸੋਚਣ, ਸਮਝਣ ਅਤੇ ਅਧਿਐਨ ਕਰਨ ਦੇ ਢੰਗ ਨੂੰ ਪ੍ਰਭਾਵਿਤ ਕਰ ਰਹੇ ਹਨ। ਕਈ ਦਹਾਕੇ ਪਹਿਲਾਂ ਬੱਚਿਆਂ ਲਈ ਸਿੱਖਣ ਦੀ ਪ੍ਰਕਿਰਿਆ ਖੇਡਾਂ, ਗੱਲਬਾਤ, ਪਰਿਵਾਰਕ ਕਹਾਣੀਆਂ ਅਤੇ ਕੁਦਰਤ ਨਾਲ ਜੁੜੀ ਹੋਈ ਸੀ। ਅੱਜ ਬੱਚਾ ਅੱਖ ਖੋਲ੍ਹਦੇ ਹੀ ਮੋਬਾਇਲ ਦੀ ਸਕਰੀਨ ਨੂੰ ਵੇਖ ਰਿਹਾ ਹੈ। ਇਹ ਸਕਰੀਨ ਸਿਰਫ ਇੱਕ ਮੀਡੀਆ ਨਹੀਂ ਰਹੀ, ਇਹ ਬੱਚਿਆਂ ਦੀ ਜ਼ਿੰਦਗੀ ਦਾ ਅਟੁਟ ਹਿੱਸਾ ਬਣ ਗਈ ਹੈ, ਪਰ ਇਹ ਜ਼ਰੂਰੀ ਹੈ ਕਿ ਅਸੀਂ ਸਮਝੀਏ ਕਿ ਇਸ ਤਕਨੀਕੀ ਇਨਕਲਾਬ ਨੇ ਬੱਚਿਆਂ ਦੇ ਦਿਮਾਗ ਦੇ ਢਾਂਚੇ, ਸਮਝ, ਯਾਦਾਸ਼ਤ, ਧਿਆਨ ਅਤੇ ਵਿਅਕਤੀਗਤ ਵਿਕਾਸ 'ਤੇ ਕਿਵੇਂ ਅਤੇ ਕਿੰਨਾ ਅਸਰ ਕੀਤਾ ਹੈ।

ਡਿਜੀਟਲ ਸਾਧਨਾਂ ਦੇ ਸਹੀ ਉਪਯੋਗ ਨਾਲ ਬੱਚਿਆਂ ਦੀ ਵਿਗਿਆਨਕ ਅਤੇ ਗਣਿਤਕ ਸੋਚ 'ਚ ਨਿਖਾਰ ਆਇਆ ਹੈ। ਇੰਟਰਐਕਟਿਵ ਗੇਮਜ਼, ਐਪਸ ਅਤੇ ਐਨੀਮੇਟਡ ਵੀਡੀਓਜ਼ ਰਾਹੀਂ ਬੱਚਿਆਂ ਨੂੰ ਸਮਝਾਉਣਾ ਅਸਾਨ ਹੋ ਗਿਆ ਹੈ। ਉਹ ਸਿੱਖਣ ਵਿੱਚ ਦਿਲਚਸਪੀ ਲੈ ਰਹੇ ਹਨ, ਪਰ ਜਿੱਥੇ ਸੂਚਨਾ ਦੀ ਆਜ਼ਾਦੀ ਹੈ, ਉੱਥੇ ਹੀ ਸਮੇਂ ਦੀ ਨਿਯਮਤਤਾ ਦੀ ਕਮੀ ਵੀ ਹੈ। ਜ਼ਿਆਦਾ ਸਕਰੀਨ ਟਾਈਮ ਬੱਚਿਆਂ ਦੇ ਮਨੋਵਿਗਿਆਨ 'ਤੇ ਨਕਾਰਾਤਮਕ ਅਸਰ ਪਾ ਰਿਹਾ ਹੈ। ਬੱਚੇ ਛੋਟੀ ਉਮਰ ਵਿੱਚ ਹੀ ਵਿਅਕਤੀਗਤ ਸੰਬੰਧਾਂ ਦੀ ਥਾਂ ਡਿਜੀਟਲ ਦੁਨੀਆਂ ਨੂੰ ਵਧੇਰੇ ਤਰਜੀਹ ਦੇ ਰਹੇ ਹਨ। ਤਕਨੀਕੀ ਨਸ਼ਾ ਇੱਕ ਵੱਡੀ ਸਮੱਸਿਆ ਬਣ ਚੁੱਕੀ ਹੈ। ਬੱਚੇ ਖੇਡਣ, ਦੌੜਨ ਜਾਂ ਸਮਾਜਕ ਸੰਬੰਧ ਬਣਾਉਣ ਦੀ ਥਾਂ ਸਕਰੀਨ 'ਤੇ ਚੁੰਬਕ ਵਾਂਗ ਲੱਗੇ ਰਹਿੰਦੇ ਹਨ। ਹਾਲੀਆ ਮਨੋਵਿਗਿਆਨਕ ਅਧਿਐਨ ਦੱਸਦੇ ਹਨ ਕਿ ਸਕਰੀਨ 'ਤੇ ਲੰਮਾ ਸਮਾਂ ਬਿਤਾਉਣ ਵਾਲੇ ਬੱਚਿਆਂ ਵਿੱਚ ਧਿਆਨ ਦੀ ਘਾਟ, ਠੀਕ ਤਰੀਕੇ ਨਾਲ ਸੋਚਣ ਦੀ ਸਮਰਥਾ ਦੀ ਕਮੀ ਅਤੇ ਅਕਸਰ ਉੱਚੇ-ਚੜ੍ਹਾਅ ਵਾਲਾ ਵਿਹਾਰ ਦੇਖਿਆ ਜਾਂਦਾ ਹੈ। ਉਦਾਹਰਣ ਵਜੋਂ ਇੱਕੋ ਸਮੇਂ ਚੈਟ ਕਰਨਾ, ਵੀਡੀਓ ਵੇਖਣਾ ਅਤੇ ਹੋਮਵਰਕ ਕਰਨਾ ਬੱਚਿਆਂ ਦੇ ਦਿਮਾਗ ਨੂੰ ਇਕਾਗਰ ਕਰਨ ਦੀ ਆਦਤ 'ਚ ਰੁਕਾਵਟ ਪੈਦਾ ਕਰ ਰਿਹਾ ਹੈ। ਇਹ ਦਿਮਾਗੀ ਥਕਾਵਟ ਅਤੇ ਤਣਾਅ ਦਾ ਕਾਰਨ ਬਣਦਾ ਹੈ।

ਸੋਸ਼ਲ ਮੀਡੀਆ ਅਤੇ ਯੂਟਿਊਬ ਜਿਹੇ ਪਲੇਟਫਾਰਮਾਂ 'ਤੇ ਮਿਲਣ ਵਾਲੀ ਸਮੱਗਰੀ ਹਮੇਸ਼ਾ ਉਚਿਤ ਨਹੀਂ ਹੁੰਦੀ। ਕਈ ਵਾਰ ਬੱਚੇ ਹਿੰਸਕ, ਗਲਤ ਜਾਂ ਉਚਿਤ ਨਾ ਹੁਣ ਵਾਲੀ ਸਮੱਗਰੀ ਨਾਲ ਵੀ ਸੰਪਰਕ 'ਚ ਆ ਜਾਂਦੇ ਹਨ, ਜੋ ਉਨ੍ਹਾਂ ਦੀ ਮਨੋਬਿਰਤੀ ਨੂੰ ਨਕਾਰਾਤਮਕ ਦਿਸ਼ਾ 'ਚ ਲੈ ਜਾਂਦੀ ਹੈ। ਮਾਨਸਿਕ ਤਣਾਅ, ਡਿਪ੍ਰੈਸ਼ਨ, ਆਤਮ-ਵਿਸ਼ਵਾਸ ਦੀ ਘਾਟ ਅਤੇ ਤਣਾਅ-ਭਰੇ ਸੰਕੇਤ ਅੱਜ ਦੇ ਨੌਜਵਾਨਾਂ, ਬੱਚਿਆਂ ਵਿੱਚ ਵਧ ਰਹੇ ਹਨ। ਇਹ ਸਿਰਫ ਸਮਾਜਕ ਨਹੀਂ, ਸਿੱਧਾ ਦਿਮਾਗੀ ਰਚਨਾ 'ਤੇ ਅਸਰ ਪਾਉਂਦੇ ਹਨ। ਡਿਜੀਟਲ ਉਪਕਰਨਾਂ ਨੇ ਬੱਚਿਆਂ ਦੀ ਯਾਦਾਸ਼ਤ ਦੇ ਢੰਗ ਨੂੰ ਵੀ ਬਦਲ ਦਿੱਤਾ ਹੈ। ਅੱਜ ਦਾ ਬੱਚਾ ਜਾਣਕਾਰੀ ਨੂੰ ਯਾਦ ਰੱਖਣ ਦੀ ਥਾਂ ਗੂਗਲ 'ਤੇ ਲੱਭਣ ਦੀ ਆਦਤ 'ਚ ਹੈ। ਇਸ ਨਾਲ 'ਕ੍ਰਮਿਕ ਯਾਦਾਸਤ' ਘਟਦੀ ਜਾ ਰਹੀ ਹੈ, ਅਤੇ 'ਦਿਸ਼ਾ ਸੂਚਕ ਯਾਦਾਸਤ' ਵਧ ਰਹੀ ਹੈ। ਬੱਚਿਆਂ ਨੂੰ ਡਿਜੀਟਲ ਯੁੱਗ ਵਿੱਚ ਸਹੀ ਦਿਸ਼ਾ ਦਿਖਾਉਣ ਲਈ ਮਾਪਿਆਂ ਅਤੇ ਅਧਿਆਪਕਾਂ ਦੀ ਭੂਮਿਕਾ ਕੇਂਦਰੀ ਬਣ ਜਾਂਦੀ ਹੈ। ਕੰਪਿਊਟਰ ਸਿਰਫ ਨੁਕਸਾਨਦਾਇਕ ਨਹੀਂ, ਸਹੀ ਦਿਸ਼ਾ ਵਿੱਚ ਇਸ ਦੇ ਉਪਯੋਗ ਨਾਲ ਬੱਚੇ ਨਵੇਂ ਭਵਿੱਖ ਲਈ ਤਿਆਰ ਹੋ ਸਕਦੇ ਹਨ। ਡਿਜੀਟਲ ਯੁੱਗ ਅੱਟਲ ਹੈ ਅਤੇ ਇਸ ਤੋਂ ਪਿੱਛੇ ਹਟਣ ਦੀ ਥਾਂ ਇਹ ਸਮਝਣਾ ਵਧੀਕ ਜਰੂਰੀ ਹੈ ਕਿ ਅਸੀਂ ਇਸ ਨੂੰ ਕਿਵੇਂ ਸੰਤੁਲਿਤ ਢੰਗ ਨਾਲ ਆਪਣੇ ਬੱਚਿਆਂ ਦੀ ਗਤੀਵਿਧੀ ਵਿੱਚ ਸ਼ਾਮਲ ਕਰੀਏ। ਬਚਪਨ ਦੀ ਸੰਵੇਦਨਸ਼ੀਲ ਅਵਸਥਾ ਵਿੱਚ ਉਨ੍ਹਾਂ ਦੇ ਦਿਮਾਗੀ ਢਾਂਚੇ ਨੂੰ ਰਚਣ ਵਾਲਾ ਹਰ ਤੱਤ, ਚਾਹੇ ਉਹ ਖੇਡ ਹੋਵੇ, ਗੱਲਬਾਤ ਹੋਵੇ ਜਾਂ ਸਕਰੀਨ, ਉਨ੍ਹਾਂ ਦੇ ਭਵਿੱਖ ਨੂੰ ਨਿਰਧਾਰਤ ਕਰਦਾ ਹੈ।

ਡਿਜੀਟਲ ਯੁੱਗ ਵਿੱਚ ਬੱਚਿਆਂ ਦਾ ਦਿਮਾਗ ਇਕ ਨਵੇਂ ਪੈਟਰਨ ਅਨੁਸਾਰ ਅੱਗੇ ਵਧ ਰਿਹਾ ਹੈ। ਇਹ ਪੈਟਰਨ ਚੁਸਤ, ਤੀਬਰ ਪਰੰਤੂ ਅਕਸਰ ਤਣਾਅ ਭਰਿਆ ਵੀ ਹੋ ਸਕਦਾ ਹੈ। ਸਾਡਾ ਕੰਮ ਹੈ ਇਸ ਪੈਟਰਨ ਨੂੰ ਰੁਚਿਕਰ, ਸੁਰੱਖਿਅਤ ਅਤੇ ਸੰਤੁਲਿਤ ਰੂਪ ਦੇਣਾ।

**# ਸੰਪਰਕ : 81462-04545**

# ਮੁਲਾਜ਼ਮ ਸੰਘਰਸ਼ ਰਾਹੀਂ ਕੀਤੀਆਂ ਪ੍ਰਾਪਤੀਆਂ ਨੂੰ ਸਰਕਾਰਾਂ ਦੇ ਰਹੀਆਂ ਪੁੱਠਾ ਗੇੜਾ

ਪ੍ਰੇਮ ਚਾਵਲਾ

ਪੰਜਾਬ ਦੀ ਕਾਫੀ ਸਾਲ ਪਹਿਲਾਂ ਹਿੰਦੁਸਤਾਨ ਦੇ ਬਹੁਤੇ ਰਾਜਾਂ ਨਾਲੋਂ ਆਰਥਿਕ ਸਥਿਤੀ ਬਹੁਤ ਚੰਗੀ ਹੁੰਦੀ ਸੀ । ਪੰਜਾਬ ਨੂੰ ਇੱਕ ਖੁਸ਼ਹਾਲ ਸੂਬੇ ਵਜੋਂ ਜਾਣਿਆ ਜਾਂਦਾ ਸੀ। ਪੰਜਾਬ ਦਿਨੋ-ਦਿਨ ਤਰੱਕੀ ਕਰਨ ਵਾਲਾ ਸੂਬਾ ਹੋਣ ਕਰਕੇ ਬਿਹਾਰ, ਉੱਤਰ ਪ੍ਰਦੇਸ਼ ਅਤੇ ਦੇਸ਼ ਦੇ ਹੋਰ ਕਈ ਰਾਜਾਂ ਦੇ ਲੋਕ ਆਪਣੇ ਰੁਜ਼ਗਾਰ ਦੀ ਖਾਤਰ ਪੰਜਾਬ ਵਿੱਚ ਆਉਂਦੇ ਰਹੇ ਹਨ ਅਤੇ ਵੱਖ-ਵੱਖ ਸ਼ਹਿਰਾਂ ਦੇ ਬਾਹਰ ਝੁੱਗੀਆਂ-ਝੌਂਪੜੀਆਂ ਵਿੱਚ ਰਹਿ ਕੇ ਆਪਣਾ ਅਤੇ ਆਪਣੇ ਪਰਿਵਾਰ ਦਾ ਜੀਵਨ ਬਸਰ ਕਰਦੇ ਹਨ।ਪੰਜਾਬ ਦੀ ਪ੍ਰਤੀ ਜੀਅ ਆਮਦਨ ਹੋਰ ਕਈ ਰਾਜਾਂ ਨਾਲੋਂ ਵਧੀਆਂ ਹੋਣ ਕਰਕੇ ਪੰਜਾਬ ਦੀਆਂ ਮੁਲਾਜ਼ਮ ਜਥੇਬੰਦੀਆਂ ਦੇ ਪ੍ਰਮੁੱਖ ਆਗੂ ਸੱਜਣ ਸਿੰਘ, ਰਣਬੀਰ ਸਿੰਘ ਢਿੱਲੋਂ ਅਤੇ ਕਈ ਹੋਰ ਆਗੂਆਂ ਦੀ ਅਗਵਾਈ ਹੇਠਵ ਲੰਮੇ ਸੰਘਰਸ਼ ਲੜ ਕੇ ਪੰਜਾਬ ਦੇ ਮੁਲਾਜ਼ਮਾਂ ਲਈ ਚੰਗੇਰੇ ਤਨਖਾਹ ਸਕੇਲ ਪ੍ਰਾਪਤ ਕਰਨ ਦੇ ਨਾਲ-ਨਾਲ ਪੰਜਾਬ ਦੇ ਪਹਿਲੇ ਤੋਂ ਲੈ ਕੇ ਛੇਵੇਂ ਤਨਖਾਹ ਕਮਿਸ਼ਨ ਤੱਕ ਤਨਖਾਹ ਕਮਿਸ਼ਨਾਂ ਨੂੰ ਕੇਂਦਰ ਸਰਕਾਰ ਦੇ ਤਨਖਾਹ ਕਮਿਸ਼ਨਾਂ ਨਾਲੋਂ ਡੀ-ਲਿੰਕ ਕਰਵਾ ਕੇ ਪੰਜਾਬ ਦੇ ਆਪਣੇ ਤਨਖਾਹ ਕਮਿਸ਼ਨਾਂ ਦੀ ਸਥਾਪਨਾ ਕਰਵਾਈ ਗਈ।

ਪੰਜਾਬ ਦੇ ਪਹਿਲੇ ਤਨਖਾਹ ਕਮਿਸ਼ਨ ਦੀ ਸਥਾਪਨਾ ਮਿਤੀ 1ਜਨਵਰੀ 1968 ਤੋਂ , ਦੂਜਾ ਤਨਖਾਹ ਕਮਿਸ਼ਨ ਮਿਤੀ 1 ਜਨਵਰੀ 1978 ਤੋਂ , ਤੀਜਾ ਤਨਖਾਹ ਕਮਿਸ਼ਨ 1 ਜਨਵਰੀ 1986 ਤੋਂ, ਚੌਥਾ ਤਨਖਾਹ ਕਮਿਸ਼ਨ ਮਿਤੀ 1 ਜਨਵਰੀ 1996 ਤੋਂ, ਪੰਜਵਾਂ ਤਨਖਾਹ ਕਮਿਸ਼ਨ ਮਿਤੀ 1 ਜਨਵਰੀ 2006 ਤੋਂ ਅਤੇ ਛੇਵਾਂ ਤਨਖਾਹ ਕਮਿਸ਼ਨ ਮਿਤੀ 1 ਜਨਵਰੀ 2016 ਤੋਂ। ਪੰਜਾਬ ਦੇ ਮੁਲਾਜ਼ਮਾਂ ਵੱਲੋਂ ਵੱਖ-ਵੱਖ ਸਮੇਂ 'ਤੇ ਲੜੇ ਗਏ ਲੰਮੇ ਸੰਘਰਸ਼ਾਂ ਰਾਹੀਂ ਸਥਾਪਨਾ ਕਰਵਾਉਣ ਤੋਂ ਬਾਅਦ ਅਤੇ ਰਿਪੋਰਟਾਂ ਪ੍ਰਾਪਤ ਕਰਨ ਉਪਰੰਤ ਮੁਲਾਜ਼ਮ ਪੱਖੀ ਸਿਫਾਰਸ਼ਾਂ ਲਾਗੂ ਕਰਵਾਈਆਂ ਗਈਆਂ।ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਲੀਡਰਸ਼ਿਪ ਨੂੰ ਇਸ ਗੱਲ ਦਾ ਮਾਣ ਜਾਂਦਾ ਹੈ ਕਿ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਤਨਖਾਹਾਂ,ਪੈਨਸ਼ਨਾਂ ਅਤੇ ਕਈ ਹੋਰ ਵੱਖ-ਵੱਖ ਕਿਸਮ ਦੇ ਭੱਤੇ ਹਮੇਸ਼ਾ ਹੀ ਕੇਂਦਰ ਸਰਕਾਰ ਅਤੇ ਬਹੁਤ ਸਾਰੇ ਰਾਜਾਂ ਦੇ ਮੁਲਾਜ਼ਮਾਂ ਨਾਲੋਂ ਉਚੇਰੇ ਅਤੇ ਚੰਗੇ ਰਹੇ ਹਨ।

ਪਰ ਹੁਣ ਅਫਸੋਸ ਦੀ ਗੱਲ ਹੈ ਕਿ ਲਗਾਤਾਰ ਕਾਰਪੋਰੇਟ ਸੈਕਟਰ ਦੇ ਦਬਾਅ ਹੇਠ ਪੰਜਾਬ ਵਿੱਚ ਸਮੇਂ-ਸਮੇਂ ਦੀਆਂ ਹੁਕਮਰਾਨ ਸਰਕਾਰਾਂ ਵੱਲੋਂ ਲੋਕ, ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਨੀਤੀਆਂ ਬਹੁਤ ਤੇਜ਼ੀ ਨਾਲ ਲਾਗੂ ਕਰ ਰਹੀਆਂ ਹਨ ।ਉਦਾਹਰਨ ਦੇ ਤੌਰ 'ਤੇ ਪਹਿਲਾਂ ਮੁਲਾਜ਼ਮਾਂ ਦੀ ਭਰਤੀ ਰੈਗੂਲਰ ਅਤੇ ਵਿਭਾਗੀ ਹੁੰਦੀ ਸੀ ਅਤੇ ਕੋਈ ਪਰਖ਼ ਕਾਲ ਸਮਾਂ (ਜਿਸ ਨੂੰ ਲੁੱਟ ਦਾ ਸਮਾਂ ਵੀ ਕਿਹਾ ਜਾਂਦਾ ਹੈ) ਨਹੀਂ ਹੁੰਦਾ ਸੀ। ਫਿਰ ਇਹ ਭਰਤੀਆਂ ਦੀ ਠੇਕਾ ਆਧਾਰਤ ਅਤੇ ਸੈਂਟਰ ਸਪਾਂਸਰ ਸਕੀਮ ਤਹਿਤ ਹੋਣ ਲੱਗ ਪਈਆਂ ਅਤੇ ਸਮਾਂ ਪਾ ਕੇ ਮੁਢਲੀ ਤਨਖਾਹ ਦੇਣ ਵਾਲਾ ਪਰਖ਼ ਕਾਲ ਦਾ ਸਮਾਂ ਸ਼ੁਰੂ ਕਰ ਦਿੱਤਾ ਗਿਆ।ਪਰਖ਼ ਕਾਲ ਸਮਾਂ ਪਹਿਲਾਂ ਇੱਕ ਸਾਲ, ਫਿਰ ਦੋ ਸਾਲ ਅਤੇ ਹੁਣ ਤਿੰਨ ਸਾਲ ਸਾਲ ਚੱਲ ਰਿਹਾ ਹੈ।ਮਿਤੀ 15 ਜਨਵਰੀ 2015 ਤੋਂ ਬਾਅਦ ਸਿਰਫ ਮੁੱਢਲੀ ਤਨਖਾਹ ਤੇ ਭਰਤੀਆਂ ਹੋਣ ਲੱਗੀਆਂ ਹਨ । ਰਾਜ ਕਰਤਾ ਪਾਰਟੀ ਭਾਵੇਂ ਕਿਸੇ ਵੀ ਰਾਜਨੀਤਕ ਪਾਰਟੀ ਨਾਲ ਸਬੰਧ ਰੱਖਦੀ ਹੋਵੇ ਅਤੇ ਹੁਣ ਗੱਲ ਇਸ ਤੋਂ ਅੱਗੇ ਜਾ ਕੇ ਠੇਕੇਦਾਰਾਂ ਰਾਹੀਂ ਪੰਜਾਬ ਦੇ ਵੱਖ-ਵੱਖ ਸਰਕਾਰੀ, ਅਰਧ ਸਰਕਾਰੀ ਅਦਾਰਿਆਂ,ਬੋਰਡਾਂ ਅਤੇ ਕਾਰਪੋਰੇਸ਼ਨਾਂ ਵਿੱਚ ਆਊਟਸੋਰਸ ਰਾਹੀਂ ਬਹੁਤ ਘੱਟ ਤਨਖਾਹਾਂ 'ਤੇ ਅਤੇ ਠੇਕੇਦਾਰਾਂ ਨੂੰ ਸਿੱਧਾ ਮੁਨਾਫਾ ਦੇ ਕੇ ਮੁਲਾਜ਼ਮਾਂ ਨੂੰ ਨਿਗੂਣੀਆਂ ਤਨਖਾਹਾਂ ਦੇਣ ਦਾ ਅਮਲ ਹੁਕਮਰਾਨ ਸਰਕਾਰਾਂ ਵੱਲੋਂ ਬਹੁਤ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਅਤੇ ਵੱਖ-ਵੱਖ ਵਿਭਾਗਾਂ ਵਿੱਚ ਆਪਣੇ ਪੱਧਰ 'ਤੇ ਭਰਤੀ ਕਰਨ ਦੀ ਜ਼ਿੰਮੇਵਾਰੀ ਤੋਂ ਸਰਕਾਰਾਂ ਭੱਜ ਗਈਆਂ ਹਨ। ਇਸ ਤੋਂ ਇਲਾਵਾ ਸਿਹਤ ਵਿਭਾਗ ਵਿੱਚ ਕੰਮ ਕਰਦੀਆਂ ਆਸ਼ਾ ਵਰਕਰਾਂ, ਸਿੱਖਿਆ ਵਿਭਾਗ ਵਿੱਚ ਕੰਮ ਕਰਦੀਆਂ ਮਿਡ-ਡੇ-ਮੀਲ ਵਰਕਰਾਂ ਅਤੇ ਸਮਾਜਿਕ ਸੁਰੱਖਿਆ ਵਿਭਾਗ ਵਿੱਚ ਕੰਮ ਕਰਦੀਆਂ ਆਂਗਣਵਾੜੀ ਵਰਕਰ ਤੇ ਹੈਲਪਰ ਨੂੰ ਹੁਕਮਰਾਨ ਸਰਕਾਰਾਂ ਸਰਕਾਰੀ ਮੁਲਾਜ਼ਮ ਮੰਨਣ ਤੋਂ ਵੀ ਇਨਕਾਰੀ ਹਨ ਅਤੇ ਸਿਰਫ ਥੋੜ੍ਹਾ ਜਿਹਾ ਮਾਣਭੱਤਾ ਦੇ ਕੇ ਵੱਡੇ ਪੱਧਰ 'ਤੇ ਨਾ ਸਾਰੇ ਸਕੀਮ ਵਰਕਰਾਂ ਦਾ ਆਰਸਿਕ ਸ਼ੋਸ਼ਣ ਕੀਤਾ ਜਾ ਰਿਹਾ ਹੈ।ਰਾਜ ਸੱਤਾ ਵਿੱਚ ਆਉਣ ਤੋਂ ਪਹਿਲਾਂ ਇਹਨਾਂ ਸਕੀਮ ਵਰਕਰਾਂ ਨਾਲ ਕੀਤੇ ਗਏ ਸਾਰੇ ਵਾਅਦੇ ਲਮਕ ਅਵਸਥਾ ਵਿੱਚ ਪਏ ਹਨ।

ਪੰਜਾਬ ਕਾਂਗਰਸ ਦੇ ਰਾਜ ਭਾਗ ਦੇ ਸਾਲ 2017-2022 ਦੇ ਸਮੇਂ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਅਤੇ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਕਾਰਨ ਮਿਤੀ 17 ਜੁਲਾਈ 2020 ਤੋਂ ਬਾਅਦ ਭਰਤੀ ਹੋਣ ਵਾਲੇ ਸਾਰੇ ਮੁਲਾਜ਼ਮਾਂ ਲਈ ਪੰਜਾਬ ਦੇ ਤਨਖਾਹ ਸਕੇਲ ਦੇਣ ਦੀ ਬਜਾਏ ਇਹਨਾਂ ਮੁਲਾਜ਼ਮਾਂ ਨੂੰ ਕੇਂਦਰ ਸਰਕਾਰ ਦੇ ਸੱਤਵੇਂ ਤਨਖਾਹ ਕਮਿਸ਼ਨ ਵੱਲੋਂ ਦਿੱਤੀਆਂ ਜਾ ਰਹੀਆਂ ਮੁੱਢਲੀਆਂ ਤਨਖਾਹਾਂ ਨਾਲ ਨੂੜ ਦਿੱਤਾ ਗਿਆ।ਇਸ ਦੇ ਖਿਲਾਫ ਲਗਾਤਾਰ ਸੰਘਰਸ਼ ਵੀ ਹੋਏ ਅਤੇ ਕੁਝ ਲੋਕਾਂ ਨੂੰ ਹੱਕ-ਸੱਚ ਅਤੇ ਇਨਸਾਫ ਦੀ ਪ੍ਰਾਪਤੀ ਲਈ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਦਰਵਾਜ਼ਾ ਖੜਕਾਉਣ ਲਈ ਮਜਬੂਰ ਹੋਣਾ ਪਿਆ ।ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਮੁਲਾਜ਼ਮਾਂ ਦੇ ਹੱਕ ਵਿੱਚ ਕੀਤੇ ਫੈਸਲਿਆਂ ਨੂੰ ਮੌਜੂਦਾ ਪੰਜਾਬ ਸਰਕਾਰ ਵੱਲੋਂ ਮੁਲਾਜ਼ਮ ਵਿਰੋਧੀ ਵਤੀਰਾ ਅਪਨਾਉਂਦੇ ਹੋਏ ਪੰਜਾਬ ਸਰਕਾਰ ਨੇ ਮਾਣਯੋਗ ਸਰਵ ਉੱਚ ਅਦਾਲਤ ਵਿੱਚ ਸਪੈਸ਼ਲ ਲੀਵ ਪਟੀਸ਼ਨਾਂ ਪਾ ਕੇ ਚੈਲੰਜ ਕਰ ਦਿੱਤਾ। ਉੱਚ ਅਦਾਲਤ ਵੱਲੋਂ ਮੁਲਾਜ਼ਮਾਂ ਦੇ ਹੱਕ ਵਿੱਚ ਮਿਤੀ 13 ਸਤੰਬਰ 2024 ਨੂੰ ਸਿੰਗਲ ਜੱਜ ਸਾਹਿਬਾਨ , ਮਿਤੀ 10 ਦਸੰਬਰ 2024 ਨੂੰ ਮਾਣਯੋਗ ਅਦਾਲਤ ਦੇ ਡਬਲ ਬੈਂਚ ਵੱਲੋਂ ਸੁਪਰੀਮ ਕੋਰਟ ਵੱਲੋਂ ਮਿਤੀ 20 ਜਨਵਰੀ 2025 ਨੂੰ ਮੁਲਾਜ਼ਮਾਂ ਦੇ ਹੱਕ ਵਿੱਚ ਕੀਤੇ ਗਏ ਅਤੇ ਪੰਜਾਬ ਸਰਕਾਰ ਦੁਆਰਾ ਪਾਈਆਂ ਗਈਆਂ ਸਪੈਸ਼ਲ ਲੀਵ ਪਟੀਸ਼ਨ ਅਤੇ ਰਿਵਿਊ ਪਟੀਸ਼ਨਾਂ ਨੂੰ ਵੀ ਖਾਰਜ ਕਰ ਦਿੱਤਾ ਗਿਆ ਅਤੇ ਮੁਲਾਜ਼ਮਾਂ ਦੇ ਹੱਕ ਵਿੱਚ ਫੈਸਲੇ ਦਿੱਤੇ ਗਏ ਸਨ ।ਅਦਾਲਤਾਂ ਦੇ ਇਹਨਾਂ ਫੈਸਲਿਆਂ ਦੇ ਬਾਵਜੂਦ ਪੰਜਾਬ ਦੇ ਵੱਖ-ਵੱਖ ਵਿਭਾਗਾਂ ਨੇ ਮੁੱਖ ਸਕੱਤਰ ਪੰਜਾਬ ਸਰਕਾਰ ਵੱਲੋਂ ਮਿਤੀ 28 ਜਨਵਰੀ ਨੂੰ ਉੱਚ ਅਧਿਕਾਰੀਆਂ ਦੀ ਕੀਤੀ ਮੀਟਿੰਗ ਵਿੱਚ ਕਈ ਹਦਾਇਤਾਂ ਜਾਰੀ ਕੀਤੀਆਂ ਗਈਆਂ, ਜਿਸ ਦੀ ਪਾਲਣਾ ਕਰਦੇ ਹੋਏ ਲਗਭਗ ਸਾਰੇ ਮਹਿਕਮੇ ਆਪਣੇ ਵਿਭਾਗੀ ਨਿਯਮਾਂ ਵਿੱਚ ਤਬਦੀਲੀ ਕਰ ਰਹੇ ਹਨ।ਸਿੱਖਿਆ ਵਿਭਾਗ ਪੰਜਾਬ ਸਭ ਤੋਂ ਮੋਹਰੀ ਹੋ ਕੇ ਚੱਲ ਰਿਹਾ ਹੈ।ਸਿੱਖਿਆ ਵਿਭਾਗ ਪੰਜਾਬ ਸਰਕਾਰ ਨੇ 12 ਜੂਨ ਨੂੰ ਮਾਣਯੋਗ ਉੱਚ ਅਦਾਲਤ ਅਤੇ ਮਾਣਯੋਗ ਸਰਵ-ਉੱਚ ਅਦਾਲਤ ਵੱਲੋਂ ਕੀਤੇ ਗਏ ਫੈਸਲਿਆਂ ਦੀ ਸਰਾਸਰ ਉਲੰਘਣਾ ਕਰਦੇ ਹੋਏ ਇਹ ਨਿਯਮ ਮਿਤੀ 17 ਜੁਲਾਈ 2020 ਤੋਂ ਲਾਗੂ ਕਰ ਦਿੱਤੇ ਗਏ ਹਨ।(ਵਰਨਣਯੋਗ ਹੈ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ 17 ਜੁਲਾਈ 2020 ਤੋਂ ਬਾਅਦ ਭਰਤੀ ਹੋਣ ਵਾਲੇ ਮੁਲਾਜ਼ਮਾਂ ਉੱਪਰ ਪੰਜਾਬ ਸਰਕਾਰ ਵੱਲੋਂ ਲਾਗੂ ਕਰਨ ਦੇ ਵਿਰੁੱਧ ਜੱਜਮੈਂਟ ਦੇ ਚੁੱਕੀ ਹੈ ਅਤੇ ਸਰਕਾਰ ਨੂੰ ਹਾਰ ਦਾ ਮੂੰਹ ਦੇਖਣਾ ਪਿਆ) ਇਹ ਨਿਯਮ ਜਾਰੀ ਹੋਣ ਨਾਲ ਪੰਜਾਬ ਦੇ ਮੁਲਾਜ਼ਮਾਂ ਦਾ ਬਹੁਤ ਵੱਡੇ ਪੱਧਰ 'ਤੇ ਵਿੱਤੀ ਨੁਕਸਾਨ ਹੋਵੇਗਾ ਅਤੇ ਪੰਜਾਬ ਦੇ ਮੁਲਾਜ਼ਮਾਂ ਦਾ ਪਿਛਲੇ ਕਈ ਦਹਾਕਿਆਂ ਤੋਂ ਵੱਖਰਾ ਤਨਖਾਹ ਕਮਿਸ਼ਨ ਹੋਣ ਦੀ ਮੰਗ ਵੀ ਖਟਾਈ ਵਿੱਚ ਪੈ ਜਾਵੇਗੀ।

ਪੰਜਾਬ ਸਰਕਾਰਾਂ ਦੇ ਭਾਵੇਂ ਰਾਜਨੀਤਕ ਤੌਰ 'ਤੇ ਕੇਂਦਰ ਸਰਕਾਰ ਨਾਲ ਲੱਖ ਮੱਤਭੇਦ ਹੋਣ, ਪਰ ਸਰਕਾਰੀ ਅਤੇ ਅਰਧ ਸਰਕਾਰੀ ਸੇਵਾਵਾਂ ਦੇ ਖੇਤਰ ਵਿੱਚ ਕੰਮ ਕਰਦੇ ਮੁਲਾਜ਼ਮਾਂ ਤੋਂ ਪੁਰਾਣੀ ਪੈਨਸ਼ਨ ਦਾ ਹੱਕ ਖੋਹ ਲਿਆ ਗਿਆ ਹੈ ਅਤੇ ਇਹ ਹੱਕ ਬਹਾਲ ਕਰਨ ਲਈ ਨਾ ਤਾਂ ਮੌਜੂਦਾ ਕੇਂਦਰੀ ਹਕੂਮਤ ਤਿਆਰ ਹੈ ਤੇ ਨਾ ਹੀ ਮੌਜੂਦਾ ਪੰਜਾਬ ਸਰਕਾਰ।ਇਹਨਾ ਮੁਲਾਜ਼ਮ ਵਿਰੋਧੀ ਨੀਤੀਆਂ ਨੂੰ ਲਾਗੂ ਕਰਨ ਪਿੱਛੇ ਸਮੁੱਚਾ ਕਾਰਪੋਰੇਟ ਸੈਕਟਰ ਖੜਾ ਹੈ, ਜਿਸ ਕੋਲ ਨਵੀਂ ਪੈਨਸ਼ਨ ਸਕੀਮ ਤਹਿਤ ਸਟੇਟ ਸ਼ੇਅਰ ਅਤੇ ਇੰਪਲਾਈਜ਼ ਸ਼ੇਅਰ ਦੇ ਨਾਂਅ 'ਤੇ ਕੀਤੀ ਜਾ ਰਹੀ ਕਰੋੜਾਂ, ਅਰਬਾਂ ਰੁਪਏ ਦੀ ਰਕਮ ਜਮਾਂ ਹੋਈ ਪਈ ਹੈ ਅਤੇ ਸਮੁੱਚਾ ਕਾਰਪੋਰੇਟ ਸੈਕਟਰ ਕਿਸੇ ਵੀ ਹਾਲਤ ਦੇ ਵਿੱਚ ਇਸ ਰਕਮ ਨੂੰ ਵਾਪਸ ਕਰਨ ਲਈ ਤਿਆਰ ਨਹੀਂ ਹੈ। ਇਹਨਾਂ ਪ੍ਰਸਥਿਤੀਆਂ ਦੇ ਕਾਰਨ ਕਾਰਪੋਰੇਟ ਸੈਕਟਰ ਦੇ ਦਬਾਅ ਹੇਠ ਕੇਂਦਰ ਅਤੇ ਰਾਜਾਂ ਵਿੱਚ ਹਕੂਮਤ ਕਰਦੀਆਂ ਸਰਕਾਰਾਂ ਪਿਛਲੇ ਕਾਫੀ ਸਾਲਾਂ ਤੋਂ ਮੁਲਾਜ਼ਮ ਸੰਘਰਸ਼ਾਂ ਰਾਹੀ ਕੀਤੀਆਂ ਗਈਆਂ ਪ੍ਰਾਪਤੀਆਂ ਨੂੰ ਪੱਕੇ ਤੌਰ 'ਤੇ ਖੋਹਣ ਲਈ ਪੁੱਠਾ ਗੇੜਾ ਦੇ ਰਹੀਆਂ ਹਨ।ਇਸ ਕਰਕੇ ਸਾਰੇ ਮੁਲਾਜ਼ਮ ਵਰਗ ਦਾ ਇਕੱਠੇ ਹੋ ਕੇ ਤਿੱਖਾ ਸੰਘਰਸ਼ ਕਰਨਾ ਸਮੇਂ ਦੀ ਮੁੱਖ ਲੋੜ ਬਣ ਗਿਆ ਹੈ।

**# ਸੰਪਰਕ : 95010-30593**

CMYK

1-JULY-PAGE-5.qxd 6/30/2025 10:44 PM Page 1



# ਬੀ ਐੱਡ ਟੈਟ ਪਾਸ ਬੇਰੁਜ਼ਗਾਰ ਅਧਿਆਪਕਾਂ ਵੱਲੋਂ ਪੱਕੀ ਭਰਤੀ ਲਈ ਨੈਸ਼ਨਲ ਹਾਈਵੇ ਜਾਮ

## ਵਿਧਾਇਕ ਸਵਨਾ ਵੱਲੋਂ ਸਿੱਖਿਆ ਮੰਤਰੀ ਨਾਲ ਮੀਟਿੰਗ ਕਰਵਾਉਣ ਦੇ ਵਿਸ਼ਵਾਸ 'ਤੇ ਧਰਨਾ ਸਮਾਪਤ



**ਫ਼ਾਜ਼ਿਲਕਾ (ਪਰਮਜੀਤ ਢਾਬਾਂ)**

ਫਾਜ਼ਿਲਕਾ ਪੁਲਸ ਪ੍ਰਸ਼ਾਸਨ ਨੂੰ ਉਸ ਵੇਲੇ ਹੱਥਾਂ ਪੈਰਾਂ ਦੀ ਪੈ ਗਈ, ਜਦੋਂ ਪੰਜਾਬ ਭਰ ਤੋਂ ਆਏ ਬੀ ਐੱਡ ਟੈਟ ਪਾਸ ਬੇਰੁਜ਼ਗਾਰ ਅਧਿਆਪਕਾਂ ਨੇ ਨੈਸ਼ਨਲ ਹਾਈਵੇ ਜਾਮ ਕਰਕੇ ਪੂਰੀ ਆਵਾਜਾਈ ਠੱਪ ਕਰ ਦਿੱਤੀ।ਬੇਰੁਜ਼ਗਾਰ ਅਧਿਆਪਕ ਆਪਣੀਆਂ ਹੱਕੀ ਮੰਗਾਂ ਮਨਵਾਉਣ ਲਈ ਸਥਾਨਕ ਦਾਣਾ ਮੰਡੀ ਵਿਖੇ ਇਕੱਠੇ ਹੋਏ ਤੇ ਉਥੋਂ ਮਾਰਚ ਕਰਦੇ ਹੋਏ ਰੇਲਵੇ ਫਲਾਈ ਓਵਰ 'ਤੇ ਧਰਨਾ ਲਗਾ ਕੇ ਮੁਕੰਮਲ ਤੌਰ 'ਤੇ ਜਾਮ ਕਰ ਦਿੱਤਾ।ਇਸ ਧਰਨੇ ਵਿੱਚ ਪੰਜਾਬ ਭਰ ਤੋਂ ਸੈਂਕੜਿਆਂ ਦੀ ਗਿਣਤੀ ਵਿੱਚ ਬੇਰੁਜ਼ਗਾਰ ਅਧਿਆਪਕ ਪਹੁੰਚੇ ਹੋਏ ਸਨ।

ਬੇਰੁਜ਼ਗਾਰ ਬੀ ਐੱਡ ਟੈਟ ਪਾਸ ਯੂਨੀਅਨ ਦੇ ਨੁਮਾਇੰਦਿਆਂ ਨੇ ਮੀਡੀਆ ਨਾਲ ਗੱਲਬਾਤ ਦੌਰਾਨ ਮੰਗ ਕਰਦਿਆਂ ਕਿਹਾ ਕਿ ਸਰਕਾਰ ਮਾਸਟਰ ਕੇਡਰ ਦੇ ਸਾਰੇ ਵਿਸ਼ਿਆਂ ਦੀਆਂ 15000 ਅਸਾਮੀਆਂ ਦੀ ਭਰਤੀ ਦਾ ਇਸ਼ਤਿਹਾਰ ਜਾਰੀ ਕਰੇ ਅਤੇ 55 ਫੀਸਦੀ ਸ਼ਰਤ ਰੱਦ ਕੀਤੀ ਜਾਵੇ ਅਤੇ ਲੈਕਚਰਾਰ ਦੇ ਸਾਰੇ ਵਿਸ਼ਿਆਂ ਦੀ ਭਰਤੀ ਦਾ ਇਸ਼ਤਿਹਾਰ ਜਾਰੀ ਕਰਕੇ ਉਮਰ ਹੱਦ ਵਿੱਚ ਵਾਧਾ ਕੀਤਾ ਜਾਵੇ।ਬੇਰੁਜ਼ਗਾਰ ਅਧਿਆਪਕ ਯੂਨੀਅਨ ਦੇ ਸੂਬਾ ਪ੍ਰਧਾਨ ਜਸਵੰਤ ਘੁਬਾਇਆ ਨੇ ਦੋਸ਼ ਲਾਉਂਦਿਆਂ ਕਿਹਾ ਕਿ ਸਿੱਖਿਆ ਮੰਤਰੀ ਤੇ ਸਿੱਖਿਆ ਵਿਭਾਗ ਨੇ ਉਨ੍ਹਾਂ ਨਾਲ ਮੀਟਿੰਗ ਕਰਨ ਲਈ ਕਈ ਵਾਅਦੇ ਕੀਤੇ, ਪ੍ਰੰਤੂ ਮੀਟਿੰਗ 'ਤੇ ਜਾਣ ਉਪਰੰਤ ਤੁਰੰਤ ਵਾਅਦੇ ਤੋਂ ਮੁੱਕਰ ਗਏ। ਦੂਜੇ ਪਾਸੇ ਫ਼ਾਜ਼ਿਲਕਾ ਦੇ ਵਿਧਾਇਕ ਨਰਿੰਦਰ ਪਾਲ ਸਵਨਾ ਨੇ ਧਰਨੇ ਵਿੱਚ ਪਹੁੰਚ ਕੇ ਬੇਰੁਜ਼ਗਾਰ ਅਧਿਆਪਕਾਂ ਦੇ ਨੁਮਾਇੰਦਿਆਂ ਨਾਲ ਗੱਲਬਾਤ ਕੀਤੀ।

ਉਨ੍ਹਾਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਫੋਨ 'ਤੇ ਗੱਲ ਕਰ ਕੇ ਆਉਣ ਵਾਲੇ ਮੰਗਲਵਾਰ ਨੂੰ ਯੂਨੀਅਨ ਦੇ ਨਾਲ ਮੀਟਿੰਗ ਤੇ ਗੱਲਬਾਤ ਦਾ ਸਮਾਂ ਦੁਆ ਕੇ ਇਸ ਧਰਨੇ ਨੂੰ ਸਮਾਪਤ ਕਰਵਾਉਣ ਦੀ ਅਪੀਲ ਕੀਤੀ।ਦੂਜੇ ਪਾਸੇ ਵਿਧਾਇਕ ਨਰਿੰਦਰ ਪਾਲ ਸਵਨਾ ਦੇ ਵਿਸ਼ਵਾਸ ਦਿਵਾਉਣ 'ਤੇ ਆਗੂਆਂ ਨੇ ਇਹ ਚਿਤਾਵਨੀ ਦਿੰਦਿਆਂ ਧਰਨਾ ਸਮਾਪਤ ਕੀਤਾ ਕਿ ਜੇਕਰ ਆਉਣ ਵਾਲੇ ਮੰਗਲਵਾਰ ਉਨ੍ਹਾਂ ਦੀ ਮੀਟਿੰਗ ਨਹੀਂ ਕਰਵਾਈ ਜਾਂਦੀ ਜਾਂ ਉਨ੍ਹਾਂ ਦਾ ਕੋਈ ਹੱਲ ਨਹੀਂ ਕੀਤਾ ਜਾਂਦਾ ਤਾਂ ਬੁੱਧਵਾਰ ਨੂੰ ਉਨ੍ਹਾਂ ਵੱਲੋਂ ਇਸੇ ਤਰ੍ਹਾਂ ਨੈਸ਼ਨਲ ਹਾਈਵੇ ਜਾਮ ਕਰ ਵੱਡੇ ਪੱਧਰ 'ਤੇ ਰੋਸ ਧਰਨਾ ਦਿੱਤਾ ਜਾਵੇਗਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਕਿਸਾਨ ਯੂਨੀਅਨ ਡਕੌਂਦਾ ਦੇ ਸੂਬਾ ਆਗੂ ਗੁਰਮੀਤ ਮਹਿਮਾ, ਸਰਬ ਭਾਰਤ ਨੌਜਵਾਨ ਸਭਾ ਦੇ ਸਾਬਕਾ ਸੂਬਾ ਪ੍ਰਧਾਨ ਐਡਵੋਕੇਟ ਪਰਮਜੀਤ ਢਾਬਾਂ, ਕੁਲਦੀਪ ਸਿੰਘ, ਹਰਪ੍ਰੀਤ, ਸਬੀਨਾ, ਵੀਨੂੰ, ਪ੍ਰੇਮ, ਅਜੇ, ਸੰਦੀਪ, ਸੀਮਾ, ਗੁਰਮੀਤ, ਭੁਪਿੰਦਰ, ਬੂਟਾ, ਬਲਜੀਤ, ਹਰਦੀਪ ਫਾਜ਼ਿਲਕਾ, ਨਰਿੰਦਰ ਅਬੋਹਰ, ਮੋਨੂੰ, ਨਛਤਰ ਸਿੰਘ ਨੇ ਵੀ ਸੰਬੋਧਨ ਕੀਤਾ।

# ਬੀ ਕੇ ਯੂ ਵੱਲੋਂ ਚਿੱਪ ਵਾਲੇ ਮੀਟਰਾਂ ਦਾ ਵਿਰੋਧ, ਮੰਗ ਪੱਤਰ ਸੌਂਪਿਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ (ਸਿੱਧੂਪੁਰ) ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਨੇ ਡੀ. ਸੀ. ਰਾਹੀਂ ਮੁੱਖ ਮੰਤਰੀ ਪੰਜਾਬ ਨੂੰ ਮੰਗ ਪੱਤਰ ਸੌਂਪਿਆ। ਇਸ ਵਿੱਚ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਲਗਾਏ ਜਾ ਰਹੇ ਚਿੱਪ ਵਾਲੇ ਬਿਜਲੀ ਮੀਟਰਾਂ 'ਤੇ ਰੋਕ ਦੀ ਮੰਗ ਕੀਤੀ ਗਈ। ਜਥੇਬੰਦੀ ਮੁਤਾਬਿਕ ਇਹ ਮੀਟਰ ਗਰੀਬ ਖਪਤਕਾਰਾਂ 'ਤੇ ਵਾਧੂ ਬੋਝ ਪਾਉਂਦੇ ਹਨ ਤੇ ਕਿਸਾਨ ਅੰਦੋਲਨ ਦੌਰਾਨ ਕੇਂਦਰ ਸਰਕਾਰ ਦੇ ਵਾਅਦੇ ਦੀ ਉਲੰਘਣਾ ਹਨ। ਜਥੇਬੰਦੀ ਨੇ ਮੀਟਰ ਲਗਾਉਣ ਦੀ ਜ਼ਬਰਦਸਤੀ ਤੇ ਕਰਮਚਾਰੀਆਂ ਦੇ ਰੁਜ਼ਗਾਰ ਖੋਹਣ ਦੀ ਨੀਤੀ ਦਾ ਵਿਰੋਧ ਕੀਤਾ। ਭਾਰਤੀ ਕਿਸਾਨ ਯੂਨੀਅਨ ਏਕਤਾ (ਸਿੱਧੂਪੁਰ) ਨੇ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐੱਸ.ਪੀ.ਸੀ.ਐੱਲ.) ਵੱਲੋਂ ਪੰਜਾਬ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਲਗਾਏ ਜਾ ਰਹੇ ਚਿੱਪ ਵਾਲੇ ਬਿਜਲੀ ਮੀਟਰਾਂ ਦਾ ਸਖ਼ਤ ਵਿਰੋਧ ਕੀਤਾ ਹੈ। ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਦੀ ਅਗਵਾਈ ਵਿੱਚ ਜਥੇਬੰਦੀ ਨੇ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਰਾਹੀਂ ਮੁੱਖ ਮੰਤਰੀ ਪੰਜਾਬ ਨੂੰ ਮੰਗ ਪੱਤਰ ਸੌਂਪਿਆ, ਜਿਸ ਵਿੱਚ ਇਨ੍ਹਾਂ ਮੀਟਰਾਂ 'ਤੇ ਰੋਕ ਲਗਾਉਣ ਦੀ ਮੰਗ ਕੀਤੀ ਗਈ। ਜਥੇਬੰਦੀ ਨੇ ਦੱਸਿਆ ਕਿ ਜੇਕਰ ਕੋਈ ਪੁਰਾਣਾ ਮੀਟਰ ਖਰਾਬ ਹੋ ਜਾਂਦਾ ਹੈ ਜਾਂ ਟਰਾਂਸਫਰ ਕੀਤਾ ਜਾਂਦਾ ਹੈ, ਤਾਂ ਖਪਤਕਾਰ ਨੂੰ ਜ਼ਬਰਦਸਤੀ ਚਿੱਪ ਵਾਲਾ ਮੀਟਰ ਲਗਾਉਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਇਸ ਨਾਲ ਨਾ ਸਿਰਫ਼ ਖਪਤਕਾਰਾਂ 'ਤੇ ਵਿੱਤੀ ਬੋਝ ਵਧ ਰਿਹਾ ਹੈ, ਸਗੋਂ ਬਿਜਲੀ ਵਿਭਾਗ ਦੇ ਮੀਟਰ ਰੀਡਰਾਂ ਤੇ ਹੋਰ ਕਰਮਚਾਰੀਆਂ ਦੇ ਰੁਜ਼ਗਾਰ ਨੂੰ ਵੀ ਖਤਰਾ ਪੈਦਾ ਹੋ ਰਿਹਾ ਹੈ। ਚਿੱਪ ਵਾਲੇ ਮੀਟਰ ਮੋਬਾਇਲ ਰੀਚਾਰਜ ਵਰਗੀ ਪ੍ਰੀ-ਪੇਡ ਵਿਵਸਥਾ 'ਤੇ ਕੰਮ ਕਰਦੇ ਹਨ, ਜਿਸ ਨਾਲ ਖਪਤਕਾਰਾਂ ਨੂੰ ਪਹਿਲਾਂ ਹੀ ਪੈਸੇ ਜਮ੍ਹਾਂ ਕਰਨੇ ਪੈਂਦੇ ਹਨ। ਇਹ ਵਿਵਸਥਾ ਖਾਸ ਤੌਰ 'ਤੇ ਪਿੰਡਾਂ ਦੇ ਗਰੀਬ ਪਰਿਵਾਰਾਂ ਤੇ ਸ਼ਹਿਰੀ ਛੋਟੇ ਵਪਾਰੀਆਂ ਲਈ ਮੁਸ਼ਕਲ ਬਣ ਸਕਦੀ ਹੈ। ਜਥੇਬੰਦੀ ਨੇ ਸਪੱਸ਼ਟ ਕੀਤਾ ਕਿ ਉਹ ਇਸ ਨੀਤੀ ਦਾ ਸਖ਼ਤ ਵਿਰੋਧ ਕਰੇਗੀ ਤੇ ਕਿਸੇ ਵੀ ਖਪਤਕਾਰ 'ਤੇ ਚਿੱਪ ਵਾਲਾ ਮੀਟਰ ਲਗਾਉਣ ਲਈ ਜੁਰਮਾਨਾ ਨਹੀਂ ਲਗਾਇਆ ਜਾਣਾ ਚਾਹੀਦਾ। ਇਸ ਮੌਕੇ ਪਰਮਜੀਤ ਸਿੰਘ ਭੁੱਲਰ, ਕਸ਼ਮੀਰ ਸਿੰਘ ਖਾਈ, ਸੁਖਵਿੰਦਰ ਸਿੰਘ, ਲੋਕ ਟਹਿਲ ਸਿੰਘ, ਗੁਰਸੇਵਕ ਸਿੰਘ, ਸੋਹਣ ਸਿੰਘ ਸਮੇਤ ਕਈ ਕਿਸਾਨ ਆਗੂ ਹਾਜ਼ਰ ਸਨ, ਜਿਨ੍ਹਾਂ ਨੇ ਸਰਕਾਰ ਨੂੰ ਇਸ ਮੁੱਦੇ 'ਤੇ ਤੁਰੰਤ ਕਾਰਵਾਈ ਕਰਨ ਦੀ ਅਪੀਲ ਕੀਤੀ।

# ਦਲਿਤਾਂ 'ਤੇ ਹੋ ਰਹੇ ਅੱਤਿਆਚਾਰਾਂ ਖਿਲਾਫ ਤੁਰੰਤ ਕਾਰਵਾਈ ਕੀਤੀ ਜਾਵੇ : ਸੀ ਪੀ ਆਈ

## ਅਨੁਸੂਚਿਤ ਜਾਤੀਆਂ ਕਮਿਸ਼ਨ ਕੋਲ ਪਹੁੰਚ ਕੇ ਕੀਤੀ ਮੰਗ



**ਲੁਧਿਆਣਾ (ਐੱਮ ਐੱਸ ਭਾਟੀਆ)**-ਭਾਰਤੀ ਕਮਿਊਨਿਸਟ ਪਾਰਟੀ ਦੇ ਰਾਸ਼ਟਰੀ ਸਕੱਤਰੇਤ ਨੇ ਬਿਆਨ ਜਾਰੀ ਕਰਕੇ ਕਿਹਾ ਹੈ ਕਿ ਪਾਰਟੀ ਦੇ ਜਨਰਲ ਸਕੱਤਰ ਡੀ. ਰਾਜਾ ਤੇ ਰਾਸ਼ਟਰੀ ਸਕੱਤਰ ਰਾਮ ਕ੍ਰਿਸ਼ਨ ਪਾਂਡਾ ਦੇ ਨਾਲ, ਅੱਜ ਰਾਸ਼ਟਰੀ ਅਨੁਸੂਚਿਤ ਜਾਤੀਆਂ ਕਮਿਸ਼ਨ (ਐੱਨ ਸੀ ਐੱਸ ਸੀ) ਦੇ ਚੇਅਰਪਰਸਨ ਸ੍ਰੀ ਕਿਸ਼ੋਰ ਮਕਵਾਨਾ ਨੂੰ ਮਿਲੇ ਤੇ ਦੇਸ਼ ਭਰ ਵਿੱਚ ਜਾਤੀ-ਅਧਾਰਤ ਅੱਤਿਆਚਾਰਾਂ ਦੀ ਵੱਧ ਰਹੀ ਲਹਿਰ ਦੇ ਜਵਾਬ ਵਿੱਚ ਤੁਰੰਤ ਕਾਰਵਾਈ ਦੀ ਮੰਗ ਕਰਦੇ ਹੋਏ ਇੱਕ ਮੰਗ ਪੱਤਰ ਸੌਂਪਿਆ।ਉਨ੍ਹਾਂ ਓਡੀਸ਼ਾ ਦੇ ਗੰਜਮ ਜ਼ਿਲ੍ਹੇ ਦੇ ਧਾਰਕੋਟ ਬਲਾਕ ਵਿੱਚ ਵਾਪਰੀ ਭਿਆਨਕ ਘਟਨਾ ਵੱਲ ਵਿਸ਼ੇਸ਼ ਧਿਆਨ ਖਿੱਚਿਆ, ਜਿੱਥੇ ਦੋ ਦਲਿਤ ਪੁਰਸ਼ਾਂ ਨੂੰ ਨੰਗਾ ਕੀਤਾ ਗਿਆ, ਵਾਲ ਕੱਟ ਦਿੱਤੇ ਗਏ, ਬੇਰਹਿਮੀ ਨਾਲ ਹਮਲਾ ਕੀਤਾ ਗਿਆ ਅਤੇ ਘਾਹ ਖਾਣ ਤੇ ਨਾਲੀ ਦਾ ਪਾਣੀ ਪੀਣ ਲਈ ਮਜਬੂਰ ਕੀਤਾ ਗਿਆ, ਇਹ ਇੱਕ ਅਣਮਨੁੱਖੀ ਕਾਰਵਾਈ, ਜਿਸ ਦਾ ਉਦੇਸ਼ ਪੂਰੇ ਭਾਈਚਾਰੇ ਨੂੰ ਨੀਵਾਂ ਦਿਖਾਣਾ ਤੇ ਡਰਾਉਣਾ ਹੈ।

ਸੀ ਪੀ ਆਈ ਨੇ ਕਿਹਾ ਕਿ ਇਹ ਕੋਈ ਇਕੱਲੀ ਘਟਨਾ ਨਹੀਂ ਹੈ, ਸਗੋਂ ਦੇਸ਼ ਭਰ ਵਿੱਚ ਜਾਤੀ-ਅਧਾਰਤ ਹਿੰਸਾ ਦੇ ਵਧ ਰਹੇ ਰੁਝਾਨ ਦਾ ਹਿੱਸਾ ਹੈ।ਪਾਰਟੀ ਨੇ ਉੱਤਰ ਪ੍ਰਦੇਸ਼ ਵਿੱਚ ਹਾਲ ਹੀ ਦੇ ਮਾਮਲਿਆਂ ਵੱਲ ਇਸ਼ਾਰਾ ਕੀਤਾ, ਜਿਸ ਵਿੱਚ ਇਟਾਵਾ ਵਿੱਚ ਇੱਕ ਦਲਿਤ ਦਾ ਜਨਤਕ ਅਪਮਾਨ, ਬੁਲੰਦ ਸ਼ਹਿਰ ਵਿੱਚ ਇੱਕ ਐਸਯੂਵੀ ਦੁਆਰਾ ਇੱਕ ਦਲਿਤ ਅੰਡਰ ਨੂੰ ਜਾਣਬੁੱਝ ਕੇ ਕੁਚਲਿਆ ਜਾਣਾ, ਮੇਰਠ ਵਿੱਚ ਇੱਕ ਵਿਆਹ ਦੇ ਜਲੂਸ ਦੌਰਾਨ ਹਿੰਸਕ ਹਮਲੇ ਤੇ ਬਲੀਆ ਵਿੱਚ ਜਾਤੀਵਾਦੀ ਹਮਲੇ ਸ਼ਾਮਲ ਹਨ, ਜੋ ਦਲਿਤ ਭਾਈਚਾਰਿਆਂ ਦੀ ਰੱਖਿਆ ਕਰਨ ਵਿੱਚ ਇੱਕ ਪ੍ਰਣਾਲੀਗਤ ਅਸਫਲਤਾ ਦੇ ਸਪੱਸ਼ਟ ਸੰਕੇਤ ਹਨ। ਸੀ ਪੀ ਆਈ ਨੇ ਵਿਆਪਕ ਸਜ਼ਾ ਤੋਂ ਛੋਟ ਤੇ ਸੰਸਥਾਵਾਂ ਦੁਆਰਾ ਐੱਸ.ਸੀ/ਐੱਸ ਟੀ (ਅੱਤਿਆਚਾਰ ਰੋਕਥਾਮ) ਐਕਟ ਨੂੰ ਲੋੜੀਂਦੀ ਗੰਭੀਰਤਾ ਨਾਲ ਲਾਗੂ ਕਰਨ ਵਿੱਚ ਅਸਫਲਤਾ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ।ਸੀ ਪੀ ਆਈ ਨੇ ਮੰਗ ਕੀਤੀ ਕਿ ਕਮਿਸ਼ਨ ਗੰਜਮ ਮਾਮਲੇ ਵਿੱਚ ਕਾਨੂੰਨ ਦੇ ਸੰਬੰਧਤ ਉਪਬੰਧਾਂ ਦੇ ਤਹਿਤ ਤੁਰੰਤ ਕਾਨੂੰਨੀ ਕਾਰਵਾਈ ਯਕੀਨੀ ਬਣਾਏ, ਪੀੜਤਾਂ ਨੂੰ ਮੁਆਵਜ਼ਾ ਤੇ ਸੁਰੱਖਿਆ ਪ੍ਰਦਾਨ ਕਰੇ ਅਤੇ ਨਿਆਂ ਮਿਲਣ ਤੱਕ ਜਾਂਚ ਦੀ ਨਿਗਰਾਨੀ ਕਰੇ।ਪਾਰਟੀ ਨੇ ਐੱਨ ਸੀ ਐੱਸ ਸੀ ਨੂੰ ਪ੍ਰਭਾਵਿਤ ਖੇਤਰਾਂ ਦੇ ਖੇਤਰੀ ਦੌਰੇ ਕਰਨ, ਪੀੜਤਾਂ ਤੇ ਗਵਾਹਾਂ ਦੀ ਸੁਰੱਖਿਆ ਕਰਨ ਅਤੇ ਦੇਸ਼ ਭਰ ਵਿੱਚ ਡੂੰਘੀਆਂ ਜੜ੍ਹਾਂ ਵਾਲੀ ਜਾਤੀ ਹਿੰਸਾ ਨੂੰ ਹੱਲ ਕਰਨ ਲਈ ਢਾਂਚਾਗਤ ਸੁਧਾਰਾਂ ਦੀ ਸਿਫਾਰਸ਼ ਕਰਨ ਦੀ ਵੀ ਅਪੀਲ ਕੀਤੀ।ਇਨ੍ਹਾਂ ਵਿੱਚ ਸਮਾਂ-ਸੀਮਾ ਵਾਲੇ ਮੁਕੱਦਮੇ, ਪੁਲਸ ਤੇ ਪ੍ਰਸ਼ਾਸਨ ਲਈ ਜਾਤੀ-ਸੰਵੇਦਨਸ਼ੀਲਤਾ ਸਿਖਲਾਈ ਅਤੇ ਬਜਟ ਤੇ ਸੰਸਥਾਗਤ ਸਹਾਇਤਾ ਦੁਆਰਾ ਸਮਰਥਤ ਮਜ਼ਬੂਤ ? ਲਾਗੂ ਕਰਨ ਵਾਲੇ ਢੰਗ ਸ਼ਾਮਲ ਹਨ।

ਚੇਅਰਪਰਸਨ ਸ੍ਰੀ ਕਿਸ਼ੋਰ ਮਕਵਾਨਾ ਨੇ ਸੀ ਪੀ ਆਈ ਦੀ ਆਗੂਆਂ ਨੂੰ ਗੰਜਮ ਘਟਨਾ ਦੀ ਜਲਦੀ ਜਾਂਚ ਤੇ ਕਮਿਸ਼ਨ ਵੱਲੋਂ ਢੁੱਕਵੀਂ ਕਾਰਵਾਈ ਦਾ ਭਰੋਸਾ ਦਿੱਤਾ।ਸੀ ਪੀ ਆਈ ਨੇ ਭਾਰਤ ਭਰ ਵਿੱਚ ਦਲਿਤ ਭਾਈਚਾਰਿਆਂ ਦੇ ਨਾਲ ਖੜ੍ਹੇ ਹੋਣ ਦੀ ਆਪਣੀ ਦ੍ਰਿੜ੍ਹ ਵਚਨਬੱਧਤਾ ਦੀ ਪੁਸ਼ਟੀ ਕੀਤੀ ਤੇ ਸਾਰੀਆਂ ਸੰਵਿਧਾਨਕ ਸੰਸਥਾਵਾਂ ਨੂੰ ਜਾਤੀ ਹਿੰਸਾ ਨੂੰ ਸਮਰੱਥ ਬਣਾਉਣ ਤੇ ਸੰਵਿਧਾਨ ਵਿੱਚ ਦਰਜ ਨਿਆਂ, ਸਮਾਨਤਾ ਤੇ ਮਾਣ ਦੇ ਸਿਧਾਂਤਾਂ ਨੂੰ ਕਮਜ਼ੋਰ ਕਰਨ ਵਾਲੀ ਸਜ਼ਾ ਤੋਂ ਬਚਣ ਦੀ ਸੰਸਕ੍ਰਿਤੀ ਨੂੰ ਖਤਮ ਕਰਨ ਲਈ ਬਿਨਾਂ ਦੇਰੀ ਕੀਤੇ ਕਾਰਵਾਈ ਕਰਨ ਦਾ ਸੱਦਾ ਦਿੱਤਾ।

## ਕਾਤਰਾਂ

### 17 ਗ੍ਰਾਮ ਹੈਰੋਇਨ ਸਮੇਤ 3 ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੇ ਵੱਖ ਵੱਖ ਥਾਵਾਂ ਤੋਂ ਗਸ਼ਤ ਤੇ ਚੈਕਿੰਗ ਦੌਰਾਨ 17 ਗ੍ਰਾਮ ਹੈਰੋਇਨ ਸਮੇਤ 3 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਦੇ ਇੰਸਪੈਕਟਰ ਜਤਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਟੀ.ਬੀ. ਹਸਪਤਾਲ ਦੀ ਬੈਕਸਾਈਡ ਪੁੱਜੀ ਤਾਂ ਸੜਕ ਦੇ ਸੱਜੇ ਪਾਸੇ ਪਏ ਖਾਲੀ ਪਲਾਟ ਵਿੱਚ ਕੰਧ ਕੋਲ ਸ਼ੱਕ ਦੀ ਬਿਨਾਅ 'ਤੇ ਬਿੱਟੂ ਪੁੱਤਰ ਰਾਜੂ ਵਾਸੀ ਬਸਤੀ ਸ਼ੇਖਾਂ ਵਾਲੀ ਫਿਰੋਜ਼ਪੁਰ ਸ਼ਹਿਰ ਨੂੰ ਕਾਬੂ ਕਰਕੇ ਉਸ ਪਾਸੋਂ ਸਮੇਤ ਪਾਰਦਰਸ਼ੀ ਲਿਫਾਫਾ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਸਦਰ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਦੌਰਾਨ ਮੁਖਬਰੀ ਮਿਲਣ 'ਤੇ ਸੌਰਵ ਪੁੱਤਰ ਰਾਜ ਕੁਮਾਰ ਵਾਸੀ ਖਾਟੂ ਜੀ ਮੰਦਰ ਵਾਲੀ ਗਲੀ ਨੇੜੇ ਸਬਜ਼ੀ ਮੰਡੀ ਫਿਰੋਜ਼ਪੁਰ ਕੈਂਟ ਨੂੰ ਸੀ ਆਰ ਪੀ ਗਰਾਊਂਡ ਬੈਕਸਾਈਡ ਥਾਣਾ ਸਦਰ ਫਿਰੋਜ਼ਪੁਰ ਸਾਹਮਣੇ ਬਿਜਲੀ ਘਰ ਦੇ ਦਫਤਰ ਪਾਸ 9 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਕੇ ਗ੍ਰਿਫਤਾਰ ਕੀਤਾ ਗਿਆ। ਉਧਰ ਥਾਣਾ ਆਰਿਫ ਕੇ ਪੁਲਸ ਦੇ ਸਹਾਇਕ ਥਾਣੇਦਾਰ ਨਿਰਮਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਨੇ ਗਸ਼ਤ ਦੌਰਾਨ ਅਜੀਤ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਰੁਕਨਾ ਮੂੰਗਲਾ ਨੂੰ ਸ਼ੱਕ ਦੀ ਬਿਨਾਅ 'ਤੇ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ 5 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ ਮਾਮਲੇ ਦਰਜ ਕਰ ਲਏ ਹਨ।

### ਕੇਂਦਰੀ ਜੇਲ੍ਹ 'ਚੋਂ 6 ਮੋਬਾਇਲ ਤੇ ਨਸ਼ੀਲੇ ਪਦਾਰਥ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਮੋਬਾਈਲ ਫੋਨ ਤੇ ਨਸ਼ੀਲੇ ਪਦਾਰਥ ਮਿਲਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਬੀਤੇ ਦਿਨ ਵੀ ਕੇਂਦਰੀ ਜੇਲ੍ਹ ਫਿਰੋਜ਼ਪੁਰ ਦੀ ਤਲਾਸ਼ੀ ਦੌਰਾਨ 6 ਮੋਬਾਈਲ ਫੋਨ, 6 ਬੀੜੀਆਂ ਤੇ 1 ਪੁੜੀ ਜਰਦਾ ਬਰਾਮਦ ਕਰਕੇ 8 ਹਵਾਲਾਤੀਆਂ ਸਮੇਤ ਇੱਕ ਅਣਪਛਾਤੇ ਵਿਅਕਤੀ ਖਿਲਾਫ ਥਾਣਾ ਸਿਟੀ ਫਿਰੋਜ਼ਪੁਰ ਵਿਖੇ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 4082 ਰਾਹੀਂ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 11 ਜੂਨ 2025 ਨੂੰ ਹਵਾਲਾਤੀ ਅਮਰਜੀਤ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਫੱਤੇਵਾਲਾ ਹਿਠਾੜ ਥਾਣਾ ਮਮਦੋਟ, ਜ਼ਿਲ੍ਹਾ ਫਿਰੋਜ਼ਪੁਰ ਕੋਲੋਂ 1 ਕੀਪੈਡ ਮੋਬਾਇਲ ਫੋਨ ਬਰਾਮਦ ਕੀਤਾ। ਪੁਲਸ ਨੇ ਦੱਸਿਆ ਕਿ ਪੱਤਰ ਨੰਬਰ 4125 ਮਿਤੀ 14 ਜੂਨ 2025 ਨੂੰ ਹਵਾਲਾਤੀ ਸੁਖਦੇਵ ਸਿੰਘ ਉਰਫ ਸੁੱਖਾ ਸਿੰਘ ਪੁੱਤਰ ਪੱਪੂ ਸਿੰਘ ਵਾਸੀ ਦੁੱਲੇ ਕੇ ਨੱਥੂ ਵਾਲਾ ਥਾਣਾ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਕੋਲੋਂ 1 ਟੱਚ ਸਕਰੀਨ ਮੋਬਾਇਲ ਫੋਨ, ਪੱਤਰ ਨੰਬਰ 4183 ਮਿਤੀ 19 ਜੂਨ 2025 ਨੂੰ ਹਵਾਲਾਤੀ ਲਵਪ੍ਰੀਤ ਸਿੰਘ ਉਰਫ ਪੁੱਤਰ ਹਰਜੀਤ ਸਿੰਘ ਵਾਸੀ ਨਵੀਂ ਆਬਾਦੀ ਅਟਾਰੀ ਥਾਣਾ ਘਰਿੰਡਾ ਜ਼ਿਲ੍ਹਾ ਅੰਮ੍ਰਿਤਸਰ ਤੇ ਹਵਾਲਾਤੀ ਪਰਮਿੰਦਰ ਸਿੰਘ ਬੇਦੀ ਪੁੱਤਰ ਸ਼ਮਸ਼ੇਰ ਸਿੰਘ ਵਾਸੀ ਗਲੀ ਨੰਬਰ 3 ਜਸਪਾਲ ਨਗਰ ਅੰਮ੍ਰਿਤਸਰ, ਰਾਜਵਿੰਦਰ ਸਿੰਘ ਉਰਫ ਫਤਿਹ ਪੁੱਤਰ ਅਵਤਾਰ ਸਿੰਘ ਵਾਸੀ ਨੇੜੇ ਵਾਟਰ ਟੈਂਕ ਪਿੰਡ ਤਾਰਾਂ ਕਲਾਂ ਥਾਣਾ ਝੰਡੇਰ, ਜ਼ਿਲ੍ਹਾ ਅੰਮ੍ਰਿਤਸਰ ਕੋਲੋਂ ਇੱਕ ਮੋਬਾਇਲ ਫੋਨ, ਹਵਾਲਾਤੀ ਸੁਖਦੀਪ ਸਿੰਘ ਪੁੱਤਰ ਹਰਦੀਪ ਸਿੰਘ ਵਾਸੀ ਨੇੜੇ ਛੱਪੜ ਵਾਲੀ ਗਲੀ ਤੇਜਾ ਖੁਰਦ ਫਤਿਹਗੜ੍ਹ ਚੂੜੀਆਂ ਜ਼ਿਲ੍ਹਾ ਗੁਰਦਾਸਪੁਰ ਕੋਲੋਂ 1 ਮੋਬਾਇਲ ਫੋਨ ਤੇ ਇੱਕ ਲਵਾਰਿਸ ਕੀਪੈਡ ਮੋਬਾਇਲ ਫੋਨ, ਪੱਤਰ ਨੰਬਰ 4198 ਮਿਤੀ 20 ਜੂਨ 2025 ਨੂੰ ਹਵਾਲਾਤੀ ਜਾਫਰ ਪੁੱਤਰ ਰੂੜ ਸਿੰਘ ਵਾਸੀ ਸ਼ੇਰਖਾਂ ਥਾਣਾ ਕੁੱਲਗੜ੍ਹੀ, ਜ਼ਿਲ੍ਹਾ ਫਿਰੋਜ਼ਪੁਰ ਕੋਲੋਂ 1 ਕੀਪੈਡ ਮੋਬਾਇਲ ਫੋਨ, ਪੱਤਰ ਨੰਬਰ 4290 ਮਿਤੀ 24 ਜੂਨ 2025 ਨੂੰ ਹਵਾਲਾਤੀ ਸੋਨੂੰ ਪੁੱਤਰ ਸੱਤਾ ਉਰਫ ਸਤਪਾਲ ਵਾਸੀ ਬੁਰਜ ਮੱਖਣ ਸਿੰਘ ਵਾਲਾ, ਫਿਰੋਜ਼ਪੁਰ ਕੋਲੋਂ 6 ਬੀੜੀਆਂ ਤੇ 1 ਪੁੜੀ ਜਰਦਾ ਬਰਾਮਦ ਹੋਇਆ।

# ਮੁੱਖ ਮੰਤਰੀ ਦੇ ਰੇਲਵੇ ਓਵਰਬ੍ਰਿਜ ਸੰਬੰਧੀ ਟਵੀਟ ਤੋਂ ਸਿਆਸਤ ਭਖੀ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸ਼ਹਿਰ ਦੇ ਐਲਸੀ 62-ਏ ਅੰਦਰਲੇ ਫਾਟਕਾਂ ਦੇ ਸਮੱਸਿਆ ਦੇ ਹੱਲ ਲਈ ਸ਼ਹਿਰ ਅੰਦਰੋਂ ਲੰਘਦੇ ਛੱਤੇ ਹੋਏ ਰਜਵਾਹੇ 'ਤੇ 54.76 ਕਰੋੜ ਦੀ ਲਾਗਤ ਨਾਲ ਓਵਰਬ੍ਰਿਜ ਬਣਾਏ ਜਾਣ ਨੂੰ ਦਿੱਤੀ ਮਨਜ਼ੂਰੀ ਸਬੰਧੀ ਟਵੀਟ ਕੀਤੇ ਜਾਣ ਤੋਂ ਤੁਰੰਤ ਬਾਅਦ ਸਿਆਸਤ ਉਸ ਸਮੇਂ ਭਖ਼ ਗਈ, ਜਦੋਂ ਸਵੇਰ ਸਮੇਂ ਹੀ ਭਾਜਪਾ ਦੇ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਧੂਰੀ ਪਹੁੰਚੇ ਤੇ ਮੁੱਖ ਮੰਤਰੀ ਦੇ ਟਵੀਟ 'ਤੇ ਕਿੰਤੂ ਕੀਤਾ।'ਆਪ' ਹਲਕਾ ਧੂਰੀ ਦੇ ਨਵ-ਨਿਯੁਕਤ ਸੰਗਠਨ ਇੰਚਾਰਜ ਦਲਵੀਰ ਸਿੰਘ ਢਿੱਲੋਂ ਕੇਂਦਰੀ ਮੰਤਰੀ ਦੀਆਂ ਟਿੱਪਣੀਆਂ ਦੇ ਜਵਾਬ ਦਿੰਦਿਆਂ ਕਿਹਾ ਕਿ ਧੂਰੀ ਸ਼ਹਿਰ ਅੰਦਰਲੇ ਬਣਨ ਵਾਲੇ ਓਵਰਬ੍ਰਿਜ ਵਿੱਚ ਕੇਂਦਰ ਸਰਕਾਰ ਦਾ ਇੱਕ ਪੈਸੇ ਦਾ ਯੋਗਦਾਨ ਨਹੀਂ, ਕਿਉਂਕਿ ਇਸ ਪੁਲ 'ਤੇ 54.76 ਕਰੋੜ ਰੁਪਏ ਪੰਜਾਬ ਸਰਕਾਰ ਵੱਲੋਂ ਲਗਾਏ ਜਾ ਰਹੇ ਹਨ।ਸ੍ਰੀ ਢਿੱਲੋਂ ਨੇ ਦਾਅਵਾ ਕੀਤਾ ਕਿ ਨਹਿਰੀ ਵਿਭਾਗ ਤੋਂ ਐੱਨਓਸੀ ਲੈਣ ਲਈ ਛੇ ਕਰੋੜ ਰੁਪਏ ਦੀ ਰਾਸ਼ੀ ਭਰੀ ਗਈ, ਜੰਗਲਾਤ ਵਿਭਾਗ ਨੂੰ ਇਸ ਪੁਲ ਦੇ ਦੁਆਲੇ ਜਗ੍ਹਾ ਰੁਕਣ ਦੇ ਇਵਜ਼ ਵਜੋਂ ਡੇਢ ਹੈਕਟੇਅਰ ਜਗ੍ਹਾ ਮੱਤੇਵਾੜਾ ਵਿੱਚ ਲੈ ਕੇ ਦਿੱਤੀ ਹੈ, ਜਦੋਂ ਕਿ ਰੇਲਵੇ ਨੂੰ ਸਮੇਂ-ਸਮੇ ਮਨੀਟਰਿੰਗ ਲਈ 12 ਲੱਖ ਰੁਪਏ ਅਗਾਊਂ ਭਰ ਦਿੱਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਨਕਸ਼ਾ ਪਾਸ ਹੋਣ ਲਈ ਗਿਆ ਹੋਇਆ ਸੀ, ਜਿਸ ਦੇ ਅੱਠ ਪੜਾਅ ਪੂਰੇ ਹੋ ਗਏ, ਜਦੋਂ ਕਿ ਨੌਂਵੇਂ ਪੜਾਅ ਵਿੱਚ ਕੇਂਦਰ ਮੰਤਰੀ ਕੁੱਝ ਸਮੇਂ ਲਈ ਅੜਿੱਕਾ ਜ਼ਰੂਰ ਲਾ ਸਕਦੇ ਹਨ।ਵਰਨਣਯੋਗ ਹੈ ਕਿ ਰਵਨੀਤ ਬਿੱਟੂ ਨੇ ਮੁੱਖ ਮੰਤਰੀ ਦੇ ਓਵਰਬ੍ਰਿਜ ਸਬੰਧੀ ਟਵੀਟ ਨੂੰ ਝੂਠਾ ਕਰਾਰ ਦਿੰਦਿਆਂ ਕਿਹਾ ਸੀ ਕਿ ਮੁੱਖ ਮੰਤਰੀ ਨੇ ਉਸ ਨਾਲ (ਕੇਂਦਰੀ ਮੰਤਰੀ) ਨਾਲ ਜਾਂ ਵਿਭਾਗ ਨਾਲ ਕਦੇ ਲਿਖਤੀ ਜਾਂ ਜ਼ੁਬਾਨੀ ਗੱਲ ਨਹੀਂ ਕੀਤੀ, ਫਿਰ ਮਨਜ਼ੂਰੀ ਕਿਵੇਂ ਮਿਲ ਗਈ।ਬਿੱਟੂ ਨੇ ਕਿਹਾ ਸੀ ਅੱਜ ਉਨ੍ਹਾਂ ਦੇ ਆਉਣ ਮਗਰੋਂ ਕੰਮ ਸ਼ੁਰੂ ਹੋਣ 'ਤੇ ਉਦਘਾਟਨ ਤੱਕ ਘੱਟੋ-ਘੱਟ ਸਾਲ ਤੱਕ ਲੰਬੀ ਪ੍ਰਕਿਰਿਆ ਹੈ।ਉਧਰ ਮੁੱਖ ਮੰਤਰੀ ਕੈਂਪ ਦਫ਼ਤਰ ਧੂਰੀ ਦੇ ਇੰਚਾਰਜ ਦਲਵੀਰ ਸਿੰਘ ਢਿੱਲੋਂ ਅਤੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਦੀ ਅਗਵਈ ਹੇਠ ਇਕੱਤਰ ਹੋਏ ਆਪ ਵਰਕਰਾਂ ਨੇ ਪੁਲ ਨੂੰ ਮੰਨਜ਼ੂਰੀ ਮਿਲਣ ਦੀ ਖੁਸ਼ੀ ਵਿੱਚ ਲੱਡੂ ਵੰਡਦਿਆਂ ਮੁੱਖ ਮੰਤਰੀ ਦਾ ਧੰਨਵਾਦ ਵੀ ਕੀਤਾ।

# ਲਾਈਵ ਮੁਕਾਬਲੇ ਦੌਰਾਨ ਗੈਂਗਸਟਰ ਗੁਰਪ੍ਰੀਤ ਸਿੰਘ ਉਰਫ ਬੱਬੂ ਗ੍ਰਿਫ਼ਤਾਰ

## 6 ਪਿਸਤੌਲ, 36 ਜ਼ਿੰਦਾ ਕਾਰਤੂਸ ਤੇ ਚੋਰੀ ਦਾ ਸਕੂਟਰ ਬਰਾਮਦ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪਟਿਆਲਾ ਪੁਲਸ ਨੇ ਅੱਜ ਸ਼ਾਮ ਇੱਕ ਲਾਈਵ ਮੁਕਾਬਲੇ ਦੌਰਾਨ ਗੈਂਗਸਟਰ ਗੁਰਪ੍ਰੀਤ ਸਿੰਘ ਉਰਫ ਬੱਬੂ ਪੁੱਤਰ ਗੁਰਚਰਨ ਸਿੰਘ ਨਿਵਾਸੀ ਪਿੰਡ ਨਨਹੇੜਾ, ਥਾਣਾ ਘੱਗਾ ਨੂੰ ਗ੍ਰਿਫ਼ਤਾਰ ਕਰਨ ਵਿੱਚ ਕਾਮਯਾਬੀ ਹਾਸਲ ਕੀਤੀ ਹੈ।ਇਸ ਕੋਲੋਂ 6 ਪਿਸਤੌਲ, 36 ਜ਼ਿੰਦਾ ਕਾਰਤੂਸ ਤੇ ਚੋਰੀ ਦਾ ਸਕੂਟਰ ਵੀ ਬਰਾਮਦ ਹੋਇਆ ਹੈ।

ਐੱਸ ਐੱਸ ਪੀ ਪਟਿਆਲਾ ਵਰੁਣ ਸ਼ਰਮਾ ਸਰਹਿੰਦ ਰੋਡ 'ਤੇ ਘਟਨਾ ਸਥਾਨ 'ਤੇ ਪਹੁੰਚੇ ਤੇ ਮੀਡੀਆ ਨੂੰ ਪੁਲਸ ਕਾਰਵਾਈ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਹਿਲਾਂ ਉਸ ਵਿਰੁੱਧ ਹਥਿਆਰਾਂ ਦੀ ਵਰਤੋਂ ਕਰਕੇ ਡਕੈਤੀ ਤੇ ਚੋਰੀ ਦੀਆਂ 5 ਐੱਫਆਈਆਰ ਦਰਜ ਸਨ।ਹਾਲ ਹੀ ਦੇ ਸਮੇਂ ਦੌਰਾਨ ਉਸ ਨੇ ਬੈਂਕ ਦੇ ਸੁਰੱਖਿਆ ਗਾਰਡ ਤੋਂ ਹਥਿਆਰ ਖੋਹ ਕੇ ਬੈਂਕ ਡਕੈਤੀ ਕੀਤੀ ਹੈ।ਐੱਸ ਐੱਸ ਪੀ ਵਰੁਣ ਸ਼ਰਮਾ ਨੇ ਦੱਸਿਆ ਕਿ ਅੱਜ ਇੰਚਾਰਜ ਸੀਆਈਏ ਸਟਾਫ ਪ੍ਰਦੀਪ ਬਾਜਵਾ ਨੂੰ ਸਰਹਿੰਦ ਰੋਡ ਪਟਿਆਲਾ 'ਤੇ ਉਸ ਦੀ ਗਤੀਵਿਧੀ ਬਾਰੇ ਗੁਪਤ ਸੂਚਨਾ ਮਿਲੀ ਸੀ, ਜਦੋਂ ਉਕਤ ਦੋਸ਼ੀ ਆਪਣੇ ਅਮਰੀਕਾ ਅਧਾਰਤ ਹੈਂਡਲਰ ਕਰਨ ਯੂਐੱਸਏ ਤੋਂ ਪਾਰਸਲ ਦੇ ਰੂਪ ਵਿੱਚ .30 ਬੋਰ ਅਮਰੀਕੀ ਪਿਸਤੌਲ ਪ੍ਰਾਪਤ ਕਰਕੇ ਵਾਪਸ ਆ ਰਿਹਾ ਸੀ ਤਾਂ ਇਸ ਨੂੰ ਸਰਹਿੰਦ ਰੋਡ 'ਤੇ ਇੱਕ ਜਗ੍ਹਾ ਪੁਲਸ ਨੇ ਲਲਕਾਰਿਆ।ਇਸ ਦੌਰਾਨ ਉਸ ਨੇ ਆਪਣੀ ਗੈਰ-ਕਾਨੂੰਨੀ ਪਿਸਤੌਲ ਨਾਲ ਪੁਲਸ ਪਾਰਟੀ 'ਤੇ 3 ਰਾਊਂਡ ਗੋਲੀਬਾਰੀ ਕੀਤੀ ਤੇ ਇੱਕ ਰਾਊਂਡ ਸੀਆਈਏ ਟੀਮ ਦੁਆਰਾ ਵਰਤੀ ਜਾ ਰਹੀ ਗੱਡੀ 'ਤੇ ਜਾ ਵੱਜਿਆ, ਪਰ ਲਾਈਵ ਮੁਕਾਬਲੇ ਦੌਰਾਨ ਪੁਲਸ ਪਾਰਟੀ ਨੇ ਜਵਾਬੀ ਕਾਰਵਾਈ ਦੌਰਾਨ ਬਹੁਤ ਸੰਜਮ ਦਿਖਾਉਂਦੇ ਹੋਏ ਕੁਝ ਗੋਲੀਆਂ ਚਲਾਈਆਂ ਤੇ ਇੱਕ ਗੋਲੀ ਉਸ ਦੀ ਲੱਤ ਵਿੱਚ ਲੱਗ ਗਈ।ਇਸ ਮੌਕੇ ਉਸ ਨੂੰ ਤੁਰੰਤ ਕਾਬੂ ਕਰ ਲਿਆ ਗਿਆ।ਐੱਸ ਐੱਸ ਪੀ ਨੇ ਕਿਹਾ ਕਿ ਉਸ ਨੂੰ ਡਾਕਟਰੀ ਇਲਾਜ ਲਈ ਹਸਪਤਾਲ ਭੇਜਿਆ ਗਿਆ ਹੈ।ਉਨ੍ਹਾ ਕਿਹਾ ਕਿ ਇਸ ਹਥਿਆਰ ਦੀ ਵਰਤੋਂ ਕਰਕੇ ਉਹ ਕੋਈ ਵੱਡਾ ਅਪਰਾਧ ਜਾਂ ਟਾਰਗੇਟ ਕਿਲਿੰਗ ਕਰ ਸਕਦਾ ਹੈ, ਇਸ ਬਾਰੇ ਪੁਲਸ ਨੂੰ ਪੁਖਤਾ ਜਾਣਕਾਰੀ ਸੀ।ਗੈਂਗਸਟਰ ਗੁਰਪ੍ਰੀਤ ਸਿੰਘ ਉਰਫ ਬੱਬੂ ਤੋਂ ਹਥਿਆਰਾਂ ਦੀ ਬਰਾਮਦਗੀ ਬਾਰੇ ਜਾਣਕਾਰੀ ਦਿੰਦੇ ਹੋਏ ਐੱਸ ਐੱਸ ਪੀ ਨੇ ਕਿਹਾ ਕਿ ਪਿਸਤੌਲ ਗ੍ਰਟਾ .30 ਬੋਰ, ਮੇਡ ਇਨ ਯੂ ਐੱਸ ਏ, ਕੰਟਰੀ ਮੇਡ .32 ਬੋਰ ਪਿਸਤੌਲ, ਕੰਟਰੀ ਮੇਡ .32 ਬੋਰ ਰਿਵਾਲਵਰ, ਕੰਟਰੀ ਮੇਡ (ਦੇਸੀ ਕੱਟਾ) 315 ਬੋਰ, ਕੰਟਰੀ ਮੇਡ (ਦੇਸੀ ਕੱਟਾ), 315 ਬੋਰ, ਕੰਟਰੀ ਮੇਡ (ਦੇਸੀ ਕੱਟਾ), 22 ਬੋਰ ਸਮੇਤ 36 ਜ਼ਿੰਦਾ ਕਾਰਤੂਸ ਤੇ ਉਸ ਵੱਲੋਂ ਪਟਿਆਲਾ ਦੇ ਤ੍ਰਿਪੜੀ ਖੇਤਰ ਤੋਂ ਚੋਰੀ ਕੀਤਾ ਇੱਕ ਸਕੂਟਰ ਚੋਰੀ ਵੀ ਬਰਾਮਦ ਕੀਤਾ ਗਿਆ ਹੈ।ਐੱਸ ਐੱਸ ਪੀ ਦੇ ਨਾਲ ਐੱਸ ਪੀ ਇਨਵੈਸਟੀਗੇਸ਼ਨ ਗੁਰਬੰਸ ਸਿੰਘ ਬੈਂਸ ਤੇ ਹੋਰ ਪੁਲਸ ਅਧਿਕਾਰੀ ਮੌਜੂਦ ਸਨ।

# ਲਵਾਰਿਸ ਹਾਲਤ 'ਚ ਮਿਲਿਆ ਬੱਚਾ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਸ੍ਰੀ ਅਮਨਦੀਪ ਸਿੰਘ ਸੋਢੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਰ ਪੀ ਐੱਫ ਕੋਟਕਪੂਰਾ ਵੱਲੋਂ ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਵਿਖੇ ਫੋਨ ਦੁਆਰਾ ਜਾਣਕਾਰੀ ਦਿੱਤੀ ਗਈ ਕਿ ਲਵਾਰਿਸ ਹਾਲਤ ਵਿੱਚ ਇੱਕ ਲੜਕਾ ਉਮਰ ਕਰੀਬ 04-05 ਸਾਲ ਮਿਲਿਆ, ਬੱਚਾ ਨਾ ਹੀ ਬੋਲਦਾ ਹੈ ਤੇ ਨਾ ਸੁਣ ਸਕਦਾ ਹੈ।ਬੱਚੇ ਦੇ ਜਾਮਣੀ ਟੀ ਸ਼ਰਟ ਤੇ ਨੀਲੀ ਨੀਕਰ ਪਾਈ ਹੋਈ ਹੈ ਅਤੇ ਲਵਾਰਿਸ ਹਾਲਤ ਵਿੱਚ ਰੇਲਵੇ ਸਟੇਸ਼ਨ ਕੋਟਕਪੂਰਾ ਵਿਖੇ ਘੁੰਮ ਰਿਹਾ ਸੀ, ਜਿਸ ਸਬੰਧੀ ਆਰ.ਪੀ.ਐੱਫ. ਕੋਟਕਪੂਰਾ ਵਿਖੇ ਡੀ.ਡੀ.ਆਰ. ਦਰਜ ਕਰਵਾਈ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਉਪਰੰਤ ਬੱਚੇ ਨੂੰ ਬਾਲ ਭਲਾਈ ਕਮੇਟੀ ਫਰੀਦਕੋਟ ਦੇ ਸਨਮੁੱਖ ਪੇਸ਼ ਕੀਤਾ ਗਿਆ ਹੈ। ਬਾਲ ਭਲਾਈ ਕਮੇਟੀ ਫਰੀਦਕੋਟ ਵੱਲੋਂ ਹੁਕਮ ਕੀਤੇ ਕਿ ਜਦੋਂ ਤੱਕ ਬੱਚੇ ਦੇ ਮਾਤਾ-ਪਿਤਾ ਬਾਰੇ ਪਤਾ ਨਹੀਂ ਲੱਗ ਜਾਂਦਾ, ਉਨੀ ਦੇਰ ਤੱਕ ਬੱਚੇ ਨੂੰ ਟੈਂਪਰੇਰੀ ਸੈਲਟਰ ਵਿੱਚ ਭੇਜਿਆ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਵੀ ਬੱਚੇ ਦੇ ਪਰਿਵਾਰ ਬਾਰੇ ਕੋਈ ਜਾਣਕਾਰੀ ਹੈ ਤਾਂ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਮਹਿਲਾ ਭਵਨ ਜਿਲ੍ਹਾ ਪ੍ਰੀਸ਼ਦ ਕੰਪਲੈਕਸ ਸਾਦਿਕ ਚੌਕ ਫਰੀਦਕੋਟ ਵਿਖੇ ਸੰਪਰਕ ਕਰ ਸਕਦਾ ਹੈ।ਇਸ ਤੋਂ ਇਲਾਵਾ ਮੋਬਾਇਲ ਨੰ. 86991-57410 ਤੇ 01639-500283 'ਤੇ ਵੀ ਸੰਪਰਕ ਕਰ ਸਕਦਾ ਹੈ ਤਾਂ ਜੋ ਬੱਚੇ ਨੂੰ ਆਪਣੇ ਪਰਿਵਾਰ ਨਾਲ ਮਿਲਾਇਆ ਜਾ ਸਕੇ।

# ਹਰਜੀਤ ਸਿੰਘ ਕਾਤਿਲ ਮੁੜ ਫਤਿਹ ਪ੍ਰੈੱਸ ਕਲੱਬ ਦੇ ਪ੍ਰਧਾਨ ਨਿਯੁਕਤ

## ਕਲੱਬ ਧੱਕੇਸ਼ਾਹੀ ਦਾ ਸ਼ਿਕਾਰ ਹੋਣ ਵਾਲੇ ਆਮ ਵਿਆਕਤੀ ਤੇ ਪ੍ਰਸ਼ਾਸਨਕ ਅਧਿਕਾਰੀ ਦਾ ਡਟ ਕੇ ਸਾਥ ਦੇਵੇਗਾ : ਧਾਲੀਵਾਲ



**ਸ਼ੇਰਪੁਰ (ਰਵੀ ਟਿੱਬਾ)**-ਸਥਾਨਕ ਫ਼ਤਹਿ ਪ੍ਰੈੱਸ ਕਲੱਬ ਸ਼ੇਰਪੁਰ ਦੀ ਵਿਸ਼ੇਸ਼ ਮੀਟਿੰਗ ਕਲੱਬ ਦੇ ਚੇਅਰਮੈਨ ਬਲਵਿੰਦਰ ਸਿੰਘ ਧਾਲੀਵਾਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਕਲੱਬ ਦੇ ਸਮੂਹ ਮੈਂਬਰਾਂ ਨੇ ਹਾਜ਼ਰੀ ਲਵਾਈ।ਇਸ ਦੌਰਾਨ ਕਲੱਬ ਦੇ ਅਹੁਦੇਦਾਰਾਂ ਦੀ ਮੁੜ ਸਰਬਸੰਮਤੀ ਨਾਲ ਅਗਲੇ 2 ਸਾਲ ਲਈ ਚੋਣ ਕੀਤੀ ਗਈ, ਜਿਸ ਵਿੱਚ ਉੱਘੇ ਸਾਹਿਤਕਾਰ ਤੇ ਸੀਨੀਅਰ ਪੱਤਰਕਾਰ ਹਰਜੀਤ ਸਿੰਘ ਕਾਤਿਲ ਨੂੰ ਦੂਸਰੀ ਵਾਰ ਕਲੱਬ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਸੀਨੀਅਰ ਮੀਤ ਪ੍ਰਧਾਨ ਯਾਦਵਿੰਦਰ ਸਿੰਘ ਮਾਹੀ ਸ਼ੇਰਗਿੱਲ, ਜਨਰਲ ਸਕੱਤਰ ਹਰਦੀਪ ਸ਼ੇਰਪੁਰ, ਸਹਾਇਕ ਜਨਰਲ ਸਕੱਤਰ ਸ੍ਰੀਮਤੀ ਜਸਵਿੰਦਰ ਕੌਰ ਸਰਾਂ, ਪ੍ਰੈੱਸ ਸਕੱਤਰ ਡਾਕਟਰ ਭਗਵੰਤ ਸਿੰਘ ਚੀਮਾ, ਪੀ ਆਰ ਓ ਮਨਪ੍ਰੀਤ ਕੌਰ, ਖਜ਼ਾਨਚੀ ਰਵਿੰਦਰ ਕੁਮਾਰ ਰਵੀ ਟਿੱਬਾ ਤੋਂ ਇਲਾਵਾ ਡਾਕਟਰ ਲਖਵਿੰਦਰ ਸਿੰਘ ਟਿੱਬਾ, ਉਪੇਂਦਰ ਪਿੰਕੂ, ਅਬਦੁਲ ਗੁਫਾਰ, ਲਖਵਿੰਦਰ ਰਿਸ਼ੀ ਚਾਂਗਲੀ ਨੂੰ ਵੱਖ-ਵੱਖ ਅਹੁਦਿਆਂ 'ਤੇ ਨਿਯੁਕਤ ਕੀਤਾ ਗਿਆ।ਕਲੱਬ ਮੈਂਬਰਾਂ ਨੇ ਅਹਿਦ ਲਿਆ ਕਿ ਉਨ੍ਹਾਂ ਦੀ ਕਲਮ ਹਮੇਸ਼ਾ ਦੱਬੇ-ਕੁਚਲੇ ਵਰਗ ਦੀਆਂ ਹੱਕੀ ਮੰਗਾਂ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਣ ਤੇ ਭ੍ਰਿਸ਼ਟਾਚਾਰ 'ਚ ਲਿਪਤ ਅਧਿਕਾਰੀਆਂ ਖ਼ਿਲਾਫ਼ ਲਿਖਦੀ ਰਹੇਗੀ।ਕਲੱਬ ਮੈਂਬਰਾਂ ਨੇ ਪੀਲੀ ਪੱਤਰਕਾਰੀ ਖ਼ਿਲਾਫ਼ ਆਵਾਜ਼ ਉਠਾਉਣ ਦਾ ਵੀ ਅਹਿਦ ਲਿਆ।ਕਲੱਬ ਦੇ ਚੇਅਰਮੈਨ ਬਲਵਿੰਦਰ ਸਿੰਘ ਹੇੜੀਕੇ, ਪ੍ਰਧਾਨ ਹਰਜੀਤ ਸਿੰਘ ਕਾਤਿਲ ਨੇ ਕਿਹਾ ਕਿ ਸਾਡਾ ਕਲੱਬ ਨਜਾਇਜ਼ ਤੌਰ 'ਤੇ ਧੱਕੇਸ਼ਾਹੀ ਦਾ ਸ਼ਿਕਾਰ ਹੋਣ ਵਾਲੇ ਹਰ ਆਮ ਵਿਅਕਤੀ ਤੇ ਪ੍ਰਸ਼ਾਸਨਕ ਅਧਿਕਾਰੀ ਦਾ ਡੱਟ ਕੇ ਸਾਥ ਦੇਵੇਗਾ।ਕਲੱਬ ਦੇ ਮੈਂਬਰਾਂ ਨੂੰ ਬਕਾਇਦਾ ਪਹਿਚਾਣ ਪੱਤਰ ਜਾਰੀ ਕਰਨ ਬਾਰੇ ਮਤਾ ਪਾਇਆ ਗਿਆ।ਕਿਸੇ ਵੀ ਪੱਤਰਕਾਰ ਸਾਥੀ ਨਾਲ ਪੱਤਰਕਾਰੀ ਕਰਦਿਆਂ ਵਧੀਕੀ ਹੁੰਦੀ ਹੈ ਤਾਂ ਕਲੱਬ ਦੇ ਸਾਥੀ ਉਸ ਦੇ ਨਾਲ ਖੜਨ ਦੇ ਪਾਬੰਦ ਹੋਣਗੇ।ਕਲੱਬ ਦਾ ਕੋਈ ਵੀ ਅਹੁਦੇਦਾਰ ਜਾਂ ਮੈਂਬਰ ਪੱਤਰਕਾਰੀ ਦੀ ਦੁਰਵਰਤੋਂ ਕਰਦਾ ਹੈ ਤਾਂ ਉਸ ਨੂੰ ਕਲੱਬ ਵਿੱਚੋਂ ਬਾਹਰ ਕੱਢਣ ਦਾ ਅਧਿਕਾਰ ਸਮੂਹ ਅਹੁਦੇਦਾਰ ਤੇ ਮੈਂਬਰ ਸਾਹਿਬਾਨ ਨੂੰ ਹੋਵੇਗਾ।ਇਸ ਮੌਕੇ ਹਰਵਿੰਦਰ ਸਿੰਘ ਸਰਾਂ ਵੀ ਮੌਜੂਦ ਰਹੇ।

# ਚਿੱਟੇ ਦਾ ਟੀਕਾ ਲਗਾਉਣ ਨਾਲ ਮਾਪਿਆਂ ਦੇ ਇਕਲੌਤੇ ਪੁੱਤ ਦੀ ਮੌਤ



**ਜਲਾਲਾਬਾਦ (ਜੀਤ ਕੁਮਾਰ)**-ਜਿੱਥੇ ਇੱਕ ਪਾਸੇ ਪੰਜਾਬ ਦੇ ਨੌਜਵਾਨ ਨੂੰ ਨਸ਼ਿਆਂ ਦੀ ਬੀਮਾਰੀ ਚਿੱਟੇ-ਹੈਰੋਇਨ ਤੋਂ ਛੁਟਕਾਰਾ ਪਾਉਣ ਦੇ ਉਦੇਸ਼ ਨਾਲ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਹੈ ਅਤੇ ਇਸੇ ਮੁਹਿੰਮ ਤਹਿਤ ਸਰਕਾਰ ਤੇ ਪੰਜਾਬ ਪੁਲਸ ਵੱਲੋਂ ਨਸ਼ਿਆਂ 'ਤੇ ਠੱਲ੍ਹ ਪੈਣ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ, ਪਰ ਇਨ੍ਹਾਂ ਦਾਅਵਿਆਂ ਦੀ ਪੋਲ ਅੱਜ ਉਸ ਵੇਲੇ ਉਜਾਗਰ ਹੋ ਗਈ, ਜਦੋਂ ਟਿਵਾਣਾ ਕਲਾਂ ਤੋਂ ਇੱਕ ਨੌਜਵਾਨ ਵਿਅਕਤੀ ਦੀ ਚਿੱਟੇ ਦਾ ਟੀਕਾ ਲਗਾਉਣ ਨਾਲ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਨੌਜਵਾਨ, ਜਿਸ ਦੀ ਚਿੱਟੇ ਦਾ ਟੀਕਾ ਲਗਾਉਣ ਨਾਲ ਮੌਤ ਹੋਈ ਹੈ, ਇਹ ਮਾਪਿਆਂ ਦਾ ਇਕਲੌਤਾ ਪੁੱਤਰ ਸੀ, ਜਿਸ ਦਾ ਨਾਮ ਅਕਾਸ਼ਦੀਪ ਉਰਫ ਬੌਬੀ ਵਾਸੀ ਟਿਵਾਣਾ ਕਲਾਂ ਦੱਸਿਆ ਜਾ ਰਿਹਾ ਹੈ। ਟਿਵਾਣਾ ਕਲਾਂ ਵਿਖੇ ਇਕ ਸ਼ੈਲਰ ਦੇ ਗਡਾਉਨ ਵਿੱਚੋਂ ਚਿੱਟੇ ਦਾ ਟੀਕਾ ਲਗਾਉਣ ਨਾਲ ਇਸ ਨੌਜਵਾਨ ਦੀ ਮੌਤ ਹੋਣ ਦਾ ਕਾਰਨ, ਮਾਪਿਆ ਤੇ ਪਿੰਡ ਵਾਸੀਆ ਵੱਲੋਂ ਦੱਸਿਆ ਜਾ ਰਿਹਾ ਹੈ। ਇਸ ਨੌਜਵਾਨ ਦੀ ਮੌਤ ਹੋਣ ਦੀ ਸੂਚਨਾ ਜਿਵੇਂ ਹੀ ਉਸ ਦੇ ਮਾਪਿਆਂ ਤੇ ਪਿੰਡ ਵਾਸੀਆਂ ਨੂੰ ਮਿਲੀ ਤਾਂ ਸਰਪੰਚ ਸਮੇਤ ਪਿੰਡ ਵਾਸੀ ਮੌਕੇ 'ਤੇ ਇਕੱਠੇ ਹੋ ਗਏ ਤੇ ਇਸ ਦੇ ਨਾਲ ਹੀ ਸੂਚਨਾ ਮਿਲਣ ਉਪਰੰਤ ਸਬ ਡਵੀਜ਼ਨ ਜਲਾਲਾਬਾਦ ਦੇ ਡੀ.ਐੱਸ.ਪੀ. ਜਤਿੰਦਰ ਸਿੰਘ ਗਿੱਲ ਸਮੇਤ ਪੁਲਸ ਪਾਰਟੀ ਮੌਕੇ 'ਤੇ ਪੁੱਜ ਗਏ ਤੇ ਪੁਲਸ ਵੱਲੋਂ ਆਪਣੀ ਕਾਰਵਾਈ ਕੀਤੀ ਜਾ ਰਹੀ ਹੈ।

# ਪਲਾਟਾਂ ਦੀਆਂ ਰਜਿਸਟਰੀਆਂ ਤੇ ਨਕਸ਼ੇ ਪਾਸ ਨਾ ਹੋਣ ਕਾਰਨ ਲੋਕ ਪ੍ਰੇਸ਼ਾਨ

## ਸਰਕਾਰ ਦੀ ਸਖਤੀ ਨੇ ਵਧਾਈ ਆਮ ਜਨਤਾ ਦੀ ਮੁਸ਼ਕਲ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿਛਲੇ ਕੁਝ ਸਾਲਾਂ ਤੋਂ ਸਰਕਾਰ ਨੇ ਗੈਰ-ਕਾਨੂੰਨੀ ਕਾਲੋਨੀਆਂ ਨੂੰ ਅਣ-ਅਧਿਕਾਰਤ ਘੋਸ਼ਿਤ ਕਰਕੇ ਸਖਤੀ ਵਿਖਾਈ ਹੈ, ਜਿਸ ਕਾਰਨ ਲੋਕਾਂ ਨੂੰ ਪਲਾਟਾਂ ਦੀਆਂ ਰਜਿਸਟਰੀਆਂ ਤੇ ਮਕਾਨਾਂ ਦੇ ਨਕਸ਼ੇ ਪਾਸ ਕਰਵਾਉਣ ਵਿੱਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹ ਸਮੱਸਿਆ ਸ਼ਹਿਰਾਂ ਤੇ ਕਸਬਿਆਂ ਵਿੱਚ ਵਸਦੇ ਲੋਕਾਂ ਲਈ ਇੱਕ ਵੱਡੀ ਚੁਣੌਤੀ ਬਣ ਗਈ ਹੈ, ਕਿਉਂਕਿ ਨਕਸ਼ੇ ਪਾਸ ਨਾ ਹੋਣ ਕਾਰਨ ਨਾ ਸਿਰਫ ਉਸਾਰੀ ਦਾ ਕੰਮ ਰੁਕਿਆ ਹੋਇਆ ਹੈ, ਸਗੋਂ ਲੋਕਾਂ ਦੀਆਂ ਜਮ੍ਹਾਂ ਕੀਤੀਆਂ ਫੀਸਾਂ ਵੀ ਅਟਕ ਗਈਆਂ ਹਨ। ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਤੇ ਕਸਬਿਆਂ ਵਿੱਚ ਸਰਕਾਰ ਨੇ ਗੈਰ-ਕਾਨੂੰਨੀ ਕਾਲੋਨੀਆਂ ਨੂੰ ਅਣ-ਅਧਿਕਾਰਤ ਘੋਸ਼ਿਤ ਕਰਕੇ ਇਨ੍ਹਾਂ ਵਿੱਚ ਰਜਿਸਟਰੀਆਂ ਤੇ ਨਕਸ਼ੇ ਪਾਸ ਕਰਨ ਦੀ ਪ੍ਰਕਿਰਿਆ ਬੰਦ ਕਰ ਦਿੱਤੀ ਹੈ। ਇਸ ਕਾਰਨ ਲੋਕ ਨਾ ਤਾਂ ਆਪਣੇ ਪਲਾਟਾਂ ਦੀਆਂ ਰਜਿਸਟਰੀਆਂ ਕਰਵਾ ਸਕਦੇ ਹਨ ਤੇ ਨਾ ਹੀ ਮਕਾਨਾਂ ਜਾਂ ਦੁਕਾਨਾਂ ਦੇ ਨਕਸ਼ੇ ਪਾਸ ਕਰਵਾ ਸਕਦੇ ਹਨ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਨਕਸ਼ੇ ਪਾਸ ਕਰਵਾਉਣ ਲਈ ਫੀਸਾਂ ਜਮ੍ਹਾਂ ਕਰਵਾਈਆਂ ਹਨ, ਪਰ ਸਰਕਾਰੀ ਦਫਤਰਾਂ ਵਿੱਚੋਂ ਸਿਰਫ ਇੱਕੋ ਜਵਾਬ ਮਿਲਦਾ ਹੈ ਕਿ 'ਸਰਕਾਰ ਦੀਆਂ ਨਵੀਆਂ ਹਦਾਇਤਾਂ ਦੀ ਉਡੀਕ ਹੈ।' ਇੱਕ ਸਥਾਨਕ ਆਰਕੀਟੈਕਟ ਨੇ ਦੱਸਿਆ ਕਿ ਸਰਕਾਰ ਨੇ ਅਜੇ ਤੱਕ ਇਨ੍ਹਾਂ ਕਾਲੋਨੀਆਂ ਨੂੰ ਅਧਿਕਾਰਤ ਕਰਨ ਲਈ ਕੋਈ ਸੌਖਾ ਤਰੀਕਾ ਨਹੀਂ ਅਪਣਾਇਆ, ਜਿਸ ਕਾਰਨ ਰਜਿਸਟਰੀਆਂ ਤੇ ਨਕਸ਼ਿਆਂ ਦਾ ਕੰਮ ਪੂਰੀ ਤਰ੍ਹਾਂ ਠੱਪ ਹੈ। ਉਨ੍ਹਾਂ ਮੁਤਾਬਕ, ਸਰਕਾਰ ਨੂੰ ਇਸ ਸਮੱਸਿਆ ਦਾ ਜਲਦੀ ਹੱਲ ਕੱਢਣਾ ਚਾਹੀਦਾ ਹੈ, ਤਾਂ ਜੋ ਲੋਕਾਂ ਨੂੰ ਰਾਹਤ ਮਿਲ ਸਕੇ। ਕਈ ਲੋਕਾਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਅਣ-ਅਧਿਕਾਰਤ ਕਾਲੋਨੀਆਂ ਨੂੰ ਅਧਿਕਾਰਤ ਕਰਨ ਲਈ ਸਰਲ ਨੀਤੀਆਂ ਬਣਾਈਆਂ ਜਾਣ ਤੇ ਨਕਸ਼ੇ ਪਾਸ ਕਰਨ ਦੀ ਪ੍ਰਕਿਰਿਆ ਨੂੰ ਤੇਜ਼ ਕੀਤਾ ਜਾਵੇ। ਸਥਾਨਕ ਵਸਨੀਕਾਂ ਦਾ ਕਹਿਣਾ ਹੈ ਕਿ ਇਸ ਸਮੱਸਿਆ ਕਾਰਨ ਉਨ੍ਹਾਂ ਦੇ ਵਪਾਰਕ ਤੇ ਨਿੱਜੀ ਪ੍ਰੋਜੈਕਟ ਰੁਕ ਗਏ ਹਨ। ਇੱਕ ਵਸਨੀਕ ਨੇ ਦੱਸਿਆ, 'ਅਸੀਂ ਸਾਲਾਂ ਤੋਂ ਆਪਣੇ ਮਕਾਨ ਦੀ ਉਸਾਰੀ ਸ਼ੁਰੂ ਕਰਨ ਦੀ ਉਡੀਕ ਕਰ ਰਹੇ ਹਾਂ, ਪਰ ਨਕਸ਼ੇ ਪਾਸ ਨਾ ਹੋਣ ਕਾਰਨ ਸਾਡਾ ਸੁਪਨਾ ਅਧੂਰਾ ਹੈ।' ਸਰਕਾਰੀ ਅਧਿਕਾਰੀਆਂ ਦਾ ਕਹਿਣਾ ਹੈ ਕਿ ਉਹ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਕਰ ਰਹੇ ਹਨ, ਪਰ ਲੋਕਾਂ ਦੀਆਂ ਮੁਸ਼ਕਲਾਂ ਨੂੰ ਵੇਖਦੇ ਹੋਏ ਸਰਕਾਰ ਨੂੰ ਇਸ ਮੁੱਦੇ 'ਤੇ ਜਲਦੀ ਫੈਸਲਾ ਲੈਣ ਦੀ ਲੋੜ ਹੈ।

ਇਸ ਸਥਿਤੀ ਨੇ ਸਥਾਨਕ ਲੋਕਾਂ ਵਿੱਚ ਨਿਰਾਸ਼ਾ ਤੇ ਗੁੱਸੇ ਦੀ ਲਹਿਰ ਹੈ। ਜੇਕਰ ਸਰਕਾਰ ਜਲਦੀ ਹੀ ਇਸ ਸਮੱਸਿਆ ਦਾ ਹੱਲ ਨਾ ਕੱਢਿਆ ਤਾਂ ਲੋਕਾਂ ਦੀਆਂ ਮੁਸ਼ਕਲਾਂ ਹੋਰ ਵੱਧ ਸਕਦੀਆਂ ਹਨ। ਸਥਾਨਕ ਲੋਕਾਂ ਨੇ ਮੰਗ ਕੀਤੀ ਹੈ ਕਿ ਸਰਕਾਰ ਨੂੰ ਇੱਕ ਸਮਾਂ-ਸੀਮਿਤ ਯੋਜਨਾ ਬਣਾਉਣੀ ਚਾਹੀਦੀ ਹੈ, ਜਿਸ ਨਾਲ ਅਣ-ਅਧਿਕਾਰਤ ਕਾਲੋਨੀਆਂ ਨੂੰ ਅਧਿਕਾਰਤ ਕਰਕੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਹੱਲ ਕੀਤਾ ਜਾ ਸਕੇ।

# ਕੱਟੜ ਫਿਰਕੂ ਤੇ ਹਿੰਦੂਤਵੀ ਗਰੋਹ ਵੱਲੋਂ ਦਿਲਜੀਤ ਦੋਸਾਂਝ ਦੇ ਵਿਰੋਧ ਦੀ ਲਿਬਰੇਸ਼ਨ ਨੇ ਕੀਤੀ ਸਖਤ ਨਿੰਦਾ

## ਸੂਝਵਾਨ ਦੇਸ਼ ਵਾਸੀ ਇਸ ਮੁੱਦੇ 'ਤੇ ਕੀਤੇ ਜਾ ਰਹੇ ਜਨੂੰਨੀ ਪ੍ਰਚਾਰ ਖਿਲਾਫ ਦਿਲਜੀਤ ਦੇ ਪੱਖ 'ਚ ਆਉਣ ਅੱਗੇ

**ਮਾਨਸਾ (ਆਤਮਾ ਸਿੰਘ ਪਮਾਰ)**-ਸੀਪੀਆਈ (ਐਮ ਐਲ) ਲਿਬਰੇਸ਼ਨ ਪੰਜਾਬ ਨੇ ਉੱਘੇ ਪੰਜਾਬੀ ਗਾਇਕ ਤੇ ਅਦਾਕਾਰ ਦਿਲਜੀਤ ਦੁਸਾਂਝ ਦੇ ਪੱਖ ਵਿੱਚ ਖੜਦਿਆਂ ਉਨ੍ਹਾਂ ਸਾਰੇ ਅਖੌਤੀ ਰਾਸ਼ਟਰਵਾਦੀਆਂ ਤੇ ਹਿੰਦੂਤਵੀ ਅਨਸਰਾਂ ਦੀ ਸਖ਼ਤ ਨਿੰਦਾ ਕੀਤੀ ਹੈ, ਜੋ ਅਪਣੀ ਤੰਗਨਜ਼ਰੀ ਤੇ ਸੌੜੀ ਸੋਚ ਕਾਰਨ ਦਿਲਜੀਤ ਨੂੰ ਨਿਸ਼ਾਨਾ ਬਣਾ ਰਹੇ ਹਨ ਅਤੇ ਉਸ ਦਾ ਬਾਈਕਾਟ ਕਰਨ ਦੇ ਹੋਕਰੇ ਮਾਰ ਰਹੇ ਹਨ।ਲਿਬਰੇਸ਼ਨ ਦੇ ਸੀਨੀਅਰ ਆਗੂਆਂ ਕਾਮਰੇਡ ਗੁਰਮੀਤ ਸਿੰਘ ਬਖਤਪੁਰ, ਰਾਜਵਿੰਦਰ ਸਿੰਘ ਰਾਣਾ, ਸੁਖਦਰਸ਼ਨ ਸਿੰਘ ਨੱਤ ਤੇ ਉੱਘੇ ਕਿਸਾਨ ਆਗੂ ਰੁਲਦੂ ਸਿੰਘ ਮਾਨਸਾ ਵੱਲੋਂ ਜਾਰੀ ਪ੍ਰੈੱਸ ਬਿਆਨ 'ਚ ਕਿਹਾ ਗਿਆ ਹੈ ਕਿ ਸਦਾ ਹੀ ਮੌਕਾਪ੍ਰਸਤ ਤੇ ਸੁਆਰਥੀ ਹੁਕਮਰਾਨ ਸਾਜ਼ਿਸ਼ਾਂ, ਹਮਲਿਆਂ ਤੇ ਜੰਗਾਂ ਰਾਹੀਂ ਗੁਆਂਢੀ ਦੇਸ਼ਾਂ ਤੇ ਕੌਮਾਂ ਦਰਮਿਆਨ ਦੁਸ਼ਮਣੀ ਤੇ ਨਫ਼ਰਤ ਦੇ ਬੀਜ ਬੀਜਦੇ ਆਏ ਹਨ, ਪਰ ਸਾਹਿਤ ਕਲਾ ਤੇ ਸੰਗੀਤ ਰਾਹੀਂ ਲੇਖਕ ਕਲਾਕਾਰ ਤੇ ਸੰਗੀਤਕਾਰ ਦੁਨੀਆ ਭਰ ਵਿੱਚ ਇਨਸਾਨੀ ਪਿਆਰ ਤੇ ਸਾਂਝ ਨੂੰ ਹੁਲਾਰਾ ਦਿੰਦੇ ਹਨ।ਭਾਰਤ ਤੇ ਪਾਕਿਸਤਾਨ ਸਦੀਆਂ ਤੋਂ ਇੱਕੋ ਦੇਸ਼ ਰਹੇ ਹੋਣ ਕਾਰਨ ਇਨ੍ਹਾਂ ਵਿੱਚ ਸੱਭਿਆਚਾਰ, ਕਲਾ ਤੇ ਸੰਗੀਤ ਦੀ ਬੜੀ ਡੂੰਘੀ ਸਾਂਝ ਹੈ।ਇਨ੍ਹਾਂ ਵਿੱਚ ਕਈ ਵਾਰ ਜੰਗਾਂ ਤੇ ਸਮਝੌਤੇ ਹੋਏ ਹਨ, ਪਰ ਸਧਾਰਨ ਜਨਤਾ ਦੇ ਪਿਆਰ ਤੇ ਸਾਂਝ ਵਿੱਚ ਕੋਈ ਕਮੀ ਨਹੀਂ ਆਈ।ਨਾ ਦਿਲਜੀਤ ਨੇ ਪਹਿਲਗਾਮ ਕਾਂਡ ਤੇ ਜੰਗੀ ਝੜਪ ਤੋਂ ਪਹਿਲਾਂ ਲਹਿੰਦੇ ਪੰਜਾਬ ਦੇ ਕਲਾਕਾਰਾਂ ਦੀ ਸ਼ਮੂਲੀਅਤ ਵਾਲੀ ਫਿਲਮ ਬਣਾ ਕੇ ਕੋਈ ਗੁਨਾਹ ਕੀਤਾ ਹੈ ਅਤੇ ਨਾ ਭਵਿੱਖ ਵਿੱਚ ਅਜਿਹੇ ਸਾਂਝੇ ਕਲਾਤਮਿਕ ਉੱਦਮਾਂ ਉਤੇ ਕੋਈ ਰੋਕ ਲੱਗ ਸਕਦੀ ਹੈ।ਚੜ੍ਹਦੇ ਤੇ ਲਹਿੰਦੇ ਪੰਜਾਬ ਵਿੱਚ ਇੱਕੋ ਪੰਜਾਬੀ ਕੌਮ ਵਸਦੀ ਹੈ, ਇਸ ਲਈ ਦੋਵੇਂ ਦੇਸ਼ਾਂ ਵਿਚਲੀਆਂ ਫਿਰਕੂ ਕੱਟੜਪੰਥੀ ਤੇ ਭੜਕਾਊ ਦਹਿਸ਼ਤਪਸੰਦ ਤਾਕਤਾਂ ਚਾਹੇ ਲੱਖ ਸਾਜ਼ਿਸ਼ਾਂ ਕਰਨ, ਪਰ ਪੰਜਾਬੀਆਂ ਦੇ ਆਪਸੀ ਸਾਂਝ ਤੇ ਪਿਆਰ ਕੋਈ ਖ਼ਤਮ ਨਹੀਂ ਕਰ ਸਕਦਾ।ਬੀਤੇ ਵਿੱਚ ਵੀ ਜੰਗਾਂ ਦੇ ਬਾਵਜੂਦ ਭਾਰਤ ਦੇ ਤੱਤਕਾਲੀ ਪ੍ਰਧਾਨ ਮੰਤਰੀ ਅੱਟਲ ਬਿਹਾਰੀ ਵਾਜਪਾਈ, ਗ੍ਰਹਿ ਮੰਤਰੀ ਅਡਵਾਨੀ ਜਾਂ ਵਰਤਮਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪਾਕਿਸਤਾਨ ਜਾਂਦੇ ਤੇ ਉਥੋਂ ਦੀ ਸਰਕਾਰ ਦੀ ਮਹਿਮਾਨ ਨਿਵਾਜ਼ੀ ਦਾ ਆਨੰਦ ਮਾਣਦੇ ਰਹੇ ਹਨ, ਸੰਘ-ਬੀਜੇਪੀ ਨੂੰ ਉਨ੍ਹਾਂ 'ਤੇ ਕੋਈ ਇਤਰਾਜ਼ ਨਹੀਂ ਹੁੰਦਾ, ਪਰ ਜਦੋਂ ਪੰਜਾਬ ਦੇ ਬੁੱਧੀਜੀਵੀ, ਲੇਖਕ ਤੇ ਕਲਾਕਾਰ ਸਾਂਝੇ ਤੌਰ 'ਤੇ ਕੋਈ ਕਾਨਫਰੰਸ, ਫਿਲਮ ਬਣਾਉਣ ਜਾਂ ਸਿੱਖ ਉਧਰ ਰਹਿ ਗਏ ਅਪਣੇ ਗੁਰਧਾਮਾਂ ਦੇ ਦਰਸ਼ਨਾਂ ਲਈ ਵੀਜ਼ਾ ਮੁਕਤ ਜਾਣ ਆਉਣ ਦੀ ਖੁੱਲ੍ਹ ਮੰਗਣ, ਤਾਂ ਉਕਤ ਤਾਕਤਾਂ ਦੀ ਨਜ਼ਰ ਵਿੱਚ ਦੇਸ਼ਧ੍ਰੋਹੀ ਹਨ। ਇਵੇਂ ਹੀ ਦਿਲਜੀਤ ਜੇਕਰ ਦਿੱਲੀ ਕਿਸਾਨ ਮੋਰਚੇ ਦੀ ਹਮਾਇਤ ਕਰੇ ਤਾਂ ਹਿੰਦੂਤਵੀ ਅਨਸਰਾਂ ਦੀ ਨਜ਼ਰ ਵਿੱਚ ਉਹ ਗ਼ਦਾਰ ਹੈ, ਪਰ ਜੇ ਉਹ ਪ੍ਰਧਾਨ ਮੰਤਰੀ ਮੋਦੀ ਨਾਲ ਮੁਲਾਕਾਤ ਕਰੇ ਤਾਂ ਦੇਸ਼ ਭਗਤ ।ਦਿਲਜੀਤ ਨੇ ਆਪਣੀ ਕਲਾ ਰਾਹੀਂ ਪੰਜਾਬੀ ਬੋਲੀ ਤੇ ਸਿੱਖ ਪਛਾਣ ਨੂੰ ਪੂਰੇ ਸੰਸਾਰ ਵਿੱਚ ਉਭਾਰਿਆ ਹੈ, ਜਿਸ ਕਰਕੇ ਦੁਨੀਆ ਭਰ ਵਿੱਚ ਵਸਦੇ ਪੰਜਾਬੀ ਤੇ ਸਿੱਖ ਉਸ ਨੂੰ ਅਪਣਾ ਬ੍ਰਾਂਡ ਅੰਬੈਸਡਰ ਮੰਨਦੇ ਹਨ ਤੇ ਉਸ ਉੱਤੇ ਮਾਣ ਵੀ ਕਰਦੇ ਹਨ, ਪਰ ਹਿੰਦੂਤਵੀ ਤਾਕਤਾਂ ਨੂੰ ਖੁਸ਼ ਕਰਨ ਲਈ ਕੁਝ ਮੁੱਠੀ ਭਰ ਪੰਜਾਬੀ ਕਲਾਕਾਰ ਤੇ ਨਿਰਦੇਸ਼ਕ ਵੀ ਦਿਲਜੀਤ ਦੀ ਨਿੰਦਾ ਕਰ ਰਹੇ ਹਨ, ਪਾਰਟੀ ਦਾ ਮੰਨਣਾ ਹੈ ਕਿ ਉਹ ਦਿੱਲੀ ਹਕੂਮਤ ਦੀ ਚਮਚਾਗਿਰੀ ਕਰਕੇ ਪ੍ਰਵਾਨ ਚੜ੍ਹਨ ਵਾਲੀ ਅਪਨੀ ਇਸ ਪਹੁੰਚ ਉਤੇ ਲਾਜ਼ਮੀ ਨਜ਼ਰਸਾਨੀ ਕਰਨ।ਲਿਬਰੇਸ਼ਨ ਨੇ ਇਸ ਮੁੱਦੇ 'ਤੇ ਸੂਝਵਾਨ ਦੇਸ਼ ਵਾਸੀਆਂ, ਖਾਸ ਕਰ ਪੰਜਾਬੀਆਂ ਨੂੰ ਦਿਲਜੀਤ ਦੇ ਪੱਖ 'ਚ ਅੱਗੇ ਆਉਣ ਦੀ ਅਪੀਲ ਕੀਤੀ।

# ਸੁਸਾਇਟੀਆਂ 'ਚ ਖਾਦ ਨਾਲ ਹੋਰ ਸਾਮਾਨ ਕਿਸਾਨਾਂ ਨੂੰ ਧੱਕੇ ਨਾਲ ਪਰੋਸਿਆ ਜਾ ਰਿਹੈ

## ਜਖੇਪਲ ਸੁਸਾਇਟੀ ਦੇ ਸੈਕਟਰੀ ਨੂੰ ਨਹੀਂ ਏ ਆਰ, ਡੀ ਆਰ ਤੇ ਡੀ ਸੀ ਦੀ ਪ੍ਰਵਾਹ



**ਚੀਮਾ ਮੰਡੀ (ਰਵਿੰਦਰ ਚੀਮਾ)**-ਕਿਸਾਨਾਂ ਨੂੰ ਕੋਆਪ੍ਰੇਟਿਵ ਸੁਸਾਇਟੀਆਂ 'ਚ ਸੈਕਟਰੀ ਧੱਕੇ ਨਾਲ ਡੀ ਏ ਪੀ ਤੇ ਯੂਰੀਆ ਖਾਦ ਨਾਲ ਲਾ ਰਹੇ ਹਨ ਨੈਨੋ ਯੂਰੀਆ, ਫੀਡ ਦੀਆਂ ਬੋਰੀਆਂ ਤੇ ਹੋਰ ਕਈ ਤਰ੍ਹਾਂ ਦਾ ਸਾਮਾਨ ਕਿਸਾਨਾਂ ਨੂੰ ਧੱਕੇ ਨਾਲ ਪਰੋਸਿਆ ਜਾ ਰਿਹਾ ਹੈ, ਜੇਕਰ ਕੋਈ ਵੀ ਕਿਸਾਨ ਨੈਨੋ ਯੂਰੀਆ ਜਾਂ ਹੋਰ ਸਾਮਾਨ ਲੈਣ ਤੋਂ ਨਾਂਹ ਕਰਦਾ ਹੈ ਤਾਂ ਉਸ ਨੂੰ ਖਾਦ ਤੋਂ ਜਵਾਬ ਦੇ ਦਿੱਤਾ ਜਾਂਦਾ ਹੈ। ਇਸ ਬਾਬਤ ਕਈ ਬੀਕੇਯੂ ਏਕਤਾ ਉਗਰਾਹਾਂ ਬਲਾਕ ਸੁਨਾਮ ਦੇ ਆਗੂ ਅਜੈਬ ਸਿੰਘ ਜਖੇਪਲ ਤੇ ਸੁਖਵਿੰਦਰ ਸਿੰਘ ਦੋ ਵਾਰ ਏ ਆਰ ਨੂੰ ਤੇ ਦੋ ਵਾਰ ਡੀ ਆਰ ਨੂੰ ਅਤੇ ਇੱਕ ਵਾਰੀ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਮਿਲ ਚੁੱਕੇ ਹਨ। ਡੀ ਸੀ ਸਾਹਿਬ ਨੇ ਏ ਆਰ ਤੇ ਡੀ ਆਰ ਨੂੰ ਸਖਤ ਹਦਾਇਤ ਕੀਤੀ ਕਿ ਜੋ ਸੈਕਟਰੀ ਧੱਕੇ ਨਾਲ ਸਾਮਾਨ ਦੇ ਰਹੇ ਹਨ, ਇਨ੍ਹਾਂ ਨੂੰ ਫੌਰੀ ਬੰਦ ਕੀਤਾ ਜਾਵੇ, ਪਰ ਇਸ ਬਾਬਤ ਜਖੇਪਲ ਸੁਸਾਇਟੀ ਦੇ ਸੈਕਟਰੀ ਨੇ ਨਾ ਏ ਆਰ ਤੇ ਨਾ ਡੀ ਆਰ ਅਤੇ ਨਾ ਡਿਪਟੀ ਕਮਿਸ਼ਨਰ ਦੀ ਪ੍ਰਵਾਹ ਕੀਤੀ ਹੈ। ਜਖੇਪਲ ਦਾ ਸੈਕਟਰੀ ਅੱਜ ਵੀ ਧੱਕੇ ਨਾਲ ਖਾਦ ਨਾਲ ਸਾਮਾਨ ਲਾ ਰਿਹਾ ਹੈ, ਜਿਹੜੇ ਕਿਸਾਨਾਂ ਨੇ ਸਾਮਾਨ ਲੈਣ ਤੋਂ ਨਾ ਕਰ ਦਿੱਤੀ, ਉਨ੍ਹਾਂ ਦੀਆਂ ਕਾਪੀਆਂ ਵੀ ਲਾਈਨ ਵਿੱਚੋਂ ਬਾਹਰ ਕੱਢ ਦਿੱਤੀਆਂ ਗਈਆਂ ਹਨ। ਇਸੇ ਤਰ੍ਹਾਂ ਸੁਖਵਿੰਦਰ ਸਿੰਘ ਤੇ ਅਜੈਬ ਸਿੰਘ ਨੇ ਸਾਮਾਨ ਲੈਣ ਤੋਂ ਨਾਂਹ ਕੀਤੀ ਤਾਂ ਉਨ੍ਹਾਂ ਦੀਆਂ ਕਾਪੀਆਂ ਧੱਕੇ ਨਾਲ ਲਾਈਨ ਚੋਂ ਬਾਹਰ ਕਰ ਦਿੱਤੀਆਂ।

# ਡੀ ਸੀ ਵੱਲੋਂ ਲੋਕਾਂ ਨੂੰ ਵਾਤਾਵਰਣ ਦੀ ਸ਼ੁੱਧਤਾ ਲਈ ਵੱਧ ਤੋਂ ਵੱਧ ਬੂਟੇ ਲਾਉਣ ਦਾ ਸੱਦਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹਾ ਨਿਵਾਸੀਆਂ ਨੂੰ ਸੱਦਾ ਦਿੱਤਾ ਹੈ ਕਿ ਇਸ ਬਰਸਾਤ ਦੇ ਮੌਸਮ 'ਚ ਵੱਧ ਤੋਂ ਵੱਧ ਬੂਟੇ ਲਗਾਏ ਜਾਣ।ਉਨ੍ਹਾਂ ਜ਼ਿਲ੍ਹਾ ਵਾਤਾਰਵਣ ਕਮੇਟੀ ਦੀ 37ਵੀਂ ਮੀਟਿੰਗ 'ਚ ਜ਼ਿਲ੍ਹੇ ਦੇ ਵਾਤਾਵਰਣ ਪਲਾਨ 'ਤੇ ਚਰਚਾ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜ਼ਿਲ੍ਹੇ ਅੰਦਰ ਵਣਾਂ ਹੇਠ ਰਕਬਾ ਵਧਾਉਣ ਲਈ ਹਰਿਆਵਲ ਲਹਿਰ ਤਹਿਤ ਬੂਟੇ ਲਾਉਣ ਦਾ ਟੀਚਾ ਵੀ ਪੂਰਾ ਕੀਤਾ ਜਾਵੇਗਾ, ਇਸ ਲਈ ਆਮ ਲੋਕ ਵੀ ਵੱਧ ਤੋਂ ਵੱਧ ਬੂਟੇ ਲਾਉਣ ਤੇ ਇਨ੍ਹਾਂ ਨੂੰ ਸੰਭਾਲਣ ਦਾ ਪ੍ਰਣ ਵੀ ਕਰਨ।ਇਸੇ ਦੌਰਾਨ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਏ.ਡੀ.ਸੀ. (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ ਨੇ ਨਗਰ ਨਿਗਮ, ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੇ ਕਾਰਜ ਸਾਧਕ ਅਧਿਕਾਰੀਆਂ, ਪੰਜਾਬ ਪ੍ਰਦੂਸ਼ਨ ਰੋਕਥਾਮ ਬੋਰਡ ਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਜ਼ਿਲ੍ਹੇ ਦੀ ਆਬੋ-ਹਵਾ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਲਈ ਇੱਕ ਵਾਰ ਵਰਤੋਂ 'ਚ ਆਉਣ ਵਾਲੇ ਪਲਾਸਟਿਕ ਦੀਆਂ ਵਸਤਾਂ ਨਾ ਵਰਤਣ ਲਈ ਮੁਹਿੰਮ ਚਲਾਈ ਜਾਵੇ।ਨਵਰੀਤ ਕੌਰ ਸੇਖੋਂ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਜਿੱਥੇ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਬੰਦ ਕਰਨ, ਉਥੇ ਨਾਲ ਹੀ ਆਪਣੇ ਘਰਾਂ ਵਿੱਚੋਂ ਨਿਕਲਦੇ ਕੂੜੇ ਨੂੰ ਗਿੱਲੇ ਤੇ ਸੁੱਕੇ ਕੂੜੇ ਦੇ ਰੂਪ ਵਿੱਚ ਵੱਖੋ-ਵੱਖ ਕਰਕੇ ਹੀ ਕੂੜੇ ਵਾਲੇ ਨੂੰ ਚੁਕਾਉਣ।ਉਨ੍ਹਾਂ ਕੌਮੀ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਮੁਤਾਬਕ ਪਟਿਆਲਾ ਜ਼ਿਲ੍ਹੇ ਲਈ ਨਾਨ-ਅਟੇਨਮੈਂਟ ਐਕਸ਼ਨ ਪਲਾਨ ਪੂਰੀ ਤਰ੍ਹਾਂ ਲਾਗੂ ਕਰਨ ਦੇ ਆਦੇਸ਼ ਵੀ ਜਾਰੀ ਕੀਤੇ।ਏ.ਡੀ.ਸੀ. ਨੇ ਜ਼ਿਲ੍ਹੇ ਅੰਦਰ ਠੋਸ ਅਤੇ ਤਰਲ ਕੂੜਾ ਪ੍ਰਬੰਧਨ, ਪਲਾਸਟਿਕ ਕੂੜੇ ਦਾ ਨਿਪਟਾਰਾ, ਗਰੀਨ ਬੈਲਟ, ਹਵਾ ਤੇ ਪਾਣੀ ਦੀ ਗੁਣਵੱਤਾ ਸੁਧਾਰਨ, ਉਦਯੋਗਿਕ ਕਚਰੇ ਨੂੰ ਸੰਭਾਲਣ ਤੋਂ ਇਲਾਵਾ ਆਵਾਜ਼ ਪ੍ਰਦੂਸ਼ਣ ਦੀ ਰੋਕਥਾਮ ਆਦਿ ਨੁਕਤਿਆਂ 'ਤੇ ਚਰਚਾ ਕਰਕੇ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ।

ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਵਾਤਾਵਰਣ ਇੰਜੀਨੀਅਰ ਗੁਰਕਰਨ ਸਿੰਘ ਨੇ ਮੀਟਿੰਗ ਦੀ ਕਾਰਵਾਈ ਚਲਾਈ।ਉਨ੍ਹਾਂ ਨਾਲ ਐੱਸ.ਡੀ.ਓ. ਅਕਾਂਕਸ਼ਾ ਬਾਸਲ, ਵਣ ਮੰਡਲ ਅਫ਼ਸਰ ਗੁਰਮਨਪ੍ਰੀਤ ਸਿੰਘ, ਜ਼ਿਲ੍ਹਾ ਪ੍ਰੀਸ਼ਦ ਦੇ ਡਿਪਟੀ ਸੀਈਓ ਅਮਨਦੀਪ ਕੌਰ, ਡੀ.ਡੀ.ਪੀ.ਓ. ਮੋਹਿੰਦਰਜੀਤ ਸਿੰਘ ਸਮੇਤ ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੇ ਕਾਰਜ ਸਾਧਕ ਅਫ਼ਸਰ, ਜਲ ਸਪਲਾਈ ਤੇ ਸੀਵਰੇਜ ਬੋਰਡ, ਡਰੇਨੇਜ, ਭੂਮੀ ਰੱਖਿਆ ਆਦਿ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

1-JULY-PAGE-6.qxd 6/30/2025 10:43 PM Page 1



## ਰੋਟਰੀ ਕਲੱਬ ਨਾਭਾ ਗ੍ਰੇਟਰ ਨੇ ਲਾਇਆ ਖ਼ੂਨਦਾਨ ਕੈਂਪ



**ਨਾਭਾ (ਵਰਿੰਦਰ ਵਰਮਾ)**-ਰੋਟਰੀ ਕਲੱਬ ਨਾਭਾ ਗ੍ਰੇਟਰ ਵੱਲੋਂ ਐਸਬੀਆਈ ਬੈਂਕ ਚੌਂਕ ਦੇਵੀ ਦਿਆਲਾ ਸ਼ਾਖਾ ਦੇ ਸਹਿਯੋਗ ਨਾਲ ਹਨੂੰਮਾਨ ਮੰਦਿਰ ਬਠਿੰਡੀਆਂ ਮੁਹੱਲਾ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ ਲਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਅਜੇ ਕੁਮਾਰ ਸਿੰਘ ਏਜੀਐਮ ਨੇ ਸ਼ਿਰਕਤ ਕੀਤੀ ਅਤੇ ਖ਼ੂਨਦਾਨੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਲਾਈਫ ਲਾਈਨ ਬਲੱਡ ਸੈਂਟਰ ਪਟਿਆਲਾ ਵੱਲੋਂ 70 ਦੇ ਕਰੀਬ ਖ਼ੂਨਦਾਨੀਆਂ ਤੋਂ ਖ਼ੂਨ ਇਕੱਤਰ ਕੀਤਾ ਗਿਆ। ਕਲੱਬ ਦੇ ਪ੍ਰਧਾਨ ਐਡਵੋਕੇਟ ਸੰਦੀਪ ਸਿੰਗਲਾ ਤੇ ਮੁੱਖ ਪ੍ਰਬੰਧਕ ਐਸਬੀਆਈ ਸ਼ਾਖਾ ਚੰਚਲ ਨੇ ਕਿਹਾ ਕਿ ਖ਼ੂਨਦਾਨ ਮਹਾਨ ਦਾਨ ਹੈ ਤੇ ਅਸੀਂ ਸਾਰੇ ਜੋ ਸਿਹਤਮੰਦ ਹਾਂ, ਸਾਨੂੰ ਆਪਣੀ ਜ਼ਿੰਦਗੀ ਵਿੱਚ ਸਾਲ 'ਚ ਘੱਟੋ-ਘੱਟ ਤਿੰਨ ਵਾਰ ਖ਼ੂਨਦਾਨ ਜ਼ਰੂਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਸਰੀਰ ਵਿੱਚ ਕੋਈ ਕਮਜ਼ੋਰੀ ਨਹੀਂ ਆਉਂਦੀ, ਸਗੋਂ ਨਵੇਂ ਖ਼ੂਨ ਦਾ ਸੰਚਾਰ ਹੁੰਦਾ ਹੈ। ਕਲੱਬ ਵੱਲੋਂ ਖ਼ੂਨਦਾਨੀਆਂ ਨੂੰ ਉਤਸ਼ਾਹਤ ਕਰਨ ਲਈ ਉਨ੍ਹਾਂ ਨੂੰ ਸਰਟੀਫਿਕੇਟ ਤੇ ਸਨਮਾਨ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ ਤੇ ਆਏ ਮਹਿਮਾਨਾਂ ਦਾ ਵੀ ਸਨਮਾਨ ਕੀਤਾ ਗਿਆ। ਇਸ ਦੇ ਨਾਲ ਹੀ ਖ਼ੂਨਦਾਨੀਆਂ ਲਈ ਰਿਫਰੈਸਮੈਂਟ ਦਾ ਵੀ ਪੂਰਾ ਪ੍ਰਬੰਧ ਕੀਤਾ ਗਿਆ। ਇਸ ਮੌਕੇ ਐਸਬੀਆਈ ਬੈਂਕ ਦੇ ਸਟਾਫ ਮੈਂਬਰ ਬੂਟਾ ਸਿੰਘ ਤੋਂ ਇਲਾਵਾ ਹਰਸ਼ ਬਲੱਡ ਡੋਨਰ ਸੁਸਾਇਟੀ ਪ੍ਰਧਾਨ ਭੁਵੇਸ਼ ਬਾਂਸਲ ਵੀ ਮੌਜੂਦ ਸਨ।

## ਬੀ ਸੀ ਏ ਸਮੈਸਟਰ ਤੀਜਾ ਦਾ ਨਤੀਜਾ ਸ਼ਾਨਦਾਰ ਰਿਹਾ



**ਚੀਮਾ ਮੰਡੀ (ਰਵਿੰਦਰ ਚੀਮਾ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨ ਕੀਤੇ ਗਏ ਮਾਡਰਨ ਕਾਲਜ ਬੀਰ ਕਲਾਂ ਦੇ ਬੀਸੀਏ ਭਾਗ ਦੂਜਾ ਸਮੈਸਟਰ ਤੀਜਾ ਦਾ ਨਤੀਜਾ ਸ਼ਾਨਦਾਰ ਰਿਹਾ, ਜਿਸ ਬਾਰੇ ਅਸਿਸਟੈਂਟ ਪ੍ਰੋਫੈਸਰ ਵੀਰਪਾਲ ਕੌਰ ਨੇ ਦੱਸਿਆ ਮਨਦੀਪ ਕੌਰ 80% ਪ੍ਰਾਪਤ ਕਰਕੇ ਪਹਿਲਾ ਸਥਾਨ, ਅੰਜਲੀ ਸ਼ਰਮਾ ਨੇ 78% ਪ੍ਰਾਪਤ ਕਰਕੇ ਦੂਜਾ ਸਥਾਨ, ਜਗਦੀਪ ਸਿੰਘ ਨੇ 74% ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਤੇ ਪ੍ਰਿੰ. ਡਾਕਟਰ ਵੀ ਕੇ ਰਾਏ ਨੇ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਸਨਮਾਨਤ ਕੀਤਾ ਅਤੇ ਦੱਸਿਆ ਕਿ ਮਾਡਰਨ ਕਾਲਜ ਪਿਛਲੇ ਕਈ ਸਾਲਾਂ ਤੋਂ ਸਿੱਖਿਆ ਵਿੱਚ ਨਵੇਂ ਮੀਲ ਪੱਥਰ ਸਥਾਪਤ ਕਰ ਰਿਹਾ ਹੈ।

## ਬਾਬਾ ਖੇਤਰਪਾਲ ਦੇ ਮੰਦਰ 'ਚ ਅਨੂੰਪੂਰਨਾ ਕੰਟੀਨ ਨੇ ਲਾਇਆ ਲੰਗਰ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਚੰਨੂੰਵਾਲਾ ਰੋਡ ਉਪਰ ਮਹਿੰਦਰਾ ਪੈਲੇਸ ਦੀ ਬੈਕਸਾਈਡ ਤਿਆਰ ਹੋ ਰਹੇ ਬਾਬਾ ਖੇਤਰਪਾਲ ਜੀ ਦੇ ਮੰਦਰ ਨੂੰ ਲੈ ਸੰਗਤਾਂ 'ਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਨਤਮਸਤਕ ਹੋ ਕੇ ਖ਼ੁਸ਼ੀਆਂ ਪ੍ਰਾਪਤ ਕਰਦੇ ਹਨ ਤੇ ਹਰ ਐਤਵਾਰ ਦੀ ਐਤਵਾਰ ਸੰਗਤਾਂ ਵੱਲੋਂ ਇਸ ਜਗ੍ਹਾ 'ਤੇ ਭੰਡਾਰਾ ਲਾਇਆ ਜਾਂਦਾ ਹੈ, ਜਿਸ ਤਹਿਤ ਬਾਬਾ ਖੇਤਰਪਾਲ ਜੀ ਦੇ ਮੰਦਰ ਵਿਖੇ ਅਨੂੰਪੂਰਨਾ ਕੰਟੀਨ ਚੰਨੂ ਵਾਲਾ ਰੋਡ ਵਲੋਂ ਲੰਗਰ ਲਾਇਆ ਗਿਆ। ਵੱਡੀ ਗਿਣਤੀ 'ਚ ਹਾਜ਼ਰ ਸੰਗਤ ਵੱਲੋਂ ਬਾਬਾ ਖੇਤਰਪਾਲ ਦੇ ਮੰਦਰ 'ਚ ਪੂਜਾ ਅਰਚਨਾ ਕਰ ਕੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਗਿਆ ਅਤੇ ਪੂਜਾ ਅਰਚਨਾ ਦੇ ਬਾਅਦ ਸਮੂਹ ਹਾਜ਼ਰ ਸੰਗਤਾਂ ਨੂੰ ਇਕ ਪੰਗਤ ਵਿਚ ਬਿਠਾ ਕੇ ਸੇਵਾਦਾਰਾਂ ਵੱਲੋਂ ਲੰਗਰ ਛਕਾਇਆ ਗਿਆ। ਇਸ ਮੌਕੇ ਮੌਜੂਦ ਮੰਦਰ ਦੇ ਪੁਜਾਰੀ ਮੁਕੇਸ਼ ਸ਼ਰਮਾ, ਚੇਅਰਮੈਨ ਵਿਜੈ ਬਾਂਸਲ, ਪ੍ਰਧਾਨ ਸੰਜੀਵ ਗਰਗ, ਕੈਸ਼ੀਅਰ ਰਕੇਸ਼ ਜਿੰਦਲ ਤੋਤਾ ਨੇ ਕਿਹਾ ਕਿ ਹਰ ਐਤਵਾਰ ਨੂੰ ਮੰਦਰ ਵਿਖੇ ਜੋ ਵੀ ਸ਼ਰਧਾਲੂ ਸ਼ਰਧਾ ਭਾਵਨਾ ਨਾਲ ਮੰਦਰ ਵਿਖੇ ਅਰਦਾਸ ਬੇਨਤੀ ਸੱਚੇ ਮਨ ਨਾਲ ਕਰਦਾ ਹੈ, ਬਾਬਾ ਜੀ ਉਨ੍ਹਾਂ ਦੀਆਂ ਮਨੋਕਾਮਨਾਵਾਂ ਜ਼ਰੂਰ ਪੂਰੀਆਂ ਕਰਦੇ ਹਨ ਤੇ ਸ਼ਰਧਾਲੂ ਹਰ ਐਤਵਾਰ ਨੂੰ ਆਪਣੇ ਵੱਲੋਂ ਵਿਸ਼ਾਲ ਭੰਡਾਰਾ ਲਗਾਉਂਦੇ ਹਨ।

## ਉਦੇਪ੍ਰਤਾਪ ਸਿੰਘ ਬਰਾੜ ਨੇ ਇੰਟਰਨਸ਼ਿਪ ਮੌਕੇ ਲਾਏ ਬੂਟੇ




**ਦੋਦਾ/ਗਿੱਦੜਬਾਹਾ (ਵਕੀਲ ਬਰਾੜ/ਜਸਵੰਤ ਗਿੱਲ ਛੱਤਿਆਣਾ)**-ਸੰਕਲਪ ਐਜੂਕੇਸ਼ਨਲ ਵੈਲਫੇਅਰ ਸੁਸਾਇਟੀ (ਰਜਿ.) ਦੇ ਸੰਸਥਾਪਕ ਪ੍ਰਧਾਨ ਨਰਿੰਦਰ ਸਿੰਘ ਸੰਧੂ ਨੇ ਕਿਹਾ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸੋਸ਼ਲ ਸਾਇੰਸ (ਸਮੈਸਟਰ ਚੌਥਾ) ਦੇ ਵਿਦਿਆਰਥੀ ਉਦੇਪ੍ਰਤਾਪ ਸਿੰਘ ਬਰਾੜ ਪੁੱਤਰ ਪ੍ਰਤਾਪ ਸਿੰਘ ਬਰਾੜ ਵਾਸੀ ਸੁਖਨਾ ਅਬਲੂ ਦੁਆਰਾ ਆਪਣੀ ਇੰਟਰਨਸ਼ਿਪ ਦੌਰਾਨ ਵਾਤਾਵਰਣ ਦੀ ਸਾਂਭ-ਸੰਭਾਲ ਲਈ ਬੂਟੇ ਲਾਏ ਗਏ।ਉਨ੍ਹਾਂ ਦੱਸਿਆ ਕਿ ਉਦੇਪ੍ਰਤਾਪ ਸਿੰਘ ਬਰਾੜ ਦੀ ਇਹ ਟ੍ਰੇਨਿੰਗ ਯੂਨੀਵਰਸਿਟੀ ਦੁਆਰਾ ਚਾਰ ਹਫਤੇ ਲਈ ਲਾਈ ਗਈ ਹੈ।ਇਸ ਦੌਰਾਨ ਉਦੇਪ੍ਰਤਾਪ ਸਿੰਘ ਬਰਾੜ ਆਪਣੀ ਟ੍ਰੇਨਿੰਗ ਤਨ, ਮਨ ਤੇ ਪੂਰੀ ਲਗਨ ਨਾਲ ਕਰ ਰਿਹਾ ਹੈ।ਪ੍ਰਧਾਨ ਸੰਧੂ ਨੇ ਦੱਸਿਆ ਕਿ ਉਹਦੇ ਪ੍ਰਤਾਪ ਸਿੰਘ ਬਰਾੜ ਦੁਆਰਾ ਆਪਣੀ ਇੰਟਰਨਸ਼ਿਪ ਨੂੰ ਲੈ ਕੇ ਆਮ ਲੋਕਾਂ ਤੱਕ ਵਾਤਾਵਰਣ ਦੀ ਸਾਂਭ-ਸੰਭਾਲ ਨੂੰ ਲੈ ਕੇ ਮਨੁੱਖੀ ਫ਼ਿਤਰਤ ਤੇ ਸੁਭਾਅ ਦੀ ਤਬਦੀਲੀ ਬਾਬਤ ਅਹਿਮੀਅਤ ਉਜਾਗਰ ਕਰ ਰਿਹਾ ਹੈ।

## ਭੰਡਾਰੇ ਲਈ 4 ਟਰੱਕ ਰਾਸ਼ਨ ਦੇ ਰਵਾਨਾ



**ਸਰਹੰਦ ਮੰਡੀ (ਪ੍ਰਮੋਦ ਭਾਰਦਵਾਜ)**-ਸ਼ਿਵ ਸ਼ਕਤੀ ਬਰਫਾਨੀ ਸੇਵਾ ਦਲ ਰਜਿਸਟਰਡ ਮੰਡੀ ਗੋਬਿੰਦਗੜ੍ਹ ਤੇ ਸਰਹਿੰਦ ਵੱਲੋਂ ਸ੍ਰੀ ਅਮਰਨਾਥ ਯਾਤਰਾ ਕਰਨ ਵਾਲੇ ਭਗਤਾਂ ਵਾਸਤੇ ਸ੍ਰੀ ਗਿਆਨ ਨਾਥ ਫੱਕਰ ਜੀ ਮਹਾਰਾਜ ਦੇ ਅਸ਼ੀਰਵਾਦ ਨਾਲ ਸ਼੍ਰੀ ਪੰਚ ਮੁਖੀ ਸ਼ਿਵ ਮੰਦਰ ਸਰਹੰਦ ਸ਼ਹਿਰ ਤੋਂ ਲੰਗਰ ਦੇ ਸਮਾਨ ਦੇ ਚਾਰ ਟਰੱਕ ਰਵਾਨਾ ਕੀਤੇ ਗਏ, ਜਿਸ ਵਿੱਚ ਯਾਤਰੀਆਂ ਵਾਸਤੇ ਖਾਣ-ਪੀਣ ਦਾ ਸਮਾਨ ਯਾਤਰੀਆਂ ਦੇ ਵਿਸ਼ਰਾਮ ਕਰਨ ਲਈ ਗੱਦੇ ਕੰਬਲ, ਰਜਾਈਆਂ ਤੇ ਹੋਰ ਰੋਜ਼ ਮਰ੍ਹਾ ਦਾ ਜ਼ਰੂਰੀ ਸਮਾਨ ਸ੍ਰੀ ਦੇਵੀ ਦਿਆਲ ਪਰਾਸ਼ਰ ਵਾਈਸ ਪ੍ਰਧਾਨ ਸ੍ਰੀ ਵਿਸ਼ਵ ਸਨਾਤਨ ਧਰਮ ਸਭਾ ਨੇ ਝੰਡੀ ਦਿਖਾ ਕੇ ਰਵਾਨਾ ਕੀਤਾ ਅਤੇ ਸ਼੍ਰੀ ਪਰਾਸ਼ਰ ਜੀ ਨੇ ਕਿਹਾ ਕਿ ਇਹ ਬਹੁਤ ਵੱਡੀ ਸੇਵਾ ਹੈ, ਜੋ ਇੱਕ ਅਣਸੁਖਾਵੇਂ ਮੌਸਮ ਵਿੱਚ ਰਹਿ ਕੇ ਸ਼੍ਰੀ ਅਮਰਨਾਥ ਯਾਤਰਾ 'ਤੇ ਆਉਣ ਵਾਲੇ ਭਗਤਾਂ ਦੀ ਕੀਤੀ ਜਾਵੇਗੀ। ਇਸ ਵਿੱਚ ਸਾਰੇ ਸ਼ਹਿਰ ਵਾਸੀਆਂ ਤੇ ਮੰਡੀ ਗੋਬਿੰਦਗੜ੍ਹ ਵਾਸੀਆਂ ਦਾ ਵੀ ਬਹੁਤ ਵੱਡਾ ਸਹਿਯੋਗ ਹੈ। ਇਸ ਨਾਲ ਬੱਸੀ ਪਠਾਨਾ ਮੰਡੀ ਗੋਬਿੰਦਗੜ੍ਹ, ਖੰਨਾ, ਸਮਰਾਲਾ ਖਰੜ, ਅੰਮ੍ਰਿਤਸਰ, ਜਿਨ੍ਹਾਂ ਦੀ ਸਹਾਇਤਾ ਨਾਲ ਇਹ ਲੰਗਰ 3 ਜੁਲਾਈ ਤੋਂ ਅਮਰਨਾਥ ਯਾਤਰਾ ਦੇ ਦੌਰਾਨ ਸ਼ੁਰੂ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਭਗਵਾਨ ਭੋਲੇ ਨਾਥ ਦੀ ਕ੍ਰਿਪਾ ਸਾਰਿਆਂ ਉੱਪਰ ਬਣੀ ਰਹੇ ਤੇ ਇਸੇ ਤਰ੍ਹਾਂ ਸਮਾਜ ਦੀ ਸੇਵਾ ਕਰਦੇ ਰਹਿਣ।

## ਖੁੱਡੀਆਂ ਨੇ ਪਸ਼ੂ ਡਿਸਪੈਂਸਰੀਆਂ ਦੀਆਂ ਇਮਾਰਤਾਂ ਦੇ ਰੱਖੇ ਨੀਂਹ ਪੱਥਰ




**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਹਲਕਾ ਲੰਬੀ ਦੇ ਪਿੰਡ ਵਣਵਾਲਾ ਅਣੂ ਤੇ ਕੱਖਾਂਵਾਲੀ 'ਚ ਪਸ਼ੂ ਡਿਸਪੈਂਸਰੀਆਂ ਦੀਆਂ ਨਵੀਆਂ ਇਮਾਰਤਾਂ ਬਣਾਉਣ ਦੇ ਨੀਂਹ ਪੱਥਰ ਰੱਖੇ।ਇਸ ਤੋਂ ਇਲਾਵਾ ਕੈਬਨਿਟ ਮੰਤਰੀ ਸ੍ਰ. ਖੁੱਡੀਆਂ ਨੇ ਪਿੰਡ ਵਣਵਾਲਾ ਅਣੂ ਵਿਖੇ ਹੀ ਸੰਤ ਬਾਬਾ ਸੀਤਾ ਰਾਮ ਜੀ ਦੀ ਬਰਸੀ ਸਬੰਧੀ ਕਰਵਾਏ ਜਾ ਰਹੇ ਸਮਾਗਮ ਵਿੱਚ ਵੀ ਹਾਜ਼ਰੀ ਲਗਵਾਈ।ਇਸ ਮੌਕੇ ਸ੍ਰੀ ਖੁੱਡੀਆਂ ਨੇ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਵਿਧਾਨ ਸਭਾ ਹਲਕਾ ਲੰਬੀ ਨੂੰ ਹਰ ਪੱਖੋਂ ਮੋਹਰੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਉਨ੍ਹਾ ਦੱਸਿਆ ਕਿ ਪਿੰਡ ਵਣਵਾਲਾ ਅਣੂ ਤੇ ਕੱਖਾਂਵਾਲੀ ਵਿੱਚ 47.04 ਲੱਖ ਰੁਪਏ ਦੀ ਲਾਗਤ ਨਾਲ ਪਸ਼ੂ ਡਿਸਪੈਂਸਰੀਆਂ ਦੀਆਂ ਅਤਿ ਆਧੁਨਿਕ ਇਮਾਰਤਾਂ ਤਿਆਰ ਕੀਤੀਆਂ ਜਾਣਗੀਆਂ।ਇਹ ਪਸ਼ੂ ਡਿਸਪੈਂਸਰੀਆਂ ਇਨ੍ਹਾਂ ਪਿੰਡਾਂ ਸਮੇਤ ਨੇੜਲੇ ਹੋਰ ਕਈ ਪਿੰਡਾਂ ਦੇ ਪਸ਼ੂ ਪਾਲਕਾਂ ਲਈ ਵਰਦਾਨ ਸਾਬਿਤ ਹੋਣਗੀਆਂ।ਕੈਬਨਿਟ ਮੰਤਰੀ ਨੇ ਕਿਹਾ ਕਿ ਪਸ਼ੂ ਪਾਲਣ ਵਿਭਾਗ ਵੱਲੋਂ ਸਾਰੇ ਹਸਪਤਾਲਾਂ ਨੂੰ ਘੋੜਿਆਂ ਨੂੰ ਟੈਟਨੈਸ ਦੇ ਬਚਾਅ ਲਈ ਟੀਕੇ ਮੁਹੱਈਆ ਕਰਵਾਏ ਗਏ ਹਨ।ਪੰਜਾਬ ਦੇ ਸਾਰੇ ਗੋਕੇ ਤੇ ਮਹਿਰੂਆਂ ਨੂੰ ਮਲੱਪ ਰਹਿਤ ਕਰਨ ਲਈ ਦਵਾਈ ਦੀ ਵੰਡ ਵੀ ਬਿਲਕੁਲ ਮੁਫਤ ਕੀਤੀ ਗਈ ਹੈ।ਇਸ ਮੌਕੇ ਡਾ. ਰਾਜੀਵ ਛਾਬੜਾ ਨਿਰਦੇਸ਼ਕ ਪਸ਼ੂ ਪਾਲਣ ਵਿਭਾਗ ਪੰਜਾਬ ਨੇ ਸ੍ਰੀ ਰਾਹੁਲ ਭੰਡਾਰੀ ਪ੍ਰਮੁੱਖ ਸਕੱਤਰ ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਪੰਜਾਬ ਅਤੇ ਸ. ਹਰਬੀਰ ਸਿੰਘ ਵਿਸ਼ੇਸ਼ ਸਕੱਤਰ ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਦਾ ਇਸ ਕਾਰਜ ਨੂੰ ਮਿੱਥੇ ਸਮੇਂ ਵਿੱਚ ਪੂਰਾ ਕਰਵਾਉਣ ਲਈ ਦਿਸ਼ਾ ਨਿਰਦੇਸ਼ ਦੇਣ ਲਈ ਵਿਸ਼ੇਸ਼ ਧੰਨਵਾਦ ਕੀਤਾ।ਇਸ ਮੌਕੇ ਡਿਪਟੀ ਡਾਇਰੈਕਟਰ ਡਾ. ਗੁਰਦਿੱਤ ਸਿੰਘ, ਡਾ. ਆਸ਼ੀਸ਼ ਚੁੱਘ ਸੀ.ਈ.ਓ. ਗਊ ਸੇਵਾ ਕਮਿਸ਼ਨ ਪੰਜਾਬ, ਗੁਰਬਾਜ ਸਿੰਘ ਬਣਵਾਲਾ, ਗੁਰਮੇਲ ਸਿੰਘ ਸਰਪੰਚ, ਧਿਆਨ ਸਿੰਘ, ਰਵਿੰਦਰ ਸਿੰਘ ਸਰਪੰਚ, ਡਾ. ਵਿਨੋਦ ਕੁਮਾਰ, ਡਾ. ਵਿਨੀਤ ਜੋਸ਼ੀ, ਡਾ. ਪੁਰਸ਼ੋਤਮ ਮਾਝੀ, ਮਨਵਿੰਦਰ ਸਿੰਘ ਸੀਨੀਅਰ ਵੈਟਨਰੀ ਇੰਸਪੈਕਟਰ, ਰਜਿੰਦਰ ਛਾਬੜਾ, ਜਗਸੀਰ ਕੁਮਾਰ, ਨਿਰਮਲ ਸਿੰਘ, ਬਾਬਾ ਬਲਕਾਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਹਲਕਾ ਵਾਸੀ ਹਾਜ਼ਰ ਸਨ।

# ਦੁਕਾਨਦਾਰ ਤੋਂ ਨਕਦੀ ਖੋਹਣ ਦੇ ਮਾਮਲੇ 'ਚ 3 ਗ੍ਰਿਫ਼ਤਾਰ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਖਮਾਣੋਂ ਦੇ ਇੱਕ ਦੁਕਾਨਦਾਰ ਤੋਂ ਲੁੱਟੀ ਗਈ ਨਕਦੀ ਦੀ ਵਾਰਦਾਤ ਨੂੰ ਮਹਿਜ਼ 24 ਘੰਟਿਆਂ 'ਚ ਸੁਲਝਾਉਣ ਦਾ ਦਾਅਵਾ ਕਰਦੇ ਹੋਏ ਖਮਾਣੋਂ ਪੁਲਸ ਵੱਲੋਂ ਇਸ ਮਾਮਲੇ 'ਚ ਤਿੰਨ ਨੌਜਵਾਨਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।ਪ੍ਰੈੱਸ ਨੂੰ ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸ. ਪੀ. (ਜਾਂਚ) ਫ਼ਤਹਿਗੜ੍ਹ ਸਾਹਿਬ ਰਕੇਸ਼ ਯਾਦਵ ਨੇ ਦੱਸਿਆ ਕਿ ਖਮਾਣੋਂ ਵਿਖੇ ਮਨੀ ਟਰਾਂਸਫ਼ਰ ਦੀ ਦੁਕਾਨ ਕਰਨ ਵਾਲੇ ਮੁਹੰਮਦ ਜੀਆਉਲ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਸੀ ਕਿ 26 ਜੂਨ ਨੂੰ ਰਾਤ ਕਰੀਬ 10 ਵਜੇ ਉਹ ਆਪਣੀ ਦੁਕਾਨ ਬੰਦ ਕਰਕੇ ਘਰ ਨੂੰ ਜਾ ਰਿਹਾ ਸੀ ਤਾਂ ਮਨਸੂਰਪੁਰ ਰੋਡ ਤੋਂ ਖੱਬੇ ਮੁੜਦੇ ਸਾਰ ਹੀ ਤਿੰਨ ਮੋਟਰਸਾਈਕਲ ਸਵਾਰਾਂ, ਜਿਨ੍ਹਾਂ ਦੇ ਮੂੰਹ ਬੰਨ੍ਹੇ ਹੋਏ ਸਨ, ਨੇ ਉਸ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਕੇ ਉਸ ਨੂੰ ਹੇਠਾਂ ਸੁੱਟ ਲਿਆ ਤੇ ਤੇਜ਼ ਹਥਿਆਰਾਂ ਦੇ ਵਾਰ ਕਰਕੇ ਉਸ ਨੂੰ ਜ਼ਖਮੀ ਕਰ ਦਿੱਤਾ, ਜਿਸ ਉਪਰੰਤ ਉਕਤ ਵਿਅਕਤੀ ਉਸ ਦਾ ਨਕਦੀ ਵਾਲਾ ਬੈਗ, ਜਿਸ ਵਿੱਚ ਕਰੀਬ 5 ਲੱਖ ਰੁਪਏ ਤੇ ਦੋ ਮੋਬਾਈਲ ਫੋਨ ਸਨ, ਖੋਹ ਕੇ ਫਰਾਰ ਹੋ ਗਏ। ਜੀਆਉਲ ਨੇ ਪੁਲਸ ਨੂੰ ਦੱਸਿਆ ਕਿ ਉਸ ਨਾਲ ਹੱਥੋਪਾਈ ਦੌਰਾਨ ਉਨ੍ਹਾਂ 'ਚ ਇੱਕ ਵਿਅਕਤੀ ਦੇ ਮੂੰਹ 'ਤੇ ਬੰਨ੍ਹਿਆ ਕੱਪੜਾ ਉੱਤਰ ਗਿਆ ਸੀ, ਜਿਸ ਦੀ ਪਹਿਚਾਣ ਕਰਨਵੀਰ ਸਿੰਘ ਉਰਫ ਜ਼ੋਰਾ ਵਾਸੀ ਪਿੰਡ ਭਾਂਬਰੀ ਵਜੋਂ ਹੋਈ, ਜੋ ਕਿ ਪਹਿਲਾਂ ਵੀ ਉਸ ਦੀ ਦੁਕਾਨ 'ਤੇ ਆਉਂਦਾ ਜਾਂਦਾ ਰਹਿੰਦਾ ਸੀ।ਐੱਸ.ਪੀ. ਯਾਦਵ ਨੇ ਦੱਸਿਆ ਇਸ ਸਬੰਧੀ ਥਾਣਾ ਖਮਾਣੋਂ ਵਿਖੇ ਅ/ਧ 126 (2), 118(1), 304, 3(5) ਬੀ ਐੱਨ ਐੱਸ ਤਹਿਤ ਦਰਜ ਕੀਤੇ ਗਏ ਮੁਕੱਦਮੇ ਦੀ ਤਫ਼ਤੀਸ਼ ਜ਼ਿਲ੍ਹਾ ਪੁਲਸ ਮੁਖੀ ਸ਼ੁਭਮ ਅਗਰਵਾਲ ਦੀ ਹਦਾਇਤ ਅਨੁਸਾਰ ਉਨ੍ਹਾਂ ਦੀ ਤੇ ਡੀ.ਐੱਸ.ਪੀ. ਰਮਿੰਦਰ ਸਿੰਘ ਕਾਹਲੋਂ ਦੀ ਨਿਗਰਾਨੀ ਹੇਠ ਅਤੇ ਐੱਸ.ਐੱਚ.ਓ. ਥਾਣਾ ਖਮਾਣੋਂ ਥਾਣੇਦਾਰ ਸਪਿੰਦਰ ਸਿੰਘ ਦੀ ਅਗਵਾਈ 'ਚ ਸ਼ੁਰੂ ਕੀਤੀ ਗਈ।ਖਮਾਣੋਂ ਪੁਲਸ ਵੱਲੋਂ 24 ਘੰਟਿਆਂ ਅੰਦਰ ਹੀ ਲੁੱਟ ਦੀ ਇਸ ਵਾਰਦਾਤ ਨੂੰ ਅੰਜਾਮ ਦੇ ਕੇ ਫਰਾਰ ਹੋਏ ਕਰਨਵੀਰ ਸਿੰਘ (20), ਬੀਰਦਵਿੰਦਰ ਸਿੰਘ(19) ਵਾਸੀਆਨ ਪਿੰਡ ਭਾਂਬਰੀ ਤੇ ਭਵਨਜੋਤ ਸਿੰਘ (21) ਵਾਸੀ ਪਿੰਡ ਮਾਨਪੁਰ ਨੂੰ ਗ੍ਰਿਫ਼ਤਾਰ ਕਰਨ 'ਚ ਸਫ਼ਲਤਾ ਹਾਸਲ ਕੀਤੀ ਹੈ, ਜਿਨ੍ਹਾਂ ਦੇ ਕਬਜ਼ੇ 'ਚੋਂ ਲੁੱਟ ਦੇ 4 ਲੱਖ ਰੁਪਏ, ਦੋ ਮੋਬਾਈਲ ਫੋਨ, ਵਾਰਦਾਤ 'ਚ ਵਰਤੇ ਤੇਜ਼ਧਾਰ ਹਥਿਆਰ ਤੇ ਮੋਟਰਸਾਈਕਲ ਵੀ ਬਰਾਮਦ ਕਰ ਲਿਆ ਗਿਆ ਹੈ।ਇਸ ਮੌਕੇ ਐੱਸ ਪੀ ਰਕੇਸ਼ ਯਾਦਵ ਨਾਲ ਡੀ ਐੱਸ ਪੀ ਖਮਾਣੋਂ ਰਮਿੰਦਰ ਸਿੰਘ ਕਾਹਲੋਂ ਤੇ ਥਾਣਾ ਖਮਾਣੋਂ ਦੇ ਮੁਖੀ ਸਪਿੰਦਰ ਸਿੰਘ ਮੌਜੂਦ ਸਨ।

# ਮਨਦੀਪ ਕੋਟਲਾ ਨੂੰ ਸੰਗਠਨ ਇੰਚਾਰਜ ਨਿਯੁਕਤ ਕਰਨ 'ਤੇ ਪਵਨ ਗੁਪਤਾ ਵੱਲੋਂ ਪਾਰਟੀ ਹਾਈ ਕਮਾਂਡ ਤੇ ਵਿਧਾਇਕ ਸੁਖਾਨੰਦ ਦਾ ਧੰਨਵਾਦ

### 'ਆਪ' ਮਿਹਨਤੀ ਤੇ ਵਫ਼ਾਦਾਰ ਆਗੂਆਂ ਨੂੰ ਅਹਿਮ ਜ਼ਿੰਮੇਵਾਰੀਆਂ ਸੌਂਪ ਕੇ ਸਨਮਾਨਤ ਕਰਦੀ : ਪਵਨ ਗੁਪਤਾ



**ਬਾਘਾ ਪੁਰਾਣਾ (ਮਨੀ ਸਿੰਗਲਾ)** ਮਾਰਕੀਟ ਕਮੇਟੀ ਬਾਘਾ ਪੁਰਾਣਾ ਦੇ ਚੇਅਰਮੈਨ ਮਨਦੀਪ ਸਿੰਘ ਮਾਨ ਕੋਟਲਾ ਨੂੰ ਆਮ ਆਦਮੀ ਪਾਰਟੀ (ਆਪ) ਦੇ ਸੰਗਠਨ ਇੰਚਾਰਜ ਹਲਕਾ ਬਾਘਾ ਪੁਰਾਣਾ ਵਜੋਂ ਨਿਯੁਕਤ ਕੀਤੇ ਜਾਣ 'ਤੇ ਨਗਰ ਕੌਂਸਲ ਬਾਘਾ ਪੁਰਾਣਾ ਦੇ ਪ੍ਰਧਾਨ ਪਵਨ ਗੁਪਤਾ ਵੱਲੋਂ ਪਾਰਟੀ ਹਾਈ ਕਮਾਂਡ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦਾ ਧੰਨਵਾਦ ਕੀਤਾ, ਜਿਨ੍ਹਾਂ ਦੀ ਸਿਫ਼ਾਰਿਸ਼ 'ਤੇ ਮਨਦੀਪ ਸਿੰਘ ਮਾਨ ਕੋਟਲਾ ਨੂੰ ਅਹਿਮ ਜ਼ਿੰਮੇਵਾਰੀ ਪਾਰਟੀ ਹਾਈ ਕਮਾਂਡ ਵੱਲੋਂ ਸੌਂਪੀ ਗਈ ਹੈ।ਪ੍ਰਧਾਨ ਪਵਨ ਗੁਪਤਾ ਨੇ ਨਵ-ਨਿਯੁਕਤ ਸੰਗਠਨ ਇੰਚਾਰਜ ਮਨਦੀਪ ਸਿੰਘ ਮਾਨ ਕੋਟਲਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਇਸ ਤਰੱਕੀ 'ਤੇ ਵਧਾਈ ਦਿੰਦਿਆਂ ਆਗੂ ਦੱਸਿਆ ਅਤੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾ ਮਿਹਨਤੀ ਤੇ ਵਫ਼ਾਦਾਰ ਆਗੂਆਂ ਨੂੰ ਅਹਿਮ ਜ਼ਿੰਮੇਵਾਰੀਆਂ ਸੌਂਪ ਕੇ ਸਨਮਾਨਤ ਕਰਦੀ ਹੈ।ਉਨ੍ਹਾਂ ਹਲਕਾ ਵਿਧਾਇਕ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਦੀ ਪਾਰਖੂ ਨਜ਼ਰ ਨੇ ਮਨਦੀਪ ਕੋਟਲਾ ਨੂੰ ਇਹ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਮਨਦੀਪ ਕੋਟਲਾ ਦੀ ਅਗਵਾਈ ਵਿੱਚ ਹਲਕੇ 'ਚ ਪਾਰਟੀ ਦਾ ਸੰਗਠਨ ਹੋਰ ਮਜ਼ਬੂਤ ਹੋਵੇਗਾ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰੇਗਾ।ਪਵਨ ਗੁਪਤਾ ਨੇ ਆਖਿਆ ਕਿ ਮਨਦੀਪ ਸਿੰਘ ਮਾਨ ਕੋਟਲਾ ਨੇ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਇਕ ਕੀਤਾ ਹੈ, ਜਿਸ ਦਾ ਮੁੱਲ ਪਾਰਟੀ ਹਾਈ ਕਮਾਂਡ ਨੇ ਪਾਉਂਦਿਆਂ ਇਹ ਨਵੀਂ ਜ਼ਿੰਮੇਵਾਰੀ ਇਨ੍ਹਾਂ ਨੂੰ ਦਿੱਤੀ ਹੈ।ਪ੍ਰਧਾਨ ਪਵਨ ਗੁਪਤਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਅੰਦਰ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਆਮ ਆਦਮੀ ਪਾਰਟੀ ਦੀ ਇਹ ਪਹਿਲੀ ਸਰਕਾਰ ਹੈ, ਜਿਸ ਨੇ ਆਪਣੇ ਮਿਹਨਤੀ ਆਗੂਆਂ, ਵਰਕਰਾਂ ਤੇ ਵਲੰਟੀਅਰਾਂ ਦਾ ਮੁੱਲ ਪਾਇਆ ਹੈ ਤੇ ਉਨ੍ਹਾਂ ਨੂੰ ਸਮੇਂ ਸਮੇਂ ਸਿਰ ਬਣਦਾ ਮਾਣ ਸਨਮਾਨ ਦਿੰਦੀ ਆ ਰਹੀ ਹੈ।ਉਨ੍ਹਾਂ ਕਿਹਾ ਕਿ ਨੌਜਵਾਨ ਗਰਗ ਦੇਸ਼ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ ਤੇ ਆਮ ਆਦਮੀ ਪਾਰਟੀ ਨੇ ਹਮੇਸ਼ਾ ਹੀ ਨੌਜਵਾਨਾਂ ਨੂੰ ਉੱਚ ਰੁਤਬਿਆਂ ਦੇ ਨਾਲ ਸਨਮਾਨਿਆ ਹੈ।ਅਖੀਰ ਵਿੱਚ ਉਨ੍ਹਾਂ ਮਨਦੀਪ ਸਿੰਘ ਮਾਨ ਕੋਟਲਾ ਨੂੰ ਹਲਕਾ ਬਾਘਾ ਪੁਰਾਣਾ ਸੰਗਠਨ ਇੰਚਾਰਜ ਲੱਗਣ 'ਤੇ ਵਧਾਈ ਦਿੱਤੀ।

## ਨਾਬਾਲਿਗ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਦੇ ਦੋਸ਼ 'ਚ ਨੌਜਵਾਨ ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਕੈਂਟ ਵਿਖੇ ਇਕ ਨਾਬਾਲਿਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਦੇ ਦੋਸ਼ 'ਚ ਥਾਣਾ ਕੈਂਟ ਫਿਰੋਜ਼ਪੁਰ ਪੁਲਸ ਨੇ ਇੱਕ ਨੌਜਵਾਨ ਖਿਲਾਫ 137 (2), 96 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ।

ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਨਾਬਾਲਿਗ ਲੜਕੀ ਦੇ ਭਰਾ ਨੇ ਦੱਸਿਆ ਕਿ ਉਸ ਦੀ ਭੈਣ, ਜਿਸ ਨੇ 10 ਜਮਾਤਾਂ ਤੱਕ ਦੀ ਪੜ੍ਹਾਈ ਫਿਰੋਜ਼ਪੁਰ ਵਿਖੇ ਕੀਤੀ ਹੈ ਤੇ ਹੁਣ ਘਰ ਵਿੱਚ ਰਹਿੰਦੀ ਸੀ ਅਤੇ ਉਸ ਦੀ ਪਤਨੀ ਵੀ ਘਰ ਵਿੱਚ ਹਾਜ਼ਰ ਸੀ। ਨਾਬਾਲਿਗ ਲੜਕੀ ਦੇ ਭਰਾ ਨੇ ਦੱਸਿਆ ਕਿ 25 ਮਈ 2025 ਨੂੰ ਉਹ ਕਰੀਬ 2 ਵਜੇ ਦਿਨ ਘਰੇ ਖਾਣਾ ਖਾਣ ਗਿਆ ਤਾਂ ਉਸ ਦੀ ਭੈਣ ਘਰ ਵਿੱਚ ਹਾਜ਼ਰ ਨਹੀਂ ਸੀ, ਜਿਸ 'ਤੇ ਉਸ ਨੇ ਆਪਣੀ ਪਤਨੀ ਨੂੰ ਪੁੱਛਿਆ, ਜਿਸ ਨੇ ਦੱਸਿਆ ਕਿ ਉਹ ਬਾਥਰੂਮ ਵਿੱਚ ਗਈ ਹੋਈ ਹੈ, ਜਦੋਂ ਕੁਝ ਚਿਰ ਬਾਅਦ ਬਾਥਰੂਮ ਵਿੱਚੋਂ ਬਾਹਰ ਨਹੀਂ ਆਈ ਤਾਂ ਉਸ ਨੇ ਭਾਲ ਕਰਨੀ ਸ਼ੁਰੂ ਕਰ ਦਿੱਤੀ ਤੇ ਆਸ-ਪਾਸ ਦੇ ਘਰਾਂ ਵਿੱਚ ਚੈੱਕ ਕੀਤਾ, ਪਰ ਨਹੀਂ ਮਿਲੀ। ਲੜਕੀ ਦੇ ਭਰਾ ਨੇ ਦੱਸਿਆ ਕਿ ਉਸ ਨੂੰ ਪੂਰਾ ਯਕੀਨ ਹੈ ਕਿ ਉਸ ਦੀ ਭੈਣ ਉਮਰ ਕਰੀਬ 16 ਸਾਲ ਨਾਬਾਲਿਗ ਨੂੰ ਸਾਹਿਲ ਪੁੱਤਰ ਰਾਜ ਕੁਮਾਰ ਵਿਆਹ ਕਰਾਉਣ ਦਾ ਝਾਂਸਾ ਦੇ ਕੇ ਵਰਗਲਾ ਕੇ ਲੈ ਗਿਆ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਰਮਨ ਕੁਮਾਰ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਨੌਜਵਾਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਅੱਤਵਾਦ ਪੀੜਤਾਂ ਦੇ ਹੱਕ ਲਈ ਸ੍ਰੀ ਹਿੰਦੂ ਤਖ਼ਤ ਕਰੇਗਾ ਆਵਾਜ਼ ਬੁਲੰਦ : ਪ੍ਰਵੀਨ/ਵਰੁਨ

### ਕੇਂਦਰ ਤੇ ਸੂਬਾ ਸਰਕਾਰ ਪੀੜਤ ਪਰਵਾਰਾਂ ਦਾ ਬਣਦਾ ਹੱਕ ਦੇਣ ਲਈ ਬਣਾਵੇ ਠੋਸ ਪ੍ਰੋਗਰਾਮ



**ਲੁਧਿਆਣਾ (ਰੈਕਟਰ ਕਥੂਰੀਆ)**

ਸ੍ਰੀ ਹਿੰਦੂ ਤਖ਼ਤ ਦੇ ਪ੍ਰਮੁੱਖ ਕੌਮੀ ਪ੍ਰਚਾਰਕ ਤੇ ਮਹੰਤ ਪ੍ਰਵੀਨ ਲੁਧਿਆਣਾ ਫੇਰੀ ਦੌਰਾਨ ਤਖ਼ਤ ਦੇ ਮੁੱਖ ਸੂਬਾ ਪ੍ਰਚਾਰਕ ਵਰੁਣ ਮਹਿਤਾ ਦੇ ਗ੍ਰਹਿ ਵਿਖੇ ਆਏ, ਜਿੱਥੇ ਉਨ੍ਹਾ ਤਖ਼ਤ ਦੀ ਮਜ਼ਬੂਤੀ ਤੇ ਨੌਜਵਾਨ ਵਰਗ ਨੂੰ ਧਰਮ ਨਾਲ ਜੋੜਨ ਲਈ ਅਹਿਮ ਫੈਸਲੇ ਲੈਂਦੇ ਹੋਏ ਤਖ਼ਤ ਦੇ ਪ੍ਰਮੁੱਖ ਅਹੁਦੇਦਾਰਾਂ ਨਾਲ ਮੀਟਿੰਗ ਕੀਤੀ ਤੇ ਪੰਜਾਬ ਦੇ ਹਰ ਬੂਥ ਮੋਹਲਾ ਲੈਵਲ 'ਤੇ ਧਰਮਵੀਰ ਨਿਯੁਕਤ ਕਰਨ ਦੀ ਗੱਲ ਕਰਦੇ ਹੋਏ ਪੰਜਾਬ ਦੇ ਅੱਤਵਾਦ ਦੌਰਾਨ ਸ਼ਹੀਦ ਹੋਏ ਉਨ੍ਹਾਂ ਪਰਿਵਾਰਾਂ, ਜਿਨ੍ਹਾਂ ਨੂੰ ਹਾਲੇ ਤੱਕ ਸਰਕਾਰੀ ਗ੍ਰਾਂਟ ਜਾਂ ਨੌਕਰੀ ਨਹੀਂ ਮਿਲੀ, ਦੇ ਹੱਕ ਦੀ ਆਵਾਜ਼ ਬੁਲੰਦ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਮਗਰੋਂ ਪੱਤਰਕਾਰਾਂ ਨਾਲ ਗਲਬਾਤ ਦੌਰਾਨ ਤਖ਼ਤ ਦੇ ਮੁੱਖ ਕੌਮੀ ਪ੍ਰਚਾਰਕ ਮਹੰਤ ਪ੍ਰਵੀਨ ਤੇ ਮੁੱਖ ਸੂਬਾ ਪ੍ਰਚਾਰਕ ਵਰੁਣ ਮਹਿਤਾ ਨੇ ਕਿਹਾ ਕਿ ਦੇਸ਼ ਦੇ ਹੋਰਨਾਂ ਕਈ ਹਿੱਸਿਆਂ 'ਚ ਹੋਈਆਂ ਮੰਦਭਾਗੀ ਘਟਨਾਵਾਂ ਦੇ ਪੀੜਤਾਂ ਨੂੰ ਕਦੇ ਧਰਮ ਦੇ ਆਧਾਰ 'ਤੇ, ਕਦੇ ਰਾਜਨੀਤੀ ਖੇਡ ਦੀ ਆੜ੍ਹ 'ਚ ਕਈ ਕਈ ਵਾਰ ਮੁਆਵਜ਼ੇ ਮਿਲ ਚੁੱਕੇ ਹਨ, ਪਰ ਅਫਸੋਸ ਦੀ ਗੱਲ ਹੈ ਕਿ ਦੇਸ਼ ਦੇ ਸਰਹੱਦੀ ਸੂਬੇ 'ਚ ਖਾਲਿਸਤਾਨ ਸਮਰਥਕ ਅੱਤਵਾਦ ਦੇ ਡੇਢ ਦਹਾਕੇ ਦੌਰਾਨ ਚੱਲੇ ਖ਼ੂਨੀ ਦੌਰ ਦੇ ਪੀੜਤਾਂ ਦੇ ਮੁੜ ਵਸੇਬੇ ਲਈ ਅੱਜ ਤੱਕ ਕਿਸੇ ਵੀ ਸਿਆਸੀ ਪਾਰਟੀ ਜਾਂ ਲੀਡਰ ਨੇ ਗੰਭੀਰਤਾ ਨਾਲ ਆਵਾਜ਼ ਨਹੀਂ ਚੁੱਕੀ ਤੇ ਅੱਜ ਵੀ ਅੱਤਵਾਦ ਪੀੜਤ ਕਈ ਪਰਵਾਰ ਆਪਣਾ ਹੱਕ ਲੈਣ ਲਈ ਦਰ-ਦਰ ਭਟਕ ਰਹੇ ਹਨ। ਉਨ੍ਹਾ ਕਿਹਾ ਕਿ ਸ੍ਰੀ ਹਿੰਦੂ ਤਖ਼ਤ ਹਰ ਧਰਮ ਦਾ ਸਤਿਕਾਰ ਕਰਦਾ ਹੈ ਅਤੇ ਦੇਸ਼ ਤੇ ਪ੍ਰਦੇਸ਼ ਲਈ ਸ਼ਹੀਦ ਹੋਣ ਵਾਲੇ ਹਰ ਸ਼ਹੀਦ ਤੇ ਜ਼ਖਮੀ ਦੇ ਪਰਿਵਾਰ ਨੂੰ ਬਣਦਾ ਹੱਕ ਦਿਵਾਉਣ ਲਈ ਕੇਂਦਰ ਤੇ ਸੂਬੇ ਦੀ ਸਰਕਾਰ ਸਾਹਮਣੇ ਪ੍ਰਮੁੱਖਤਾ ਨਾਲ ਇਸ ਮੁੱਦੇ ਨੂੰ ਚੁੱਕਦੇ ਹੋਏ ਜਲਦ ਹੀ ਪੀੜਤ ਪਰਿਵਾਰਾਂ ਨੂੰ ਇੱਕ ਮੰਚ 'ਤੇ ਲੈ ਕੇ ਆਵੇਗਾ। ਕੌਮੀ ਪ੍ਰਚਾਰਕ ਮਹੰਤ ਪ੍ਰਵੀਨ ਤੇ ਮੁੱਖ ਸੂਬਾ ਪ੍ਰਚਾਰਕ ਵਰੁਣ ਮਹਿਤਾ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਮਾਨ ਵੱਲੋਂ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਨਸ਼ੇ ਦੇ ਖਾਤਮੇ ਲਈ ਸ਼ੁਰੂ ਕੀਤੇ ਹੋਏ ਯੁੱਧ ਨਸ਼ੇ ਵਿਰੁੱਧ ਮੁਹਿੰਮ ਦੀ ਵੀ ਤਾਰੀਫ਼ ਕਰਦੇ ਹੋਏ ਕਿਹਾ ਕਿ ਪੰਜਾਬ 'ਚੋਂ ਨਸ਼ੇ ਦੇ ਸੌਦਾਗਰਾਂ ਨੂੰ ਖਤਮ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਨੇ ਨਿੱਡਰਤਾ ਨਾਲ ਇਹ ਕਦਮ ਚੁੱਕਿਆ, ਅਸੀਂ ਇਸ ਦਾ ਸਮਰਥਨ ਕਰਦੇ ਹਾਂ।

## 1 ਕਿੱਲੋ 798 ਗ੍ਰਾਮ ਹੈਰੋਇਨ ਸਮੇਤ 2 ਸਮਗਲਰ ਗ੍ਰਿਫ਼ਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਪੁਲਸ ਮੁਖੀ ਭੁਪਿੰਦਰ ਸਿੰਘ ਸਿੱਧੂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਨਸ਼ਿਆਂ ਖਿਲਾਫ ਵਿੱਢੀ ਗਈ ਮੁਹਿੰਮ ਨੂੰ ਉਸ ਸਮੇਂ ਭਾਰੀ ਸਫਲਤਾ ਹਾਸਲ ਜਦ ਫਿਰੋਜ਼ਪੁਰ ਪੁਲਸ ਨੇ 2 ਤਸਕਰਾਂ ਕੋਲੋਂ 1 ਕਿੱਲੋ 798 ਗ੍ਰਾਮ ਹੈਰੋਇਨ ਤੇ 1 ਮੋਟਰਸਾਇਕੀਕਲ ਬਰਾਮਦ ਕੀਤਾ ਗਿਆ। ਪੁਲਸ ਨੇ ਉਕਤ ਤਸਕਰਾਂ ਖਿਲਾਫ ਥਾਣਾ ਆਰਿਫ ਕੇ ਵਿੱਚ ਮਾਮਲਾ ਦਰਜ ਕੀਤਾ ਹੈ।

ਜ਼ਿਲ੍ਹਾ ਪੁਲਸ ਮੁਖੀ ਭੁਪਿੰਦਰ ਸਿੰਘ ਨੇ ਦੱਸਿਆ ਕਿ ਐੱਸ ਆਈ ਸੁਖਬੀਰ ਸਿੰਘ ਸੀਆਈਏ ਸਟਾਫ ਫਿਰੋਜ਼ਪੁਰ ਦੀ ਅਗਵਾਈ ਵਿੱਚ ਗਸ਼ਤ 'ਤੇ ਸੀ ਤਾਂ ਇਸ ਦੌਰਾਨ ਮੁਖਬਰ ਨੇ ਇਤਲਾਹ ਦਿੱਤੀ ਕਿ ਜੋਗਿੰਦਰ ਸਿੰਘ ਉਰਫ ਕਾਕਾ ਪੁੱਤਰ ਸ਼ਾਮ ਸਿੰਘ ਵਾਸੀ ਹਬੀਬ ਵਾਲਾ, ਥਾਣਾ ਸਦਰ ਫਿਰੋਜ਼ਪੁਰ ਤੇ ਬਲਵਿੰਦਰ ਸਿੰਘ ਉਰਫ ਰਿੱਕੂ ਪੁੱਤਰ ਮੋਹਨ ਸਿੰਘ ਵਾਸੀ ਬੇਦੀ ਕਾਲੋਨੀ ਫੈਸ-2 ਫਿਰੋਜ਼ਪੁਰ ਸ਼ਹਿਰ ਦੋਵੇਂ ਆਪਸ ਵਿੱਚ ਮਿਲ ਕੇ ਨਸ਼ੀਲਾ ਪਦਾਰਥ ਹੈਰੋਇਨ ਦੀ ਸਮਗਲਿੰਗ ਕਰਦੇ ਹਨ। ਅੱਜ ਵੀ ਇਹ ਦੋਵੇਂ ਜਣੇ ਇੱਕ ਮੋਟਰਸਾਈਕਲ ਹੀਰੋ ਹਾਂਡਾ ਸਪਲੈਂਡਰ ਨੰਬਰ ਪੀਬੀ 05 ਵੀ 3172 'ਤੇ ਸਵਾਰ ਹੋ ਕੇ ਭਾਰੀ ਮਾਤਰਾ ਵਿੱਚ ਹੈਰੋਇਨ ਲੈ ਕੇ ਅੱਗੇ ਵੇਚਣ ਲਈ ਪਿੰਡ ਆਰਿਫ ਕੇ ਵੱਲੋਂ ਇਸੇ ਰੋਡ ਰਾਹੀਂ ਇਧਰ ਫਿਰੋਜ਼ਪੁਰ ਵੱਲ ਨੂੰ ਆ ਰਹੇ ਹਨ। ਪੁਲਸ ਨੇ ਦੱਸਿਆ ਕਿ ਇਸ ਉਪਰੰਤ ਨਾਕਾਬੰਦੀ ਕਰਕੇ ਉਕਤ ਦੋਸ਼ੀਆਨ ਨੂੰ ਕਾਬੂ ਕੀਤਾ ਗਿਆ ਤੇ ਉਨ੍ਹਾਂ ਕੋਲੋਂ 1 ਕਿੱਲੋ 798 ਗ੍ਰਾਮ ਹੈਰੋਇਨ ਤੇ ਇਕ ਮੋਟਰਸਾਈਕਲ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਉਨ੍ਹਾਂ ਕੋਲੋਂ ਸਖਤੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

## ਪੰਜਾਬ ਭ੍ਰਿਸ਼ਟਾਚਾਰ ਮੁਕਤ ਕਰਨਾ ਸਮੇਂ ਦੀ ਵੱਡੀ ਲੋੜ : ਬਹਿਰੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਰਕਾਰੀਤੰਤਰ ਤੇ ਰਾਜਸੀ ਖੇਤਰ ਵਿੱਚ ਦਿਨ ਪ੍ਰਤੀ ਦਿਨ ਵਧ ਰਿਹਾ ਭ੍ਰਿਸ਼ਟਾਚਾਰ ਸਭ ਹੱਦਾਂ ਬੰਨ੍ਹੇ ਪਾਰ ਕਰਦਾ ਜਾ ਰਿਹਾ ਹੈ। ਇਸ ਵਿਸਫੋਟਕ ਮਸਲੇ 'ਤੇ ਆਪਣਾ ਪ੍ਰਤੀਕਰਮ ਦਿੰਦਿਆਂ ਇੰਡੀਅਨ ਫਾਰਮਜ ਐਸੋਸੀਏਸ਼ਨ ਦੇ ਕੌਮੀ ਪ੍ਰਧਾਨ ਸਤਨਾਮ ਸਿੰਘ ਬਹਿਰੂ ਨੇ ਕਿਹਾ ਕਿ ਭਾਵੇਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਪੰਜਾਬ ਨੂੰ ਭ੍ਰਿਸ਼ਟਾਚਾਰ ਮੁਕਤ ਕਰਨ ਲਈ ਅੱਡੀ ਚੋਟੀ ਦਾ ਜ਼ੋਰ ਲਾਇਆ ਜਾ ਰਿਹਾ ਹੈ, ਪਰ ਜਿਨ੍ਹਾਂ ਕ੍ਰਮਚਾਰੀਆਂ ਤੇ ਅਧਿਕਾਰੀਆਂ ਨੇ ਭ੍ਰਿਸ਼ਟਾਚਾਰ ਵਿੱਚ ਹੱਥ ਰੰਗ ਕੇ ਬੇਨਾਮੀ ਜਾਇਦਾਦਾਂ ਬਣਾਈਆਂ ਹਨ, ਉਨ੍ਹਾਂ ਵਿੱਚ ਕੁੱਝ ਅਧਿਕਾਰੀ ਬਿਨਾਂ ਖੌਫ਼ ਆਪਣੇ ਸੁਭਾਅ ਛੇਤੀ ਨਹੀਂ ਬਦਲਣ ਲੱਗੇ। ਬਹਿਰੂ ਨੇ ਕਿਹਾ ਕਿ ਮੁੱਖ ਮੰਤਰੀ ਦੀਆਂ ਸਖਤ ਹਦਾਇਤਾਂ 'ਤੇ ਚੌਕਸੀ ਵਿਭਾਗ ਦੇ ਡੀ ਜੀ ਪੀ ਵੱਲੋਂ ਭ੍ਰਿਸ਼ਟਾਚਾਰੀਆਂ ਖ਼ਿਲਾਫ਼ ਬਹੁਤ ਵੱਡੀ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਤਹਿਤ ਕੁੱਝ ਸਰਕਾਰੀ ਕ੍ਰਮਚਾਰੀ ਤੇ ਅਧਿਕਾਰੀਆਂ ਨੂੰ ਰੰਗੇ ਹੱਥੀਂ ਫੜ ਕੇ ਜੇਲ੍ਹਾਂ ਵਿੱਚ ਸੁੱਟਿਆ ਜਾ ਰਿਹਾ ਹੈ, ਪਰ ਜਦੋਂ ਚੌਕਸੀ ਵਿਭਾਗ ਦੇ ਤਫ਼ਤੀਸ਼ੀ ਅਫ਼ਸਰਾਂ ਵੱਲੋਂ ਜਾਂਚ ਮੁਕੰਮਲ ਕਰ ਕੇ ਦੋਸ਼ੀਆਂ ਦਾ ਚਲਾਨ ਅਦਾਲਤ ਵਿੱਚ ਪੇਸ਼ ਕਰਨ ਲਈ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਤੋਂ ਆਗਿਆ ਮੰਗੀ ਜਾਂਦੀ ਹੈ ਤਾਂ ਵਿਭਾਗ ਦੇ ਮੁਖੀ ਆਪਣੇ ਮਾਹਿਤਾਂ ਵਾਲੇ ਭ੍ਰਿਸ਼ਟ ਕ੍ਰਮਚਾਰੀ ਤੇ ਅਧਿਕਾਰੀਆਂ ਨੂੰ ਬਚਾਉਣ ਲਈ ਅੱਗੇ ਆ ਜਾਂਦੇ ਹਨ ਅਤੇ ਕਈ ਕਈ ਮਹੀਨੇ ਭ੍ਰਿਸ਼ਟ ਅਧਿਕਾਰੀਆਂ ਦੀਆਂ ਫਾਇਲਾਂ ਪੰਜਾਬ ਦੇ ਆਲਾ ਅਫਸਰਾਂ ਵੱਲੋਂ ਹੀ ਦੱਬੀਆਂ ਜਾ ਰਹੀਆਂ ਹਨ, ਜੋ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਸ਼ੁਰੂ ਕੀਤੀ ਭ੍ਰਿਸ਼ਟਾਚਾਰੀ ਮੁਹਿੰਮ ਕਿਸੇ ਬੰਨ੍ਹੇ ਨਹੀਂ ਲੱਗ ਰਹੀ। ਬਹਿਰੂ ਨੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਆਏ ਉਸ ਬਿਆਨ ਦਾ ਸਵਾਗਤ ਕਰਦਿਆਂ ਕਿਹਾ ਵਿੱਤ ਮੰਤਰੀ ਨੇ ਭ੍ਰਿਸ਼ਟਾਚਾਰ ਬਾਰੇ ਸੱਚ ਬੋਲਿਆ ਹੈ ਕਿ ਭ੍ਰਿਸ਼ਟਾਚਾਰ ਨਾਲ ਸਬੰਧਤ ਫਾਈਲਾਂ ਨੂੰ ਜੇ ਉੱਚ ਰੁਤਬੇ 'ਤੇ ਬੈਠਾ ਅਧਿਕਾਰੀ ਦਬਾ ਕੇ ਰੱਖਦਾ ਹੈ ਤਾਂ ਉਹ ਵੀ ਭ੍ਰਿਸ਼ਟਾਚਾਰ ਤੋਂ ਘੱਟ ਨਹੀਂ ਹੈ। ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਭ੍ਰਿਸ਼ਟਾਚਾਰ ਰੋਕੂ ਮੁਹਿੰਮ ਨੂੰ ਹੋਰ ਮਜਬੂਤ ਬਣਾਉਣ ਲਈ ਇੰਡੀਅਨ ਫਾਰਮਜ ਐਸੋਸੀਏਸ਼ਨ ਦਾ ਇੱਕ ਵਫ਼ਦ ਪੰਜਾਬ ਦੇ ਮੁੱਖ ਸਕੱਤਰ ਸ੍ਰੀ ਕੇ ਏ ਪੀ ਸਿਨਹਾ ਨੂੰ ਮਿਲ ਕੇ ਭ੍ਰਿਸਟਾਚਾਰ ਖਿਲਾਫ਼ ਕੁੱਝ ਲਿਖਤੀ ਸੁਝਾਅ ਦੇਵੇਗੀ।

## ਡੀ ਸੀ ਵੱਲੋਂ ਲੋਕਾਂ ਨੂੰ ਵਾਤਾਵਰਣ ਦੀ ਸ਼ੁੱਧਤਾ ਲਈ ਵੱਧ ਤੋਂ ਵੱਧ ਬੂਟੇ ਲਾਉਣ ਦਾ ਸੱਦਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹਾ ਨਿਵਾਸੀਆਂ ਨੂੰ ਸੱਦਾ ਦਿੱਤਾ ਹੈ ਕਿ ਇਸ ਬਰਸਾਤ ਦੇ ਮੌਸਮ 'ਚ ਵੱਧ ਤੋਂ ਵੱਧ ਬੂਟੇ ਲਗਾਏ ਜਾਣ।ਉਨ੍ਹਾਂ ਜ਼ਿਲ੍ਹਾ ਵਾਤਾਰਵਣ ਕਮੇਟੀ ਦੀ 37ਵੀਂ ਮੀਟਿੰਗ 'ਚ ਜ਼ਿਲ੍ਹੇ ਦੇ ਵਾਤਾਵਰਣ ਪਲਾਨ 'ਤੇ ਚਰਚਾ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜ਼ਿਲ੍ਹੇ ਅੰਦਰ ਵਣਾਂ ਹੇਠ ਰਕਬਾ ਵਧਾਉਣ ਲਈ ਹਰਿਆਵਲ ਲਹਿਰ ਤਹਿਤ ਬੂਟੇ ਲਾਉਣ ਦਾ ਟੀਚਾ ਵੀ ਪੂਰਾ ਕੀਤਾ ਜਾਵੇਗਾ, ਇਸ ਲਈ ਆਮ ਲੋਕ ਵੀ ਵੱਧ ਤੋਂ ਵੱਧ ਬੂਟੇ ਲਾਉਣ ਤੇ ਇਨ੍ਹਾਂ ਨੂੰ ਸੰਭਾਲਣ ਦਾ ਪ੍ਰਣ ਵੀ ਕਰਨ।ਇਸੇ ਦੌਰਾਨ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਏ.ਡੀ.ਸੀ. (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ ਨੇ ਨਗਰ ਨਿਗਮ, ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੇ ਕਾਰਜ ਸਾਧਕ ਅਧਿਕਾਰੀਆਂ, ਪੰਜਾਬ ਪ੍ਰਦੂਸ਼ਨ ਰੋਕਥਾਮ ਬੋਰਡ ਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਜ਼ਿਲ੍ਹੇ ਦੀ ਆਬੋ-ਹਵਾ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਲਈ ਇੱਕ ਵਾਰ ਵਰਤੋਂ 'ਚ ਆਉਣ ਵਾਲੇ ਪਲਾਸਟਿਕ ਦੀਆਂ ਵਸਤਾਂ ਨਾ ਵਰਤਣ ਲਈ ਮੁਹਿੰਮ ਚਲਾਈ ਜਾਵੇ।ਨਵਰੀਤ ਕੌਰ ਸੇਖੋਂ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਜਿੱਥੇ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਬੰਦ ਕਰਨ, ਉੱਥੇ ਨਾਲ ਹੀ ਆਪਣੇ ਘਰਾਂ ਵਿੱਚੋਂ ਨਿਕਲਦੇ ਕੂੜੇ ਨੂੰ ਗਿੱਲੇ ਤੇ ਸੁੱਕੇ ਕੂੜੇ ਦੇ ਰੂਪ ਵਿੱਚ ਵੱਖੋ-ਵੱਖ ਕਰਕੇ ਹੀ ਕੂੜੇ ਵਾਲੇ ਨੂੰ ਚੁਕਾਉਣ।ਉਨ੍ਹਾਂ ਕੌਮੀ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਮੁਤਾਬਕ ਪਟਿਆਲਾ ਜ਼ਿਲ੍ਹੇ ਲਈ ਨਾਨ-ਅਟੇਨਮੈਂਟ ਐਕਸ਼ਨ ਪਲਾਨ ਪੂਰੀ ਤਰ੍ਹਾਂ ਲਾਗੂ ਕਰਨ ਦੇ ਆਦੇਸ਼ ਵੀ ਜਾਰੀ ਕੀਤੇ।ਏ.ਡੀ.ਸੀ. ਨੇ ਜ਼ਿਲ੍ਹੇ ਅੰਦਰ ਠੋਸ ਅਤੇ ਤਰਲ ਕੂੜਾ ਪ੍ਰਬੰਧਨ, ਪਲਾਸਟਿਕ ਕੂੜੇ ਦਾ ਨਿਪਟਾਰਾ, ਗਰੀਨ ਬੈਲਟ, ਹਵਾ ਤੇ ਪਾਣੀ ਦੀ ਗੁਣਵੱਤਾ ਸੁਧਾਰਨ, ਉਦਯੋਗਿਕ ਕਚਰੇ ਨੂੰ ਸੰਭਾਲਣ ਤੋਂ ਇਲਾਵਾ ਆਵਾਜ਼ ਪ੍ਰਦੂਸ਼ਣ ਦੀ ਰੋਕਥਾਮ ਆਦਿ ਨੁਕਤਿਆਂ 'ਤੇ ਚਰਚਾ ਕਰਕੇ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ।

ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਵਾਤਾਵਰਣ ਇੰਜੀਨੀਅਰ ਗੁਰਕਰਨ ਸਿੰਘ ਨੇ ਮੀਟਿੰਗ ਦੀ ਕਾਰਵਾਈ ਚਲਾਈ।ਉਨ੍ਹਾਂ ਨਾਲ ਐੱਸ.ਡੀ.ਓ. ਅਕਾਂਕਸ਼ਾ ਬਾਸਲ, ਵਣ ਮੰਡਲ ਅਫ਼ਸਰ ਗੁਰਮਨਪ੍ਰੀਤ ਸਿੰਘ, ਜ਼ਿਲ੍ਹਾ ਪ੍ਰੀਸ਼ਦ ਦੇ ਡਿਪਟੀ ਸੀਈਓ ਅਮਨਦੀਪ ਕੌਰ, ਡੀ.ਡੀ.ਪੀ.ਓ. ਮੋਹਿੰਦਰਜੀਤ ਸਿੰਘ ਸਮੇਤ ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੇ ਕਾਰਜ ਸਾਧਕ ਅਫ਼ਸਰ, ਜਲ ਸਪਲਾਈ ਤੇ ਸੀਵਰੇਜ ਬੋਰਡ, ਡਰੇਨੇਜ, ਭੂਮੀ ਰੱਖਿਆ ਆਦਿ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

## ਗੁਰਮਤਿ ਸਿਖਲਾਈ ਕੈਂਪ 'ਚ ਹਿੱਸਾ ਲੈਣ ਵਾਲੇ ਬੱਚਿਆਂ ਨੂੰ ਕੀਤਾ ਸਨਮਾਨਤ

**ਬੁਢਲਾਡਾ (ਅਸ਼ੋਕ ਲਾਕੜਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਲਕਾ ਜੋਗਾ ਵਿਖੇ ਪਿਛਲੇ 10 ਸਾਲਾਂ ਤੋਂ ਨਿਰੰਤਰ ਜੂਨ ਦੀਆਂ ਛੁੱਟੀਆਂ ਵਿਚ ਹਲਕੇ ਦੇ 54 ਪਿੰਡਾਂ ਦੇ 96 ਗੁਰਦੁਆਰਿਆਂ ਵਿੱਚ 64 ਗੁਰਮਤਿ ਸਿਖਲਾਈ ਕੈਂਪ ਲਾਏ ਗਏ, ਜਿਸ ਤਹਿਤ ਤਕਰੀਬਨ 3535 ਬੱਚਿਆਂ ਵੱਲੋਂ ਸਮਾਗਮਾਂ ਵਿੱਚ ਭਾਗ ਲਿਆ। ਇਨ੍ਹਾਂ ਸਾਰਿਆਂ ਬੱਚਿਆਂ ਦਾ ਸਨਮਾਨ ਗੁਰਦੁਆਰਾ ਸਾਹਿਬ ਭਾਈ ਬਹਿਲੋ ਫਫੜੇ ਭਾਈਕੇ(ਮਾਨਸਾ) ਵਿਖੇ ਕਰਾਏ ਗਏ ਸਨਮਾਨ ਸਮਾਰੋਹ ਦੌਰਾਨ ਸਨਮਾਨਤ ਕੀਤਾ ਗਿਆ।ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਬੱਚਿਆਂ ਨੂੰ ਸਿੱਖੀ ਇਤਿਹਾਸ ਸੰਬੰਧੀ ਜਾਣੂ ਕਰਾਉਣਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇੱਕ ਸ਼ਲਾਘਾਯੋਗ ਉਪਰਾਲਾ ਹੈ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ ਨੇ ਕਿਹਾ ਕਿ ਬੱਚਿਆਂ ਨੂੰ ਸਿੱਖੀ ਸਿਧਾਂਤਾਂ, ਵਿਰਸੇ ਤੇ ਸੱਭਿਆਚਾਰ ਸੰਬੰਧੀ ਸਿਖਲਾਈ ਦੇਣਾ ਧਰਮ ਪ੍ਰਚਾਰ ਲਈ ਉੱਤਮ ਕਦਮ ਹੈ।

ਉਨ੍ਹਾਂ ਵੱਲੋਂ ਸਾਰੇ ਬੱਚਿਆਂ ਨੂੰ ਗੁਰਮਤਿ ਸਿਖਲਾਈ ਕੈਂਪ ਵਿੱਚ ਹਿੱਸਾ ਲੈਣ ਉੱਤੇ ਵਧਾਈ ਦਿੱਤੀ।ਪਹਿਲੀ, ਦੂਜੀ ਤੇ ਤੀਜੀ ਪੁਜੀਸ਼ਨ ਹਾਸਲ ਕਰਨ ਵਾਲੇ ਬੱਚਿਆਂ ਨੂੰ ਸਾਈਕਲਾਂ ਵੰਡ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ ਨੇ ਪਹੁੰਚ ਕੇ ਬੱਚਿਆਂ ਦੀ ਹੌਸਲਾ ਅਫਜਾਈ ਕੀਤੀ।ਇਸ ਦੌਰਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਦੇਵ ਸਿੰਘ ਬਾਦਲ ਅਤੇ ਹਜ਼ੂਰਾ ਸਿੰਘ ਮੈਂਬਰ ਆਦਿ ਹਾਜ਼ਰ ਸਨ।


**AXIS BANK**

**Retail Asset Centre:** AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001., **Corporate Office:** 'Axis House', Block-B, Bombay Dyeing Mills Compound, Pandurang Budhkar Marg, Worli, Mumbai-400025. **Registered Office:** 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

**ਅੰਤਿਕਾ iv [ਰੂਲ 8 (1) ਦਾ ਹਵਾਲਾ ਲਵੋ] ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਇਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (2002 ਦਾ 54) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਹਰੇਕ ਖਾਤੇ ਵਿਰੁੱਧ ਦਰਸਾਈਆਂ ਮਿਤੀਆਂ 'ਤੇ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਨ੍ਹਾਂ ਨੂੰ ਦਰਸਾਏ ਰੂਲ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ ਵਰਨਣ ਜਾਇਦਾਦ ਦਾ ਹੇਠਾਂ ਦਰਸਾਈਆਂ ਮਿਤੀਆਂ ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ 'ਤੇ ਰਕਮ ਅਤੇ ਉਸ ਉਪਰ ਵਿਆਜ ਐਕਸਿਸ ਬੈਂਕ ਲਿ. ਦੀ ਦੇਣਦਾਰੀ ਦਾ ਵਿਸ਼ਾ ਹੋਵੇਗੀ।

ਉਪਲਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ ਅਤੇ ਪਤਾ | ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|---|
| 1. | ਸ੍ਰੀ ਅਵਿਨਾਸ਼ ਚੌਹਾਨ ਪੁੱਤਰ ਰਜੇਸ਼ ਕੁਮਾਰ ਰੀਨਾ ਪਤਨੀ ਰਜੇਸ਼ ਕੁਮਾਰ | ਬੈਨਾਮਾ ਨੰ. 2020-21/15/1/ 12769 ਮਿਤੀ 25.02.2021 ਅਨੁਸਾਰ ਰੀਨਾ ਪਤਨੀ ਰਜੇਸ਼ ਕੁਮਾਰ ਅਤੇ ਅਵਿਨਾਸ਼ ਚੌਹਾਨ ਪੁੱਤਰ ਰਜੇਸ਼ ਕੁਮਾਰ ਦੇ ਨਾਂਅ 'ਤੇ ਜਾਇਦਾਦ ਨੰ. ਬੀ 006-02644, ਕੁੱਲ ਰਕਬਾ 00 ਕਨਾਲ 3-1/3 ਮਰਲੇ (100 ਵਰਗ ਗਜ਼), ਖੇਵਟ/ਖਤੌਨੀ ਨੰ. 875/913, 914, 915, ਖਸਰਾ ਨੰ. 12//5 (8-0), 15/1 (0-18), 23//4/2 (6-4), 8/1 (6-4), 14/2 (1-8) ਕਿੱਤੇ 06, ਜ਼ਮੀਨ ਰਕਬਾ 30 ਕਨਾਲ 14 ਮਰਲੇ 200 /36840 ਤੱਕ ਦਾ ਹਿੱਸਾ, ਜੋ ਕਿ 00 ਕਨਾਲ 3-1/3 ਮਰਲੇ ਹੈ, ਗੁਰੂ ਤੇਗ ਬਹਾਦਰ ਨਗਰ, ਪਿੰਡ ਖਰੜ, ਹਦਬਸਤ ਨੰ. 184 , ਤਹਿਸੀਲ ਖਰੜ, ਜ਼ਿਲ੍ਹਾ ਐੱਸ ਏ ਐੱਸ ਨਗਰ, ਮੋਹਾਲੀ ਨਾਲ ਸੰਬੰਧਤ ਸਭ ਕੁੱਝ । ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਹੋਰਨਾਂ ਦੀ ਜਾਇਦਾਦ, ਖਾਲੀ ਪਲਾਟ, ਪੱਛਮ : ਰਸਤਾ, ਉੱਤਰ : ਜਾਇਦਾਦ ਬੀ 006/02643, ਦੱਖਣ : ਜਾਇਦਾਦ ਨੰ. ਬੀ 006/02645 | 27th-Jan-2025 | 26th June-2025 | 27 ਜਨਵਰੀ 2025 ਨੂੰ ਬਕਾਇਆ ਰਕਮ ਰੁਪਏ 20,37,018/- (ਵੀਹ ਲੱਖ ਸੈਂਤੀ ਹਜ਼ਾਰ ਅਠਾਰਾਂ ਰੁਪਏ ਕੇਵਲ) ਸਮੇਤ ਅਦਾਇਗੀ ਦੀ ਮਿਤੀ ਤੱਕ ਇਸ ਉਪਰ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਅਤੇ ਖਰਚੇ। |

ਮਿਤੀ : 26.06.2025, ਸਥਾਨ : ਖਰੜ (ਅਧਿਕਾਰਤ ਅਫਸਰ)



**SBI** BRANCH: HLC SANGRUR DISTRICT : SANGRUR (PB) email : sbi.64793@sbi.co.in

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ**

ਨੋਟਿਸ ਦਿੱਤਾ ਜਾਂਦਾ ਹੈ ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਸਹਿ-ਕਰਜ਼ਦਾਰਾਂ ਨੇ ਬੈਂਕ ਵੱਲੋਂ ਪ੍ਰਾਪਤ ਕੀਤੀਆਂ ਕਰਜ਼ਾ ਸਹੂਲਤਾਂ ਦੇ ਮੂਲ ਅਤੇ ਵਿਆਜ ਰਕਮਾਂ ਦੀ ਮੁੜ ਅਦਾਇਗੀ 'ਚ ਭੁੱਲਾਂ ਕੀਤੀਆਂ ਹਨ। ਅਤੇ ਇਹ ਸਹੂਲਤਾਂ ਨਾਨ ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤੀਆਂ ਗਈਆਂ ਹਨ। ਬੈਂਕ ਦੇ ਅਧਿਕਾਰਤ ਅਫਸਰ ਵੱਲੋਂ ਸਕਿਉਰਟੀਜੇਸ਼ਨ ਐਂਡ ਰੀਕਸੰਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 (2) ਅਧੀਨ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਉਨ੍ਹਾਂ ਨੂੰ ਨੋਟਿਸ ਜਾਰੀ ਕੀਤੇ ਗਏ, ਜੋ ਕੁਝ ਮਾਮਲਿਆਂ 'ਚ ਬਿਨਾਂ ਤਾਮੀਲ ਵਾਪਸ ਆ ਗਏ ਅਤੇ ਹੋਰ ਮਾਮਲਿਆਂ 'ਚ ਰਸੀਦਾਂ ਪ੍ਰਾਪਤ ਨਹੀਂ ਹੋਈਆਂ। ਅਜਿਹੇ 'ਚ ਕਰਜ਼ਦਾਰਾਂ (ਗਰੰਟਰਾਂ ਨੂੰ ਉਹੀ ਜਾਣਕਾਰੀ ਹਿੱਤ ਇਸ ਜਨਤਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ।

| ਲੜੀ ਨੰ. | ਬਰਾਂਚ, ਕਰਜ਼ਦਾਰ/ਗਰੰਟਰ/ਭਾਈਵਾਲ/ ਰਹਿਣਕਾਰ ਦਾ ਨਾਂਅ | ਜਾਇਦਾਦ ਦਾ ਵੇਰਵਾ | ਨਾਨ ਪ੍ਰਫਾਰਮਿੰਗ ਐੱਸਟ (ਐੱਨ ਪੀ ਏ) ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ |
|---|---|---|---|---|---|
| 1. | (ਕਰਜ਼ਦਾਰ) :- ਏ) ਸ੍ਰੀਮਤੀ ਪਰਮਜੀਤ ਕੌਰ ਪਤਨੀ ਜੰਗੀਰ ਸਿੰਘ ਅਤੇ ਬੀ) ਸ੍ਰੀ ਜੰਗੀਰ ਸਿੰਘ ਪੁੱਤਰ ਸ੍ਰੀ ਗੁਰਨਾਮ ਸਿੰਘ ਦੋਵੇਂ ਵਾਸੀ, ਗਲੀ ਨੰ. 5, ਸ਼ਿਵਮ ਕਲੋਨੀ, ਸੰਗਰੂਰ, ਤਹਿਸੀਲ ਅਤੇ ਜ਼ਿਲ੍ਹਾ ਸੰਗਰੂਰ (ਪੰਜਾਬ) 148001. ਗਰੰਟਰ :- ਸ੍ਰੀ ਗੁਰਜੀਤ ਸਿੰਘ ਪੁੱਤਰ ਸ੍ਰੀ ਗੁਰਮੇਲ ਸਿੰਘ ਵਾਸੀ ਪਿੰਡ ਗੁੱਜਰਵਾਲਾ, ਤਹਿਸੀਲ ਅਤੇ ਜ਼ਿਲ੍ਹਾ ਸੰਗਰੂਰ (ਪੰਜਾਬ) 148001 | ਬੈਨਾਮਾ ਵਸੀਕਾ ਨੰ. 2136 ਮਿਤੀ 01.08.2012 ਅਨੁਸਾਰ ਸ੍ਰੀਮਤੀ ਪਰਮਜੀਤ ਕੌਰ ਪਤਨੀ ਸ੍ਰੀ ਜੰਗੀਰ ਸਿੰਘ ਦੇ ਨਾਂਅ 'ਤੇ ਜ਼ਮੀਨ ਅਤੇ ਇਮਾਰਤ, ਖੱਤਾ ਨੰ. 515/903, ਖਸਰਾ ਨੰ. 51//5/1 ਮਿਨ (6-5), ਰਕਬਾ ਕੁੱਲ ਜ਼ਮੀਨ 06 ਕਨਾਲ 05 ਮਰਲੇ ਦਾ 200/3750 ਹਿੱਸਾ, ਜੋ ਕਿ 0-6.2/3 ਮਰਲੇ (200 ਵਰਗ ਗਜ਼ ਹੈ), ਪਿੰਡ ਸੰਗਰੂਰ ਬੀ, ਤਹਿਸੀਲ ਤੇ ਜ਼ਿਲ੍ਹਾ ਸੰਗਰੂਰ (ਪੰਜਾਬ), ਜਮ੍ਹਾਂਬੰਦੀ ਸਾਲ 2019-20 ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਪਰਮਜੀਤ ਸਿੰਘ ਦੀ ਜ਼ਮੀਨ ਸਾਈਡ 60', ਪੱਛਮ : ਪਰਮਜੀਤ ਸਿੰਘ ਦੀ ਜ਼ਮੀਨ ਸਾਈਡ 60', ਉੱਤਰ : ਰਸਤਾ 20' ਚੌੜਾ ਸਾਈਡ 30', ਦੱਖਣ : ਪਰਮਜੀਤ ਸਿੰਘ ਦੀ ਜ਼ਮੀਨ ਸਾਈਡ 30' | 30-01.2024 | 17-06.2025 | 13.06.2025 ਨੂੰ ਰੁਪਏ 3,84,683.00 (ਤਿੰਨ ਲੱਖ ਚੁਰਾਸੀ ਹਜ਼ਾਰ ਛੇ ਸੌ ਤਰਿਆਸੀ ਰੁਪਏ ਕੇਵਲ) ਜਮ੍ਹਾਂ ਇਸ ਰਕਮ 'ਤੇ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਸਮੇਤ ਇਸ ਤੋਂ ਬਾਅਦ ਹੋਏ ਅਚਨਚੇਤੀ ਖਰਚੇ, ਲਾਗਤ ਅਤੇ ਚਾਰਜ਼ਿਜ਼ ਆਦਿ। |
| 2. | (ਕਰਜ਼ਦਾਰ):- ਏ)। ਸ੍ਰੀ ਮੇਲਾ ਰਾਮ ਪੁੱਤਰ ਸ੍ਰੀ ਸਰਤ ਰਾਮ ਅਤੇ ਬੀ) ਸ੍ਰੀ ਹਰੀਸ਼ ਕੁਮਾਰ ਪੁੱਤਰ ਸ੍ਰੀ ਮੇਲਾ ਰਾਮ ਦੋਵੇਂ ਵਾਸੀ ਗਲੀ ਨੰਬਰ 6, ਥਲੇਸ਼ ਬਾਗ ਕਲੋਨੀ, ਨਾਭਾ ਗੇਟ ਬਾਹਰਵਾਰ ਸੰਗਰੂਰ, ਜਿਲ੍ਹਾ ਸੰਗਰੂਰ (ਪੰਜਾਬ) 148001 ਗਰੰਟਰ:- ਸ੍ਰੀ ਹਰੀਸ਼ ਕੁਮਾਰ ਪੁੱਤਰ ਸ੍ਰੀ ਮੇਲਾ ਰਾਮ ਵਾਸੀ ਗਲੀ ਨੰਬਰ 6, ਥਲੇਸ਼ ਬਾਗ ਕਲੋਨੀ, ਨਾਭਾ ਗੇਟ ਦੇ ਬਾਹਰਵਾਰ ਸੰਗਰੂਰ, ਜਿਲ੍ਹਾ ਸੰਗਰੂਰ (ਪੰਜਾਬ) 148001 | ਬੈਨਾਮਾ ਵਸੀਕਾ ਨੰ. 1196 ਮਿਤੀ 03.08.1998 ਰਾਹੀਂ ਸ੍ਰੀ ਮੇਲਾ ਰਾਮ ਪੁੱਤਰ ਸ੍ਰੀ ਸਰਤ ਰਾਮ ਦੇ ਨਾਂਅ 'ਤੇ ਜ਼ਮੀਨ ਅਤੇ ਇਮਾਰਤ, ਖੱਤਾ ਨੰ. 961/1341-1348, ਖਸਰਾ ਨੰ. 518/1/1/10 ਮਿਨ (6-15-1.50), 518/1/1/10 ਮਿਨ (0-3-4.50), 518/1/1/10 ਮਿਨ (0-13-4.50), 518/1/1/10 ਮਿਨ (0-1-4.50), 518/1/1/10 ਮਿਨ (0-17-4.50), 518 /1/1/10 ਮਿਨ (1-2-2.40), 518/1/1/10 ਮਿਨ (1-3-2.70), 518/1/1/10 ਮਿਨ (0-6-6.00) ਰਕਬਾ 3.23 ਮਰਲਾ, ਜੋ ਕਿ 110 ਵਰਗ ਗਜ਼, ਕੁੱਲ ਜ਼ਮੀਨ ਰਕਬਾ 11 ਕਨਾਲ 03 ਮਰਲੇ ਅਤੇ 3.60 ਸਰਸਾਹੀ ਦਾ 55/3501 ਹਿੱਸਾ, ਪਿੰਡ ਸੰਗਰੂਰ ਏ, ਅਬਾਦੀ ਥਲੇਸ਼ ਬਾਗ, ਨਾਭਾ ਗੇਟ ਦੇ ਬਾਹਰਵਾਰ, ਤਹਿਸੀਲ ਅਤੇ ਜ਼ਿਲ੍ਹਾ ਸੰਗਰੂਰ (ਪੰਜਾਬ), ਜਮ੍ਹਾਂਬੰਦੀ ਸਾਲ 2019-20 ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਗਲੀ, ਪੱਛਮ : ਲਾਲ ਚੰਦ ਦਾ ਪਲਾਟ, ਉੱਤਰ : ਸੁਰਿੰਦਰ ਕੌਰ ਦਾ ਪਲਾਟ, ਦੱਖਣ : ਗੁਰਦੇਵ ਸਿੰਘ ਦਾ ਪਲਾਟ। | 28-10.2022 | 17-06.2025 | 13.06.2025 ਨੂੰ ਰੁਪਏ 5,94,320.00 (ਪੰਜ ਲੱਖ ਚੁਰਾਨਵੇਂ ਹਜ਼ਾਰ ਤਿੰਨ ਸੌ ਵੀਹ ਰੁਪਏ ਕੇਵਲ) ਜਮ੍ਹਾਂ ਇਸ ਰਕਮ 'ਤੇ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਸਮੇਤ ਇਸ ਤੋਂ ਬਾਅਦ ਹੋਏ ਅਚਨਚੇਤੀ ਖਰਚੇ, ਲਾਗਤ ਅਤੇ ਚਾਰਜ਼ਿਜ਼ ਆਦਿ। |
| 3. | (ਕਰਜ਼ਦਾਰ):- ਲੈਫਟੀਨੈਂਟ ਸ੍ਰੀ ਹਰਜਿੰਦਰ ਸਿੰਘ ਪੁੱਤਰ ਸ੍ਰੀ ਰੱਲਾ ਸਿੰਘ ਵਾਸੀ ਦਸ਼ਮੇਸ਼ ਨਗਰ, ਨੇੜੇ ਨਾਮ ਚਰਚਾ ਘਰ, ਪਟਿਆਲਾ ਰੋਡ, ਸੰਗਰੂਰ (ਪੰਜਾਬ) 148001 ਰਾਹੀਂ ਇਸ ਦੇ ਕਾਨੂੰਨੀ ਵਾਰਸ ਏ). ਸ੍ਰੀਮਤੀ ਕਰਮਜੀਤ ਕੌਰ ਪਤਨੀ ਲੈਫਟੀਨੈਂਟ ਸੀ ਹਰਜਿੰਦਰ ਸਿੰਘ, ਬੀ) ਸ੍ਰੀਮਤੀ ਹਰਮਨਦੀਪ ਕੌਰ ਪੁੱਤਰੀ ਲੈਫਟੀਨੈਂਟ ਸ੍ਰੀ ਹਰਜਿੰਦਰ ਸਿੰਘ ਅਤੇ ਸੀ). ਸ੍ਰੀ ਪ੍ਰੀਤਇੰਦਰ ਸਿੰਘ ਪੁੱਤਰ ਲੈਫਟੀਨੈਂਟ ਸ੍ਰੀ ਹਰਜਿੰਦਰ ਸਿੰਘ ਸਾਰੇ ਵਾਸੀ ਦਸ਼ਮੇਸ਼ ਨਗਰ, ਨੇੜੇ ਨਾਮ ਚਰਚਾ ਘਰ, ਪਟਿਆਲਾ ਰੋਡ, ਸੰਗਰੂਰ (ਪੰਜਾਬ) 148001. ਗਾਰੰਟਰ:- ਸ੍ਰੀਮਤੀ ਕਰਮਜੀਤ ਕੌਰ ਪਤਨੀ ਲੈਫਟੀਨੈਂਟ ਸ੍ਰੀ ਹਰਜਿੰਦਰ ਸਿੰਘ ਵਾਸੀ ਦਸ਼ਮੇਸ਼ ਨਗਰ, ਨੇੜੇ ਨਾਮ ਚਰਚਾ ਘਰ, ਪਟਿਆਲਾ ਰੋਡ, ਸੰਗਰੂਰ (ਪੰਜਾਬ) 148001। | ਬੈਨਾਮਾ ਵਸੀਕਾ ਨੰ. 1144 ਮਿਤੀ 20.06.2005 ਅਨੁਸਾਰ ਸ੍ਰੀਮਤੀ ਕਰਮਜੀਤ ਕੌਰ ਪਤਨੀ ਲੈਫ: ਸ੍ਰੀ ਹਰਜਿੰਦਰ ਸਿੰਘ ਦੇ ਨਾਂਅ 'ਤੇ ਜ਼ਮੀਨ ਅਤੇ ਇਮਾਰਤ, ਖੱਤਾ ਨੰ. 918/1272, ਖਸਰਾ ਨੰ. 54//8/1 (0-3-10), ਪੁਖਤਾ ਰਕਬਾ 0-3-10 ਪੁਖਤਾ ਜੋ ਕਿ 525 ਵਰਗ ਗਜ਼ ਹੈ, ਪਿੰਡ ਮੰਗਵਾਲ, ਤਹਿਸੀਲ ਅਤੇ ਜ਼ਿਲ੍ਹਾ ਸੰਗਰੂਰ (ਪੰਜਾਬ), ਜਮ੍ਹਾਂਬੰਦੀ ਸਾਲ 2000-01 ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਕਮਲਾ ਦੇਵੀ ਦਾ ਪਲਾਟ, ਪੱਛਮ : ਗਲੀ 12 ਫੁੱਟ ਚੌੜੀ, ਉੱਤਰ : ਬਲਵਿੰਦਰ ਸਿੰਘ ਦਾ ਪਲਾਟ, ਦੱਖਣ : ਹਰਜਿੰਦਰ ਸਿੰਘ ਦਾ ਪਲਾਟ। | 01-08.2019 | 17-06.2025 | 13.06.2025 ਨੂੰ ਰੁਪਏ 4,97,361.00 (ਚਾਰ ਲੱਖ ਸਤਾਨਵੇਂ ਹਜ਼ਾਰ ਤਿੰਨ ਸੌ ਇਕਾਹਠ ਰੁਪਏ ਕੇਵਲ) ਜਮ੍ਹਾਂ ਇਸ ਰਕਮ 'ਤੇ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਸਮੇਤ ਇਸ ਤੋਂ ਬਾਅਦ ਹੋਏ ਅਚਨਚੇਤੀ ਖਰਚੇ, ਲਾਗਤ ਅਤੇ ਚਾਰਜ਼ਿਜ਼ ਆਦਿ। |
| 4. | (ਕਰਜ਼ਦਾਰ):- ਸ੍ਰੀਮਤੀ ਪ੍ਰਵੀਨ ਪਤਨੀ ਸ੍ਰੀ ਜ਼ਹੀਰ ਹਸਨ ਅਤੇ ਬੀ) ਸ੍ਰੀਮਤੀ ਮਿਸਬਾ ਜ਼ਹੀਰ ਪੁੱਤੀ ਸ੍ਰੀ ਜ਼ਹੀਰ ਹਸਨ ਦੋਵੇਂ ਵਾਸੀ 786, ਬੈਕਸਾਈਡ ਜਾਮਾ ਮਸਜਿਦ, ਮਲੇਰਕੋਟਲਾ ਰੋਡ, ਤਹਿਸੀਲ ਅਤੇ ਜ਼ਿਲ੍ਹਾ ਮਾਲੇਰਕੋਟਲਾ (ਪੰਜਾਬ) 148023 | ਬੈਨਾਮਾ ਵਸੀਕਾ ਨੰ. 1827 ਮਿਤੀ 11/11/2014 ਅਨੁਸਾਰ ਸ੍ਰੀਮਤੀ ਪ੍ਰਵੀਨ ਪਤਨੀ ਸ੍ਰੀ ਜ਼ਹੀਰ ਹਸਨ ਦੇ ਨਾਂਅ 'ਤੇ ਜ਼ਮੀਨ ਅਤੇ ਇਮਾਰਤ, ਖੱਤਾ ਨੰ. 460/691, ਖਸਰਾ ਨੰ. 101//1 ਮਿਨ/0-5.11/30, ਖੇਤਰ ਰਕਬਾ 0 ਕੇ 5.11 ਮਰਲੇ, ਜੋ ਕਿ 161.00 ਵਰਗ ਗਜ਼ ਹੈ, ਪਿੰਡ ਮਾਲੇਰਕੋਟਲਾ, ਅਬਾਦੀ ਡਾਹ ਬਾਸਾਂ ਵਾਲਾ, ਨੇੜੇ ਲੁਧਿਆਣਾ ਰੋਡ, ਮਾਲੇਰਕੋਟਲਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਗਲੀ 25 ਫੁੱਟ ਚੌੜੀ ਸਾਈਡ 21'9'', ਪੱਛਮ : ਕਬਰਸਤਾਨ ਸਾਈਡ 21'-9'', ਉੱਤਰ ਫਿਰੋਜ਼ ਖਾਨ ਦਾ ਪਲਾਟ ਸਾਈਡ 54'-6.1/2''+12'-6'', ਦੱਖਣ : ਮੁਹੰਮਦ ਅਖਤਰ ਦਾ ਪਲਾਟ ਸਾਈਡ 54'-0''+12'6'' | 02-09.2024 | 17-06.2025 | 13.06.2025 ਨੂੰ ਰੁਪਏ 8,82,691.00 (ਅੱਠ ਲੱਖ ਬਿਆਸੀ ਹਜ਼ਾਰ ਛੇ ਸੌ ਇਕੰਨਵੇਂ ਰੁਪਏ ਕੇਵਲ) ਜਮ੍ਹਾਂ ਇਸ ਰਕਮ 'ਤੇ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਸਮੇਤ ਇਸ ਤੋਂ ਬਾਅਦ ਹੋਏ ਅਚਨਚੇਤੀ ਖਰਚੇ, ਲਾਗਤ ਅਤੇ ਚਾਰਜ਼ਿਜ਼ ਆਦਿ। |
| 5. | (ਕਰਜ਼ਦਾਰ):- ਸ੍ਰੀ ਸਲਾਮਦੀਨ ਪੁੱਤਰ ਸ੍ਰੀ ਵਲੀ ਮੁਹੰਮਦ ਵਾਸੀ ਮੁਹੱਲਾ ਚਾਹ ਰਾਊ ਵਾਲਾ, ਸਰੋਦ ਰੋਡ, ਮਲੇਰਕੋਟਲਾ (ਪੰਜਾਬ) 148023 ਗਾਰੰਟਰ:- ਸ੍ਰੀ ਹਰਵਿੰਦਰ ਸਿੰਘ ਪੁੱਤਰ ਸ੍ਰੀ ਧਰਮਪਾਲ ਵਾਸੀ ਸਜਦਾ ਕਲੋਨੀ ਮਾਲੇਰਕੋਟਲਾ, ਜਿਲ੍ਹਾ ਮਾਲੇਰਕੋਟਲਾ (ਪੰਜਾਬ) 148023 | ਬੈਨਾਮਾ ਵਸੀਕਾ ਨੰ. 1612 ਮਿਤੀ 05.08.2004 ਅਨੁਸਾਰ ਸ੍ਰੀ ਸਾਲਮਦੀਨ ਪੁੱਤਰ ਸ੍ਰੀ ਵਲੀ ਮੁਹੰਮਦ ਦੇ ਨਾਂਅ 'ਤੇ ਜ਼ਮੀਨ ਅਤੇ ਇਮਾਰਤ, ਖੱਤਾ ਨੰ. 2784/4611, ਖਸਰਾ ਨੰ. 126//23/2 ਮਿਨ (0-10) ਅਤੇ 126//24 ਮਿਨ (1-10), ਕਿੱਤੇ 2, ਰਕਬਾ ਕੁੱਲ ਜ਼ਮੀਨ 2-0 ਕਨਾਲ ਦਾ 1/12 ਹਿੱਸਾ, ਜੋ ਕਿ 0-3.1/3 ਮਰਲੇ (100 ਵਰਗ ਗਜ਼) ਹੈ। ਪਿੰਡ ਮਾਲੇਰਕੋਟਲਾ, ਅਬਾਦੀ ਮੁਹੱਲਾ ਚਾਹ ਰਾਊ ਵਾਲਾ, ਮਾਲੇਰਕੋਟਲਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਸ਼ਮਸ਼ਾਨਘਾਟ, ਪੱਛਮ : ਰਸਤਾ, ਉੱਤਰ : ਪਲਾਟ, ਦੱਖਣ : ਪਲਾਟ | 26-09.2020 | 17-06.2025 | 13.06.2025 ਨੂੰ ਰੁਪਏ 1,23,691.00 (ਇੱਕ ਲੱਖ ਤੇਈ ਹਜ਼ਾਰ ਛੇ ਸੌ ਇਕੰਨਵੇਂ ਰੁਪਏ ਕੇਵਲ) ਜਮ੍ਹਾਂ ਇਸ ਰਕਮ 'ਤੇ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਸਮੇਤ ਇਸ ਤੋਂ ਬਾਅਦ ਹੋਏ ਅਚਨਚੇਤੀ ਖਰਚੇ, ਲਾਗਤ ਅਤੇ ਚਾਰਜ਼ਿਜ਼ ਆਦਿ। |
| 6. | (ਕਰਜ਼ਦਾਰ):- ਸ੍ਰੀ ਮੁਹੰਮਦ ਹੁਸੈਨ ਪੁੱਤਰ ਸ੍ਰੀ ਮੁਹੰਮਦ ਹਲੀਮ, ਵਾਸੀ ਮਕਾਨ ਨੰ. 553, ਛੋਟਾ ਖਾਰਾ, ਭੁਮਸ਼ੀ ਚੌਂਕ, ਮਲੇਰਕੋਟਲਾ, ਜ਼ਿਲਾ ਮਲੇਰਕੋਟਲਾ (ਪੰਜਾਬ) (148023) ਗਾਰੰਟਰ:- ਸ੍ਰੀ ਰਾਜੇਸ਼ ਕੁਮਾਰ ਜਿੰਦਲ ਪੁੱਤਰ ਸ੍ਰੀ ਮਦਨ ਲਾਲ ਵਾਸੀ ਗ੍ਰੀਨ ਐਵੇਨਿਊ, ਮਲੇਰਕੋਟਲਾ, ਜ਼ਿਲ੍ਹਾ। ਮਲੇਰਕੋਟਲਾ (ਪੰਜਾਬ) 148023 | ਬੈਨਾਮਾ ਵਸੀਕਾ ਨੰ. 1295 ਮਿਤੀ 21.04.2008 ਅਨੁਸਾਰ ਸ੍ਰੀ ਮੁਹੰਮਦ ਹੁਸੈਨ ਪੁੱਤਰ ਪੁੱਤਰ ਸ੍ਰੀ ਮੁਹੰਮਦ ਹਲੀਮ ਦੇ ਨਾਂਅ 'ਤੇ ਜ਼ਮੀਨ ਅਤੇ ਇਮਾਰਤ, ਖੱਤਾ ਨੰ. 3392/6063, ਖਸਰਾ ਨੰ. 1036/1 (1-15), ਰਕਬਾ 0 ਕਨਾਲ 6-1/2 ਮਰਲੇ ਜੋ ਕਿ 198.12 ਵਰਗ ਗਜ਼, ਜੋ ਕਿ ਕੁੱਲ ਜ਼ਮੀਨ ਰਕਬਾ 1 ਕਨਾਲ 15 ਮਰਲੇ ਦਾ 13/70 ਹਿੱਸਾ ਹੈ। ਪਿੰਡ ਮਾਲੇਰਕੋਟਲਾ, ਜਮ੍ਹਾਂਬੰਦੀ ਸਾਲ 2013-14 ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ : ਗਲੀ, ਪੱਛਮ : ਨਹਿਰੂ ਦਾ ਮਕਾਨ, ਉੱਤਰ : ਹਾਜੀ ਮੁਹੰਮਦ ਯਮੀਨ ਦਾ ਮਕਾਨ, ਦੱਖਣ : ਬਸ਼ੀਰ ਦਾ ਮਕਾਨ। | 01-05.2019 | 17-06.2025 | 13.06.2025 ਨੂੰ ਰੁਪਏ 8,24,709.00 (ਅੱਠ ਲੱਖ ਚੌਵੀ ਹਜ਼ਾਰ ਸੱਤ ਸੌ ਨੌਂ ਰੁਪਏ ਕੇਵਲ) ਜਮ੍ਹਾਂ ਇਸ ਰਕਮ 'ਤੇ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਸਮੇਤ ਇਸ ਤੋਂ ਬਾਅਦ ਹੋਏ ਅਚਨਚੇਤੀ ਖਰਚੇ, ਲਾਗਤ ਅਤੇ ਚਾਰਜ਼ਿਜ਼ ਆਦਿ। |

ਉਪਰੋਕਤ ਕਰਜ਼ਦਾਰਾਂ ਅਤੇ/ਜਾਂ ਉਨ੍ਹਾਂ ਦੇ ਗਰੰਟਰਾਂ ( ਜਿੱਥੇ ਲਾਗੂ ਹੋਣ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਬਕਾਇਆ ਰਕਮ ਅਦਾ ਕਰਨ ਲਈ ਸੱਦਾ ਦਿੱਤਾ ਜਾਂਦਾ ਹੈ, ਅਸਫਲ ਰਹਿਣ 'ਤੇ ਇਸ ਨੋਟਿਸ ਦੇ 60 ਦਿਨ ਗੁਜਰਨ ਤੋਂ ਬਾਅਦ ਸਕਿਉਰਟੀਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨੈਂਸ਼ੀਅਨ ਐੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ ਅਗਲੇ ਕਦਮ ਉਠਾਏ ਜਾਣਗੇ।

ਐਕਟ ਦੇ ਸੈਕਸ਼ਨ 13 (13) ਤਹਿਤ ਤੁਹਾਨੂੰ ਬੈਂਕ ਦੀ ਮਨਜ਼ੂਰੀ ਤੋਂ ਬਿਨਾਂ ਕਾਰੋਬਾਰ ਦੇ ਆਮ ਤਰੀਕੇ ਤੋਂ ਇਲਾਵਾ ਸਕਿਉਰਟੀਜ਼ ਦੇ ਨਿਪਟਾਰੇ ਜਾਂ ਸੌਦੇਬਾਜ਼ੀ ਤੋਂ ਵਰਜਿਆ ਜਾਂਦਾ ਹੈ। ਕ੍ਰਿਪਾ ਕਰਕੇ ਨੋਟ ਕੀਤਾ ਜਾਵੇ ਕਿ ਇਸ ਸੈਕਸ਼ਨ ਦੀ ਉਲੰਘਣਾ ਦੇ ਗੰਭੀਰ ਸਿੱਟੇ ਭੁਗਤਣੇ ਪੈਣਗੇ। ਕਰਜ਼ਦਾਰ/ਗਰੰਟਰ/ਰਹਿਣਕਾਰ ਨੂੰ ਇਹ ਵੀ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਸੰਬੰਧਤ ਸ਼ਾਖਾ ਤੋਂ ਨੋਟਿਸ ਦੀ ਕਾਪੀ ਪ੍ਰਾਪਤ ਕਰ ਲੈਣ।

ਮਿਤੀ : 30.06.2025 | ਸਥਾਨ : ਸੰਗਰੂਰ | ਅਧਿਕਾਰਤ ਅਫਸਰ

# ਲੱਖ ਦਾਤਾ ਸਖੀ ਸਰਵਰ ਦਰਬਾਰ ਦਾ ਸਾਲਾਨਾ ਜੋੜ ਮੇਲਾ ਕਰਵਾਇਆ



ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਇੱਥੋ ਦੇ ਨਜਦੀਕ ਪਿੰਡ ਭੀਣ ਵਿਖੇ ਲੱਖ ਦਾਤਾ ਸੱਖੀ ਸਰਵਰ ਦਰਬਾਰ 'ਚ ਸਮੂਹ ਸੰਗਤ ਦੇ ਸਹਿਯੋਗ ਨਾਲ ਸਾਲਾਨਾ ਜੋੜ ਮੇਲਾ ਧੂਮ ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਗੱਦੀਨਸ਼ੀਨ ਬਾਬਾ ਮਦਨ ਸ਼ਾਹ ਨੇ ਦੱਸਿਆ ਹੈ ਕਿ ਧੂਣੈ ਦੀ ਰਸਮ ਮੇਲੇ ਦੇ ਪਹਿਲੇ ਦਿਨ ਕੀਤੀ ਗਈ ਤੇ ਮਹਿੰਦੀ ਦੀ ਰਸਮ ਅਤੇ ਚਿਰਾਗ ਰੋਸ਼ਨ ਸ਼ਾਮ ਨੂੰ ਕੀਤੇ ਗਏ ਅਤੇ ਮੇਲੇ ਦੇ ਦੂਜੇ ਦਿਨ ਸਵੇਰੇ ਝੰਡਾ ਚੜਾਉਣ ਦੀ ਰਸਮ ਦਰਬਾਰ ਵਿਚ ਕੀਤੀ ਤੇ ਚਾਹ ਪਕੌੜਿਆ ਦਾ ਲੰਗਰ ਲਗਾਇਆ।ਮੇਲੇ 'ਚ ਮਨਦੀਪ ਆਈ ਕੇਅਰ ਗੜ੍ਹਸ਼ੰਕਰ ਵੱਲੋਂ ਅੱਖਾਂ ਦਾ ਮੁਫਤ ਚੈਅਕੱਪ ਕੈਂਪ ਲਗਾਇਆ ਗਿਆ। ਕਲਾਕਾਰਾਂ ਵੱਲੋਂ ਆਪਣਾ ਧਾਰਮਿਕ ਪ੍ਰੋਗਰਾਮ ਪੇਸ਼ ਕੀਤਾ ਜਿਹਨਾ ਵਿੱਚ ਗਾਇਕ ਗਾਇਕ ਮਹੇਸ਼ ਸਾਜਨ, ਹਰਮਨ ਜਰਮਨ। ਬਾਅਦ 'ਚ ਨਕਲਾ ਦਾ ਪ੍ਰੋਗਰਾਮ ਪੇਸ਼ ਕੀਤਾ ਗਿਆ। ਸੰਗਤਾਂ ਨੂੰ ਆਸ਼ਿਰਵਾਦ ਦੇਣ ਲਈ ਵੱਖ ਵੱਖ ਡੇਰਿਆ ਤੋਂ ਸੰਤ ਫਕੀਰਾ ਨੇ ਸ਼ਿਰਕਤ ਕੀਤੀ।ਰਾਜ ਕੁਮਾਰ ਸਭਰਵਾਲ ਤੋਂ ਇਲਾਵਾ ਇਸ ਮੌਕੇ ਸਮੂਹ ਸੇਵਾਦਾਰ ਹਾਜ਼ਰ ਰਹੇ ਜਿਹਨਾ 'ਚ ਨਿਰਮਲ ਨਿੰਮਾ, ਜੈ ਪਾਲ, ਗੁਰਮੀਤ ਸਿੰਘ, ਰਮਨ ਕੁਮਾਰ, ਜਿੰਦਰ ਕੁਮਾਰ,ਗਲਜੀਤ ਇੰਗਲੈਂਡ, ਦੀਨੋ ਇੰਗਲੈਂਡ ਮੌਜੂਦ ਰਹੇ।

# ਯੂਨੀਵਰਸਲ ਵਿਰਾਸਤੀ ਸਮਰ ਕੈਂਪ ਯਾਦਾਂ ਛੱਡਦਾ ਸੰਪਨ



ਚੰਡੀਗੜ੍ਹ (ਗੁਰਜੀਤ ਬਿੱਲਾ) ਯੂਨੀਵਰਸਲ ਆਰਟ ਐਂਡ ਕਲਚਰ ਵੈਲਫੇਅਰ ਸੁਸਾਇਟੀ (ਰਜਿ.) ਮੋਹਾਲੀ ਵੱਲੋਂ [illegible] ਵਿਰਾਸਤੀ ਅਖਾੜੇ ਦੀ ਲੜੀ ਵਿਚ 33ਵੇਂ ਯੂਨੀਵਰਸਲ ਵਿਰਾਸਤੀ ਸਮਰ ਕੈਂਪ ਦੀ ਪੇਸ਼ਕਾਰੀ [illegible] ਕੈਂਪ 20 ਦਿਨਾਂ ਲਈ ਲਗਾਇਆ ਗਿਆ ਸੀ।ਇਸ ਵਿਚ ਗਾਇਕੀ, ਗਤਕਾ, ਮਲਵਈ ਗਿੱਧਾ ਦੇ ਰੰਗਾਂ 'ਤੇ [illegible] ਯੂਨੀਵਰਸਲ ਵਿਰਾਸਤੀ ਸਮਰ ਕੈਂਪ ਦੀ ਲਈ [illegible] ਦਰਸ਼ਕਾਂ ਵੱਲੋਂ ਰੂਹਾਨੀ ਸਵਾਗਤ ਕੀਤਾ ਗਿਆ। [illegible] ਗੁਰਮੁੱਖ ਸਿੰਘ, ਬੀਬਾ ਅੰਮ੍ਰਿਤ ਕੌਰ ਤੇ ਬੀਬਾ [illegible] ਅਵਤਾਰ [illegible]

[illegible]

# ਡਾ. ਬਲਜਿੰਦਰ ਸੇਖੋਂ ਦਾ ਹਿਰਦੇਵੇਧਕ ਸਦੀਵੀ ਵਿਛੋੜਾ



ਜਲੰਧਰ-ਗਹਿਰੇ ਦੁੱਖ ਨਾਲ ਇਹ ਹਿਰਦੇਵੇਧਕ ਜਾਣਕਾਰੀ ਸਾਂਝੀ ਕਰਦੇ ਹੋਏ ਪੰਜਾਬ ਲੋਕ ਸਭਿਆਚਾਰਕ ਮੰਚ [illegible] ਦੇ ਪ੍ਰਧਾਨ ਅਮੋਲਕ ਸਿੰਘ ਨੇ ਦੱਸਿਆ ਕਿ ਤਰਕਸ਼ੀਲ ਲਹਿਰ ਦੀ ਜਾਣੀ ਪਹਿਚਾਣੀ ਸ਼ਖ਼ਸੀਅਤ ਡਾ. ਬਲਜਿੰਦਰ ਸੇਖੋਂ [illegible] ਤਰਕਸ਼ੀਲ, ਵਿਗਿਆਨਕ ਚੇਤਨਾ [illegible] ਇਕਲਬਾਲੀ [illegible] ਕਨੇਡਾ ਵਿੱਚ ਤਰਕਸ਼ੀਲ ਸੁਸਾਇਟੀ ਦੀ ਮਜ਼ਬੂਤੀ ਲਈ ਉਹਨਾਂ ਦਾ ਅਹਿਮ ਯੋਗਦਾਨ ਰਿਹਾ। [illegible]

[illegible]

## ਆਮ ਸੂਚਨਾ

[illegible]

# ਰਘੂਨ ਨੇ 'ਕਿਸਮੇ ਹੈ ਕਿਤਨਾ ਦਮ' ਮੁਕਾਬਲੇ 'ਚ ਜਿੱਤਿਆ ਸੈਕਿੰਡ ਰਨਰਅੱਪ ਦਾ ਖਿਤਾਬ





ਮੋਹਾਲੀ, (ਗੁਰਜੀਤ ਬਿੱਲਾ) ਕੇ ਕੇ ਐਚ ਡੀ ਵੱਲੋਂ ਡੀਡੀ ਜਲੰਧਰ ਦੇ ਸਹਿਯੋਗ ਨਾਲ ਯੂਥੀ ਵਿਖੇ ਕਰਵਾਏ ਭੰਗੜਾ/ਡਾਂਸ ਦੇ ਗ੍ਰੈਂਡ ਫਾਈਨਲ ਵਿੱਚ ਮੋਗਿਆ ਦੇ 13 ਸਾਲਾਂ ਅਤੇ ਕੈਂਬਰਿਜ ਇੰਟਰਨੈਸ਼ਨਲ ਸਕੂਲ ਪੜ੍ਹੀਆਂ ਦੇ ਵਿਦਿਆਰਥੀ ਰਘੂਨ ਸਿੰਘ ਨੇ ਸੈਕਿੰਡ ਰਨਰਅੱਪ ਦਾ ਖਿਤਾਬ ਹਾਸਲ ਕਰਕੇ [illegible] ਰਘੂਨ ਨੇ 13, 14 ਉਮਰ ਵਰਗ ਵਿੱਚ ਭੰਗੜਾ/ਡਾਂਸ ਮੁਕਾਬਲਿਆਂ ਵਿੱਚ ਸੈਕਿੰਡ ਰਨਰਅੱਪ ਦਾ ਸਥਾਨ ਰਿਹਾ।

# ਕਲਾਸੀਫਾਈਡ ਇਸ਼ਤਿਹਾਰ

## Change of Name

I Daljeet Singh S/O S. Late Amrik Singh, R/O 468-r, Model Town, Jalandhar (Punjab) I Have Change My Name From Daljeet Singh To Daljeet Singh Sahni.

I Paramjeet Kaur W/O S.daljeet Singh, R/O 468-r ,Model Town ,Jalandhar (Punjab) I Have Change My Name From Paramjeet Kaur To Paramjeet Kaur Sahni.

I Meetu Sharma w/o Sh.Gaurav Sharma H.No. 172-A,New Defence Colony, Paragpur, Deep Nagar, Jalandhar Cantt. Jalandhar-144005 have changed my name from Meetu Taneja to Meetu Sharma after marriage. In future I should be called by the name Meetu Sharma w/o Gaurav Sharma.

I, Iqbal Singh S/o Joga Singh, R/o V.Wattan Wali Khurd, P.O. Gidderpindi, Distt. Kapurthala have changed my name to Iqbal as my given name and Singh as my surname. All concerned may note.

I, Sunny Mohan S/o Ravinder Kumar R/o VPO. Lambra, Distt.Jalandhar, Punjab have changed my name from Sunny to Sunny Mohan.(Mohan as Surname). All please note.

I, Piara Lal S/O Jagat Singh R/O VPO Singhpur, Tehsil Nakodar, Distt. Jalandhar, Punjab have changed my name from Piara Lal to Piyara Singh. All note.

I, Hitherto known as Matlesh Kumar S/O Jawahar Lal R/O Village Atta,P.O Goraya, Tehsil Phillaur, Distt.Jalandhar-144409, Punjab India have changed my name and shall hereafter be as Matlish Kumar.

I, Anmol S/o Sarabjit Singh R/o H.No.159, Sher Shah Suri Road, Near Paradise Colony New Hamidpura, Chheharta, Amritsar have changed my name from Anmol to Anmol Sahota.

I, Palwinder Singh S/o Virsa Singh R/o H.No.1, Ward No.6, Mohalla Kokli, Sri Hargobindpur, District Gurdaspur have changed my name from Palwinder Singh to Parminder Singh. One and same person.

I, Mona W/o Ajay Kumar R/o 42-E, The Mall, Amritsar have changed my name from Mona to Kanchan.

I, Sukhpreet Singh Gill S/o Lakhbir Singh Gill R/o Shanti Neketan, Near Midway Hotel, Distt. Sri Muktsar Sahib have changed my name Sukhpreet Singh to Sukhpreet Singh Gill.

I, Balbir Singh S/o Sunder Singh R/o VPO Boparai Teh Patti, Distt.Tarn Taran have changed my name Balveer Singh to Balbir Singh.

I, Karan Singh S/o Angrej Singh R/o Patti Baba Boor Singh, Baba Bakala, Amritsar have declare that my father was known by two names Angrej Singh and Angrej one and same person.

I Balbir Kaur W/o Dalbir Singh R/o VPO. Haller Distt. Jalandhar 144013 Punjab , India have changed my name from Balbir Kaur To Balvir Kaur.

I, Rajpreet Kaur W/o Sarbjit Singh R/o VPO Mansoorpur,Teh. Mukerian Distt. Hoshiarpur 144211 Punjab, India have changed my name from Rajpreet Kaur To Kaur Rajpreet . Rajpreet is a given name and Kaur is a surname.

I Amarjeet Singh S/o Darshan Singh R/o Aman Enclave Dhina Jalandhar Cantt Declare that I have changed my name from Amarjeet Singh To Amarjit Singh .

I, Bakhsho W/o Pawan Kumar Mall R/o H.No.198, St.No.3, Satnampura, Mansa Devi Nagar, Phagwara, Distt. Kapurthala changed my name to Baksho Mall. All plz note.

I, Rajesh Kumar S/o Balwant Rai R/o H.No. 329/13, Avtar Nagar, Jalandhar have changed my name from Rajesh Kumar to Rajesh Wadhwa. All concerned please note.

I, Ravinder Kaur W/o Rajesh Wadhwa R/o H.No. 329/13, Avtar Nagar, Jalandhar have changed my name from Ravinder Kaur to Ravinder Wadhwa after marriage. All concerned please note.

I, Mallika Wahie W/o Rohit Arora R/o H.No. 342, Lajpat Nagar, Jalandhar, Punjab-144001 have changed my name from Mallika Wahie to Mallika Arora. All concerned please note.

I, Paramjit Kaur w/o Kuldip Singh r/o H.No.98/2, Jaswant Nagar, Garha, Jalandhar, Pb. India-144022, have changed my name from Paramjit Kaur to Parmjit Kaur. All Please Note.

I, Simriti Kamboj d/o Satpal Singh r/o H.No.BX-1041, Chuckk Hussaina Lamba Pind, Jalandhar, Punjab have changed my name from Simriti Kamboj to Simriti Kaur Kamboj. All Please Note.

I, Balvir Singh S/o Tarlok Singh R/o H.No. 10, Gali No.1, British Town Dakoha, Jalandhar have changed the name of my son from Mandeep Singh to Dilkaran Singh . All Please Note. (R)

I, Ritu W/o Daman Bhardwaj R/o H. No. 307/3759, Tagore Nagar, Jalandhar, Punjab have changed my name from Ritu to Ritu Bhardwaj. (Bhardwaj as surname) All Please Note.

I, Suwapandeep Singh S/o Baldev Raj R/o Tahli Sahib Road, Nidhan Singh Gurudwara, Shivansh Enclave, Kartarpur, Distt. Jalandhar, Punjab have changed my name to Swapan Deep Singh. All Please Note.

I, Satinder Jit Singh S/o Maan Singh R/o H.No.30, Greater Kailash, Near Jct Mill, Phagwara, Kapurthala have changed spelling of my name from Satinder Jit Singh to Satinderjit Singh. All Please Note.

I, Tanishika D/o Sanjeev Kumar Sharma R/o H.No.204/1, Near Water Pump No.5, Mohalla Seen Pura, Kapurthala have changed my name from Tanishika To Tanishika Sharma. All Please Note.

I, Kirandeep Kaur W/o Ajminder Singh Dhillon R/o Vill. Nangal, Po. Chachoki, Teh Phagwara, Distt. Kapurthala, Punjab have changed my name to Given name as Kirandeep & Surname as Kaur. All Please Note.

## Change of Name

I, Lakhwinder Singh s/o Bhulla Singh r/o VPO. Khudda, Teh. Dasuya, Distt. Hoshiarpur have changed my name to Singh Lakhwinder. All Please Note.

I, Prabhjot Kaur w/o Gurpreet Singh r/o Vill. Gambhowal, Po.Khudda, Tehsil Dasuya, Distt. Hoshiarpur have changed my name to Prabhjyot Kaur. All Please Note.

I, Jaspal s/o Paramjit Ram r/o Vill. Sanghwal, Po. Kishangarh, Jalandhar have changed my name to Singh Jaspal (Surname as Singh) All Please Note.

I, Sukhvir Singh s/o Sher Singh r/o VPO. Dhanger Pur, Tehsil Nawanshahr, SBS Nagar (PB) have changed my name to Given name as Sukhvir & Surname as Singh. All Please Note.

I, Sanjeev s/o Jagan Nath r/o Vill.Suchi Pind, Po.Chogitti, Distt. Jalandhar have changed my name to Sanjeev Birdi. All Please Note.

I, Harpreet Kaur w/o Rajinder Singh Sandhu r/o Vill.Jagan, Po.Malko, Distt. Jalandhar have changed my name from Harpreet Kaur to Harpreet Kaur Sandhu. All Please Note.

I, Shallu Sethi w/o Arun Kumar r/o W.No.13, H.No. 229, Gandhi Chowk, Tanda, Hoshiarpur have changed my name from Shallu Saini to Shallu Sethi, after marriage. All Please Note.

I, Sahil Anup Sharma S/O Anoop Kumar Sharma R/O H.No.37,New Green Field,27 Feet Road,Khalsa Diary, Majitha Road,Amritsar,Punjab have changed my name from Sahil Anup Sharma to Sahil Anoop Sharma. Concerned note

I DALJIT Son of JARNAIL SINGH, holder of indian passport No. P6237709, issued at DUBAI, on 27/09/2016, Permanent resident of H No: 171 VPO: KHURDPUR Distt: JALANDHAR (PUNJAB) India and presently residing at 136 saddlecreek Terrace NE Calgary AB T3J4A6 Canada Do hereby change my name from Daljit to DALJIT JARNAIL SINGH with immediate effect.

I, Kuldip Singh S/O Joginder Singh R/O VPO Jalalpura,Tehsil Majitha,Distt.Amritsar,Punjab have changed my name from Kuldip Singh to Kuldeep Singh.Concerned note.

I, Balvir Kaur W/o Bhupinder Singh R/o Vill. Gatti Raipur, Tehsil Shahkot, Distt. Jalandhar. That Mr. Happy Singh is my real son. That I mistakenly register my son's name in the School as Happy Prince. That I want to change my son's name as his proof's like Adhar card and birth certificate as Happy Singh. Change my son's Name as Happy Prince to Happy Singh.

I, Gunisha Verma D/o Narinder Verma R/o House No. 1058/2, Near Division No. 3, Taj Ganj, Gaushala Road, Ludhiana,Punjab-141008,have changed my name Gunisha to Gunisha Verma. My DOB is 01-09-2001. All concerned note.

I, Kuldip Kaur W/o Mukhtar Singh R/o Village Saidpur, PO Bhattike, Tehsil Baba Bakala, Distt. Amritsar, Punjab have changed my name from Kuldip Kaur to Kuldeep Kaur.

I, Manpreet Singh s/o Rajinder Singh r/o Vill. Khokhar Dwakhri, Po. Khudda, Teh. Dasuya, Distt. Hoshiarpur-144305, Punjab have changed my minor son name from Sehajvir Singh to Singh Sehajvir. All Please Note.

## PUBLIC NOTICE

I, Harbans Lal S/o Joginder Singh R/o VPO. Nurpur Chatha, Tehsil Nakodar, Distt. Jalandhar-144040, Punjab, India declare that name of my Father has been wrongly written as Joginder in my Passport No. K 1175897. The actual name of my Father is Joginder Singh, which may be amended accordingly.

## ਨਾਂਅ ਦੀ ਬਦਲੀ

ਮੈਨੂੰ ਹੁਣ ਤੱਕ ਵਿਨੈ ਪੁੱਤਰ ਪ੍ਰਕਾਸ਼ ਰਾਮ ਵਾਸੀ 1223, ਗਲੀ ਨੰ: 8, ਬਾਬਾ ਬੁੱਢਾ ਜੀ ਨਗਰ ਰਾਮਾ ਮੰਡੀ ਜਲੰਧਰ-2, ਜਲੰਧਰ ਵਜੋਂ ਜਾਣਿਆ ਜਾਂਦਾ ਹੈ। ਮੈਂ ਆਪਣਾ ਨਾਂਅ ਬਦਲ ਲਿਆ ਹੈ ਅਤੇ ਅੱਗੇ ਤੋਂ ਵਿਨੈ ਸਿੰਘ ਵਜੋਂ ਜਾਣਿਆ ਜਾਵਾਂਗਾ।

ਮੈਂ, ਸ਼ਿੰਦਰ ਕੌਰ ਉਰਫ ਸੁਰਿੰਦਰ ਕੌਰ ਪਤਨੀ ਹਰਭਜਨ ਸਿੰਘ ਵਾਸੀ ਫਗਵਾੜਾ ਜ਼ਿਲ੍ਹਾ ਸੰਗਰੂਰ ਬਿਆਨ ਕਰਦੀ ਹਾਂ ਕਿ ਮੈਨੂੰ ਸ਼ਿੰਦਰ ਕੌਰ ਤੇ ਸੁਰਿੰਦਰ ਕੌਰ ਦੋਨੋਂ ਹੀ ਨਾਵਾਂ ਨਾਲ ਜਾਣਿਆ ਜਾਂਦਾ ਹੈ।

ਮੈਂ, ਹਰਮੰਦਰ ਕੌਰ ਉਰਫ ਹਰਵਿੰਦਰ ਕੌਰ ਪਤਨੀ ਸੁਰਿੰਦਰ ਸਿੰਘ ਵਾਸੀ ਪਿੰਡ ਮੰਗਵਾਲ, ਜ਼ਿਲ੍ਹਾ ਸੰਗਰੂਰ ਬਿਆਨ ਕਰਦੀ ਹਾਂ ਕਿ ਮੈਨੂੰ ਹਰਮੰਦਰ ਕੌਰ ਤੇ ਹਰਵਿੰਦਰ ਕੌਰ ਦੋਨੋਂ ਹੀ ਨਾਵਾਂ ਨਾਲ ਜਾਣਿਆ ਜਾਂਦਾ ਹੈ।

ਮੈਂ, ਕੁਲਵਿੰਦਰ ਕੌਰ ਪੁੱਤਰੀ ਸ਼ਿੰਗਾਰਾ ਸਿੰਘ ਹਾਲ ਪਤਨੀ ਅਵਤਾਰ ਸਿੰਘ ਵਾਸੀ ਪਿੰਡ ਭੈਣੀ ਖਾਦਰ, ਤਹਿ. ਕਾਹਨੂੰਵਾਨ, ਜ਼ਿਲ੍ਹਾ ਗੁਰਦਾਸਪੁਰ। ਮੇਰਾ ਨਾਂਅ ਜਮ੍ਹਾਂਬੰਦੀ ਵਿਚ ਰਜਵਿੰਦਰ ਕੌਰ ਚੱਲ ਰਿਹਾ ਹੈ। ਮੈਂ ਹੁਣ ਆਪਣਾ ਨਾਂਅ ਕੁਲਵਿੰਦਰ ਕੌਰ ਰੱਖ ਲਿਆ ਹੈ । ਸੰਬੰਧਤ ਨੋਟ ਕਰਨ।

## ਬੇਦਖਲੀ ਨੋਟਿਸ

ਅਸੀਂ ਬਲਜਿੰਦਰ ਸਿੰਘ ਪੁੱਤਰ ਸ੍ਰ. ਦਲਬੀਰ ਸਿੰਘ ਵਾ ਸੁਖਮੀਤ ਕੌਰ ਪਤਨੀ ਸ੍ਰ. ਬਲਜਿੰਦਰ ਸਿੰਘ ਵਾਸੀਆਨ ਪਿੰਡ ਅਲੀਵਾਲ ਅਰਾਈਆਂ, ਪੱਤੀ ਪਕੀਵਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਗੁਰਕੀਰਤ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਵਾ ਸਾਡੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਰਾਨੀ ਦੇਵੀ ਪਤਨੀ ਭਗਵਾਨ ਦਾਸ ਵਾਸੀ ਪਰਸੂਰਾਮ ਕਲੋਨੀ ਧੀਰ ਰੋਡ ਨੇੜੇ ਰੇਲਵੇ ਫਾਟਕ, ਅਲੋਵਾਲ, ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਕਰਨ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਬਿਕਰ ਸਿੰਘ ਪੁੱਤਰ ਕਰਮ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਨੂਰਪੁਰ ਚੱਠਾ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ, ਪੰਜਾਬ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਸੁਖਜਿੰਦਰ ਸਿੰਘ ਵਾ ਉਸਦੀ ਪਤਨੀ ਜਗਰੂਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਆਪਣੇ ਲੜਕੇ, ਉਸਦੀ ਪਤਨੀ ਵਾ ਉਨ੍ਹਾਂ ਦੀ ਆਉਣ ਵਾਲੀ ਸੰਤਾਨ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਬੇਦਖਲੀ ਨੋਟਿਸ

ਮੈਂ ਮਿੰਦਰ ਕੌਰ ਪਤਨੀ ਸਵ ਸ਼੍ਰੀ ਬੂਟਾ ਰਾਮ ਵਾਸੀ ਪਿੰਡ ਤੇ ਡਾਕਖਾਨਾ ਕਾਲਾ ਬਕਰਾ, ਜ਼ਿਲ੍ਹਾ ਜਲੰਧਰ, ਪੰਜਾਬ, ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਗਨ ਨਾਥ ਅਤੇ ਉਸਦੀ ਪਤਨੀ ਰੇਖਾ ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀਆਂ ਮਨ ਮਰਜ਼ੀਆਂ ਕਰਦੇ ਹਨ, ਮੈਂ ਇਹਨਾਂ ਨੂੰ ਆਪਣੀ ਸਾਰੀ ਚੱਲ ਤੇ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲੇ ਆਪ ਖੁਦ ਜ਼ਿੰਮੇਵਾਰ ਹੋਣਗੇ ਅਤੇ ਸਾਡਾ ਤੇ ਸਾਡੇ ਪਰਿਵਾਰ ਦਾ ਕੋਈ ਤਲਕ ਵਾਸਤਾ ਨਹੀਂ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ ਯੋਗ ਰਾਜ ਪੁੱਤਰ ਅਮਰ ਦਾਸ ਵਾਸੀ ਨਵੀਂ ਕਲੋਨੀ, ਹਯਾਤ ਨਗਰ ਜ਼ਿਲ੍ਹਾ ਗੁਰਦਾਸਪੁਰ ਆਪਣੇ ਲੜਕੇ ਰਜਤ ਕੁਮਾਰ ਅਤੇ ਇਸ ਦੀ ਪਤਨੀ ਸੁਨੀਤਾ ਦੇਵੀ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹਨ । ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ, ਮੀਨਾ ਕੁਮਾਰੀ ਪਤਨੀ ਸ਼੍ਰੀ ਕਿਰਨ ਕੁਮਾਰ ਵਾਸੀ ਮਕਾਨ ਨੰਬਰ 336/10 ਨਵੀ ਅਬਾਦੀ ਭੋਗਪੁਰ ਜਿਲਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਸਚਿਨ ਅਰੋੜਾ ਅਤੇ ਉਸਦੀ ਪਤਨੀ ਬਲਜਿੰਦਰ ਕੌਰ ਮੇਰੇ ਕਹਿਣੇਂ ਤੋਂ ਬਾਹਰ ਹੋਣ ਕਾਰਨ ਮੈਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਹੁਣ ਉਹਨਾਂ ਦਾ ਮੇਰੇ ਅਤੇ ਮੇਰੇ ਪਰਿਵਾਰ ਨਾਲ ਕੋਈ ਸੰਬਧ ਨਹੀਂ ਹੈ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਦੇਵ ਸਿੰਘ ਪੁੱਤਰ ਸ੍ਰੀ ਭਗਤ ਰਾਮ ਵਾਸੀ ਹਾਊਸ ਨੰਬਰ 701, ਗਲੀ ਨੰ: 01 ਸੂਰਜ ਨਗਰ ਸਾਊਥ ਮੋਗਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰੀ ਨੂੰਹ ਜਸਪ੍ਰੀਤ ਕੌਰ ਅਤੇ ਰੀਤ, ਨੂਰ ਪੋਤਰੀਆਂ ਅਤੇ ਗੁਰਸ਼ਾਂਤ ਪੋਤਰਾ ਮੇਰੇ ਕਹਿਣੇ ਤੋਂ ਬਾਹਰ ਹਨ। ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸੁਰਜੀਤ ਸਿੰਘ ਪੁੱਤਰ ਈਸ਼ਰ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਡਰੋਲੀ ਖੁਰਦ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਸੰਬੰਧ ਨਹੀਂ ਹੈ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਜੈ ਪ੍ਰਕਾਸ਼ ਸਿੰਗਲਾ ਪੁੱਤਰ ਓਮ ਪ੍ਰਕਾਸ਼ ਸਿੰਗਲਾ ਵਾਸੀ 432, ਗਲੀ ਨੰ: 3, ਪੱਤੀ ਮਾਲੋਕੀ, ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਤਿਨ ਕੁਮਾਰ ਉਰਫ ਕਾਕਾ ਸਾਡੇ ਨਾਲ ਲੜਾਈ-ਝਗੜਾ ਕਰਦਾ ਹੈ। ਇਸ ਕਾਰਨ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਸਾਡੇ ਪਰਵਾਰ ਦਾ ਕੋਈ ਵੀ ਮੈਂਬਰ ਜ਼ਿੰਮੇਵਾਰ ਨਹੀਂ ਹੋਵੇਗਾ। ਸੰਬੰਧਤ ਨੋਟ ਕਰਨ।

ਅਸੀਂ, ਨਿਰਮਲ ਕੌਰ ਪਤਨੀ ਹਰਪਾਲ ਸਿੰਘ ਅਤੇ ਹਰਪਾਲ ਸਿੰਘ ਪੁੱਤਰ ਦਲਬੀਰ ਸਿੰਘ ਵਾਸੀਆਨ ਪਿੰਡ ਨੌਸ਼ਹਿਰਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਕਰਨਬੀਰ ਸਿੰਘ ਅਤੇ ਉਸ ਦੀ ਪਤਨੀ ਮਨਪ੍ਰੀਤ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਮਨਜੀਤ ਕੌਰ ਪਤਨੀ ਤਰਸੇਮ ਸਿੰਘ, ਵਾਸੀ ਗਲੀ ਨੰਬਰ 1, ਬਾਬਾ ਸਾਵਣ ਸਿੰਘ ਨਗਰ, ਬਿਆਸ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਗੁਰਵਿੰਦਰ ਸਿੰਘ ਅਤੇ ਨੂੰਹ ਸੁਮਨ ਬਾਲਾ ਪਤਨੀ ਗੁਰਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ ਸੁਖਵਿੰਦਰਾ ਸਿੰਘ ਪੁੱਤਰ ਹਰਭਜਨ ਸਿੰਘ ਵਾ ਅੰਮ੍ਰਿਤ ਪਾਲ ਕੌਰ ਪਤਨੀ ਸੁਖਵਿੰਦਰਾ ਸਿੰਘ ਵਾਸੀਆਨ ਮਕਾਨ ਨੰ: 53/05 ਗੁਰੂ ਨਾਨਕ ਨਗਰ ਭੋਗਪੁਰ,ਜ਼ਿਲ੍ਹਾ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਬਲਪ੍ਰੀਤ ਸਿੰਘ ਅਤੇ ਨੂੰਹ ਪ੍ਰਿਆ ਪਤਨੀ ਬਲਪ੍ਰੀਤ ਸਿੰਘ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਜੋਗਿੰਦਰ ਕੌਰ ਪਤਨੀ ਦਲਬਾਰਾ ਸਿੰਘ, ਵਾਸੀ ਦਸਮੇਸ਼ ਨਗਰ ਧੂਰੀ (ਸੰਗਰੂਰ) ਆਪਣੇ ਲੜਕੇ ਬਲਵਿੰਦਰ ਸਿੰਘ, ਨੂੰਹ ਬਲਜੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜ਼ਿੰਮੇਵਾਰ ਹੋਣਗੇ।

ਮੈਂ ਰਾਜ ਪਤਨੀ ਲੱਖਾ ਮਸੀਹ, ਪਿੰਡ ਤੇ ਡਾਕਖਾਨਾ ਘੁੰਮਣ ਕਲਾਂ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ ਨੇ ਆਪਣੇ ਲੜਕੇ ਦੀਪਕ ਗਿੱਲ ਤੇ ਉਸਦੀ ਪਤਨੀ ਸ਼ਾਲੂ ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਇਹ ਦੋਵੇਂ ਆਪਣੇ ਮਾੜੇ/ਚੰਗੇ ਕੰਮ ਅਤੇ ਲੈਣ/ਦੇਣ ਦਾ ਖੁਦ ਜ਼ਿੰਮੇਵਾਰ ਹੋਣਗੇ। ਮੇਰਾ ਤੇ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਸੰਬਧ ਨਹੀਂ।

ਮੈਂ ਮੰਗਲ ਸਿੰਘ ਪੁੱਤਰ ਕਾਕਾ ਸਿੰਘ ਵਾਸੀ ਪਿੰਡ ਮੁੰਡੀ ਛੰਨਾ, ਤਹਿ. ਵਾ ਜ਼ਿਲ੍ਹਾ ਕਪੂਰਥਲਾ ਆਪਣੇ ਲੜਕੇ ਰਮਨਦੀਪ ਸਿੰਘ ਅਤੇ ਨੂੰਹ ਵੀਰਾ ਕੌਰ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ ਸਰਬਜੀਤ ਸਿੰਘ ਪੁੱਤਰ ਦਰਸ਼ਨ ਸਿੰਘ ਵਾ ਜਸਵਿੰਦਰ ਕੌਰ ਪਤਨੀ ਸਰਬਜੀਤ ਸਿੰਘ ਵਾਸੀਆਨ ਪਿੰਡ ਤੇ ਡਾਕ: ਪੋਸੀ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸਾਹਿਲ ਕੁਮਾਰ ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਵਾ ਸਾਡੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ, ਸੀਤਾ ਰਾਮ ਪੁੱਤਰ ਨਗੀਨਾ ਰਾਮ ਵਾਸੀ ਗਲੀ ਨੰਬਰ 4, ਸੁੰਦਰ ਨਗਰ ਮੁਸਤਫਾਬਾਦ, ਬਟਾਲਾ ਰੋਡ, ਵਿਜਯ ਨਗਰ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਇੰਦਰਜੀਤ ਅਤੇ ਉਸਦੀ ਪਤਨੀ ਦਰਸ਼ਨਾ ਉਰਫ ਪਾਇਲ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਸੁਖਵਿੰਦਰ ਕੌਰ ਪਤਨੀ ਪਰਮਜੀਤ ਸਿੰਘ ਵਾਸੀ ਮਕਾਨ ਨੰਬਰ 745, ਵਾਰਡ ਨੰਬਰ 2, ਪੁਲਿਸ ਲਾਇਨ ਰੋਡ, ਭੱਠਾ ਇੰਦਰਜੀਤ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜੁਗਰਾਜ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ, ਨੀਲਮ ਸ਼ਰਮਾ ਪਤਨੀ ਪਰਵੀਨ ਕੁਮਾਰ ਵਾਸੀ ਮਕਾਨ ਨੰ: 66, ਨਿਊ ਕਲੋਨੀ, ਗੋਪਾਲ ਨਗਰ, ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਮੁਨੀਸ਼ ਅਤੇ ਉਸਦੀ ਪਤਨੀ ਜੈਸਮੀਨ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ ਟੀਟੀ ਪੁੱਤਰ ਸ੍ਰੀ ਸੁਰਤੀ ਲਾਲ ਸਿੰਘ ਵਾ ਸ੍ਰੀਮਤੀ ਗੁਰਮੇਜੋ ਪਤਨੀ ਸ੍ਰੀ ਟੀਟੀ ਵਾਸੀਆਨ ਪਿੰਡ ਦਬੁਰਜੀ, ਡਾਕ: ਕਾਲਾ ਅਫਗਾਨਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੇ ਹਾਂ ਕਿ ਸਾਡਾ ਗੋਦ ਲਿਆ ਲੜਕਾ ਸਮਸ਼ੇਰ ਸਿੰਘ ਅਤੇ ਉਸਦੀ ਪਤਨੀ ਕੋਮਲ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਵਾ ਸਾਡੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ, ਵਿਨੋਦ ਕੁਮਾਰੀ ਪਤਨੀ ਦਰਸ਼ਨ ਲਾਲ ਵਾਸੀ ਮਕਾਨ ਨੰ: 70, ਗਰੀਨ ਐਵੀਨਿਊ, ਬਸਤੀ ਪੀਰ ਦਾਦ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਤਰੁਣ ਸ਼ਰਮਾ ਵਾ ਉਸਦੀ ਪਤਨੀ ਜੋਤੀ ਸ਼ਰਮਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਮਹਿੰਦਰ ਸਿੰਘ ਪੁੱਤਰ ਨਾਜਰ ਸਿੰਘ ਵਾਸੀ ਪਿੰਡ ਗਾਜ਼ੀਪੁਰ, ਤਹਿਸੀਲ ਵਾ ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਮਨਜੀਤ ਕੌਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੇ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਪਬਲਿਕ ਨੋਟਿਸ

ਇਹ ਜਾਣਕਾਰੀ ਆਮ ਲੋਕਾਂ ਨੂੰ ਦਿੱਤੀ ਜਾਂਦੀ ਹੈ ਕਿ ਗੁਰਦੇਵ ਚੋਪੜਾ ਪੁੱਤਰ ਤਰਸੇਮ ਪਾਲ ਚੋਪੜਾ ਪੁੱਤਰ ਸੇਵਾ ਰਾਮ ਅਤੇ ਰਿਧਮ ਪਤਨੀ ਗੌਰਵ ਚੋਪੜਾ ਪੁੱਤਰ ਤਰਸੇਮ ਪਾਲ ਚੋਪੜਾ ਵਾਸੀ ਬਿਲਿੰਗ [illegible] 0 ਕਨਾਲ 10 ਮਰਲਾ ਜਿਸਦਾ ਖਸਰਾ ਨੰਬਰ 102/13/2 (3-18) ਦਾ 4/78 ਹਿੱਸਾ [illegible] 4 ਮਰਲਾ ਅਤੇ 102/18(5-8) ਦਾ 1/18 ਹਿੱਸਾ [illegible] 6 ਮਰਲਾ ਦੀ ਮਾਲਕ ਹਨ। [illegible] ਨੰਬਰ 662 ਮਿਤੀ 21/05/1986, 4906 ਮਿਤੀ 24/12/1999, 1516 ਮਿਤੀ 12/10/2011, 899 ਮਿਤੀ 11/05/2022 ਹੈ। [illegible] ਪੰਜਾਬ ਐਂਡ ਸਿੰਧ ਬੈਂਕ [illegible] 15 ਦਿਨਾਂ ਦੇ ਅੰਦਰ-ਅੰਦਰ [illegible] ਫੋਨ ਨੰਬਰ 7527007649

## ਸ਼ਾਪਿੰਗ ਕੰਪਲੈਕਸ 58 ਆਰਮਡ ਬ੍ਰਿਗੇਡ

1. ਸ਼ਾਪਿੰਗ ਕੰਪਲੈਕਸ 58 ਆਰਮਡ ਬ੍ਰਿਗੇਡ ਵਿੱਚ 07 ਦੁਕਾਨਾਂ ਲਈ ਅਰਜ਼ੀਆਂ ਮੰਗੀਆਂ ਗਈਆਂ ਹਨ। ਬੁਟੀਕ, ਆਟਮੋਬਾਇਲ ਰਿਪੇਅਰ, ਜੁੱਤੀਆਂ ਦੀ ਮੁਰੰਮਤ, ਮਨਿਆਰੀ, ਸਾਈਕਲ ਮੁਰੰਮਤ, ਨਾਨ-ਵੈਜ, ਰੂਸਟਰ ਪੁਆਇੰਟ।
2. ਅਰਜੀ ਫਾਰਮ ਸ਼ਾਪਿੰਗ ਕੰਪਲੈਕਸ ਦੁਕਾਨ ਨੰਬਰ 31 (ਦੁੱਧ ਦੀ ਦੁਕਾਨ) ਤੋਂ ਪ੍ਰਾਪਤ ਕੀਤਾ ਜਾ ਸਕਦਾ ਹੈ।
3. ਅਰਜ਼ੀਆਂ 14 ਜੁਲਾਈ 2025 ਤੱਕ ਸ਼ਾਪਿੰਗ ਕੰਪਲੈਕਸ ਦੁਕਾਨ ਨੰਬਰ 31 (ਦੁੱਧ ਦੀ ਦੁਕਾਨ) ਤੇ ਪਹੁੰਚ ਜਾਣੀਆਂ ਚਾਹੀਦੀਆਂ ਹਨ। ਆਧਾਰ ਕਾਰਡ ਅਤੇ ਪੈਨ ਕਾਰਡ ਦੀ ਇੱਕ ਕਾਪੀ ਨੱਥੀ ਕਰੋ।
4 ਸਾਬਕਾ ਸੈਨਿਕਾਂ, ਆਸ਼ਰਿਤਾਂ, ਫੌਜ ਦੀਆਂ ਵਿਧਵਾਵਾਂ ਨੂੰ ਤਰਜੀਹ ਦਿੱਤੀ ਜਾਵੇਗੀ। ਯੋਗਤਾ ਮਾਪਦੰਡਾਂ ਨੂੰ ਪੂਰਾ ਕਰਨ ਤੇ ਸਭ ਤੋਂ ਵੱਧ ਬੋਲੀ ਲਗਾਉਣ ਵਾਲੇ ਨੂੰ ਠੇਕਾ ਦਿੱਤਾ ਜਾਵੇਗਾ।
5. ਹੋਰ ਸ਼ਰਤਾਂ ਲਈ 58 ਆਰਮਡ ਬ੍ਰਿਗੇਡ ਹੈਡਕੁਆਰਟਰ ਨਾਲ ਸੰਪਰਕ ਕਰੋ।

## ਪਬਲਿਕ ਨੋਟਿਸ

ਬਾ-ਅਦਾਲਤ ਸ੍ਰੀ ਮਨਦੀਪ ਸਿੰਘ, ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ, ਫਿਲੌਰ।

ਹਰ ਆਮ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਵਾਕਿਆ ਰਕਬਾ ਪਿੰਡ ਕੜਿਆਣਾ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ ਵਿਖੇ ਅਜੀਤ ਸਿੰਘ ਪੁੱਤਰ ਸ਼ਿਵ ਸਿੰਘ ਪੁੱਤਰ ਬੰਤਾ ਸਿੰਘ ਦੀ ਮੌਤ ਮਿਤੀ 10.06.2025 ਦੀ [illegible] ਵਸੀਕਾ ਨੰਬਰ 133, ਮਿਤੀ 12.09.2023 ਦਾ ਇੰਤਕਾਲ ਨੰਬਰ 4889 [illegible] ਜੇਕਰ ਕਿਸੇ ਵੀ ਵਿਅਕਤੀ ਨੂੰ [illegible] ਮਿਤੀ 11.07.2025 ਤੱਕ [illegible]

ਨੰਬਰ : 270/ਰੀਡਰ ਮਿਤੀ :30.06.25 ਸਹੀ/-ਤਹਿਸੀਲਦਾਰ-ਕਮ-ਏ. ਸੀ. ਫਿਸਟ ਗਰੇਡ ਫਿਲੌਰ।

## COURT NOTICE

(U/o 5 Rule 20 CPC)
In The Court of
**Ms. Indu Bala**
Additional District and Sessions Judge Tarn Taran

Next Date, Purpose of Case, Orders and Judgments as well as other case information is available on http://districts.ecourts.gov.in

CNR No. PBTTB02-001062-2022
Next Date : 30.07.2025

Harinderpal Singh Chawla
Vs
Inderpal Singh

Publication Issued To:
1) Inderpal Singh
Son : Amarjit Singh C/o Babal Electronics, Nava Bazar, Tarn Taran

In above titled case, the defendant(s)/ respondent (s) could not be served. It is ordered that defendant(s)/ respondant (s) should appear in person or through counsel on 30.07.2025 at 10:00 A.M.

For details logon to https://highcourtchd.gov.in/?trs=district_notice&district=Tarn Taran

Additional District and Sessions Judge Tarn Taran
Dated this day of 11-06-2025

## COURT NOTICE

(U/o 5 Rule 20 CPC)
In The Court of
Anannya Rishi
Civil Judge (Junior Division), Rupnagar
CS/351/2024
CNR No. PBRO02-000544-2024
Next Date:- 10-07-2025

State Bank of India (SBI)
Vs.
Shanti Saroop

Publication Issued To:
Shanti Saroop
Father : Ami Chand
Village Jatouli, PO. Barwa,Tehsil Nurpurbedi, Distt. Rupnagar.

In above titled case, the defendant(s)/respondent(s) could not be served. It is ordered that defendant(s) /respondent(s) should appear in person or through counsel on 10-07-2025 at 10:00 a.m..

For details logon to https://highcourtchd.gov.in/?mod=district_notice&district=Rupnagar

Civil Judge (Junior Division) Rupnagar (1)
Dated, this day of 16-06-2025

## CIVIL COURTS, LUDHIANA

In the Court of Ms. Pavleen Singh
Addl. Civil Judge (Senior Division) Ludhiana
CNR NO: PBLD02-005744-2024
Peshi: 15.07.2025

Rani & Others Vs
General Public

Application For Declaring The Missing Person As Dead And to Issue Death Certificate.

Publication Issued To: General Public

Whereas the above named petitioner Rani & Others has filed Petition for the For Declaring The Missing Person (NARINDER S/O RAM SARUP) As Dead And to Issue Death Certificate Of Narinder S/O Ram Sarup R/O H.No 264-a, St. No. 5, New Deep Nagar, Civil Lines, Ludhiana who was missed on 15.05.2016

Notice is issued in the name of General Public that in case anybody has any objection for the grant of FOR DECLARING THE MISSING PERSON (NARINDER S/O RAM SARUP) AS DEAD AND TO ISSUE DEATH CERTIFICATE he/she can file objections to the same on or before 15.07.2025 failing which the petition shall be decided in accordance with law.

Given under my hand and the seal of the Court, this 25.06.2025

For details logon to https://highcourtchd.gov.in/?trs=district_notice&district=ludhiana

Addl. Civil Judge (Senior Division) Ludhiana

## COURT NOTICE

(U/o 5 Rule 20 CPC)
In The Court of Ms. Pavleen Singh
Additional Civil Judge (Senior Division), Ludhiana
CNR No. PBLD02-013419-2024
Next Date:- 25-07-2025

Swaran Singh
Vs.
Sarita & Ors.

Publication Issued To:
1. Sarita Widow of Bharat Raj S/o Hira Lal, 2. Karan Dhingra S/o Bharat Raj S/o Hira Lal Since Deceased Represented By His Lr's : A) Sanjana Vij Widow, B) Sarita Mother (Already Defendant No. 1)

Residents of 150-A, Country Home West, Ludhiana, 3. Cholamandlam Investment And Finance Company Limited Through Its Branch Manager.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 25-07-2025 at 10:00 a.m..

For details logon to https://highcourtchd.gov.in/?mod=district_notice&district=mogacourt

Additional Civil Judge (Senior Division) Ludhiana
Dated, this day of 25-06-2025

## ਡਿਮਾਂਡ ਨੋਟਿਸ

AXIS BANK

Axis Bank Ltd., Retail Asset Centre, 2nd Floor, Property # 7-E, Municipal 3903/1142/16, Malhar Road, arabha Nagar, Ludhiana -141001.,

Registered Office: "Trishul"- 3rd Floor Opp. Samartheswar Temple, Near Law Garden, Ellisbridge, Ahmedabad- 380006.

ਸਕਿਉਰਿਟਾਈਜ਼ੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13(2) ਅਧੀਨ ਡਿਮਾਂਡ ਨੋਟਿਸ

[illegible]

| ਲੜੀ ਨੰ. | ਕਰਜ਼ਦਾਰ/ਗਰੰਟਰ ਦਾ ਨਾਂਅ/ਪਤਾ | ਸਕਿਉਰਿਟੀ/ਮੌਰਗੇਜ਼ਡ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ 'ਚ ਬਕਾਇਆ ਰਕਮ |
|---|---|---|---|
| 1. | ਸ੍ਰੀਮਤੀ ਵਿਜਿਆ ਰਾਣੀ [illegible] -140301 | [illegible] 110086 | 08-02-2025 / 20 ਫਰਵਰੀ 2025 / ਰੁ. 28,04,249/- [illegible] / ਰੁ. 28,20,796 |

[illegible]

ਮਿਤੀ : 01-07-2025, ਸਥਾਨ : ਡੇਰਾਬੱਸੀ ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

## AXIS BANK

Retail Asset Centre: AXIS Bank Ltd, SCO 367-368, SECTOR- 34A, Chandigarh, 160022

Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025

Registered Office: 'Trishul', 3rd floor, opposite Samartheswar Temple, Law garden, Ellisbridge, Ahmedabad-380006

## ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ

[illegible]

| | ਕਰਜ਼ਦਾਰ ਅਤੇ ਸਹਿ-ਕਰਜ਼ਦਾਰ ਦਾ ਨਾਮ | ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ / ਡਿਮਾਂਡ ਨੋਟਿਸ 'ਚ ਰਕਮ |
|---|---|---|
| 1. | ਸ੍ਰੀ ਪਵਨ ਸ਼ਰਮਾ ਪੁੱਤਰ [illegible] 1169, ਸੈਕਟਰ-52 [illegible] | 18 ਫਰਵਰੀ 2025 / 24 ਜੂਨ 2025, ਡੇਰਾਬੱਸੀ, ਪੰਜਾਬ / ਰੁਪਏ 15,85,362/- [illegible] |
| 2. | ਸ੍ਰੀ ਦੀਪਕ ਕੁਮਾਰ ਪੁੱਤਰ [illegible] | 04 ਮਾਰਚ 2025 / 24 ਜੂਨ 2025, ਦੀਪਕ / 11,17,020/- [illegible] |

[illegible]

ਮਿਤੀ : 01-07-2025, ਸਥਾਨ : ਡੇਰਾਬੱਸੀ ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

# Office of Competent Authority

**(Jalandhar Goindwal Sahib LPG Pipeline Project, Jalandhar)**
**706-A, Surya Enclave, G.T Road, Jalandhar (Punjab) - 144009**

## Public Notice and Details of Gazette Notification Reference: Ministry of Petroleum and Natural Gas Notification dated 25th April, 2025

S.O. 1879(E)— Whereas, by the notification of the Government of India in the Ministry of Petroleum and Natural Gas, published in the Extraordinary Gazette of India No. 687, Part-II, Section-3, Sub-Section (ii) dated 11th February, 2025 vide S.O. No. 691(E) dated 10th February, 2025 issued Under Sub-Section (1) of Section 3 of the Petroleum and Minerals Pipelines (Acquisition of Right of User in Land) Act, 1962 (50 of 1962), (hereinafter referred to as the said Act), the Central Government declared its intention to acquire the right of user in the land specified in the Schedule appended to that notification for the Purpose of laying of Pipeline from Suchi Pind (Jalandhar) to Chander Mahapurakh (Goindwal Sahib) under Jalandhar – Goindwal Sahib LPG Pipeline Project by Indian Oil Corporation Limited in Tehsil: Shahkot of Jalandhar District in State of Punjab for transportation of LPG.

And whereas copies of the said Gazette Notification were made available to the public by 19.02.2025. And whereas, under sub-section (1) of section 6 of the said Act the Competent Authority has submitted report to the Central Government.

And whereas, the Central Government, after considering the said report and on being satisfied that the said land is required for laying the pipeline, has decided to acquire right of user therein.

Now, therefore, in exercise of the powers conferred by sub-section (1) of section 6 of the said Act, the Central Government hereby declares that the right of user in the land specified in the Schedule appended to this notification is hereby acquired for laying the pipeline.

And further, in exercise of the powers conferred by sub-section (4) of section 6 of the said Act, the Central Government hereby directs that the right of user in the said land for laying the pipeline shall, instead of vesting in the Central Government, Vest on the date of publication of the declaration, in Indian Oil Corporation Limited, free from all encumbrances.

Indian Oil Corporation Limited shall be exclusively liable for any compensation in terms of Section 10 of the P&MP Act, 1962 and no suit, claim or legal proceeding would lie against the Central Government on any matter relating to the pipeline.

**Scan QR code for Published Gazette**

District: Jalandhar
https://egazette.gov.in
Publication Date: 25th April, 2025

Competent Authority
Jalandhar Goindwal Sahib LPG Pipeline Project
Jalandhar

## 10 ਤੱਕ ਖਾਲੀ ਪਏ ਪਲਾਟਾਂ 'ਚੋਂ ਕੂੜਾ-ਕਰਕਟ ਸਾਫ ਕਰਵਾਉਣ ਦੇ ਨਿਰਦੇਸ਼

**ਜਲੰਧਰ (ਸ਼ੈਲੀ ਐਲਬਰਟ)** ਡਿਪਟੀ ਕਮਿਸਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਭਰ ਦੇ ਪਲਾਟ ਮਾਲਕਾਂ ਨੂੰ 10 ਜੁਲਾਈ ਤੱਕ ਆਪਣੇ ਖਾਲੀ ਪਲਾਟਾਂ 'ਚੋਂ ਕੂੜਾ-ਕਰਕਟ ਅਤੇ ਹੋਰ ਰਹਿੰਦ-ਖੂਹੰਦ ਸਾਫ ਕਰਵਾਉਣ ਦੇ ਸਖਤ ਨਿਰਦੇਸ਼ ਜਾਰੀ ਕੀਤੇ ਹਨ ਅਤੇ ਚਿਤਾਵਨੀ ਦਿੱਤੀ ਹੈ ਕਿ ਹਦਾਇਤਾਂ ਦੀ ਪਾਲਣਾ ਨਾ ਕਰਨ 'ਤੇ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਖਾਲੀ ਪਲਾਟਾਂ ਵਿੱਚ ਕੂੜੇ ਦੇ ਢੇਰ ਅਤੇ ਜਮ੍ਹਾ ਮੀਂਹ ਦਾ ਪਾਣੀ ਲੋਕਾਂ ਦੀ ਸਿਹਤ ਲਈ ਗੰਭੀਰ ਖਤਰਾ ਪੈਦਾ ਕਰਦੇ ਹਨ ਕਿਉਂਕਿ ਇਸ ਨਾਲ ਨੁਕਸਾਨਦੇਹ ਬੈਕਟੀਰੀਆ ਅਤੇ ਕੀੜੇ-ਮਕੌੜੇ ਪੈਦਾ ਹੁੰਦੇ ਹਨ, ਜਿਸ ਨਾਲ ਵੱਖ-ਵੱਖ ਬਿਮਾਰੀਆਂ ਫੈਲਣ ਦਾ ਖਤਰਾ ਹੁੰਦਾ ਹੈ, ਖਾਸ ਕਰ ਮੌਨਸੂਨ ਦੇ ਮੌਸਮ ਦੌਰਾਨ। ਬੀ.ਐਨ.ਐਸ.ਐਸ. ਦੀ ਧਾਰਾ 163 ਤਹਿਤ ਹੁਕਮ ਜਾਰੀ ਕਰਦਿਆਂ ਡਾ. ਅਗਰਵਾਲ ਵੱਲੋਂ ਪਲਾਟ ਮਾਲਕਾਂ 'ਤੇ ਜਨਤਕ ਸਿਹਤ ਦੀ ਰੱਖਿਆ ਲਈ ਆਪਣੇ ਪਲਾਟਾਂ ਦੀ ਸਾਫ-ਸਫਾਈ ਯਕੀਨੀ ਬਣਾਉਣ ਦੀ ਜ਼ਿੰਮੇਵਾਰੀ ਤੈਅ ਕੀਤੀ ਗਈ ਹੈ। ਉਨ੍ਹਾਂ ਅੱਗੇ ਹਦਾਇਤ ਕੀਤੀ ਕਿ ਪਲਾਟ ਮਾਲਕਾਂ ਨੂੰ ਆਪਣੇ ਖਾਲੀ ਪਲਾਟਾਂ ਦੇ ਆਲੇ-ਦੁਆਲੇ ਚਾਰਦੀਵਾਰੀ ਜਾਂ ਵਾੜ ਬਣਾਉਣੀ ਚਾਹੀਦੀ ਹੈ ਤਾਂ ਜੋ ਕੂੜੇ ਦੀ ਗੈਰ-ਕਾਨੂੰਨੀ ਡੰਪਿੰਗ ਨੂੰ ਰੋਕਿਆ ਜਾ ਸਕੇ। ਸਰਕਾਰੀ ਵਿਭਾਗਾਂ ਨੂੰ ਵੀ ਆਪਣੇ ਅਧਿਕਾਰ ਖੇਤਰ ਵਿੱਚ ਆਉਂਦੀ ਖਾਲੀ ਪਈ ਜ਼ਮੀਨ ਸਮੇਤ ਖਾਲੀ ਪਈਆਂ ਜਾਇਦਾਦਾਂ ਤੋਂ ਕੂੜਾ-ਕਰਕਟ ਸਾਫ ਕਰਵਾਉਣ ਦੀ ਹਦਾਇਤ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਤੇ ਨਗਰ ਨਿਗਮ ਜਲੰਧਰ ਨੂੰ ਨਿਰਦੇਸ਼ ਦਿੱਤੇ ਕਿ ਆਪੋ-ਆਪਣੇ ਖੇਤਰਾਂ ਵਿੱਚ ਇਨ੍ਹਾਂ ਹੁਕਮਾਂ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇ ਅਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਤੁਰੰਤ ਕਾਰਵਾਈ ਯਕੀਨੀ ਬਣਾਈ ਜਾਵੇ । ਉਨ੍ਹਾਂ ਇਨ੍ਹਾਂ ਵਿਭਾਗਾਂ ਨੂੰ ਇਹ ਵੀ ਹਦਾਇਤ ਕੀਤੀ ਕਿ 10 ਜੁਲਾਈ, 2025 ਤੋਂ ਬਾਅਦ ਜੇਕਰ ਇਨ੍ਹਾਂ ਪਲਾਟਾਂ ਦੀ ਸਫਾਈ ਸਰਕਾਰੀ ਏਜੰਸੀਆਂ ਤੋਂ ਕਰਵਾਉਣ ਦੀ ਲੋੜ ਪੈਂਦੀ ਹੈ ਤਾਂ ਪਲਾਟ ਮਾਲਕਾਂ ਖਿਲਾਫ ਰਿਕਵਰੀ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇ। ਡਾ. ਅਗਰਵਾਲ ਨੇ ਜ਼ੋਰ ਦਿੰਦਿਆਂ ਕਿਹਾ ਕਿ ਇਹ ਹੁਕਮ ਪੂਰੀ ਤਰ੍ਹਾਂ ਜਨਤਕ ਸਿਹਤ ਦੇ ਹਿੱਤ ਵਿੱਚ ਜਾਰੀ ਕੀਤੇ ਗਏ ਹਨ ਤਾਂ ਜੋ ਨਾਗਰਿਕਾਂ ਨੂੰ ਬਿਮਾਰੀਆਂ ਤੋਂ ਬਚਾਇਆ ਜਾ ਸਕੇ, ਖਾਸ ਕਰ ਚੱਲ ਰਹੇ ਮਾਨਸੂਨ ਦੇ ਸੀਜ਼ਨ ਦੌਰਾਨ ਜਦੋਂ ਵੈਕਟਰ ਬੋਰਨ ਬਿਮਾਰੀਆਂ ਤੇਜੀ ਨਾਲ ਫੈਲ ਸਕਦੀਆਂ ਹਨ। ਉਨ੍ਹਾਂ ਸਾਫ-ਸੁਥਰਾ ਵਾਤਾਵਰਣ ਯਕੀਨੀ ਬਣਾਉਣ ਅਤੇ ਵਸਨੀਕਾਂ ਦੀ ਸਿਹਤ ਦੀ ਸੁਰੱਖਿਆ ਲਈ ਜਲੰਧਰ ਪ੍ਰਸ਼ਾਸਨ ਦੀ ਵਚਨਬੱਧਤਾ ਦੁਹਰਾਈ।

## ਪੰਜਾਬ ਸਰਕਾਰ ਲੋਕ ਵਿਰੋਧੀ ਲੈਂਡ ਪੂਲਿੰਗ ਸਕੀਮ ਵਾਪਸ ਲਵੇ : ਰਾਣਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਇੱਥੇ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਦੇ ਤਹਿਸੀਲ ਆਗੂਆਂ ਦੀ



ਮੀਟਿੰਗ ਪਰਮਜੀਤ ਸਿੰਘ ਸਰਪੰਚ ਮੋਹਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਾਥੀ ਕਰਨ ਸਿੰਘ ਰਾਣਾ ਸੂਬਾਈ ਜਨਰਲ ਸਕੱਤਰ ਨੇ ਕਿਹਾ ਕਿ ਇਤਿਹਾਸਕ ਸਫਲ ਕਿਸਾਨ ਅੰਦੋਲਨ ਨੇ ਖੇਤੀ ਸਬੰਧੀ ਤਿੰਨ ਕਾਲੇ ਕਾਨੂੰਨਾਂ ਨੂੰ ਰੱਦ ਕਰਨ ਲਈ ਕੇਂਦਰ ਸਰਕਾਰ ਨੂੰ ਮਜਬੂਰ ਕੀਤਾ। ਇਸ ਅੰਦੋਲਨ ਨੇ ਸਾਫ ਨਿਸ਼ਾਨ ਦੇਹੀ ਕਰਕੇ ਦੱਸਿਆ ਸੀ ਕਿ ਭਾਈ ਲਾਲੋਆਂ ਦਾ ਮੁੱਖ ਦੁਸ਼ਮਣ ਦੇਸ਼ ਦਾ ਕਾਰਪੋਰੇਟ ਹੈ ਅਤੇ ਇਹ ਸਾਮਰਾਜੀ ਪੂੰਜੀ ਨਾਲ ਇੱਕ ਮਿਕ ਹੋ ਕੇ ਦੇਸ਼ ਦੇ ਕਿਸਾਨ ਮਜ਼ਦੂਰ ਮੁਲਾਜ਼ਮ ਅਤੇ ਛੋਟੇ ਵਪਾਰੀਆਂ ਦੀ ਲੁੱਟ ਕਰ ਰਿਹਾ। ਇਹ ਕਾਰਪੋਰੇਟ ਲਾਣਾ ਧਾਰਮਿਕ ਨਫਰਤ ਪੈਦਾ ਕਰਕੇ ਕਿਰਤੀ ਲੋਕਾਂ ਵਿੱਚ ਵੰਡੀਆਂ ਪਾਉਂਦਾ ਹੈ ਅਤੇ ਉਹਨਾਂ ਦਾ ਖੂਨ ਨਿਚੋੜਨ ਵਿੱਚ ਸਫਲ ਹੋ ਜਾਂਦਾ ਹੈ। ਸਾਥੀ ਰਾਣਾ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਸਕੀਮ ਉਹਨਾਂ ਰੱਦ ਕਰਵਾਏ ਤਿੰਨ ਕਾਲੇ ਕਾਨੂੰਨਾਂ ਦਾ ਬਦਲਿਆ ਹੋਇਆ ਰੂਪ ਹੈ। ਲੈਂਡ ਪੂਲਿੰਗ ਸਕੀਮ ਵਿਰੁੱਧ ਪੰਜਾਬ ਦੇ ਪਿੰਡਾਂ ਦੇ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪੰਜਾਬ ਵਿੱਚ ਖੇਤ ਬਚਾਓ ਰੋਜ਼ਗਾਰ ਬਚਾਓ ਤੇ ਪਿੰਡ ਬਚਾਓ ਮੁਹਿੰਮ ਤੇਜੀ ਫੜ ਚੁੱਕੀ ਹੈ। ਉਹਨਾਂ ਕਿਹਾ ਕਿ ਲੈਂਡ ਪੂਲਿੰਗ ਸਕੀਮ ਵਿਰੁੱਧ ਸਭ ਇਨਸਾਫ ਪਸੰਦ ਜਥੇਬੰਦੀਆਂ ਦਾ ਏਕਾ ਉਸਾਰਿਆ ਜਾ ਰਿਹਾ ਹੈ। ਉਨਾਂ ਅੱਗੇ ਦੱਸਿਆ ਕਿ ਉਨਾਂ ਦੇ ਜਥੇਬੰਦੀ ਪੀੜਤ ਪਿੰਡਾਂ ਦੀ ਪਿੱਠ 'ਤੇ ਖੜੀ ਹੈ। ਉਹਨਾਂ ਕਿਹਾ ਕਿ ਪੰਜਾਬ ਦੀ ਧਰਤੀ 'ਤੇ ਲੈਂਡ ਪੂਲਿੰਗ ਸਕੀਮ ਵਿਰੁੱਧ ਜਬਰਦਸਤ ਸੰਘਰਸ਼ਾਂ ਦੀ ਤਿਆਰੀ ਕੀਤੀ ਜਾ ਰਹੀ ਹੈ। ਉਹਨਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਲੈਂਡ ਪੂਲਿੰਗ ਸਕੀਮ ਤੁਰੰਤ ਵਾਪਸ ਲਵੇ।ਮੀਟਿੰਗ ਵਿਚ 9 ਜੁਲਾਈ ਦੀ ਦੇਸ਼ ਵਿਆਪੀ ਹੜਤਾਲ ਬਾਰੇ ਚਰਚਾ ਕੀਤੀ ਗਈ। ਮੀਟਿੰਗ ਨੇ 9 ਜੁਲਾਈ ਦੀ ਹੜਤਾਲ ਦਾ ਪੂਰਨ ਸਮਰਥਨ ਕਰਨ ਦਾ ਫੈਸਲਾ ਕੀਤਾ। ਇਸ ਦਿਨ ਮੀਟਿੰਗਾਂ ਅਤੇ ਰੈਲੀਆਂ ਕਰਕੇ ਮੰਗ ਕੀਤੀ ਜਾਵੇਗੀ ਕਿ ਹਰ ਤਰ੍ਹਾਂ ਦੇ ਮਜ਼ਦੂਰ ਦੀ ਘੱਟੋ ਘੱਟ ਉਜਰਤ 700 ਰੁਪਿਆ ਦਿਹਾੜੀ ਕੀਤੀ ਜਾਵੇ, ਠੇਕੇਦਾਰੀ ਸਿਸਟਮ ਬੰਦ ਕੀਤਾ ਜਾਵੇ, ਲੇਬਰ ਕਾਨੂੰਨ ਬਹਾਲ ਕੀਤੇ ਜਾਣ, ਬਰਾਬਰ ਕੰਮ ਬਰਾਬਰ ਉਜਰਤ ਦਾ ਨਿਯਮ ਲਾਗੂ ਕੀਤਾ ਜਾਵੇ ਅਤੇ ਪਬਲਿਕ ਸੈਕਟਰ ਦਾ ਨਿੱਜੀਕਰਨ ਕਰਨਾ ਬੰਦ ਕੀਤਾ ਜਾਵੇ। ਮੀਟਿੰਗ ਵਿੱਚ ਹਰਦੇਵ ਸਿੰਘ ਰਾਣਾ ਸਾਬਕਾ ਸਰਪੰਚ, ਹਰਪਾਲ ਸਿੰਘ ਮੱਕੋਵਾਲ, ਪਰਮਿੰਦਰ ਕੁਮਾਰ ਬੈਂਸ, ਸੁਖਦੇਵ ਸਿੰਘ ਸਾਬਕਾ ਸਰਪੰਚ ਟੌਂਸਾ,ਰਾਜ ਕੁਮਾਰ ਮੋਹਨ ਲਾਲ ਕੈਥ ਅਤੇ ਮਨੋਹਰ ਲਾਲ ਟੌਂਸਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

## ਰੈੱਡ ਕਰਾਸ ਸੁਸਾਇਟੀ ਵੱਲੋਂ ਅਮਰਨਾਥ ਯਾਤਰਾ ਦੇ ਸ਼ਰਧਾਲੂਆਂ ਲਈ ਦਿੱਤੇ ਸੈਨੇਟਰੀ ਪੈਡ ਤੇ ਮਾਸਕ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਆਸ਼ਿਕਾ ਜੈਨ ਦੀ ਅਗਵਾਈ ਹੇਠ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਰੋਜ ਨਵੀਆਂ ਪੁਲਾਂਗਾਂ ਪੁੱਟ ਰਹੀ ਹੈ।ਰੈੱਡ ਕਰਾਸ ਸੁਸਾਇਟੀ ਗਰੀਬ ਲੋੜਵੰਦ ਵਿਅਕਤੀਆਂ ਦੀ ਮਦੱਦ ਲਈ ਹਮੇਸ਼ਾ ਤਤਪਰ ਰਹਿੰਦੀ ਹੈ। ਜਾਣਕਾਰੀ ਦਿੰਦਿਆਂ ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਮੰਗੇਸ਼ ਸੂਦ ਨੇ ਦੱਸਿਆ ਕਿ ਹਰ ਸਾਲ ਜ਼ਿਲ੍ਹਾ ਹੁਸ਼ਿਆਰਪੁਰ ਤੋਂ ਸ੍ਰੀ ਅਮਰਨਾਥ ਯਾਤਰਾ ਲਈ ਸ਼ਰਧਾਲੂ ਜਾਂਦੇ ਹਨ।ਇਨ੍ਹਾਂ ਯਾਤਰੀਆਂ ਦੀਆਂ ਕੁਝ ਬੁਨਿਆਦੀ ਜ਼ਰੂਰਤਾਂ ਨੂੰ ਬਾਬਾ ਬਰਫਾਨੀ ਸੇਵਾ ਕਮੇਟੀ ਹੁਸ਼ਿਆਰਪੁਰ ਵਲੋਂ ਰੈੱਡ ਕਰਾਸ ਸੁਸਾਇਟੀ ਦੀ ਮੱਦਦ ਨਾਲ ਪੂਰਾ ਕੀਤਾ ਜਾਂਦਾ ਹੈ। ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਮੰਗੇਸ਼ ਸੂਦ ਨੇ ਦੱਸਿਆ ਕਿ ਇਸ ਸਾਲ ਵੀ ਰੈੱਡ ਕਰਾਸ ਸੁਸਾਇਟੀ ਵੱਲੋਂ ਬਾਬਾ ਬਰਫਾਨੀ ਸੇਵਾ ਕਮੇਟੀ ਨੂੰ ਅਮਰਨਾਥ ਯਾਤਰਾ ਦੇ ਸ਼ਰਧਾਲੂਆਂ ਲਈ ਸੈਨੇਟਰੀ ਪੈਡ ਅਤੇ ਮਾਸਕ ਮੁਫ਼ਤ ਮੁਹੱਈਆ ਕਰਵਾਏ ਗਏ ਹਨ।ਇਹ ਵਸਤਾਂ ਯਾਤਰੀਆਂ ਲਈ ਯਾਤਰਾ ਵਿੱਚ ਬਹੁਤ ਲਾਭਦਾਇਕ ਸਿੱਧ ਹੋਣਗੀਆਂ।ਬਾਬਾ ਬਰਫਾਨੀ ਸੇਵਾ ਕਮੇਟੀ ਵੱਲੋਂ ਇਸ ਕੰਮ ਲਈ ਰੈੱਡ ਕਰਾਸ ਸੁਸਾਇਟੀ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਬਾਬਾ ਬਰਫਾਨੀ ਸੇਵਾ ਕਮੇਟੀ ਵੱਲੋਂ ਯੁਗੇਸ਼ ਕੌਸ਼ਲ, ਅਦਿੱਤਯ ਰਾਣਾ ਜੁਆਇੰਟ ਸਕੱਤਰ ਅਤੇ ਸਟਾਫ ਹਾਜ਼ਰ ਸੀ।

## ਮੁੱਖ ਚੋਣ ਅਫ਼ਸਰ ਪੰਜਾਬ ਨੇ ਈ ਵੀ ਐੱਮ ਵੇਅਰਹਾਊਸ ਦੀ ਕੀਤੀ ਤਿਮਾਹੀ ਪੜਤਾਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪੱਧਰ 'ਤੇ ਬਣਾਏ ਗਏ ਈ ਵੀ ਐਮ ਵੇਅਰਹਾਊਸ ਦੀ ਜੂਨ 2025 ਦੀ



ਤਿਮਾਹੀ ਪੜਤਾਲ ਮੁੱਖ ਚੋਣ ਅਫ਼ਸਰ ਪੰਜਾਬ, ਸਿਬਿਨ ਸੀ. ਵੱਲੋਂ ਕੀਤੀ ਗਈ।ਇਹ ਪੜਤਾਲ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਅਮਰਬੀਰ ਕੌਰ ਭੁੱਲਰ ਦੀ ਹਾਜ਼ਰੀ ਵਿੱਚ ਕੀਤੀ ਗਈ, ਜਿਸ 'ਚ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਵੀ ਮੌਜੂਦ ਸਨ।ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਨਿਕਾਸ ਕੁਮਾਰ ਅਤੇ ਸਹਾਇਕ ਕਮਿਸ਼ਨਰ ਓਇਸ਼ੀ ਮੰਡਲ ਵੀ ਮੌਜੂਦ ਸਨ।ਪੜਤਾਲ ਪ੍ਰਕਿਰਿਆ ਤਹਿਤ ਵੇਅਰਹਾਊਸ ਨੂੰ ਖੋਲ੍ਹ ਕੇ ਈ ਵੀ ਐਮ ਅਤੇ ਵੀਵੀਪੈਟ ਮਸ਼ੀਨਾਂ ਦੀ ਸਥਿਤੀ, ਸੁਰੱਖਿਆ ਪ੍ਰਬੰਧ, ਸੀਲਿੰਗ ਪ੍ਰਣਾਲੀ ਅਤੇ ਸੀ ਸੀ ਟੀ ਵੀ ਨਿਗਰਾਨੀ ਪ੍ਰਣਾਲੀ ਨੂੰ ਨੇੜਿਓਂ ਦੇਖਿਆ ਗਿਆ। ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਸਾਰੇ ਸਬੰਧਤ ਰਿਕਾਰਡ, ਲੌਗਬੁੱਕ ਅਤੇ ਐਂਟਰੀ ਰਜਿਸਟਰਾਂ ਦੀ ਵੀ ਜਾਂਚ ਕੀਤੀ ਗਈ।ਸਿਬਿਨ ਸੀ. ਨੇ ਕਿਹਾ ਕਿ ਈ ਵੀ ਐਮ ਵੇਅਰਹਾਊਸ ਦੀ ਤਿਮਾਹੀ ਪੜਤਾਲ ਇੱਕ ਨਿਯਮਤ ਅਤੇ ਜ਼ਰੂਰੀ ਪ੍ਰਕਿਰਿਆ ਹੈ, ਜੋ ਕਿ ਹਰ ਜ਼ਿਲ੍ਹੇ 'ਚ ਸਮੇਂ-ਸਮੇਂ 'ਤੇ ਕੀਤੀ ਜਾਂਦੀ ਹੈ। ਇਸਦਾ ਉਦੇਸ਼ ਚੋਣ ਪ੍ਰਕਿਰਿਆ ਦੀ ਨਿਰਪੱਖਤਾ, ਸੁਰੱਖਿਆ ਅਤੇ ਪਾਰਦਰਸ਼ਤਾ ਬਣਾਈ ਰੱਖਣਾ ਹੈ।ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੇ ਇਸ ਮੌਕੇ ਕਿਹਾ ਕਿ ਚੋਣ ਕਮਿਸ਼ਨ ਦੀ ਇਹ ਪਹਿਲਕਦਮੀ ਲੋਕਤੰਤਰੀ ਪ੍ਰਕਿਰਿਆ 'ਚ ਆਮ ਲੋਕਾਂ ਦੇ ਵਿਸ਼ਵਾਸ ਨੂੰ ਮਜ਼ਬੂਤ ਕਰਦੀ ਹੈ ਅਤੇ ਮਸ਼ੀਨਾਂ ਦੀ ਨਿਰਪੱਖਤਾ ਬਾਰੇ ਫੈਲੀਆਂ ਗਲਤ ਧਾਰਨਾਵਾਂ ਨੂੰ ਦੂਰ ਕਰਨ ਵਿੱਚ ਮਦਦਗਾਰ ਹੈ।ਇਸ ਮੌਕੇ ਭਾਜਪਾ ਤੋਂ ਭੂਸ਼ਨ ਕੁਮਾਰ ਸ਼ਰਮਾ, ਇੰਡੀਅਨ ਨੈਸ਼ਨਲ ਕਾਂਗਰਸ ਤੋਂ ਰਜਨੀਸ਼ ਟੰਡਨ, ਆਮ ਆਦਮੀ ਪਾਰਟੀ ਤੋਂ ਜਸਪਾਲ ਸਿੰਘ ਅਤੇ ਜੈ ਰਾਮ, ਬਹੁਜਨ ਸਮਾਜ ਪਾਰਟੀ ਤੋਂ ਮਦਨ ਸਿੰਘ ਬੈਂਸ ਤੋਂ ਇਲਾਵਾ ਨੋਡਲ ਅਫਸਰ ਈ ਵੀ ਐਮਜ਼ ਬਲਵਿੰਦਰ ਸਿੰਘ, ਸਹਾਇਕ ਨੋਡਲ ਅਫਸਰ ਜਸਪਾਲ ਸਿੰਘ ਅਤੇ ਰੁਪਿੰਦਰਪਾਲ ਸਿੰਘ, ਐਕਸੀਅਨ ਲੋਕ ਨਿਰਮਾਣ ਵਿਭਾਗ ਗੁਰਮੀਤ ਸਿੰਘ, ਐਸ ਡੀ ਓ ਤਿਲਕ ਰਾਜ, ਤਹਿਸੀਲਦਾਰ ਚੋਣਾਂ ਹਰਮਿੰਦਰ ਸਿੰਘ, ਚੋਣ ਕਾਨੂੰਗੋ ਦੀਪਕ ਕੁਮਾਰ, ਲਖਵੀਰ ਸਿੰਘ, ਰਾਜਨ ਮੋਂਗਾ ਵੀ ਮੌਜੂਦ ਸਨ।

## 9 ਦੀ ਹੜਤਾਲ 'ਚ ਵੱਡੀ ਗਿਣਤੀ 'ਚ ਦਿਹਾਤੀ ਮਜ਼ਦੂਰ ਸ਼ਾਮਲ ਹੋਣਗੇ : ਨਾਹਰ 'ਤੇ ਦਾਊਦ


**ਜਲੰਧਰ (ਰਾਜੇਸ਼ ਥਾਪਾ)** ਦਿਹਾਤੀ ਮਜਦੂਰ ਸਭਾ ਦੀ ਸੂਬਾ ਕਾਰਜਕਾਰਨੀ ਦੀ ਮੀਟਿੰਗ ਦਰਸ਼ਨ ਨਾਹਰ ਦੀ ਪ੍ਰਧਾਨਗੀ ਹੇਠ ਜਲੰਧਰ ਹੋਈ। ਸਭਾ ਦੇ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ ਨੇ ਦੇਸ਼ ਦੀ ਅਵਸਥਾ ਅਤੇ ਕੇਂਦਰ ਤੇ ਸੂਬਾ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਬਾਰੇ ਵਿਸਥਾਰ ਸਹਿਤ ਚਾਨਣਾ ਪਾਇਆ। ਮੀਟਿੰਗ ਦੇ ਫੈਸਲੇ ਪ੍ਰੈੱਸ ਜਾਰੀ ਕਰਦਿਆਂ ਪ੍ਰੈੱਸ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਦੱਸਿਆ ਕਿ 9 ਜੁਲਾਈ ਨੂੰ ਟਰੇਡ ਯੂਨੀਅਨਾਂ, ਫੈਡਰੇਸ਼ਨਾਂ ਅਤੇ



ਮਿਹਨਤਕਸ਼ ਲੋਕਾਂ ਵਲੋਂ ਦੇਸ਼ ਵਿਆਪੀ ਹੜਤਾਲ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ। ਮਜਦੂਰਾਂ ਦੀਆਂ ਮੰਗਾਂ ਮਗਨਰੇਗਾ ਤਹਿਤ ਸਾਰਾ ਸਾਲ ਕੰਮ ਤੇ 700 ਰੁਪਏ ਦਿਹਾੜੀ , ਬੇਘਰੇ ਤੇ ਲੋੜਵੰਦਾਂ ਨੂੰ 10-10 ਮਰਲੇ ਦੇ ਰਿਹਾਇਸ਼ੀ ਪਲਾਟ ਤੇ ਮਕਾਨ ਬਣਾਉਣ ਲਈ ਪੰਜ ਲੱਖ ਰੁਪਏ ਦੀ ਗ੍ਰਾਂਟ, ਜਨਤਕ ਵੰਡ ਪ੍ਰਣਾਲੀ ਰਾਹੀਂ ਸਰਕਾਰੀ ਡੀਪੂਆਂ ਤੋਂ ਨਿੱਤ ਵਰਤੋਂ ਦੀਆਂ ਜਰੂਰੀ ਵਸਤਾਂ ਸਸਤੇ ਭਾਅ ਤੇ ਮੁਹਈਆ ਕਰਵਾਉਣ, ਸਰਕਾਰੀ, ਗੈਰ ਸਰਕਾਰੀ, ਸਹਿਕਾਰੀ ਅਤੇ ਮਾਈਕਰੋ ਫਾਇਨਾਂਸ ਕੰਪਨੀ ਦੇ ਕਰਜੇ ਮੁਆਫ ਕਰਨ, ਪੰਚਾਇਤੀ ਜਮੀਨ ਦਾ ਤੀਜਾ ਹਿੱਸਾ ਦਲਿਤਾਂ ਨੂੰ ਘੱਟ ਰੇਟ ਤੇ ਦੇਣ, ਭੂਮੀ ਸੁਧਾਰ ਕਾਨੂੰਨ ਤਹਿਤ ਵਾਧੂ ਜਮੀਨ ਮਜਦੂਰਾਂ ਤੇ ਥੁੜ ਮਾਰੇ ਕਿਸਾਨਾਂ ਨੂੰ ਮੁਫਤ ਦੇਣ ਆਦਿ ਮੰਗਾਂ ਲਈ ਪੇਂਡੂ ਤੇ ਖੇਤ ਮਜਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ 20 ਜੁਲਾਈ ਨੂੰ ਮਾਲਵਾ ਵਿੱਚ ਅਤੇ 22 ਜੁਲਾਈ ਨੂੰ ਮਾਝੇ ਦੁਆਬੇ ਦੀ ਦੇਸ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕਨਵੈਨਸ਼ਨਾਂ ਵਿੱਚ ਐਲਾਨ ਕੀਤਾ ਜਾਵੇਗਾ ਸਾਥੀ ਨੂਰਪੁਰੀ ਨੇ ਦੱਸਿਆ ਕਿ ਮਜਦੂਰ ਆਗੂ ਸਾਥੀ ਹਰਭਗਵਾਨ ਮੂਣਕ 'ਤੇ 25 ਜੂਨ ਨੂੰ ਘੜੰਮ ਚੌਧਰੀਆਂ ਦੇ ਗੁੰਡਿਆਂ ਵਲੋਂ ਡੀਐਸਪੀ ਮੂਣਕ ਦੇ ਦਫਤਰ ਕੋਲ ਪਿੰਡ ਪਾਪੜਾ ਦੇ ਜਾਗੀਰੂ ਚੌਧਰੀਆਂ ਦੀ ਮਿਲੀ ਭੁਗਤ ਨਾਲ ਕੁਝ ਗੁੰਡਿਆਂ ਵਲੋਂ ਮਾਰ ਦੇਣ ਦੀ ਨੀਅਤ ਨਾਲ ਹਮਲਾ ਕਰਕੇ ਗੰਭੀਰ ਜਖਮੀ ਕਰ ਦਿੱਤਾ ਸੀ ਇਸ ਹਮਲੇ ਦਾ ਗੰਭੀਰ ਨੋਟਿਸ ਲੈਂਦਿਆਂ ਮੰਗ ਕੀਤੀ ਕਿ ਗੁੰਡਿਆਂ ਨੂੰ ਤੁਰੰਤ ਫੜਕੇ ਸਲਾਖਾਂ ਪਿੱਛੇ ਕੀਤਾ ਜਾਵੇ ਅਤੇ ਜਾਤੀਸੂਚਕ ਗਾਲੀ ਗਲੋਚ ਕਰਨ ਵਾਲਿਆਂ ਤੇ ਐੱਸ ਸੀ ਐੱਸ ਟੀ ਐਕਟ ਲਾ ਕੇ ਗ੍ਰਿਫਤਾਰ ਕੀਤਾ ਜਾਵੇ ।

## ਏ ਜੀ ਆਈ ਓਪਨ ਸਵੀਮਿੰਗ ਚੈਂਪੀਅਨਸ਼ਿਪ ਈਵੈਂਟਾ ਮੁਕਾਬਲੇ

**ਜਲੰਧਰ (ਰਾਜੇਸ਼ ਥਾਪਾ)** ਮੁੰਡਿਆਂ ਅਤੇ ਕੁੜੀਆਂ ਲਈ ਸੌ ਮੀਟਰ ਹੀਟਸ ਮੁਕਾਬਲੇ ਨਾਲ, ਏ ਜੀ ਆਈ ਓਪਨ ਸਵੀਮਿੰਗ ਚੈਂਪੀਅਨਸ਼ਿਪ ਦੇ ਈਵੈਂਟਾਂ ਦਾ ਕੈਲੰਡਰ ਜੋ ਕਿ ਜਲੰਧਰ ਹਾਈਟਸ 1 ਅਤੇ 2, 66 ਫੁੱਟ ਰੋਡ ਦੇ ਸਵੀਮਿੰਗ ਪੂਲ 'ਤੇ ਚੱਲ ਰਿਹਾ ਹੈ, ਪੂਰਾ ਹੋ ਗਿਆ।ਮਿਸ ਮੇਹਰ ਨੇ ਕੁੜੀਆਂ ਲਈ ਸੌ ਮੀਟਰ ਹੀਟ ਸਿਰਫ਼ ਤਿੰਨ ਸੈਕਿੰਡ ਟਾਈਮਿੰਗ ਨਾਲ ਸ੍ਰਿਸ਼ਟੀ ਦੀ ਬਰਾਬਰ ਦੀ ਮਜ਼ਬੂਤ ਵਿਰੋਧੀ ਤੋਂ ਜਿੱਤੀ।ਮੁੰਡਿਆਂ ਦੇ ਸੌ



ਮੀਟਰ ਈਵੈਂਟ ਵਿੱਚ ਤਿੰਨ ਹੀਟਸ ਆਯੋਜਿਤ ਕੀਤੇ ਗਏ।ਪਹਿਲੀ ਹੀਟ 'ਚ ਆਕਰਸ਼ ਨੇ ਪਹਿਲਾ, ਰੋਹਨ ਨੇ ਦੂਜਾ ਅਤੇ ਅਰਸ਼ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਦੂਜੀ ਹੀਟ 'ਚ ਜਗਰਵ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਤੀਜੀ ਹੀਟ 'ਚ ਆਦਿਤਿਆ ਨੇ ਪਹਿਲਾ ਸਥਾਨ ਹਾਸਲ ਕੀਤਾ। ਭਵਿੱਖ ਦੀਆਂ ਤੈਰਾਕੀ ਚੈਂਪੀਅਨਸ਼ਿਪਾਂ ਬਾਰੇ ਗੱਲ ਕਰਦਿਆਂ, ਸੁਰਿੰਦਰ ਭਾਂਬਰੀ ਨੇ ਦੱਸਿਆ ਕਿ ਜਲੰਧਰ ਹਾਈਟਸ 1 ਅਤੇ 2 ਦੇ ਸੁੰਦਰ, ਚੰਗੀ ਤਰ੍ਹਾਂ ਸੰਭਾਲੇ ਹੋਏ ਸਵੀਮਿੰਗ ਪੂਲ ਜੂਨੀਅਰ ਤੈਰਾਕੀ ਚੈਂਪੀਅਨਸ਼ਿਪਾਂ ਦੇ ਆਯੋਜਨ ਲਈ ਸ਼ਾਨਦਾਰ ਹਨ ਅਤੇ ਸਫਾਈ ਅਤੇ ਸਫਾਈ ਦੇ ਮਾਮਲੇ ਵਿੱਚ ਖੇਤਰ ਦੇ ਸਭ ਤੋਂ ਵਧੀਆ ਸਵੀਮਿੰਗ ਪੂਲਾਂ ਵਿੱਚੋਂ ਇੱਕ ਹਨ।

## ਰਾਜਨੀਤਕ ਪਾਰਟੀਆਂ ਨੇ ਬਾਬਾ ਸਾਹਿਬ ਦੇ ਨਾਂਅ 'ਤੇ ਬਹੁਜਨ ਸਮਾਜ ਨੂੰ ਗੁੰਮਰਾਹ ਕੀਤਾ : ਠੇਕੇਦਾਰ ਭਗਵਾਨ ਦਾਸ ਸਿੱਧੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਭਾਰਤੀ ਸੰਵਿਧਾਨ ਦੇ ਨਿਰਮਾਤਾ, ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤਾਂ ਦੇ ਅਪਮਾਨ ਦੇ ਵਿਰੋਧ ਵਿੱਚ ਬਹੁਜਨ ਸਮਾਜ ਪਾਰਟੀ ਵੱਲੋਂ ਸ੍ਰੀ ਖੁਰਾਲਗੜ ਸਾਹਿਬ ਤੋਂ ਗੜ੍ਹਸ਼ੰਕਰ ਤੱਕ ਕੀਤੇ ਜ਼ੋਰਦਾਰ ਰੋਸ ਵਿਖਾਵੇ ਦਾ ਅਸਰ ਦਿਖਾਈ ਦੇਣਾ ਸ਼ੁਰੂ ਹੋ ਗਿਆ ਹੈ, ਹਮੇਸ਼ਾ ਬਾਬਾ ਸਾਹਿਬ ਦਾ ਵਿਰੋਧ ਕਰਨ ਵਾਲੀ ਕਾਂਗਰਸ ਨੂੰ



ਸੰਵਿਧਾਨ ਬਚਾਉਣ ਦੀ ਚਿੰਤਾ ਲੱਗ ਗਈ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਠੇਕੇਦਾਰ ਭਗਵਾਨ ਦਾਸ ਸਿੱਧੂ ਜਨਰਲ ਸਕੱਤਰ ਪੰਜਾਬ ਬਸਪਾ ਨੇ ਕਿਹਾ ਕਿ ਸੰਵਿਧਾਨ ਬਚਾਓ ਰੈਲੀਆਂ ਕਰਨ ਵਾਲੇ ਸੰਵਿਧਾਨ ਲਿਖਣ ਵਾਲੇ ਡਾ. ਅੰਬੇਡਕਰ ਜੀ ਦੇ ਬੁੱਤਾਂ ਦੇ ਅਪਮਾਨ 'ਤੇ ਕਿਉਂ ਨਹੀਂ ਬੋਲਦੇ। ਉਨ੍ਹਾਂ ਕਿਹਾ ਕਿ ਕਾਂਗਰਸ, ਭਾਜਪਾ, ਅਕਾਲੀ ਅਤੇ ਆਮ ਆਦਮੀ ਪਾਰਟੀ ਨੇ ਹਮੇਸ਼ਾ ਹੀ ਬਾਬਾ ਸਾਹਿਬ ਦਾ ਨਾਂਅ ਲੈ ਕੇ ਬਹੁਜਨ ਸਮਾਜ ਨੂੰ ਗੁੰਮਰਾਹ ਕੀਤਾ ਹੈ।ਇਨਾਂ ਨੇ ਹਮੇਸ਼ਾ ਗਰੀਬ ਦਲਿਤ ਸਮਾਜ ਦਾ ਸ਼ੋਸ਼ਣ ਹੀ ਕੀਤਾ ਹੈ।ਠੇਕੇਦਾਰ ਨੇ ਕਿਹਾ ਕਿ ਬਸਪਾ ਨੇ 'ਪੰਜਾਬ ਸੰਭਾਲੋ' ਮੁਹਿੰਮ ਤਹਿਤ ਨਸ਼ਿਆਂ, ਬੇਰੁਜ਼ਗਾਰੀ, ਮਹਿੰਗਾਈ, ਸਿੱਖਿਆ ਨੀਤੀ, ਭ੍ਰਿਸ਼ਟਾਚਾਰ ਅਤੇ ਪਵਿੱਤਰ ਧਰਤੀ ਸ੍ਰੀ ਖੁਰਾਲਗੜ ਸਾਹਿਬ ਵਿਚੋਂ ਸ਼ਰਾਬ ਦਾ ਠੇਕਾ ਤੇ ਨਜਾਇਜ ਬ੍ਰਾਂਚਾਂ ਬੰਦ ਕਰਾਉਣ ਲਈ ਅੰਦੋਲਨ ਸ਼ੁਰੂ ਕੀਤਾ ਹੈ ਜਿਸ ਤਹਿਤ ਪੰਜਾਬ ਵਿੱਚ ਬਲਾਕ ਪੱਧਰ ਤੇ ਸਰਕਾਰ ਦੇ ਪੁਤਲੇ ਫੂਕ ਕੇ ਪ੍ਰਦਰਸ਼ਨ ਕੀਤੇ ਜਾਣਗੇ।

## ਡਿਪਟੀ ਕਮਿਸ਼ਨਰ ਨੇ ਖਾਲੀ ਪਏ ਪਲਾਟਾਂ ਦੀ ਸਾਫ-ਸਫਾਈ ਸੰਬੰਧੀ ਹੁਕਮ ਕੀਤੇ ਜਾਰੀ

**ਮੋਹਾਲੀ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)** ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਕੋਮਲ ਮਿੱਤਲ ਨੇ ਹੁਕਮ ਜਾਰੀ ਕਰਦਿਆਂ ਦੱਸਿਆ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਸ਼ਹਿਰ ਵਿੱਚ ਜਗਾਂ ਜਗ੍ਹਾਂ ਤੇ ਵੱਖ-ਵੱਖ ਵਿਅਕਤੀਆਂ ਦੀ ਮਾਲਕੀ/ਕਬਜ਼ੇ ਅਧੀਨ ਖਾਲੀ ਪਏ ਪਲਾਟਾਂ ਵਿੱਚ ਕੂੜਾ-ਕਰਕਟ, ਗੰਦਗੀ ਅਤੇ ਗੰਦਾ ਪਾਣੀ ਇਕੱਠਾ ਹੁੰਦਾ ਰਹਿੰਦਾ ਹੈ ਜਿਸ ਨਾਲ ਕਈ ਤਰ੍ਹਾਂ ਦੇ ਨੁਕਸਾਨਦਾਇਕ ਜੀਵ-ਜੰਤੂ ਪੈਦਾ ਹੁੰਦੇ ਹਨ ਜੋ ਵੱਖ-ਵੱਖ ਪ੍ਰਕਾਰ ਦੀਆਂ ਬਿਮਾਰੀਆਂ (ਜਿਵੇਂ ਡੇਂਗੂ, ਮਲੇਰੀਆ, ਚਿਕਨਗੁਨਿਆ ਆਦਿ) ਫੈਲਾਉਂਦੇ ਹਨ। ਇਸ ਤਰ੍ਹਾਂ ਇਹ ਬਿਮਾਰੀਆਂ ਸ਼ਹਿਰ ਵਾਸੀਆਂ ਦੀ ਸਿਹਤ ਲਈ ਇੱਕ ਗੰਭੀਰ ਅਤੇ ਜਾਨਲੇਵਾ ਖਤਰਾ ਹਨ।ਅਜਿਹੀ ਸਥਿਤੀ ਵਿੱਚ ਇਹਨਾਂ ਬਿਮਾਰੀਆਂ ਨੂੰ ਫੈਲਣ ਤੋਂ ਰੋਕਣ ਲਈ ਇਹਨਾਂ ਖਾਲੀ ਪਏ ਪਲਾਟਾਂ ਦੀ ਸਾਫ-ਸਫਾਈ ਹੋਣੀ ਜਰੂਰੀ ਹੈ। ਇਸ ਲਈ ਮਨੁੱਖੀ ਸਿਹਤ ਅਤੇ ਉਪਰੋਕਤ ਤੱਥਾਂ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਮੈਜਿਸਟ੍ਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸਹਿੰਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਹਦੂਦ ਅੰਦਰ ਨਿੱਜੀ ਕਬਜੇ/ਮਾਲਕੀ ਵਾਲੇ ਖਾਲੀ ਪਏ ਪਲਾਟਾਂ ਵਿੱਚ ਕੂੜੇ-ਕਰਕਟ, ਗੰਦਗੀ ਅਤੇ ਗੰਦੇ ਪਾਣੀ ਦੇ ਇਕੱਠੇ ਹੋਣ ਕਾਰਨ ਹੋਣ ਵਾਲੀਆਂ ਬੀਮਾਰੀਆ ਦੇ ਬਚਾਅ ਲਈ ਅਗਾਊ ਢੁੱਕਵੇਂ ਪ੍ਰਬੰਧ ਯਕੀਨੀ ਬਣਾਉਣ ਦਾ ਹੁਕਮ ਜਾਰੀ ਕੀਤਾ ਹੈ। ਉਨ੍ਹਾਂ ਜਾਰੀ ਹੁਕਮ ਵਿੱਚ ਕਿਹਾ ਕਿ ਸ਼ਹਿਰ ਵਿੱਚ ਖਾਲੀ ਪਏ ਪਲਾਟਾਂ ਦੇ ਮਾਲਕ/ਕਾਬਜ਼ ਆਪਣੇ ਖਾਲੀ ਪਲਾਟਾਂ ਵਿੱਚ ਲੱਗੇ ਕੂੜੇ-ਕਰਕਟ ਦੇ ਢੇਰ, ਗੰਦਗੀ ਅਤੇ ਮੀਂਹ ਦੇ ਰੁਕੇ ਹੋਏ ਗੰਦੇ ਪਾਣੀ ਦੀ ਤੁਰੰਤ ਸਾਫ-ਸਫਾਈ ਆਪਣੇ ਪੱਧਰ ਤੇ ਕਰਵਾਉਣੀ ਯਕੀਨੀ ਬਨਾਉਣਗੇ।

## ਐਲ ਪੀ ਯੂ ਵੱਲੋਂ 27 ਅਫਰੀਕੀ ਦੇਸ਼ਾਂ ਦੇ ਗ੍ਰੈਜੂਏਟਾਂ ਨੂੰ ਸਨਮਾਨਤ ਕਰਨ ਲਈ ਸਾਲਾਨਾ ਪ੍ਰੋਗਰਾਮ

**ਜਲੰਧਰ (ਸ਼ੈਲੀ ਐਲਬਰਟ)** ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਵਿਖੇ ਸਾਲਾਨਾ ਕਾਂਗ੍ਰੇਗੇਸ਼ਨ ਸਮਾਰੋਹ ਵਿੱਚ ਅਫਰੀਕੀ ਮਹਾਂਦੀਪ ਦੇ ਸੈਂਕੜੇ ਵਿਦਿਆਰਥੀਆਂ ਨੂੰ ਅਕਾਦਮਿਕ ਗਾਊਨ ਪਾ ਕੇ ਅਤੇ ਇੱਕ ਭਾਵਨਾਤਮਕ ਵਿਦਾਇਗੀ ਦੇ ਨਾਲ ਉਨ੍ਹਾਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਅੰਤਰਰਾਸ਼ਟਰੀ ਸਿੱਖਿਆ ਅਤੇ ਸੱਭਿਆਚਾਰਕ ਏਕੀਕਰਨ ਦਾ ਜਸ਼ਨ ਮਨਾਉਣ ਵਾਲੇ ਸਮਾਰੋਹ ਵਿੱਚ ਜ਼ਿੰਬਾਬਵੇ, ਨਾਮੀਬੀਆ, ਘਾਨਾ, ਮਾਰੀਸ਼ਸ, ਸੂਡਾਨ ਅਤੇ ਹੋਰਾਂ ਸਮੇਤ 27 ਦੇਸ਼ਾਂ ਦੇ ਗ੍ਰੈਜੂਏਟਾਂ ਨੂੰ ਉਨ੍ਹਾਂ ਦੀ ਅਕਾਦਮਿਕ ਉੱਤਮਤਾ ਲਈ ਸਨਮਾਨਿਤ ਕੀਤਾ ਗਿਆ।ਇਸ ਸਮਾਰੋਹ ਦੀ ਪ੍ਰਧਾਨਗੀ ਡਾ. ਅਸ਼ੋਕ ਕੁਮਾਰ ਮਿੱਤਲ, ਐਮਪੀ (ਰਾਜ ਸਭਾ) ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ, ਐਡਸਨ ਮੋਯੋ, ਭਾਰਤ ਵਿੱਚ ਜ਼ਿੰਬਾਬਵੇ ਗਣਰਾਜ ਦੇ ਮੰਤਰੀ ਪੂਰਨ ਸ਼ਕਤੀਮਾਨ, ਐਲਪੀਯੂ ਦੀ ਪ੍ਰੋ-ਚਾਂਸਲਰ ਡਾ. ਕਰਨਲ ਰਸ਼ਮੀ ਮਿੱਤਲ, ਐਲਪੀਯੂ ਦੇ ਪ੍ਰੋ-ਵਾਈਸ ਚਾਂਸਲਰ ਡਾ. ਲਵੀਰਾਜ ਗੁਪਤਾ ਅਤੇ ਐਲਪੀਯੂ ਦੇ ਵਾਈਸ ਪ੍ਰੈਜ਼ੀਡੈਂਟ ਡਾ. ਅਮਨ ਮਿੱਤਲ ਨੇ ਕੀਤੀ।ਗ੍ਰੈਜੂਏਟਾਂ ਨੂੰ ਵਧਾਈ ਦਿੰਦੇ ਹੋਏ, ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ, ਤੁਸੀਂ ਸਾਡੇ ਗਿਆਨ, ਚਰਿੱਤਰ ਅਤੇ ਬਦਲਾਅ ਦੇ ਰਾਜਦੂਤ ਹੋ। ਤੁਸੀਂ ਜਿੱਥੇ ਵੀ ਜਾਓ; ਭਾਵੇਂ ਅਫਰੀਕਾ ਭਰ ਵਿੱਚ ਆਪਣੇ ਭਾਈਚਾਰਿਆਂ ਵਿੱਚ ਵਾਪਸ ਜਾਓ ਜਾਂ ਨਵੀਆਂ ਥਾਵਾਂ 'ਤੇ; ਤੁਸੀਂ ਸਾਡੇ ਅੰਤਰਰਾਸ਼ਟਰੀ ਕੈਂਪ ਵਿੱਚ ਤੁਹਾਡੇ ਵਿੱਚ ਭਰੀ ਗਈ ਉੱਤਮਤਾ ਦੀ ਭਾਵਨਾ ਨੂੰ




ਆਪਣੇ ਨਾਲ ਲੈ ਕੇ ਜਾਓਗੇ। ਆਪਣੀ ਅੱਗੇ ਦੀ ਯਾਤਰਾ ਵਿੱਚ ਤੁਸੀਂ ਇੱਥੇ ਗ੍ਰਹਿਣ ਕੀਤੇ ਗਏ ਵਿਸ਼ਵਵਿਆਪੀ ਦ੍ਰਿਸ਼ਟੀਕੋਣ, ਅਤੇ ਲੀਡਰਸ਼ਿਪ 'ਤੇ ਵਿਚਾਰ ਕਰੋ ਅਤੇ ਹਮੇਸ਼ਾ ਯਾਦ ਰੱਖੋ, ਤੁਸੀਂ ਐਲਪੀਯੂ ਪਰਵਾਰ ਦਾ ਇੱਕ ਅਨਿੱਖੜਵਾਂ ਅੰਗ ਬਣੇ ਰਹੋਗੇ।ਮੁੱਖ ਮਹਿਮਾਨ ਐਡਸਨ ਮੋਯੋ ਨੇ ਵੀ ਗ੍ਰੈਜੂਏਟਾਂ ਨੂੰ ਉਤਸ਼ਾਹਿਤ ਕੀਤਾ ਅਤੇ ਕਿਹਾ ਕਿ ਉਨ੍ਹਾਂ ਦੀਆਂ ਪ੍ਰਾਪਤੀਆਂ ਅਫਰੀਕਾ ਦੇ ਉੱਜਵਲ ਭਵਿੱਖ ਦਾ ਪ੍ਰਤੀਕ ਹਨ, ਅੱਜ ਦੀਆਂ ਡਿਗਰੀਆਂ ਦਸਤਾਵੇਜ਼ਾਂ ਤੋਂ ਵੱਧ ਹਨ; ਉਹ ਪਰਿਵਰਤਨਸ਼ੀਲ ਲੀਡਰਸ਼ਿਪ ਲਈ ਪਾਸਪੋਰਟ ਹਨ। ਐਲਪੀਯੂ ਵਿੱਚ ਪਾਈ ਗਈ ਇਮਾਨਦਾਰੀ, ਉਤਸੁਕਤਾ ਅਤੇ ਸਹਿਯੋਗੀ ਭਾਵਨਾ ਨੂੰ ਆਪਣੇ ਭਾਈਚਾਰਿਆਂ ਵਿੱਚ ਵਾਪਸ ਲੈ ਜਾਓ ਅਤੇ ਉਨ੍ਹਾਂ ਨੂੰ ਪੂਰੇ ਅਫਰੀਕਾ ਵਿੱਚ ਨਵੇਂ ਉੱਦਮ, ਸਮਾਵੇਸ਼ੀ ਨੀਤੀਆਂ ਅਤੇ ਟਿਕਾਊ ਵਿਕਾਸ ਲਈ ਵਰਤੋ।ਗ੍ਰੈਜੂਏਟਾਂ ਨੂੰ ਸਨਮਾਨਿਤ ਕਰਦੇ ਹੋਏ, ਐਲਪੀਯੂ ਦੀ ਪ੍ਰੋ-ਚਾਂਸਲਰ ਡਾ. ਕਰਨਲ ਰਸ਼ਮੀ ਮਿੱਤਲ ਨੇ ਕਿਹਾ, ਤੁਹਾਡੇ ਵਿੱਚੋਂ ਹਰ ਇੱਕ ਸੱਚਮੁੱਚ ਅਸਾਧਾਰਨ ਹੈ। ਤੁਸੀਂ ਐਲਪੀਯੂ ਵਿੱਚ ਇੱਛਾਵਾਂ ਲੈ ਕੇ ਆਏ ਸੀ, ਨਵੇਂ ਸੱਭਿਆਚਾਰਾਂ, ਭੋਜਨਾਂ ਅਤੇ ਜਲਵਾਯੂ ਦੀ ਪੜਚੋਲ ਕੀਤੀ ਅਤੇ ਕੋਸ਼ਿਸ਼ ਕੀਤੀ ਅਤੇ ਅੱਜ ਤੁਸੀਂ ਆਤਮਵਿਸ਼ਵਾਸੀ ਵਿਸ਼ਵ ਨਾਗਰਿਕਾਂ ਵਜੋਂ ਖੜ੍ਹੇ ਹੋ। ਉੱਚਾ ਟੀਚਾ ਰੱਖੋ, ਵੱਡਾ ਸੋਚੋ ਅਤੇ ਅਸਾਧਾਰਨ ਤਬਦੀਲੀ ਲਿਆਉਣ ਲਈ ਆਪਣੀ ਸ਼ਕਤੀ ਵਿੱਚ ਵਿਸ਼ਵਾਸ ਰੱਖੋ।ਵੱਖ-ਵੱਖ ਵਿਸ਼ਿਆਂ ਵਿੱਚ ਅਸਾਧਾਰਨ ਪ੍ਰਾਪਤੀਆਂ ਨੂੰ ਮਾਨਤਾ ਦਿੰਦੇ ਹੋਏ, ਐਲਪੀਯੂ ਨੇ ਕਈ ਵਿਸ਼ੇਸ਼ ਸਨਮਾਨ ਪ੍ਰਦਾਨ ਕੀਤੇ, ਜਿਨ੍ਹਾਂ ਵਿੱਚ ਲਾਸਮਰ ਗਰਬਾ ਨੂੰ ਟ੍ਰਾਂਸਫਾਰਮੇਟਿਵ ਲੀਡਰਸ਼ਿਪ ਪੁਰਸਕਾਰ, ਇਮੈਨੁਅਲ ਡੀ. ਓਕੇਚ ਨੂੰ ਮਾਨਵਤਾਵਾਦੀ ਪੁਰਸਕਾਰ, ਪ੍ਰਾਈਮਰੋਜ਼ ਨੋਕੁਟੇਂਡਾ ਚਾਮੁਨੋਰਵਾ ਨੂੰ ਸਾਲ ਦਾ ਉੱਦਮੀ ਅਤੇ ਹਲੀਮਾ ਅਲੀ ਨੂੰ ਸਰਵੋਤਮ ਖੋਜਕਰਤਾ ਪੁਰਸਕਾਰ ਸ਼ਾਮਲ ਹਨ, ਜਿਨ੍ਹਾਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ ਗਿਆ।ਗ੍ਰੈਜੂਏਟਾਂ ਦੀ ਯਾਤਰਾ 'ਤੇ ਵਿਚਾਰ ਕਰਦੇ ਹੋਏ, ਡਾ. ਅਮਨ ਮਿੱਤਲ ਨੇ ਕਿਹਾ, 'ਤੁਹਾਨੂੰ ਕੈਂਪਸ ਵਿੱਚ ਸੁਪਨਿਆਂ ਨਾਲ ਭਰੇ ਹੋਏ ਆਉਣਾ ਅਤੇ ਹੁਣ ਆਤਮਵਿਸ਼ਵਾਸੀ ਗਲੋਬਲ ਨਾਗਰਿਕਾਂ ਵਜੋਂ ਜਾਂਦੇ ਹੋਏ ਦੇਖਣਾ ਸਾਡੇ ਮਿਸ਼ਨ ਦੀ ਪੁਸ਼ਟੀ ਕਰਦਾ ਹੈ। ਭਾਵੇਂ ਤੁਸੀਂ ਆਪਣੇ ਵਤਨ ਵਾਪਸ ਜਾਓ ਜਾਂ ਦੁਨੀਆ ਭਰ ਵਿੱਚ ਮੌਕਿਆਂ ਦੀ ਭਾਲ ਕਰੋ, ਇੱਥੇ ਪ੍ਰਾਪਤ ਕੀਤਾ ਗਿਆਨ, ਦੋਸਤੀ ਅਤੇ ਕਦਰਾਂ-ਕੀਮਤਾਂ ਤੁਹਾਡੇ ਮਾਰਗਦਰਸ਼ਕ ਹੋਣਗੇ।'ਸਮਾਰੋਹ ਇੱਕ ਭਾਵਨਾਤਮਕ ਵਿਦਾਇਗੀ ਨਾਲ ਸਮਾਪਤ ਹੋਇਆ ਕਿਉਂਕਿ ਵਿਦਿਆਰਥੀਆਂ ਨੇ ਐਲਪੀਯੂ ਵਿੱਚ ਅਨੁਭਵ ਕੀਤੇ ਗਏ ਅਮੀਰ ਅਕਾਦਮਿਕ ਯਾਤਰਾ ਅਤੇ ਸਮਾਵੇਸ਼ੀ ਵਾਤਾਵਰਣ ਲਈ ਧੰਨਵਾਦ ਪ੍ਰਗਟ ਕੀਤਾ।

## ਬਾਬਾ ਹਾਲ ਮਸੱਤ ਦਾ ਸਾਲਾਨਾ ਜੋੜ ਮੇਲਾ ਭਲਕ ਤੋਂ

**ਫਗਵਾੜਾ (ਡਾ. ਰਮਨ)** ਫਗਵਾੜਾ ਦੇ ਨਜਦੀਕੀ ਰੱਬੀ ਦਰਬਾਰ ਰੋਜਾ ਬਾਬਾ ਹਾਲ ਮਸਤ ਪਿੰਡ ਮੇਹਲੀਆਣਾ ਵਿਖੇ ਤਿੰਨ ਰੋਜਾ ਸਾਲਾਨਾ ਜੋੜ ਮੇਲਾ 2, 3, 4 ਜੁਲਾਈ ਨੂੰ ਮੁੱਖ



ਸੇਵਾਦਾਰ ਬੀਬੀ ਸੁਰਿੰਦਰ ਸ਼ਿੰਦੀ ਦੀ ਰਹਿਨੁਮਾਈ ਹੇਠ ਕਰਵਾਇਆ ਜਾ ਰਿਹਾ ਹੈ।ਮੇਲੇ ਦੀਆਂ ਤਿਆਰੀਆਂ ਸੰਬੰਧੀ ਜਾਇਜ਼ਾ ਲੈਣ ਉਪਰੰਤ ਦਰਬਾਰ ਦੇ ਮੁੱਖ ਪ੍ਰਬੰਧਕ ਅਤੇ ਕਮੇਟੀ ਪ੍ਰਧਾਨ ਕੁਲਵਿੰਦਰ ਸਿੰਘ (ਕਾਕਾ) ਝਮੱਟ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਸਾਲਾਨਾ ਜੋੜ ਮੇਲੇ ਦੇ ਪਹਿਲੇ ਦਿਨ ਬੁੱਧਵਾਰ 2 ਜੁਲਾਈ ਸ਼ਾਮ ਨੂੰ 6 ਵਜੇ ਮਹਿੰਦੀ ਦੀ ਰਸਮ ਉਪਰੰਤ ਰਾਤ 8 ਵਜੇ ਮਹਿਫਿਲੇ ਕੱਵਾਲ ਸਜਾਈ ਜਾਵੇਗੀ। ਜਿਸ ਤੋਂ ਬਾਅਦ ਸੁੱਖਾ ਬਾਗੋਵਾਲੀਆ ਐਂਡ ਡਰਾਮਾ ਪਾਰਟੀ ਧਾਰਮਿਕ ਨਾਟਕ ਪੇਸ਼ ਕਰਨਗੇ। ਦੂਸਰੇ ਦਿਨ ਵੀਰਵਾਰ 3 ਜੁਲਾਈ ਨੂੰ ਬਾਅਦ ਦੁਪਿਹਰ 12 ਵਜੇ ਝੰਡੇ ਦੀ ਰਸਮ ਅਦਾ ਕੀਤੀ ਜਾਵੇਗੀ।ਮੇਲੇ ਦੇ ਤੀਸਰੇ ਅਤੇ ਆਖ਼ਰੀ ਦਿਨ ਸ਼ੁੱਕਰਵਾਰ 4 ਜੁਲਾਈ ਨੂੰ ਸੱਭਿਆਚਾਰਕ ਸਟੇਜ ਸਜਾਈ ਜਾਵੇਗੀ।

## ਭਾਸ਼ਾ ਵਿਭਾਗ ਦਫ਼ਤਰ ਵਿਖੇ ਉਰਦੂ ਆਮੋਜ਼ ਦੇ ਦਾਖ਼ਲੇ ਲਈ ਅਰਜ਼ੀਆਂ ਦੀ ਮੰਗ

**ਹੁਸ਼ਿਆਰਪੁਰ (ਓ ਪੀ ਰਾਣਾ)** ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਭਾਸ਼ਾ ਦਫ਼ਤਰ, ਹੁਸ਼ਿਆਰਪੁਰ ਵਿਖੇ 3 ਜੁਲਾਈ ਤੋਂ ਉਰਦੂ ਆਮੋਜ਼ ਦੀਆਂ ਕਲਾਸਾਂ ਸ਼ੁਰੂ ਹੋਣ ਜਾ ਰਹੀਆਂ ਹਨ। ਜ਼ਿਲ੍ਹਾ ਭਾਸ਼ਾ ਅਫ਼ਸਰ ਜਸਪ੍ਰੀਤ ਕੌਰ ਅਤੇ ਖੋਜ ਅਫ਼ਸਰ, ਡਾ. ਜਸਵੰਤ ਰਾਏ ਨੇ ਦੱਸਿਆ ਕਿ ਉਰਦੂ ਬਹੁਤ ਪਿਆਰੀ ਜ਼ੁਬਾਨ ਹੈ। ਪੰਜਾਬੀ



ਭਾਸ਼ਾ ਤੇ ਸਾਹਿਤ ਬਾਰੇ ਵਿਸਤਾਰ ਨਾਲ, ਗਿਆਨ ਹਾਸਲ ਕਰਨ ਲਈ ਉਰਦੂ ਭਾਸ਼ਾ ਸਿੱਖਣੀ ਬਹੁਤ ਜ਼ਰੂਰੀ ਹੈ। ਭਾਵੇਂ ਪੱਛਮੀ ਪੰਜਾਬ ਵਿੱਚ ਸਾਰਾ ਪੰਜਾਬੀ ਸਾਹਿਤ ਸ਼ਾਹਮੁਖੀ ਲਿਪੀ ਵਿੱਚ ਰਚਿਆ ਜਾ ਰਿਹਾ ਹੈ, ਪਰ ਉੱਥੇ ਵਿਦਿਆਰਥੀਆਂ ਨੂੰ ਨਾਲ ਦੀ ਨਾਲ ਗੁਰਮੁਖੀ ਲਿਪੀ ਦਾ ਵੀ ਗਿਆਨ ਦਿੱਤਾ ਜਾ ਰਿਹਾ ਹੈ। ਸਾਹਿਤ ਦੇ ਅਦਾਨ ਪ੍ਰਦਾਨ ਲਈ ਇਨ੍ਹਾਂ ਦੋਹਾਂ ਲਿਪੀਆਂ ਦੀ ਜਾਣਕਾਰੀ ਹੋਣੀ ਬਹੁਤ ਲੋੜੀਂਦੀ ਹੈ। ਭਾਸ਼ਾ ਵਿਭਾਗ ਦਫ਼ਤਰ ਵਿਖੇ ਉਰਦੂ ਜ਼ੁਬਾਨ ਦੀ ਸਿਖਲਾਈ ਲਈ ਬਹੁਤ ਹੀ ਕਾਬਲ ਪੀ.ਐਚ.ਡੀ. ਉਰਦੂ ਅਧਿਆਪਕ ਹਨ। ਇਸ ਛੇ ਮਹੀਨੇ ਦੇ ਪੂਰੇ ਕੋਰਸ ਦੀ ਫੀਸ ਕੇਵਲ 500 ਰੁਪਏ ਹੈ। ਇਸ ਕੋਰਸ ਦੇ ਪੂਰਾ ਹੋਣ ਉਪਰੰਤ ਭਾਸ਼ਾ ਵਿਭਾਗ ਪੰਜਾਬ ਵੱਲੋਂ ਇਸ ਦਾ ਪੇਪਰ ਲਿਆ ਜਾਂਦਾ ਹੈ ਅਤੇ ਪਾਸ ਹੋਣ ਵਾਲੇ ਸਿਖਿਆਰਥੀਆਂ ਨੂੰ ਭਾਸ਼ਾ ਵਿਭਾਗ ਪੰਜਾਬ ਵੱਲੋਂ ਸਰਟੀਫਿਕੇਟ ਪ੍ਰਦਾਨ ਕੀਤੇ ਜਾਂਦੇ ਹਨ। ਇਸ ਕੋਰਸ ਵਿਚ ਕਿਸੇ ਵੀ ਉਮਰ ਵਰਗ ਦੇ ਸਿਖਿਆਰਥੀ ਦਾਖ਼ਲਾ ਲੈ ਸਕਦੇ ਹਨ। ਇਸ ਲਈ ਪੰਜਾਬੀ ਭਾਸ਼ਾ ਦੇ ਸੰਪੂਰਨ ਵਿਕਾਸ ਲਈ ਛੇਤੀ ਤੋਂ ਛੇਤੀ ਉਰਦੂ ਕਲਾਸਾਂ ਵਿਚ ਦਾਖ਼ਲੇ ਲਈ ਮੋਬਾਇਲ ਨੰਬਰ 86997-63199 ਅਤੇ 62395-75966 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਰਦੂ ਆਮੋਜ਼ ਦੀ ਸਿਖਲਾਈ ਅਤੇ ਫਾਰਮ ਭਰਨ ਦੀ ਆਖ਼ਰੀ ਮਿਤੀ 7 ਜੁਲਾਈ ਹੈ। ਇਸ ਮਿਤੀ ਤੱਕ ਉਰਦੂ ਆਮੋਜ਼ ਸਿੱਖਣ ਵਾਲੇ ਵਿਦਿਆਰਥੀ ਆਪਣਾ ਦਾਖ਼ਲਾ ਫਾਰਮ ਭਰ ਕੇ ਜ਼ਿਲ੍ਹਾ ਭਾਸ਼ਾ ਦਫ਼ਤਰ, ਮਿੰਨੀ ਸਕੱਤਰੇਤ, ਹੁਸ਼ਿਆਰਪੁਰ ਕਮਰਾ ਨੰਬਰ 307-308 ਤੀਸਰੀ ਮੰਜ਼ਿਲ ਵਿਚ ਜਮ੍ਹਾਂ ਕਰਵਾ ਸਕਦੇ ਹਨ।

## ਮਾਓਵਾਦੀਆਂ ਤੇ ਆਦਿਵਾਸੀਆਂ ਦੇ ਕਤਲਾਂ ਵਿਰੁੱਧ ਜ਼ਿਲ੍ਹਾ ਪੱਧਰੀ ਕਨਵੈਨਸ਼ਨ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਜਮਹੂਰੀ ਅਧਿਕਾਰ ਸਭਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਜਨਤਕ ਜਥੇਬੰਦੀਆਂ ਦੇ ਸਹਿਯੋਗ ਨਾਲ ਸ਼ਹੀਦ ਮਲਕੀਤ ਚੰਦ ਮੇਹਲੀ ਭਵਨ,ਬੰਗਾ ਰੋਡ ਨਵਾਂਸ਼ਹਿਰ ਵਿਖੇ ਛੱਤੀਸਗੜ੍ਹ ਵਿਚ ਮੋਦੀ ਸਰਕਾਰ ਵਲੋਂ ਆਦਿਵਾਸੀਆਂ ਅਤੇ ਮਾਓਵਾਦੀਆਂ ਦੇ ਕੀਤੇ ਜਾ ਰਹੇ ਕਤਲਾਂ ਵਿਰੁੱਧ ਕਨਵੈਨਸ਼ਨ ਕੀਤੀ ਗਈ। ਇਸ ਕਨਵੈਨਸ਼ਨ ਦੀ ਪ੍ਰਧਾਨਗੀ ਸੁਰਿੰਦਰ ਸਿੰਘ ਬੈਂਸ, ਸਤੀਸ਼ ਕੁਮਾਰ, ਸਤਪਾਲ ਸਲੋਹ, ਸਤਨਾਮ ਸਿੰਘ ਗੁਲਾਟੀ, ਕੁਲਵਿੰਦਰ ਸਿੰਘ ਵੜੈਚ ਨੇ ਕੀਤੀ।ਇਸ ਮੌਕੇ ਕਨਵੈਨਸ਼ਨ ਦੇ ਮੁੱਖ ਵਕਤਾ ਦਲਜੀਤ ਸਿੰਘ ਐਡਵੋਕੇਟ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਮੋਦੀ ਸਰਕਾਰ ਵਲੋਂ ਛੱਤੀਸਗੜ੍ਹ ਵਿਚ ਆਦਿਵਾਸੀਆਂ ਅਤੇ ਮਾਓਵਾਦੀਆਂ ਉੱਤੇ ਕੀਤੇ ਜਾ ਰਹੇ ਹਮਲਿਆਂ ਦਾ ਅਰਥ ਜਲ, ਜੰਗਲ, ਜ਼ਮੀਨ ਅਤੇ ਕੁਦਰਤੀ ਖਜ਼ਾਨਿਆਂ ਨੂੰ ਦੇਸ਼ੀ-ਬਦੇਸ਼ੀ ਕਾਰਪੋਰੇਟਾਂ ਨੂੰ ਲੁਟਾਉਣਾ ਹੈ।ਇਸ ਜਬਰ ਅਤੇ ਲੁੱਟ ਵਿਰੁੱਧ ਜੋ ਵੀ ਆਵਾਜ਼ ਉੱਠਦੀ ਹੈ ਉਸ ਆਵਾਜ਼ ਨੂੰ ਦਬਾਉਣਾ ਹੈ,ਜੋ ਵੀ ਕਲਮ ਚੱਲਦੀ ਹੈ ਉਸਨੂੰ ਤੋੜਨਾ ਹੈ,ਜੋ ਵੀ ਰਾਏ ਲਾਮਬੰਦ ਹੁੰਦੀ ਹੈ ਉਸ ਉੱਤੇ ਜਬਰ ਦਾ ਕੁਹਾੜਾ ਚਲਾਉਣਾ ਹੈ। ਇਸ ਤਰ੍ਹਾਂ ਕਰਕੇ ਮੋਦੀ ਸਰਕਾਰ ਖੁਦ ਹੀ ਸੰਵਿਧਾਨਕ ਅਤੇ ਜਮਹੂਰੀ ਕਦਰਾਂ ਕੀਮਤਾਂ ਨੂੰ ਆਪਣੇ ਪੈਰਾਂ ਹੇਠ ਦਰੜ ਰਹੀ ਹੈ।50 ਸਾਲ ਪਹਿਲਾਂ ਦੇਸ਼ ਵਿਚ ਲਾਈ ਗਈ ਐਮਰਜੈਂਸੀ ਦੇ ਦਿਨਾਂ ਦਾ ਜਿਕਰ ਕਰਦਿਆਂ ਉਹਨਾਂ ਕਿਹਾ ਕਿ ਇਹ ਹਾਕਮ ਜਮਾਤਾਂ ਦਾ ਆਰਥਿਕ ਸੰਕਟ ਸੀ ਜਿਸ ਕਾਰਨ ਉਸ ਸਮੇਂ ਇੰਦਰਾ ਗਾਂਧੀ ਦੀ ਸਰਕਾਰ ਨੇ ਦੇਸ਼ ਉੱਪਰ ਐਮਰਜੈਂਸੀ ਠੋਸੀ।ਅੱਜ ਵੀ ਆਰਥਿਕ ਸੰਕਟ ਵਿਕਰਾਲ ਰੂਪ ਧਾਰ ਚੁੱਕਾ ਹੈ ਅਤੇ ਮੋਦੀ ਸਰਕਾਰ ਫਾਸ਼ੀਵਾਦੀ ਰਾਹ ਉੱਪਰ




ਚੱਲ ਰਹੀ ਹੈ।ਉਹਨਾਂ ਕਿਹਾ ਕਿ ਬਸਤਰ, ਆਦਿਵਾਸੀ ਖੇਤਰਾਂ, ਸਮੇਤ ਪੰਜਾਬ ਸਾਡੇ ਮੁਲਕ ਦੇ ਸਮੂਹ ਮਿਹਨਤਕਸ਼ ਲੋਕਾਂ ਖਿਲਾਫ਼ ਤਿੱਖੇ ਕੀਤੇ ਚੌਤਰਫ਼ੇ ਬੋਲੇ ਜਾ ਰਹੇ ਹਨ।ਉਹਨਾਂ ਕਿਹਾ ਕਿ ਸਾਨੂੰ ਆਰਥਕ, ਸਮਾਜਕ ਮੁੱਦਿਆਂ ਦੇ ਨਾਲ-ਨਾਲ ਜਮਹੂਰੀ ਇਨਕਲਾਬੀ ਰਾਜਨੀਤਕ ਮੁੱਦਿਆਂ ਨੂੰ ਵੀ ਸੰਘਰਸ਼ ਦਾ ਅਧਾਰ ਬਣਾਉਣ ਦੀ ਲੋੜ ਹੈ।ਉਹਨਾਂ ਕਿਹਾ ਕਿ ਦੇਸ਼ ਦਾ ਗ੍ਰਹਿ ਮੰਤਰੀ ਅਮਿਤ ਸ਼ਾਹ , 31 ਮਾਰਚ 2026 ਤੱਕ ਕਮਿਊਨਿਸਟ ਇਨਕਲਾਬੀਆਂ ਨੂੰ ਖਤਮ ਕਰਨ ਦੇ ਐਲਾਨ ਕਰ ਰਿਹਾ ਹੈ।ਮਾਓਵਾਦੀਆਂ, ਆਦਿਵਾਸੀਆਂ ਦੀ ਘੇਰਾਬੰਦੀ ਕਰਕੇ ਉਹਨਾਂ ਨੂੰ ਮੌਤ ਦੇ ਘਾਟ ਉਤਾਰਿਆ ਜਾ ਰਿਹਾ ਹੈ ਅਤੇ ਪੁਲਸ ਮੁਕਾਬਲਿਆਂ ਦੀਆਂ ਕਹਾਣੀਆਂ ਘੜੀਆਂ ਜਾ ਰਹੀਆਂ ਹਨ।ਸੰਗੀਨ ਅਪਰਾਧਿਕ ਧਾਰਾਵਾਂ ਲਾਕੇ ਲੋਕਾਂ ਨੂੰ ਜੇਹਲਾਂ ਵਿਚ ਸੁੱਟਿਆ ਜਾ ਰਿਹਾ ਹੈ।ਅਮਿਤ ਸ਼ਾਹ ਸ਼ਹਿਰੀ ਨਕਸਲੀਆਂ ਨਾਲ ਸਿੱਝਣ ਦੇ ਐਲਾਨ ਕਰਕੇ ਦੇਸ਼ ਭਰ ਦੇ ਬੁੱਧੀਜੀਵੀਆਂ ਨੂੰ ਧਮਕਾ ਰਿਹਾ ਹੈ।ਉਹਨਾਂ ਕਿਹਾ ਕਿ ਲੁੱਟ ਅਤੇ ਜਬਰ ਵਿਚੋਂ ਹਥਿਆਰਬੰਦ ਘੋਲਾਂ ਦਾ ਫੁੱਟਣਾ ਸਮਾਜਿਕ ਵਰਤਾਰਾ ਹੈ।ਇਸ ਮੌਕੇ ਜਮਹੂਰੀ ਅਧਿਕਾਰ ਸਭਾ ਦੇ ਜਿਲਾ ਪ੍ਰਧਾਨ ਅਸ਼ੋਕ ਕੁਮਾਰ, ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਕਿਰਤੀ ਕਿਸਾਨ ਯੂਨੀਅਨ ਦੇ ਜਿਲਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ, ਤਰਕਸ਼ੀਲ ਸੁਸਾਇਟੀ ਜੋਨ ਨਵਾਂਸ਼ਹਿਰ ਦੇ ਕਨਵੀਨਰ ਸਤਪਾਲ ਸਲੋਹ,ਡਾਕਟਰ ਅੰਬੇਡਕਰ ਵੈਲਫੇਅਰ ਟਰਸਟ ਨਵਾਂਸ਼ਹਿਰ ਦੇ ਪ੍ਰਧਾਨ ਸਤੀਸ਼ ਕੁਮਾਰ, ਪ੍ਰੋਫੈਸਰ ਦਿਲਬਾਗ ਸਿੰਘ, ਸਤਨਾਮ ਸਿੰਘ ਗੁਲਾਟੀ, ਡੀ.ਟੀ.ਐਫ ਦੇ ਸੂਬਾਈ ਆਗੂ ਮੁਕੇਸ਼ ਕੁਮਾਰ,ਮੁਲਾਜ਼ਮ ਆਗੂ ਜਸਵੀਰ ਮੋਰੋਂ ਨੇ ਵੀ ਸੰਬੋਧਨ ਕੀਤਾ।ਸਰਬਜੀਤ ਮੰਗੂਵਾਲ ਅਤੇ ਹਰੀ ਰਾਮ ਰਸੂਲਪੁਰੀ ਨੇ ਇਨਕਲਾਬੀ ਗੀਤ ਪੇਸ਼ ਕੀਤੇ।ਮੰਚ ਸੰਚਾਲਨ ਜਮਹੂਰੀ ਅਧਿਕਾਰ ਸਭਾ ਦੇ ਜ਼ਿਲ੍ਹਾ ਸਕੱਤਰ ਜਸਬੀਰ ਦੀਪ ਨੇ ਕੀਤਾ।


## ਰੋਟਰੀ ਕਲੱਬ ਨੇ ਜਿੱਤੇ 6 ਅਵਾਰਡ



**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)** ਰੋਟਰੀ ਕਲੱਬ ਆਫ ਹੁਸ਼ਿਆਰਪੁਰ ਦੀ ਵਿਸ਼ੇਸ਼ ਬੈਠਕ ਪ੍ਰਧਾਨ ਅਤੇ ਉਦਯੋਗਪਤੀ ਸਨੇਹ ਜੈਨ ਦੀ ਅਗਵਾਈ 'ਚ ਰੋਟਰੀ ਭਵਨ ਹੁਸ਼ਿਆਰਪੁਰ ਵਿਖੇ ਹੋਈ, ਜਿਸ ਵਿੱਚ ਵਿਸ਼ੇਸ ਰੂਪ ਵਿੱਚ ਪੀ ਡੀ ਜੀ ਜੀ ਐਸ ਬਾਵਾ ਅਤੇ ਅਰੁਣ ਜੈਨ ਸ਼ਾਮਲ ਹੋਏ।ਇਹ ਬੈਠਕ ਪ੍ਰਧਾਨ ਸਨੇਹ ਜੈਨ ਦੀ ਸਾਲ 2024-2025 ਦੀ ਆਖਰੀ ਬੈਠਕ ਸੀ।ਕਲੱਬ ਦੀ ਮਿਟਿੰਗ ਤੋਂ ਪਹਿਲਾ ਰੋਟੇਰੀਅਨ ਸੁਰਿੰਦਰ ਕੁਮਾਰ ਦੀ ਧਰਮਪਤਨੀ ਰਾਖੀ ਰਾਣੀ ਜਿਹਨਾ ਦਾ ਅਚਾਨਕ ਸਵਰਗਵਾਸ ਹੋ ਗਿਆ ਸੀ ਉਹਨਾ ਦੀ ਆਤਮਕ ਸ਼ਾਂਤੀ ਲਈ ਦੋ ਮਿੰਟ ਦਾ ਮੋਨ ਰੱਖ ਕੇ ਭਰਪੂਰ ਸ਼ਰਧਾਂਜਲੀ ਦਿੱਤੀ ਗਈ। ਇਸ ਤੋਂ ਬਾਅਦ ਪ੍ਰਧਾਨ ਸਨੇਹ ਜੈਨ ਨੇ ਦੱਸਿਆ ਕਿ ਜ਼ਿਲ੍ਹਾ ਗਵਰਨਰ ਡਾਕਟਰ ਪੀ ਐਸ ਗਰੋਵਰ ਨੇ ਪਠਾਨਕੋਟ ਵਿਖੇ ਅਵਾਰਡ ਫੰਕਸ਼ਨ 'ਚ 6 ਅਵਾਰਡ ਕਲੱਬ ਨੂੰ ਦੇ ਕੇ ਸਨਮਾਨਿਤ ਕੀਤਾ। ਜਿਨ੍ਹਾਂ ਦਾ ਵਿਤਰਣ ਰੋਟੇਰੀਅਨ ਅਰੁਣ ਜੈਨ ਨੇ ਆਪਣੇ ਕਰ ਕਮਲਾਂ ਨਾਲ ਕੀਤਾ। ਰੋਟੇਰੀਅਨ ਸਨੇਹ ਜੈਨ ਨੂੰ ਸ਼ਾਨਦਾਰ ਯੋਗਦਾਨ ਲਈ ਵਿਸ਼ੇਸ਼ ਅਵਾਰਡ ਮਿਲਿਆ ਅਤੇ ਕਲੱਬ ਨੂੰ ਵੀ ਇੱਕ ਵਿਸ਼ੇਸ਼ ਅਵਾਰਡ ਮਿਲਿਆ।ਇਸ ਤੋਂ ਇਲਾਵਾ ਰੋਟੇਰੀਅਨ ਯੋਗੇਸ਼ ਚੰਦਰ ਨੂੰ ਦੋ ਅਵਾਰਡ ਅਤੇ ਰੋਟੇਰੀਅਨ ਰਾਜਿੰਦਰ ਮੋਦਗਿਲ ਅਤੇ ਟਿਮਾਟਨੀ ਆਹਲੂਵਾਲੀਆ ਨੂੰ ਬੈਸਟ ਰੋਟੇਰੀਅਨ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ।ਨਵੀਂ ਚੁਣੀ ਗਈ ਪ੍ਰਧਾਨ (ਸਾਲ 2025-2026) ਟਿਮਾਟਨੀ ਆਹਲੂਵਾਲੀਆ ਨੇ ਆਪਣੇ ਅਗਲੇ ਪ੍ਰੋਗਰਾਮਾਂ ਦੀ ਜਾਣਕਾਰੀ ਦਿੱਤੀ। ਇਸ ਮੌਕੇ ਰੋਟੇਰੀਅਨ ਜੀ.ਐਸ. ਬਾਵਾ, ਅਰੁਣ ਜੈਨ, ਸਨੇਹ ਜੈਨ, ਟਿਮਾਟਨੀ ਆਹਲੂਵਾਲੀਆ, ਰਾਜਿੰਦਰ ਮੋਦਗਿਲ, ਯੋਗੇਸ਼ ਚੰਦਰ, ਲੈਪੀ ਆਹਲੂਵਾਲੀਆ, ਅਸ਼ੋਕ ਜੈਨ, ਸੁਮਨ ਨਈਅਰ, ਓਮ ਕਾਂਤਾ, ਪ੍ਰਦੀਪ ਪਰਾਸ਼ਰ, ਨਰੇਸ਼ ਜੈਨ, ਸੰਜੀਵ ਕੁਮਾਰ, ਚੰਦਨ ਸਰੀਨ, ਰਵੀ ਜੈਨ ਅਤੇ ਹੋਰ ਸ਼ਾਮਲ ਸਨ।

## ਸਕੇਪ ਸਾਹਿਤਕ ਸੰਸਥਾ ਵੱਲੋਂ ਦਲਜੀਤ ਦੋਸਾਂਝ ਖ਼ਿਲਾਫ਼ ਨਫ਼ਰਤ ਦੀ ਰਾਜਨੀਤੀ ਦੀ ਨਿੰਦਾ


**ਫਗਵਾੜਾ (ਨਵਾਂ ਜ਼ਮਾਨਾ ਸਰਵਿਸ)** ਸਕੇਪ ਸਾਹਿਤਕ ਸੰਸਥਾ (ਰਜਿ.) ਫਗਵਾੜਾ ਵੱਲੋਂ ਹਰ ਮਹੀਨੇ ਦੀ ਤਰ੍ਹਾਂ ਇਸ ਵਾਰੀ ਵੀ ਹਰਗੋਬਿੰਦ ਨਗਰ, ਫਗਵਾੜਾ ਵਿਖੇ ਇੱਕ ਮਹੀਨਾਵਾਰ ਸਾਰਥਕ ਅਤੇ ਸ਼ਾਨਦਾਰ ਕਵੀ ਦਰਬਾਰ ਸਫ਼ਲਤਾਪੂਰਵਕ ਕਰਵਾਇਆ ਗਿਆ। ਪ੍ਰਧਾਨਗੀ ਮੰਡਲ ਵਿੱਚ ਸੰਸਥਾ ਦੇ ਪ੍ਰਧਾਨ ਰਵਿੰਦਰ ਚੋਟ,ਸਰਪ੍ਰਸਤ ਗੁਰਮੀਤ ਸਿੰਘ ਪਲਾਹੀ, ਗ਼ਜ਼ਲਕਾਰ ਉਰਮਲਜੀਤ ਸਿੰਘ ਵਾਲੀਆ ਤੇ ਸਮਾਜਸੇਵਕ ਐਡਵੋਕੇਟ ਐੱਸ.ਐੱਲ. ਸ਼ਾਮਲ ਸਨ।ਕਵੀ ਦਰਬਾਰ ਦੌਰਾਨ ਅਨੇਕਾਂ ਸਾਰਥਕ ਅਤੇ ਦ੍ਰਿੜ ਵਿਚਾਰ ਸਾਹਿਤਕ ਰੂਪ ਵਿੱਚ ਸਾਹਮਣੇ ਆਏ। ਸਾਹਿਤ ਸਿਰਫ਼ ਲਫ਼ਜ਼ਾਂ ਦੀ ਕਲਾਕਾਰੀ ਨਹੀਂ, ਸਮਾਜਕ ਜ਼ਮੀਰ ਦੀ ਆਵਾਜ਼ ਵੀ ਹੁੰਦਾ ਹੈ। ਜਿੱਥੇ ਕਵੀਆਂ ਦੀਆਂ ਖ਼ੂਬਸੂਰਤ ਰਚਨਾਵਾਂ ਨੇ ਸਰੋਤਿਆਂ ਦੇ ਦਿਲਾਂ ਨੂੰ ਛੂਹਿਆ, ਉਥੇ ਹੀ ਦਲਜੀਤ ਦੋਸਾਂਝ ਖ਼ਿਲਾਫ਼ ਨਫ਼ਰਤ ਦੀ ਮੁਹਿੰਮ ਅਤੇ ਉਸ ਦੀ ਨਾਗਰਿਕਤਾ ਰੱਦ ਕਰਨ ਦੀ ਮੰਗ ਕਰ ਰਹੀਆਂ ਤਾਕਤਾਂ ਦੇ ਵਿਰੁੱਧ ਸੰਸਥਾ ਵੱਲੋਂ ਨਿੰਦਾ ਪ੍ਰਸਤਾਵ ਵੀ ਪਾਸ ਕੀਤਾ ਗਿਆ। ਦਲਜੀਤ ਦੋਸਾਂਝ ਨੂੰ 'ਗੱਦਾਰ' ਕਹਿਣ, ਉਸ ਦੀ ਨਾਗਰਿਕਤਾ ਖ਼ਤਮ ਕਰਨ ਦੀ ਸ਼ਰਮਨਾਕ ਮੰਗ ਦੀ ਸੰਸਥਾ ਵੱਲੋਂ ਸਖ਼ਤ ਨਿੰਦਿਆਂ ਕਰਦਿਆਂ ਹੋਇਆਂ ਸਰਬਸੰਮਤੀ ਨਾਲ਼ ਨਿੰਦਾ ਪ੍ਰਸਤਾਵ ਪਾਸ ਕੀਤਾ ਗਿਆ। ਪ੍ਰਧਾਨ ਰਵਿੰਦਰ ਚੋਟ ਨੇ ਕਿਹਾ ਕਿ ਕਲਾਕਾਰਾਂ, ਲੇਖਕਾਂ ਉੱਤੇ ਇਸ ਕਿਸਮ ਦੇ ਹਮਲੇ ਪ੍ਰਵਾਨ ਨਹੀਂ ਕੀਤੇ ਜਾਣਗੇ।ਕਵੀ ਦਰਬਾਰ




ਵਿੱਚ ਹਾਜ਼ਰ ਸਾਰੇ ਕਵੀਆਂ, ਸਾਹਿਤਕਾਰਾਂ ਅਤੇ ਸਰੋਤਿਆਂ ਵੱਲੋਂ ਇੱਕ ਸਾਂਝਾ ਮਤਾ ਪਾਸ ਕਰਕੇ ਇਹ ਸੁਨੇਹਾ ਦਿੱਤਾ ਗਿਆ ਕਿ ਜਿਹੜਾ ਕਲਾਕਾਰ ਆਪਣੀ ਮਿੱਟੀ,ਬੋਲੀ ,ਵਿਰਸੇ ,ਸੱਭਿਆਚਾਰ ਅਤੇ ਪਹਿਚਾਣ ਨੂੰ ਵਿਸ਼ਵ ਪੱਧਰ 'ਤੇ ਲਿਜਾ ਰਿਹਾ ਹੈ ਉਸ ਦੇ ਨਾਲ ਨਫ਼ਰਤ ਨਹੀਂ,ਸਗੋਂ ਉਸ ਦਾ ਸਤਿਕਾਰ ਹੋਣਾ ਚਾਹੀਦਾ ਹੈ।ਗੁਰਮੀਤ ਸਿੰਘ ਪਲਾਹੀ ਨੇ ਯਾਦ ਕਰਵਾਇਆ ਕਿ ਮਾਣਯੋਗ ਪ੍ਰਧਾਨ ਮੰਤਰੀ ਨੇ ਦਲਜੀਤ ਦੋਸਾਂਝ ਨੂੰ 'ਕੌਮ ਦਾ ਹੀਰਾ' ਕਿਹਾ ਸੀ। ਅੱਜ ਉਸੇ ਦਲਜੀਤ ਦੋਸਾਂਝ ਨੂੰ ਸਿਰਫ਼ ਪਾਕਿਸਤਾਨੀ ਅਦਾਕਾਰਾ ਨਾਲ ਫ਼ਿਲਮ ਕਰਨ ਦੇ ਆਧਾਰ 'ਤੇ 'ਗੱਦਾਰ' ਕਹਿ ਕੇ ਉਸ ਦੀ ਨਾਗਰਿਕਤਾ ਖ਼ਤਮ ਕਰਨ ਦੀ ਮੰਗ ਕੀਤੀ ਜਾ ਰਹੀ ਹੈ — ਇਹ ਸਿਰਫ਼ ਇੱਕ ਵਿਅਕਤੀ ਉੱਤੇ ਨਹੀਂ, ਸਾਡੇ ਸਾਂਝੇ ਸੱਭਿਆਚਾਰ, ਕਲਾ ਅਤੇ ਵਿਚਾਰਾਂ ਦੀ ਆਜ਼ਾਦੀ ਉੱਤੇ ਹਮਲਾ ਹੈ। ਕੱਲ੍ਹ ਕਿਸੇ ਹੋਰ ਲੇਖਕ ਜਾਂ ਕਲਾਕਾਰ ਉੱਤੇ ਵੀ ਇਹ ਪਾਬੰਦੀ ਲਗ ਸਕਦੀ ਹੈ, ਤਾਂ ਸਾਨੂੰ ਇਹ ਸੋਚਣ ਦੀ ਲੋੜ ਹੈ ਕਿ ਇਸ ਅਜ਼ਾਦ ਮੁਲਕ ਵਿੱਚ ਅਜ਼ਾਦੀ,ਅਧਿਕਾਰਾਂ,ਵਿਚਾਰਾਂ ਅਤੇ ਕਲਾ ਦੀ ਹਿਫ਼ਾਜ਼ਤ ਕੌਣ ਕਰੇਗਾ? ਸਕੇਪ ਸਾਹਿਤਕ ਸੰਸਥਾ ਭਵਿੱਖ ਵਿੱਚ ਵੀ ਕਲਾ-ਸਾਹਿਤ ਨੂੰ ਲੋਕ ਹਿੱਤ ਲਈ ਵਰਤਦੀ ਰਹੇਗੀ ਅਤੇ ਫ਼ਿਰਕਾਪ੍ਰਸਤ ਅਤੇ ਤਾਨਾਸ਼ਾਹ ਤਾਕਤਾਂ ਦੀ ਖ਼ਿਲਾਫ਼ਤ ਕਰਦੀ ਰਹੇਗੀ।ਐਡਵੋਕੇਟ ਐੱਸ.ਐੱਲ. ਵਿਰਦੀ ਨੇ ਸਮੂਹ ਕਵੀਆਂ ਨੂੰ ਉੱਤਮ ਰਚਨਾਵਾਂ ਸੁਣਾਉਣ 'ਤੇ ਵਧਾਈ ਦਿੱਤੀ ਅਤੇ ਪਾਣੀ ਦੀ ਸੰਭਾਲ਼ ਬਾਰੇ ਅਤਿ ਸੰਵੇਦਨਸ਼ੀਲ ਤੇ ਪ੍ਰਭਾਵਸ਼ਾਲੀ ਸੰਦੇਸ਼ ਦਿੰਦਿਆਂ ਪਾਣੀ ਦੇ ਗੁਣਾਂ ਨੂੰ ਧਾਰਨ ਕਰਨ ਅਤੇ ਇਸਨੂੰ ਸੰਜਮ ਨਾਲ ਵਰਤਣ ਦੀ ਅਪੀਲ ਕੀਤੀ। ਤਰੰਨਮ ਵਿੱਚ ਪੇਸ਼ ਕਰਕੇ ਸਰੋਤਿਆਂ ਨੂੰ ਕੀਲ ਲਿਆ।ਸੋਹਣ ਸਹਿਜਲ ਨੇ ਰਿਸ਼ਤਿਆਂ ਦੇ ਮਨੁੱਖੀ ਪੱਖ ਨੂੰ ਸੰਵੇਦਨਸ਼ੀਲਤਾ ਨਾਲ ਛੂਹਿਆ। ਲਾਲੀ ਕਰਤਾਰਪੁਰੀ ਨੇ ਪੈਸੇ ਦੀ ਦੌੜ ਅਤੇ ਜੀਵਨ ਦੀ ਸਚਾਈ ਨੂੰ ਲਫ਼ਜ਼ਾਂ ਵਿਚ ਬੰਨ੍ਹਿਆ। ਜਰਨੈਲ ਸਾਕੀ, ਬਲਦੇਵ ਰਾਜ ਕੋਮਲ, ਜਸਵਿੰਦਰ ਫਗਵਾੜਾ ਅਤੇ ਗੁਰਮੁਖ ਲੋਕਪ੍ਰੇਮੀ,ਦਲਜੀਤ ਮਹਿਮੀ,ਦੇਵ ਰਾਜ ਦਾਦਰ,ਪਰਦੀਪ ਤੇਜੀ,ਮੋਹਨ ਆਰਟਿਸਟ, ਸੁਖਦੇਵ ਸਿੰਘ ਗੰਢਵਾਂ, ਰਵਿੰਦਰ ਸਿੰਘ ਰਾਏ, ਸੁਬੇਗ ਸਿੰਘ ਹੰਜਰਾਅ, ਸੀਤਲ ਰਾਮ ਬੰਗਾ, ਹਰਜਿੰਦਰ ਨਿਆਣਾ, ਬਲਬੀਰ ਕੌਰ ਬੱਬੂ ਸੈਣੀ, ਅਸ਼ੋਕ ਟਾਂਡੀ, ਕਰਮਜੀਤ ਸਿੰਘ ਸੰਧੂ, ਦਵਿੰਦਰ ਸਿੰਘ ਜੱਸਲ,ਲਸ਼ਕਰ ਢੰਡਵਾੜਵੀ, ਹਰਚਰਨ ਭਾਰਤੀ, ਮਹਿੰਦਰ ਸੂਦ ਵਿਰਕ, ਜਸ ਸਰੋਆ, ਗੁਰਮੁਖ ਲੋਹਾਰ, ਸ਼ਾਮ ਸਰਗੁੰਦੀ,ਕਮਲੇਸ਼ ਸੰਧੂ ਆਦਿ ਸਭ ਕਵੀਆਂ ਨੇ ਆਪਣੀ ਆਪਣੀ ਰਚਨਾ ਨੂੰ ਖ਼ੂਬਸੂਰਤੀ, ਜਜ਼ਬਾਤ, ਅਦਾਕਾਰੀ, ਪੂਰੇ ਨਿੱਘ ਤੇ ਜੋਸ਼ ਨਾਲ ਪੇਸ਼ ਕਰਕੇ ਕਵੀ ਦਰਬਾਰ ਨੂੰ ਯਾਦਗਾਰ ਬਣਾ ਦਿੱਤਾ। ਉਨ੍ਹਾਂ ਦੀਆਂ ਲਿਖਤਾਂ, ਲਹਿਜ਼ੇ ਅਤੇ ਪੇਸ਼ਕਸ਼ ਨੇ ਸਮੁੱਚੇ ਸਮਾਗਮ ਦੀ ਸਫ਼ਲਤਾ ਵਿੱਚ ਬਹੁਮੁੱਲਾ ਯੋਗਦਾਨ ਪਾਇਆ। ਗੁਰਮੀਤ ਸਿੰਘ ਪਲਾਹੀ, ਰਵਿੰਦਰ ਚੋਟ, ਪਰਵਿੰਦਰਜੀਤ ਸਿੰਘ ਵੱਲੋਂ ਪ੍ਰਗਟਾਏ ਵਿਚਾਰਾਂ ਨੇ ਇਸ ਕਵੀ ਦਰਬਾਰ ਨੂੰ ਸਿਰਫ ਕਵਿਤਾਵਾਂ ਦਾ ਸਮਾਗਮ ਨਹੀਂ, ਸਗੋਂ ਸੱਚ,ਹੱਕ ਅਤੇ ਅਜ਼ਾਦੀ ਦੀ ਰਾਖੀ ਲਈ ਉਠਾਈ ਗਈ ਆਵਾਜ਼ ਬਣਾ ਦਿੱਤਾ। ਸਟੇਜ ਸੰਚਾਲਨ ਕਮਲੇਸ਼ ਸੰਧੂ ਨੇ ਸੁਚੱਜੇ ਢੰਗ ਨਾਲ ਕੀਤਾ। ਸਮਾਗਮ ਵਿੱਚ ਹੋਰਨਾਂ ਤੋਂ ਬਿਨਾਂ ਸੋਹਣ ਲਾਲ, ਨਗੀਨਾ ਸਿੰਘ ਬਲੱਗਣ, ਮਨਦੀਪ ਸਿੰਘ, ਜਪਜੀਤ ਸਿੰਘ,ਕਸ਼ਮੀਰ ਸਿੰਘ, ਕੁਲਦੀਪ ਕੁਮਾਰ ਦੁੱਗਲ ਆਦਿ ਹਾਜ਼ਰ ਸਨ।

## ਨਮ ਅੱਖਾਂ ਨਾਲ ਕੀਤਾ ਕਬੱਡੀ ਖਿਡਾਰੀ ਦਾ ਅੰਤਮ ਸੰਸਕਾਰ

**ਅੱਡਾ ਸਰਾਂ (ਜਸਵੀਰ ਕਾਜਲ)**- ਪਿਛਲੇ ਦਿਨੀ ਪਿੰਡ ਗੁਰਾਇਆ ਵਾਸੀ ਕਬੱਡੀ ਖਿਡਾਰੀ ਅਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ ਵਿੱਚ ਜੇ. ਈ. ਦੀ ਪੋਸਟ ਤੋਂ ਸੇਵਾ ਮੁਕਤ




ਸੁਖਜਿੰਦਰ ਸਿੰਘ (ਪੱਪੂ ਭਲਵਾਨ ) ਸਦਾ ਸੰਸਾਰ ਨੂੰ ਸਦੀਵੀ ਵਿਛੋੜਾ ਦੇ ਗਏ। ਉਨ੍ਹਾਂ ਦਾ ਅੰਤਿਮ ਸੰਸਕਾਰ ਉਹਨਾਂ ਦੇ ਜੱਦੀ ਪਿੰਡ ਗੁਰਾਇਆ ਡਾਕਖਾਨਾ ਚੌਟਾਲਾ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਕੀਤਾ ਗਿਆ। ਉਹ ਪਿਛਲੇ ਕੁਝ ਸਮੇਂ ਤੋਂ ਕਿਸੇ ਬਿਮਾਰੀ ਤੋਂ ਪੀੜਤ ਸਨ । ਆਮ ਆਦਮੀ ਪਾਰਟੀ ਦੇ ਸ਼ਾਮ ਚੁਰਾਸੀ ਹਲਕੇ ਦੇ ਵਿਧਾਇਕ ਅਤੇ ਕੈਬਿਨੇਟ ਮੰਤਰੀ ਡਾ. ਰਵਜੋਤ ਸਿੰਘ ਨੇ ਉਹਨਾਂ ਨੂੰ ਅੰਤਿਮ ਵਿਦਾਈ ਦਿੰਦਿਆਂ ਸ਼ਰਧਾ ਦੇ ਫੁੱਲ ਭੇਟ ਕੀਤੇ । ਉਹਨਾਂ ਦੇ ਨਾਲ ਪਾਰਟੀ ਦੇ ਹੋਰ ਵਰਕਰ , ਕਬੱਡੀ ਜਗਤ ਦੇ ਬਹੁਤ ਖਿਡਾਰੀ ਅਤੇ ਸਾਕ ਸਬੰਧੀ ਰਿਸ਼ਤੇਦਾਰ ਪਿੰਡ ਵਾਸੀ ਅਤੇ ਸਮੂਹ ਗ੍ਰਾਮ ਪੰਚਾਇਤ ਮੈਂਬਰ ਮੌਜੂਦ ਸਨ। ਸੁਖਜਿੰਦਰ ਸਿੰਘ ਦੀ ਅੰਤਿਮ ਅਰਦਾਸ ਤੇ ਭੋਗ 5 ਜੁਲਾਈ ਦਿਨ ਸ਼ਨੀਵਾਰ ਨੂੰ ਕਰਵਾਇਆ ਜਾਵੇਗਾ ।

# ਸੰਵਿਧਾਨ ਬਚਾਓ ਰੈਲੀਆਂ ਕਰਨ ਵਾਲੇ ਸੰਵਿਧਾਨ ਲਿਖਣ ਵਾਲੇ ਡਾ. ਅੰਬੇਡਕਰ ਦੇ ਅਪਮਾਨ 'ਤੇ ਕਿਉਂ ਨਹੀਂ ਬੋਲਦੇ : ਆਗੂ

**ਹੁਸ਼ਿਆਰਪੁਰ (ਓ ਪੀ ਰਾਣਾ)**





ਭਾਰਤੀ ਸੰਵਿਧਾਨ ਨਿਰਮਾਤਾ, ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤਾਂ ਦੇ ਅਪਮਾਨ ਦੇ ਵਿਰੋਧ ਵਿੱਚ ਬਹੁਜਨ ਸਮਾਜ ਪਾਰਟੀ ਵਲੋਂ ਸ੍ਰੀ ਖੁਰਾਲਗੜ੍ਹ ਸਾਹਿਬ ਤੋਂ ਗੜ੍ਹਸ਼ੰਕਰ ਤੱਕ ਕੀਤੇ ਜ਼ੋਰਦਾਰ ਰੋਸ ਵਿਖਾਵੇ ਦਾ ਅਸਰ ਦਿਖਾਈ ਦੇਣਾ ਸ਼ੁਰੂ ਹੋ ਗਿਆ ਹੈ। ਹਮੇਸ਼ਾ ਬਾਬਾ ਸਾਹਿਬ ਦਾ ਵਿਰੋਧ ਕਰਨ ਵਾਲੀ ਕਾਂਗਰਸ ਨੂੰ ਸੰਵਿਧਾਨ ਬਚਾਉਣ ਦੀ ਚਿੰਤਾ ਲੱਗ ਗਈ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਬਸਪਾ ਪੰਜਾਬ ਦੇ ਇੰਚਾਰਜ ਚੌਧਰੀ ਗੁਰਨਾਮ ਸਿੰਘ, ਠੇਕੇਦਾਰ ਭਗਵਾਨ ਦਾਸ ਸਿੱਧੂ ਜਨਰਲ ਸਕੱਤਰ ਪੰਜਾਬ, ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਵਿਧਾਨ ਸਭਾ ਹਲਕਾ ਚੱਬੇਵਾਲ ਨੇ ਕਿਹਾ ਕਿ ਸੰਵਿਧਾਨ ਬਚਾਓ ਰੈਲੀਆਂ ਕਰਨ ਵਾਲੇ ਸੰਵਿਧਾਨ ਲਿਖਣ ਵਾਲੇ ਡਾ. ਅੰਬੇਡਕਰ ਦੇ ਬੁੱਤਾਂ ਦੇ ਅਪਮਾਨ 'ਤੇ ਕਿਉਂ ਨਹੀਂ ਬੋਲਦੇ। ਇਹ ਕਾਂਗਰਸ, ਭਾਜਪਾ, ਅਕਾਲੀ ਅਤੇ ਆਮ ਆਦਮੀ ਪਾਰਟੀ ਨੇ ਹਮੇਸ਼ਾ ਬਾਬਾ ਸਾਹਿਬ ਦਾ ਨਾਂਅ ਲੈ ਕੇ ਬਹੁਜਨ ਸਮਾਜ ਨੂੰ ਗੁੰਮਰਾਹ ਕੀਤਾ ਹੈ। ਇਹ ਪਾਰਟੀਆਂ ਕਹਿੰਦੀਆਂ ਕੁਝ ਹੋਰ ਹਨ ਪਰ ਜ਼ਮੀਨੀ ਪੱਧਰ 'ਤੇ ਕਰਦੀਆਂ ਕੁਝ ਹੋਰ ਹਨ। ਇਨਾਂ ਨੇ ਹਮੇਸ਼ਾ ਗਰੀਬ ਦਲਿਤ ਸਮਾਜ ਦਾ ਸ਼ੋਸ਼ਣ ਹੀ ਕੀਤਾ ਹੈ।ਬਸਪਾ ਆਗੂਆਂ ਨੇ ਕਿਹਾ ਕਿ ਬਸਪਾ ਨੇ ਪੰਜਾਬ ਸੰਭਾਲੋ ਮੁਹਿੰਮ ਤਹਿਤ ਨਸ਼ਿਆਂ, ਬੇਰੁਜ਼ਗਾਰੀ, ਮਹਿੰਗਾਈ, ਸਿੱਖਿਆ ਨੀਤੀ, ਭ੍ਰਿਸ਼ਟਾਚਾਰ ਅਤੇ ਪਵਿੱਤਰ ਧਰਤੀ ਸ੍ਰੀ ਖੁਰਾਲਗੜ੍ਹ ਸਾਹਿਬ ਵਿਚੋਂ ਸ਼ਰਾਬ ਦਾ ਠੇਕਾ ਤੇ ਨਜਾਇਜ਼ ਬੁੱਚਾਂ ਬੰਦ ਕਰਾਉਣ ਲਈ ਅੰਦੋਲਨ ਸ਼ੁਰੂ ਕੀਤਾ ਹੋਇਆ ਹੈ ਜਿਸ ਤਹਿਤ ਪੰਜਾਬ ਵਿੱਚ ਬਲਾਕ ਪੱਧਰ 'ਤੇ ਸਰਕਾਰ ਦੇ ਪੁਤਲੇ ਫੂਕ ਕੇ ਪ੍ਰਦਰਸ਼ਨ ਕੀਤੇ ਜਾਣਗੇ।ਬਸਪਾ ਆਗੂਆਂ ਨੇ ਕਿਹਾ ਕਿ ਬਹੁਜਨ ਸਮਾਜ ਪਾਰਟੀ ਵਲੋਂ ਬਸਪਾ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਦੀ ਯੋਗ ਅਗਵਾਈ ਹੇਠ ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਵਿਚ ਪੋਸਟ ਮੈਟ੍ਰਿਕ ਸਕਾਲਰਸ਼ਿਪ ਪੂਰੀ ਤਰ੍ਹਾਂ ਲਾਗੂ ਕਰਾਉਣ, ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦੇਣ, ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ 'ਚ 100% ਅਧਿਆਪਕ ਭਰਤੀ ਕਰਨ, ਮੁਫਤ ਅਤੇ ਲਾਜ਼ਮੀ ਸਿੱਖਿਆ ਦਾ ਕਾਨੂੰਨ ਲਾਗੂ ਕਰਨ, ਪੰਜਾਬ ਦੀ ਤਰੱਕੀ ਵਿਕਾਸ ਅਤੇ ਸਿਹਤ ਸਿਸਟਮ ਵਿੱਚ ਸੁਧਾਰ ਲਈ ਪੰਜਾਬ ਅੰਦਰ ਵੱਡਾ ਅੰਦੋਲਨ ਛੇੜ ਦਿੱਤਾ ਹੈ।ਉਨਾਂ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਬਹੁਜਨ ਸਮਾਜ ਪਾਰਟੀ ਦੇ ਨੀਲੇ ਝੰਡੇ ਹੇਠ ਇਕੱਠੇ ਹੋ ਕੇ ਪੰਜਾਬ ਸੰਭਾਲੋ ਮੁਹਿੰਮ ਨੂੰ ਸਫਲ ਕਰਨ ਲਈ ਆਪਣਾ ਬਣਦਾ ਹਿੱਸਾ ਜ਼ਰੂਰ ਪਾਉਣ।

# ਸੈਣੀ ਨੇ ਨਸੀਮ ਅਹਿਮਦ ਦੀ ਮਾਂ ਦੇ ਦੇਹਾਂਤ 'ਤੇ ਦੁੱਖ ਪ੍ਰਗਟਾਇਆ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** - ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਐਤਵਾਰ ਨੂੰ ਸਾਬਕਾ ਵਿਧਾਇਕ ਨਸੀਮ ਅਹਿਮਦ ਦੇ ਫਿਰੋਜ਼ਪੁਰ ਝਿਰਕਾ ਸਥਿਤ ਨਿਵਾਸ ਸਥਾਨ 'ਤੇ ਪਹੁੰਚ ਕੇ ਉਨ੍ਹਾਂ ਦੀ ਮਾਤਾ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ ਅਤੇ ਦੁਖੀ ਪਰਵਾਰ ਨੂੰ ਦਿਲਾਸਾ ਦਿੱਤਾ। ਮੁੱਖ ਮੰਤਰੀ ਵਿਛੜੀ ਆਤਮਾ ਦੀ ਸ਼ਾਂਤੀ ਲਈ ਪ੍ਰਾਰਥਨਾ ਕੀਤੀ ਅਤੇ ਪਰਵਾਰ ਨੂੰ ਇਸ ਨਾ ਪੂਰਾ ਹੋਣ ਵਾਲੇ ਘਾਟੇ ਨੂੰ ਸਹਿਣ ਕਰਨ ਦੀ ਸ਼ਕਤੀ ਲਈ ਪ੍ਰਾਰਥਨਾ ਕੀਤੀ।ਮੁੱਖ ਮੰਤਰੀ ਨੇ ਕਿਹਾ ਕਿ ਸੁਰਗਵਾਸੀ ਜ਼ੁਮੀ ਬੇਗਮ ਦੀ ਸਾਦਗੀ ਸਮਾਜ ਲਈ ਇੱਕ ਮਿਸਾਲ ਹੈ। ਉਹ ਧਾਰਮਿਕ ਮਹਿਲਾ ਸੀ ਅਤੇ ਉਨ੍ਹਾਂ ਨੇ ਹਮੇਸ਼ਾ ਸਮਾਜ ਤੇ ਗਰੀਬ ਭਲਾਈ ਲਈ ਕੰਮ ਕੀਤਾ। ਉਨ੍ਹਾਂ ਦਾ ਇਸ ਦੁਨੀਆ ਤੋਂ ਜਾਣਾ ਸਾਡੇ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੈ।ਇਸ ਮੌਕੇ ਉਦਯੋਗ ਅਤੇ ਵਪਾਰ ਮੰਤਰੀ ਰਾਓ ਨਰਬੀਰ ਸਿੰਘ, ਡਿਪਟੀ ਕਮਿਸ਼ਨਰ ਵਿਸ਼ਰਾਮ ਕੁਮਾਰ ਮੀਣਾ ਸਮੇਤ ਹੋਰ ਪ੍ਰਸ਼ਾਸਨਿਕ ਅਧਿਕਾਰੀ ਤੇ ਮਾਣਯੋਗ ਵਿਅਕਤੀ ਮੌਜੂਦ ਰਹੇ।

# ਛੋਟੀ ਉਮਰ ਦੀ ਲੇਖਕਾ ਅਗਮਪ੍ਰੀਤ ਕੌਰ ਦੀ 'ਦੁਸ਼ਮਣਾਂ ਅਤੇ ਦੋਸਤਾਂ ਤੋਂ ਵੱਧ' ਲਾਂਚ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪੰਜਾਬ ਦੀ ਸਭ ਤੋਂ ਛੋਟੀ ਉਮਰ ਦੀ ਲੇਖਿਕਾ, ਨੌਵੀਂ ਜਮਾਤ ਦੀ ਵਿਦਿਆਰਥਣ, 15 ਸਾਲਾ ਅਗਮ ਪ੍ਰੀਤ ਕੌਰ ਦੀ ਕਿਤਾਬ 'ਦੁਸ਼ਮਣਾਂ ਤੋਂ ਵੱਧ ਅਤੇ ਦੋਸਤਾਂ 'ਸਭਿਆਚਾਰ ਸੰਗਲ ਸੁਸਾਇਟੀ' ਵੱਲੋਂ ਲਾਂਚ ਕੀਤੀ ਗਈ। ਪ੍ਰੋਗਰਾਮ ਵਿੱਚ, ਜੁੜੇ ਸਾਰੇ ਬੁੱਧੀਜੀਵੀਆਂ ਨੇ ਸਭ ਤੋਂ ਛੋਟੀ ਉਮਰ ਦੀ ਲੇਖਿਕਾ ਅਗਮ ਪ੍ਰੀਤ ਕੌਰ ਨੂੰ ਉਸ ਦੀ ਪਹਿਲੀ ਕਿਤਾਬ ਦੇ ਰਿਲੀਜ਼ ਹੋਣ 'ਤੇ ਵਧਾਈ ਦਿੱਤੀ।ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ ਨੇ ਕਿਹਾ ਕਿ ਲਿਖਣਾ ਇੱਕ ਬਹੁਤ ਹੀ ਪ੍ਰਤਿਭਾਸ਼ਾਲੀ ਕਲਾ ਹੈ ਅਤੇ ਜਦੋਂ ਇੰਨੀ ਛੋਟੀ ਉਮਰ ਦੀ ਕੁੜੀ ਸੋਚ-ਵਿਚਾਰ ਕਰਕੇ ਸਮਾਜ ਵਿੱਚ ਵਾਪਰ ਰਹੀਆਂ ਘਟਨਾਵਾਂ ਨੂੰ ਆਪਣੇ ਸ਼ਬਦਾਂ ਵਿੱਚ ਬਿਆਨ ਕਰਦੀ ਹੈ, ਤਾਂ ਉਹ ਕਿਤਾਬ ਸਿਰਫ਼ ਇੱਕ ਕਿਤਾਬ ਨਹੀਂ ਰਹਿੰਦੀ ਸਗੋਂ ਗਿਆਨ ਦਾ ਭੰਡਾਰ ਬਣ ਜਾਂਦੀ ਹੈ ਕਿਉਂਕਿ ਇਸ ਵਿੱਚ ਲਿਖਿਆ ਹਰ ਸ਼ਬਦ ਇੱਕ ਪਵਿੱਤਰ ਆਤਮਾ ਦੁਆਰਾ ਆਪਣੀ ਕਲਮ ਨਾਲ ਲਿਖਿਆ ਗਿਆ ਹੈ। ਇਸ ਮੌਕੇ ਸਭਿਆਚਾਰ ਸੰਗਲ ਸੁਸਾਇਟੀ ਦੇ ਪ੍ਰਧਾਨ ਮਾਸਟਰ ਕੁਲਵਿੰਦਰ ਸਿੰਘ ਜੰਡਾ ਨੇ ਕਿਹਾ ਕਿ ਸਮਾਜ ਨੂੰ ਅਜਿਹੀ ਸਾਹਿਤ ਪ੍ਰਤਿਭਾ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹੋ ਅਤੇ ਕਮੇਟੀ ਦੇ ਸਾਰੇ ਮੈਂਬਰ ਉਨ੍ਹਾਂ ਦੇ ਟੀਚਿਆਂ ਨੂੰ ਪ੍ਰਾਪਤ ਕਰਨ ਵਿੱਚ ਆ ਰਹੀਆਂ ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਸਹਿਯੋਗ ਕਰਨ ਲਈ ਤਿਆਰ ਹਨ। ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਸਮਾਜ ਸੇਵਕ ਡਾ. ਅਜੇ ਬੱਗਾ ਨੇ ਕਿਹਾ ਕਿ ਆਧੁਨਿਕਤਾ ਦੇ ਇਸ ਯੁੱਗ ਵਿੱਚ, ਜਦੋਂ ਸੋਸ਼ਲ ਮੀਡੀਆ ਬੱਚਿਆਂ ਦੇ ਮਨਾਂ 'ਤੇ ਮਾੜਾ ਪ੍ਰਭਾਵ ਪਾ ਰਿਹਾ ਹੈ, ਲੇਖਕ ਅਗਮ ਪ੍ਰੀਤ ਕੌਰ ਦੀ ਕਿਤਾਬ ਦੂਜੇ ਬੱਚਿਆਂ ਲਈ ਪ੍ਰੇਰਨਾ ਬਣ ਕੇ ਆਈ ਹੈ। ਪ੍ਰੋਗਰਾਮ ਵਿੱਚ ਪ੍ਰਸਿੱਧ ਲੇਖਕ ਡਾ.ਧਰਮਪਾਲ ਸਾਹਿਲ ਨੇ ਕਿਹਾ ਕਿ ਜਦੋਂ ਕੋਈ ਕਿਤਾਬ ਲਿਖੀ ਜਾਂਦੀ ਹੈ, ਤਾਂ



ਕੁਝ ਸਮੇਂ ਬਾਅਦ ਇਹ ਇਤਿਹਾਸ ਨਾਲ ਜੁੜ ਜਾਂਦੀ ਹੈ ਕਿਉਂਕਿ ਇਹ ਕਿਤਾਬ ਹਮੇਸ਼ਾ ਲਈ ਅਮਰ ਹੋ ਜਾਂਦੀ ਹੈ, ਇਸ ਲਈ ਲੇਖਕਾਂ ਨੂੰ ਆਪਣੀ ਕਲਮੀ ਸ਼ਕਤੀ ਸਿਰਫ਼ ਉਨ੍ਹਾਂ ਤੱਥਾਂ ਨੂੰ ਉਜਾਗਰ ਕਰਨਾ ਚਾਹੀਦਾ ਹੈ ਜੋ ਸਚਾਈ ਦੱਸਦੇ ਹਨ। ਲੇਖਕ ਨੂੰ ਵਧਾਈ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਇੰਨੀ ਛੋਟੀ ਉਮਰ ਵਿੱਚ ਲਿਖਣ ਦੀ ਕਲਾ 'ਤੇ ਕੰਮ ਕਰਕੇ ਉਸ ਨੇ ਸਮਾਜ ਲਈ ਇੱਕ ਸ਼ਾਨਦਾਰ ਕਿਤਾਬ ਲਿਖ ਕੇ ਆਪਣੀ ਪ੍ਰਤਿਭਾ ਨੂੰ ਸਾਬਤ ਕੀਤਾ ਹੈ। ਪ੍ਰਸਿੱਧ ਸਮਾਜ ਸੇਵਕ ਸੰਜੀਵ ਤਲਵਾੜ, ਪੰਜਾਬੀ ਫਿਲਮ ਐਕਟਰ ਦ੍ਰਿਸ਼ਟੀ ਤਲਵਾੜ, ਪ੍ਰੋਫੈਸਰ ਇੰਦਰਜੀਤ, ਪ੍ਰਿੰਸੀਪਲ ਨੇ ਵੀ ਪ੍ਰੋਗਰਾਮ ਨੂੰ ਸੰਬੋਧਨ ਕੀਤਾ। ਪ੍ਰਸਿੱਧ ਸਮਾਜ ਸੇਵਕ ਸੰਜੀਵ ਤਲਵਾੜ, ਪ੍ਰੋਫੈਸਰ ਇੰਦਰਜੀਤ, ਪ੍ਰਿੰਸੀਪਲ ਪਰਵਿੰਦਰ ਸਿੰਘ, ਮਲਕੀਤ ਸਿੰਘ ਜੌਹਲ, ਮੋਹਨ ਲਾਲ ਕਲਸੀ, ਬਲਰਾਜ ਸਿੰਘ, ਰਣਜੀਤ ਤਲਵਾੜ, ਹਰਵੰਤ ਸਿੰਘ ਕਮਲ ਆਦਿ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ।

# ਅਕਾਲੀ ਦਲ ਦੀ ਭਰਤੀ ਹਿੱਤ ਪਿੰਡਾਂ 'ਚ ਭਾਰੀ ਉਤਸ਼ਾਹ : ਚਾਂਦਪੁਰੀ, ਸਾਧੜਾ



**ਬਲਾਚੌਰ (ਜਸਵਿੰਦਰ ਬੈਂਸ)**-ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਨਵੇਂ ਅਕਾਲੀ ਦਲ ਦੀ ਪੁਨਰ ਸੁਰਜੀਤੀ ਹਿੱਤ ਨਵੀਂ ਭਰਤੀ ਕਰਨ ਦੇ ਦਿੱਤੇ ਗਏ ਨਿਰਦੇਸ਼ਾਂ ਅਨੁਸਾਰ ਵੱਖ ਵੱਖ ਆਗੂਆਂ ਵੱਲੋਂ ਅਕਾਲੀ ਦਲ ਦੀ ਮੈਂਬਰਸ਼ਿਪ ਅਤੇ ਭਰਤੀ ਦਾ ਕੰਮ ਜ਼ੋਰਾਂ 'ਤੇ ਕੀਤਾ ਜਾ ਰਿਹਾ ਹੈ, ਜਿਸ ਨੂੰ ਹਰ ਪਾਸੇ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਹ ਪ੍ਰਗਟਾਵਾ ਸਾਬਕਾ ਚੇਅਰਮੈਨ ਹਰਅਮਰਿੰਦਰ ਸਿੰਘ ਰਿੰਕੂ ਚਾਂਦਪੁਰੀ ਅਤੇ ਸੀਨੀਅਰ ਅਕਾਲੀ ਆਗੂ ਅਵਤਾਰ ਸਿੰਘ ਸਾਧੜਾ ਨੇ ਅਕਾਲੀ ਦਲ ਦੀ ਭਰਤੀ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਭਰਤੀ ਸਬੰਧੀ ਪਿੰਡਾਂ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ ਜਿਸ ਦੇ ਮੱਦੇਨਜ਼ਰ ਅਕਾਲੀ ਦਲ ਆਉਣ ਵਾਲੇ ਸਮੇਂ ਦੌਰਾਨ ਪੰਜਾਬ ਅੰਦਰ ਅਕਾਲੀ ਦਲ ਵੱਡੇ ਉਭਾਰ ਨਾਲ ਸਾਹਮਣੇ ਆਵੇਗਾ ਅਤੇ 2027 ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਨਵਾਂ ਇਤਿਹਾਸ ਸਿਰਜ ਕੇ ਆਪਣੀ ਸਾਖ ਨੂੰ ਕਾਇਮ ਰੱਖਣ ਵਿੱਚ ਸਫਲਤਾ ਪ੍ਰਾਪਤ ਕਰੇਗਾ। ਇਸ ਮੌਕੇ ਉਨ੍ਹਾਂ ਨਾਲ ਚਰਨਜੀਤ ਸਿੰਘ ਸਾਬਕਾ ਡਾਇਰੈਕਟਰ, ਠੇਕੇਦਾਰ ਗੁਰਚਰਨ ਸਿੰਘ ਉਲੱਦਨੀ, ਸੁਰਜੀਤ ਸਿੰਘ ਦੁਭਾਲੀ ਆਦਿ ਹਾਜ਼ਰ ਸਨ।

# ਵਧ ਰਹੇ ਨਸ਼ੇ ਕਾਰਨ ਚੋਰੀਆਂ, ਲੁੱਟਾਂ-ਖੋਹਾਂ, ਡਕੈਤੀਆਂ ਦੀਆਂ ਘਟਨਾਵਾਂ ਵਧਦੀਆਂ ਜਾ ਰਹੀਆਂ : ਬੇਗਮਪੁਰਾ ਟਾਈਗਰ ਫੋਰਸ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਵਲੋਂ ਨਜ਼ਦੀਕੀ ਪਿੰਡ ਬਸੀ ਕਲਾਂ ਵਿਖੇ ਇੱਕ ਮੀਟਿੰਗ ਫੋਰਸ ਦੇ ਹਲਕਾ ਚੱਬੇਵਾਲ ਦੇ ਪ੍ਰਧਾਨ ਸਨੀ ਸੀਣਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਫੋਰਸ ਦੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਹਿਗੜ੍ਹ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸਤੀਸ਼ ਕੁਮਾਰ ਸ਼ੇਰਗੜ੍ਹ ਅਤੇ ਹਲਕਾ ਹਰਿਆਣਾ ਕੁੱਗਾ ਦੇ ਪ੍ਰਧਾਨ ਅਨਿਲ ਕੁਮਾਰ ਬੰਟੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਬੇਗਮਪੁਰਾ ਟਾਈਗਰ ਫੋਰਸ ਦੇ ਪਰਵਾਰ ਵਿੱਚ ਵਾਧਾ ਕਰਦਿਆਂ ਹਲਕਾ ਚੱਬੇਵਾਲ ਤੋਂ ਕੁਝ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ ਜਿਸ ਵਿੱਚ ਕ੍ਰਮਵਾਰ ਵਿਪਨ ਕੁਮਾਰ ਬਸੀ ਕਲਾਂ ਉੱਪ ਪ੍ਰਧਾਨ, ਲਖਵਿੰਦਰ ਬਿਹਾਲਾ ਜਨਰਲ ਸਕੱਤਰ, ਵਿਪਨ ਕੁਮਾਰ ਬਿਹਾਲਾ ਨੂੰ ਹਲਕਾ ਚੱਬੇਵਾਲ ਤੋਂ ਸਕੱਤਰ ਨਿਯੁਕਤ ਕੀਤਾ ਗਿਆ। ਨਵੇਂ ਚੁਣੇ ਗਏ ਅਹੁਦੇਦਾਰਾਂ ਨੇ ਪ੍ਰਣ ਕੀਤਾ ਕਿ ਫੋਰਸ ਵਲੋਂ ਦਿੱਤੀ ਗਈ ਜ਼ਿੰਮੇਵਾਰੀ ਅਸੀਂ ਪੂਰੀ ਤਨਦੇਹੀ ਨਾਲ ਨਿਭਾਵਾਂਗੇ। ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਅੱਜ ਪੰਜਾਬ ਦੇ ਹਾਲਾਤ ਬਹੁਤ ਹੀ ਮੁਸ਼ਕਲ ਦੌਰ ਵਿਚੋਂ ਗੁਜ਼ਰ ਰਹੇ ਹਨ। ਜਿਵੇਂ ਕਿ



ਬੇਰੁਜ਼ਗਾਰੀ, ਮਹਿੰਗਾਈ, ਅਨਪੜ੍ਹਤਾ, ਵਧ ਰਹੇ ਨਸ਼ੇ, ਇਹ ਸਾਰੀ ਸਥਿਤੀ ਤੋਂ ਪੈਦਾ ਹੋ ਰਹੀਆਂ ਘਟਨਾਵਾਂ ਜਿਵੇਂ ਕਿ ਚੋਰੀਆਂ,ਲੁੱਟਾਂ ਖੋਹਾਂ, ਡਕੈਤੀਆਂ ਜੋ ਕਿ ਦਿਨ ਬਦਿਨ ਵਧਦੀਆਂ ਜਾ ਰਹੀਆਂ ਹਨ। ਨੌਜਵਾਨ ਦਿਨ ਬਦਿਨ ਬੇਰੁਜ਼ਗਾਰ ਹੋ ਰਹੇ ਹਨ। ਚੰਗੀ ਪੜ੍ਹਾਈ ਕਰਨ ਦੇ ਬਾਵਜੂਦ ਨੌਜਵਾਨ ਪੀੜ੍ਹੀ ਨੂੰ ਰੁਜ਼ਗਾਰ ਨਹੀਂ ਮਿਲ ਰਿਹਾ। ਨਾ ਸਰਕਾਰੀ ਅਤੇ ਨਾ ਕੋਈ ਪ੍ਰਾਈਵੇਟ ਨੌਕਰੀ ਮਿਲ ਰਹੀ। ਉਹਨਾਂ ਕਿਹਾ ਕਿ ਆਉਂਦੀਆਂ ਜਾਂਦੀਆਂ ਸਰਕਾਰਾਂ ਨੇ ਪੰਜਾਬ ਦੇ ਲੋਕਾਂ ਨੂੰ ਚੰਗੇ ਦਿਨਾਂ ਦੇ ਸਿਰਫ ਸੁਪਨੇ ਹੀ ਦਿਖਾਏ ਹਨ ਪ੍ਰੰਤੂ ਕੀਤਾ ਕੁਝ ਨਹੀਂ। ਉਹਨਾਂ ਕਿਹਾ ਕਿ ਪੰਜ ਸਾਲ ਐਸ਼ਪ੍ਰਸਤੀ ਕਰਕੇ ਸਰਕਾਰਾਂ ਬਦਲ ਜਾਂਦੀਆਂ ਹਨ ਪਰ ਆਮ ਲੋਕਾਂ ਦਾ ਜੀਵਨ ਉਥੇ ਹੀ ਖੜ੍ਹਾ ਰਹਿੰਦਾ ਹੈ। ਉਹਨਾਂ ਕਿਹਾ ਕਿ ਸਰਕਾਰਾਂ ਬਸ ਲਾਰੇ ਹੀ ਲਾਉਂਦੀਆਂ ਹਨ।ਉਹਨਾਂ ਕਿਹਾ ਕਿ ਹਰੇਕ ਸਰਕਾਰ ਨੇ ਨਸ਼ਾ ਬੰਦ ਕਰਨ ਦਾ ਵਾਅਦਾ ਕੀਤਾ ਪਰ ਨਸ਼ਾ ਤਾਂ ਕੀ ਬੰਦ ਕਰਨਾ ਇਹਨਾਂ ਕੋਲੋਂ ਚਾਈਨਾ ਡੋਰ ਤੱਕ ਬੰਦ ਨਹੀਂ ਹੋਈ। ਉਹਨਾਂ ਸਮੂਹ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਮਹਿੰਗਾਈ, ਬੇਰੁਜ਼ਗਾਰੀ ਅਤੇ ਵਧਦੇ ਹੋਏ ਨਸ਼ੇ ਨੂੰ ਠੱਲ੍ਹ ਪਾਉਣ ਲਈ ਬੇਗਮਪੁਰਾ ਟਾਈਗਰ ਫੋਰਸ ਦਾ ਸਾਥ ਦਿਉ ਤਾਂ ਜੋ ਅਸੀਂ ਸਮੇਂ ਸਮੇਂ 'ਤੇ ਸਰਕਾਰਾਂ ਤੱਕ ਲੋਕਾਂ ਦੀਆਂ ਮੁਸ਼ਕਲਾਂ ਪਹੁੰਚਾਉਂਦੇ ਰਹੀਏ। ਇਸ ਮੌਕੇ ਹੋਰਨਾਂ ਤੋ ਇਲਾਵਾ ਭਿੰਦਾ ਸੀਣਾ, ਰਕੇਸ਼ ਜੱਲੋਵਾਲ, ਰਾਜੂ ਹਰਿਆਣਾ, ਰਵੀ ਸੁੰਦਰ ਨਗਰ, ਬਸੀ ਕਲਾਂ, ਲੰਬੜਦਾਰ ਸੰਦੀਪ ਕੁਮਾਰ, ਕਾਲਾ ਪ੍ਰਧਾਨ, ਬੱਬੂ, ਲਾਡਾ, ਰਕੇਸ਼ ਰੌਸ਼ਨ, ਹਰਪ੍ਰੀਤ ਕੁਮਾਰ, ਸਤਪਾਲ, ਵਿਸ਼ਾਲ, ਬੱਬੂ, ਹਰਪ੍ਰੀਤ ਬਿਹਾਲਾ, ਗੁਰਪ੍ਰੀਤ ਬਿਹਾਲਾ, ਉਦੇਸ਼ ਬਿਹਾਲਾ, ਰਾਮਾ ਬਿਹਾਲਾ, ਵਿਸ਼ਾਲ ਬਿਹਾਲਾ ਅਤੇ ਅਵੀ ਬਿਹਾਲਾ ਆਦਿ ਹਾਜ਼ਰ ਸਨ।

# ਹਾਈਵੇ 'ਤੇ ਠੇਕਾ ਬੰਦ ਕਰਵਾਉਣ ਲਈ ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਨੇ ਖੋਲ੍ਹਿਆ ਮੋਰਚਾ



**ਅੱਡਾ ਸਰ (ਜਸਵੀਰ ਕਾਜਲ)**- ਹਾਈਵੇ 'ਤੇ ਠੇਕਾ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਹਾਈਵੇ 'ਤੇ ਚੋਲਾਂਗ ਟੋਲ ਪਲਾਜ਼ਾ ਕੋਲ ਖੋਲ੍ਹੇ ਗਏ ਸ਼ਰਾਬ ਦੇ ਠੇਕੇ ਨੂੰ ਗੈਰਕਾਨੂੰਨੀ ਦੱਸਦੇ ਹੋਏ ਉਸ ਨੂੰ ਬੰਦ ਕਰਵਾਉਣ ਲਈ ਮੋਰਚਾ ਖੋਲ੍ਹ ਦਿੱਤਾ। ਸੁਬਾਈ ਆਗੂ ਸਵਿੰਦਰ ਸਿੰਘ ਚੁਤਾਲਾ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਠੇਕੇ ਸਾਹਮਣੇ ਰੋਸ ਪ੍ਰਦਰਸ਼ਨ ਕਰਦੇ ਹੋਏ ਇਸ ਠੇਕੇ ਨੂੰ ਬੰਦ ਕਰਵਾਉਣ ਦੀ ਮੰਗ ਕੀਤੀ। ਇਸ ਮੌਕੇ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਭੁੱਲਾ ਨੇ ਰੋਸ ਜਤਾਉਂਦੇ ਹੋਏ ਆਖਿਆ ਕਿ ਇਹ ਬ੍ਰਾਂਚ ਗੈਰਕਾਨੂੰਨੀ ਹੈ ਇਸ ਦਾ ਜਿੱਥੇ ਸਥਾਨਕ ਲੋਕਾਂ ਨੂੰ ਇਤਰਾਜ਼ ਹੈ ਉੱਥੇ ਟੋਲ ਕਰਮਚਾਰੀਆਂ ਨੇ ਵੀ ਇਸਦਾ ਵਿਰੋਧ ਕੀਤਾ ਹੈ। ਇਸ ਦੇ ਬਾਵਜੂਦ ਨਿਯਮਾਂ ਨੂੰ ਛਿੱਕੇ ਟੰਗ ਕੇ ਇਸ ਠੇਕੇ ਨੂੰ ਇੱਥੇ ਖੋਲ੍ਹਿਆ ਗਿਆ ਹੈ। ਉਨ੍ਹਾਂ ਆਖਿਆ ਕਿ ਜਦ ਉਨ੍ਹਾਂ ਨੇ ਟੋਲ ਮੈਨੇਜਰ ਨਾਲ ਇਸ ਸੰਬੰਧੀ ਗੱਲ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਹਾਈਵੇ ਅਥਾਰਿਟੀ ਦੇ ਪ੍ਰੋਜੈਕਟ ਡਾਇਰੈਕਟਰ ਵੱਲੋਂ ਵੀ ਇਸ ਠੇਕੇ ਨੂੰ ਚਲਾਉਣ ਵਾਲੇ ਠੇਕੇਦਾਰ ਨੂੰ ਕਾਨੂੰਨੀ ਕਾਰਵਾਈ ਲਈ ਨੋਟਿਸ ਕੱਢਿਆ ਗਿਆ ਹੈ। ਭੁੱਲਾ ਨੇ ਆਖਿਆ ਕਿ ਜੇਕਰ ਜਲਦ ਇਸ ਠੇਕੇ ਨੂੰ ਨਾ ਹਟਾਇਆ ਗਿਆ ਤਾਂ ਜਥੇਬੰਦੀ ਵੱਡਾ ਸੰਘਰਸ਼ ਕਰੇਗੀ। ਇਸ ਮੌਕੇ ਗੁਰਜੀਤ ਸਿੰਘ ਕੰਗ, ਨਿਸ਼ਾਨ ਸਿੰਘ ਫੌਜੀ ਕਲੋਨੀ, ਗਣੇਸ਼ ਦੋਸਾਂਝ, ਹਰਿੰਦਰਜੀਤ ਸਿੰਘ, ਤਰਲੋਕ ਸਿੰਘ, ਬੀਨਾ ਰਾਣੀ, ਸੁਰਿੰਦਰ ਕੌਰ, ਬਲਜੀਤ ਕੌਰ, ਰਜਵੰਤ ਕੌਰ, ਸਰਬਜੀਤ ਕੌਰ, ਸੁਖਵਿੰਦਰ ਕੌਰ ਆਦਿ ਮੌਜੂਦ ਸਨ।

# ਆਲਮੀ ਤਪਸ਼ ਨੂੰ ਘਟਾਉਣ ਲਈ ਵੱਧ ਤੋਂ ਵੱਧ ਬੂਟੇ ਲਾਉਣੇ ਸਮੇਂ ਲੋੜ : ਸਰਪੰਚ ਸੋਮਨਾਥ ਰਾਣਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਆਲਮੀ ਤਪਸ਼ ਨੂੰ ਘਟਾਉਣ ਲਈ ਵੱਧ ਤੋਂ ਵੱਧ ਛਾਂਦਾਰ ਬੂਟੇ ਲਗਾਉਣਾ ਸਮੇਂ ਦੀ ਵੱਡੀ ਲੋੜ ਬਣਦੀ ਜਾ ਰਹੀ ਹੈ ਅਤੇ ਹਰੇਕ ਵਿਅਕਤੀ ਨੂੰ ਆਪਣੇ ਜੀਵਨ ਵਿੱਚ ਘੱਟੋ-ਘੱਟ ਇੱਕ ਬੂਟਾ ਲਾਜ਼ਮੀ ਤੌਰ 'ਤੇ ਲਗਾਉਣਾ ਚਾਹੀਦਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬੀਤੇ ਕਰੀਬ 28 ਸਾਲਾਂ ਤੋਂ ਪਿੰਡ ਮਜਾਰੀ ਦੀ ਸੇਵਾ ਕਰ ਰਹੇ ਸਰਪੰਚ ਸੋਮਨਾਥ ਰਾਣਾ ਵੱਲੋਂ ਪੌਦੇ ਲਗਾਉਣ ਦੀ ਰਸਮ ਅਦਾ ਕਰਨ ਮੌਕੇ ਕੀਤਾ। ਆਪਣੀ ਮਾਤ੍ਰ ਭੂਮੀ ਨਾਲ ਜੁੜੇ, ਮਹਿਲਾ ਸ਼ਸ਼ਕਤੀਕਰਨ ਅਤੇ ਹਰੇਕ ਕਾਰਜ ਵਿੱਚ ਮਾਤਾਵਾਂ/ਭੈਣਾਂ ਦੀ ਭਾਗੀਦਾਰੀ ਨੂੰ ਸਮਰਪਤ ਰਾਣਾ ਵੱਲੋਂ ਇਸ ਸਾਲ ਪੌਦੇ ਲਗਾਉਣ ਦੀ ਰਸਮ ਬਜ਼ੁਰਗ ਮਾਤਾ ਸ੍ਰੀਮਤੀ ਸੰਧਿਆ ਦੇਵੀ ਅਤੇ ਸ੍ਰੀਮਤੀ ਸ਼ਕੁੰਤਲਾ ਦੇਵੀ ਹੱਥੋਂ ਬੂਟੇ ਲਗਵਾ ਕੇ ਕਰਵਾਈ ਗਈ।ਸਰਪੰਚ ਰਾਣਾ ਨੇ ਕਿਹਾ ਕਿ ਵਾਤਾਵਰਨ ਦੀ ਸੰਭਾਲ, ਹਵਾ ਦੀ ਗੁਣਵੱਤਾ ਵਿੱਚ ਸੁਧਾਰ, ਪਾਣੀ ਅਤੇ ਮਿੱਟੀ ਦੀ ਸਿਹਤ ਨੂੰ ਬਚਾਉਣ ਵਿੱਚ ਰੁੱਖਾਂ ਦੀ ਅਹਿਮ ਭੂਮਿਕਾ ਹੈ। ਨਾਗਰਿਕਾਂ ਦੀ ਚੰਗੀ ਸਿਹਤ ਨੂੰ ਯਕੀਨੀ ਬਣਾਉਣ ਲਈ ਸਾਫ਼-ਸੁਥਰਾ ਅਤੇ ਪ੍ਰਦੂਸ਼ਣ ਰਹਿਤ ਵਾਤਾਵਰਣ ਬਹੁਤ ਜ਼ਰੂਰੀ ਹੈ ਕਿਉਂਕਿ ਰੁੱਖ ਹੀ ਆਕਸੀਜਨ ਦਾ ਸਰੋਤ ਹਨ, ਜੋ ਧਰਤੀ 'ਤੇ ਮਨੁੱਖੀ ਜੀਵਨ ਦਾ ਆਧਾਰ ਹਨ। ਬੀਤੇ ਵਰ੍ਹੇ ਲਗਾਏ ਪੌਦੇ ਨੌਜਵਾਨਾਂ ਦੀ ਸਖਤ ਮਸ਼ੱਕਤ ਸਦਕਾ 100 ਫੀਸਦ ਕਾਮਯਾਬ ਹੋਏ ਹਨ ਜਿਨ੍ਹਾਂ ਵਿੱਚ ਮੰਦਿਰ ਸਿੱਧ ਸ੍ਰੀ ਬਾਬਾ ਬਾਲਕ ਨਾਥ ਜੀ ਨੇੜੇ ਲੱਗੀ ਤ੍ਰਿਵੈਣੀ ਖਿੱਚ ਦਾ ਕੇਂਦਰ ਬਣੀ ਹੋਈ ਹੈ। ਤ੍ਰਿਵੈਣੀ ਵਿੱਚ ਪਿੱਪਲ, ਬੋਹੜ ਅਤੇ ਨਿੰਮ ਦੇ ਬੂਟੇ ਇੱਕ ਥਾਂ 'ਤੇ ਲਾਏ ਜਾਂਦੇ ਹਨ।ਸਰਪੰਚ ਰਾਣਾ ਨੇ ਪਲਾਂਟੇਸ਼ਨ ਡਰਾਈਵ ਵਿੱਚ ਭਾਈਵਾਲ ਸਾਰੇ ਨੌਜਵਾਨਾਂ ਦੀ ਵੀ ਸ਼ਲਾਘਾ ਕੀਤੀ ਜਿਹੜੇ ਕਿ ਕਰੀਬ ਪਿਛਲੇ 6 ਸਾਲਾਂ ਤੋਂ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਸਾਂਭ-ਸੰਭਾਲ ਲਈ ਨਿਰੰਤਰ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਬੂਟਿਆਂ ਨੂੰ ਬੇਸਹਾਰਾ ਪਸ਼ੂਆਂ ਤੋਂ ਬਚਾਉਣ ਲਈ ਜੰਗਲੇ ਲਗਾ ਕੇ ਸੁਰੱਖਿਆ ਪ੍ਰਦਾਨ ਕੀਤੀ ਜਾਂਦੀ ਹੈ। ਉਨ੍ਹਾਂ ਪਿੰਡ ਦੇ ਵਸਨੀਕਾਂ ਨੂੰ ਨਿਮਰਤਾ ਸਹਿਤ ਅਪੀਲ ਕਰਦਿਆਂ ਕਿਹਾ ਕਿ ਜੇਠ-ਹਾੜ੍ਹ ਦੀ ਗਰਮੀ ਤੋਂ ਰਾਹਤ ਅਤੇ ਠੰਢੀ ਹਵਾ ਦੀ ਚਾਹਤ ਲਈ ਜਿੱਥੇ ਆਪਣੇ ਕੂਲਰਾਂ ਵਿੱਚ 2 ਬਾਲਟੀਆਂ ਪਾਣੀ ਦੀਆਂ ਪਾਈਆਂ ਜਾਂਦੀਆਂ ਹਨ ਉੱਥੇ ਇੱਕ ਗੜਵੀ ਇਨ੍ਹਾਂ ਬੂਟਿਆਂ ਵਿੱਚ ਪਾਉਣ ਦੀ ਵੀ ਖੇਚਲ ਕੀਤੀ ਜਾਵੇ।ਇਸ ਮੌਕੇ ਸਰਪੰਚ ਸੋਮਨਾਥ ਰਾਣਾ ਦੇ ਨਾਲ ਸਤਵਿੰਦਰ ਰਾਣਾ, ਰਾਕੇਸ਼ ਰਾਣਾ, ਨੰਬਰਦਾਰ ਸੁਭਾਸ਼ ਰਾਣਾ, ਵਿੱਦਿਆਸਾਗਰ, ਸੰਜੂ ਰਾਣਾ, ਰਘੁਵਿੰਦਰ ਰਾਣਾ, ਦਲਜੀਤ ਭੱਟੀ, ਸੁਭ ਰਾਣਾ, ਜੱਸੀ ਰਾਣਾ, ਪ੍ਰਮੋਦ ਰਾਣਾ, ਸ਼ਿਵ ਕੁਮਾਰ ਰਾਣਾ, ਸਤੀਸ਼ ਰਾਣਾ (ਗੱਬਰ), ਸੰਦੀਪ ਕੁਮਾਰ, ਬਲਜੀਤ ਰਾਣਾ, ਕਰਨ ਰਾਣਾ, ਸਾਹਿਲ ਰਾਣਾ, ਨਿਤਿਨ ਮਾਨ, ਗਗਨ, ਪ੍ਰਦੀਪ ਰਾਣਾ ਤੋਂ ਇਲਾਵਾ ਹੋਰ ਵਲੰਟੀਅਰ ਵੀ ਮੌਜੂਦ ਸਨ।



# ਗੰਨਾ ਉਤਪਾਦਕ ਸੰਘਰਸ਼ ਕਮੇਟੀ ਦੀ ਕਨਵੈਨਸ਼ਨ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਗੰਨਾ ਉਤਪਾਦਕ ਸੰਘਰਸ਼ ਕਮੇਟੀ ਪੰਜਾਬ ਵੱਲੋਂ ਬਲਾਕ ਮੁਕੇਰੀਆਂ ਵਿਖੇ ਕਨਵੈਂਸ਼ਨ ਕੀਤੀ ਗਈ। ਕਨਵੈਂਸ਼ਨ ਦੀ ਪ੍ਰਧਾਨਗੀ ਅਮਰਜੀਤ ਸਿੰਘ ਕਾਨ੍ਹੂੰਨਗੋ, ਤ੍ਰਿਲੋਕ ਸਿੰਘ ਕਾਲੂ ਚਾਂਹਗ, ਦੇਸਾ ਸਿੰਘ ਅੰਮ੍ਰਿਤਸਰ, ਕੁਲਦੀਪ ਸਿੰਘ ਫਿਲੌਰ ਅਤੇ ਸਵਰਨ ਸਿੰਘ ਨੇ ਕੀਤੀ। ਜਮਹੂਰੀ ਕਿਸਾਨ ਸਭਾ ਪੰਜਾਬ ਦੇ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ। ਇਸ ਮੌਕੇ ਗੰਨਾ ਕਿਸਾਨਾਂ ਦੀਆਂ ਲੋੜਾਂ, ਦਰਪੇਸ਼ ਮੁਸ਼ਕਲਾਂ ਆਦਿ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਆਪਣੇ ਕੁੰਜੀਵਤ ਭਾਸ਼ਣ 'ਚ ਡਾ. ਸਤਨਾਮ ਸਿੰਘ ਅਜਨਾਲਾ ਨੇ ਗੰਨੇ ਦੀਆਂ ਕਿਸਮਾਂ ਅਤੇ ਸੁਧਾਰਾਂ ਬਾਰੇ ਚਰਚਾ ਕੀਤੀ। ਉਨ੍ਹਾਂ ਗੰਨਾ ਕਾਸ਼ਤਕਾਰਾਂ ਦੀਆਂ ਸਮੱਸਿਆਵਾਂ ਅਤੇ ਉਨ੍ਹਾਂ ਦੇ ਯੋਗ ਹੱਲ ਦੇ ਸੁਝਾਅ ਦਿੱਤੇ। ਇਸ ਮੌਕੇ ਖੰਡ ਮਿੱਲ ਮੁਕੇਰੀਆਂ ਨਾਲ ਸੰਬੰਧਤ ਮਾਮਲਿਆਂ 'ਤੇ ਵੀ ਵਿਚਾਰ ਚਰਚਾ ਕੀਤੀ। ਕਨਵੈਂਸ਼ਨ 'ਚ ਤਹਿਸੀਲ ਮੁਕੇਰੀਆਂ ਦੇ ਵੱਡੀ ਗਿਣਤੀ ਵਿੱਚ ਗੰਨਾ ਉਤਪਾਦਕ ਸ਼ਾਮਲ ਹੋਏ। ਹੋਰਨਾਂ ਤੋਂ ਇਲਾਵਾ ਇਸ ਮੌਕੇ 'ਤੇ ਸੁਰਜੀਤ ਸਿੰਘ ਗੁਰਦਾਸਪੁਰ, ਜਗੀਰ ਸਿੰਘ ਤਰਨ ਤਾਰਨ, ਸੁਰਜੀਤ ਸਿੰਘ ਘੁਮਾਣ, ਸਰਬਜੀਤ ਸਿੰਘ ਫਿਲੌਰ ਆਦਿ ਨੇ ਵੀ ਸੰਬੋਧਨ ਕੀਤਾ।

# ਧਰਮਪਾਲ ਸਾਹਿਲ ਦਾ ਨਵਾਂ ਨਾਵਲ 'ਖੋਰਾ' ਰਿਲੀਜ਼

**ਮਾਹਿਲਪੁਰ (ਸ਼ਫ਼ਰੀ)**

ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਕਰਵਾਏ ਸਾਹਿਤਕ ਸਮਾਰੋਹ ਮੌਕੇ ਅੱਜ ਇਲਾਕੇ ਦੇ ਪ੍ਰਸਿੱਧ ਸਾਹਿਤਕਾਰ ਡਾ. ਧਰਮਪਾਲ ਸਾਹਿਲ ਦਾ ਨਵ-ਪ੍ਰਕਾਸ਼ਿਤ ਨਾਵਲ 'ਖੋਰਾ' ਰਿਲੀਜ਼ ਕੀਤਾ ਗਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਨੇ ਸਵਾਗਤੀ ਸ਼ਬਦ ਸਾਂਝੇ ਕੀਤੇ ਅਤੇ ਕਿਹਾ ਕਿ ਹਰ ਲੇਖਕ ਸਮਾਜ ਵਿੱਚ ਫੈਲੀਆਂ ਕੁਰੀਤੀਆਂ ਦੇ ਵਿਰੁੱਧ ਆਪਣੀ ਆਵਾਜ਼ ਬੁਲੰਦ ਕਰਦਾ ਹੈ ਅਤੇ ਚੰਗਾ ਸਾਹਿਤ ਹੀ ਸਮਾਜ ਦਾ ਮਾਰਗ ਦਰਸ਼ਕ ਹੁੰਦਾ ਹੈ। ਉਨ੍ਹਾਂ ਡਾ. ਸਾਹਿਲ ਨੂੰ ਇਸ ਨਾਵਲ ਦੀ ਪ੍ਰਕਾਸ਼ਨਾ 'ਤੇ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਬਾਲ ਸਾਹਿਤ ਲੇਖਕ ਬਲਜਿੰਦਰ ਮਾਨ ਨੇ ਡਾ. ਸਾਹਿਲ ਦੀ ਸਮੁੱਚੀ ਸਾਹਿਤ ਸਿਰਜਣਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਧਰਮਪਾਲ ਸਾਹਿਲ ਪੰਜਾਬੀ ਅਤੇ ਹਿੰਦੀ ਦੋਹਾਂ ਭਾਸ਼ਾਵਾਂ ਵਿੱਚ ਪਾਠਕਾਂ ਦੇ ਪਸੰਦੀਦਾ ਲੇਖਕ ਹਨ। ਇਸ ਮੌਕੇ ਪੰਜਾਬੀ ਵਿਭਾਗ ਦੇ ਮੁਖੀ ਡਾ. ਜੇ ਬੀ ਸੇਖੋਂ ਨੇ ਕਿਹਾ ਕਿ ਧਰਮਪਾਲ ਸਾਹਿਲ ਦੇ ਨਾਵਲਾਂ ਵਿੱਚ ਕੰਢੀ ਖੇਤਰ ਦੇ ਬਦਲਦੇ ਸਮਾਜ ਸੱਭਿਆਚਾਰ ਦੀ ਵਾਸਤਵਿਕ ਤਸਵੀਰ ਪੇਸ਼ ਹੋਈ ਮਿਲਦੀ ਹੈ। ਉਨ੍ਹਾਂ ਕਿਹਾ ਕਿ 'ਖੋਰਾ' ਨਾਵਲ ਵੀ ਕੰਢੀ ਖੇਤਰ ਵਿੱਚ ਆਧੁਨਿਕ ਜੀਵਨ ਸ਼ੈਲੀ ਨਾਲ ਖੁਰਦੀਆਂ ਕਦਰਾਂ ਕੀਮਤਾਂ ਪ੍ਰਤੀ ਚਿੰਤਾ ਦਾ ਪ੍ਰਗਟਾਵਾ ਹੈ। ਇਸ ਮੌਕੇ ਵਾਤਾਵਰਣ ਚਿੰਤਕ ਵਿਜੇ ਬੰਬੇਲੀ ਨੇ ਕੰਢੀ ਇਲਾਕੇ ਦੇ ਜਨ ਜੀਵਨ ਨੂੰ ਸਾਹਿਤ ਵਿੱਚ ਪੇਸ਼ ਕਰਨ ਲਈ ਲੇਖਕ ਧਰਮਪਾਲ ਸਾਹਿਲ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਲੇਖਕ ਰੁਪਿੰਦਰ ਜੋਤ ਸਿੰਘ ਅਤੇ ਜਗਜੀਤ ਸਿੰਘ ਗਣੇਸ਼ਪੁਰ ਨੇ ਵੀ



ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਅੱਜ ਦੇ ਸੂਚਨਾ ਸੰਚਾਰ ਵਾਲੇ ਯੁੱਗ ਵਿੱਚ ਪੁਸਤਕਾਂ ਦੀ ਮਹੱਤਤਾ ਹੋਰ ਵਧ ਗਈ ਹੈ ਅਤੇ ਚੰਗੀਆਂ ਕਿਤਾਬਾਂ ਮਨੁੱਖ ਦੀ ਕਲਪਨਾ ਸ਼ਕਤੀ ਅਤੇ ਅਨੁਭਵ ਨੂੰ ਹੋਰ ਵਿਸ਼ਾਲ ਕਰਦੀਆਂ ਹਨ। ਇਸ ਮੌਕੇ ਡਾ. ਧਰਮਪਾਲ ਸਾਹਿਲ ਨੇ ਧੰਨਵਾਦੀ ਸ਼ਬਦ ਸਾਂਝੇ ਕਰਦਿਆਂ ਆਪਣੇ ਨਵੇਂ ਨਾਵਲ ਖੋਰਾ ਦੀ ਸਿਰਜਣ ਪ੍ਰਕਿਰਿਆ ਬਾਰੇ ਵਿਚਾਰ ਪੇਸ਼ ਕੀਤੇ। ਪ੍ਰਬੰਧਕਾਂ ਵਲੋਂ ਲੇਖਕ ਧਰਮਪਾਲ ਸਾਹਿਲ ਦਾ ਸਨਮਾਨ ਕੀਤਾ ਗਿਆ।

# ਹਰਵਿੰਦਰ ਸਿੰਘ ਰਿੰਕੂ ਦੇ ਨੇਤਰਦਾਨ ਨਾਲ ਦੋ ਜ਼ਿੰਦਗੀਆਂ ਹੋਈਆਂ ਰੌਸ਼ਨ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**-ਡੇਰਾਬੱਸੀ ਦੇ ਵਸਨੀਕ 49 ਸਾਲਾ ਹਰਵਿੰਦਰ ਸਿੰਘ ਰਿੰਕੂ ਪੁੱਤਰ ਅਜੀਤ ਸਿੰਘ ਕਾਲਰਾ ਜੋ ਕਿ ਪਿਛਲੇ ਦਿਨੀਂ ਸਵਰਗ ਸਿਧਾਰ ਗਏ ਸਨ, ਦੀ ਅੰਤਿਮ ਅਰਦਾਸ ਅੱਜ ਇਥੇ ਗੁਰਦੁਆਰਾ ਸਾਹਿਬ ਵਿਖੇ ਹੋਈ ਜਿਥੇ ਵੱਡੀ ਗਿਣਤੀ ਲੋਕਾਂ ਸਮੇਤ ਵੱਖ ਵੱਖ ਧਾਰਮਿਕ, ਸਮਾਜਿਕ ਅਤੇ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕਰਦਿਆਂ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਭਾਰਤ ਵਿਕਾਸ ਪ੍ਰੀਸ਼ਦ ਵਿਵੇਕਾਨੰਦ ਡੇਰਾਬੱਸੀ ਵੱਲੋਂ ਨੇਤਰਦਾਨੀ ਹਰਵਿੰਦਰ ਸਿੰਘ ਦੇ ਪਰਵਾਰ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਹਰਵਿੰਦਰ ਸਿੰਘ ਦੇ ਦੇਹਾਂਤ ਉਪਰੰਤ ਪਰਵਾਰ ਵੱਲੋਂ ਉਨ੍ਹਾਂ ਦੀਆਂ ਅੱਖਾਂ ਦਾਨ ਕੀਤੀਆਂ ਗਈਆਂ ਸਨ ਜਿਸ ਨਾਲ ਦੋ ਨੇਤਰਹੀਣਾਂ ਦੀ ਜ਼ਿੰਦਗੀ ਵਿਚ ਰੌਸ਼ਨੀ ਆਈ ਹੈ। ਭਾਰਤ ਵਿਕਾਸ ਪ੍ਰੀਸ਼ਦ ਤੋਂ ਉਪੇਸ਼ ਬੰਸਲ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਹਰਵਿੰਦਰ ਸਿੰਘ ਦੇ ਭਰਾ ਸਿਮਰਨਜੀਤ ਸਿੰਘ ਵਿੱਕੀ ਨੇ ਆਪਣੇ ਭਰਾ ਦੀਆਂ ਅੱਖਾਂ ਦਾਨ ਕਰਨ ਦਾ ਫੈਸਲਾ ਲਿਆ ਸੀ। ਹਰਵਿੰਦਰ ਸਿੰਘ ਆਪਣੇ ਪਿੱਛੇ ਪਰਵਾਰ ਵਿੱਚ ਪਤਨੀ ਸਿਮਰ ਕੌਰ ਅਤੇ ਦੋ ਬੱਚਿਆਂ ਸਮੇਤ ਹੱਸਦਾ ਵੱਸਦਾ ਪਰਵਾਰ ਛੱਡ ਗਏ ਹਨ। ਉਨ੍ਹਾਂ ਵੱਲੋਂ ਅੱਖਾਂ ਦਾਨ ਕਰਨ ਨਾਲ ਦੋ ਨੇਤਰਹੀਣਾਂ ਦੀ ਜ਼ਿੰਦਗੀ ਵਿੱਚ ਰੌਸ਼ਨੀ ਆਵੇਗੀ। ਉਪੇਸ਼ ਬੰਸਲ ਅਨੁਸਾਰ ਭਾਰਤ ਵਿਕਾਸ ਪ੍ਰੀਸ਼ਦ ਪਿਛਲੇ ਕਾਫੀ ਸਮੇਂ ਤੋਂ ਅੱਖਾਂ ਦਾਨ ਕਰਨ ਲਈ ਲੋਕਾਂ ਨੂੰ ਪ੍ਰੇਰਿਤ ਕਰਦੀ ਆ ਰਹੀ ਹੈ ਅਤੇ ਹੁਣ ਤੱਕ 160 ਲੋਕਾਂ ਦੀਆਂ ਅੱਖਾਂ ਦਾਨ ਕਰਵਾਈਆਂ ਜਾ ਚੁੱਕੀਆਂ ਹਨ। ਪ੍ਰੀਸ਼ਦ ਦੇ ਪ੍ਰਧਾਨ ਡਾਕਟਰ ਬਰਖਾ ਰਾਮ ਨੇ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਵੱਧ ਤੋਂ ਵੱਧ ਲੋਕਾਂ ਨੂੰ ਅੱਖਾਂ ਅਤੇ ਅੰਗ ਦਾਨ ਕਰਨ ਲਈ ਪ੍ਰੇਰਿਤ ਕਰਨ ਤਾਂ ਜੋ ਲੋੜਵੰਦਾਂ ਨੂੰ ਨਵੀਂ ਜ਼ਿੰਦਗੀ ਮਿਲ ਸਕੇ। ਇਸ ਮੌਕੇ ਪ੍ਰੀਸ਼ਦ ਦੇ ਬਿਮਲ ਜੈਨ, ਜੈ ਪ੍ਰਕਾਸ਼ ਧੀਮਾਨ, ਸਕੱਤਰ ਉਪੇਸ਼ ਬੰਸਲ ਸਮੇਤ ਵੱਡੀ ਗਿਣਤੀ ਲੋਕਾਂ ਸ਼ਮੂਲੀਅਤ ਕਰਦਿਆਂ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।



# 'ਇੱਕ ਪੇੜ ਮਾਂ ਦੇ ਨਾਂਅ, ਇੱਕ ਪੌਦਾ ਵੀਰ ਜਵਾਨ ਦੇ ਨਾਂਅ' ਮੁਹਿੰਮ ਨਾਲ ਰਾਓ ਵੱਲੋਂ ਜੁੜਨ ਦੀ ਅਪੀਲ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**

ਹਰਿਆਣਾ ਦੇ ਫੌਜੀ ਅਤੇ ਨੀਮ ਫੌਜੀ ਭਲਾਈ ਅਤੇ ਵਨ ਅਤੇ ਵਾਤਾਵਰਣ ਮੰਤਰੀ ਰਾਓ ਨਰਬੀਰ ਸਿੰਘ ਨੇ ਕਿਹਾ ਕਿ ਦੇਸ਼ ਦੀ ਸੈਨਾਵਾਂ ਵਿੱਚ ਹਰ ਦਸਵਾਂ ਫੌਜੀ ਹਰਿਆਣਾ ਤੋਂ ਹੈ, ਇਹ ਪੂਰੇ ਸੂਬੇ ਲਈ ਮਾਣ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਆਪ੍ਰੇਸ਼ਨ ਸਿੰਧੂਰ ਭਾਰਤੀ ਸੈਨਾ ਦੀ ਬਹਾਦਰੀ ਅਤੇ ਸੰਕਲਪ ਦਾ ਪ੍ਰਤੀਕ ਹੈ, ਜਿਸ ਦੀ ਸਫਲਤਾ ਨੇ ਸਮੁੱਚੇ ਦੇਸ਼ ਦਾ ਮਾਣ ਵਧਾਇਆ ਹੈ।ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਆਪਣੇ ਮਨ ਦੀ ਬਾਤ ਪ੍ਰੋਗਰਾਮ ਦੇ 123ਵੇਂ ਐਪੀਸੋਡ ਵਿੱਚ ਆਪ੍ਰੇਸ਼ਨ ਸਿੰਧੂਰ ਦੀ ਸਫਲਤਾ ਦਾ ਵਰਨਣ ਕਰਦੇ ਹੋਏ, ਜਵਾਨਾਂ ਦੀ ਸਕ੍ਰਿਤੀ ਵਿੱਚ ਪੌਦਾਰੋਪਣ ਕਰ ਰਾਸ਼ਟਰ ਨੂੰ ਕੁਦਰਤ ਅਤੇ ਵਾਤਾਵਰਣ ਪ੍ਰਤੀ ਸੁਚੇਤ ਰਹਿਣ ਦਾ ਸੰਦੇਸ਼ ਦਿੱਤਾ ਹੈ।ਰਾਓ ਨਰਬੀਰ ਸਿੰਘ ਨੇ ਹਰਿਆਣਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਅਗਾਮੀ ਵਨ ਮਹੋਤਸਵ ਮੌਕੇ ਸੂਬੇ ਦੇ ਵੀਰ ਜਵਾਨਾਂ ਦੀ ਯਾਦ ਵਿੱਚ ਵੱਧ ਤੋਂ ਵੱਧ ਪੌਦਾਰੋਪਣ ਕਰਨ। ਉਨ੍ਹਾਂ ਖੁਦ ਚਰਖੀ ਦਾਦਰੀ ਤੋਂ ਇੱਕ ਪੇੜ ਮਾਂ ਦੇ ਨਾਮ-2 ਮੁਹਿੰਮ ਦੀ ਸ਼ੁਰੂਆਤ ਕਰ ਲੋਕਾਂ ਨੂੰ ਇਸ ਮੁਹਿੰਮ ਨਾਲ ਜੁੜਨ ਦੀ ਅਪੀਲ ਕੀਤੀ ਹੈ।ਮੰਤਰੀ ਰਾਓ ਨਰਬੀਰ ਨੇ ਕਿਹਾ ਕਿ ਉਨ੍ਹਾਂ ਦੇ ਕੋਲ ਫੌਜੀ ਭਲਾਈ ਦੇ ਨਾਲ-ਨਾਲ ਵਨ ਅਤੇ ਵਾਤਾਵਰਣ ਵਿਭਾਗ ਦੀ ਜ਼ਿੰਮੇਵਾਰੀ ਵੀ ਹੈ। ਇਸ ਨਾਤੇ ਪ੍ਰਧਾਨ ਮੰਤਰੀ ਵੱਲੋਂ ਦਿੱਤੇ ਗਏ ਕੁਦਰਤੀ ਸੰਤੁਲਣ ਦੇ ਸੰਦੇਸ਼ ਨੂੰ ਜਨ-ਜਨ ਤੱਕ ਪਹੁੰਚਾਉਣਾ ਉਨ੍ਹਾਂ ਦੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਕਲਾਈਮੇਟੀ ਬਦਲਾਅ ਕਾਰਨ ਵਾਤਾਵਰਣ ਅਸੰਤੁਲਨ ਇੱਕ ਵਿਸ਼ਵ ਚਿੰਤਾ ਬਣ ਚੁੱਕਾ ਹੈ ਅਤੇ ਅਜਿਹੇ ਕੁਦਰਤ ਦੇ ਨਾਲ ਆਪਣੇ ਰਿਸ਼ਤਿਆਂ ਨੂੰ ਫਿਰ ਤੋਂ ਮਜ਼ਬੂਤ ਕਰਨਾ ਹੋਵੇਗਾ। ਇਸੀ ਦਿਸ਼ਾ ਵਿੱਚ ਇੱਕ ਪੇੜ ਮਾਂ ਦੇ ਨਾਮ-2.0 ਮੁਹਿੰਮ ਤਹਿਤ ਤਾਲਾਬਾਂ, ਨਦੀਆਂ ਦੇ ਕੰਢੇ ਅਤੇ ਪਬਲਿਕ ਥਾਵਾਂ 'ਤੇ ਨਿੰਮ, ਪਿਪਲ ਅਤੇ ਬੜ ਵਰਗੇ ਦਰੱਖਤਾਂ ਦੀ ਤ੍ਰਿਵੇਣੀ ਲਗਾਉਣ ਦੀ ਯੋਜਨਾ ਬਣਾਈ ਗਈ ਹੈ।ਵਣ ਮੰਤਰੀ ਨੇ ਦੱਸਿਆ ਕਿ ਹਰ ਜ਼ਿਲ੍ਹੇ ਵਿੱਚ ਪ੍ਰਤੀ ਸਾਲ 2 ਲੱਖ ਪੌਦੇ ਲਗਾਉਣ ਦਾ ਟੀਚਾ ਰੱਖਿਆ ਗਿਆ ਹੈ ਅਤੇ ਇਹ ਯਕੀਨੀ ਕੀਤਾ ਜਾਵੇਗਾ ਕਿ ਸਾਰੇ ਪੌਦਿਆਂ ਦਾ ਘੱਟ ਤੋਂ ਘੱਟ 5 ਸਾਲ ਤੱਕ ਸਰੰਖਣ ਕੀਤਾ ਜਾਵੇ।

# ਪੁਸਤਕਾਂ ਦੀ ਮਹੱਤਤਾ 'ਤੇ ਵਿਸ਼ੇਸ਼ ਭਾਸ਼ਣ


**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

ਪੰਜਾਬ ਸਰਕਾਰ ਦੀ ਯੋਗ ਅਗਵਾਈ ਵਿੱਚ ਡਾਇਰੈਕਟਰ, ਭਾਸ਼ਾ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਭਾਸ਼ਾ ਅਫ਼ਸਰ, ਕਪੂਰਥਲਾ ਵੱਲੋਂ 26 ਜੂਨ ਨੂੰ ਪਿੰਡ ਨੱਥੂ ਚਾਹਲ (ਕਪੂਰਥਲਾ) ਦੀ ਲਾਇਬ੍ਰੇਰੀ ਵਿਖੇ ਪੁਸਤਕਾਂ ਦੀ ਮਹੱਤਤਾ 'ਤੇ ਵਿਸ਼ੇਸ਼ ਭਾਸ਼ਣ ਦਾ ਆਯੋਜਨ ਕੀਤਾ ਗਿਆ। ਜਿਸ ਦੀ ਪ੍ਰਧਾਨਗੀ ਸੁਖਚੈਨ ਸਿੰਘ ਵੱਲੋਂ ਕੀਤੀ ਗਈ ਅਤੇ ਬਤੌਰ ਮੁੱਖ ਮਹਿਮਾਨ ਪਿੰਡ ਦੇ ਸਰਪੰਚ ਦਲਵਿੰਦਰ ਸਿੰਘ ਚਾਹਲ ਹਾਜ਼ਰ ਹੋਏ। ਇਸ ਮੌਕੇ ਪ੍ਰੋਫੈਸਰ ਕੁਲਵੰਤ ਸਿੰਘ ਔਜਲਾ ਵੱਲੋਂ ਪੁਸਤਕਾਂ ਦੀ ਮਹੱਤਤਾ ਬਾਰੇ ਵਿਸ਼ੇਸ਼ ਭਾਸ਼ਣ ਦਿੱਤਾ ਗਿਆ ਅਤੇ ਆਪਣੀ ਕਿਤਾਬ ਕੁੜੀਆਂ ਡਾਲਰ ਖੋਜਣ ਚੱਲੀਆਂ ਵੀ ਲਾਇਬਰੇਰੀ ਨੂੰ ਭੇਟ ਕੀਤੀ। ਸਮਾਗਮ ਦੌਰਾਨ ਡਾ. ਹਰਭਜਨ ਸਿੰਘ ਨੇ ਅੱਜ ਦੇ ਡਿਜੀਟਲ ਯੁੱਗ ਵਿੱਚ ਨੌਜਵਾਨ ਪੀੜ੍ਹੀ ਨੂੰ ਮੋਬਾਈਲ ਦੇ ਨੁਕਸਾਨਾਂ ਬਾਰੇ ਦੱਸਦਿਆਂ ਕਿਤਾਬਾਂ ਨੂੰ ਆਪਣਾ ਰਾਹ ਦਸੇਰਾ ਚੁਣਨ ਦਾ ਸੁਨੇਹਾ ਦਿੱਤਾ। ਸਮਾਗਮ ਮੌਕੇ ਜ਼ਿਲ੍ਹੇ ਦੇ ਵੱਖ ਵੱਖ ਲੇਖਕਾਂ/ ਸਾਹਿਤਕਾਰਾਂ ਵੱਲੋਂ ਆਪਣੀਆਂ ਰਚਨਾਵਾਂ ਸਾਂਝੀਆਂ ਕੀਤੀਆਂ ਗਈਆਂ, ਜਿਹਨਾਂ ਵਿੱਚ ਚੰਨ ਮੋਮੀ, ਰਾਣਾ ਸੈਦੋਵਾਲੀਆ, ਮਨਜਿੰਦਰ ਕਮਲ ਵੀ ਸ਼ਾਮਲ ਸਨ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪ੍ਰਿੰਸੀਪਲ ਗੁਰਚਰਨ ਸਿੰਘ ਚਾਹਲ ਸ ਸ ਸ ਸ ਨੱਥੂ ਚਾਹਲ ਨੇ ਸ਼ਿਰਕਤ ਕੀਤੀ ਤੇ ਪੁਸਤਕਾਂ ਦੀ ਮਹੱਤਤਾ 'ਤੇ ਵਿਚਾਰ ਚਰਚਾ ਕੀਤੀ। ਪਿੰਡ ਦੀਆਂ ਸ਼ਖਸੀਅਤਾਂ ਅਤੇ ਸ਼ਹਿਰ ਦੇ ਪ੍ਰਮੁੱਖ ਸਾਹਿਤਕਾਰਾਂ ਵੱਲੋਂ ਜ਼ਿਲ੍ਹਾ ਭਾਸ਼ਾ ਅਫ਼ਸਰ ਕਪੂਰਥਲਾ ਦੇ ਉਪਰਾਲੇ ਵੱਲੋਂ ਪਿੰਡ ਪਿੰਡ ਵਿੱਚ ਜਾ ਕੇ ਲਾਇਬ੍ਰੇਰੀਆਂ ਨੂੰ ਸਹਿਯੋਗ ਦੇਣ ਅਤੇ ਪ੍ਰਦਰਸ਼ਨੀਆਂ ਲਾਉਣ ਦੇ ਕੰਮ ਦੀ



ਸ਼ਲਾਘਾ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਭਾਸ਼ਾ ਦਫ਼ਤਰ ਦੇ ਸਟਾਫ਼ ਵੱਲੋਂ ਭਾਸ਼ਾ ਵਿਭਾਗ ਪੰਜਾਬ ਵੱਲੋਂ ਪ੍ਰਕਾਸ਼ਿਤ ਪੁਸਤਕਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਜ਼ਿਲ੍ਹਾ ਭਾਸ਼ਾ ਦਫ਼ਤਰ ਵੱਲੋਂ ਲਾਇਬ੍ਰੇਰੀ ਨੂੰ ਕੁਝ ਕਿਤਾਬਾਂ ਵੀ ਭੇਟ ਕੀਤੀਆਂ ਗਈਆਂ। ਜਸਪ੍ਰੀਤ ਕੌਰ ਜ਼ਿਲ੍ਹਾ ਭਾਸ਼ਾ ਅਫ਼ਸਰ ਕਪੂਰਥਲਾ ਵੱਲੋਂ ਸੁਖਚੈਨ ਸਿੰਘ, ਸਰਪੰਚ ਪਿੰਡ ਨੱਥੂ ਚਾਹਲ, ਆਈਆਂ ਹੋਈਆਂ ਹੋਰ ਸ਼ਖਸੀਅਤਾਂ ਅਤੇ ਸਮੂਹ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਜ਼ਿਲ੍ਹਾ ਭਾਸ਼ਾ ਦਫ਼ਤਰ ਕਪੂਰਥਲਾ ਦਾ ਸਮੂਹ ਸਟਾਫ਼ ਮਨੀਸ਼ ਕੁਮਾਰ, ਸਲਮਾਨ ਵੀ ਸ਼ਾਮਲ ਸਨ।

# ਰਿਆਤ-ਬਾਹਰਾ 'ਚ 'ਅਫਰੀਕਨ ਮਾਈਂਡ ਬਿਲਡਰਜ਼ ਮੀਟ ਐਂਡ ਗ੍ਰੀਟ' ਪ੍ਰੋਗਰਾਮ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਰਿਆਤ-ਬਾਹਰਾ ਐਜੂਕੇਸ਼ਨ ਸਿਟੀ ਵਿਖੇ ਅਫਰੀਕਨ ਮਾਈਂਡ ਬਿਲਡਰਜ਼ - ਮੀਟ ਐਂਡ ਗ੍ਰੀਟ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਅਫ਼ਰੀਕਾ ਦੇ ਵੱਖ-ਵੱਖ ਦੇਸ਼ਾਂ ਦੇ ਪ੍ਰਤੀਨਿਧੀਆਂ ਨੇ ਇਸ ਅੰਤਰਰਾਸ਼ਟਰੀ ਪ੍ਰੋਗਰਾਮ ਵਿੱਚ ਹਿੱਸਾ ਲਿਆ ਅਤੇ ਲੀਡਰਸ਼ਿਪ, ਸਿੱਖਿਆ, ਨਵੀਨਤਾ ਅਤੇ ਯੁਵਾ ਸਸ਼ਕਤੀਕਰਨ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਕੈਂਪਸ ਡਾਇਰੈਕਟਰ ਡਾ. ਚੰਦਰ ਮੋਹਨ ਰਹੇ। ਉਨ੍ਹਾਂ ਭਾਰਤ ਅਤੇ ਅਫਰੀਕਾ ਵਿਚਕਾਰ ਵਧ ਰਹੇ ਮਜ਼ਬੂਤ ਰਿਸ਼ਤਿਆਂ ਦੀ ਪ੍ਰਸ਼ੰਸਾ ਕੀਤੀ ਅਤੇ ਵਿਸ਼ਵ ਪੱਧਰ 'ਤੇ ਸਾਂਝੇਦਾਰੀ, ਸੱਭਿਆਚਾਰਕ ਆਦਾਨ-ਪ੍ਰਦਾਨ ਅਤੇ ਨੌਜਵਾਨਾਂ ਨੂੰ ਅੰਤਰਰਾਸ਼ਟਰੀ ਮੰਚ ਉੱਤੇ ਲੈ ਜਾਣ ਦੀ ਲੋੜ ਉੱਤੇ ਜ਼ੋਰ ਦਿੱਤਾ। ਇਸ ਮੌਕੇ ਲੈਸਮਾਰ ਗਰਬਰ ਯਾਕੂਬੂ ਹਾਜਾਰਾ ਜਿਬਰਿਲ, ਰੋਮੇਲ ਸੋਨੀ ਯਾਕੂਬੂ, ਐਲਫਰੇਡ ਟੀ. ਮੂਰ ਜੂਨੀਅਰ, ਨੋਮਗੁਗੂ ਗੁਮੇਡੇ ਸਮੇਤ ਹੋਰ ਵਿਸ਼ੇਸ਼ ਮਹਿਮਾਨ ਮੌਜੂਦ ਸਨ। ਇਸ ਸਮਾਗਮ ਵਿੱਚ ਤਕਰੀਬਨ 100 ਅਫਰੀਕੀ ਨੌਜਵਾਨਾਂ ਨੇ ਹਿੱਸਾ ਲਿਆ। ਉਨ੍ਹਾਂ ਨੇ ਆਪਣੇ ਦੇਸ਼ਾਂ ਦੀ ਸੱਭਿਆਚਾਰਕ ਵਿਰਾਸਤ ਨੂੰ ਦਰਸਾਉਂਦੇ ਹੋਏ ਰਵਾਇਤੀ ਨਾਚ ਅਤੇ ਗੀਤ ਪੇਸ਼ ਕੀਤੇ । ਡਾ. ਕੁਲਦੀਪ ਵਾਲੀਆ ਨੇ ਅਫਰੀਕੀ ਮਹਿਮਾਨਾਂ ਨੂੰ ਰਿਆਤ-ਬਾਹਰਾ ਗਰੁੱਪ ਬਾਰੇ ਜਾਣੂ ਕਰਵਾਇਆ। ਸਮਾਗਮ ਦੀ ਸਫਲ ਕੋਆਰਡੀਨੇਸ਼ਨ ਹਰਿੰਦਰ ਜੱਸਵਾਲ ਅਤੇ ਹਰਪ੍ਰੀਤ ਸਿੰਘ ਵੱਲੋਂ ਕੀਤੀ ਗਈ। ਹਰਿੰਦਰ ਜੱਸਵਾਲ ਨੇ ਦੱਸਿਆ ਕਿ ਰਿਆਤ-ਬਾਹਰਾ ਗਰੁੱਪ ਨੇ ਇਸ ਕਾਰਜਕ੍ਰਮ ਰਾਹੀਂ ਵਿਸ਼ਵ ਪੱਧਰ ਉੱਤੇ ਸਾਂਝੇਦਾਰੀ, ਸੱਭਿਆਚਾਰਕ ਏਕਤਾ ਅਤੇ ਲੀਡਰਸ਼ਿਪ ਡਿਵੈਲਪਮੈਂਟ ਨੂੰ ਨਵੀਂ ਦਿਸ਼ਾ ਦੇਣ ਦੀ ਕੋਸ਼ਿਸ਼ ਕੀਤੀ ਹੈ। ਇਸ ਮੌਕੇ ਡਾ. ਮਨਿੰਦਰ ਗਰੋਵਰ, ਗੁਰਪ੍ਰੀਤ ਬੇਦੀ, ਮਨਮੀਤ ਬੈਂਸ ਅਤੇ ਕੁਲਦੀਪ ਰਾਣਾ ਵੀ ਹਾਜ਼ਰ ਸਨ।

# ਨਸ਼ਿਆਂ ਤੋਂ ਦੂਰ ਰਹਿਣਾ ਹੀ ਤੰਦਰੁਸਤ ਜੀਵਨ ਦੇ ਲਈ ਤਿਆਰੀ : ਡਾ. ਗੁਰਮੀਤ ਲਾਲ

**ਜਲੰਧਰ (ਸ਼ੈਲੀ ਐਲਬਰਟ)**


ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਨਸ਼ਿਆਂ ਦੀ ਦਲਦਲ ਵਿਚੋਂ ਬਾਹਰ ਕੱਢਣ ਲਈ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਦੇ ਚਲਦਿਆਂ ਨਸ਼ਾਖੋਰੀ ਅਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਅੰਤਰਰਾਸ਼ਟਰੀ ਦਿਵਸ ਮੌਕੇ 'ਬ੍ਰੇਕਿੰਗ ਦ ਚੇਨ, ਪ੍ਰੀਵੈਂਸ਼ਨ-ਟ੍ਰੀਟਮੈਂਟ ਐਂਡ ਰਿਕਵਰੀ ਫਾਰ ਆਲ' ਥੀਮ ਤਹਿਤ ਸ਼ਹੀਦ ਬਾਬੂ ਲਾਭ ਸਿੰਘ ਯਾਦਗਾਰੀ ਸਿਵਲ ਹਸਪਤਾਲ ਜਲੰਧਰ ਦੇ ਡੀ-ਅਡੀਕਸ਼ਨ ਸੈਂਟਰ ਵਿਖੇ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਜਿਸਦੀ ਅਗਵਾਈ ਸਿਵਲ ਸਰਜਨ ਡਾ. ਗੁਰਮੀਤ ਲਾਲ ਵਲੋਂ ਕੀਤੀ ਗਈ।ਸਿਵਲ ਸਰਜਨ ਵੱਲੋਂ ਦੱਸਿਆ ਗਿਆ ਕਿ ਸਿਹਤ ਵਿਭਾਗ ਜਲੰਧਰ ਵੱਲੋਂ ਸਮਾਜ ਵਿੱਚੋਂ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਵੱਖ-ਵੱਖ ਯਤਨ ਕੀਤੇ ਜਾ ਰਹੇ ਹਨ। ਇਸ ਸਮੱਸਿਆ ਦੇ ਖਾਤਮੇ ਲਈ ਓਟ ਕੇਂਦਰ, ਨਸ਼ਾ ਮੁਕਤੀ ਕੇਂਦਰ ਅਤੇ ਪੁਨਰਵਸੇਬਾ ਕੇਂਦਰਾਂ ਨੂੰ ਸਫ਼ਲਤਾਪੂਰਵਕ ਚਲਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਨਾਲ ਪੀੜਤ ਵਿਅਕਤੀ ਇੱਕ ਕਿਸਮ ਦਾ ਮਰੀਜ਼ ਹੁੰਦਾ ਹੈ ਜਿਸ ਨੂੰ ਕਿ ਇਲਾਜ ਦੀ ਸਖਤ ਜ਼ਰੂਰਤ ਹੁੰਦੀ ਹੈ। ਜਦ ਵੀ ਕੋਈ ਵਿਅਕਤੀ ਡੀ-ਅਡੀਕਸ਼ਨ ਸੈਂਟਰ ਤੋਂ ਡਿਸਚਾਰਜ ਹੋ ਕੇ ਚਲਾ ਜਾਂਦਾ ਹੈ ਤਾਂ ਉਸ ਦੇ ਪਰਵਾਰ ਤੇ ਸਮਾਜ ਦੀ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਉਸ ਨਾਲ ਵਿਤਕਰੇ ਦੀ ਥਾਂ ਪਿਆਰ ਤੇ ਅਪਣੇਪਨ ਦੀ ਭਾਵਨਾ ਨਾਲ ਉਸ ਨੂੰ ਇਸ ਸਮੱਸਿਆ ਵਿਚੋਂ ਕੱਢਣ ਦਾ ਯਤਨ ਕਰਨ ਤਾਂ ਜੋ ਉਹ ਨਸ਼ੇ ਦੀ ਦਲਦਲ ਵਿੱਚ



ਦੁਬਾਰਾ ਜਾਣ ਤੋਂ ਬਚ ਸਕੇ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਆਮ ਲੋਕ ਵੀ ਸਰਕਾਰ ਵੱਲੋਂ ਨਸ਼ੇ ਦੇ ਖਾਤਮੇ ਲਈ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁਧ ਮੁਹਿੰਮ ਵਿਚ ਆਪਣਾ ਸਹਿਯੋਗ ਦੇਣ ਤਾਂ ਜੋ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਇਸ ਨਸ਼ਿਆਂ ਰੂਪੀ ਦਲਦਲ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਨਸ਼ਿਆਂ ਖਿਲਾਫ਼ ਜੰਗ ਜਾਰੀ ਹੈ ਅਤੇ ਇਸ ਮੁਹਿੰਮ ਨੂੰ ਸਹਿਯੋਗ ਦਿੰਦੇ ਹੋਏ ਸਾਨੂੰ ਸਭ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਹੀ ਤੰਦਰੁਸਤ ਜੀਵਨਸ਼ੈਲੀ ਅਪਣਾਉਣੀ ਚਾਹੀਦੀ ਹੈ।ਇਸ ਦੌਰਾਨ ਐਲ.ਐਲ.ਆਰ. ਨਰਸਿੰਗ ਸਕੂਲ ਦੀ ਵਿਦਿਆਰਥਣਾਂ ਵਲੋਂ ਪੋਸਟਰ ਮੇਕਿੰਗ ਕੰਪੀਟਿਸ਼ਨ ਵਿੱਚ ਭਾਗੀਦਾਰੀ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਸੰਬੰਧੀ ਪੋਸਟਰ ਪ੍ਰਦਰਸ਼ਿਤ ਕੀਤੇ ਗਏ। ਸਿਵਲ ਸਰਜਨ ਡਾ. ਗੁਰਮੀਤ ਲਾਲ ਅਤੇ ਡਾਕਟਰਾਂ ਦੀ ਟੀਮ ਵੱਲੋਂ ਇਨ੍ਹਾਂ ਪੋਸਟਰਾਂ ਨੂੰ ਵਾਚਿਆ ਗਿਆ। ਨਰਸਿੰਗ ਵਿਦਿਆਰਥਣਾਂ ਦੀ ਸ਼ਲਾਘਾ ਕਰਦੇ ਹੋਏ ਉਨ੍ਹਾਂ ਵੱਲੋਂ ਪਹਿਲੇ ਅਤੇ ਦੂਜੇ ਸਥਾਨ ਤੇ ਆਉਣ ਵਾਲੀਆਂ ਨਰਸਿੰਗ ਵਿਦਿਆਰਥਣਾਂ ਕੋਮਲ ਅਤੇ ਸ਼ਿਪਰਾ ਨੂੰ ਸ਼ਲਾਘਾ ਪੱਤਰ ਅਤੇ ਇਨਾਮ ਵੀ ਦਿੱਤੇ ਗਏ।ਸ਼ਹੀਦ ਬਾਬੂ ਲਾਭ ਸਿੰਘ ਯਾਦਗਾਰੀ ਨਰਸਿੰਗ ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਸਕਿਟ ਰਾਹੀਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕਤਾ ਸੰਦੇਸ਼ ਦਿੱਤਾ ਗਿਆ। ਡਿਪਟੀ ਐਮ.ਈ.ਆਈ.ਓ. ਅਸੀਮ ਸ਼ਰਮਾ ਵੱਲੋਂ ਸੈਮੀਨਾਰ ਦੀ ਸਮਾਪਤੀ 'ਤੇ ਮੌਜੂਦ ਅਧਿਕਾਰੀਆਂ, ਕਰਮਾਚਾਰੀਆਂ, ਨਰਸਿੰਗ ਵਿਦਿਆਰਥਣਾਂ ਅਤੇ ਮਰੀਜ਼ਾਂ ਨੂੰ ਨਸ਼ੇ ਤੋਂ ਦੂਰ ਰਹਿਣ ਅਤੇ ਹੋਰਨਾਂ ਨੂੰ ਨਸ਼ੇ ਦੇ ਖਾਤਮੇ ਲਈ ਪ੍ਰੇਰਿਤ ਕਰਨ ਸੰਬੰਧੀ ਸਹੁੰ ਚੁਕਾਈ ਗਈ। ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਜਸਵਿੰਦਰ ਸਿੰਘ, ਡਾ. ਅਭਯਰਾਜ, ਡਾ. ਹਰਮਨ ਕਿਰਨਦੀਪ ਕੌਰ, ਡਾ. ਰਾਜਦੀਪ ਕੌਰ ਅਤੇ ਸਿਹਤ ਵਿਭਾਗ ਦਾ ਸਟਾਫ ਮੌਜੂਦ ਸੀ।

# ਪੀਰ ਬਾਬਾ ਖਾਕੀ ਸ਼ਾਹ ਮਲੰਗ ਦਾ ਦੋ ਦਿਨਾ ਸਾਲਾਨਾ ਜੋੜ ਮੇਲਾ ਮਨਾਇਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਦਰਬਾਰ ਤਕੀਏ ਵਾਲੀ ਸਰਕਾਰ ਪੀਰ ਬਾਬਾ ਖਾਕੀ ਸ਼ਾਹ ਜੀ ਮਲੰਗ ਪਿੰਡ ਬਰਨਾਲਾ ਕਲਾਂ ਵਿਖੇ ਦੋ ਦਿਨਾ ਸਲਾਨਾ ਜੋੜ ਮੇਲਾ ਪਿੰਡ ਵਾਸੀ ਸਮੂਹ ਸੰਗਤਾਂ ਐਨ ਆਰ ਆਈ ਦੇ ਸਹਿਯੋਗ ਨਾਲ ਸ਼ਰਧਾ ਪੂਰਵਕ ਤੇ ਬੜੀ ਧੂਮਧਾਮ ਨਾਲ ਮਨਾਇਆ ਗਿਆ। ਦਰਬਾਰ ਦੀ ਪ੍ਰਬੰਧਕ ਕਮੇਟੀ ਨੌਜਵਾਨ ਸਭਾ ਗੁਰਪ੍ਰੀਤ ਗੋਪੀ, ਪਰਵਿੰਦਰ ਕੁਮਾਰ, ਗੁਰਦੀਪ ਨੇ ਦੱਸਿਆ ਕਿ 28 ਜੂਨ ਨੂੰ ਚਿਰਾਗ ਰੋਸ਼ਨ ਕੀਤੇ ਗਏ ਤੇ ਵਿਸ਼ਾਲ ਪੰਡਾਲ ਸਜਾਇਆ ਗਿਆ। ਕਵਾਲੀਆ ਪੇਸ਼ ਕੀਤੀਆਂ ਗਈਆਂ, ਲੰਗਰ ਅਤੁੱਟ ਵਰਤਾਇਆ ਗਿਆ। 29 ਜੂਨ ਨੂੰ ਸਵੇਰੇ ਝੰਡੇ ਦੀ ਰਸਮ ਅਤੇ ਚਾਦਰ ਦੀ ਰਸਮ ਅਦਾ ਕੀਤੀ ਗਈ। ਚਾਹ-ਪਕੌੜਿਆਂ ਤੋਂ ਬਾਅਦ ਵੱਖ-ਵੱਖ ਪਕਵਾਨਾਂ ਅਤੇ ਮਠਿਆਈਆਂ ਦਾ ਲੰਗਰ ਅਤੁੱਟ ਵਰਤਾਇਆ ਗਿਆ। ਕੱਵਾਲਾਂ ਵੱਲੋਂ ਪ੍ਰੋਗਰਾਮ ਪੇਸ਼ ਕੀਤਾ ਗਿਆ । ਨੱਕਾਲ ਪਾਰਟੀ ਵਲੋਂ ਨਕਲਾਂ ਪੇਸ਼ ਕੀਤੀਆਂ ਗਈਆਂ ਤੇ ਵੱਖ ਵੱਖ ਡੇਰਿਆਂ ਤੋਂ ਆਏ ਸੰਤ ਫਕੀਰਾਂ ਵਲੋਂ ਸ਼ਿਰਕਤ ਕੀਤੀ ਗਈ। ਨੌਜਵਾਨ ਸਭਾ ਵਲੋਂ ਸੰਗਤਾਂ ਅਤੇ ਮਹਿਮਾਨਾਂ ਨੂੰ ਸਿਰੋਪੇ ਪਾ ਕੇ ਸਨਮਾਨਤ ਕੀਤਾ ਗਿਆ। ਮੇਲੇ ਦੇ ਦਿਨ ਲੰਗਰ ਅਤੁੱਟ ਵਰਤਾਇਆ ਗਿਆ। ਠੰਢੇ ਜਲ ਲੱਸੀ ਦੀ ਛਬੀਲ ਵੀ ਲਾਈ ਗਈ। ਇਸ ਮੌਕੇ ਨੌਜਵਾਨ ਸਭਾ ਬੰਤਾ ਸਿੰਘ, ਬਾਬਾ ਸਾਬ੍ਹ, ਜੱਸਾ ਜੌਹਲ, ਨੰਦੂ ਜੌਹਲ, ਬਰਿੰਦਰ ਕੁਮਾਰ, ਹਰਸ਼ਦੀਪ, ਸੁਖਵੀਰ ਸਿੰਘ, ਅਲੀ, ਮੰਨਾ, ਕ੍ਰਿਸ਼ਨ, ਹੈਪੀ, ਪੰਚ ਬਲਵੀਰ ਸਿੰਘ ਵੀਰਾ ਪੰਚ ਸਮਨ, ਭਿੰਦੂ, ਕੋਚ, ਮਾਹਿਲ ਵਰਿੰਦਰ ਨਫਰੀ ,ਜੱਸਾ ਪਾਬਲਾ, ਗੁਰਪੀਤ, ਪਰਮਿੰਦਰ, ਗੁਰਦੀਪ ਨੇ ਕਿਹਾ ਕਿ ਦਰਬਾਰ ਤਕੀਏ ਵਾਲੀ ਸਰਕਾਰ ਪੀਰ ਬਾਬਾ ਖਾਕੀ ਸ਼ਾਹ ਜੀ ਬਾਰੇ ਦੱਸਿਆ।ਇਸ ਮੌਕੇ ਪੀਰ ਬਾਬਾ ਤਕੀਏ ਵਾਲੀ ਸਰਕਾਰ ਨੌਜਵਾਨ ਸਭਾ ਪਿੰਡ ਬਰਨਾਲਾ ਕਲਾਂ ਦਾ ਵਿਸ਼ੇਸ਼ ਸਹਿਯੋਗ ਰਿਹਾ।

1-JULY-PAGE-1.qxd 6/30/2025 10:36 PM Page 2



## ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਦੀ ਮੀਟਿੰਗ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੇਂਡੂ ਸਾਹਿਤ ਸਭਾ (ਰਜਿ.) ਬਾਲਿਆਂਵਾਲੀ ਦੀ ਮਹੀਨਾਵਾਰ ਮੀਟਿੰਗ ਸਭਾ ਦੇ ਪ੍ਰਧਾਨ ਸੁਖਦਰਸ਼ਨ ਗਰਗ ਦੀ ਪ੍ਰਧਾਨਗੀ ਹੇਠ ਕਵੀਸ਼ਰ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬ੍ਰੇਰੀ ਤੇ ਬ੍ਰਿਗੇਡੀਅਰ ਬੰਤ ਸਿੰਘ ਮੈਮੋਰੀਅਲ ਸੁਵਿਧਾ ਕੇਂਦਰ ਤੇ ਕੰਪਿਊਟਰ ਸੈਂਟਰ ਵਿਖੇ ਹੋਈ, ਜਿਸ ਵਿੱਚ ਕਵੀਸ਼ਰ ਮਾਘੀ ਸਿੰਘ ਗਿੱਲ ਦੇ ਜੀਵਨ 'ਤੇ ਰਚਨਾ ਤੇ ਭਾਰਤੀ ਸਾਹਿਤ ਅਕਾਦਮੀ ਦਿੱਲੀ ਵੱਲੋਂ ਸੈਮੀਨਾਰ ਕਰਵਾਉਣ ਬਾਰੇ, ਸਭਾ ਦੇ ਸਰਪ੍ਰਸਤ ਅਜਮੇਰ ਦੀਵਾਨਾ ਦੇ ਨਾਵਲ 'ਹਮ ਐਸੇ ਅਪਰਾਧੀ' ਦੀ ਘੁੰਡ ਚੁਕਾਈ ਤੇ ਗੋਸ਼ਟੀ ਕਰਵਾਉਣ ਬਾਰੇ ਫੈਸਲਾ ਕੀਤਾ ਗਿਆ। ਸਾਹਿਤਕ ਦੌਰ ਵਿੱਚ ਸਾਹਿਤਕਾਰ ਹਰਜਿੰਦਰ ਕੌਰ ਨੇ ਹਾਸ ਵਿਅੰਗ, ਮਾ. ਦਰਸ਼ਨ ਸਿੰਘ ਨੇ ਸੂਬੇ ਦੀ ਕਚਹਿਰੀ, ਜੀਤ ਸਿੰਘ ਚਹਿਲ ਨੇ ਬਦਲੇ ਸਮੇਂ, ਰਣਜੀਤ ਸਿੰਘ ਮੰਡੀ ਕਲਾਂ ਸਿੱਧੀ ਦਾ ਬੂਟਾ, ਮਾ. ਹਰਿਵਰ ਕੁਮਾਰ ਹਨੀ ਨੇ ਅਰਜ਼ਾਂ ਕਵਿਤਾ, ਸੁਖਦਰਸ਼ਨ ਗਰਗ ਨੇ ਰੁਬਾਈਆਂ, ਜਗਨ ਨਾਥ ਨੇ ਪਹਾੜਾਂ ਦੀ ਯਾਤਰਾ ਕਵਿਤਾ ਸੁਣਾਈ। ਇਸ ਮੌਕੇ ਅਜਮੇਰ ਦੀਵਾਨਾ, ਪੱਤਰਕਾਰ ਕੁਲਦੀਪ ਮਤਵਾਲਾ, ਗੁਰਮੀਤ ਕੁਮਾਰ ਤੇ ਪਵਿੱਤਰ ਹਾਜ਼ਰ ਸਨ। ਇਸ ਦੌਰਾਨ ਵਿਅੰਗਕਾਰ ਸੁੰਦਰ ਪਾਲ ਪ੍ਰੇਮੀ ਜੈਤੋ ਦੀ ਬੇਵਕਤੀ ਮੌਤ 'ਤੇ ਸਭਾ ਵੱਲੋਂ ਸ਼ਰਧਾਂਜਲੀ ਭੇਟ ਕੀਤੀ ਗਈ।

## ਪੂਨੀਆ ਪਰਵਾਰ ਵੱਲੋਂ ਰੈਣ ਬਸੇਰੇ ਲਈ 10,000 ਦੀ ਰਕਮ ਭੇਟ



**ਸੰਗਰੂਰ (ਪ੍ਰਵੀਨ ਸਿੰਘ)**-ਪਿੰਡ ਗੁਰਦਾਸਪੁਰਾ ਪੂਨੀਆ ਵਿੱਚ ਕੈਂਸਰ ਮਰੀਜ਼ਾਂ ਦੀ ਸਹਾਇਤਾ ਲਈ ਬਣਾਏ ਗਏ ਰੈਣ-ਬਸੇਰੇ ਲਈ ਪੂਨੀਆ ਪਰਵਾਰ ਵੱਲੋਂ ਯੋਗਦਾਨ ਦਿੱਤਾ ਗਿਆ। ਸਵ. ਪਰਮਜੀਤ ਸਿੰਘ ਪੂਨੀਆ (ਦਿੱਲੀ) ਦੀ ਯਾਦ ਵਿੱਚ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਸ਼੍ਰੀਮਤੀ ਸ਼ਹਿੰਦਰ ਕੌਰ ਪੂਨੀਆ, ਯੁਧਵੀਰ ਪੂਨੀਆ ਤੇ ਬੰਨੀ ਪੂਨੀਆ ਵੱਲੋਂ ਪਿਆਰ ਭਰੇ ਦਿਲ ਨਾਲ 10,000/- ਦੀ ਰਕਮ ਦਾਨ ਵਜੋਂ ਭੇਟ ਕੀਤੀ ਗਈ। ਸਮੂਹ ਗ੍ਰਾਮ ਪੰਚਾਇਤ ਤੇ ਪਿੰਡ ਵਾਸੀਆਂ ਨੇ ਪੂਨੀਆ ਪਰਵਾਰ ਦਾ ਦਿਲੋਂ ਧੰਨਵਾਦ ਕੀਤਾ ਅਤੇ ਇਸ ਉਤਮ ਕਾਰਜ ਲਈ ਉਨ੍ਹਾਂ ਦੀ ਭੂਮਿਕਾ ਨੂੰ ਸਲਾਹਿਆ।ਉਨ੍ਹਾਂ ਕਿਹਾ ਕਿ ਇਹ ਭੇਟ ਨਿਰਸਵਾਰਥੀ ਸੇਵਾ ਤੇ ਸਮਾਜਿਕ ਜ਼ਿੰਮੇਵਾਰੀ ਦੀ ਜਿਊਂਦੀ ਜਾਗਦੀ ਮਿਸਾਲ ਹੈ। ਗ੍ਰਾਮ ਪੰਚਾਇਤ ਵੱਲੋਂ ਹੋਰ ਪਿੰਡ ਵਾਸੀਆਂ, ਵਿਅਕਤੀਗਤ ਨਾਗਰਿਕਾਂ ਤੇ ਵਿਦੇਸ਼ਾਂ ਵਿੱਚ ਵੱਸਦੇ ਐਨਆਰਆਈ ਭਰਾਵਾਂ ਨੂੰ ਵੀ ਅਪੀਲ ਕੀਤੀ ਗਈ ਕਿ ਉਹ ਵੀ ਅੱਗੇ ਆ ਕੇ ਇਸ ਪੁਨੀਤ ਕਾਰਜ ਵਿੱਚ ਆਪਣਾ ਯੋਗਦਾਨ ਪਾਉਣ।

## ਨਸ਼ਿਆਂ ਦੀ ਲਤ ਦਾ ਖ਼ਤਰਾ ਸਭ ਤੋਂ ਵੱਧ 15 ਤੋਂ 35 ਸਾਲ ਦੀ ਉਮਰ ਤੱਕ : ਐੱਸ ਪੀ ਜਸਬੀਰ ਸਿੰਘ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵੱਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ਼ ਇੰਡੀਆ ਤੇ ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ, ਸਾਂਝ ਸੰਪਰਕ, ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਆਯੋਜਤ ਕੀਤੇ ਜਾ ਰਹੇ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਸਬੰਧੀ ਐਸ.ਪੀ ਅਪ੍ਰੇਸ਼ਨ ਜਸਬੀਰ ਸਿੰਘ ਨਾਲ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੇ ਇੰਚਾਰਜ ਸੁਖਜਿੰਦਰ ਸਿੰਘ, ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਤੇ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਉਪਕਾਰ ਸਿੰਘ, ਲੱਕੀ ਹਰਦਾਸਪੁਰ, ਹਰਮਨਜੀਤ ਸਿੰਘ ਰੰਧਾਵਾ, ਭਿੰਦਰ ਜਲਵੇੜਾ ਨੇ ਮੁਲਾਕਾਤ ਕੀਤੀ। ਐਸ ਪੀ ਜਸਬੀਰ ਸਿੰਘ ਨੇ ਨਸ਼ਿਆਂ ਦੀ ਮੰਗ ਖ਼ਤਮ ਕਰਨ ਲਈ ਸਮਾਜ ਨੂੰ ਪੁਲਸ ਦਾ ਸਹਿਯੋਗ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਨਸ਼ਿਆਂ ਦੀ ਲਤ ਨੂੰ ਗੰਭੀਰ ਬਿਮਾਰੀ ਦੱਸਦਿਆਂ ਕਿਹਾ ਕਿ ਪਟਿਆਲਾ ਪੁਲਸ ਇਸ ਦੇ ਸ਼ਿਕਾਰ ਵਿਅਕਤੀਆਂ ਦੇ ਇਲਾਜ ਲਈ ਪੂਰਾ ਸਹਿਯੋਗ ਕਰ ਰਹੀ ਹੈ, ਕਿਉਂਕਿ ਪੰਜਾਬ ਸਰਕਾਰ ਨੇ ਕਿਸੇ ਕਾਰਨ ਨਸ਼ਿਆਂ ਦੀ ਲਤ ਦੇ ਸ਼ਿਕਾਰ ਵਿਅਕਤੀ ਬਿਮਾਰ ਮੰਨ ਕੇ ਇਲਾਜ ਕਰਾਉਣ ਦੀ ਨੀਤੀ ਬਣਾਈ ਹੈ, ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਤ ਕਰਦਿਆਂ ਕਿਹਾ ਕਿ 15 ਤੋਂ 35 ਸਾਲ ਦੀ ਉਮਰ ਤੱਕ ਨਸ਼ਿਆਂ ਦੀ ਲਤ ਲੱਗਣ ਦਾ ਖਤਰਾ ਸਭ ਤੋਂ ਜ਼ਿਆਦਾ ਹੁੰਦਾ ਹੈ, ਇਸ ਲਈ ਨੌਜਵਾਨ ਕਿਸੇ ਵੀ ਤਰ੍ਹਾਂ ਦੀ ਦੋਸਤੀ ਦੇ ਵਾਸਤੇ ਪਾ ਕੇ ਨਸ਼ੇ ਦੀ ਲਤ ਲਾਉਣ ਵਾਲੇ ਤੋਂ ਦੂਰ ਰਹਿ ਕੇ ਨਸ਼ਾ ਤਸਕਰਾਂ ਦੀ ਸੂਚਨਾ ਪੁਲਸ ਨੂੰ ਦੇਣ।

## ਪਿੰਡਾਂ 'ਚੋਂ ਲੰਘਦੇ ਸੇਮ ਨਾਲਿਆਂ ਦੀ ਲੋਕਾਂ ਵੱਲੋਂ ਸਫਾਈ ਕਰਵਾਉਣ ਦੀ ਮੰਗ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪੰਜਾਬ ਸੂਬੇ ਵਿੱਚ ਮਾਨਸੂਨ ਦੀ ਆਮਦ ਹੋਣ ਤੋਂ ਬਾਅਦ ਲਗਾਤਾਰ ਮੀਂਹ ਪੈਣ ਦੀ ਮੌਸਮ ਵਿਭਾਗ ਵੱਲੋਂ ਪੇਸ਼ੀਨਗੋਈ ਕੀਤੀ ਜਾ ਰਹੀ ਹੈ।ਭਾਰੀ ਮੀਂਹ ਨੂੰ ਲੈ ਕੇ ਪੰਜਾਬ ਸੂਬੇ ਅੰਦਰ ਮੌਸਮ ਵਿਭਾਗ ਵੱਲੋਂ ਓਰੇਂਜ ਅਲਰਟ ਵੀ ਜਾਰੀ ਕੀਤਾ ਗਿਆ ਹੈ।ਦੂਜੇ ਪਾਸੇ ਤਹਿਸੀਲ ਨਿਹਾਲ ਸਿੰਘ ਵਾਲਾ ਦੇ ਕੁੱਝ ਸੇਮ ਨਾਲਿਆਂ ਵਿੱਚੋਂ ਅਜੇ ਤੱਕ ਸਫਾਈ ਨਹੀਂ ਹੋ ਸਕੀ ਅਤੇ ਕਈ ਸੇਮ ਨਾਲਿਆਂ ਵਿੱਚ ਚਾਰ ਤੋਂ ਪੰਜ ਫੁੱਟ ਤੱਕ ਘਾਹ ਫੂਸ ਤੇ ਸਰਕੰਡੇ ਉੱਗੇ ਹੋਏ ਹਨ, ਜਿਸ ਨਾਲ ਪਾਣੀ ਦਾ ਨਿਕਾਸ ਕਿਸੇ ਕੀਮਤ 'ਤੇ ਨਹੀਂ ਹੋ ਸਕਦਾ।ਬੱਸੀਆਂ ਡਰੇਨ ਸੱਦੋਵਾਲ, ਛੀਨੀਵਾਲ, ਸੋਈਆ ਮਾਛੀਕੇ, ਹਿੰਮਤਪੁਰਾ, ਭਾਗੀਕੇ ਸੈਦੋਕੇ ਤੋਂ ਇਲਾਵਾ ਹੋਰ ਅਨੇਕਾਂ ਪਿੰਡਾਂ ਨਾਲ ਜਾ ਕੇ ਜੁੜਦੀ ਹੈ, ਪ੍ਰੰਤੂ ਇਨ੍ਹਾਂ ਵਿੱਚੋਂ ਹੁਣ ਪਾਣੀ ਲੰਘਣ ਦੀ ਜਗ੍ਹਾ ਸਿਰਫ ਪੰਜ ਤੋਂ ਸੱਤ ਫੁੱਟ ਤੱਕ ਬਚੀ ਹੈ, ਬਾਕੀ ਸਾਰੀ ਪਾਣੀ ਦੇ ਨਿਕਾਸ ਵਾਲੀ ਜਗ੍ਹਾ ਨੂੰ ਘਾਹ ਫੂਸ ਤੇ ਸਰਕੰਡੇ ਨੇ ਘੇਰ ਰੱਖਿਆ ਹੈ।ਇਹ ਜ਼ਿਲ੍ਹਾ ਪ੍ਰਸ਼ਾਸਨ ਅਧਿਕਾਰੀਆਂ ਦੀ ਅਣਗਹਿਲੀ ਹੀ ਹੈ ਕਿ ਉਨ੍ਹਾਂ ਨੂੰ ਇਸ ਗੱਲ ਦਾ ਪਤਾ ਹੋਣ ਦੇ ਬਾਵਜੂਦ ਕਿ ਹਰ ਸਾਲ ਮਾਨਸੂਨ ਆਉਂਦੀ ਹੈ ਤੇ ਮੀਂਹ ਦਾ ਪਾਣੀ ਵੱਡੇ ਪੱਧਰ 'ਤੇ ਆਉਂਦਾ ਹੈ, ਜ਼ਿਲ੍ਹੇ ਅੰਦਰ ਲੰਘਦੇ ਸੇਮ ਨਾਲਿਆਂ ਦੀ ਸਫਾਈ ਦਾ ਕੰਮ ਕਰਵਾਉਣ ਲਈ ਪਹਿਲਾਂ ਕਿਉਂ ਨਹੀਂ ਲਿਖਿਆ ਜਾਂਦਾ, ਜੇਕਰ ਹੁਣ ਬਰਸਾਤਾਂ ਸ਼ੁਰੂ ਹੋ ਵੀ ਗਈਆਂ ਹਨ ਤਾਂ ਅਜੇ ਵੀ ਅਧਿਕਾਰੀ ਕਹਿ ਰਹੇ ਹਨ ਕਿ ਜੇਕਰ ਫੰਡ ਪਾਸ ਹੋਣਗੇ ਤਾਂ ਸਫਾਈ ਫੇਰ ਹੀ ਹੋਵੇਗੀ।ਇਸ ਸਬੰਧੀ ਡਰੇਨ ਦੇ ਮਾਈਨਿੰਗ ਵਿਭਾਗ ਦੇ ਜੇ ਈ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਸੇਮ ਨਾਲਿਆਂ ਦੀ ਸਫਾਈ ਚੱਲ ਰਹੀ ਹੈ।ਇਸ ਸਬੰਧੀ ਕਿਰਤੀ ਕਿਸਾਨ ਯੂਨੀਅਨ ਦੇ ਪਿੰਡ ਮਾਛੀਕੇ ਦੇ ਇਕਾਈ ਪ੍ਰਧਾਨ ਨੇ ਕਿਹਾ ਕਿ ਡਰੇਨ ਦੀ ਸਫਾਈ ਜਲਦੀ ਤੋਂ ਜਲਦੀ ਕਰਵਾਈ ਜਾਵੇ।ਇਸ ਮੌਕੇ ਸਮੂਹ ਪਿੰਡ ਵਾਸੀ ਹਾਜ਼ਰ ਸਨ।

## ਵਿਧਾਇਕ ਨੇ ਬਸਤੀ ਨਿਜ਼ਾਮਦੀਨ ਵਿਖੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਵੱਲੋਂ ਵਾਰਡ ਨੰਬਰ 16 ਬਸਤੀ ਨਿਜ਼ਾਮਦੀਨ ਵਿਖੇ ਲੱਗਭਗ 15 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਨੂੰ ਇੰਟਰਲਾਕਿੰਗ ਟਾਈਲਾਂ ਨਾਲ ਪੱਕਾ ਕਰਨ ਦੇ ਕੰਮ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕਾਂ ਦੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਨਿਰਮਾਣ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਵਿਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾ ਰਹੀ ਹੈ ਅਤੇ ਜਨਤਾ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਵੱਲ ਠੋਸ ਕਦਮ ਚੁੱਕ ਰਹੀ ਹੈ। ਪੰਜਾਬ ਸਰਕਾਰ ਸੜਕਾਂ, ਨਾਲੀਆਂ, ਸੀਵਰੇਜ ਵਰਗੀਆਂ ਬੁਨਿਆਦੀ ਸਹੂਲਤਾਂ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੌਕੇ ਵਾਰਡ ਦੇ ਵਸਨੀਕਾਂ ਨੇ ਵਾਰਡ ਵਿੱਚ ਵਿਕਾਸ ਕਾਰਜ ਸ਼ੁਰੂ ਕਰਨ ਲਈ ਹਲਕਾ ਵਿਧਾਇਕ ਦਾ ਧੰਨਵਾਦ ਕੀਤਾ। ਇਸ ਮੌਕੇ ਗੁਰਜੀਤ ਸਿੰਘ ਚੀਮਾ ਤੇ ਇਲਾਕੇ ਦੇ ਹੋਰ ਪਤਵੰਤਿਆਂ ਸਮੇਤ ਸਥਾਨਕ ਲੋਕ ਹਾਜ਼ਰ ਸਨ।

# ਬਿਜਲੀ ਅਧਿਕਾਰੀਆਂ ਦੀ ਕਾਰਗੁਜ਼ਾਰੀ ਸਵਾਲਾਂ ਦੇ ਘੇਰੇ 'ਚ ?

**ਮਸਾਂ ਬਚੀ ਸੁਰਾਜਪੁਰ ਦੇ ਕਿਸਾਨ ਦੀ ਜਾਨ, ਕੰਮ ਦੀ ਢਿੱਲੀ ਚਾਲ ਤੋਂ ਇਲਾਕੇ ਦੇ ਲੋਕ ਪ੍ਰੇਸ਼ਾਨ**



ਸੁਰਾਜਪੁਰ ਦੇ ਕਿਸਾਨ ਪਰਮਜੀਤ ਸਿੰਘ ਦਾ ਕਰੰਟ ਲੱਗਣ ਤੋਂ ਬਾਅਦ ਦਾ ਹਾਲ।

**ਨਾਭਾ (ਵਰਿੰਦਰ ਵਰਮਾ)**-ਹਲਕਾ ਨਾਭਾ ਦੇ ਪਿੰਡ ਸੁਰਾਜਪੁਰ ਦੇ ਸਾਬਕਾ ਸਰਪੰਚ ਕਿਸਾਨ ਪਰਮਜੀਤ ਸਿੰਘ ਨੂੰ ਟ੍ਰਾਂਸਫਾਰਮਰ ਤੋਂ ਕਰੰਟ ਲੱਗਾ, ਧਮਾਕਾ ਇੰਨਾ ਜ਼ੋਰਦਾਰ ਸੀ ਕਿ ਸੁਰਾਜਪੁਰ ਗਰਿੱਡ ਤੋਂ ਚਲਦੀ ਸਪਲਾਈ ਵਾਲੇ ਫੀਡਰ ਦੇ ਜੰਪਰ ਵੀ ਉੱਡ ਗਏ।ਬੇਸ਼ੱਕ ਕਰੰਟ ਲੱਗਣ ਤੋਂ ਬਾਅਦ ਵੀ ਖੁਸ਼ਕਿਸਮਤੀ ਨਾਲ ਪਰਮਜੀਤ ਸਿੰਘ ਦੀ ਜਾਨ ਬਚ ਗਈ, ਪ੍ਰੰਤੂ ਉਨ੍ਹਾਂ ਨਾਭਾ ਸਬ ਡਵੀਜ਼ਨ ਦੇ ਐੱਸ.ਡੀ.ਓ. ਸੁਰਜੀਤ ਸਿੰਘ ਤੇ ਜੇ ਈ ਨਰਿੰਦਰ ਸਿੰਘ 'ਤੇ ਦੋਸ਼ ਲਗਾਉਂਦੇ ਕਿਹਾ ਕਿ ਕਰੀਬ 2 ਦਿਨ ਪਹਿਲਾਂ ਉਨ੍ਹਾਂ ਦੇ ਪਿੰਡ ਦੇ ਜਗਤਾਰ ਸਿੰਘ, ਗੁਰਸ਼ਰਨ ਸਿੰਘ, ਬਲਵਿੰਦਰ ਕੌਰ ਤੇ ਗੁਰਨਾਮ ਸਿੰਘ ਨੇ ਉਨ੍ਹਾਂ ਦੇ ਖੇਤ ਨੂੰ ਜਾਂਦੀ ਲਾਈਨ ਦੀ ਚਲਦੀ ਬਿਜਲੀ ਸਪਲਾਈ ਤੋੜ ਕੇ ਉਨ੍ਹਾਂ ਦੀ ਫ਼ਸਲ ਨੂੰ ਸੁਕਾਉਣ ਦੀ ਕੋਸ਼ਿਸ਼ ਨਾਲ ਨੇੜਲੇ ਟਰਾਂਸਫਰ ਦੇ ਜੰਪਰ ਤੋੜ ਕੇ ਤਾਰ ਆਪਣੇ ਨਾਲ ਲੈ ਗਏ, ਜਿਸ ਸੰਬੰਧੀ ਉਨ੍ਹਾਂ ਵੱਲੋਂ ਐੱਸ.ਡੀ.ਓ. ਸੁਰਜੀਤ ਸਿੰਘ ਤੇ ਜੇ ਈ ਨਰਿੰਦਰ ਨੂੰ ਫ਼ੋਨ 'ਤੇ ਦੱਸਿਆ ਗਿਆ ਤੇ ਫ਼ਸਲ ਨੂੰ ਸੁੱਕਣ ਤੋਂ ਬਚਾਉਣ ਲਈ ਤਾਰਾਂ ਨੂੰ ਦੁਬਾਰਾ ਜੋੜ ਕੇ ਬਿਜਲੀ ਸਪਲਾਈ ਚਲੰਤੀ ਬਣਾਉਣ ਨੂੰ ਕਿਹਾ, ਪ੍ਰੰਤੂ ਦੋਨਾਂ ਅਧਿਕਾਰੀਆਂ ਨੇ ਹਾਮੀ ਭਰਨ ਤੋਂ ਬਾਅਦ ਵੀ ਇੱਕ ਨਾ ਸੁਣੀ ਅਤੇ ਸ਼ਨੀਵਾਰ ਤੇ ਐਤਵਾਰ ਛੁੱਟੀ ਦਾ ਬਹਾਨਾ ਦੇ ਦਿੱਤਾ।ਇਸ ਸੰਬੰਧੀ ਜਦੋਂ ਪਰਮਜੀਤ ਸਿੰਘ ਵੱਲੋਂ ਫ਼ਸਲ ਸੁੱਕਣ ਬਾਰੇ ਕਿਹਾ ਗਿਆ ਤਾਂ ਉਕਤ ਅਧਿਕਾਰੀਆਂ ਨੇ ਕਿਹਾ ਕਿ ਬਿਜਲੀ ਨਿਗਮ ਕਿਸੇ ਦੇ ਘਰੇਲੂ ਝਗੜੇ ਵਿੱਚ ਤਾਰਾਂ ਜੋੜਨ ਨੂੰ ਨਹੀਂ ਬੈਠਾ। ਹੋਰ ਤਾਂ ਹੋਰ ਕੋਈ ਵੀ ਸੁਰਾਜਪੁਰ ਗਰਿੱਡ ਨੇੜੇ ਕੰਮ ਕਰਦੇ ਕਿਸੇ ਲਾਈਨਮੈਨ ਨੂੰ ਉਨ੍ਹਾਂ ਦੇ ਖੇਤ ਵਿੱਚ ਸਪਲਾਈ ਜੋੜਨ ਨੂੰ ਨਹੀਂ ਭੇਜਿਆ।ਦੂਜੇ ਪਾਸੇ ਦੂਸਰੇ ਕਿਸਾਨ ਜਗਤਾਰ ਸਿੰਘ, ਗੁਰਸ਼ਰਨ ਸਿੰਘ ਵੱਲੋਂ ਦਬਕਾ ਮਾਰ ਕੇ ਲਾਈਨਮੈਨਾਂ ਨੂੰ ਖੇਤ ਵਿੱਚ ਜਾਣ ਤੋਂ ਵੀ ਵਰਜਿਆ ਗਿਆ।ਬੇਸ਼ੱਕ ਬਿਜਲੀ ਨਿਗਮ ਦੇ ਸਰਕਾਰੀ ਕੰਮ ਵਿੱਚ ਵਿਘਨ ਪਾਉਣ ਵਾਲੇ ਕਿਸੇ ਵੀ ਸ਼ਰਾਰਤੀ ਅਨਸਰ ਖ਼ਿਲਾਫ਼ ਨਿਗਮ ਅਧਿਕਾਰੀਆਂ ਵੱਲੋਂ ਤੁਰੰਤ ਕਾਰਵਾਈ ਕਰਕੇ ਬਿਜਲੀ ਸਪਲਾਈ ਨੂੰ ਯਕੀਨੀ ਬਣਾਉਣਾ ਹੁੰਦਾ ਹੈ, ਪ੍ਰੰਤੂ ਉਕਤ ਅਧਿਕਾਰੀਆਂ ਨੇ ਇਸ ਸੰਬੰਧੀ ਕੋਈ ਕਾਰਵਾਈ ਨਾ ਕੀਤੀ।ਪੇਸ਼ ਨਾ ਜਾਂਦੀ ਵੇਖ ਕੇ ਪਰਮਜੀਤ ਸਿੰਘ ਵੱਲੋਂ ਜਦੋਂ ਇਸ ਬਾਬਤ ਥਾਣਾ ਸਦਰ ਨਾਭਾ ਨਾਲ ਸੰਪਰਕ ਕੀਤਾ ਗਿਆ ਤਾਂ ਪੁਲਸ ਪਾਰਟੀ ਵੱਲੋਂ ਮੌਕੇ 'ਤੇ ਦੋਨਾਂ ਧਿਰਾਂ ਪਰਮਜੀਤ ਸਿੰਘ ਤੇ ਜਗਤਾਰ ਸਿੰਘ, ਗੁਰਸ਼ਰਨ ਸਿੰਘ, ਬਲਵਿੰਦਰ ਕੌਰ ਤੇ ਹੋਰ ਨੂੰ ਮੌਕੇ 'ਤੇ ਬੁਲਾ ਕੇ ਤਾਰਾਂ ਨੂੰ ਜੋੜਨ ਬਾਰੇ ਪੁੱਛਿਆ ਗਿਆ ਤਾਂ ਮੌਕੇ 'ਤੇ ਮੌਜੂਦ ਜਗਤਾਰ ਸਿੰਘ, ਗੁਰਸ਼ਰਨ ਸਿੰਘ, ਬਲਵਿੰਦਰ ਕੌਰ ਵੱਲੋਂ ਪਹਿਲਾਂ ਧੱਕਾਮੁੱਕੀ ਕੀਤੀ ਗਈ ਤੇ ਫ਼ੇਰ ਜਦੋਂ ਪੁਲਸ ਅਧਿਕਾਰੀ ਵੱਲੋਂ ਸਖ਼ਤੀ ਨਾਲ ਪੁੱਛਿਆ ਗਿਆ ਤਾਂ ਉਨ੍ਹਾਂ ਕਿਹਾ ਕਿ ਇਹ ਤਾਰਾਂ ਤੋੜਨ ਲਈ ਉਨ੍ਹਾਂ ਨੂੰ ਬਿਜਲੀ ਨਿਗਮ ਦੇ ਐੱਸ.ਡੀ.ਓ. ਸੁਰਜੀਤ ਸਿੰਘ ਤੇ ਜੇ ਈ ਨਰਿੰਦਰ ਸਿੰਘ ਵੱਲੋਂ ਕਿਹਾ ਗਿਆ ਸੀ।ਦੇਰ ਰਾਤ ਦੀ ਬਹਿਸ ਤੋਂ ਬਾਅਦ ਪਰਮਜੀਤ ਸਿੰਘ ਨੇ ਉਕਤ ਅਧਿਕਾਰੀਆਂ ਵੱਲੋਂ ਫ਼ੋਨ ਨਾ ਚੁੱਕਣ ਤੋਂ ਬਾਅਦ ਉਨ੍ਹਾਂ ਵੱਲੋਂ ਵੱਖ ਵੱਖ ਫ਼ੋਨਾਂ ਤੋਂ ਐੱਸ.ਡੀ.ਓ. ਸੁਰਜੀਤ ਸਿੰਘ ਤੇ ਜੇ.ਈ. ਨਰਿੰਦਰ ਨੂੰ ਫ਼ੋਨ ਕੀਤਾ ਗਿਆ।ਜਦੋਂ ਪਰਮਜੀਤ ਸਿੰਘ ਵੱਲੋਂ ਫ਼ਸਲ ਸੁੱਕਣ ਦਾ ਹਵਾਲਾ ਦਿੰਦਿਆਂ ਐੱਸ.ਡੀ.ਓ. ਸੁਰਜੀਤ ਸਿੰਘ ਨੂੰ ਫ਼ੋਨ 'ਤੇ ਕਿਹਾ ਗਿਆ, ਉਦੋਂ ਉਕਤ ਅਧਿਕਾਰੀ ਨੇ ਕਿਹਾ ਕਿ ਉਹ ਬੰਦੇ ਭੇਜ ਕੇ ਸਪਲਾਈ ਨੂੰ ਚਲਵਾ ਦਿੰਦੇ ਹਨ, ਪ੍ਰੰਤੂ ਉਸ ਤੋਂ ਬਾਅਦ ਫ਼ੇਰ ਸਵੇਰ ਤੋਂ ਲੈ ਕੇ ਦੁਪਹਿਰ ਤੱਕ ਨਾ ਕੋਈ ਅਧਿਕਾਰੀ ਆਇਆ ਤੇ ਨਾ ਐੱਸ.ਡੀ.ਓ. ਤੇ ਜੇ.ਈ. ਵੱਲੋਂ ਫ਼ੋਨ ਚੁੱਕਿਆ ਗਿਆ।ਇਸ ਮੌਕੇ ਇਕ ਬਿਜਲੀ ਨਿਗਮ ਦੇ ਕਰਮਚਾਰੀ ਵੱਲੋਂ ਪਰਮਜੀਤ ਸਿੰਘ ਨੂੰ ਖੇਤ ਪਹੁੰਚ ਕੇ ਆਖਿਆ ਗਿਆ ਕਿ ਉਨ੍ਹਾਂ ਨੂੰ ਜੇ.ਈ. ਨਰਿੰਦਰ ਵੱਲੋਂ ਹਦਾਇਤ ਹੈ ਕਿ ਪਰਮਜੀਤ ਸਿੰਘ ਦੀਆਂ ਟੁੱਟੀਆਂ ਤਾਰਾਂ ਨੂੰ ਜੋੜਿਆ ਨਾ ਜਾਵੇ।ਪੇਸ਼ ਨਾ ਜਾਂਦੀ ਵੇਖ ਕੇ ਜਦੋਂ ਪਰਮਜੀਤ ਸਿੰਘ ਵੱਲੋਂ ਤਾਰਾਂ ਨੂੰ ਜੋੜਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਕਤ ਕਿਸਾਨ ਨੂੰ ਜ਼ੋਰਦਾਰ ਕਰੰਟ ਲੱਗਾ ਤੇ ਕਰੰਟ ਕਾਰਨ ਕਿਸਾਨ ਟ੍ਰਾਂਸਫਾਰਮਰ ਤੋਂ ਬਹੁਤ ਦੂਰ ਜਾ ਕੇ ਡਿੱਗਿਆ।ਬੇਸ਼ੱਕ ਹੁਣ ਕਿਸਾਨ ਦੀ ਹਾਲਤ ਖ਼ਤਰੇ ਤੋਂ ਬਾਹਰ ਹੈ, ਪ੍ਰੰਤੂ ਇਹ ਵੱਡਾ ਸਵਾਲ ਹੈ ਕਿ ਕੋਈ ਵੀ ਸ਼ਰਾਰਤੀ ਅਨਸਰ ਜੇਕਰ ਬਿਜਲੀ ਨਿਗਮ ਦੀ ਸਪਲਾਈ ਨੂੰ ਤੋੜ ਕੇ ਕਿਸੇ ਹੋਰ ਦਾ ਨੁਕਸਾਨ ਕਰੇ ਤਾਂ ਕਿ ਬਿਜਲੀ ਅਧਿਕਾਰੀ ਉਨ੍ਹਾਂ ਨੂੰ ਛੁੱਟੀਆਂ ਦਾ ਹਵਾਲਾ ਦੇ ਕੇ ਕਿਸੇ ਜਾਨੀ-ਮਾਲੀ ਨੁਕਸਾਨ ਹੋਣ ਦੀ ਉਡੀਕ ਕਰਨਗੇ।

## ਸਫਾਈ ਅਪਣਾਓ ਬਿਮਾਰੀ ਭਗਾਓ ਮੁਹਿੰਮ ਅੱਜ ਤੋਂ : ਈ ਓ ਭਟਨਾਗਰ

**ਸ਼ਹਿਰ ਵਾਸੀ ਇਸ ਮੁਹਿੰਮ 'ਚ ਵਧ-ਚੜ੍ਹ ਕੇ ਸਹਿਯੋਗ ਕਰਨ : ਜਗੀਰ ਸਿੰਘ**



**ਮਮਦੋਟ (ਹਰਪਾਲ ਸਿੰਘ ਸੋਢੀ)**-ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੀ ਐੱਮ ਆਈ ਡੀ ਸੀ ਚੰਡੀਗੜ੍ਹ ਵੱਲੋਂ ਬਣਾਏ ਗਏ ਸ਼ਡਿਊਲ ਨੂੰ ਮੁੱਖ ਰੱਖਦੇ ਹੋਏ ਅੱਜ ਮਾਣਯੋਗ ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਫ਼ਿਰੋਜ਼ਪੁਰ ਸ੍ਰੀ ਦਮਨਜੀਤ ਸਿੰਘ ਦੇ ਦਿਸ਼ਾ ਨਿਰਦੇਸ਼ ਅਨੁਸਾਰ ਨਗਰ ਪੰਚਾਇਤ ਮਮਦੋਟ ਦੇ ਕਾਰਜ ਸਾਧਕ ਅਫ਼ਸਰ ਸ੍ਰੀਮਤੀ ਪੂਨਮ ਭਟਨਾਗਰ ਤੇ ਸੈਨਟਰੀ ਇੰਸਪੈਕਟਰ ਜਗੀਰ ਸਿੰਘ ਵੱਲੋਂ ਸਾਂਝੇ ਤੌਰ 'ਤੇ ਦੱਸਿਆ ਗਿਆ ਕਿ 1 ਜੁਲਾਈ ਤੋਂ 31 ਜੁਲਾਈ 2025 ਤੱਕ ਸਫਾਈ ਅਪਣਾਓ ਬਿਮਾਰੀ ਭਗਾਓ ਮੁਹਿੰਮ ਚਲਾਈ ਜਾਵੇਗੀ, ਜਿਸ ਤਹਿਤ ਸ਼ਹਿਰ ਦੇ ਸਮੂਹ ਵਾਰਡਾਂ ਅੰਦਰ ਕਚਰੇ ਦੀ ਕੁਲੈਕਸ਼ਨ, ਕਚਰੇ ਤੋਂ ਖਾਦ ਤਿਆਰ ਕਰਨਾ, ਸੜਕਾਂ ਤੋਂ ਕਚਰੇ ਦੇ ਢੇਰਾਂ ਨੂੰ ਹਟਾਉਣਾ ਤੇ ਉਨ੍ਹਾਂ ਸਥਾਨਾਂ ਦਾ ਸੁੰਦਰੀਕਰਨ ਕਰਨਾ, ਸ਼ਹਿਰ ਦੇ ਵੱਖ ਵੱਖ ਸਥਾਨਾਂ ਤੋਂ ਮਲਬੇ ਦੀ ਲਿਫਟਿੰਗ ਕਰਨਾ, ਸੈਲਫ ਵੱਖ ਪਲਾਂਟਾਂ ਦੀ ਸਾਫ ਸਫਾਈ ਤੇ ਖਾਦ ਨੂੰ ਲੋਕਾਂ ਨੂੰ ਮੁਫ਼ਤ ਵੰਡਣ ਲਈ ਕੈਂਪ ਸਟਾਲ ਲਗਾਉਣੇ ਸ਼ਹਿਰ ਦੇ ਸਕੂਲਾਂ ਦੇ ਵਿਦਿਆਰਥੀਆਂ ਨਾਲ ਮਿਲ ਕੇ ਸਵੱਛਤਾ ਪ੍ਰਤੀ ਰੈਲੀਆਂ ਕੱਢਣੀਆਂ, ਸਕੂਲੀ ਵਿਦਿਆਰਥੀਆਂ ਨੂੰ ਹੱਥ ਧੋਣ ਦੀ ਜਾਂਚ ਲਈ ਸਿਖਲਾਈ ਦੇਣਾ, ਆਂਗਣਵਾੜੀ ਵਰਕਰਾਂ ਨੂੰ ਘਰੇਲੂ ਕਚਰੇ ਤੋਂ ਖਾਦ ਤਿਆਰ ਕਰਨ ਦੀ ਸਿਖਲਾਈ ਦੇਣਾ, ਇਸ ਤੋਂ ਇਲਾਵਾ ਸਵੱਛਤਾ ਪ੍ਰਤੀ ਵੱਖ ਵੱਖ ਪ੍ਰਕਾਰ ਦੀਆਂ ਗਤੀਵਿਧੀਆਂ ਕੀਤੀਆਂ ਜਾਣਗੀਆਂ। ਇਸ ਮੌਕੇ ਪ੍ਰਧਾਨ ਨਗਰ ਪੰਚਾਇਤ ਸ੍ਰੀ ਉਪਿੰਦਰ ਸਿੰਘ ਸਿੰਧੀ ਵੱਲੋਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਘਰਾਂ ਦੇ ਆਲੇ ਦੁਆਲੇ ਸਾਫ ਸਫਾਈ ਬਣਾਈ ਰੱਖਣ ਤੇ ਆਪਣੇ ਖਾਲੀ ਪਏ ਪਲਾਟਾਂ ਨੂੰ ਆਪਣੇ ਪੱਧਰ 'ਤੇ ਸਾਫ ਕਰਨ ਤਾਂ ਜੋ ਸ਼ਹਿਰ ਨੂੰ ਹੋਰ ਵਧੇਰੇ ਸਾਫ ਸੁਥਰਾ ਕੀਤਾ ਜਾ ਸਕੇ।

# ਗੈਸ ਧਮਾਕੇ ਕਾਰਨ ਖੇਰੂੰ-ਖੇਰੂੰ ਹੋਏ ਸੁਪਨੇ ਦੇ ਘਰ ਨੂੰ ਜੋੜਨ ਪਹੁੰਚਿਆ ਮਾਹੀ ਸ਼ੇਰਗਿੱਲ

**ਸਮੂਹ ਸਮਾਜ ਸੇਵੀਆਂ ਨੂੰ ਪੀੜਤ ਪਰਵਾਰ ਦੀ ਮਦਦ ਕਰਨ ਦੀ ਅਪੀਲ**



**ਸ਼ੇਰਪੁਰ (ਰਵੀ ਟਿੱਬਾ)**-ਪਿਛਲੇ ਦਿਨੀਂ ਕਸਬਾ ਸ਼ੇਰਪੁਰ ਨੇੜੇ ਪੈਂਦੇ ਪਿੰਡ ਬੜੀ ਸੰਗਰੂਰ ਵਿਖੇ ਇੱਕ ਕਿਰਤੀ ਪਰਵਾਰ ਦੇ ਘਰ ਰਾਤ ਨੂੰ ਸੌਂਦੇ ਸਮੇਂ ਗੈਸ ਸਿਲੰਡਰ ਫਟਣ ਕਾਰਨ ਭਿਆਨਕ ਹਾਦਸਾ ਵਾਪਰਿਆ ਸੀ।ਇਸ ਹਾਦਸੇ ਕਾਰਨ ਭਾਵੇਂ ਉਸ ਪਰਵਾਰ ਦਾ ਜਾਨੀ ਨੁਕਸਾਨ ਹੋਣੋਂ ਬਚ ਗਿਆ, ਪਰ ਇਸ ਕਿਰਤੀ ਦਾ ਮਾਲੀ ਨੁਕਸਾਨ ਬਹੁਤ ਜ਼ਿਆਦਾ ਹੋ ਗਿਆ। ਇਥੋਂ ਤੱਕ ਕਿ ਉਸ ਦੇ ਸੁਪਨਿਆਂ ਦਾ ਘਰ ਵੀ ਧਮਾਕੇ ਕਾਰਨ ਖੇਰੂੰ ਖੇਰੂੰ ਹੋ ਗਿਆ, ਜੋ ਉਸ ਨੇ ਆਪਣੀ ਖ਼ੂਨ ਪਸੀਨੇ ਦੀ ਕਮਾਈ ਨਾਲ ਉਸਾਰਿਆ ਸੀ।ਇਸ ਤੋਂ ਇਲਾਵਾ ਰੋਜ਼ਾਨਾ ਵਰਤੋਂ ਦਾ ਸਾਮਾਨ ਜਿਵੇਂ ਕਿ ਟੀ ਵੀ, ਫਰਿਜ਼, ਕੂਲਰ ਰੋਜ਼ ਵਰਤੋਂ ਵਿੱਚ ਆਉਣ ਵਾਲੇ ਬਰਤਨ, ਮੋਟਰਸਾਈਕਲ ਤੇ ਹੋਰ ਕੀਮਤੀ ਸਾਮਾਨ ਸੜ ਕੇ ਤਬਾਹ ਹੋ ਗਿਆ।ਇਸ ਘਟਨਾ ਬਾਰੇ ਜਦੋਂ ਪੱਤਰਕਾਰ ਹਰਦੀਪ ਸਿੰਘ ਸ਼ੇਰਪੁਰ ਵੱਲੋਂ ਆਪਣੇ ਚੈਨਲ 'ਸਨ ਪੰਜਾਬ ਟੀਵੀ' ਉੱਤੇ ਵੀਡੀਓ ਚਲਾਈ ਗਈ ਹੈ ਤਾਂ ਇਸ ਨੂੰ ਦੇਖ ਕੇ ਕਸਬਾ ਸ਼ੇਰਪੁਰ ਦੇ ਪੱਤਰਕਾਰ ਤੇ ਬਿਜ਼ਨੈੱਸਮੈਨ ਸ੍ਰ. ਯਾਦਵਿੰਦਰ ਸਿੰਘ ਮਾਹੀ ਸ਼ੇਰਗਿੱਲ ਫ਼ਤਿਹ ਇਮੀਗ੍ਰੇਸ਼ਨ ਸ਼ੇਰਪੁਰ ਦੇ ਐੱਮ ਡੀ ਅਤੇ ਜਸਵੀਰ ਸਿੰਘ ਸੀਰਾ ਸ਼ੇਰਗਿੱਲ ਡਾਇਰੈਕਟਰ ਹਰਵਿੰਦਰ ਸਿੰਘ ਕੁੱਕੂ ਸਰਾਂ, ਹਰਦੀਪ ਸਿੰਘ ਪੱਤਰਕਾਰ ਸ਼ੇਰਪੁਰ, ਸਨ ਪੰਜਾਬ ਟੀਵੀ ਜਗਦੀਪ ਸਿੰਘ ਜੱਗੀ ਹੰਸ ਵਿਸ਼ੇਸ਼ ਤੌਰ 'ਤੇ ਇਸ ਪਰਵਾਰ ਨਾਲ ਦਰਦ ਵੰਡਾਉਣ ਲਈ ਪਹੁੰਚੇ। ਇਸ ਸਮੇਂ ਉਨ੍ਹਾਂ ਨੇ ਪੀੜਤ ਪਰਵਾਰ ਦੀ 11000 ਰੁਪਏ ਨਕਦ ਆਰਥਿਕ ਤੌਰ 'ਤੇ ਮਦਦ ਕੀਤੀ।

ਉਨ੍ਹਾਂ ਇਸ ਸਮੇਂ ਪੱਤਰਕਾਰਾਂ ਨੂੰ ਸੰਬੋਧਨ ਕਰਦੇ ਹੋਏ ਸਾਰੇ ਹੀ ਸਮਾਜ ਸੇਵੀ ਲੋਕਾਂ ਨੂੰ ਅਪੀਲ ਕੀਤੀ ਕਿ ਕਿਰਤੀ ਬਲਵਿੰਦਰ ਸਿੰਘ ਦੇ ਪਰਵਾਰ ਦੀ ਆਰਥਿਕ ਮਦਦ ਕੀਤੀ ਜਾਵੇ ਤਾਂ ਕਿ ਇਸ ਦੁੱਖ ਦੀ ਘੜੀ ਵਿੱਚ ਇਸ ਪਰਵਾਰ ਦੀ ਕੁਝ ਮਦਦ ਹੋ ਸਕੇ। ਉਨ੍ਹਾਂ ਪੀੜਤ ਪਰਵਾਰ ਨੂੰ ਭਰੋਸਾ ਦਿਵਾਉਂਦੇ ਹੋਏ ਕਿਹਾ ਕਿ ਇੰਡੇਨ ਗੈਸ ਕੰਪਨੀ ਤੋਂ ਕਲੇਮ ਲੈਣ ਲਈ ਜੋ ਵੀ ਕਾਨੂੰਨੀ ਕਾਰਵਾਈ ਹੋਵੇਗੀ, ਉਸ ਵਿੱਚ ਪਹਿਲ ਦੇ ਆਧਾਰ 'ਤੇ ਤੁਹਾਡਾ ਸਹਿਯੋਗ ਕਰਾਂਗੇ।ਇਸ ਮੌਕੇ ਸਾਬਕਾ ਸਰਪੰਚ ਸੀਨੀਅਰ ਕਾਂਗਰਸੀ ਆਗੂ ਜਸਮੇਲ ਸਿੰਘ ਬੜੀ, ਅਮਨਪ੍ਰੀਤ ਸਿੰਘ ਪੀਤਾ ਬੜੀ, ਇੰਦਰਜੀਤ ਸਿੰਘ ਬੜੀ ਆਦਿ ਹਾਜ਼ਰ ਸਨ।

## ਵਿਸ਼ਵ ਦੇ ਪਹਿਲੇ ਵਰਲਡ ਹੈਰੀਟੇਜ ਮੰਦਰ ਦਾ ਲੋਕ ਗਾਇਕਾ ਸੁੱਖੀ ਬਰਾੜ ਨੇ ਰੱਖਿਆ ਨੀਂਹ ਪੱਥਰ



**ਨਿਹਾਲ (ਲਵਲੀ ਕੁਮਾਰ)**-ਪੰਜਾਬ ਦੀ ਸਿਰਮੌਰ ਸੱਭਿਆਚਾਰਕ ਸ਼ਖ਼ਸੀਅਤ ਤੇ ਉੱਘੀ ਲੋਕ ਗਾਇਕਾ ਸੁੱਖੀ ਬਰਾੜ (ਪੰਜਾਬ ਕੌਰ) ਵੱਲੋਂ ਦੇਵੀਗੜ੍ਹ ਰੋਡ ਪਟਿਆਲਾ ਵਿਖ਼ੇ ਵਿਸ਼ਵ ਦੇ ਪਹਿਲੇ ਵਰਲਡ ਹੈਰੀਟੇਜ ਮੰਦਰ ਦਾ ਨੀਂਹ ਪੱਥਰ ਰੱਖਿਆ ਗਿਆ।ਇਹ ਜਾਣਕਾਰੀ ਦਿੰਦਿਆਂ ਪੰਜਾਬ ਦੇ ਉੱਘੇ ਗੀਤਕਾਰ ਤੇ ਪੇਸ਼ਕਾਰ ਭੱਟੀ ਭੜੀ ਵਾਲਾ ਨੇ ਦੱਸਿਆ ਕਿ ਇਹ ਮੰਦਰ ਦੁਨੀਆ ਦਾ ਪਹਿਲਾ ਮੰਦਰ ਹੈ, ਜਿੱਥੇ ਗੁਰੂ ਨਾਨਕ ਦੇਵ ਜੀ ਤੇ ਸ਼ਿਵ ਜੀ ਮਹਾਰਾਜ ਦੀਆਂ ਸਿੱਖਿਆਵਾਂ ਦਾ ਗੁਣਗਾਨ ਕੀਤਾ ਜਾਇਆ ਕਰੇਗਾ ਅਤੇ ਪੰਜਾਬੀ ਮਾਂ ਬੋਲੀ, ਪੰਜਾਬੀ ਭਾਸ਼ਾ, ਪੰਜਾਬੀ ਸੱਭਿਆਚਾਰ ਤੇ ਪੰਜਾਬੀ ਵਿਰਸੇ ਦੀ ਭਰਪੂਰ ਜਾਣਕਾਰੀ ਸਾਡੀ ਨਵੀਂ ਪੀੜ੍ਹੀ ਨੂੰ ਦੇਣ ਲਈ ਪੰਜਾਬੀ ਸੱਭਿਆਚਾਰ ਤੇ ਵਿਰਸੇ ਨਾਲ ਸੰਬੰਧਤ ਡਿਪਲੋਮਾ ਵੀ ਕਰਵਾਇਆ ਜਾਏਗਾ।

ਦੁਨੀਆ ਦੇ ਇਸ ਵਿਲੱਖਣ ਤੇ ਪਹਿਲੇ ਮੰਦਰ ਬਾਰੇ ਜਾਣਕਾਰੀ ਦਿੰਦਿਆਂ ਵਰਲਡ ਹੈਰੀਟੇਜ ਮੰਦਰ ਦੀ ਮੁਖੀ ਤੇ ਕਰਤਾ ਧਰਤਾ ਮੈਡਮ ਸੁੱਖੀ ਬਰਾੜ ਨੇ ਦੱਸਿਆ ਕਿ ਉਨ੍ਹਾਂ ਨੂੰ ਭਾਵੇਂ ਕਿ ਲੰਮਾ ਸਮਾਂ ਹੋ ਗਿਆ ਪੰਜਾਬੀ ਮਾਂ ਬੋਲੀ ਤੇ ਪੰਜਾਬੀ ਸੱਭਿਆਚਾਰ ਦੀ ਸੇਵਾ ਕਰਦਿਆਂ, ਪਰ ਉਨ੍ਹਾਂ ਦੇ ਦਿਲੋਂ ਦਿਮਾਗ ਵਿੱਚ ਇਹ ਸੋਚ ਬਹੁਤ ਦੇਰ ਤੋਂ ਚੱਲ ਰਹੀ ਸੀ ਕਿ ਸੱਭਿਆਚਾਰ, ਮਾਂ ਬੋਲੀ ਪੰਜਾਬੀ, ਵਿਰਸੇ ਤੇ ਵਿਰਾਸਤ ਨੂੰ ਸਦੀਆਂ ਤੱਕ ਜਿਓਂਦਾ ਰੱਖਣ ਲਈ ਕੋਈ ਵੱਡੇ ਸੱਭਿਆਚਾਰਕ ਸੈਂਟਰ ਦੀ ਜ਼ਰੂਰਤ ਹੈ, ਜਿੱਥੇ ਸੱਭਿਆਚਾਰ ਤੇ ਮਾਂ ਬੋਲੀ ਨਾਲ ਸੰਬੰਧਤ ਇੱਕ ਵੱਡੀ ਆਰਟ ਗੈਲਰੀ, ਓਪਨ ਏਅਰ ਥੀਏਟਰ, ਸੱਭਿਆਚਾਰ ਦੀਆਂ ਵੱਖ ਵੱਖ ਵੰਨਗੀਆਂ ਦੇ ਦ੍ਰਿਸ਼ ਤੇ ਜਾਣਕਾਰੀ ਭਰਪੂਰ ਪ੍ਰੋਗਰਾਮਾਂ ਦਾ ਆਯੋਜਨ ਵੀ ਸਮੇਂ ਸਮੇਂ ਸਿਰ ਕੀਤਾ ਜਾ ਸਕੇ। ਸੁੱਖੀ ਬਰਾੜ ਨੇ ਦੱਸਿਆ ਕਿ ਉਨ੍ਹਾਂ ਦੇ ਲੰਮੇ ਸਮੇਂ ਦੇ ਸੁਪਨੇ ਨੂੰ ਪੂਰਾ ਕਰਨ ਲਈ ਉਨ੍ਹਾਂ ਨਾਲ ਪੰਜਾਬ ਦੇ ਉੱਘੇ ਗੀਤਕਾਰ ਭੱਟੀ ਭੜੀਵਾਲਾ ਅਤੇ ਲੋਕ ਗਾਇਕ ਤੇ ਗੀਤਕਾਰ ਬਾਜਵਾ ਸਿੰਘ ਤੋਂ ਇਲਾਵਾ ਸਰਤਾਜ ਸਿੰਘ ਤੇ ਹੋਰ ਸ਼ਖ਼ਸੀਅਤਾਂ ਨੇ ਹਰ ਪੱਖੋਂ ਮੱਦਦ ਕਰਨ ਤੇ ਇਸ ਮਹਾਨ ਕਾਰਜ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਵਿੱਚ ਆਪਣਾ ਪੂਰਾ ਯੋਗਦਾਨ ਦੇਣ ਦਾ ਭਰੋਸਾ ਜਤਾਇਆ ਹੈ। ਦੱਸਣਯੋਗ ਹੈ ਕਿ ਮੈਡਮ ਸੁੱਖੀ ਬਰਾੜ ਵੱਲੋਂ ਪੰਜਾਬੀ ਮਾਂ ਬੋਲੀ ਤੇ ਪੰਜਾਬੀ ਸੱਭਿਆਚਾਰ ਦੇ ਪ੍ਰਚਾਰ ਤੇ ਪਸਾਰ ਲਈ 'ਹੈਰੀਟੇਜ ਸੈਂਟਰ' ਚੰਡੀਗੜ੍ਹ ਵਿਖ਼ੇ ਪਿਛਲੇ ਲੰਮੇ ਸਮੇਂ ਤੋਂ ਚਲਾਇਆ ਜਾ ਰਿਹਾ ਹੈ।ਪੰਜਾਬ ਦੇ ਵਿਰਾਸਤੀ ਸ਼ਹਿਰ ਪਟਿਆਲਾ ਵਿਖ਼ੇ ਦੇਵੀਗੜ੍ਹ ਰੋਡ 'ਤੇ ਬਣਨ ਜਾ ਰਹੇ ਦੁਨੀਆ ਦੇ ਪਹਿਲੇ ਵਰਲਡ ਹੈਰੀਟੇਜ ਮੰਦਰ ਦਾ ਨੀਂਹ ਪੱਥਰ ਰੱਖਣ ਮੌਕੇ ਪੰਜਾਬੀ ਫ਼ਿਲਮਾਂ ਦੀ ਉੱਘੀ ਤੇ ਸਿਰਮੌਰ ਅਦਾਕਾਰਾ ਸੁਨੀਤਾ ਧੀਰ, ਉੱਘੇ ਗੀਤਕਾਰ ਭੱਟੀ ਭੜੀ ਵਾਲਾ, ਉੱਘੇ ਲੋਕ ਗਾਇਕ ਬਾਜਵਾ ਸਿੰਘ, ਨਵੀਨ ਸ਼ਰਮਾ, ਰਿਸ਼ੀ ਰਾਜ, ਅਮਿਤ ਗਾਗੁਨੀ, ਪਿੰਡ ਦੇ ਸਰਪੰਚ ਤੇ ਪੰਚਾਇਤ ਮੈਂਬਰਾਂ ਤੋਂ ਇਲਾਵਾ ਇਲਾਕੇ ਦੇ ਪਤਵੰਤੇ ਸੱਜਣ ਹਾਜ਼ਰ ਸਨ।ਇਹ ਮੰਦਰ ਦੁਨੀਆ ਭਰ ਦੇ ਪੰਜਾਬੀ ਸੱਭਿਆਚਾਰ ਤੇ ਮਾਂ ਬੋਲੀ ਦੇ ਚਹੇਤਿਆਂ ਦੇ ਸਹਿਯੋਗ ਨਾਲ ਜਲਦ ਤਿਆਰ ਕਰ ਲਿਆ ਜਾਏਗਾ।

# 3 ਨਸ਼ਾ ਤਸਕਰ 150 ਗ੍ਰਾਮ ਹੈਰੋਇਨ ਤੇ 1 ਲੱਖ ਦੀ ਡਰੱਗ ਮਨੀ ਸਮੇਤ ਕਾਬੂ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**
ਡਾ. ਪ੍ਰਗਿਆ ਜੈਨ ਐਸ.ਐਸ.ਪੀ ਦੇ ਨਿਰਦੇਸ਼ਾਂ ਅਧੀਨ ਚਲ ਰਹੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਾ ਤਸਕਰਾ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ।ਇਸੇ ਤਹਿਤ ਇੱਕ ਹੋਰ ਸਫਲਤਾ ਹਾਸਲ ਕਰਦਿਆਂ ਥਾਣਾ ਸਿਟੀ ਨੇ 03 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਪਾਸੋਂ 150 ਗ੍ਰਾਮ ਹੈਰੋਇਨ ਤੇ 01 ਲੱਖ ਰੁਪਏ ਬਰਾਮਦ ਕੀਤੇ ਗਏ ਹਨ। ਗ੍ਰਿਫਤਾਰ ਕੀਤੇ ਗਏ ਦੋਸ਼ੀਆਂ ਦੀ ਪਛਾਣ ਅਕਾਸ਼ ਪੁੱਤਰ ਕਾਰਜ ਸਿੰਘ (ਵਾਸੀ ਨਹਿਰ ਕਲੋਨੀ ਫਿਰੋਜਪੁਰ), ਜੋਗਿੰਦਰ ਸਿੰਘ ਉਰਫ ਕਾਕਾ (ਵਾਸੀ ਬਲਬੀਰ ਬਸਤੀ, ਫਰੀਦਕੋਟ) ਅਤੇ ਗੁਰਪ੍ਰੀਤ ਸਿੰਘ ਉਰਫ ਗੋਪੀ (ਵਾਸੀ ਗੋਰਖਾ ਜਿਲਾ ਤਰਨਤਾਰਨ) ਵਜੋ ਹੋਈ ਹੈ। ਪੁਲਿਸ ਟੀਮਾਂ ਨੇ ਦੋਸ਼ੀਆਂ ਪਾਸੋ 01 ਕੰਪਿਊਟਰ ਕੰਡਾ, 03 ਮੋਬਾਇਲ ਫੋਨ ਅਤੇ ਇੱਕ ਆਈ-20 ਕਾਰ ਵੀ ਬਰਾਮਦ ਕੀਤੀ ਗਈ ਹੈ।ਜਾਣਕਾਰੀ ਮੁਤਾਬਕ ਫਰੀਦਕੋਟ ਪੁਲਸ ਨੂੰ ਰੈੱਡ ਕਰਾਸ ਕੰਟੀਨ ਤੋਂ ਥੋੜਾ ਅੱਗੇ ਇੱਕ ਕਾਰ ਵਿੱਚ ਸਵਾਰ ਦੋਸ਼ੀਆਂ ਪਾਸ ਨਸ਼ੀਲੀ ਵਸਤੂ ਹੋਣ ਸੂਚਨਾ ਮਿਲਣ 'ਤੇ ਸ:ਥ ਅਕਲਪ੍ਰੀਤ ਸਿੰਘ ਇੰਚਾਰਜ ਪੁਲਸ ਚੌਕੀ ਮੈਡੀਕਲ ਕਾਲਜ ਵੱਲੋਂ ਪੁਲਸ ਪਾਰਟੀ ਸਮੇਤ ਮੌਕੇ 'ਤੇ ਜਾ ਕੇ ਚੈਕ ਕੀਤਾ ਤਾਂ ਕਾਰ ਦੇ ਡੈਸ਼ ਬੋਰਡ ਪਰ ਹੈਰੋਇਨ ਅਤੇ 01 ਕੰਪਿਊਟਰ ਕੰਡਾ ਮਿਲਿਆ, ਜਿਸ 'ਤੇ ਦੋਸ਼ੀਆਂ ਦੀ ਤਲਾਸ਼ੀ ਲਈ। ਮੌਕੇ 'ਤੇ ਥਾਣੇਦਾਰ ਬੂਟਾ ਸਿੰਘ ਪੁਲਿਸ ਪਾਰਟੀ ਸਮੇਤ ਪਹੁੰਚੇ, ਜਿਨ੍ਹਾਂ ਵੱਲੋਂ ਤਲਾਸ਼ੀ ਕਰਨ 'ਤੇ 150 ਗ੍ਰਾਮ ਹੈਰੋਇਨ, 01 ਕੰਪਿਊਟਰ ਕੰਡਾ, 01 ਲੱਖ ਰੁਪਏ ਡਰੱਗ ਮਨੀ, 03 ਮੋਬਾਇਲ ਫੋਨ ਅਤੇ 01 ਆਈ-20 ਕਾਰ ਬਰਾਮਦ ਕੀਤੀ।ਇਸ ਸਬੰਧੀ ਥਾਣਾ ਸਿਟੀ ਫਰੀਦਕੋਟ ਵਿਖੇ ਐਨ.ਡੀ.ਪੀ.ਐਸ ਐਕਟ ਦੀਆਂ ਧਾਰਾਵਾਂ 21(ਬੀ)/61/85 ਤਹਿਤ ਮੁਕੱਦਮਾ ਨੰਬਰ 282 ਮਿਤੀ 29.06.2025 ਦਰਜ ਕੀਤਾ ਗਿਆ ਹੈ।ਤਫਤੀਸ਼ ਦੌਰਾਨ ਜਦ ਦੋਸ਼ੀਆਂ ਦੇ ਕ੍ਰਿਮੀਨਲ ਰਿਕਾਰਡ ਦੀ ਜਾਚ ਕੀਤੀ ਗਈ ਤਾਂ ਇਹ ਸਾਹਮਣੇ ਆਇਆ ਕਿ ਦੋਸ਼ੀ ਅਕਾਸ਼ ਪੁੱਤਰ ਕਾਰਜ ਸਿੰਘ ਵਾਸੀ ਨਹਿਰ ਕਲੋਨੀ, ਫਿਰੋਜਪੁਰ ਦੇ ਖਿਲਾਫ ਇਸ ਤੋਂ ਪਹਿਲਾਂ ਵੀ ਨਸ਼ੇ ਦੀ ਤਸਕਰੀ ਸਬੰਧੀ ਮੁਕੱਦਮਾ ਨੰਬਰ 67 ਮਿਤੀ 04.06.2022 ਅ/ਧ 21 ਐਨ.ਡੀ.ਪੀ.ਐਸ ਐਕਟ ਥਾਣਾ ਕੈਂਟ ਫਿਰੋਜ਼ਪੁਰ ਦਰਜ ਰਜਿਸਟਰ ਹੈ। ਮੁਕੱਦਮੇ ਵਿੱਚ ਗ੍ਰਿਫਤਾਰ ਦੋਸ਼ੀਆਂ ਨੂੰ ਮਾਨਯੋਗ ਅਦਲਾਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ ਤਾਂ ਜੁ ਹੋਰ ਪੁੱਛਗਿੱਛ ਕੀਤੀ ਜਾ ਸਕੇ।ਇਸ ਤੋਂ ਇਲਾਵਾ ਦੋਸ਼ੀ ਦੇ ਬੈਕਵਰਡ ਅਤੇ ਫਾਰਵਰਡ ਲਿੰਕਾਂ ਦੀ ਜਾਚ ਕੀਤੀ ਜਾ ਰਹੀ ਹੈ।

## ਸਕੂਲਾਂ ਨੇੜੇ ਬੰਦ ਹੋਵੇ ਨਸ਼ੀਲੀਆਂ ਚੀਜ਼ਾਂ ਦੀ ਵਿਕਰੀ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸੀ ਆਰ ਓ ਪੰਜਾਬ ਪ੍ਰਧਾਨ ਪੰਕਜ ਸੂਦ ਮੋਗਾ ਨੇ ਕਿਹਾ ਕਿ ਬੀੜੀਆਂ, ਸਿਗਰਟਾਂ, ਜਰਦਾ, ਕੂਲਿਪ ਸਟਿੰਗਾਂ ਜਿੱਥੋਂ ਬੱਚਿਆਂ ਦੀਆਂ ਆਦਤਾਂ ਤੋਂ ਸ਼ੁਰੂਆਤ ਹੁੰਦੀ ਹੈ, ਪੰਜਾਬ ਸਰਕਾਰ ਨੂੰ ਇਸ ਖਿਲਾਫ਼ ਸਖਤ ਐਕਸ਼ਨ ਲੈਣਾ ਚਾਹੀਦਾ ਹੈ।ਇਹ ਕੰਪਨੀਆਂ ਆਪਣਾ ਬ੍ਰਾਂਡ ਚਲਾ ਕੇ ਉਸ ਤੋਂ ਬਾਅਦ ਇਸ ਦੀ ਘਾਟ ਪਾ ਕੇ ਦੁਕਾਨਦਾਰਾਂ ਨੂੰ ਤੇ ਗ੍ਰਾਹਕਾਂ ਨੂੰ ਬਲੈਕਮੇਲ ਕੀਤਾ ਜਾਂਦਾ ਹੈ।ਉਦਾਹਰਣ ਦੇ ਤੌਰ 'ਤੇ ਹਾਥੀ ਜਰਦਾ 50/- ਵਾਲਾ 150/- ਰੁਪਏ ਦਾ ਵਿਕ ਰਿਹਾ ਹੈ।ਇਨ੍ਹਾਂ ਨਸ਼ਿਆਂ ਦੀ ਵਰਤੋਂ ਬੱਸ ਸਟੈਂਡ, ਸਕੂਲ ਤੇ ਪੁਲਸ ਸਟੇਸ਼ਨ ਐਸ ਡੀ ਐਮ, ਜੁਡੀਸ਼ੀਅਲ ਕੋਰਟ ਤੇ ਹੋਟਲਾਂ ਆਦਿ ਦੇ ਨੇੜੇ ਬੰਦ ਹੋਣੇ ਚਾਹੀਦੇ ਹਨ।

## ਪੀ ਜੀ ਆਈ ਨੇ ਸੁਖਾਵਾਂ ਮਾਹੌਲ ਸਬੰਧੀ ਜਾਰੀ ਕੀਤੀਆਂ ਹਦਾਇਤਾਂ

**ਸਮਰਾਲਾ (ਸੁਰਜੀਤ ਸਿੰਘ)**
ਪੀਜੀਆਈ ਚੰਡੀਗੜ੍ਹ ਦੀ ਮੈਨੇਜਮੈਂਟ ਨੇ ਮਰੀਜ਼ਾਂ, ਉਹਨਾਂ ਦੇ ਸਾਥੀਆਂ, ਕ੍ਰਮਚਾਰੀਆਂ ਤੇ ਹਸਪਤਾਲ ਦੇ ਮਾਹੌਲ ਦੀ ਸੁਰੱਖਿਆ, ਸਫਾਈ ਤੇ ਸੇਵਾਵਾਂ ਦੀ ਗੁਣਵੱਤਾ ਨੂੰ ਸਰਵਉੱਚ ਪਹਿਲ ਦਿੰਦੀਆਂ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਹਨ, ਜਿਸ ਤਹਿਤ ਸੰਸਥਾ ਨੇ ਕੰਟੀਨ ਤੇ ਪਾਰਕਿੰਗ ਵਰਗੀਆਂ ਜ਼ਰੂਰੀ ਸੇਵਾਵਾਂ ਪ੍ਰਦਾਨ ਕਰ ਰਹੇ ਠੇਕੇਦਾਰਾਂ ਵੱਲੋਂ ਹੋਣ ਵਾਲੀ ਕਿਸੇ ਵੀ ਕੁਤਾਹੀ ਜਾਂ ਗਲਤ ਵਿਹਾਰ ਪ੍ਰਤੀ ਜ਼ੀਰੋ ਟਾਲਰੈਂਸ ਨੀਤੀ ਅਪਨਾਈ ਹੈ।

ਸੰਸਥਾ ਦੇ ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ ਕਿਹਾ ਕਿ ਮਰੀਜ਼ਾਂ ਦੀ ਸੁਰੱਖਿਆ ਅਤੇ ਉਨ੍ਹਾਂ ਦੀ ਭਲਾਈ ਸੰਸਥਾ ਦੀ ਵਚਨਬੱਧਤਾ ਹੈ।ਉਹਨਾਂ ਕਿਹਾ ਕਿ ਠੇਕੇਦਾਰੀ ਸ਼ਰਤਾਂ ਦੀ ਉਲੰਘਣਾ ਕਰਕੇ ਹਸਪਤਾਲ ਦੇ ਮਾਹੌਲ ਨੂੰ ਵਿਗਾੜਨ ਵਾਲੇ ਵਿਅਕਤੀ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।ਮਰੀਜ਼, ਵਿਦਿਆਰਥੀ ਤੇ ਖੋਜਕਰਤਾ ਲਈ ਸੁਰੱਖਿਆ ਅਤੇ ਸੁਖਾਵਾਂ ਮਾਹੌਲ ਪ੍ਰਦਾਨ ਕਰਨਾ ਸੰਸਥਾ ਦੀ ਮੁੱਢਲੀ ਜ਼ਿੰਮੇਵਾਰੀ ਹੈ।

ਇਸ ਜ਼ਿੰਮੇਵਾਰੀ ਵਿਚ ਕੋਈ ਵੀ ਠੇਕੇਦਾਰ ਗੈਰ ਜ਼ਿੰਮੇਵਾਰ ਪਾਇਆ ਗਿਆ ਤਾਂ ਉਨ੍ਹਾਂ ਖਿਲਾਫ਼ ਕ੍ਰਿਮਿਨਲ ਕਾਰਵਾਈ ਵੀ ਕੀਤੀ ਜਾ ਸਕਦੀ ਹੈ। ਪੀਜੀਆਈ ਦੇ ਡਿਪਟੀ ਡਾਇਰੈਕਟਰ ਪ੍ਰਬੰਧਕੀ ਪੰਕਜ ਰਾਏ ਨੇ ਕਿਹਾ ਕਿ ਸਿਹਤ ਸੰਸਥਾ ਦੇ ਮਰੀਜ਼ਾਂ ਤੇ ਕ੍ਰਚਾਰੀਆਂ ਦੀ ਸੇਵਾ ਵਧੀਆ ਬਣਾਉਣ ਲਈ ਸੇਵਾ ਪ੍ਰਣਾਲੀ ਵਿੱਚ ਜ਼ਰੂਰੀ ਬਦਲਾਅ ਦੀ ਲੋੜ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਸੰਸਥਾ ਨੇ 'ਪ੍ਰਾਜੈਕਟ ਸਾਰਥੀ' ਹੇਠ ਵਿਦਿਆਰਥੀ ਸੇਵਕਾਂ ਨੂੰ ਭਰਤੀ ਕੀਤਾ ਹੈ, ਜੋ ਮਰੀਜ਼ਾਂ ਦੀ ਭੀੜ ਨੂੰ ਸੁਚੱਜੇ ਢੰਗ ਨਾਲ ਨਿਯੰਤਰਿਤ ਕਰਨ ਵਿੱਚ ਮਦਦ ਕਰ ਰਹੇ ਹਨ।ਉਨ੍ਹਾਂ ਹੋਰ ਕਿਹਾ ਕਿ 300 ਸਾਬਕਾ ਫ਼ੌਜੀਆਂ ਨੂੰ ਸੁਰੱਖਿਆ ਕ੍ਰਮਚਾਰੀ ਵਜੋਂ ਰੁਜ਼ਗਾਰ ਦੇਣ ਦੀ ਮਨਜ਼ੂਰੀ ਮਿਲ ਚੁੱਕੀ ਹੈ, ਜੋ ਆਉਣ ਵਾਲੇ ਇੱਕ ਮਹੀਨੇ ਵਿੱਚ ਹਸਪਤਾਲ ਦੇ ਮਹੱਤਵਪੂਰਨ ਹਿੱਸਿਆਂ ਵਿੱਚ ਤਾਇਨਾਤ ਕੀਤੇ ਜਾਣਗੇ।

...ਸ.ਫ਼ਾ 3 ਦੇ ਬਾਕੀ

### ਜਿਹੜੀ ਧਿਰ ਨੇ ਆਜ਼ਾਦੀ...

ਹੋ ਰਹੀ ਪਾਰਟੀ ਕਾਂਗਰਸ ਦੇ ਸੰਦਰਭ ਵਿੱਚ ਗੱਲ ਕਰਦਿਆਂ ਕਿਹਾ ਕਿ ਸਾਡੇ ਸਭ ਲਈ ਮਾਣ ਵਾਲੀ ਘੜੀ ਹੈ ਕਿ ਮਹਾਂ-ਸੰਮੇਲਨ ਕਰਨਾ ਪੰਜਾਬ ਦੇ ਹਿੱਸੇ ਆਇਆ ਹੈ। ਉਨ੍ਹਾ ਕਿਹਾ ਕਿ ਇਹ ਪੰਜਾਬੀਆਂ ਦਾ ਸੁਭਾਅ ਹੈ ਕਿ ਉਹ ਔਕੜਾਂ ਅੱਗੇ ਵੀ ਡਟ ਕੇ ਖੜਦੇ ਹਨ ਤੇ ਮਿਲੇ ਮੌਕਿਆਂ ਨੂੰ ਵੀ ਮਾਣਦੇ ਹਨ। ਉਨ੍ਹਾ ਕਿਹਾ ਕਿ ਇਸ ਸਬੰਧੀ ਸਰਗਰਮੀਆਂ ਦੇਖਦਿਆਂ ਪੂਰਨ ਆਸ ਬੱਝਦੀ ਹੈ ਕਿ ਪੰਜਾਬ ਦੇ ਕਮਿਊਨਿਸਟ ਮਹਾਂ-ਸੰਮੇਲਨ ਨੂੰ ਸ਼ਾਨ ਨਾਲ ਨੇਪਰੇ ਚੜ੍ਹਾਉਣਗੇ।ਸੀ ਪੀ ਆਈ ਜ਼ਿਲ੍ਹਾ ਜਲੰਧਰ ਦੇ ਸਹਾਇਕ ਸਕੱਤਰ ਹਰਜਿੰਦਰ ਸਿੰਘ ਮੌਜੀ ਦੀ ਪ੍ਰਧਾਨਗੀ ਵਿੱਚ ਹੋਈ ਮੀਟਿੰਗ ਦੇ ਸ਼ੁਰੂ ਵਿੱਚ ਜ਼ਿਲ੍ਹਾ ਸਕੱਤਰ ਰਸ਼ਪਾਲ ਕੈਲੇ ਵੱਲੋਂ ਸ਼ੋਕ ਮਤਾ ਪੇਸ਼ ਕੀਤਾ ਗਿਆ, ਇਸ ਵਿੱਚ ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ, ਕਾਮਰੇਡ ਸੁਤੰਤਰ ਕੁਮਾਰ ਅਤੇ ਹੋਰ ਵਿਛੜੀਆਂ ਸ਼ਖਸੀਅਤਾਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਵਿੱਚ ਮਹਿੰਦਰ ਪਾਲ ਮੁਹਾਲੀ, ਸੰਤੋਸ਼ ਬਰਾੜ, ਗਿਆਨ ਸਿੰਘ ਸੈਦਪੁਰੀ, ਪਰਮਜੀਤ ਸਮਰਾਏ, ਸਿਕੰਦਰ ਸੰਧੂ, ਸਵਰਨਜੀਤ ਭੋਗਪੁਰ ਤੇ ਪਰਵਿੰਦਰ ਫਲਪੋਤਾ ਸ਼ਾਮਲ ਸਨ।

### ਰਾਜਿੰਦਰਾ ਹਸਪਤਾਲ 'ਚ ...

ਹੈ।ਰੈਜ਼ੀਡੈਂਟ ਡਾਕਟਰ ਐਸੋਸੀਏਸ਼ਨ ਕਾਫੀ ਸਮੇਂ ਤੋਂ ਆਪਣੀਆਂ ਲੰਬੇ ਸਮੇਂ ਤੋਂ ਪੈਂਡਿੰਗ ਮੰਗਾਂ ਨੂੰ ਲੈ ਕੇ ਆਵਾਜ਼ ਉਠਾ ਰਹੀ ਹੈ।ਦੱਸਣਯੋਗ ਹੈ ਕਿ ਇਸ ਸੰਬੰਧੀ ਚੰਡੀਗੜ੍ਹ ਵਿੱਚ ਸਿਹਤ ਵਿਭਾਗ ਦੇ ਸਕੱਤਰ ਨਾਲ ਡਾਕਟਰਾਂ ਦੀ ਮੀਟਿੰਗ ਵੀ ਹੋਈ, ਜਿਸ ਵਿੱਚ ਉਨ੍ਹਾਂ ਨੂੰ ਭਰੋਸਾ ਦਿਵਾਇਆ ਗਿਆ ਕਿ ਉਨ੍ਹਾਂ ਦੀਆਂ ਮੰਗਾਂ ਉੱਤੇ ਜਲਦ ਹੀ ਵਿਚਾਰ ਕੀਤਾ ਜਾਵੇਗਾ, ਪਰ ਇਸ ਦੌਰਾਨ ਰੈਜ਼ੀਡੈਂਟ ਡਾਕਟਰ ਐਸੋਸੀਏਸ਼ਨ ਨੇ ਐਲਾਨ ਕੀਤਾ ਹੈ ਕਿ ਓ ਪੀ ਡੀ ਸੇਵਾਵਾਂ ਤਤਕਾਲ ਪ੍ਰਭਾਵ ਨਾਲ ਬੰਦ ਰਹਿਣਗੀਆਂ, ਹਾਲਾਂਕਿ ਐਮਰਜੈਂਸੀ ਸੇਵਾਵਾਂ ਚਾਲੂ ਰਹਿਣਗੀਆਂ।

### ਸੰਘ ਦੇ ਫਿਰਕੂ-ਫਾਸ਼ੀ ...

ਜਬਰ ਢਾਹਿਆ ਜਾ ਰਿਹਾ ਹੈ। ਅਪ੍ਰੇਸ਼ਨ ਸੰਧੂਰ ਦਾ ਨਾਂਅ ਵਰਤ ਕੇ ਅੰਨ੍ਹਾ ਕੌਮਵਾਦ ਭੜਕਾਉਣ ਰਾਹੀਂ ਮੋਦੀ ਦੇ ਦੁਰਰਾਜ ਦੀ ਉਮਰ ਲੰਮੀ ਕਰਨ ਦੇ ਕੋਝੇ ਯਤਨ ਕੀਤੇ ਜਾ ਰਹੇ ਹਨ। ਗੋਦੀ ਮੀਡੀਆ ਫਿਰਕੂ-ਫਾਸ਼ੀ ਸੰਘ ਪਰਵਾਰ ਤੇ ਮੋਦੀ ਸਰਕਾਰ ਦੇ ਉਕਤ ਕਾਰਿਆਂ ਦਾ ਪੂਰਾ ਮਦਦਗਾਰ ਬਣ ਖਲੋਤਾ ਹੈ।ਉਪਰੋਕਤ ਵਿਚਾਰ-ਚਰਚਾ ਉਪਰੰਤ ਇਹ ਸਰਵ ਸਾਂਝੀ ਰਾਇ ਬਣੀ ਕਿ ਮੌਜੂਦਾ ਹਾਲਾਤ 'ਚ ਦੇਸ਼ ਦੇ ਕਿਰਤੀ ਵਰਗ ਸਨਮੁੱਖ ਮੂੰਹ ਅੱਡੀ ਖੜ੍ਹੀਆਂ ਫਿਰਕੂ-ਫਾਸ਼ੀਵਾਦੀ ਹਮਲਿਆਂ ਅਤੇ ਸਾਮਰਾਜੀ ਤੇ ਕਾਰਪੋਰੇਟੀ ਲੁੱਟ ਰੂਪੀ ਦੋ ਵੱਡੀਆਂ ਚੁਣੌਤੀਆਂ ਦਾ ਟਾਕਰਾ ਕਰਨ ਹਿੱਤ ਖੱਬੀਆਂ ਤਾਕਤਾਂ ਦਾ ਇਕਜੁੱਟ ਸੰਗਰਾਮੀ ਹੱਲਾ ਸਮੇਂ ਦੀ ਪਲੇਠੀ ਤੇ ਮਹੱਤਵਪੂਰਨ ਲੋੜ ਹੈ। ਇਸ ਸੇਧ ਵਿਚ ਮੀਟਿੰਗ ਵੱਲੋਂ 'ਫਾਸ਼ੀ ਹਮਲਿਆਂ ਵਿਰੋਧੀ ਫਰੰਟ' ਨੂੰ ਮੁੜ ਸਰਗਰਮ ਕਰਨ ਅਤੇ ਉਪਰ ਬਿਆਨੇ ਹਕੀਕੀ ਖਤਰਿਆਂ ਤੋਂ ਬਚਾਅ ਲਈ ਵਿਸ਼ਾਲ ਲੋਕ ਲਾਮਬੰਦੀ 'ਤੇ ਆਧਾਰਤ ਤਿੱਖੇ ਤੇ ਬੱਝਵੇਂ ਘੋਲ ਵਿੱਢਣ ਦਾ ਨਿਰਣਾ ਲਿਆ ਗਿਆ ਹੈ। ਉਕਤ ਘੋਲਾਂ ਦੀ ਰੂਪਰੇਖਾ ਅਤੇ ਤਰੀਕਾਂ ਦਾ ਵਿਧੀਵਤ ਐਲਾਨ ਫਰੰਟ ਦੇ ਆਗੂਆਂ ਵੱਲੋਂ 7 ਜੁਲਾਈ ਨੂੰ ਜਲੰਧਰ ਵਿਖੇ ਪ੍ਰੈੱਸ ਕਾਨਫਰੰਸ ਕਰਕੇ ਕੀਤਾ ਜਾਵੇਗਾ।

ਕੇਂਦਰੀ ਹੁਕਮਰਾਨਾਂ ਦੀਆਂ ਪੰਜਾਬ ਵਿਰੋਧੀ ਸਾਜ਼ਿਸ਼ਾਂ ਤੇ ਪੰਜਾਬ ਨਾਲ ਕੀਤੇ ਜਾ ਰਹੇ ਧੱਕੇ-ਵਿਤਕਰੇ ਖਿਲਾਫ ਅਤੇ ਪੰਜਾਬ ਦੇ ਮਸਲਿਆਂ ਦਾ ਸਥਾਈ ਹੱਲ ਲੱਭਣ ਲਈ ਵੀ ਗਰਜਵੀਂ ਬਾਦਲੀਲ ਆਵਾਜ਼ ਬੁਲੰਦ ਕੀਤੀ ਜਾਵੇਗੀ।

ਮੀਟਿੰਗ ਵੱਲੋਂ ਦੇਸ਼ ਦੀਆਂ ਕੇਂਦਰੀ ਟਰੇਡ ਯੂਨੀਅਨਾਂ ਤੇ ਆਜ਼ਾਦ ਫੈਡਰੇਸ਼ਨਾਂ ਵੱਲੋਂ ਆਉਣ ਵਾਲੀ 9 ਜੁਲਾਈ ਨੂੰ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਦਾ ਮੁਕੰਮਲ ਸਮਰਥਨ ਕਰਨ ਦਾ ਐਲਾਨ ਕੀਤਾ ਗਿਆ ਹੈ।

ਆਪਣੀਆਂ ਹੱਕੀ ਮੰਗਾਂ ਲਈ ਆਜ਼ਾਦਾਨਾ ਤੇ ਸਾਂਝੇ ਘੋਲ ਲੜ ਰਹੇ ਤਬਕਾਤੀ ਸੰਗਠਨਾਂ ਦੀ ਵੀ ਹਰ ਪੱਖੋਂ ਹਮਾਇਤ ਕਰਨ ਦਾ ਨਿਰਣਾ ਲਿਆ ਗਿਆ ਹੈ।

## ਗੁਰਦੁਆਰਾ ਦੂਖਨਿਵਾਰਨ ਵਿਖੇ ਸੁਖਮਨੀ ਸੇਵਾ ਸੁਸਾਇਟੀਆਂ ਨਾਲ ਇਕੱਤਰਤਾ

**350 ਸਾਲਾ ਸ਼ਹੀਦੀ ਦਿਹਾੜੇ ਦੇ ਮੁੱਖ ਸਮਾਗਮ 'ਚ ਬੀਬੀਆਂ ਵੀ ਵੱਡੇ ਪੱਧਰ 'ਤੇ ਕਰਨਗੀਆਂ ਸ਼ਿਰਕਤ : ਪ੍ਰੋ. ਬਡੂੰਗਰ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨਛੋਹ ਅਸਥਾਨ ਗੁਰਦੁਆਰਾ ਸ੍ਰੀ ਦੂਖ-ਨਿਵਾਰਨ ਸਾਹਿਬ ਵਿਖੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਤ ਮੁੱਖ ਸਮਾਗਮ ਸਬੰਧੀ ਚੱਲ ਰਹੀਆਂ ਤਿਆਰੀਆਂ ਦੇ ਮੱਦੇਨਜ਼ਰ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਤੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਰਵਿੰਦਰ ਸਿੰਘ ਖ਼ਾਲਸਾ ਦੀ ਅਗਵਾਈ ਵਿੱਚ ਸ਼ਹਿਰ ਦੀਆਂ ਵੱਖ ਵੱਖ ਸੁਖਮਨੀ ਸੇਵਾ ਸੁਸਾਇਟੀਆਂ ਨਾਲ ਸਬੰਧਤ ਬੀਬੀਆਂ ਨਾਲ ਅੱਜ ਇਕੱਤਰਤਾ ਕੀਤੀ ਗਈ।ਇਸ ਦੌਰਾਨ ਮੁੱਖ ਸਮਾਗਮ ਵਿੱਚ ਸੰਗਤਾਂ ਵੱਲੋਂ ਕੀਤੀ ਜਾਣ ਵਾਲੀ ਸ਼ਿਰਕਤ ਸਬੰਧੀ ਵਿਚਾਰਾਂ ਕੀਤੀਆਂ ਗਈਆਂ ਤਾਂ ਕਿ 350 ਸਾਲਾ ਸ਼ਹੀਦੀ ਦਿਹਾੜੇ ਨੂੰ ਗੁਰੂ ਸਾਹਿਬ ਦੇ ਅਸਥਾਨ 'ਤੇ ਵੱਡੇ ਪੱਧਰ 'ਤੇ ਮਨਾਇਆ ਜਾ ਸਕੇ।ਇਸ ਸਬੰਧੀ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮਾਲਵਾ ਜ਼ੋਨ ਵਿੱਚ ਸ਼ਤਾਬਦੀ ਸਬੰਧੀ ਦੋ ਵੱਡੇ ਅਹਿਮ ਸਮਾਗਮ ਕਰਵਾ ਰਹੀ ਹੈ, ਜਿਸ ਵਿੱਚ ਪਟਿਆਲਾ ਨੂੰ ਇਸ ਕਰਕੇ ਚੁਣਿਆ ਗਿਆ, ਕਿਉਂਕਿ ਨੌਵੇਂ ਪਾਤਸ਼ਾਹ ਗੁਰੂ ਤੇਗ ਬਹਾਦਰ ਜੀ ਨਾਲ ਸਬੰਧਤ ਅਸਥਾਨ ਇਸ ਮਹਾਨ ਧਰਤੀ 'ਤੇ ਹਨ, ਜਿੱਥੇ ਗੁਰੂ ਸਾਹਿਬ ਨੇ ਚਰਨ ਪਾਏ ਅੱਜ ਇਸ ਧਰਤੀ ਤੋਂ ਦੁਨੀਆ ਤੱਕ ਇਕ ਅਜਿਹਾ ਸੁਨੇਹਾ ਸਮੁੱਚੀ ਲੁਕਾਈ ਤੱਕ ਪਹੁੰਚਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਸਬੰਧੀ ਸ਼ਹਿਰ ਦੀਆਂ ਸੁਖਮਨੀ ਸੇਵਾ ਸੁਸਾਇਟੀ ਨਾਲ ਸਬੰਧਤ ਬੀਬੀਆਂ ਨੇ ਵੀ ਆਪਣੇ ਵਿਚਾਰ ਦਿੰਦਿਆਂ 6 ਜੁਲਾਈ ਨੂੰ ਹੋਣ ਵਾਲੇ ਸਮਾਗਮ ਵਿੱਚ ਸ਼ਿਰਕਤ ਕਰਨ ਦਾ ਫ਼ੈਸਲਾ ਕੀਤਾ।ਇਸ ਦੌਰਾਨ ਹੋਰਨਾਂ ਤੋਂ ਇਲਾਵਾ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਕਥਾਵਾਚਕ ਗਿਆਨੀ ਪ੍ਰਿਤਪਾਲ ਸਿੰਘ, ਮੈਨੇਜਰ ਭਾਗ ਸਿੰਘ, ਐਡੀਸ਼ਨਲ ਮੈਨੇਜਰ ਜਸਵਿੰਦਰ ਸਿੰਘ, ਮੀਤ ਮੈਨੇਜਰ ਹਾਜ਼ਰ ਸਨ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਬੂਟੇ ਲਗਾਏ ਤੇ ਵੰਡੇ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਾਨਯੋਗ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸਏਐੱਸ ਨਗਰ (ਮੋਹਾਲੀ) ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਸੁਮੀਤ ਮਲਹੋਤਰਾ ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਿਰੋਜ਼ਪੁਰ ਦੀ ਰਹਿਨੁਮਾਈ ਹੇਠ ਰੁੱਖ ਲਗਾਓ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਦੀ ਸ਼ੁਰੂਆਤ ਆਪ ਜ਼ਿਲ੍ਹਾ ਤੇ ਸੈਸ਼ਨ ਜੱਜ ਸੁਮੀਤ ਮਲਹੋਤਰਾ ਨੇ ਵਾਤਾਵਰਨ ਦਿਵਸ ਮੌਕੇ ਕੀਤੀ ਸੀ। ਇਸ ਮੁਹਿੰਮ ਦੇ ਚੱਲਦੇ ਹੋਏ ਅਨੁਰਾਧਾ, ਸਿਵਲ ਜੱਜ (ਸੀਨੀਅਰ ਡਵੀਜਨ)-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਿਰੋਜ਼ਪੁਰ ਵੱਲੋਂ ਬਿਰਧ ਆਸ਼ਰਮ ਵਿੱਚ ਰੁੱਖ-ਬੂਟੇ ਲਗਾਏ ਗਏ ਤੇ ਬੂਟੇ ਵੰਡੇ ਗਏ ਅਤੇ ਨਾਲ ਹੀ ਲੋਕਾਂ ਨੂੰ ਪ੍ਰੇਰਿਤ ਵੀ ਕੀਤਾ ਗਿਆ ਕਿ ਉਹ ਆਪ ਇਸ ਬੂਟੇ ਨੂੰ ਲਗਾ ਕੇ ਉਨ੍ਹਾਂ ਦੀ ਦੇਖ ਭਾਲ ਕਰਨ। ਇਸ ਦੇ ਨਾਲ ਹੀ ਜੱਜ ਸਾਹਿਬ ਨੇ ਦੱਸਿਆ ਕਿ ਵੱਧ ਰਹੀ ਆਲਮੀ ਤਪਸ਼ ਤੇ ਪ੍ਰਦੂਸ਼ਣ ਨੂੰ ਧਿਆਨ ਵਿੱਚ ਰੱਖਦੇ ਹੋਏ ਵਾਤਾਵਰਨ ਨੂੰ ਸਾਫ ਤੇ ਸ਼ੁੱਧ ਬਣਾਉਣ ਲਈ ਬਹੁਤਾਂਤ ਮਾਤਰਾ ਵਿੱਚ ਪੌਦੇ ਲਗਾਉਣੇ ਜ਼ਰੂਰੀ ਹਨ ਅਤੇ ਸਾਨੂੰ ਸਭ ਨੂੰ ਰਲ ਕੇ ਇਸ ਕੰਮ ਨੇ ਨਪੇਰੇ ਚਾੜ੍ਹਨਾ ਪਵੇਗਾ।

## ਸ਼ਿਵ ਸ਼ਕਤੀ ਵੈੱਲਫੇਅਰ ਸੁਸਾਇਟੀ ਜਲਦ ਮਿਲੇਗੀ ਵਿਧਾਇਕ ਕਾਕਾ ਬਰਾੜ ਨੂੰ : ਮੁਖਤਿਆਰ ਯਾਦਵ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਸ਼ਿਵ ਸ਼ਕਤੀ ਵੈਲਫੇਅਰ ਸੁਸਾਇਟੀ ਦੀ ਮੀਟਿੰਗ ਸੁਸਾਇਟੀ ਦੇ ਪ੍ਰਧਾਨ ਮੁਖਤਿਆਰ ਯਾਦਵ ਦੀ ਪ੍ਰਧਾਨਗੀ ਹੇਠ ਹੋਈ।ਪ੍ਰੈਸ ਸਕੱਤਰ ਦੀਪਕ ਪਾਲ ਸ਼ਰਮਾ ਨੇ ਦੱਸਿਆ ਕਿ ਜਲਾਲਾਬਾਦ ਰੋਡ 'ਤੇ ਸ਼ਿਵਧਾਮ, ਸ਼ਿਵ ਮੰਦਰ ਤੇ ਸ਼ਿਵ ਸ਼ਕਤੀ ਹਾਲ 'ਚ ਚੱਲ ਰਹੇ ਕੰਮਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਪ੍ਰਸਤਾਵ ਪਾਸ ਕੀਤਾ ਗਿਆ ਕਿ ਜਲਾਲਾਬਾਦ ਰੋਡ ਦੇ ਰਜਬਾਹੇ ਤੇ ਸ਼ਿਵਧਾਮ ਦੇ ਵਿਚਕਾਰ ਵਾਲੀ ਨੂੰ ਸੜਕ ਖੁੱਲਾ ਕਰਨ ਲਈ ਸ਼ਿਵਧਾਮ ਸੁਸਾਇਟੀ ਲੋੜ ਅਨੁਸਾਰ ਜ਼ਮੀਨ ਦੇਣ ਲਈ ਤਿਆਰ ਹੈ।ਇਸ ਲਈ ਕਮੇਟੀ ਜਲਦੀ ਹੀ ਹਲਕਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਤੇ ਡੀਸੀ ਮੁਕਤਸਰ ਨੂੰ ਮਿਲੇਗੀ।ਇਸ ਤੋਂ ਇਲਾਵਾ ਸ਼ਿਵਧਾਮ 'ਚ ਬਣੇ ਪੁਰਾਣੇ ਸ਼ਿਵ ਮੰਦਰ ਦੀ ਪੁਰਾਣੀ ਕਮੇਟੀ ਨੂੰ ਭੰਗ ਕਰਕੇ ਇਸ ਮੰਦਰ ਦੀ ਦੇਖਭਾਲ ਦੀ ਜ਼ਿੰਮੇਵਾਰੀ ਜੀਵਨ ਕੁਮਾਰ ਸ਼ਰਮਾ ਅਤੇ ਦੀਪਕ ਪਾਲ ਸ਼ਰਮਾ ਨੂੰ ਸੌਂਪ ਦਿੱਤੀ ਗਈ।ਇਹ ਵੀ ਪਾਸ ਕੀਤਾ ਗਿਆ ਕਿ ਸ਼ਿਵਧਾਮ ਜਲਾਲਾਬਾਦ ਰੋਡ ਤੋਂ ਮ੍ਰਿਤਕ ਦੇਹ ਰੱਖਣ ਲਈ ਫ੍ਰੀਜ਼ਰ ਲੈਣ ਵਾਲੇ ਵਿਅਕਤੀ ਨੂੰ ਸਕਿਉਰਟੀ ਵਜੋਂ ਇੱਕ ਹਜ਼ਾਰ ਰੁਪਏ ਜਮ੍ਹਾ ਕਰਾਉਣੇ ਪੈਣਗੇ, ਜੋ ਫ੍ਰੀਜ਼ਰ ਵਾਪਸ ਕਰਨ 'ਤੇ ਵਾਪਸ ਕਰ ਦਿੱਤੇ ਜਾਣਗੇ।ਹਰ ਮਹੀਨੇ ਸੁਸਾਇਟੀ ਦੀ ਇੱਕ ਮੀਟਿੰਗ ਜ਼ਰੂਰ ਹੋਵੇਗੀ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਬਾਰਡਰ ਏਰੀਆ ਸੰਘਰਸ਼ ਕਮੇਟੀ ਪੰਜਾਬ ਵੱਲੋਂ ਕਨਵੈਨਸ਼ਨ

**● ਹਰ ਮੁਸੀਬਤ ਅੱਗੇ ਹਿੱਕ ਡਾਹ ਕੇ ਖੜ੍ਹਨ ਵਾਲੇ ਸਰਹੱਦੀ ਲੋਕਾਂ ਦੀਆਂ ਔਕੜਾਂ ਬਾਬਤ ਕੀਤਾ ਵਿਚਾਰ-ਵਟਾਂਦਰਾ**

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਭਾਰਤ-ਪਾਕਿ ਬਾਰਡਰ 'ਤੋਂ 10 ਕਿਲੋਮੀਟਰ ਘੇਰੇ 'ਚ ਵੱਸਦੇ ਲੋਕਾਂ ਦੀਆਂ ਸਮੱਸਿਆਵਾਂ ਹੱਲ ਕਰਾਉਣ ਲਈ ਬਾਰਡਰ ਏਰੀਆ ਸੰਘਰਸ਼ ਕਮੇਟੀ ਪੰਜਾਬ ਦੀ ਕਨਵੈਨਸ਼ਨ ਸਾਥੀ ਬਲਬੀਰ ਸਿੰਘ ਕੱਕੜ (ਅੰਮ੍ਰਿਤਸਰ), ਜਗੀਰ ਸਿੰਘ ਸਲਾਚ (ਗੁਰਦਾਸਪੁਰ), ਮਾ: ਦਲਜੀਤ ਸਿੰਘ ਦਿਆਲਪੁਰਾ (ਤਰਨਤਾਰਨ) ਤੇ ਰਮੇਸ਼ ਵੜੈਚ (ਫ਼ਾਜ਼ਿਲਕਾ-ਫਿਰੋਜ਼ਪੁਰ) ਦੀ ਪ੍ਰਧਾਨਗੀ ਹੇਠ ਕਾ. ਫੌਜਾ ਸਿੰਘ ਭੁੱਲਰ ਹਾਲ ਅੰਮ੍ਰਿਤਸਰ ਵਿਖੇ ਹੋਈ ਜਿਸ ਨੂੰ ਸੰਬੋਧਨ ਕਰਦਿਆਂ ਬਾਰਡਰ ਏਰੀਆ ਸੰਘਰਸ਼ ਕਮੇਟੀ ਦੇ ਵਾਈਸ ਚੇਅਰਮੈਨ ਤੇ ਵੈਟਰਨ ਲੀਡਰ ਅਤੇ ਸੰਘਰਸ਼ ਕਮੇਟੀ ਦੇ ਸੂਬਾਈ ਸਕੱਤਰ ਰਤਨ ਸਿੰਘ ਰੰਧਾਵਾ ਨੇ ਦੱਸਿਆ ਕਿ ਬਾਰਡਰ ਤੇ ਵੱਸਦੇ ਲੋਕ ਹਮੇਸ਼ਾ ਜੰਗ ਦੇ ਸਾਏ ਹੇਠ ਰਹਿੰਦੇ ਹਨ। ਇਨ੍ਹਾਂ ਲੋਕਾਂ ਨੇ 1947 ਦਾ ਸੰਤਾਪ ਹੰਢਾਇਆ ਤੇ ਘਰੋਂ ਬੇਘਰ ਹੋਏ, 1948 ਦੀ ਕਸ਼ਮੀਰ ਜੰਗ, 1965 ਤੇ 1971 ਦੀਆਂ ਭਾਰਤ-ਪਾਕਿ ਜੰਗਾਂ, ਕਾਰਗਿਲ ਦੀ ਲੜਾਈ ਅਤੇ ਹੁਣੇ ਹੁਣੇ ਹੋਈ ਭਾਰਤ-ਪਾਕਿ ਦੀ ਲੜਾਈ ਸਮੇਂ ਇਹ ਲੋਕ ਉਜੜਦੇ ਰਹੇ ਹਨ ਪ੍ਰੰਤੂ ਸਰਕਾਰ ਇਨ੍ਹਾਂ ਦੇ ਦਰਪੇਸ਼ ਮਸਲਿਆਂ ਵੱਲ ਧਿਆਨ ਨਹੀਂ ਦੇ ਰਹੀ! ਇਨ੍ਹਾਂ ਆਗੂਆਂ ਨੇ ਅੱਗੇ ਦੱਸਿਆ ਕਿ ਬਾਰਡਰ ਦੇ ਲੋਕ ਸੈਕੰਡ ਡਿਫੈਂਸ ਲਾਈਨ ਦਾ ਕੰਮ ਕਰਦੇ ਹਨ। ਇਨ੍ਹਾਂ ਨੂੰ ਲੜਾਈਆਂ ਦੌਰਾਨ ਉਜਾੜਾ ਭੱਤਾ ਦੇਣਾ ਚਾਹੀਦਾ ਹੈ ਅਤੇ ਮਿਲਟਰੀ,



ਬੀਐੱਸਐੱਫ, ਪੈਰਾ ਮਿਲਟਰੀ ਸੇਵਾਵਾਂ ਅਤੇ ਪੁਲਸ ਫੋਰਸਾਂ ਵਿੱਚ ਪਹਿਲ ਦੇ ਆਧਾਰ ਤੇ ਭਰਤੀ ਕੀਤਾ ਜਾਵੇ! ਸਾਥੀ ਰਤਨ ਸਿੰਘ ਰੰਧਾਵਾ ਨੇ ਕਿਹਾ ਕਿ ਬਾਰਡਰ ਤੇ ਤਾਇਨਾਤ ਬੀਐੱਸਐੱਫ ਬਾਰਡਰ 'ਤੇ ਲੱਗੀ ਕੰਡਿਆਲੀ ਤਾਰ ਉਪਰ ਬਣੇ ਗੇਟ ਕਦੇ ਵੀ ਨਿਰਧਾਰਤ ਸਮੇਂ ਅਨੁਸਾਰ 8 ਤੋਂ 5 ਵਜੇ ਤੱਕ ਪੂਰਾ ਸਮਾਂ ਨਹੀਂ ਖੋਲਦੇ ਅਤੇ ਲੋਕਾਂ ਨੂੰ ਬਹੁਤ ਖੱਜਲ ਖੁਆਰ ਕਰਦੇ ਹਨ! ਉਨ੍ਹਾਂ ਮੰਗ ਕੀਤੀ ਕਿ ਬਾਰਡਰ 'ਤੇ ਤਾਰੋਂ ਪਾਰ ਖੇਤੀ ਕਰਨੀ ਅਤਿ ਕਠਿਨ ਹੈ ਜਿਸ ਕਰਕੇ ਕੇਂਦਰ ਤੇ ਪੰਜਾਬ ਸਰਕਾਰ ਨੂੰ 30 ਹਜ਼ਾਰ ਰੁਪਏ ਪ੍ਰਤੀ ਏਕੜ ਕਾਸ਼ਤਕਾਰਾਂ ਨੂੰ ਮੁਆਵਜ਼ਾ ਦੇਣ ਬਣਦਾ ਹੈ ਪ੍ਰੰਤੂ ਸਿਰਫ ਨਿਗੂਣਾ 10 ਹਜ਼ਾਰ ਰੁਪਏ ਪ੍ਰਤੀ ਏਕੜ ਉਹ ਵੀ ਕਦੇ ਕਦਾਈਂ ਦਿੱਤਾ ਜਾਂਦਾ ਹੈ! ਇਸ ਸਮੇਂ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਦੱਸਿਆ ਕਿ ਬਾਰਡਰ ਦੇ 10 ਕਿਲੋਮੀਟਰ ਖੇਤਰ ਵਿਚ ਸਮਾਜਿਕ ਸੇਵਾਵਾਂ ਹਸਪਤਾਲਾਂ, ਸਕੂਲਾਂ, ਸੜਕਾਂ, ਆਵਾਜਾਈ ਤੇ ਬੱਸ ਸੇਵਾ ਦਾ ਬੁਰਾ ਹਾਲ ਹੈ। ਡਾ. ਅਜਨਾਲਾ ਨੇ ਅੱਗੇ ਕਿਹਾ ਕਿ ਇਨ੍ਹਾਂ ਨੂੰ ਆਕਰਸ਼ਿਤ ਕਰਨ ਲਈ ਬਾਰਡਰ ਏਰੀਆ ਭੱਤਾ ਦਿੱਤਾ ਜਾਵੇ ਕਿ ਇਹ ਪਹਿਲਾਂ ਮਿਲਦਾ ਰਿਹਾ ਹੈ। ਉਨ੍ਹਾਂ ਕੇਂਦਰ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਬਾਰਡਰ ਤੇ ਖੇਤੀ ਆਧਾਰਿਤ ਸਨਅਤਾਂ ਲਾਈਆਂ ਜਾਣ ਜਿੱਥੇ ਬਾਰਡਰ ਦੇ ਸਮੂਹ ਨੌਜਵਾਨਾਂ ਨੂੰ ਪਰਮਿਟ ਦੇ ਕਿਸਮ ਖੇਤਰ ਵਿੱਚ ਰੁਜ਼ਗਾਰ ਦਿੱਤਾ ਜਾਵੇ। ਹੋਰਨਾਂ ਤੋਂ ਇਲਾਵਾ ਕਨਵੈਨਸ਼ਨ ਵਿੱਚ ਮਾਸਟਰ ਕਰਨ ਸਿੰਘ, ਜਗਬੀਰ ਸਿੰਘ ਗੁਰਦਾਸਪੁਰ, ਬੀਬੀ ਅਜੀਤ ਕੌਰ ਕੋਟ ਰਜਾਦਾ, ਕੇਵਲ ਸਿੰਘ ਮਾੜੀ ਕੰਬੋਕੇ-ਤਰਨਤਾਰਨ, ਮੁਖਤਿਆਰ ਸਿੰਘ ਮੁਹਾਵਾ, ਦੇਸਾ ਸਿੰਘ ਭਿੰਡੀ ਔਲਖ ਆਦਿ ਨੇ ਵੀ ਆਪਣੇ ਵਿਚਾਰ ਰੱਖੇ! ਕਨਵੈਨਸ਼ਨ ਵਿੱਚ ਸਮੂਹ ਬੁਲਾਰਿਆਂ ਨੇ ਇਸ ਗੱਲ ਤੇ ਜ਼ੋਰ ਦਿੱਤਾ ਕਿ ਬਾਰਡਰ ਏਰੀਆ ਸੰਘਰਸ਼ ਕਮੇਟੀ ਨੂੰ ਮਜ਼ਬੂਤ ਕੀਤਾ ਜਾਵੇ ਅਤੇ ਜ਼ਿਲ੍ਹਿਆਂ ਦੀਆਂ ਨਵੀਆਂ ਚੋਣਾਂ ਕਰਵਾਈਆਂ ਜਾਣ ਜਿਸ ਅਨੁਸਾਰ ਫੈਸਲਾ ਕੀਤਾ ਗਿਆ ਕਿ ਗੁਰਦਾਸਪੁਰ ਦੀ 20 ਜੁਲਾਈ, ਅੰਮ੍ਰਿਤਸਰ ਦੀ 27 ਜੁਲਾਈ ਫ਼ਾਜ਼ਿਲਕਾ- ਫਿਰੋਜ਼ਪੁਰ ਦੀ 3 ਅਗਸਤ ਅਤੇ ਤਰਨਤਾਰਨ ਦੀ 5 ਅਗਸਤ ਨੂੰ ਬਾਰਡਰ ਏਰੀਆ ਸੰਘਰਸ਼ ਕਮੇਟੀ ਦੀਆਂ ਚੋਣਾਂ ਕਰਵਾਈਆਂ ਜਾਣਗੀਆਂ ਸਾਥੀ ਰੰਧਾਵਾ ਨੇ ਐਲਾਨ ਕੀਤਾ ਕਿ ਜ਼ਿਲ੍ਹਿਆਂ ਦੀਆਂ ਚੋਣਾਂ ਉਪਰੰਤ 21 ਅਗਸਤ ਨੂੰ ਅਟਾਰੀ ਵਿਖੇ ਬਾਰਡਰ ਏਰੀਆ ਸੰਘਰਸ਼ ਕਮੇਟੀ ਪੰਜਾਬ ਦੀ ਸੂਬਾ ਪੱਧਰੀ ਕਨਵੈਨਸ਼ਨ ਕੀਤੀ ਜਾਵੇਗੀ।

# ਅਮਿੱਟ ਯਾਦਾਂ ਛੱਡ ਗਿਆ ਬਾਬਾ ਸ਼ੇਖੂ ਸ਼ਾਹ ਜੀ ਯਾਦਗਾਰੀ ਸਾਲਾਨਾ ਸੱਭਿਆਚਾਰਕ ਮੇਲਾ

**ਧਾਰੀਵਾਲ/ਹਰਚੋਵਾਲ (ਮਨਦੀਪ ਸਿੰਘ ਵਿੱਕੀ)**-ਬਾਬਾ ਸ਼ੇਖੂ ਸ਼ਾਹ ਸਪੋਰਟਸ ਐਂਡ ਸੱਭਿਆਚਾਰਕ ਕਲੱਬ ਰਜਿ. ਪਿੰਡ ਭਾਮ ਵੱਲੋਂ ਗ੍ਰਾਮ ਪੰਚਾਇਤ ਭਾਮ, ਐੱਨ ਆਰ ਆਈ ਵੀਰਾਂ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਬਾਬਾ ਸ਼ੇਖੂ ਸ਼ਾਹ ਜੀ ਦੀ ਯਾਦ ਵਿੱਚ ਸਾਲਾਨਾ ਸੱਭਿਆਚਾਰਕ ਮੇਲਾ ਕਰਵਾਇਆ ਗਿਆ। ਮੇਲੇ ਦੀ ਸ਼ੁਰੂਆਤ ਪ੍ਰਬੰਧਕਾਂ ਵਲੋਂ ਬਾਬਾ ਜੀ ਦੀ ਦਰਗਾਹ ਤੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕਰਕੇ ਕੀਤੀ ਗਈ। ਉਪਰੰਤ ਖੁੱਲੇ ਪੰਡਾਲ ਵਿੱਚ ਵਿਸ਼ਵ ਪ੍ਰਸਿੱਧ ਸੂਫ਼ੀ ਗਾਇਕ ਕੰਵਰ ਗਰੇਵਾਲ ਨੇ ਵੱਡੀ ਤਦਾਦ ਵਿੱਚ ਆਏ ਦਰਸ਼ਕਾਂ ਨੂੰ ਆਪਣੇ ਚਰਚਿਤ ਗੀਤਾਂ ਅਤੇ ਵੱਖ-ਵੱਖ ਅੰਦਾਜ਼ ਵਿੱਚ ਪੇਸ਼ਕਾਰੀ ਦੁਆਰਾ ਲੰਮਾ ਸਮਾਂ ਕੀਲੀ ਰੱਖਿਆ ਅਤੇ ਝੂੰਮਣ ਲਾਈ ਰੱਖਿਆ। ਇਸ ਮੌਕੇ ਮੇਲਾ ਪ੍ਰਬੰਧਕਾਂ ਵੱਲੋਂ ਪ੍ਰਸਿੱਧ ਸੂਫੀ ਗਾਇਕ ਕੰਵਰ ਗਰੇਵਾਲ ਅਤੇ ਆਏ ਮਹਿਮਾਨਾਂ ਤੇ ਅਹਿਮ ਸਖਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਲੱਬ ਦੇ ਪ੍ਰਧਾਨ ਲਖਵਿੰਦਰ ਸਿੰਘ, ਪਿੰਡ ਦੇ ਸਰਪੰਚ ਹਰਭੇਜ ਸਿੰਘ ਰਿਆੜ, ਸੁਬੇਲ ਸਿੰਘ ਗੋਲਡੀ, ਰਵਿੰਦਰ ਸਿੰਘ ਰਾਣਾ, ਡਾਕਟਰ ਯਾਕੂਬ ਅਲੀ,ਕੇਹਰ ਸਿੰਘ



ਗੁਰਪ੍ਰੀਤ ਸਿੰਘ, ਸੁਖਚੈਨ ਸਿੰਘ ਫੌਜੀ, ਗੁਰਦੀਪ ਸਿੰਘ, ਸੁਰਜੀਤ ਸਿੰਘ, ਐੱਸਐੱਚਓ ਹਰਜਿੰਦਰ ਸਿੰਘ, ਪੁਲਸ ਚੌਕੀ ਹਰਚੋਵਾਲ ਦੇ ਇੰਚਾਰਜ ਏਐੱਸਆਈ ਸਰਵਣ ਸਿੰਘ, ਗੁਰਿੰਦਰਪਾਲ ਸਿੰਘ ਸਾਬੀ, ਅੰਮ੍ਰਿਤਪਾਲ ਸਿੰਘ ਲਾਡੀ, ਬਲਜੀਤ ਸਿੰਘ ਬਾਜ, ਸਾਬਕਾ ਐੱਸਐੱਚਓ ਰਣਜੋਧ ਸਿੰਘ ਪੱਡਾ, ਸਾਬਕਾ ਐੱਸਐੱਚਓ ਜੋਗਿੰਦਰ ਸਿੰਘ, ਗਗਨਦੀਪ ਸਿੰਘ ਯੂ ਕੇ, ਡਾਕਟਰ ਅਮਰਜੀਤ ਸਿੰਘ, ਅੰਮ੍ਰਿਤ ਔਲਖ, ਸਰਵਣ ਸਿੰਘ ਬਿਜਲੀ ਬੋਰਡ, ਮੈਨੇਜਰ ਸੁਖਜਿੰਦਰ ਸਿੰਘ ਭਾਮ, ਜੱਸਾ ਸਿੰਘ, ਗੁਰਮੀਤ ਸਿੰਘ ਸਾਬੀ, ਮਨਜੋਧ ਸਿੰਘ ਮੰਨਾ, ਠੇਕੇਦਾਰ ਕਰਤਾਰ ਸਿੰਘ ਬਿੱਲਾ, ਤਰਸੇਮ ਸਿੰਘ, ਬਲਦੇਵ ਸਿੰਘ ਆਦਿ ਸਮੇਤ ਅਹਿਮ ਸਖਸੀਅਤਾਂ ਤੋਂ ਇਲਾਵਾ ਦੂਰ ਦੁਰਾਡੇ ਤੋਂ ਕੰਵਰ ਗਰੇਵਾਲ ਦੇ ਪ੍ਰਸ਼ੰਸਕ ਲੋਕ ਹਜ਼ਾਰਾਂ ਦੀ ਗਿਣਤੀ ਵਿੱਚ ਹਾਜ਼ਰ ਸਨ।



# ਹਰਵਿੰਦਰ ਸਿੰਘ ਗ਼ੁਲਾਮ ਡਾਕਟਰੇਟ ਉਪਾਧੀ ਨਾਲ ਸਨਮਾਨਤ

**ਫਗਵਾੜਾ (ਜਸਵਿੰਦਰ ਢੱਡਾ)** ਉੱਘੇ ਸਮਾਜ ਸੇਵੀ ਅਤੇ ਪ੍ਰਸਿੱਧ ਲੇਖਕ ਹਰਵਿੰਦਰ ਸਿੰਘ ਗੁਲਾਮ ਨੂੰ ਭਾਰਤ ਸਰਕਾਰ ਦੀ ਮਾਨਤਾ ਪ੍ਰਾਪਤ ਸੰਸਥਾ ਵਿਸ਼ਵ ਸੰਸਕ੍ਰਿਤੀ ਅਤੇ ਵਰਲਡ ਕਲਚਰਲ ਇਨਵਾਇਰਮੈਂਟ ਪ੍ਰੋਟੈਕਸ਼ਨ ਕਮਿਸ਼ਨ ਵੱਲੋਂ ਦਿੱਲੀ ਵਿਖੇ ਸੰਧੂਰ ਆਪਰੇਸ਼ਨ ਦੌਰਾਨ ਡਾਕਟਰੇਟ ਦੀ ਡਿਗਰੀ ਪ੍ਰਦਾਨ ਕੀਤੀ ਗਈ। ਹਰਵਿੰਦਰ ਸਿੰਘ ਗੁਲਾਮ ਨੈਟ ਕੀ ਪਬਲੀਕੇਸ਼ਨਜ਼ ਦੇ ਨਿਰਮਾਤਾ ਹਨ ਅਤੇ ਹੁਣ ਤੱਕ ਅਣਗਿਣਤ ਕਿਤਾਬਾਂ ਨੈਟ ਕੀ ਪਬਲੀਕੇਸ਼ਨਜ਼ ਦੁਆਰਾ ਛਾਪੀਆਂ ਜਾ ਚੁੱਕੀਆਂ ਹਨ।

# ਨਸ਼ਾ ਤਸਕਰ ਦੀ ਜਾਇਦਾਦ ਤਹਿਸ-ਨਹਿਸ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**- ਮੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਵੱਲੋਂ ਨਸ਼ਿਆਂ ਖਿਲਾਫ ਸ਼ੁਰੂ ਕੀਤੇ ਗਏ ਯੁੱਧ ਨਸ਼ਿਆਂ ਵਿਰੁੱਧ ਨੂੰ ਅੱਗੇ ਤੋਰਦੇ ਹੋਏ ਥਾਣਾ ਮਜੀਠਾ ਰੋਡ ਦੇ ਇਲਾਕੇ ਵਿੱਚ ਨਸ਼ਾ ਤਸਕਰ ਰਕੇਸ਼ ਉਰਫ ਕੇਸ਼ੀ ਪੁੱਤਰ ਹਰਮੇਸ਼ ਵਾਸੀ ਗਲੀ ਨੰਬਰ 5 ਨੇੜੇ ਪ੍ਰੀਤ ਹਸਪਤਾਲ, ਨਵੀਂ ਆਬਾਦੀ, ਅੰਮ੍ਰਿਤਸਰ, ਜਿਸ ਉਤੇ ਪਹਿਲਾਂ ਤੋਂ ਹੀ 6 ਮੁਕੱਦਮੇ ਵੱਖ-ਵੱਖ ਧਾਰਾਵਾਂ ਹੇਠ ਦਰਜ ਹਨ, ਦੀ ਜਾਇਦਾਦ ਜ਼ਿਲ੍ਹਾ ਪ੍ਰਸ਼ਾਸਨ ਨੇ ਢਾਹ ਦਿੱਤੀ। ਇਨ੍ਹਾਂ ਪਰਚਿਆਂ ਵਿੱਚ ਐੱਨਡੀਪੀਐੱਸ ਐਕਟ ਦੇ ਚਾਰ, 1 ਆਬਕਾਰੀ ਐਕਟ, ਇਕ ਅਪਰਾਧ ਤੇ ਲੁੱਟਾਂ ਖੋਹਾਂ ਸਬੰਧੀ ਦਰਜ ਹਨ ।ਇਹ ਲੰਮੇ ਸਮੇਂ ਤੋ ਨਸ਼ਾ ਤਸਕਰੀ ਦਾ ਕੰਮ ਕਰ ਰਿਹਾ ਸੀ।ਅੱਜ ਇਸ ਨਸ਼ਾ ਤਸਕਰ ਦਾ ਮਕਾਨ ਜ਼ਿਲ੍ਹਾ ਪ੍ਰਸ਼ਾਸਨ ਨੇ ਢਾਹ ਦਿੱਤਾ। ਦੱਸਣ ਯੋਗ ਹੈ ਕਿ ਇਸ ਤੋਂ ਪਹਿਲਾਂ ਅੰਮ੍ਰਿਤਸਰ ਸ਼ਹਿਰ ਵਿੱਚ ਨਸ਼ਾ ਸਮੱਗਲਰਾਂ ਦੀਆਂ 8 ਜਾਇਦਾਦਾਂ ਢਾਹੀਆਂ ਜਾ ਚੁੱਕੀਆਂ ਹਨ।ਇਸ ਮੌਕੇ ਵਿਸ਼ੇਸ਼ ਤੌਰ ਉਤੇ ਪਹੁੰਚੇ ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਨਸ਼ਾ ਤਸਕਰਾਂ ਨੂੰ ਚੇਤਾਵਨੀ ਭਰੇ ਲਹਿਜੇ ਵਿੱਚ ਸਪਸ਼ਟ ਸੰਦੇਸ਼ ਦਿੱਤਾ ਜੋ ਲੋਕ ਸਾਡੇ ਨੌਜਵਾਨਾਂ ਦੀ ਜ਼ਿੰਦਗੀ ਵਿੱਚ ਨਸ਼ਿਆਂ ਰੂਪੀ ਜ਼ਹਿਰ ਘੋਲ ਰਹੇ ਹਨ, ਉਨ੍ਹਾਂ ਉਤੇ ਕੋਈ ਰਹਿਮ ਨਹੀਂ ਕੀਤਾ ਜਾ ਸਕਦਾ। ਉਨ੍ਹਾਂ



ਕਿਹਾ ਕਿ ਨਸ਼ਾ ਤਸਕਰਾਂ ਖਿਲਾਫ ਪੁਲਸ ਸਖਤ ਕਾਰਵਾਈ ਕਰ ਰਹੀ ਹੈ ਅਤੇ ਜੋ ਵੀ ਇਸ ਧੰਦੇ ਵਿੱਚ ਸ਼ਾਮਿਲ ਹੈ, ਉਸ ਨੂੰ ਜੇਲ ਵਿੱਚ ਸੁਟਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਨਸ਼ੇ ਦੇ ਰੋਗੀਆਂ ਦਾ ਇਲਾਜ ਵੀ ਪੁਲਸ ਕਰਵਾ ਰਹੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਇਸ ਨਸ਼ਾ ਵਿਰੁੱਧ ਮੁਹਿੰਮ ਉਤੇ ਨਜ਼ਰ ਰੱਖ ਰਹੇ ਹਨ ਅਤੇ ਪੁਲਸ ਰੋਜ਼ਾਨਾ ਨਸ਼ੇ ਦੀਆਂ ਵੱਡੀਆਂ ਖੇਪਾਂ ਬਰਾਮਦ ਕਰ ਰਹੀ ਹੈ।ਉਨ੍ਹਾਂ ਲੋਕਾਂ ਨੂੰ ਇਹ ਅਪੀਲ ਕੀਤੀ ਕਿ ਉਹ ਨਸ਼ਾ ਤਸਕਰਾਂ ਦੀ ਜਾਣਕਾਰੀ ਪੁਲਸ ਨਾਲ ਸਾਂਝੀ ਕਰਨ।ਉਨ੍ਹਾਂ ਕਿਹਾ ਕਿ ਅਸੀਂ ਜਾਣਕਾਰੀ ਦੇਣ ਵਾਲੇ ਦਾ ਨਾਂ ਬਿਲਕੁਲ ਗੁਪਤ ਰੱਖ ਕੇ ਐਸੀ ਕਾਰਵਾਈ ਕਰਾਂਗੇ ਕਿ ਨਸ਼ਾ ਤਸਕਰਾਂ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਵੀ ਯਾਦ ਰੱਖਣਗੀਆਂ।ਇਸ ਮੌਕੇ ਡੀਸੀਪੀ ਆਲਮ ਵਿਜੈ ਸਿੰਘ, ਏਡੀਸੀਪੀ ਹਰਪਾਲ ਸਿੰਘ, ਏਸੀਪੀ ਰਿਸ਼ਭ ਭੋਲਾ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

# ਵਿਰਾਸਤੀ ਮੰਚ ਬਟਾਲਾ ਨੇ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ 186ਵੀਂ ਬਰਸੀ ਮਨਾਈ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ 186ਵੀਂ ਬਰਸੀ ਗੁਰਦੁਆਰਾ ਯਾਦਗਾਰ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀਨਾਨਗਰ ਅਤੇ ਉਨ੍ਹਾਂ ਦੀ ਸ਼ਾਹੀ ਬਾਰਾਂਦਰੀ ਵਿਖੇ ਪੂਰੀ ਸ਼ਰਧਾ ਭਾਵਨਾ ਨਾਲ ਮਨਾਈ ਗਈ।ਵਿਰਾਸਤੀ ਮੰਚ ਬਟਾਲਾ ਵੱਲੋਂ ਬਾਬਾ ਸ੍ਰੀ ਚੰਦ ਸੇਵਾ ਸੁਸਾਇਟੀ ਅਤੇ ਗੁਰਦੁਆਰਾ ਯਾਦਗਾਰ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀਨਾਨਗਰ ਦੇ ਸਹਿਯੋਗ ਨਾਲ ਕਰਵਾਏ ਗਏ ਪ੍ਰਭਾਵਸ਼ਾਲੀ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਕੇ ਮਹਾਰਾਜਾ ਰਣਜੀਤ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਸ਼ਰਧਾਂਜਲੀ ਭੇਟ ਕਰਦਿਆਂ ਵਿਰਾਸਤੀ ਮੰਚ, ਬਟਾਲਾ ਦੇ ਸਰਪ੍ਰਸਤ ਐਡਵੋਕੇਟ ਐੱਚ. ਐੱਸ. ਮਾਂਗਟ ਨੇ ਕਿਹਾ ਕਿ ਵਿਰਾਸਤੀ ਮੰਚ ਬਟਾਲਾ ਦਾ ਟੀਚਾ ਇਸ ਇਤਿਹਾਸਕ ਇਮਾਰਤ ਨੂੰ ਮੁੜ ਸੁਰਜੀਤ ਕਰਵਾਉਣਾ ਹੈ।ਉਨ੍ਹਾਂ ਕਿਹਾ ਕਿ ਆਪਣੇ ਕੌਮੀ ਨਾਇਕਾਂ ਨੂੰ ਯਾਦ ਰੱਖਣਾ ਅਤੇ ਉਨ੍ਹਾਂ ਦੀ ਵਿਰਾਸਤ ਨੂੰ ਸੰਭਾਲਣਾ ਸਾਡਾ ਨੈਤਿਕ ਫ਼ਰਜ਼ ਹੈ।ਉਨ੍ਹਾਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਦੀ ਇਤਿਹਾਸ ਨੂੰ ਬਹੁਤ ਵੱਡੀ ਦੇਣ ਹੈ ਅਤੇ ਇੱਕ ਵਿਸ਼ਾਲ ਖ਼ਿੱਤੇ ਉਪਰ ਉਨ੍ਹਾਂ ਨੇ ਆਪਣੀ ਕਾਬਲੀਅਤ ਨਾਲ ਰਾਜ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਦੀਨਾਨਗਰ ਦੀ ਸ਼ਾਹੀ ਬਾਰਾਂਦਰੀ ਦੀ ਮੁਰੰਮਤ ਕਰਕੇ ਇਸ ਦੀ ਸ਼ਾਨ ਨੂੰ ਮੁੜ ਬਹਾਲ ਕਰਨਾ ਚਾਹੀਦਾ ਹੈ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਂਬਰ ਜਥੇਦਾਰ ਗੁਰਵਿੰਦਰ ਸਿੰਘ ਸ਼ਾਮਪੁਰਾ ਨੇ ਕਿਹਾ ਕਿ ਵਿਰਾਸਤੀ ਇਮਾਰਤਾਂ ਦੀ ਸੰਭਾਲ ਕਰਨਾ ਸਾਡਾ ਸਾਰਿਆਂ ਦਾ ਫਰਜ਼ ਹੈ। ਬਾਬਾ ਸ੍ਰੀ ਚੰਦ



ਸੇਵਾ ਸੁਸਾਇਟੀ ਦੇ ਪ੍ਰਧਾਨ ਜਥੇਦਾਰ ਨਰਿੰਦਰ ਸਿੰਘ ਬਾੜਾ ਨੇ ਕਿਹਾ ਕਿ ਆਪਣੇ ਇਤਿਹਾਸ ਤੇ ਮਹਾਨ ਨਾਇਕਾਂ ਨੂੰ ਯਾਦ ਰੱਖਣ ਵਾਲੀਆਂ ਕੌਮਾਂ ਹੀ ਕਾਇਮ ਰਹਿੰਦੀਆਂ ਹਨ।ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਇੰਦਰਜੀਤ ਸਿੰਘ ਹਰਪੁਰਾ ਨੇ ਬੋਲਦਿਆਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਪੰਜਾਬ ਦੇ ਉਹ ਬਾਦਸ਼ਾਹ ਸਨ ਜਿਨ੍ਹਾਂ ਨੇ ਇਕੱਲੇ ਰਣ ਹੀ ਨਹੀਂ ਜਿੱਤੇ ਸਨ ਬਲਕਿ ਆਪਣੀਆਂ ਨੇਕੀਆਂ ਕਾਰਨ ਅਵਾਮ ਦਾ ਦਿਲ ਵੀ ਜਿੱਤਿਆ ਸੀ।ਇਸ ਮੌਕੇ ਗੁਰਦੁਆਰਾ ਕਮੇਟੀ ਦੇ ਮੈਂਬਰ ਗੁਰਮੀਤ ਸਿੰਘ ਮਗਰਾਲਾ ਨੇ ਕਿਹਾ ਕਿ ਦੀਨਾਨਗਰ ਦੀਆਂ ਸੰਗਤਾਂ ਵੱਲੋਂ ਹਰ ਸਾਲ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਪੂਰੇ ਉਤਸ਼ਾਹ ਨਾਲ ਮਨਾਈ ਜਾਵੇਗੀ।ਇਸ ਦੌਰਾਨ ਗੁਰੂ ਕਾ ਲੰਗਰ ਅਤੇ ਛਬੀਲ ਅਤੁੱਟ ਵਰਤਾਈ ਗਈ।ਇਸ ਮੌਕੇ ਵਿਰਾਸਤੀ ਮੰਚ ਬਟਾਲਾ ਦੇ ਸੀਨੀਅਰ ਵਾਈਸ ਪ੍ਰਧਾਨ ਸ਼ਮਸ਼ੇਰ ਸਿੰਘ ਮੱਲ੍ਹੀ, ਠੇਕੇਦਾਰ ਕੁਲਵਿੰਦਰ ਸਿੰਘ ਲਾਡੀ, ਪ੍ਰਿੰਸਪਾਲ ਸਿੰਘ ਚੱਠਾ, ਖ਼ਜ਼ਾਨਚੀ ਸੁਖਦੇਵ ਸਿੰਘ, ਸ਼ੇਰੇ ਪੰਜਾਬ ਸਿੰਘ ਕਾਹਲੋਂ, ਬਲਕਾਰ ਸਿੰਘ, ਬਲਵਿੰਦਰ ਸਿੰਘ ਪੰਜਗਰਾਈਆਂ, ਡਾ. ਰਵਿੰਦਰ ਸਿੰਘ ਮਠਾਰੂ, ਲੈਕਚਰਾਰ ਜਸਬੀਰ ਸਿੰਘ, ਸਤਿਬੀਰ ਸਿੰਘ ਢਿੱਲੋਂ, ਸਰਪੰਚ ਸਿਕੰਦਰ ਸਿੰਘ ਕਰਨਾਮਾ, ਸਰਪੰਚ ਕੇ.ਐੱਸ. ਢਿੱਲੋਂ ਢੰਡੇ. ਸੁਖਵਿੰਦਰ ਸਿੰਘ ਪਾਹੜਾ, ਕ੍ਰਿਪਾਲ ਸਿੰਘ, ਕੇਵਲ ਸਿੰਘ ਕੰਗ, ਡਾ. ਕੇਵਲ ਕ੍ਰਿਸ਼ਨ, ਬਲਬੀਰ ਸਿੰਘ ਬੈਂਸ, ਰਜਿੰਦਰਪਾਲ ਸਿੰਘ, ਗੁਰਨਾਮ ਸਿੰਘ ਛੀਨਾ, ਸੁਖਜਿੰਦਰ ਸਿੰਘ ਚੌਹਾਨ, ਪ੍ਰਿੰਸੀਪਲ ਜਸਕਰਨ ਸਿੰਘ, ਸਰਪੰਚ ਦਲਬੀਰ ਸਿੰਘ ਬਿੱਟੂ, ਮੈਨੇਜਰ ਹਰਜੀਤ ਸਿੰਘ, ਗੁਰਦੁਆਰਾ ਕਮੇਟੀ ਦੇ ਮੈਨੇਜਰ ਲਖਵਿੰਦਰ ਸਿੰਘ, ਕਰਮਜੀਤ ਕੌਰ, ਗੁਰਦੀਪ ਕੌਰ, ਚਰਨਜੀਤ ਕੌਰ, ਸ਼ਸ਼ੀਬਾਲਾ, ਬਲਵਿੰਦਰ ਸਿੰਘ ਸਿੱਧੂ, ਰਜਿੰਦਰ ਸਿੰਘ, ਤਰਸੇਮ ਸਿੰਘ, ਮਨਜੀਤ ਸਿੰਘ, ਗੁਰਵਿੰਦਰ ਕੌਰ, ਚਰਨਜੀਤ ਕੌਰ, ਹਰਦੀਪ ਸਿੰਘ, ਗੁਰਦੀਪ ਸਿੰਘ, ਪ੍ਰੇਮ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤ ਵੀ ਹਾਜ਼ਰ ਸੀ।

# ਕਿਸਾਨ ਖੇਤੀ ਸਮੱਗਰੀ ਖਰੀਦਣ ਸਮੇਂ ਬਿੱਲ ਜ਼ਰੂਰ ਲੈਣ : ਡਾ. ਚੀਮਾ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਡਾ. ਸਾਹਬਾਜ ਸਿੰਘ ਚੀਮਾ ਖੇਤੀਬਾੜੀ ਅਫਸਰ ਦੀ ਅਗਵਾਈ ਵਿੱਚ ਟੀਮ ਜਿਸ ਵਿੱਚ ਡਾ. ਹਰਮਨਦੀਪ ਸਿੰਘ ਘੁੰਮਣ ਖੇਤੀਬੜੀ ਵਿਕਾਸ ਅਫਸਰ (ਪੀ ਪੀ) ਗੁਰਦਾਸਪੁਰ, ਗੁਰਸੇਵਕ ਸਿੰਘ ਖੇਤੀਬੜੀ ਉਪ ਨਿਰੀਖਿਕ ਅਤੇ ਰਣਬੀਰ ਸਿੰਘ ਵੱਲੋਂ ਬਲਾਕ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵੱਖ ਵੱਖ ਕੀੜੇ ਮਾਰ ਦਵਾਈਆਂ, ਖਾਦਾਂ ਅਤੇ ਬੀਜ ਦੀਆਂ ਦੁਕਾਨਾਂ ਦੀ ਚੈਕਿੰਗ ਕੀਤੀ ਗਈ ਅਤੇ ਦਵਾਈਆਂ ਦੇ ਸੈਂਪਲ ਵੀ ਭਰੇ ਗਏ। ਡਾਕਟਰ ਚੀਮਾ



ਵੱਲੋਂ ਕੀੜੇਮਾਰ ਦਵਾਈਆਂ, ਖਾਦਾਂ ਅਤੇ ਬੀਜ ਦੇ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਗਈ ਕਿ ਕਿਸਾਨਾਂ ਨੂੰ ਖੇਤੀਬਾੜੀ ਸਮੱਗਰੀ ਵੇਚਣ ਸਮੇਂ ਬਿੱਲ ਜ਼ਰੂਰ ਦਿੱਤੇ ਜਾਣ ਅਤੇ ਆਪਣੀ ਦੁਕਾਨ ਦਾ ਰਿਕਾਰਡ ਸਾਰਾ ਸਹੀ ਰੱਖਿਆ ਜਾਵੇ। ਖਾਦਾਂ ਵੇਚਣ ਸਮੇਂ ਖਾਸ ਤੌਰ ਤੇ ਧਿਆਨ ਰੱਖਿਆ ਜਾਵੇ ਕਿ ਕਿਸੇ ਵੀ ਕਿਸਾਨ ਕੋਲੋਂ ਨਿਰਧਾਰਿਤ ਮੁੱਲ ਤੋਂ ਵੱਧ ਪੈਸੇ ਨਾ ਵਸੂਲੇ ਜਾਣ ਅਤੇ ਕਿਸਾਨਾਂ ਨੂੰ ਉੱਚ ਮਿਆਰੀ ਦੇ ਬੀਜ, ਖਾਦਾਂ ਅਤੇ ਦਵਾਈਆਂ ਉਪਲਬਧ ਕਰਵਾਈਆਂ ਜਾਣ। ਡਾ. ਚੀਮਾ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਜਦੋਂ ਵੀ ਉਹਨਾਂ ਵੱਲੋਂ ਆਪਣੀ ਫਸਲਾਂ ਤੇ ਕਿਸੇ ਤਰ੍ਹਾਂ ਦੀ ਕੋਈ ਬਿਮਾਰੀ ਜਾਂ ਕੀੜਿਆਂ ਦਾ ਹਮਲਾ ਵੇਖਣ ਨੂੰ ਮਿਲਦਾ ਹੈ ਤਾਂ ਤੁਰੰਤ ਆਪਣੇ ਨਜ਼ਦੀਕੀ ਖੇਤੀਬਾੜੀ ਅਧਿਕਾਰੀ ਨਾਲ ਰਾਬਤਾ ਕਰਕੇ ਉਸ ਮੁਸ਼ਕਿਲ ਦੇ ਹੱਲ ਲਈ ਤਕਨੀਕੀ ਸਲਾਹ ਲੈ ਲਈ ਜਾਵੇ ਅਤੇ ਜਦੋਂ ਵੀ ਕੋਈ ਬੀਜ, ਦਵਾਈ ਅਤੇ ਖਾਦ ਸਮੱਗਰੀ ਖਰੀਦਣੀ ਹੁੰਦੀ ਹੈ ਤਾਂ ਦੁਕਾਨਦਾਰ ਪਾਸੋਂ ਬਿਲ ਜ਼ਰੂਰ ਲਿਆ ਜਾਵੇ। ਡਾ. ਹਰਮਨਦੀਪ ਸਿੰਘ ਘੁੰਮਣ ਏਡੀਓ ਵੱਲੋਂ ਕਿਸਾਨਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਿਫਾਰਿਸ਼ ਕੀਤੀਆਂ ਦਵਾਈਆਂ ਦੀ ਹੀ ਵਰਤੋਂ ਕਰਨ ਲਈ ਸਲਾਹ ਦਿੱਤੀ ਗਈ।

# ਸਿਹਤ ਵਿਭਾਗ ਨੇ ਆਮ ਆਦਮੀ ਕਲੀਨਿਕਾਂ ਦੇ ਡਾਕਟਰਾਂ ਨੂੰ ਹਲਕਾਅ ਸੰਬੰਧੀ ਟ੍ਰੇਨਿੰਗ ਦਿੱਤੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਡਾ ਕਿਰਨਦੀਪ ਕੌਰ ਵੱਲੋਂ ਆਮ ਆਦਮੀ ਕਲੀਨਿਕਾਂ ਦੇ



ਸਮੂਹ ਮੈਡੀਕਲ ਅਫਸਰਾਂ ਨੂੰ ਗੈਰ ਸੰਚਾਰੀ ਬਿਮਾਰੀਆਂ ਅਤੇ ਹਲਕਆ ਸਬੰਧੀ ਟ੍ਰੇਨਿੰਗ ਦਿੱਤੀ ਗਈ। ਇਸ ਮੌਕੇ 'ਤੇ ਸੰਬੋਧਨ ਕਰਦਿਆਂ ਸਿਵਲ ਸਰਜਨ ਡਾ ਕਿਰਨਦੀਪ ਕੌਰ ਨੇ ਦੱਸਿਆ ਕਿ ਹੁਣ ਆਮ ਆਦਮੀ ਕਲੀਨਿਕਾਂ ਵਿੱਚ ਗਰਭਵਤੀ ਮਾਵਾਂ ਦੇ ਮੁਫਤ ਇਲਾਜ ਦੇ ਨਾਲ ਨਾਲ ਗੈਰ ਸੰਚਾਰੀ ਬਿਮਾਰੀਆਂ, ਜਿਵੇਂ ਕਿ ਸ਼ੂਗਰ, ਹਾਈਪਰਟੈਂਸ਼ਨ, ਕੈਂਸਰ ਅਤੇ ਰੇਬੀਜ ਵਰਗੀਆਂ ਬਿਮਾਰੀਆਂ ਦਾ ਇਲਾਜ ਕੀਤਾ ਜਾਣਾ ਸੰਭਵ ਹੋ ਸਕੇਗਾ, ਇਸੇ ਹੀ ਸਬੰਧ ਵਿੱਚ ਹੋਟਲ ਕਿਓਨ ਵਿਖੇ ਇੱਕ ਵਿਸ਼ੇਸ਼ ਟ੍ਰੇਨਿੰਗ ਵਰਕਸ਼ਾਪ ਲਗਾਈ ਜਾ ਰਹੀ ਹੈ, ਜਿਸ ਵਿੱਚ ਸਮੂਹ ਆਦਮ ਆਮ ਆਦਮੀ ਕਲੀਨਿਕ ਦੇ ਡਾਕਟਰਾਂ ਨੂੰ ਇਹਨਾਂ ਬਿਮਾਰੀਆਂ ਸਬੰਧੀ ਟ੍ਰੇਨਿੰਗ ਦਿੱਤੀ ਜਾ ਰਹੀ ਹੈ, ਤਾਂ ਜੋ ਆਮ ਲੋਕਾਂ ਨੂੰ ਉਹਨਾਂ ਦੇ ਘਰ ਦੇ ਨਜ਼ਦੀਕੀ ਸਾਰੀਆਂ ਸਿਹਤ ਸਹੂਲਤਾਂ ਦਿੱਤੀਆਂ ਜਾ ਸਕਣ। ਉਹਨਾਂ ਆਖਿਆ ਕਿ ਹੁਣ ਜਲਦ ਹੀ ਆਮ ਆਦਮੀ ਕਲੀਨਿਕਾਂ ਵਿੱਚ ਹਲਕਾਅ ਦੀ ਵੈਕਸੀਨ ਵੀ ਮੁਹਈਆ ਕਰਵਾਈ ਜਾਵੇਗੀ। ਇਸ ਟ੍ਰੇਨਿੰਗ ਦੌਰਾਨ ਜ਼ਿਲਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ, ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਭਾਰਤੀ ਧਵਨ, ਜ਼ਿਲ੍ਹਾ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ ਵੱਲੋਂ ਇਹ ਵਿਸ਼ੇਸ਼ ਟ੍ਰੇਨਿੰਗ ਦਿੱਤੀ ਗਈ। ਇਸ ਮੌਕੇ ਤੇ ਸਮੂਹ ਸੀਨੀਅਰ ਮੈਡੀਕਲ ਅਫਸਰ, ਸਮੂਹ ਨੋਡਲ ਅਫਸਰ, ਜਿਲਾ ਐਮ.ਈ.ਆਈ.ਓ. ਅਮਰਦੀਪ ਸਿੰਘ, ਟ੍ਰੇਨਿੰਗ ਕੋਆਰਡੀਨੇਟਰ ਕਮਲ ਭੱਲਾ, ਨਵਦੀਪ ਸਿੰਘ, ਸਮੇਤ ਸਾਰਾ ਸਟਾਫ ਹਾਜ਼ਰ ਸੀ।

# ਗੁਰਦਾਸਪੁਰ ਤੋਂ ਮੁਕੇਰੀਆਂ ਨੂੰ ਜਾਂਦੀ ਸੜਕ ਦਾ ਦੋਹਰੀਕਰਨ ਕਰਨ ਦੀ ਮੰਗ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ-ਮੁਕੇਰੀਆਂ ਸੜਕ ਦੀ ਲੰਬਾਈ ਲੱਗਭੱਗ 24 ਕਿਲੋਮੀਟਰ ਹੈ ਜਿਸ ਦਾ ਦੋਹਰੀਕਰਨ ਕਰਨ ਦੀ ਮੰਗ ਨੇ ਜ਼ੋਰ ਫੜ ਲਿਆ ਹੈ। ਇਸ ਸੜਕ ਦਾ 16 ਕਿਲੋਮੀਟਰ ਏਰੀਆ ਦਰਿਆ ਬਿਆਸ ਤੱਕ ਗੁਰਦਾਸਪੁਰ ਜਿਲ੍ਹੇ ਵਿੱਚ ਤੇ ਬਾਕੀ 8 ਕਿਲੋਮੀਟਰ ਦਾ ਏਰੀਆ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਪੈਂਦਾ ਹੈ। ਇਹ ਸੜਕ ਕੁਝ ਸਮਾਂ ਪਹਿਲਾਂ ਹੀ ਲੋਕ ਨਿਰਮਾਣ ਵਿਭਾਗ ਵੱਲੋਂ ਕਰੋੜਾਂ ਰੁਪਏ ਖਰਚ ਕਰਕੇ ਬਣਾਈ ਗਈ ਹੈ। ਜਾਣਕਾਰੀ ਅਨੁਸਾਰ ਸੜਕ ਦੀ ਚੌੜਾਈ 22 ਫੁੱਟ ਦੇ ਕਰੀਬ ਹੈ। ਵਰਨਣਯੋਗ ਹੈ ਕਿ ਇਸ ਸੜਕ ਰਾਹੀਂ ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਵਿੱਚ ਬੱਸਾਂ, ਕਾਰਾਂ ਰਾਹੀਂ ਲੋਕ ਦਿੱਲੀ, ਅੰਬਾਲਾ, ਚੰਡੀਗੜ੍ਹ, ਰਾਜਸਥਾਨ, ਹਿਮਾਚਲ, ਲੁਧਿਆਣਾ ਤੋਂ ਇਲਾਵਾ ਵੱਡੇ-ਵੱਡੇ ਸ਼ਹਿਰਾਂ ਤੋਂ ਦਿਨ-ਰਾਤ ਆਉਂਦੇ-ਜਾਂਦੇ ਹਨ। ਇਸ ਸੜਕ ਰਾਹੀਂ ਜੰਮੂ, ਉਧਮਪੁਰ, ਸ਼੍ਰੀਨਗਰ, ਕਾਰਗਿਲ, ਰਜੌਰੀ ਪੁੰਛ ਆਦਿ ਸ਼ਹਿਰਾਂ ਨੂੰ ਸਾਮਾਨ ਸਵਾਰੀਆਂ ਢੋਆ ਢੁਆਈ ਕਰਦੇ ਹੋਏ ਲੰਘਦੇ ਹਨ। ਸੜਕ ਦੀ



ਚੌੜਾਈ ਘੱਟ ਅਤੇ ਸਿੰਗਲ ਹੋਣ ਕਾਰਨ ਵੱਡੇ-ਵੱਡੇ ਵਾਹਨਾਂ ਦਾ ਇੱਥੋਂ ਲੰਘਣਾ ਕਾਫੀ ਮੁਸ਼ਕਿਲ ਹੋਇਆ ਪਿਆ ਹੈ। ਖਾਸ ਕਰਕੇ ਇੱਕ ਦੂਜੇ ਨੂੰ ਓਵਰਟੇਕ ਕਰਨ ਸਮੇਂ ਵਾਹਣ ਅਕਸਰ ਹੀ ਹਾਦਸੇ ਦਾ ਸ਼ਿਕਾਰ ਹੋ ਜਾਂਦੇ ਹਨ। ਸੜਕ ਸਿੰਗਲ ਹੋਣ ਕਰਕੇ ਟਰੈਫਿਕ ਜਿਆਦਾ ਹੋਣ ਕਾਰਨ ਆਏ ਦਿਨ ਸੜਕ 'ਤੇ ਕੋਈ ਨਾ ਕੋਈ ਦੁਰਘਟਨਾ ਵਾਪਰਦੀ ਰਹਿੰਦੀ ਹੈ ਅਤੇ ਰਾਤ ਸਮੇਂ ਆਹਮਣੇ-ਸਾਹਮਣੇ ਤੋਂ ਲਾਈਟਾਂ ਪੈਣ ਕਾਰਨ ਵਾਹਨ ਆਪਸ ਵਿੱਚ ਟਕਰਾ ਜਾਂਦੇ ਹਨ। ਇਸ ਸੜਕ 'ਤੇ ਪ੍ਰੀਮਕਸ ਵਾਲੀ ਜਗ੍ਹਾ ਤੋਂ ਇਲਾਵਾ ਕੱਚੀ ਸੜਕ ਵਾਲੀ ਜਗ੍ਹਾ ਵੀ ਬਹੁਤ ਘੱਟ ਹੋਣ ਕਾਰਨ ਗੱਡੀਆਂ ਖਾਸ ਕਰ ਦੋ ਪਹੀਆ ਵਾਹਨ ਚਾਲਕ ਦਾ ਬਰਮ ਉਚੇ ਨੀਵੇਂ ਹੋਣ ਕਾਰਨ ਹਾਦਸੇ ਹੋ ਜਾਂਦੇ ਹਨ। ਸੜਕ ਦਾ ਕਾਫੀ ਹਿੱਸਾ ਭੰਗ ਬੂਟੀ, ਜੜੀ ਬੂਟੀ ਨੇ ਆਪਣੀ ਲਪੇਟ ਵਿੱਚ ਲਿਆ ਹੋਇਆ ਹੈ। ਇਲਾਕਾ ਵਾਸੀਆਂ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਸੰਬੰਧਿਤ ਵਿਭਾਗ ਨੂੰ ਹਦਾਇਤਾਂ ਜਾਰੀ ਕਰਕੇ ਆਵਾਜਾਈ ਨੂੰ ਮੁੱਖ ਰੱਖਦੇ ਹੋਏ ਇਸ ਸੜਕ ਦਾ ਜਲਦ ਤੋਂ ਜਲਦ ਦੋਹਰੀ ਕਰਨ ਕੀਤਾ ਜਾਵੇ ਤਾਂ ਜੋ ਗੁਰਦਾਸਪੁਰ-ਮੁਕੇਰੀਆਂ ਨੂੰ ਆਉਣ ਜਾਣ ਵਾਲੇ ਲੋਕਾਂ ਨੂੰ ਲਾਭ ਹੋ ਸਕੇ।

# ਮਨਰੇਗਾ ਵਰਕਰਜ਼ ਯੂਨੀਅਨ ਵੱਲੋਂ 9 ਜੁਲਾਈ ਦੀ ਦੇਸ਼ ਵਿਆਪੀ ਹੜਤਾਲ ਨੂੰ ਸਮਰਥਨ: ਪੰਡੋਰੀ, ਚੀਮਾ, ਰਟੋਲ



**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਮਜ਼ਦੂਰਾਂ ਮੁਲਾਜ਼ਮਾਂ ਅਤੇ ਆਮ ਕਿਰਤੀਆਂ ਵੱਲੋਂ 9 ਜੁਲਾਈ ਨੂੰ ਦੇਸ਼ ਭਰ 'ਚ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਦਾ ਪੂਰਨ ਤੌਰ 'ਤੇ ਮਨਰੇਗਾ ਵਰਕਰਜ਼ ਯੂਨੀਅਨ ਵੱਲੋਂ ਸਮਰਥਨ ਕਰਨ ਦਾ ਐਲਾਨ ਕੀਤਾ ।ਇਹ ਫੈਸਲਾ ਮਨਰੇਗਾ ਵਰਕਰਜ਼ ਯੂਨੀਅਨ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਵਿੱਚ ਨਰਿੰਦਰ ਸਿੰਘ ਰਟੋਲ ਦੀ ਪ੍ਰਧਾਨਗੀ 'ਚ ਲਿਆ ਗਿਆ ।ਮੀਟਿੰਗ ਨੂੰ ਜਮਹੂਰੀ ਲਹਿਰ ਦੇ ਆਗੂ ਪਰਗਟ ਸਿੰਘ ਜਾਮਾਰਾਏ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੀਆਂ ਨਵਉਦਾਰਵਾਦੀ ਨੀਤੀਆਂ ਕਾਰਨ ਰੁਜ਼ਗਾਰ ਦੇ ਮੌਕੇ ਦਿਨੋ ਦਿਨ ਖੁੱਸਦੇ ਜਾ ਰਹੇ ਹਨ ।ਰੁਜ਼ਗਾਰ ਦੇ ਵਸੀਲੇ ਬੰਦ ਪਏ ਹਨ। ਸਰਕਾਰੀ ਅਤੇ ਅਰਧ ਸਰਕਾਰੀ ਅਦਾਰਿਆਂ ਨੂੰ ਕਾਰਪੋਰੇਟ ਘਰਾਣਿਆਂ ਕੋਲ ਵੇਚਿਆ ਜਾ ਜਾ ਰਿਹਾ ।ਯੂਨੀਅਨ ਦੇ ਜ਼ਿਲ੍ਹਾ ਸਕੱਤਰ ਬਲਦੇਵ ਸਿੰਘ ਪੰਡੋਰੀ ਨੇ ਕਿਹਾ ਕਿ ਮਨਰੇਗਾ ਸਕੀਮ 'ਚ ਫੰਡ ਦਾ ਬਜਟ ਘਟਾਇਆ ਜਾ ਰਿਹਾ ਹੈ। ਨਿਗੂਣਾ ਜਿਹਾ ਮਿਹਨਤਾਨਾ ਵੀ ਸਮੇਂ ਸਿਰ ਨਹੀਂ ਦਿੱਤਾ ਜਾ ਰਿਹਾ ।ਮਨਰੇਗਾ ਵਰਕਰਾਂ ਨੂੰ ਜੋਬ ਕਾਰਡ ਬਣਾਉਣ ਦੀ ਮੰਗ ਕੀਤੀ ਗਈ। ਉਨ੍ਹਾਂ ਮੀਟਿੰਗ ਦੇ ਫੈਸਲੇ ਪ੍ਰੈੱਸ ਨੂੰ ਜਾਰੀ ਕਰਦਿਆਂ ਦੱਸਿਆ ਕਿ ਯੂਨੀਅਨ ਨੂੰ ਮਜ਼ਬੂਤ ਕਰਨ ਲਈ ਮੈਂਬਰਸ਼ਿਪ ਕਰਨ ਦਾ ਫੈਸਲਾ ਕੀਤਾ ਗਿਆ ਅਤੇ 6 ਜੁਲਾਈ ਨੂੰ ਮਾਝਾ ਦੁਆਬਾ ਜ਼ੋਨ ਦੀ ਜਲੰਧਰ ਕੀਤੀ ਜਾਣ ਵਾਲੀ ਕਨਵੈਸ਼ਨਸ਼ਨ 'ਚ ਪਹੁੰਚਣ ਲਈ ਵਿਉਂਤਬੰਦੀ ਕੀਤੀ ਗਈ ।ਮੀਟਿੰਗ ਵਿੱਚ ਕਰਮ ਸਿੰਘ ਪੰਡੋਰੀ, ਕੁਲਦੀਪ ਸਿੰਘ ਰਟੋਲ, ਮੰਗਲ ਸਿੰਘ ਰਟੋਲ, ਕੁਲਦੀਪ ਸਿੰਘ ਭੁੱਲਰ, ਜਸਬੀਰ ਕੌਰ ਕੈਰੋਵਾਲ, ਕਮਲਜੀਤ ਸਿੰਘ ਨਾਗੋਕੇ, ਬਲਵਿੰਦਰ ਸਿੰਘ ਮੱਝੂਪੁਰ ਆਦਿ ਹਾਜ਼ਰ ਸਨ ।

# ਸ਼ਹੀਦ ਭਗਤ ਸਿੰਘ ਪੋਲੀਟੈਕਨਿਕ ਕਾਲਜ ਪੱਟੀ 'ਚ ਵਿਸ਼ਵ ਯੋਗ ਦਿਵਸ ਮਨਾਇਆ

**● ਯੋਗ ਅਜਿਹਾ ਸਾਧਨ ਹੈ ਜੋ ਸਾਨੂੰ ਦੁਬਾਰਾ ਆਪਣੇ ਅੰਦਰ ਵੱਲ ਮੋੜਦਾ : ਡਾ. ਮ੍ਰਿਦੁਲਾ ਭਾਰਦਵਾਜ**

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਸ਼ਹੀਦ ਭਗਤ ਸਿੰਘ ਪੋਲੀਟੈਕਨਿਕ ਕਾਲਜ ਪੱਟੀ ਵਿੱਚ ਅੰਤਰਰਾਸ਼ਟਰੀ ਯੋਗ ਦਿਵਸ ਬਹੁਤ ਹੀ ਉਤਸ਼ਾਹ ਅਤੇ ਭਾਵਨਾਤਮਕ ਸਮਰਪਣ ਨਾਲ ਮਨਾਇਆ ਗਿਆ।ਇਹ ਸਮਾਰੋਹ ਚੇਅਰਮੈਨ ਡਾ. ਰਾਜੇਸ਼ ਭਾਰਦਵਾਜ, ਮੈਨੇਜਿੰਗ ਡਾਇਰੈਕਟਰ ਡਾ. ਮ੍ਰਿਦੂਲਾ ਭਾਰਦਵਾਜ, ਡਾਇਰੈਕਟਰ ਸਤਿਅਮ ਭਾਰਦਵਾਜ ਅਤੇ ਸ਼ੁਭੀ ਭਾਰਦਵਾਜ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ।ਇਸ ਮੌਕੇ ਸ਼ਹੀਦ ਭਗਤ ਸਿੰਘ ਕਾਲਜ ਆਫ ਫਾਰਮੇਸੀ, ਪੱਟੀ ਦੇ ਪ੍ਰਿੰਸੀਪਲ ਡਾ. ਬਲਵਿੰਦਰ ਸਿੰਘ ਅਤੇ ਸ਼ਹੀਦ ਭਗਤ ਸਿੰਘ ਕਾਲਜ ਆਫ ਐਜੂਕੇਸ਼ਨ, ਪੱਟੀ ਦੀ ਪ੍ਰਿੰਸੀਪਲ ਡਾ. ਸਰਿਤਾ ਨਾਰਦ, ਐਡਮਿਨਿਸਟ੍ਰੇਟਰ ਸਰਦਾਰ ਨਰਿੰਦਰ ਸਿੰਘ ਸੈਂਟਰਲ ਕਾਨਵੈਂਟ ਸਕੂਲ ਪੱਟੀ ; ਸ਼ਹੀਦ ਭਗਤ ਸਿੰਘ ਪਾਲੀਟੈਕਨਿਕ ਕਾਲਜ ਪੱਟੀ ਦੇ ਪ੍ਰਿੰ. ਕਪਿਲ ਦੇਵ ਸ਼ਰਮਾ ਨਾਲ ਨਾਲ ਹੋਰ ਅਧਿਆਪਕ, ਫੈਕਲਟੀ ਮੈਂਬਰ ਅਤੇ ਵਿਦਿਆਰਥੀਆਂ ਨੇ ਭਰਪੂਰ ਜੋਸ਼ ਨਾਲ ਭਾਗ ਲਿਆ।ਡਾ. ਮ੍ਰਿਦੂਲਾ ਭਾਰਦਵਾਜ ਦੀ ਰਹਿਨੁਮਾਈ ਹੇਠ ਯੋਗ ਪ੍ਰਸ਼ਿਕਸ਼ਣ ਦੌਰਾਨ




ਭਾਗੀਦਾਰਾਂ ਨੇ ਸੂਰਜ ਨਮਸਕਾਰ, ਅਨੁਲੋਮ-ਵਿਲੋਮ, ਭੁਜੰਗ ਆਸਨ, ਭ੍ਰਮਰੀ, ਵ੍ਰਿਖਸ਼ ਆਸਨ, ਹਲ ਆਸਨ, ਪ੍ਰਾਣਾਯਾਮ, ਕਪਾਲਭਾਤੀ ਅਤੇ ਤਾੜ ਆਸਨ ਵਰਗੇ ਕਈ ਆਸਨ ਕੀਤੇ।ਡਾ. ਮ੍ਰਿਦੂਲਾ ਭਾਰਦਵਾਜ ਨੇ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਅੱਜ ਦੇ ਡਿਜੀਟਲ ਯੁੱਗ ਵਿੱਚ ਜਿੱਥੇ ਮਨੁੱਖ ਤਕਨੀਕ ਨਾਲ ਜੁੜ ਰਿਹਾ ਹੈ, ਉਥੇ ਉਹ ਆਪਣੇ ਆਪ ਤੋਂ ਦੂਰ ਹੋ ਰਿਹਾ ਹੈ।ਯੋਗ ਅਜਿਹਾ ਸਾਧਨ ਹੈ ਜੋ ਸਾਨੂੰ ਦੁਬਾਰਾ ਆਪਣੇ ਅੰਦਰ ਵੱਲ ਮੋੜਦਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਸੰਦੇਸ਼ ਦਿੱਤਾ ਕਿ ਜਿਸ ਤਰ੍ਹਾਂ ਅਸੀਂ ਆਪਣਾ ਦਿਨ ਇੱਕ ਐਪ ਜਾਂ ਨੋਟੀਫਿਕੇਸ਼ਨ ਨਾਲ ਸ਼ੁਰੂ ਕਰਦੇ ਹਾਂ ਉਸੇ ਤਰ੍ਹਾਂ ਇੱਕ ਆਸਨ ਜਾਂ ਪ੍ਰਾਣਾਯਾਮ ਨਾਲ ਦਿਨ ਦੀ ਸ਼ੁਰੂਆਤ ਕਰੋ, ਅੰਤਰ ਆਪੇ ਨਜ਼ਰ ਆਵੇਗਾ। ਡਾ. ਰਾਜੇਸ਼ ਭਾਰਦਵਾਜ ਨੇ ਆਪਣੇ ਸੰਬੋਧਨ ਵਿੱਚ ਕਿਹਾ ਯੋਗ ਸਿਰਫ਼ ਇੱਕ ਕਸਰਤ ਨਹੀਂ, ਇਹ ਇਕ ਪੂਰਨ ਜੀਵਨ ਸ਼ੈਲੀ ਹੈ ਜੋ ਮਨੁੱਖ ਨੂੰ ਮਨ ਦੀ ਸ਼ਾਂਤੀ, ਆਤਮਿਕ ਤਾਕਤ ਅਤੇ ਜੀਵਨ ਵਿੱਚ ਸਮਰਸਤਾ ਵੱਲ ਲੈ ਜਾਂਦੀ ਹੈ।ਇਹ ਸਮਾਗਮ ਯੋਗ ਦੇ ਲਾਭਾਂ ਬਾਰੇ ਜਾਣਕਾਰੀ ਫੈਲਾਉਣ ਅਤੇ ਸਿਹਤਮੰਦ ਜੀਵਨ ਅਪਣਾਉਣ ਲਈ ਲੋਕਾਂ ਨੂੰ ਉਤਸ਼ਾਹਿਤ ਕਰਨ ਵਿੱਚ ਸਫਲ ਰਿਹਾ।

# ਪੀਰ ਬਾਬਾ ਪੱਕੇ ਸ਼ਾਹ ਦੇ ਦਰਬਾਰ 'ਤੇ ਸਾਲਾਨਾ ਉਰਸ ਮਨਾਇਆ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਸਥਾਨਕ ਸ਼ਹਿਰ ਅਜਨਾਲਾ ਵਿੱਚ ਮਸ਼ਹੂਰ ਦਰਗਾਹ ਪੀਰ ਬਾਬਾ ਪੱਕੇ ਸ਼ਾਹ ਜੀ ਦਾ ਸਾਲਾਨਾ ਉਰਸ ਬੜੀ ਸ਼ਰਧਾ ਭਾਵਨਾ ਤੇ ਧੂਮਧਾਮ ਦੇ ਨਾਲ ਮਨਾਇਆ ਗਿਆ ਜਿਸ ਵਿੱਚ ਕੈਬਨਿਟ ਮੰਤਰੀ ਕੁਲਦੀਪ



ਸਿੰਘ ਧਾਲੀਵਾਲ ਦੇ ਸਪੁੱਤਰ ਖੁਸ਼ਪਾਲ ਸਿੰਘ ਧਾਲੀਵਾਲ ਅਤੇ ਕਾਂਗਰਸ ਪਾਰਟੀ ਦੇ ਆਗੂ ਹਰਪ੍ਰਤਾਪ ਸਿੰਘ ਅਜਨਾਲਾ ਉਚੇਚੇ ਤੌਰ 'ਤੇ ਪਹੁੰਚੇ ਤੇ ਪੀਰ ਬਾਬਾ ਪੱਕੇ ਸ਼ਾਹ ਜੀ ਦੇ ਦਰਬਾਰ 'ਤੇ ਚਾਦਰ ਚੜ੍ਹਾਈ ਅਤੇ ਅਸ਼ੀਰਵਾਦ ਪ੍ਰਾਪਤ ਕੀਤਾ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਵੀ ਕੀਤੀ।ਆਈਆਂ ਹੋਈਆਂ ਸੰਗਤਾਂ ਨੂੰ ਮੁਬਾਰਕਬਾਦ ਵੀ ਦਿੱਤੀ।ਇਸ ਮੌਕੇ ਪੀਰ ਬਾਬਾ ਪੱਕੇ ਸ਼ਾਹ ਜੀ ਦੇ ਦਰਬਾਰ ਦੇ ਪ੍ਰਬੰਧਕਾਂ ਅਤੇ ਸੇਵਾਦਾਰ ਸੁੱਖਵਿੰਦਰ ਸਿੰਘ ਸੁੱਖ ਨਿੱਝਰ ਵੱਲੋਂ ਅਤੇ ਬਾਬਾ ਗੋਲਡੀ ਸ਼ਾਹ ਅਜਨਾਲਾ ਸ਼ਰੀਫ਼ ਵਾਲਿਆਂ ਵੱਲੋਂ ਉਨ੍ਹਾਂ ਦਾ ਮਾਣ ਸਨਮਾਨ ਵੀ ਕੀਤਾ ਗਿਆ।ਦਰਬਾਰ ਤੇ ਵੱਖ ਵੱਖ ਪੰਜਾਬ ਦੇ ਮਸ਼ਹੂਰ ਕੱਵਾਲਾਂ ਨੇ ਬਾਬਾ ਜੀ ਦੀਆਂ ਕੱਵਾਲੀਆਂ ਦਾ ਗੁਣਗਾਨ ਕੀਤਾ।ਸਾਰਾ ਦਿਨ ਲੰਗਰ ਭੰਡਾਰਾ ਵੀ ਅਤੁੱਟ ਵਰਤਾਇਆ ਗਿਆ।ਇਸ ਮੌਕੇ ਨੰਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋਂ, ਆਪ ਸ਼ਹਿਰੀ ਪ੍ਰਧਾਨ ਸੀਨੀਅਰ ਆਗੂ ਅਮਿਤ ਔਲ, ਮਾਰਕੀਟ ਕਮੇਟੀ ਚੇਅਰਮੈਨ ਬਲਦੇਵ ਸਿੰਘ ਚੇਤਨਪੁਰਾ, ਦਿਲਬਾਗ ਸਿੰਘ ਘੁੱਲੀ, ਕਾਂਗਰਸ ਪਾਰਟੀ ਸ਼ਹਿਰੀ ਅਜਨਾਲਾ ਦੇ ਪ੍ਰਧਾਨ ਦਵਿੰਦਰ ਸਿੰਘ ਡੈਮ ਅਜਨਾਲਾ, ਕੌਂਸਲਰ ਗੁਰਦੇਵ ਸਿੰਘ ਨਿੱਜਰ, ਐਡਵੋਕੇਟ ਸੁਨੀਲ ਪਾਲ ਸਿੰਘ, ਸੀਨੀਅਰ ਆਗੂ ਦਰਸ਼ਨ ਲਾਲ ਸ਼ਰਮਾ, ਹੁਸਨਪ੍ਰੀਤ ਸਿੰਘ ਨਿੱਜਰ, ਗੁਰਦੀਪ ਸਿੰਘ ਸਿਰਸਾ, ਬਲਜਿੰਦਰ ਸਿੰਘ ਨੰਬਰਦਾਰ, ਅਮਰਬੀਰ ਸਿੰਘ ਬੱਲ, ਅਮਨ ਸਿੰਘ ਅਜਨਾਲਾ, ਕਾਬਲ ਸਿੰਘ ਨਿੱਜਰ, ਰਾਜਬੀਰ ਸਿੰਘ, ਸ਼ੁੱਭ ਸਿਰਸਾ, ਪਿੰਕੀ ਕੁਮਾਰ, ਦਰਬਾਰ ਦੇ ਮੈਂਬਰ ਸੇਵਾਦਾਰ ਬਾਬਾ ਫ਼ਕੀਰ ਸਿੰਘ, ਸੰਦੀਪ ਸਿੰਘ, ਅਮਨ ਭਗਤ, ਪਲਵਿੰਦਰ ਸਿੰਘ, ਸਰੋਜ ਰਾਣੀ ਅਜਨਾਲਾ, ਭੂਰੇ ਸ਼ਾਹ, ਬਬਲੂ ਸ਼ਾਹ ਅਜਨਾਲਾ, ਸ਼ਮਸ਼ੇਰ ਸਿੰਘ, ਰਾਜੂ ਅਜਨਾਲਾ ਆਦਿ ਹਾਜ਼ਰ ਸਨ।

# ਦਿਲਰਾਜ ਸਿੰਘ ਦਰਦੀ ਦੇ ਗੀਤ 'ਬਚਪਨ' ਦਾ ਲੋਕ ਅਰਪਣ ਸਮਾਗਮ

**ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)**- ਪਿਛਲੇ 40 ਸਾਲਾਂ ਤੋਂ ਨਿਰੰਤਰ ਪੰਜਾਬੀ ਮਾਂ ਬੋਲੀ ਦੀ ਸੇਵਾ ਨਿਭਾ ਰਹੀ ਚਰਚਿਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ



ਸਾਹਿਤਕ ਸਮਾਗਮ ਸਭਾ ਦੇ ਬਾਨੀ ਸਰਪ੍ਰਸਤ ਸ: ਪ੍ਰਿਥੀਪਾਲ ਸਿੰਘ ਅਠੌਲਾ ਯਾਦਗਾਰੀ ਲਾਇਬਰੇਰੀ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ, ਜਿਸ ਦੇ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਸਕੱਤਰ ਦੀਪ ਦਵਿੰਦਰ ਸਿੰਘ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਸੁਖਦੇਵ ਸਿੰਘ ਭੁੱਲਰ ਸੀ: ਮੈਨੇਜਰ ਪੰਜਾਬ ਸਕੂਲ ਸਿਖਿਆ ਬੋਰਡ, ਮੱਖਣ ਸਿੰਘ ਭੈਣੀਵਾਲਾ ਸਾ: ਬੀਈਈਓ, ਡਾ: ਕੁਲਵੰਤ ਸਿੰਘ ਬਾਠ ਸਾ: ਵੈਟਰਨਰੀ ਅਫਸਰ ਅਤੇ ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਮੈਡਮ ਸੁਖਵੰਤ ਕੌਰ ਵੱਸੀ ਪ੍ਰਧਾਨ ਮਹਿਲਾ ਵਿੰਗ ਸੁਸ਼ੋਭਿਤ ਹੋਏ। ਇਸ ਮੌਕੇ ਗਾਇਕ ਅਤੇ ਗੀਤਕਾਰ ਦਿਲਰਾਜ ਸਿੰਘ ਦਰਦੀ ਦਾ ਸਭਿਆਚਾਰਕ ਗੀਤ 'ਬਚਪਨ' ਜੋ ਕਿ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੀ ਪੇਸ਼ਕਸ਼ ਹੈ, ਨੂੰ ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤਾ ਗਿਆ। ਇਸ ਮੌਕੇ ਇਕ ਸ਼ੋਕ ਮਤੇ ਰਾਹੀਂ ਸਭਾ ਦੇ ਸਕੱਤਰ ਮਾ: ਨਵਦੀਪ ਸਿੰਘ ਬਦੇਸ਼ਾ ਦੇ ਪਿਤਾ ਹੈੱਡਟੀਚਰ ਦਰਸ਼ਨ ਸਿੰਘ ਬਦੇਸ਼ਾ ਅਤੇ ਕਵਿੱਤਰੀ ਅਮਨ ਢਿੱਲੋਂ ਕਸੇਲ ਦੇ ਜੀਜਾ ਸ: ਕੁਲਦੀਪ ਸਿੰਘ ਭੁੱਲਰ ਕਾਨੂੰਗੋ ਵਿਛੋਆ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਗਈ। ਇਸ ਮੌਕੇ ਮਾ: ਨਿਰਮਲ ਸਿੰਘ ਟਪਿਆਲਾ, ਸੂਬੇਦਾਰ ਹਰਜੀਤ ਸਿੰਘ, ਮਨਜੀਤ ਸਿੰਘ ਕੰਬੋ, ਸਰਬਜੀਤ ਸਿੰਘ ਪੱਡਾ, ਰਾਜਮੀਤ ਸਿੰਘ, ਅਮਰਜੀਤ ਸਿੰਘ ਰਤਨਗੜ੍ਹ, ਬਲਵਿੰਦਰ ਸਿੰਘ ਅਠੌਲਾ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਪਲਵਿੰਦਰ ਸਿੰਘ ਸਰਲੀ ਖੁਰਦ, ਬਲਜਿੰਦਰ ਸਿੰਘ ਗਹਿਰੀ, ਭਗਵੰਤ ਸਿੰਘ ਨੇ ਹਾਜ਼ਰੀ ਭਰੀ ।

# ਮਕੌੜਾ ਪੱਤਣ ਤੋਂ ਪਾਰ ਰਹਿੰਦੇ ਸੱਤ ਪਿੰਡਾਂ ਦਾ ਸ਼ਹਿਰ ਨਾਲੋਂ ਸੰਪਰਕ ਟੁੱਟਿਆ, ਲੋਕਾਂ ਦਾ ਇੱਕੋ-ਇਕ ਸਹਾਰਾ ਬਣੀ ਕਿਸ਼ਤੀ

**ਗੁਰਦਾਸਪੁਰ (ਜਨਕ ਮਹਾਜਨ)**- ਜ਼ਿਲ੍ਹਾ ਗੁਰਦਾਸਪੁਰ ਦੇ ਸਰਹੱਦੀ ਕਸਬਾ ਦੀਨਾਨਗਰ ਅਧੀਨ ਪੈਂਦੇ ਮਕੌੜਾ ਪੱਤਣ ਰਾਵੀ ਦਰਿਆ 'ਤੇ ਬਣਿਆ ਅਸਥਾਈ ਪਲਟੂਨ ਪੁਲ ਟੁੱਟ ਜਾਣ ਕਾਰਨ ਰਾਵੀ ਦਰਿਆ ਤੋਂ ਪਾਰ ਵੱਸਦੇ 7 ਪਿੰਡਾਂ ਭਰਿਆਲ, ਤੂਰਬਾਨੀ, ਰਾਏਪੁਰ ਚਿੱਬ, ਮੰਮੀ ਚਕਰੰਗਾਂ, ਕਜਲੇ, ਝੁੰਬਰ, ਲਸਿਆਣ ਦਾ ਸੰਪਰਕ ਭਾਰਤ ਦੇਸ਼ ਨਾਲੋਂ ਟੁੱਟ ਚੁੱਕਾ ਹੈ ਅਤੇ ਇਨ੍ਹਾਂ ਪਿੰਡਾਂ ਨੂੰ ਜਾਣ ਦਾ ਇਕ ਮਾਤਰ ਸਹਾਰਾ ਕਿਸ਼ਤੀ ਹੈ। ਜ਼ਿਕਰਯੋਗ ਹੈ ਕਿ ਮਕੌੜਾ ਪੱਤਣ 'ਤੇ ਦੋ ਦਰਿਆਵਾਂ ਦਾ ਮੇਲ਼ ਹੁੰਦਾ ਹੈ। ਇੱਕ ਜੰਮੂ-ਕਸ਼ਮੀਰ ਤੋਂ ਆਉਂਦਾ ਬਰਸਾਤੀ ਦਰਿਆ ਉਝ ਤੇ ਦੂਜਾ ਸ਼ਿਵਾਲਿਕ ਦੀਆਂ ਪਹਾੜੀਆਂ 'ਚੋਂ ਨਿਕਲ ਕੇ ਮਾਧੋਪੁਰ ਤੋਂ ਹੁੰਦਾ ਹੋਇਆ ਸਦਾ ਬਹਾਰ ਦਰਿਆ ਰਾਵੀ ਇਥੇ ਮਿਲ ਕੇ ਇੱਕ ਝੀਲ ਦਾ ਰੂਪ ਧਾਰਨ ਕਰ ਲੈਂਦਾ ਹੈ। ਇਸ ਜਗ੍ਹਾ 'ਤੇ ਵਿਭਾਗ ਵੱਲੋਂ ਹਰ ਸਾਲ ਆਰਜ਼ੀ ਪਲਟੂਨ ਪੁਲ ਪਾਇਆ ਜਾਂਦਾ ਹੈ ਅਤੇ ਬਰਸਾਤ ਦਾ ਮੌਸਮ ਆਉਣ 'ਤੇ ਚੁੱਕ ਲਿਆ ਜਾਂਦਾ ਹੈ। ਰਾਵੀ ਦਰਿਆ ਤੋਂ ਪਾਰ ਪਹਿਲਾਂ 14 ਪਿੰਡ ਵਸਦੇ ਸਨ ਪਰ ਆਜ਼ਾਦੀ ਦੇ 76 ਸਾਲ ਬੀਤ ਜਾਣ ਦੇ ਬਾਵਜੂਦ ਇਨ੍ਹਾਂ ਪਿੰਡਾਂ ਦੀ ਕਿਸੇ ਸਰਕਾਰ ਨੇ ਸਾਰ ਨਹੀਂ ਲਈ ਜਿਸ ਕਰਕੇ ਕਈ ਲੋਕ ਇਨ੍ਹਾਂ ਪਿੰਡਾਂ ਨੂੰ ਛੱਡ ਕੇ ਜਾ ਚੁੱਕੇ ਹਨ ਅਤੇ ਇਸ ਸਮੇਂ ਰਾਵੀ ਦਰਿਆ ਤੋਂ ਪਾਰ ਸਿਰਫ 14 ਵਿੱਚੋਂ 7 ਪਿੰਡ ਹੀ ਮੌਜੂਦ ਹਨ। ਰਾਵੀ ਦਰਿਆ ਤੋਂ ਪਾਰ ਵੱਸਦੇ ਪਿੰਡਾਂ ਦੇ ਲੋਕਾਂ



ਨੇ ਗੱਲਬਾਤ ਦੌਰਾਨ ਦੱਸਿਆ ਕਿ ਭਾਰਤ-ਪਾਕਿ ਸਰਹੱਦ ਨਾਲ ਲੱਗਦੇ ਲਗਭਗ ਦਰਜਨ ਪਿੰਡਾਂ ਦੇ ਲੋਕਾਂ ਦਾ ਬਰਸਾਤ ਦੇ ਦਿਨਾਂ ਵਿਚ ਭਾਰਤ ਦੇਸ਼ ਨਾਲੋਂ ਸੰਪਰਕ ਟੁੱਟ ਜਾਂਦਾ ਹੈ ਅਤੇ ਉਹ ਰੱਬ ਆਸਰੇ ਹੀ ਆਪਣਾ ਜੀਵਨ ਬਤੀਤ ਕਰਦੇ ਹਨ। ਉਨ੍ਹਾਂ ਦੱਸਿਆ ਕਿ ਰਾਵੀ ਦਰਿਆ 'ਤੇ ਅਸਥਾਈ ਪੁਲ ਬਣਾਇਆ ਜਾਂਦਾ ਹੈ ਜਿਸ ਨੂੰ ਹਰ ਸਾਲ ਬਰਸਾਤ ਦੇ ਦਿਨਾਂ ਵਿਚ ਚੁੱਕ ਲਿਆ ਜਾਂਦਾ ਹੈ ਜਿਸ ਕਰਕੇ ਲੋਕਾਂ ਨੂੰ ਆਉਣ-ਜਾਣ ਲਈ ਇਕ ਮਾਤਰ ਬੇੜੀ ਦਾ ਸਹਾਰਾ ਲੈਣਾ ਪੈਂਦਾ ਹੈ। ਉਨ੍ਹਾਂ ਕਿਹਾ ਰਾਵੀ ਦਰਿਆ 'ਤੇ ਪੱਕਾ ਪੁਲ ਨਾ ਹੋਣ ਕਰਕੇ ਕੋਈ ਸੁੱਖ ਸਹੂਲਤ ਨਹੀਂ ਹੈ। ਲੋਕਾਂ ਨੇ ਦੱਸਿਆ ਕਿ ਖ਼ਾਸ ਕਰਕੇ ਛੋਟੇ ਬੱਚਿਆਂ, ਬਜ਼ੁਰਗ ਅਤੇ ਗਰਭਵਤੀ ਔਰਤਾਂ ਵੀ ਇਨ੍ਹਾਂ ਦਿਨਾਂ ਵਿਚ ਕਾਫ਼ੀ ਜ਼ਿਆਦਾ ਮੁਸ਼ਕਲਾਂ ਖੜੀਆਂ ਹੋ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਕੋਈ ਬਿਮਾਰ ਹੋ ਜਾਂਦਾ ਹੈ ਤਾਂ ਉਸ ਨੂੰ ਸਮੇਂ ਸਿਰ ਡਾਕਟਰੀ ਸਹੂਲਤ ਨਹੀਂ ਮਿਲ ਸਕਦੀ ਜਿਸ ਕਰਕੇ ਲੋਕ ਹਮੇਸ਼ਾ ਡਰ ਦੇ ਮਾਹੌਲ ਵਿਚ ਸਮਾਂ ਬਤੀਤ ਕਰਦੇ ਹਨ। ਲੋਕਾਂ ਦਾ ਕਹਿਣਾ ਹੈ ਕਿ ਜੇਕਰ ਰਾਵੀ ਦਰਿਆ ਮਕੌੜਾ ਪੱਤਣ ਕੋਲ ਪੱਕਾ ਪੁਲ ਬਣ ਜਾਂਦਾ ਹੈ ਤਾਂ ਉਹ ਸਵੇਰ-ਹਨੇਰ ਜਦੋਂ ਮਰਜ਼ੀ ਸ਼ਹਿਰ ਨੂੰ ਆ ਸਕਦੇ ਹਨ। ਲੋਕਾਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਲੋਕਾਂ ਦੀ ਮੁਸ਼ਕਿਲ ਨੂੰ ਦੇਖਦੇ ਹੋਏ ਮਕੌੜਾ ਪੱਤਣ ਕੋਲ ਰਾਵੀ ਦਰਿਆ 'ਤੇ ਪੱਕਾ ਪੁਲ ਬਣਾਇਆ ਜਾਵੇ।

# ਬਾਬਾ ਨਿਰਮਲ ਦਾਸ ਦਾ ਸਾਲਾਨਾ ਜੋੜ ਮੇਲਾ ਕਰਵਾਇਆ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਅੱਡਾ ਝਬਾਲ ਵਿਖੇ ਧੰਨ ਧੰਨ ਬਾਬਾ ਨਿਰਮਲ ਦਾਸ ਦਾ ਸਾਲਾਨਾ ਜੋੜ ਮੇਲਾ ਚੇਅਰਮੈਨ



ਰਮਨ ਕੁਮਾਰ, ਸਰਪੰਚ ਕਵਿਤਾ ਸ਼ਰਮਾ, ਕਵਰ ਨਕੁਲ ਧੋਨੀ ਆਦਿ ਪਰਿਵਾਰਕ ਮੈਂਬਰਾਂ ਵੱਲੋਂ ਬੜੀ ਸ਼ਰਧਾ ਭਾਵਨਾ ਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਵਿਧਾਨ ਹਲਕਾ ਤਰਨਤਾਰਨ ਦੇ ਸੀਨੀਅਰ ਕਾਂਗਰਸੀ ਆਗੂ ਰਾਜਬੀਰ ਸਿੰਘ ਭੁੱਲਰ ਨੂੰ ਚੇਅਰਮੈਨ ਰਮਨ ਕੁਮਾਰ ਝਬਾਲ ਵੱਲੋਂ ਵਿਸ਼ੇਸ਼ ਸਨਮਾਨ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ ਹੀਰਾ ਗੰਨ ਹਾਊਸ ਵਾਲੇ, ਸਰਪੰਚ ਜਸਬੀਰ ਸਿੰਘ ਸਵਰਗਾਪੁਰੀ, ਸਰਪੰਚ ਪ੍ਰਗਟ ਸਿੰਘ ਮਲਵਈ, ਰਵਿੰਦਰਪਾਲ ਝਬਾਲ, ਜਥੇਦਾਰ ਨਿਸ਼ਾਨ ਸਿੰਘ ਦੋਦੇ, ਮਲਕੀਤ ਸਿੰਘ ਛਾਪਾ, ਹਰਭਾਲ ਸਿੰਘ ਭਾਲਾ, ਅਰਸ਼ ਕਪੂਰ, ਪਿਊਸ਼ ਧਵਨ ਗੰਡੀਵਿੰਡ, ਮੈਂਬਰ ਗੁਰਜੰਟ ਸਿੰਘ ਰਾਜੂ, ਮੈਂਬਰ ਸੋਨੂੰ ਝਬਾਲ, ਹਰਜੀਤ ਸਿੰਘ ਝਬਾਲ, ਹਰਜੋਤ ਸਿੰਘ, ਭਰਤ ਭੂਸ਼ਨ, ਲਵਲੀ ਭੂਸ਼ਨ, ਚਾਂਦ ਸੂਦ, ਮਾਂਜੀ ਝਬਾਲ, ਹੀਰਾ ਸਿੰਘ, ਮੇਜਰ ਸਿੰਘ ਬਿੱਟੂ ਸਮੇਤ ਸੰਗਤਾਂ ਹਾਜ਼ਰ ਸਨ।

# ਜੀਐੱਨਡੀਯੂ ਦੇ ਵੀ ਸੀ ਪ੍ਰੋ. ਕਰਮਜੀਤ ਸਿੰਘ ਦਾ ਕੈਨੇਡੀਅਨ ਐੱਮਪੀ ਵੱਲੋਂ ਸਨਮਾਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸਿੱਖਿਆ ਦੇ ਖੇਤਰ ਵਿੱਚ ਅੰਤਰਰਾਸ਼ਟਰੀ ਸਹਿਯੋਗ ਨੂੰ ਮਜ਼ਬੂਤ ਕਰਨ ਵਾਲੀ ਇੱਕ ਮਹੱਤਵਪੂਰਣ ਪਹਿਲਕਦਮੀ ਦੇ ਰੂਪ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਡਾ. ਕਰਮਜੀਤ ਸਿੰਘ ਨੂੰ ਕੈਨੇਡਾ ਦੇ ਮੈਂਬਰ ਆਫ ਪਾਰਲੀਮੈਂਟ ਸੁਖ ਧਾਲੀਵਾਲ ਨੇ ਸਨਮਾਨਿਤ ਕੀਤਾ ਹੈ। ਇਹ ਸਨਮਾਨ ਸਿੱਖਿਆ ਅਤੇ ਅਕਾਦਮਿਕ ਲੀਡਰਸ਼ਿਪ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਦਿੱਤਾ ਗਿਆ ਹੈ।ਸਰੀ-ਨਿਊਟਨ 'ਚ ਜਾਰੀ ਕੀਤੇ ਗਏ ਇਸ ਆਨਰੇਸ਼ਨ ਸਰਟੀਫਿਕੇਟ ਵਿੱਚ ਐੱਮਪੀ ਧਾਲੀਵਾਲ ਨੇ ਪ੍ਰੋਫੈਸਰ ਕਰਮਜੀਤ ਸਿੰਘ ਸਿੰਘ ਦੀ ਸਿੱਖਿਆ ਸ਼ਾਸਤਰੀ, ਪ੍ਰਬੰਧਕ ਅਤੇ ਵਾਈਸ ਚਾਂਸਲਰ ਵਜੋਂ ਸਮਰਪਣ ਲਈ ਸ਼ਲਾਘਾ ਕੀਤੀ ਹੈ, ਜਿਸ ਨਾਲ ਯੂਨੀਵਰਸਿਟੀ ਸਹਿਯੋਗ ਨੂੰ ਵਧਾਉਣ ਵਿੱਚ ਮਦਦ ਮਿਲੀ ਹੈ। ਸਰਟੀਫਿਕੇਟ ਵਿੱਚ ਲਿਖਿਆ ਹੈ ਕਿ ਡਾ. ਕਰਮਜੀਤ ਸਿੰਘ ਦਾ ਦ੍ਰਿਸ਼ਟੀਕੋਣ ਪ੍ਰੇਰਣਾਦਾਇਕ ਹੈ। ਮੈਂ ਉਨ੍ਹਾਂ ਦੀ ਸਫਲਤਾ ਲਈ ਆਪਣੀਆਂ ਹਾਰਦਿਕ ਸ਼ੁਭਕਾਮਨਾਵਾਂ ਪ੍ਰਦਾਨ ਕਰਦਾ ਹਾਂ ਅਤੇ ਸਿੱਖਿਆ ਸੇਵਾ ਵਿੱਚ ਉਨ੍ਹਾਂ ਦੇ ਨਿਰੰਤਰ ਯਤਨਾਂ ਲਈ ਸ਼ੁਭ ਇੱਛਾਵਾਂ ਭੇਜਦਾ ਹਾਂ। ਇਹ ਸਨਮਾਨ ਉਦੋਂ ਮਿਲਿਆ ਜਦੋਂ ਪ੍ਰੋਫੈਸਰ ਕਰਮਜੀਤ ਸਿੰਘ ਕੈਨੇਡਾ ਦੀ ਆਕਾਦਮਿਕ ਫੇਰੀ 'ਤੇ ਸਨ, ਜਿਸਦਾ ਮਕਸਦ ਗੁਰੂ ਨਾਨਕ ਦੇਵ ਯੂਨੀਵਰਸਿਟੀ ਅਤੇ ਕੈਨੇਡੀਅਨ ਯੂਨੀਵਰਸਿਟੀਆਂ ਵਿਚਕਾਰ ਸੰਸਥਾਗਤ ਸਾਂਝੇਦਾਰੀ, ਫੈਕਲਟੀ ਐਕਸਚੇਂਜ ਅਤੇ ਸਹਿਯੋਗੀ ਖੋਜ ਨੂੰ ਮਜ਼ਬੂਤ ਕਰਨਾ ਸੀ। ਉਨ੍ਹਾਂ ਦੇ ਯਤਨਾਂ ਨੇ ਗੁਰੂ ਨਾਨਕ ਦੇਵ ਜੀ ਯੂਨੀਵਰਸਿਟੀ ਦੀ ਸਟ੍ਰੈਟੇਜਿਕ ਅੰਤਰਰਾਸ਼ਟਰੀਕਰਨ ਏਜੰਡਾ ਨੂੰ ਆਕਾਰ ਦੇਣ ਅਤੇ ਯੂਨੀਵਰਸਿਟੀ ਨੂੰ ਗਲੋਬਲ ਅਕਾਦਮਿਕ ਸਟੇਕਹੋਲਡਰ ਵਜੋਂ ਸਥਾਪਤ ਕਰਨ ਵਿੱਚ ਮਹੱਤਵਪੂਰਣ ਭੂਮਿਕਾ ਨਿਭਾਈ ਹੈ।ਪ੍ਰੋਫੈਸਰ ਸਿੰਘ ਦੀ ਅਗਵਾਈ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਰਾਸ਼ਟਰੀ ਅਤੇ ਗਲੋਬਲ ਰੈਂਕਿੰਗ ਵਿੱਚ ਉਭਾਰ ਹਾਸਿਲ ਕੀਤਾ ਹੈ, ਜੋ ਸਿੱਖਿਆ, ਖੋਜ ਅਤੇ ਅੰਤਰਰਾਸ਼ਟਰੀ ਸਹਿਯੋਗ ਵਿੱਚ ਨਵੀਂ ਦਿਸ਼ਾ ਨਾਲ ਚਲਾਇਆ ਗਿਆ ਹੈ।ਇੱਕ ਕੈਨੇਡੀਅਨ ਐੱਮਪੀ ਵੱਲੋਂ ਉਨ੍ਹਾਂ ਦਾ ਸਨਮਾਨ ਗਲੋਬਲ ਮਾਮਲਿਆਂ ਵਿੱਚ ਅਕਾਦਮਿਕ ਡਿਪਲੋਮੇਸੀ ਦੇ ਵਧਦੇ ਮਹੱਤਵ ਨੂੰ ਦਰਸਾਉਂਦਾ ਹੈ।

## ਦੇਸੀ ਪਿਸਟਲ, ਮੈਗਜ਼ੀਨ ਤੇ ਤਿੰਨ ਰੌਂਦਾਂ ਸਮੇਤ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)** ਪੁਲਸ ਵਲੋਂ ਇਕ ਦੇਸੀ ਪਿਸਟਲ ਸਮੇਤ ਮੈਗਜ਼ੀਨ ਅਤੇ ਤਿੰਨ ਰੌਂਦ ਸਮੇਤ ਇਕ ਨੌਜਵਾਨ ਨੂੰ ਕਾਬੂ ਕੀਤਾ ਹੈ। ਪੁਲਸ ਥਾਣਾ ਸਦਰ ਨਵਾਂਸ਼ਹਿਰ ਵਿਖੇ ਦਰਜ਼ ਮਾਮਲੇ ਅਨੁਸਾਰ ਐਸਆਈ ਪਰਗਟ ਸਿੰਘ ਨੇ ਦੱਸਿਆ ਕਿ ਸਮੇਤ ਪੁਲਸ ਪਾਰਟੀ ਏਐਸਆਈ ਭਵੀਸ਼ਨ ਸਿੰਘ, ਏਐਸਆਈ ਬਲਵਿੰਦਰ ਕੁਮਾਰ, ਏਐਸਆਈ ਗੁਰਬਖ਼ਸ਼ ਰਾਮ, ਸੀਨੀਅਰ ਸਿਪਾਹੀ ਅਵਤਾਰ ਸਿੰਘ ਨੇ ਗਸ਼ਤ ਦੌਰਾਨ ਸੀਆਈਏ ਸਟਾਫ ਨਵਾਂਸ਼ਹਿਰ ਤੋਂ ਬਾਈਪਾਸ ਪਿੰਡ ਮਹਾਲੋਂ ਹੁੰਦੇ ਹੋਏ ਬਲਾਚੌਰ ਸਾਈਡ ਨੂੰ ਜਾ ਰਹੇ ਸੀ ਤਾਂ ਜਦੋਂ ਪੁਲਸ ਪਾਰਟੀ ਦੀ ਗੱਡੀ ਲੰਗੜੋਆ ਬਾਈਪਾਸ ਨੇੜੇ ਪੁੱਜੀ ਤਾਂ ਪਿੰਡ ਕਿਸ਼ਨਪੁਰ ਨੂੰ ਜਾਂਦੀ ਲਿੰਕ ਸੜਕ ਦੀ ਤਰਫੋਂ ਇਕ ਨੌਜਵਾਨ ਪੈਦਲ ਆਉਂਦਾ ਦਿਖਾਈ ਦਿੱਤਾ।ਜਿਸਨੇ ਆਪਣੇ ਸੱਜੇ ਹੱਥ ਵਿਚ ਇਕ ਕਿੱਟ ਬੈਗ ਫੜਿਆ ਹੋਇਆ ਸੀ ਜੋ ਅਚਾਨਕ ਪੁਲਸ ਦੀ ਗੱਡੀ ਨੂੰ ਦੇਖ ਕੇ ਯਕਦਮ ਘਬਰਾ ਕੇ ਵਾਪਸ ਪਿੰਡ ਕਿਸ਼ਨਪੁਰ ਸਾਈਡ ਨੇ ਤੇਜ ਕਦਮੀ ਤੁਰ ਪਿਆ। ਜਿਸ ਨੂੰ ਸ਼ੱਕ ਪੈਣ 'ਤੇ ਗੱਡੀ ਰੁਕਵਾ ਕੇ ਉਸ ਨੂੰ ਕਾਬੂ ਕਰਕੇ ਨਾਂਅ ਅਤੇ ਪਤਾ ਪੁੱਛਿਆ।ਜਿਸਨੇ ਆਪਣਾ ਨਾਂਅ ਰੌਬਿਨ ਜੱਲਨ ਉਰਫ ਰੌਬੀ ਪੁੱਤਰ ਲੇਟ ਬਲਦੇਵ ਚੰਦ ਵਾਸੀ ਪਿੰਡ ਸੜੋਆ ਦੱਸਿਆ। ਜਿਸਦੇ ਸੱਜੇ ਹੱਥ ਵਿਚ ਫੜੀ ਹੋਈ ਕਿੱਟ ਬੈਗ ਰੰਗ ਗੁਲਾਬੀ ਦੀ ਜਿੱਪ ਖੋਲ ਕੇ ਚੈਕ ਕਰਨ 'ਤੇ ਵਿਚੋਂ ਇਕ ਦੇਸੀ ਪਿਸਟਲ (ਕੰਟਰੀ ਮੇਡ) ਜਿਸ ਪਰ ਕੋਈ ਮਾਰਕਾ ਨਹੀਂ ਲੱਗਾ ਹੋਇਆ ਹੈ ਬ੍ਰਾਮਦ ਕੀਤਾ। ਜਿਸਦੇ ਮੈਗਜ਼ੀਨ ਨੂੰ ਉਤਾਰ ਕੇ ਅਨਲੋਡ ਕਰਨ 'ਤੇ ਵਿਚੋਂ ਤਿੰਨ ਰੌਂਦ ਜਿਨ੍ਹਾਂ ਦੇ ਪੈਂਦੇ 'ਤੇ 7.65 ਕੇਐਫ਼ ਲਿਖਿਆ ਹੈ, ਬ੍ਰਾਮਦ ਹੋਏ। ਪੁਲਸ ਨੇ ਮਾਮਲੇ ਵਿਚ ਜੁਰਮ 25-54-1959 ਅਸਲਾ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।



## 'ਕਿਸ ਮੇਂ ਕਿਤਨਾ ਹੈ ਦਮ' ਦੇ ਗ੍ਰੈਂਡ ਫੀਨਾਲੇ 'ਚ ਅੰਜਲੀਵ ਕੌਰ ਰਹੀ ਰਨਰ ਅੱਪ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**- ਬੱਚਿਆਂ ਦੇ ਹੁਨਰ ਨੂੰ ਤਲਾਸ਼ਣਾ ਸਾਡਾ ਮੁੱਖ ਮਕਸਦ ਹੈ। ਇਹ ਵਿਚਾਰ ਧੂਰੀ ਵਿਖੇ ਕਰਵਾਏ ਗਏ 'ਕਿਸ ਮੈ ਕਿਤਨਾ ਹੈ ਦਮ' ਟੈਲੇਂਟ ਦੇ ਮਹਾਂ ਸੰਗਰਾਮ ਟੀ.ਵੀ ਰਿਐਲਿਟੀ ਸ਼ੋ ਗ੍ਰੈਂਡ ਫਾਈਨਾਲੇ ਵਿੱਚ ਭਾਗ ਲੈਣ ਆਏ ਨਿੱਕੇ ਨਿੱਕੇ ਬੱਚਿਆਂ ਨੂੰ ਹੱਲਾਸ਼ੇਰੀ ਦਿੰਦਿਆਂ ਵਰੁਣ ਬਾਂਸਲ ਨੇ ਕਹੇ। ਉਨ੍ਹਾਂ ਕਿਹਾ ਕਿ ਬੱਚਿਆਂ ਅੰਦਰ ਪ੍ਰਤਿਭਾ ਪੂਰੀ ਤਰ੍ਹਾਂ ਨਾਲ ਭਰੀ ਹੋਈ ਹੈ ਇਸ ਨੂੰ ਤਲਾਸ਼ਣ ਅਤੇ ਬਾਹਰ ਕੱਢਣ ਲਈ ਸਾਨੂੰ ਪ੍ਰੋਗਰਾਮਾਂ ਵਿੱਚ ਬੱਚਿਆਂ ਨੂੰ ਵੱਧ ਤੋਂ ਵੱਧ ਭਾਗ ਦਿਵਾਉਣਾ ਚਾਹੀਦਾ ਹੈ ਤਾਂ ਜੋ ਬੱਚੇ ਹਰ ਸਟੇਜ 'ਤੇ ਆਪਣੀ ਪਰਫਾਰਮੈਂਸ ਵਧੀਆ ਤਰੀਕੇ ਨਾਲ ਪੇਸ਼ ਕਰ ਸਕਣ ਅਤੇ ਆਪਣੀ ਯੋਗਤਾ ਅਨੁਸਾਰ ਅੱਗੇ ਵੱਧ ਸਕਣ। ਉਨ੍ਹਾਂ ਅੰਜਲੀਵ ਕੌਰ ਨੂੰ ਗ੍ਰੈਂਡ ਫਾਈਨਾਲੇ ਵਿੱਚ ਰਨਰ ਅਪ ਰਹਿਣ 'ਤੇ ਵਧਾਈ ਦਿੱਤੀ ਅਤੇ ਹੋਰ ਚੰਗਾ ਕਰਨ ਲਈ ਪ੍ਰੇਰਿਤ ਕੀਤਾ। ਬ੍ਰਿਟਿਸ਼ ਵਿਕਟੋਰੀਆ ਸਕੂਲ ਦੇ ਐਮ.ਡੀ ਅਰਸ਼ਦੀਪ ਸਿੰਘ ਨੇ ਕਿਹਾ ਕਿ ਸਾਡੇ ਬ੍ਰਿਟਿਸ਼ ਵਿਕਟੋਰੀਆ ਸਕੂਲ ਦੀ ਹੋਣਹਾਰ ਵਿਦਿਆਰਥਣ ਅੰਜਲੀਵ ਕੌਰ ਪੁੱਤਰੀ ਰਣਜੀਤ ਸਿੰਘ ਨੰਢਾ ਤਲਵੰਡੀ ਚੌਧਰੀਆਂ ਵੱਲੋਂ ਹਜ਼ਾਰਾਂ ਬੱਚਿਆਂ ਦੇ ਜਬਰਦਸਤ ਮੁਕਾਬਲੇ ਵਿੱਚੋਂ ਨਿਕਲ ਕੇ ਦੂਸਰੇ ਨੰਬਰ 'ਤੇ ਆਉਣਾ ਸਾਡੇ ਲਈ ਬਹੁਤ ਮਾਣ ਵਾਲੀ ਗੱਲ ਹੈ। ਉਹਨਾਂ ਦੱਸਿਆ ਕਿ ਸਕੂਲ ਮੈਨੇਜਮੈਂਟ ਵੱਲੋਂ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਹਰ ਫੀਲਡ ਵਿੱਚ ਅੱਗੇ ਵਧਣ ਲਈ ਉਚੇਚੇ ਤੌਰ 'ਤੇ ਵੱਖ-ਵੱਖ ਸਮੇਂ 'ਤੇ ਵੱਖ-ਵੱਖ ਤਰ੍ਹਾਂ ਦੇ ਪ੍ਰੋਗਰਾਮ ਕਰਵਾਏ ਜਾਂਦੇ ਹਨ ਜਿਸ ਵਿੱਚ ਬੱਚਿਆਂ ਨੂੰ ਆਪਣੀ ਪ੍ਰਤਿਭਾ ਉਜਾਗਰ ਕਰਨ ਦਾ ਸਮਾਂ ਮਿਲਦਾ ਹੈ ਅਤੇ ਇਹੋ ਬੱਚੇ ਜਿੱਥੇ ਸਕੂਲ ਦਾ ਨਾਂਅ ਰੋਸ਼ਨ ਕਰਦੇ ਹਨ ਉੱਥੇ ਆਪਣੇ ਮਾਤਾ ਪਿਤਾ ਦਾ ਮਾਣ ਵੀ ਸਮਾਜ ਵਿੱਚ ਵਧਾਉਂਦੇ ਹਨ। ਉਨ੍ਹਾਂ ਅੰਜਲੀਵ ਕੌਰ ਦੇ ਰਨਰ ਅਪ ਰਹਿਣ 'ਤੇ ਸ਼ਾਬਾਸ਼ ਦਿੱਤੀ ਤੇ ਉਹਨਾਂ ਦੇ ਮਾਤਾ ਪਿਤਾ ਨੂੰ ਵੀ ਵਧਾਈ ਦਿੱਤੀ।



## ਕੀ ਤੁਹਾਡਾ ਬੱਚਾ ਸਰੀਰਕ ਜਾਂ ਮਾਨਸਿਕ ਧੱਕੇਸ਼ਾਹੀ ਦਾ ਸ਼ਿਕਾਰ ਤਾਂ ਨਹੀਂ ਹੋ ਰਿਹਾ ਹੈ ?

ਸਕੂਲ ਵਿੱਚ ਕਈ ਤਰ੍ਹਾਂ ਦੇ ਬੱਚੇ ਹੁੰਦੇ ਹਨ। ਕਈ ਵਾਰ ਉਹ ਇੱਕ ਦੂਜੇ ਨਾਲ ਲੜਦੇ ਹਨ ਅਤੇ ਇੱਕ ਪਲ ਵਿੱਚ ਦੋਸਤ ਬਣ ਜਾਂਦੇ ਹਨ। ਪਰ ਬਹੁਤ ਸਾਰੇ ਅਜਿਹੇ ਬੱਚੇ ਵੀ ਹਨ ਜੋ ਜੂਨੀਅਰਾਂ 'ਤੇ ਹਾਵੀ ਹੋਣ ਦੀ ਕੋਸ਼ਿਸ਼ ਕਰਦੇ ਹਨ ਅਤੇ ਉਨ੍ਹਾਂ ਨੂੰ ਕਈ ਤਰੀਕਿਆਂ ਨਾਲ ਪਛਾੜਨ ਦੀ ਕੋਸ਼ਿਸ਼ ਕਰਦੇ ਹਨ।ਭਾਵੇਂ ਕਲਾਸਰੂਮ ਵਿੱਚ ਧਮਕਾਉਣ ਦੇ ਅਜਿਹੇ ਮਾਮਲੇ ਆਮ ਲੱਗ ਸਕਦੇ ਹਨ, ਪਰ ਕੀ ਤੁਸੀਂ ਕਦੇ ਇਹ ਸੋਚਣ ਦੀ ਕੋਸ਼ਿਸ਼ ਕੀਤੀ ਹੈ ਕਿ ਅਜਿਹੀਆਂ ਛੋਟੀਆਂ-ਛੋਟੀਆਂ ਘਟਨਾਵਾਂ ਦਾ ਬੱਚਿਆਂ ਦੇ ਮਨਾਂ 'ਤੇ ਕੀ ਡੂੰਘਾ ਪ੍ਰਭਾਵ ਪੈਂਦਾ ਹੈ ਅਤੇ ਬੱਚੇ ਨੂੰ ਕਿੰਨਾ ਦੁੱਖ ਹੁੰਦਾ ਹੈ? ਮਾਪਿਆਂ ਨੂੰ ਆਪਣੇ ਬੱਚੇ ਦੀਆਂ ਗਤੀਵਿਧੀਆਂ ਅਤੇ ਰੁਟੀਨ ਵੱਲ ਧਿਆਨ ਦੇਣਾ ਚਾਹੀਦਾ ਹੈ। ਜੇਕਰ ਤੁਹਾਡਾ ਬੱਚਾ ਸਕੂਲ ਜਾਣ ਤੋਂ ਪਰਹੇਜ਼ ਕਰ ਰਿਹਾ ਹੈ ਜਾਂ ਬਹੁਤ ਸ਼ਾਂਤ, ਚਿੰਤਤ ਜਾਂ ਸਾਵਧਾਨ ਵਿਵਹਾਰ ਕਰ ਰਿਹਾ ਹੈ, ਨਾਖੁਸ਼ ਵਿਵਹਾਰ ਕਰ ਰਿਹਾ ਹੈ ਜਾਂ ਆਪਣੇ ਦੋਸਤਾਂ ਤੋਂ ਆਪਣੇ ਆਪ ਨੂੰ ਅਲੱਗ ਕਰ ਲਿਆ ਹੈ, ਤਾਂ ਸਮਝੋ ਕਿ ਤੁਹਾਡੇ ਬੱਚੇ ਨੂੰ ਧੱਕੇਸ਼ਾਹੀ ਕੀਤੀ ਜਾ ਰਹੀ ਹੈ।ਮਾਪਿਆਂ ਨੂੰ ਇਸ ਸੰਬੰਧ ਵਿੱਚ ਆਪਣੇ ਬੱਚਿਆਂ ਨਾਲ ਗੱਲ ਕਰਨੀ ਚਾਹੀਦੀ ਹੈ, ਉਨ੍ਹਾਂ ਤੋਂ ਸੱਚਾਈ ਜਾਣਨ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਉਨ੍ਹਾਂ ਨੂੰ ਸਮਝਾਓ ਕਿ ਉਨ੍ਹਾਂ ਨੂੰ ਡਰਨਾ ਨਹੀਂ ਚਾਹੀਦਾ ਸਗੋਂ ਸਥਿਤੀ ਦਾ ਸਾਹਮਣਾ ਕਰਨਾ ਚਾਹੀਦਾ ਹੈ। ਉਨ੍ਹਾਂ ਨੂੰ ਸਮਝਾਓ ਕਿ ਉਹ ਬਹਾਦਰ ਬਣਨ, ਅਜਿਹੇ ਬੱਚਿਆਂ ਦੀਆਂ ਗੱਲਾਂ ਨੂੰ ਨਜ਼ਰਅੰਦਾਜ਼ ਕਰਨ ਅਤੇ ਆਪਣੇ ਕੰਮ 'ਤੇ ਧਿਆਨ ਕੇਂਦਰਿਤ ਕਰਨ।ਮਾਪਿਆਂ ਨੂੰ ਸਕੂਲ ਜਾਣਾ ਚਾਹੀਦਾ ਹੈ ਅਤੇ ਧਮਕੀ ਦੇਣ ਵਾਲੇ ਵਿਅਕਤੀ ਨੂੰ ਮਿਲਣਾ ਚਾਹੀਦਾ ਹੈ ਅਤੇ ਉਸਨੂੰ ਸਮਝਾਉਣਾ ਚਾਹੀਦਾ ਹੈ ਕਿ ਇਹ ਸਭ ਗਲਤ ਹੈ ਅਤੇ ਜੇਕਰ ਉਹ ਸਕੂਲ ਆਇਆ ਹੈ ਤਾਂ ਉਸਨੂੰ ਪੜ੍ਹਾਈ 'ਤੇ ਧਿਆਨ ਦੇਣਾ ਚਾਹੀਦਾ ਹੈ, ਬੇਕਾਰ ਦੀਆਂ ਸ਼ਰਾਰਤਾਂ 'ਤੇ ਨਹੀਂ।ਅਜਿਹੇ ਬੱਚਿਆਂ ਨੂੰ ਸਮਝਾਓ ਕਿ ਉਨ੍ਹਾਂ ਨੂੰ ਆਪਣੀਆਂ ਆਦਤਾਂ ਬਦਲਣੀਆਂ ਚਾਹੀਦੀਆਂ ਹਨ, ਆਪਣੇ ਆਪ ਨੂੰ ਸੁਧਾਰਨਾ ਚਾਹੀਦਾ ਹੈ, ਆਪਣੀ ਸ਼ਖ਼ਸੀਅਤ ਨੂੰ ਨਿਖਾਰਨਾ ਚਾਹੀਦਾ ਹੈ ਅਤੇ ਇਸਨੂੰ ਵਿਗਾੜਨਾ ਨਹੀਂ ਚਾਹੀਦਾ। ਸਮਾਜ ਦੇ ਚੰਗੇ ਨਾਗਰਿਕ ਬਣਨ ਦੀ ਕੋਸ਼ਿਸ਼ ਕਰੋ, ਆਪਣੀ ਊਰਜਾ ਪੜ੍ਹਾਈ ਵਿੱਚ ਵਰਤੋ, ਸ਼ਰਾਰਤਾਂ ਵਿੱਚ ਨਹੀਂ।



ਕੁਸਮ ਲਤਾ

ਸੰਪਰਕ- 98760-21530

## ਡਾ. ਰਵਜੋਤ ਸਿੰਘ ਨੇ ਹਰਿਆਣਾ 'ਚ ਨਿਰਮਾਣ ਕਾਰਜ ਦਾ ਕੀਤਾ ਉਦਘਾਟਨ

**ਹੁਸ਼ਿਆਰਪੁਰ (ਓ ਪੀ ਰਾਣਾ)** ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਵਿਧਾਨ ਸਭਾ ਹਲਕਾ ਸ਼ਾਮ ਚੁਰਾਸੀ ਦੇ ਕਸਬਾ ਹਰਿਆਣਾ ਵਿਚ ਲੰਮੇ ਸਮੇਂ ਤੋਂ ਪੈਂਡਿੰਗ ਵਿਕਾਸ ਕਾਰਜ ਦਾ ਉਦਘਾਟਨ ਕੀਤਾ। ਉਨ੍ਹਾਂ ਵਾਰਡ ਨੰਬਰ 4 ਦੇ ਢੋਲ ਕਲੋਨੀ ਵਿੱਚ 15 ਸਾਲਾਂ ਤੋਂ ਅਧੂਰੇ ਪਏ ਇਕ ਕੱਚੀ ਗਲੀ ਨੂੰ ਪੱਕਾ ਕਰਨ ਦੇ ਕਾਰਜ ਦੀ ਸ਼ੁਰੂਆਤ ਕੀਤੀ। ਇਹ ਗਲੀ ਹੁਣ 10.83 ਲੱਖ ਰੁਪਏ ਦੀ ਲਾਗਤ ਨਾਲ ਪੱਕੀ ਬਣਾਈ ਜਾਵੇਗੀ, ਜਿਸ ਨਾਲ ਸਥਾਨਕ ਨਿਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸੂਬੇ ਦੇ ਹਰ ਕੋਨੇ ਵਿਚ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਪਹਿਲ ਦੇ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਗਲੀ ਦੇ ਪੱਕਾ ਹੋਣ ਨਾਲ ਨਾ ਕੇਵਲ ਸਥਾਨਕ ਨਿਵਾਸੀਆਂ ਨੂੰ ਮੀਂਹ ਅਤੇ ਧੂਲ ਦੀ ਸਮੱਸਿਆ ਤੋਂ ਰਾਹਤ ਮਿਲੇਗੀ, ਬਲਕਿ ਆਵਾਜਾਈ ਵੀ ਆਸਾਨ ਹੋ ਜਾਵੇਗੀ ਅਤੇ ਇਲਾਕੇ ਦੀ ਸੁੰਦਰਤਾ ਵੀ ਵਧੇਗੀ।ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਬਿਨਾਂ ਕਿਸੇ ਭੇਦਭਾਵ ਦੇ ਹਰ ਪਿੰਡ, ਕਸਬੇ ਅਤੇ ਸ਼ਹਿਰ ਵਿੱਚ ਵਿਕਾਸ ਕਾਰਜ ਕਰਵਾ ਰਹੀ ਹੈ। ਇਹ ਗਲੀ ਲੋਕਾਂ ਦੀ ਲੰਬੇ ਸਮੇਂ ਤੋਂ ਮੰਗ ਸੀ ਅਤੇ ਹੁਣ ਇਹ ਕੰਮ ਤੇਜ਼ੀ ਨਾਲ ਪੂਰਾ ਕੀਤਾ ਜਾਵੇਗਾ। ਡਾ. ਰਵਜੋਤ ਸਿੰਘ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਸਾਰੀ ਕਾਰਜ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਹੋਣਾ ਚਾਹੀਦਾ ਅਤੇ ਕੰਮ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਪੂਰਾ ਕੀਤਾ ਜਾਵੇ। ਉਨ੍ਹਾਂ ਇਹ ਵੀ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਇਲਾਕੇ ਵਿੱਚ ਹੋਰ ਵਿਕਾਸ ਪ੍ਰੋਜੈਕਟ ਸ਼ੁਰੂ ਕੀਤੇ ਜਾਣਗੇ।ਇਸ ਮੌਕੇ 'ਤੇ ਸ਼ਹਿਰੀ ਪ੍ਰਧਾਨ ਮੁਕੇਸ਼ ਡਡਵਾਲ, ਸੁਖਦੇਵ ਸ਼ਰਮਾ, ਅਮਨਦੀਪ ਸਿੰਘ, ਡਾ. ਸੰਦੀਪ, ਡਾ. ਮਨੀਸ਼ ਕੁਮਾਰ ਅਤੇ ਰਾਜ ਕੁਮਾਰ ਤੋਂ ਇਲਾਵਾ ਹੋਰ ਪਤਵੰਤੇ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਸਾਰਿਆਂ ਨੇ ਇਸ ਪਹਿਲਕਦਮੀ ਲਈ ਸਥਾਨਕ ਸਰਕਾਰਾਂ ਮੰਤਰੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਗਲੀ-ਮੁਹੱਲਾ ਹਰਿਆਣਾ ਲਈ ਇੱਕ ਇਤਿਹਾਸਕ ਵਿਕਾਸ ਕਦਮ ਹੈ। ।



## ਸੰਤ ਬਾਬਾ ਜਸਵੰਤ ਸਿੰਘ ਦੀ ਚੌਥੀ ਬਰਸੀ ਮੌਕੇ ਗੁਰਮਤਿ ਸਮਾਗਮ ਕਰਵਾਏ

**ਮਹਿਟਿਆਣਾ (ਜਗਤਾਰ ਸਿੰਘ ਭੁੰਗਰਨੀ )**— ਪਿੰਡ ਮੰਨਣਹਾਨਾ ਦੇ ਗੁਰਦੁਆਰਾ ਹਰੀਸਰ ਕੁਟੀਆ ਅਮਰੂਦਾਂ ਵਾਲੀ ਵਿਖੇ ਸੰਤ ਬਾਬਾ ਜਸਵੰਤ ਸਿੰਘ ਦੀ ਚੌਥੀ ਬਰਸੀ ਮੌਕੇ ਧਾਰਮਿਕ ਸਮਾਗਮ ਮੁੱਖ ਸੇਵਾਦਾਰ ਸੰਤ ਬਾਬਾ ਅਮਰੀਕ ਸਿੰਘ ਨੈਕੀ ਵਾਲਿਆਂ ਦੀ ਸਰਪ੍ਰਸਤੀ ਹੇਠ ਦੇ ਕਸ਼ਮੀਰ ਸਿੰਘ ਰੱਕੜ ਯੂ. ਕੇ, ਪਰਮਜੀਤ ਸਿੰਘ ਰੱਕੜ ਦੇ ਪਰਵਾਰ ਸਹਿਯੋਗ ਨਾਲ ਕਰਵਾਏ ਗਏ । ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਤਿੰਨ ਅਖੰਡ ਪਾਠਾਂ ਦੇ ਭੋਗ ਪਾਏ ਗਏ । ਉਪਰੰਤ ਧਾਰਮਿਕ ਸਮਾਗਮ ਵਿਚ ਭਾਈ ਪ੍ਰਦੀਪ ਸਿੰਘ, ਹਰੀ ਦਰਬਾਰ ਸੰਗੀਤ ਵਿਦਿਆਲੇ ਅਟਾਰੀ, ਹਰੀ ਦਰਬਾਰ ਸੰਗੀਤ ਵਿਦਿਆਲੇ ਮੰਨਣਹਾਨਾ ਦੇ ਵਿਦਿਆਰਥੀਆਂ ਨੇ ਸੰਗਤਾਂ ਨੂੰ ਕੀਰਤਨ ਨਾਲ ਨਿਹਾਲ ਕੀਤਾ । ਇਸ ਮੌਕੇ ਸੰਤ ਬਿਕਰਮਜੀਤ ਸਿੰਘ ਨੰਗਲ, ਸੰਤ ਜਸਪਾਲ ਸਿੰਘ ਪੰਜੋੜ, ਸੰਤ ਜੋਗਿੰਦਰ ਸਿੰਘ ਅਟਾਰੀ, ਸੰਦੀਪ ਸੈਂਡੀ, ਉਪਕਾਰ ਦੀਪ ਸਿੰਘ, ਬਰਿੰਦਰ ਪਰਮਾਰ ਬਿੰਜੋ, ਗੁਰਦਿਆਲ ਸਿੰਘ ਕੰਗਰੋੜ, ਗੁਰਬਖ਼ਸ਼ ਸਿੰਘ, ਪ੍ਰਿੰਸੀਪਲ ਬਲਵੀਰ ਸਿੰਘ ਚੇਲਾ (ਸੇਵਾ ਮੁਕਤ), ਮਾਸਟਰ ਜਗਤਾਰ ਸਿੰਘ, ਗੋਲਡੀ ਰਾਣਾ, , ਹਰਪ੍ਰੀਤ ਸਿੰਘ ਮਰਵਾਹਾ, ਰਘਵੀਰ ਸਿੰਘ ਲੇਹਲ, ਗਿਆਨੀ ਹਰਭਜਨ ਸਿੰਘ ਮੰਨਣਹਾਨਾ, ਰਛਪਾਲ ਕਲੇਰ ਮੰਨਣਹਾਨਾ, ਨੰਬਰਦਾਰ ਰਾਮ ਸਰੂਪ, ਹਰਵਿੰਦਰ ਸਿੰਘ ਢਿੱਲੋਂ, ਸੁਰਿੰਦਰ ਸਿੰਘ ਥਾਂਦੀ, ਸੋਨੀ ਠੀਡਾ, ਸਰਵਣ ਸਿੰਘ ਗਿੱਲ ਆਦਿ ਹਾਜ਼ਰ ਸਨ ।



## ਜਨਮ ਦਿਨ ਮੁਬਾਰਕ



ਜਾਗਦੇ ਰਹੋ ਸਿੰਘ
ਪਿਤਾ : ਚਰਨਜੀਤ ਸਿੰਘ ਜਾਗਦੇ ਰਹੋ
ਮਾਤਾ : ਸੁਮਨਜੀਤ ਕੌਰ
ਵਾਸੀ : ਪਟਿਆਲਾ

## ਸਾਲਾਨਾ ਜੋੜ ਮੇਲਾ ਧੂਮਧਾਮ ਨਾਲ ਮਨਾਇਆ



**ਬਸਤੀ ਸ਼ੇਖ, ਜਲੰਧਰ (ਲਖਵਿੰਦਰ ਸਿੰਘ)** ਗ੍ਰਾਮ ਪੰਚਾਇਤ ਤੇ ਐਨ ਆਰ ਆਈ ਵੀਰਾਂ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪੰਜ ਪੀਰ ਦਰਬਾਰ ਬਾਬਾ ਸ਼ੇਰ ਸ਼ਾਹ ਵਾਲੀ ਪਿੰਡ ਅਕਬਰ ਪੁਰ ਕਲਾਂ ਜ਼ਿਲ੍ਹਾ ਜਲੰਧਰ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਲਾਨਾ ਜੋੜ ਮੇਲਾ ਬੜੀ ਧੂਮਧਾਮ ਨਾਲ ਮਨਾਇਆ ਗਿਆ। ਮੁੱਖ ਸੇਵਾਦਾਰ ਬਾਬਾ ਮੰਗੇ ਸ਼ਾਹ ਨੇ ਦੱਸਿਆ ਕਿ ਬਾਬਾ ਸੰਤ ਰਾਮ ਸ਼ਾਹ ਪਰਜੀਆ ਵਾਲੇ ਅਤੇ ਸੁਭਾਸ਼ ਚੰਦਰ ਥਿਆੜ ਆਦਿ ਹੋਰ ਵੀ ਸਾਧੂ ਸੰਤਾਂ ਨੇ ਹਾਜ਼ਰੀ ਲਗਵਾਈ। ਮਸ਼ਹੂਰ ਕਵਾਲ ਬੱਲੀ ਐਂਡ ਪਾਰਟੀ ਪਾਸਲੇ ਵਾਲੇ, ਗਾਇਕ ਆਰ,ਐਲ, ਸੱਭਰਵਾਲ, ਗੁਰਮੇਲ ਭੰਗਾਣੀਆ ਕੁਲਵੀਰ ਬਾਈ, ਜਸਵੀਰ ਜੱਸੀ ਨਕੋਦਰ ਵਾਲ਼ੀ, ਪ੍ਰੇਮ ਲਾਲ, ਸੁਖਵਿੰਦਰ ਸੁੱਖੀ, ਚਰਨਜੀਤ ਚੀਮਾ ਸੁਰਿੰਦਰ ਨੂਰੀ ਆਦਿ ਗਾਇਕ ਨੇ ਸੱਭਿਆਚਾਰ ਗੀਤ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ 'ਤੇ ਚਾਹ ਪਕੌੜਿਆਂ, ਆਈਸ ਕਰੀਮ,ਕੋਲਡ ਡਰਿੰਕ, ਪੇਸਟਰੀਆ ਦੇ ਲੰਗਰ ਅਤੁੱਟ ਵਰਤਾਏ ਗਏ। ਮੇਲੇ ਵਿੱਚ ਸ਼ਰਧਾਲੂ ਨੇ ਕੈਂਚੀ ਚਪਲਾਂ ਲੋਕਾਂ ਨੂੰ ਵੰਡੀਆਂ।

## 3 ਨੂੰ ਸਾਰੇ ਖਜ਼ਾਨਾ ਦਫਤਰਾਂ ਸਾਹਮਣੇ ਫੂਕਿਆ ਜਾਵੇਗਾ ਵਿੱਤ ਮੰਤਰੀ ਦਾ ਪੁਤਲਾ

**ਜਲੰਧਰ (ਰਾਜੇਸ਼ ਥਾਪਾ)** ਪੰਜਾਬ ਪੈਨਸ਼ਨਰਜ਼ ਯੂਨੀਅਨ ( ਸਬੰਧਤ ਏਟਕ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ) ਦੇ ਸੂਬਾਈ ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ,ਗੁਰਜੀਤ ਸਿੰਘ ਘੋੜੇਵਾਹ , ਜਨਰਲ ਸਕੱਤਰ ਪ੍ਰੇਮ ਚਾਵਲਾ, ਮੁੱਖ ਜਥੇਬੰਦਕ ਸਕੱਤਰ ਅਵਤਾਰ ਸਿੰਘ ਤਾਰੀ ਨੇ ਇਕ ਸਾਂਝਾ ਬਿਆਨ ਜਾਰੀ ਕਰਦਿਆਂ ਦੱਸਿਆ ਹੈ ਕਿ ਸੂਬਾ ਕਮੇਟੀ ਵੱਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਅਨੁਸਾਰ 3 ਜੁਲਾਈ ਨੂੰ ਸਵੇਰੇ ਠੀਕ 10 ਵਜੇ ਪੰਜਾਬ ਦੇ ਖਜਾਨਾ ਦਫਤਰ ਦੇ ਸਾਹਮਣੇ ਰੋਸ ਪ੍ਰਦਰਸ਼ਨ ਕਰਨ ਤੋਂ ਬਾਅਦ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਪੁਤਲੇ ਫੂਕੇ ਜਾਣਗੇ। ਉਹਨਾਂ ਅੱਗੇ ਦੱਸਿਆ ਕਿ ਵਿੱਤ ਵਿਭਾਗ ਪੰਜਾਬ ਸਰਕਾਰ ਨੇ ਮਿਤੀ 18 ਫਰਵਰੀ 2025 ਨੂੰ ਇੱਕ ਨੋਟੀਫਿਕੇਸ਼ਨ ਜਾਰੀ ਕਰਕੇ ਮਿਤੀ 1ਜਨਵਰੀ 2016 ਤੋਂ 30 ਜੂਨ 2021 ਦਰਮਿਆਨ ਵੱਖ-ਵੱਖ ਵਿਭਾਗਾਂ ਵਿੱਚੋਂ ਸੇਵਾ ਮੁਕਤ ਹੋਣ ਵਾਲੇ ਪੈਨਸ਼ਨਰਾਂ ਨੂੰ ਸੋਧੀ ਹੋਈ ਲੀਵ ਇਨਕੈਸ਼ਮੈਂਟ ਦੇ ਬਣਦੇ ਚੌਥੇ ਹਿੱਸੇ ਦੀ ਮਹੀਨਾ ਅਪ੍ਰੈਲ 2025 ਵਿੱਚ ਅਦਾਇਗੀ ਕਰਨ ਦੇ ਆਦੇਸ਼ ਜਾਰੀ ਕੀਤੇ ਗਏ ਸਨ। ਉਹਨਾਂ ਅੱਗੇ ਕਿਹਾ ਕਿ ਪਿਛਲੇ ਤਿੰਨ ਮਹੀਨਿਆਂ ਤੋਂ ਪੰਜਾਬ ਸਰਕਾਰ ਵੱਲੋਂ ਇਹਨਾਂ ਬਿੱਲਾਂ ਦੀਆਂ ਅਦਾਇਗੀਆਂ ਕਰਨ ਤੇ ਅਣ ਐਲਾਨੀਆਂ ਰੋਕਾਂ ਲਗਾਏ ਜਾਣ ਕਾਰਨ ਇਹ ਬਿੱਲ ਖਜਾਨਾ ਦਫਤਰਾਂ ਵਿੱਚ ਫਾਇਲਾਂ ਦੀ ਧੂੜ ਚੱਟ ਰਹੇ ਹਨ ਅਤੇ ਅਜੇ ਤੱਕ ਕਿਸੇ ਇੱਕ ਵੀ ਪੈਨਸ਼ਨਰ ਨੂੰ ਸੋਧੀ ਹੋਈ ਲੀਵ ਇਨਕੈਸ਼ਮੈਂਟ ਦੀ ਅਦਾਇਗੀ ਨਹੀਂ ਹੋਈ ਜਿਸ ਕਾਰਨ ਪੈਨਸ਼ਨਰਾਂ ਵਿੱਚ ਪੰਜਾਬ ਸਰਕਾਰ ਦੇ ਪ੍ਰਤੀ ਭਾਰੀ ਰੋਸ ਅਤੇ ਗੁੱਸੇ ਪਾਇਆ ਜਾ ਰਿਹਾ ਹੈ।ਆਗੂਆਂ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਦੇ ਬਣਦੇ ਸਾਰੇ ਬਕਾਏ ਰੋਲ ਕੇ ਰੱਖ ਦਿੱਤੇ ਹਨ, ਪੰਜਾਬ ਸਰਕਾਰ ਵੱਲ 13 ਫੀਸਦੀ ਦੀ ਦਰ ਨਾਲ ਡੀ ਏ ਦੀਆਂ ਚਾਰ ਕਿਸ਼ਤਾਂ ਬਕਾਇਆ ਪਈਆਂ ਹਨ, ਤਨਖਾਹ ਕਮਿਸ਼ਨ ਵੱਲੋਂ ਸਿਫਾਰਿਸ਼ ਕੀਤਾ ਗਿਆ 2.59 ਦਾ ਗੁਣਾਂਕ ਲਾਗੂ ਨਹੀਂ ਕੀਤਾ ਜਾ ਰਿਹਾ। ਇਸ ਕਰਕੇ ਜਥੇਬੰਦੀ ਨੂੰ ਪੰਜਾਬ ਦੇ ਖਜ਼ਾਨਾ ਦਫਤਰਾਂ ਸਾਹਮਣੇ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਦੇ ਪੁਤਲੇ ਫੂਕਣ ਦਾ ਫੈਸਲਾ ਲੈਣਾ ਪਿਆ ਹੈ।ਉਹਨਾਂ ਅੱਗੇ ਕਿਹਾ ਕਿ ਇਸ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਵਿੱਚੋਂ ਸੇਵਾ ਮੁਕਤ ਹੋਏ ਪੈਨਸ਼ਨਰਾਂ ਦੇ ਜੀ ਪੀ ਫੰਡ ਦੀ ਅੰਤਿਮ ਅਦਾਇਗੀ ਅਤੇ ਐਡਵਾਂਸ ਦੇ ਬਿੱਲ ਵੀ ਪਾਸ ਨਹੀਂ ਕੀਤੇ ਜਾ ਰਹੇ ਜਦਕਿ ਇਹ ਰਕਮ ਸਬੰਧਤ ਮੁਲਾਜ਼ਮਾਂ ਨੇ ਆਪਣੀਆਂ ਤਨਖਾਹਾਂ ਵਿੱਚੋਂ ਜੀ ਪੀ ਫੰਡ ਦੀ ਕਟੌਤੀ ਕਰਵਾਕੇ ਜਮਾਂ ਕਰਵਾਈ ਹੁੰਦੀ ਹੈ। ਇਸ ਮੌਕੇ ਤੇ ਹਾਜ਼ਰ ਕਲਾਸ ਫ਼ੋਰ ਗੌਰਮਿੰਟ ਇੰਪਲਾਈਜ ਯੂਨੀਅਨ ਜ਼ਿਲ੍ਹਾ ਦੇ ਆਗੂ ਸੁਭਾਸ਼ ਚੰਦਰ ਮੱਟੂ ਨੇ ਦੱਸਿਆ ਹੈ ਕਿ ਇਸ ਐਕਸ਼ਨ ਵਿੱਚ ਚੌਥਾ ਦਰਜਾ ਮੁਲਾਜ਼ਮ ਵੀ ਸ਼ਮੂਲੀਅਤ ਕਰਨਗੇ ਕਿਉਂਕਿ ਸਾਰੇ ਮੁਲਾਜ਼ਮਾਂ ਦੇ ਵੀ ਵੱਖ ਵੱਖ ਤਰਾਂ ਦੇ ਬਿੱਲ ਲਮਕ ਅਵਸਥਾ ਵਿੱਚ ਪਏ ਹਨ।



## ਡਾ. ਰਵਜੋਤ ਸਿੰਘ ਨੇ ਮਲੋਟ ਪਹੁੰਚ ਕੇ ਲਿਆ ਵਿਕਾਸ ਕਾਰਜਾਂ ਦਾ ਜਾਇਜ਼ਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸਥਾਨਕ ਸਰਕਾਰਾਂ ਮੰਤਰੀ ਪੰਜਾਬ ਡਾ. ਰਵਜੋਤ ਸਿੰਘ ਪਿੰਡ ਮਲੋਟ ਪਹੁੰਚੇ, ਜਿੱਥੇ ਉਨ੍ਹਾਂ ਨੇ ਪਿੰਡ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਮੌਕੇ ਨਿਰੀਖਣ ਕੀਤਾ ਅਤੇ ਸਥਾਨਕ ਲੋਕਾਂ ਨਾਲ ਸਿੱਧੇ ਤੌਰ 'ਤੇ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਿਆ।ਉਨ੍ਹਾਂ ਭਰੋਸਾ ਦਿੱਤਾ ਕਿ ਸਾਰੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਜਲਦੀ ਤੋਂ ਜਲਦੀ ਹੱਲ ਕੀਤਾ ਜਾਵੇਗਾ।ਡਾ. ਰਵਜੋਤ ਸਿੰਘ ਨੇ ਇਸ ਦੌਰਾਨ ਪਿੰਡ ਵਾਸੀਆਂ ਨੂੰ ਕਿਹਾ ਕਿਸੇ ਵੀ ਇਲਾਕੇ ਦਾ ਅਸਲ ਵਿਕਾਸ ਤਾਂ ਹੀ ਸੰਭਵ ਹੈ ਜਦੋਂ ਜਨਤਾ ਅਤੇ ਪ੍ਰਸ਼ਾਸਨ ਮਿਲ ਕੇ ਕੰਮ ਕਰਨ।ਪਿੰਡ ਮਲੋਟ ਦੇ ਲੋਕਾਂ ਦੇ ਸਹਿਯੋਗ ਅਤੇ ਸਮਰਥਨ ਨੂੰ ਦੇਖ ਕੇ ਇਹ ਸਪੱਸ਼ਟ ਹੁੰਦਾ ਹੈ ਕਿ ਇਹ ਇਲਾਕਾ ਵਿਕਾਸ ਦੀਆਂ ਨਵੀਆਂ ਉਚਾਈਆਂ ਨੂੰ ਛੂਹਣ ਲਈ ਤਿਆਰ ਹੈ।ਇਸ ਦੌਰਾਨ ਪਿੰਡ ਵਾਸੀਆਂ ਨੇ ਪਿੰਡ ਦੇ ਬੁਨਿਆਦੀ ਜ਼ਰੂਰਤਾਂ ਨਾਲ ਜੁੜੇ ਮੁੱਦੇ ਕੈਬਨਿਟ ਮੰਤਰੀ ਦੇ ਸਾਹਮਣੇ ਰੱਖੇ। ਡਾ. ਰਵਜੋਤ ਨੇ ਮੌਕੇ 'ਤੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਨ੍ਹਾਂ ਸਾਰੀਆਂ ਸਮੱਸਿਆਵਾਂ ਦੀ ਰਿਪੋਰਟ ਜਲਦੀ ਤੋਂ ਜਲਦੀ ਤਿਆਰ ਕਰਕੇ ਹੱਲ ਪ੍ਰਕਿਰਿਆ ਸ਼ੁਰੂ ਕੀਤੀ ਜਾਵੇ।

## ਰੋਜ਼ਾ ਸ਼ਰੀਫ਼ ਮੰਢਾਲੀ ਵਿਖੇ ਮੇਲੇ 'ਚ ਦੂਸਰੇ ਦਿਨ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ



**ਬੰਗਾ (ਅਵਤਾਰ ਕਲੇਰ)** ਦਰਬਾਰ ਸੱਯਦ ਉੱਲ ਸ਼ੇਖ ਬਾਬਾ ਅਬਦੁੱਲਾ ਸ਼ਾਹ ਕਾਦਰੀ ਰੌਜਾ ਸ਼ਰੀਫ਼ ਮੰਢਾਲੀ ਵਿਖੇ ਸਾਲਾਨਾ ਮੇਲਾ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਦੀ ਰਹਿਨੁਮਾਈ ਹੇਠ ਮਨਾਇਆ ਜਾ ਰਿਹਾ ਹੈ। ਪੰਜ ਰੋਜਾ ਦਿਨ ਰਾਤ ਚੱਲਣ ਵਾਲਾ ਮੇਲੇ ਦੇ ਦੂਸਰੇ ਦਿਨ ਕਲਾਕਾਰਾਂ ਅਤੇ ਕਵਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਵੱਖ ਵੱਖ ਦਰਬਾਰਾਂ ਤੋਂ ਸਾਈਂ ਫੱਕਰ ਸ਼ਾਹ ਕਾਦਰੀ ਦਾਦੂਵਾਲ, ਸਾਈਂ ਜੀਤ ਸ਼ਾਹ ਰੁੜਕਾ ਕਲਾਂ, ਬਾਬਾ ਸੋਢੀ ਸ਼ਾਹ ਲਲਵਾਨ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਸਾਈਂ ਉਮਰੇ ਸ਼ਾਹ ਕਾਦਰੀ,ਬੀਬੀ ਸੀਤਾ ਦੇਵੀ, ਮੁਹੰਮਦ ਆਸ਼ਿਕ ਨੀਲਾ, ਮੀਰਾਂ ਸ਼ਰਮਾ ਸਰਪੰਚ ਮੰਢਾਲੀ, ਕਮਲਜੀਤ ਕੌਰ ਸਾਬਕਾ ਸਰਪੰਚ ਮੰਢਾਲੀ, ਧਰਮਿੰਦਰ ਸਿੰਘ ਨੰਬਰਦਾਰ ਮੰਢਾਲੀ, ਬਲਜੀਤ ਸਿੰਘ ਸਾਬਕਾ ਸਰਪੰਚ ਕੁਲਥਮ, ਮਲਕੀਤ ਮੰਢਾਲੀ, ਰਜਿੰਦਰ ਸ਼ਰਮਾ, ਹੁਸਨ ਲਾਲ ਜੱਬੋਵਾਲ, ਹਰਬੰਸ ਸਿੰਘ ਜੱਬੋਵਾਲ ਡਾ ਸਤਨਾਮ ਪਰਸੋਵਾਲ, ਸੋਨੂੰ ਜੱਸੋਮਜਾਰਾ, ਗੋਰਾ ਚੱਕ ਪ੍ਰੇਮਾ, ਚਰਨਜੀਤ ਰਾਏ, ਡਾ. ਜਗਦੀਸ਼ ਮੁਹੰਮਦ, ਸੋਨੀ ਮੰਢਾਲੀ, ਪੱਪੀ ਅਨੀਹਰ, ਹਰਪ੍ਰੀਤ ਜੱਖੂ, ਅਮਰਜੀਤ ਜੀਤਾ, ਚੰਨੀ ਖੋਥੜਾਂ, ਨੂਰ ਮੁਹੰਮਦ, ਬੰਟੀ, ਜਗਜੀਤ ਪੀਟਾ, ਮਨੀ, ਗੱਗੀ, ਹਨੀ ਆਦਿ ਹਾਜ਼ਰ ਸਨ।

## ਲਾਇਨ ਗੁਰਦੀਪ ਸਿੰਘ ਕੰਗ ਨੂੰ ਸ਼ਾਨਦਾਰ ਸੇਵਾਵਾਂ ਲਈ ਦਿੱਤਾ ਪ੍ਰਸ਼ੰਸਾ ਪੱਤਰ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਲਾਇਨਜ਼ ਇੰਟਰਨੈਸ਼ਨਲ 321-ਡੀ ਵੱਲੋਂ ਜਲੰਧਰ ਵਿਖੇ ਆਯੋਜਿਤ ਇੱਕ ਸ਼ਾਨਦਾਰ ਸਮਾਗਮ ਦੌਰਾਨ ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਨੂੰ ਬਤੌਰ ਡਿਸਟ੍ਰਿਕਟਜ ਚੇਅਰਮੈਨ (ਪੀਸ ਪੋਸਟਰ) ਸ਼ਾਨਦਾਰ ਸੇਵਾਵਾਂ ਨਿਭਾਉਣ ਦੇ ਮੱਦੇਨਜ਼ਰ ਪ੍ਰਸ਼ੰਸਾ ਪੱਤਰ ਭੇਟ ਕੀਤਾ ਗਿਆ। ਇਸ ਦੇ ਨਾਲ ਹੀ ਉਨ੍ਹਾਂ ਨੂੰ ਆਉਣ ਵਾਲੇ ਸਾਲ 2025-26 ਵਿੱਚ ਦੁਬਾਰਾ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਦੀ ਜ਼ਿੰਮੇਵਾਰੀ ਵੀ ਸੌਂਪੀ ਗਈ ਹੈ। ਲਾਇਨ ਕੰਗ ਨੇ ਦੱਸਿਆ ਕਿ ਇਹ ਪ੍ਰਸ਼ੰਸਾ ਪੱਤਰ ਉਨ੍ਹਾਂ ਨੂੰ ਆਯੋਜਿਤ 'ਵੈਭਵ ਗਿਆਨ ਦਾ ਸਾਗਰ' ਸਮਾਗਮ ਦੌਰਾਨ ਸਾਬਕਾ ਅੰਤਰਰਾਸ਼ਟਰੀ ਪ੍ਰਧਾਨ ਲਾਇਨ ਡਾ. ਨਰੇਸ਼ ਅਗਰਵਾਲ ਪੀਐਮਜੇਐਫ 10 ਡੀ.ਡਬਲਯੂ.ਜੀ. ਅਤੇ ਡਿਸਟ੍ਰਿਕਟ ਗਵਰਨਰ ਲਾਇਨ ਬੀ.ਐਮ. ਗੋਇਲ ਵਲੋਂ ਭੇਂਟ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਉਹ ਲਗਭਗ ਦੋ ਦਹਾਕਿਆਂ ਤੋਂ ਲਾਇਨਜ਼ ਇੰਟਰਨੈਸ਼ਨਲ 321-ਡੀ ਨਾਲ ਜੁੜੇ ਹੋਏ ਹਨ ਅਤੇ ਵੱਖ-ਵੱਖ ਅਹੁਦਿਆਂ 'ਤੇ ਰਹਿੰਦਿਆਂ ਹਮੇਸ਼ਾ ਕਲੱਬ ਨੂੰ ਆਪਣੀਆਂ ਵਧੀਆ ਸੇਵਾਵਾਂ ਦੇਣ ਦੀ ਕੋਸ਼ਿਸ਼ ਕਰਦੇ ਹਨ।ਉਨ੍ਹਾਂ ਕਿਹਾ ਕਿ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਦੀ ਜੋ ਜ਼ਿੰਮੇਵਾਰੀ ਦੁਬਾਰਾ ਸੌਂਪੀ ਗਈ ਹੈ, ਉਸਨੂੰ ਕਲੱਬ ਦੀਆਂ ਉਮੀਦਾਂ ਅਨੁਸਾਰ ਪੂਰੀ ਲਗਨ ਨਾਲ ਨਿਭਾਉਣਾ ਉਹਨਾਂ ਦੀ ਤਰਜੀਹ ਹੋਵੇਗੀ।ਲਾਇਨ ਸੁਸ਼ੀਲ ਸ਼ਰਮਾ, ਸਪੈਸ਼ਲ ਸੈਕਟਰੀ ਇੰਚਾਰਜ ਐਮ.ਐਮ.ਆਰ., ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ, ਲਾਇਨ ਅਸ਼ਵਨੀ ਸ਼ਰਮਾ ਪ੍ਰਧਾਨ ਲਾਇਨਜ਼ ਕਲੱਬ ਫਗਵਾੜਾ ਵਿਸ਼ਵਾਸ ਅਤੇ ਹੋਰ ਲਾਇਨ ਮੈਂਬਰਾਂ ਨੇ ਵੀ ਲਾਇਨ ਗੁਰਦੀਪ ਸਿੰਘ ਕੰਗ ਨੂੰ ਦੁਬਾਰਾ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਬਣਨ 'ਤੇ ਵਧਾਈ ਦਿੱਤੀ। ਇਸ ਮੌਕੇ ਪੀ.ਡੀ.ਜੀ. ਲਾਇਨ ਡੀ.ਐਸ. ਕਾਲੜਾ, ਵਾਈਸ ਡਿਸਟ੍ਰਿਕਟ ਗਵਰਨਰ-1 ਲਾਇਨ ਜੀ.ਐਸ. ਭਾਟੀਆ ਐਮ.ਜੇ.ਐਫ., ਵਾਈਸ ਡਿਸਟ੍ਰਿਕਟ ਗਵਰਨਰ-2 ਲਾਇਨ ਰਾਜੀਵ ਖੋਸਲਾ ਐਮ.ਜੇ.ਐਫ., ਲਾਇਨ ਦਿਨੇਸ਼ ਖਰਬੰਦਾ, ਲਾਇਨ ਸੁਮਿਤ ਭੰਡਾਰੀ ਆਦਿ ਮੌਜੂਦ ਸਨ।



## 47 ਪਿੰਡਾਂ ਦੀਆਂ ਲਿੰਕ ਸੜਕਾਂ ਦੀ ਮੁਰੰਮਤ ਦਾ ਕੰਮ ਜਲਦ ਹੋਵੇਗਾ ਸ਼ੁਰੂ : ਪ੍ਰਿੰਸੀਪਲ

**ਫਿਲੌਰ (ਨਿਰਮਲ)**- ਆਪ ਪਾਰਟੀ ਹਲਕਾ ਫਿਲੌਰ ਦੇ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਦੱਸਿਆ ਕਿ ਫਿਲੌਰ ਸਬ ਡਿਵੀਜ਼ਨ ਅਧੀਨ ਪੈਂਦੀਆਂ 47 ਪਿੰਡਾਂ ਦੀਆਂ ਲਿੰਕ ਸੜਕਾਂ ਦੀ ਮੁਰੰਮਤ ਦਾ ਕੰਮ ਜਲਦ ਸ਼ੁਰੂ ਕਰ ਦਿੱਤਾ ਜਾਵੇਗਾ। ਇਨ੍ਹਾਂ ਪਿੰਡਾਂ ਦੀਆ ਸੜਕਾਂ ਦੀ ਮੁਰੰਮਤ ਲਈ 25 ਕਰੋੜ,4 ਲੱਖ ,34 ਹਜਾਰ ਰੁਪਏ ਜਲਦ ਖਰਚੇ ਜਾਣਗੇ । ਸੜਕਾਂ ਦੇ ਟੈਂਡਰ ਪਾਸ ਹੋ ਚੁੱਕੇ ਹਨ ਅਤੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰ ਦਿੱਤੀਆਂ ਹਨ। ਉਨ੍ਹਾਂ ਇਹ ਵੀ ਕਿਹਾ ਕਿ ਇਲਾਕੇ ਵਿੱਚ ਵਿਕਾਸ ਕੰਮਾਂ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਿਲ ਖੋਲ ਕੇ ਗ੍ਰਾਂਟਾਂ ਦੇ ਰਹੇ ਹਨ। ਫਿਲੌਰ ਇਲਾਕੇ ਵਿੱਚ ਸ਼ੁਰੂ ਕੀਤੇ ਵਿਕਾਸ ਕੰਮਾਂ ਨੂੰ ਜਲਦੀ ਤੋਂ ਜਲਦੀ ਨੇਪਰੇ ਚਾੜ੍ਹਿਆ ਜਾਵੇਗਾ, ਬਿਨਾਂ ਕਿਸੇ ਭੇਦ ਭਾਵ ਤੇ ਸਮੂਹ ਪਿੰਡਾਂ ਨੂੰ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਫਿਲੌਰ ਇਲਾਕੇ ਦੇ ਵਿਕਾਸ ਕੰਮਾਂ ਲਈ ਦਿਲ ਖੋਲ ਕੇ ਗ੍ਰਾਂਟਾਂ ਦੇਣ ਲਈ ਮੁੱਖ ਮੰਤਰੀ ਅਤੇ ਮੰਤਰੀ ਦਾ ਧੰਨਵਾਦ ਕੀਤਾ।



## ਕੋਰ ਕਮੇਟੀ 'ਚ ਜ਼ਿਲ੍ਹੇ ਨੂੰ ਨੁਮਾਇੰਦਗੀ ਨਾ ਦੇਣ 'ਤੇ ਟਕਸਾਲੀ ਅਕਾਲੀਆਂ 'ਚ ਭਾਰੀ ਰੋਸ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪਾਰਟੀ ਦੇ ਐਲਾਨੇ ਗਏ ਸੰਗਠਨਾਤਮਕ ਢਾਂਚੇ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਨੂੰ ਅਣਗੌਲਿਆਂ ਕੀਤੇ ਜਾਣ 'ਤੇ ਪਾਰਟੀ ਨਾਲ ਹਰ ਹਾਲ ਵਿੱਚ ਡੱਟ ਕੇ ਖੜ੍ਹੇ ਰਹੇ ਅਕਾਲੀ ਕੇਡਰ ਵਿੱਚ ਭਾਰੀ ਰੋਸ ਦੀ ਲਹਿਰ ਪੈਦਾ ਹੋ ਗਈ ਹੈ ਤੇ ਇਸ ਸਬੰਧੀ ਸੋਸ਼ਲ ਮੀਡੀਆ 'ਤੇ ਇੱਕ ਮੁਹਿੰਮ ਸ਼ੁਰੂ ਹੋ ਗਈ ਹੈ ਜਿਸ ਤਹਿਤ ਹੁਸ਼ਿਆਰਪੁਰ ਨਾਲ ਸੰਬੰਧਿਤ ਅਕਾਲੀ ਆਗੂ ਆਪੋ ਆਪਣੀ ਅਕਾਊਂਟ 'ਤੇ ਪੋਸਟ ਪਾ ਕੇ ਆਪਣੇ ਗੁੱਸੇ ਦਾ ਇਜ਼ਹਾਰ ਕਰ ਰਹੇ ਹਨ। ਹੁਸ਼ਿਆਰਪੁਰ ਦੇ ਸੀਨੀਅਰ ਅਤੇ ਟਕਸਾਲੀ ਅਕਾਲੀ ਆਗੂ ਜਤਿੰਦਰ ਸਿੰਘ ਲਾਲੀ ਬਾਜਵਾ ਨੂੰ ਕੋਰ ਕਮੇਟੀ ਵਿੱਚ ਨਾ ਲੈਣ 'ਤੇ ਅਕਾਲੀ ਹਲਕਿਆਂ ਵਿੱਚ ਡੂੰਘੇ ਰੋਸ ਦੀ ਲਹਿਰ ਪੈਦਾ ਹੋ ਗਈ ਹੈ। ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਐਡਵੋਕੇਟ ਸ਼ਮਸ਼ੇਰ ਸਿੰਘ ਭਾਰਦਵਾਜ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨਾਲ ਗਦਾਰੀ ਕਰਨ ਵਾਲੇ ਧੋਖੇਬਾਜ ਅਕਾਲੀ ਲੀਡਰਾਂ ਦੇ ਨਾਂਅ ਗਿਣਾਉਣ ਲੱਗਾ ਤਾਂ ਲਿਸਟ ਲੰਬੀ ਹੋ ਜਾਵੇਗੀ, ਪ੍ਰੰਤੂ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਸਾਲ 1994 ਤੋਂ ਜਦ ਤੋਂ ਮੈਂ ਜਾਣਦਾ ਹਾਂ ਇਕੋ ਇੱਕ ਲੀਡਰ ਜਿਸਨੇ ਹਰ ਚੰਗੇ ਮਾੜੇ ਸਮੇਂ ਵਿੱਚ ਪਾਰਟੀ ਦਾ ਥੰਮ ਬਣਕੇ ਪਾਰਟੀ ਦਾ ਸਾਥ ਦਿੱਤਾ ਉਹ ਜਤਿੰਦਰ ਸਿੰਘ ਲਾਲੀ ਬਾਜਵਾ ਹੈ। ਹੁਸ਼ਿਆਰਪੁਰ ਜ਼ਿਲ੍ਹੇ ਦੇ 9 ਵਿਧਾਨ ਸਭਾ ਹਲਕਿਆਂ ਵਿਚ ਲਾਲੀ ਬਾਜਵੇ ਦੀ ਇਕ ਅਵਾਜ਼ ਭਾਰੀ ਇੱਕਠ ਕਰਨ ਦੀ ਸਮਰੱਥਾ ਰੱਖਦੀ ਹੈ। ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਦੀ ਹਾਈ ਕਮਾਂਡ ਨੂੰ ਸੁਚੇਤ ਕਰਦਿਆਂ ਕਿਹਾ ਕਿ ਜਤਿੰਦਰ ਸਿੰਘ ਲਾਲੀ ਬਾਜਵਾ ਜੇ ਪਾਰਟੀ ਨਾਲ ਵਫ਼ਾਦਾਰੀ ਨਾ ਨਿਭਾਉਂਦਾ ਤਾਂ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਹੱਥ ਖਾਲੀ ਹੁੰਦੇ ਅਤੇ ਉਹ ਖੁਦ ਆਮ ਆਦਮੀ ਪਾਰਟੀ ਦੀ ਸਰਕਾਰ 'ਚ ਮੰਤਰੀ ਹੁੰਦਾ। ਮੈਂ ਸ਼੍ਰੋਮਣੀ ਅਕਾਲੀ ਦਲ ਦੀ ਹਾਈਕਮਾਂਡ ਨੂੰ ਬੇਨਤੀ ਕਰਦਾ ਕਿ ਹੁਸ਼ਿਆਰਪੁਰ ਜ਼ਿਲ੍ਹੇ ਨੂੰ ਪਾਰਟੀ 'ਚ ਬਣਦਾ ਮਾਣ ਸਤਿਕਾਰ ਤੇ ਹੱਕ ਜਰੂਰ ਦਿੱਤਾ ਜਾਵੇ ਤੇ ਸਾਡੇ ਵੱਡੇ ਭਰਾ ਜਤਿੰਦਰ ਸਿੰਘ ਲਾਲੀ ਬਾਜਵਾ ਨੂੰ ਕੋਰ ਕਮੇਟੀ 'ਚ ਸ਼ਾਮਲ ਕਰ ਕੇ ਵਰਕਰਾਂ ਨੂੰ ਸੰਤੁਸ਼ਟ ਕੀਤਾ ਜਾਵੇ ।



## 9 ਕਰੋੜ 63 ਲੱਖ ਰੁਪਏ ਦੀ ਲਾਗਤ ਨਾਲ ਬਣੇਗੀ ਬਲਾਚੌਰ -ਪੋਜੇਵਾਲ ਸਰਾਂ ਸੜਕ : ਕਟਾਰੀਆ

**ਬਲਾਚੌਰ (ਜਸਵਿੰਦਰ ਬੈਂਸ)**- ਹਲਕੇ ਦੇ ਅੰਦਰ ਬਣਨ ਜਾ ਰਹੀਆਂ ਨਵੀਆਂ ਸੜਕਾਂ ਦਾ ਕਾਰਜ ਜਲਦ ਹੀ ਸ਼ੁਰੂ ਕਰਕੇ ੋਕਾਂ ਨੂੰ ਸਮਰਪਿਤ ਕੀਤੀਆਂ ਜਾਣਗੀਆਂ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਬਲਾਚੌਰ ਦੇ ਮੌਜੂਦਾ ਵਿਧਾਇਕਾ ਸ੍ਰੀਮਤੀ ਸੰਤੋਸ਼ ਕਟਾਰੀਆ ਨੇ ਜਗਤਪੁਰ ਬਲਾਚੌਰ-ਪੋਜੇਵਾਲ ਸਰਾਂ ਤੱਕ ਪੰਜਾਬ ਮੰਡੀ ਬੋਰਡ ਦੇ ਵੱਲੋਂ 9 ਕਰੋੜ 63 ਲੱਖ ਰੁਪਏ ਦੀ ਲਾਗਤ ਦੇ ਨਾਲ ਬਣਾਈ ਜਾ ਰਹੀ ਸੜਕ ਦੀ ਸ਼ੁਰੂਆਤ ਕੀਤਾ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਵੱਲੋਂ ਹਲਕਾ ਬਲਾਚੌਰ ਦੇ ਅਣਗੌਲੇ ਵਿਕਾਸ ਕਾਰਜਾਂ ਨੂੰ ਮੌਜੂਦਾ ਸਰਕਾਰ ਦੇ ਵੱਲੋਂ ਨੇਪਰੇ ਚੜ੍ਹੇ ਜਾ ਰਹੇ ਹਨ। ਹਲਕੇ ਦੇ ਅੰਦਰ ਕਰੋੜਾਂ ਰੁਪਏ ਦੀ ਲਾਗਤ ਦੇ ਨਾਲ ਸੜਕਾਂ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਸਮੇਂ ਦੇ ਦੌਰਾਨ ਪਿੰਡਾਂ ਦੇ ਅੰਦਰ ਬਣੀਆਂ ਲਿੰਕ ਸੜਕਾਂ ਦਾ ਮੁਨਿਆਦ ਤੋ ਪਹਿਲਾਂ ਹੀ ਟੁੱਟ ਜਾਣਾ ਸਰਕਾਰ ਤੇ ਠੇਕੇਦਾਰ ਦੀ ਆਪਸੀ ਮਿਲੀਭੁਗਤ ਦਾ ਨਿਸ਼ਾਨੀ ਹੈ, ਜੋ ਕਿ ਹੁਣ ਹਲਕੇ ਦੇ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ। ਵਿਧਾਇਕਾ ਨੇ ਵਿਭਾਗ ਤੇ ਸੜਕ ਦੇ ਠੇਕੇਦਾਰਾਂ ਨੂੰ ਕਹਾ ਕਿ ਅਗਰ ਸੜਕ ਦੇ ਕਾਰਜ ਦੇ ਦੌਰਾਨ ਕਿਸੇ ਵੀ ਤਰ੍ਹਾਂ ਦਾ ਘਟੀਆ ਮਟੀਰੀਅਲ ਵਰਤਿਆ ਗਿਆ ਤਾਂ ਉਸ ਠੇਕੇਦਾਰ 'ਤੇ ਵਿਭਾਗ ਦੇ ਅਧਿਕਾਰੀਆਂ ਦੇ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਜਿਨ੍ਹਾ ਪਿੰਡਾਂ ਦੇ ਵਿੱਚੋਂ ਸੜਕਾਂ ਦਾ ਨਵੀਕਰਨ ਸ਼ੁਰੂ ਹੋਣ ਜਾ ਰਿਹਾ ਹੈ ਉਹ ਪਿੰਡਾਂ ਦੇ ਲੋਕ ਪ੍ਰਸਾਸਨ ਦਾ ਸਹਿਯੋਗ ਕਰਨ ਤਾਂ ਕਿ ਉਨ੍ਹਾਂ ਨੂੰ ਸੜਕ ਬਣਾਉਣ ਵਿੱਚ ਕੋਈ ਪ੍ਰੇਸ਼ਾਨੀ ਨਾ ਆਵੇ। ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਚੀਫ ਗੁਰਵਿੰਦਰ ਸਿੰਘ ਚੀਮਾ ਨੇ ਕਿਹਾ ਕਿ 77 ਲਿੰਕ ਰੋਡ ਹਨ ਜਿਨ੍ਹਾਂ ਦੀ ਲੰਬਾਈ 172 ਕਿੱਲੋਮੀਟਰ ਹੈ, ਟੈਂਡਰ ਹੋ ਚੁੱਕਾ ਹੈ, ਉਨ੍ਹਾਂ ਦੇ ਕਾਰਜ ਵੀ ਜਲਦ ਸ਼ੁਰੂ ਕੀਤੇ ਜਾਣਗੇ। ਇਸ ਮੌਕੇ ਐਕਸੀਅਨ ਨਵਾਂਸ਼ਹਿਰ ਗੌਰਵ ਭੱਟੀ, ਐਸ ਡੀ ਓ ਜਗਜੀਤ ਰਾਣਾ, ਆਪ ਆਗੂ ਅਸ਼ੋਕ ਕਟਾਰੀਆ, ਸੁਦੇਸ ਕਟਾਰੀਆ ਕਾਲਾ, ਪਰਮਜੀਤ ਸੰਮਾ ਸਰਪੰਚ, ਰਣਵੀਰ ਜੱਟਪੁਰ,ਪਵਨ ਗੀਠੂ, ਸਰਪੰਚ ਸਤਨਾਮ ਕਟਵਾਰਾ, ਸਰਪੰਚ ਕਮਲ ਲਾਡੀ ਨਵਾਗਰਾਂ, ਸਰਪੰਚ ਅਸ਼ੋਕ ਭੋਲੇਵਾਲ, ਸਰਪੰਚ ਰਾਮ ਸਰੂਪ, ਕੁਲਵਿੰਦਰ ਟੋਰੋਵਾਲ, ਦੇਸ ਰਾਜ ਭੂਮਾਂ, ਸਰਪੰਚ ਕਿਰਨਦੀਪ ਕੌਰ,ਹਰਮੇਸ਼ ਕਟਵਾਰਾ, ਹੁਸਨ, ਨਾਰੇਸ ਨੀਟਾ, ਸੁਰਿੰਦਰ ਪਾਲ ਚਿੜੀ, ਨੰਬਰਦਾਰ ਰਾਮਨਾਥ, ਧਰਮ ਚੰਦ ਦੇਦੜ, ਪ੍ਰੇਮ ਚੇਚੀ,ਲੱਕੀ ਕਟਾਰੀਆ ਯੂਥ ਆਗੂ, ਚਾਨਣ ਬਜਾੜ,ਫ ੍ਮਣ ਸਿੰਘ ਰੋੜੀ, ਕੇਸਰ ਕਟਵਾਰਾ ਆਦਿ ਵੱਖ-ਵੱਖ ਪਿੰਡਾਂ ਦੇ ਸਰਪੰਚ ਪੰਚ 'ਤੇ ਲੋਕ ਮੌਕੇ 'ਤੇ ਹਾਜਰ ਸਨ।



## ਐਡਵੋਕੇਟ ਕਰਮਵੀਰ ਸਿੰਘ ਚੰਦੀ ਦਾ ਭਰਵਾਂ ਸਵਾਗਤ

**ਕਾਲਾ ਸੰਘਿਆਂ (ਮਨਜੀਤ ਮਾਨ)**- ਆਮ ਆਦਮੀ ਪਾਰਟੀ ਦੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸੂਬਾ ਇੰਚਾਰਜ ਮੁਨੀਸ਼ ਸਿਸੋਦੀਆ ਵੱਲੋਂ ਐਡਵੋਕੇਟ ਕਰਮਵੀਰ ਸਿੰਘ ਚੰਦੀ ਦੀਆਂ ਪਾਰਟੀ ਪਾਰਟੀ ਪ੍ਰਤੀ ਸੇਵਾਵਾਂ ਨੂੰ ਦੇਖਦੇ ਹੋਏ ਕਪੂਰਥਲਾ ਦਾ ਹਲਕਾ ਇੰਚਾਰਜ ਨਿਯੁਕਤ ਕੀਤੇ ਜਾਣ 'ਤੇ ਪਹਿਲੀ ਵਾਰ ਕਸਬਾ ਕਾਲਾ ਸੰਘਿਆਂ ਵਿਖੇ ਪਹੁੰਚਣ 'ਤੇ ਮਨਪ੍ਰੀਤ ਸਿੰਘ ਮੰਨਾ ਪੀ ਏ, ਜਗਰੂਪ ਸਿੰਘ, ਨਰਿੰਦਰ ਸਿੰਘ ਸੰਘਾ, ਵਿਜੇ ਅਰੋੜਾ, ਹਰਵਿੰਦਰ ਸਿੰਘ ਸੰਘਾ, ਡਾਕਟਰ ਬਲਰਾਮ ਸ਼ਰਮਾ ਉਰਫ਼ ਡਾਕਟਰ ਕਿੰਦੀ ਤੇ ਡਾਕਟਰ ਬਲਕਾਰ ਸਿੰਘ ਲਾਲਕਾ , ਸੁਲੱਖਣ ਸਿੰਘ ਸੰਘਾ ਉਰਫ਼ ਬਿੱਲੂ ਸ਼ਹਿਰੀਆਂ ਵੱਲੋਂ ਸਾਂਝੇ ਤੌਰ 'ਤੇ ਸਨਮਾਨ ਕੀਤਾ ਗਿਆ। ਐਡਵੋਕੇਟ ਚੰਦੀ ਨੇ ਕਿਹਾ ਕਿ ਹਾਈਕਮਾਂਡ ਵੱਲੋਂ ਦਿੱਤੀ ਗਈ ਜਿੰਮਵਾਰੀ ਨੂੰ ਤਨਦੇਹੀ, ਦ੍ਰਿੜ ਇਰਾਦੇ ਨਾਲ ਨਿਭਾਵਾਂਗਾ ਤੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਦਿਨ ਰਾਤ ਇੱਕ ਕਰਾਂਗਾ। ਚੰਦੀ ਨੇ ਹੋਰ ਕਿਹਾ ਕਿ ਕਸਬਾ ਕਾਲਾ ਸੰਘਿਆਂ ਦੇ ਸਿਵਲ ਹਸਪਤਾਲ ਵਿੱਚ ਨਵੇਂ ਡਾਕਟਰਾਂ ਨੂੰ ਤਾਇਨਾਤ ਕੀਤਾ ਜਾਵੇਗਾ ਤੇ ਬੰਦ ਪਏ ਸੇਵਾ ਕੇਂਦਰ ਨੂੰ ਮੁੜ ਜਲਦੀ ਚਾਲੂ ਕਰਵਾਇਆ ਜਾਵੇਗਾ ਤੇ ਪਿੰਡ ਤੇ ਇਲਾਕੇ ਦੇ ਰੁਕੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਕਰਵਾਇਆ ਜਾਵੇਗਾ। ਇਸ ਮੌਕੇ ਆਪ ਦੇ ਸੀਨੀਅਰ ਆਗੂ ਮੌਜੂਦ ਸਨ।



## ਹਰਜੋਤ ਕੌਰ ਲੋਹਟੀਆ ਬਣੇ ਹਲਕੇ ਦੇ ਸੰਗਠਨ ਇੰਚਾਰਜ

**ਬੰਗਾ (ਅਵਤਾਰ ਕਲੇਰ)**- ਆਪ ਦੇ ਸੀਨੀਅਰ ਆਗੂ ਮੈਡਮ ਹਰਜੋਤ ਕੌਰ ਲੋਹਟੀਆ ਨੂੰ ਪਾਰਟੀ ਹਾਈ ਕਮਾਂਡ ਵੱਲੋਂ ਬੰਗਾ ਹਲਕੇ ਦਾ ਸੰਗਠਨ ਇੰਚਾਰਜ ਨਿਯੁਕਤ ਕੀਤਾ ਗਿਆ ਹੈ।ਜਿਸ ਨਾਲ ਸਮੂਹ ਆਮ ਆਦਮੀ ਪਾਰਟੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਲੋਹਟੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ,ਪੰਜਾਬ ਦੇ ਮੁੱਖ ਮੰਤਰੀ ਭਗਵਾਨ ਸਿੰਘ ਮਾਨ ਵਲੋਂ ਮੈਨੂੰ ਜੋ ਜਿੰਮੇਵਾਰੀ ਸੌਂਪੀ ਹੈ ਉਸ ਨੂੰ ਮੈਂ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਵਾਂਗੀ ਅਤੇ ਪਾਰਟੀ ਨੂੰ ਹੋਰ ਮਜਬੂਤੀ ਨਾਲ ਬੁਲੰਦੀਆਂ ਵੱਲ ਲਿਜਾਣ ਦੀ ਕੋਸ਼ਿਸ਼ ਕਰਾਂਗੀ। ਵਰਨਣਯੋਗ ਹੈ ਕਿ ਮੈਡਮ ਲੋਹਟੀਆ ਜਮੀਨ ਨਾਲ ਜੁੜੇ ਹੋਏ ਲੀਡਰ ਹਨ, ਜਿਨ੍ਹਾਂ ਨੇ ਆਮ ਆਦਮੀ ਪਾਰਟੀ ਨੂੰ ਮਜਬੂਤ ਕਰਨ ਲਈ ਅਹਿਮ ਭੂਮਿਕਾ ਨਿਭਾਈ ਹੈ।ਪਾਰਟੀ ਵਲੋਂ ਪਹਿਲਾਂ ਵੀ ਉਨ੍ਹਾਂ ਨੂੰ ਪ੍ਰਦੇਸ਼ ਜਨਰਲ ਸਕੱਤਰ ਮਹਿਲਾ ਵਿੰਗ ਦੀ ਜਿੰਮੇਵਾਰੀ ਸੌਂਪੀ ਗਈ ਸੀ। ਉਸ ਨੂੰ ਵੀ ਉਨ੍ਹਾਂ ਵਲੋਂ ਤਨਦੇਹੀ ਨਾਲ ਨਿਭਾਇਆ ਗਿਆ। ਇਸੇ ਮਿਹਨਤ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਇਹ ਵੱਡੀ ਜਿਜ਼ਮੇਵਾਰੀ ਸੌਂਪੀ ਗਈ ਹੈ। ਮੈਡਮ ਲੋਹਟੀਆ ਨੇ ਹਾਈ ਕਮਾਂਡ ਦਾ ਧੰਨਵਾਦ ਕੀਤਾ।



## ਮਗਨਰੇਗਾ ਮਜ਼ਦੂਰਾਂ ਦੀ ਕਨਵੈਨਸ਼ਨ 'ਚ ਵੱਡੀ ਗਿਣਤੀ 'ਚ ਕੀਤੀ ਜਾਵੇਗੀ ਸ਼ਮੂਲੀਅਤ : ਹਰਪਾਲ ਸਿੰਘ

**ਬੰਗਾ (ਅਵਤਾਰ ਕਲੇਰ)**— ਮਗਨਰੇਗਾ ਵਰਕਰਜ਼ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪਿੰਡ ਨੂਰਪੁਰ ਇਕਾਈ ਦੀ ਮੀਟਿੰਗ ਬਲਜੀਤ ਕੌਰ ਅਤੇ ਸੁਰਜੀਤ ਕੁਮਾਰ ਦੀ ਪ੍ਰਧਾਨਗੀ ਹੇਠ ਕਰਵਾਈ ਗਈ । ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਹਰਪਾਲ ਸਿੰਘ ਜਗਤਪੁਰ ਅਤੇ ਮੋਹਨ ਸਿੰਘ ਪੂਨੀਆਂ ਸ਼ਾਮਲ ਹੋਏ। ਬੁਲਾਰਿਆਂ ਨੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਸਰਕਾਰ ਤੋਂ ਮੰਗ ਕੀਤੀ ਕਿ ਮਗਨਰੇਗਾ ਵਰਕਰਾਂ ਨੂੰ 700/-ਪ੍ਰਤੀ ਦਿਨ ਦੀ ਦਰ ਨਾਲ ਉਜ਼ਰਤਾਂ ਦਿੱਤੀਆਂ ਜਾਣ,ਮਗਨਰੇਗਾ ਮਜ਼ਦੂਰਾਂ ਦਾ ਬੀਮਾ ਕੀਤਾ ਜਾਵੇ, ਮਜ਼ਦੂਰਾਂ ਨੂੰ ਦਿਹਾਤੀ ਖੇਤਰ ਵਿੱਚ ਪੰਜ - ਪੰਜ ਮਰਲੇ ਦੇ ਪਲਾਟ ਮੁਫ਼ਤ ਦਿੱਤੇ ਜਾਣ, ਮਜ਼ਦੂਰਾਂ ਦੇ ਪਰਵਾਰਾਂ ਨੂੰ ਮੁਫ਼ਤ ਤੇ ਮਿਆਰੀ ਸਿਹਤ ਸਹੂਲਤਾਂ ਅਤੇ ਸਿੱਖਿਆ ਦਾ ਪ੍ਰਬੰਧ ਕੀਤਾ ਜਾਵੇ। ਮਜ਼ਦੂਰਾਂ ਨੂੰ ਸਾਰਾ ਸਾਲ ਕੰਮ ਕੰਮ ਦਿੱਤਾ ਜਾਵੇ।ਮਜ਼ਦੂਰਾਂ ਦੇ ਹਰੇਕ ਕਿਸਮ ਦੇ ਸ਼ੋਸ਼ਣ ਰੋਕਣ ਲਈ ਸੰਜੀਦਾ ਯਤਨ ਕੀਤੇ ਜਾਣ ।ਹਰੇਕ ਕਿਸਮ ਦੀ ਰਾਜਸੀ ਦਖਲ ਅੰਦਾਜੀ ਬੰਦ ਕੀਤੀ ਜਾਵੇ। ਮਜ਼ਦੂਰਾਂ ਦੇ ਸਹਿਕਾਰੀ ਬੈਂਕਾਂ ਤੇ ਕੋ-ਅਪਰੇਟਿਵ ਬੈਂਕਾਂ ਦੇ ਕਰਜ਼ੇ ਮੁਆਫ਼ ਕੀਤੇ ਜਾਣ। ਮਜ਼ਦੂਰਾਂ ਨੂੰ ਬੈਂਕਾਂ ਵੱਲੋਂ ਭੇਜੇ ਗਏ ਕਰਜ਼ਾ ਨੋਟਿਸਾਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਅਤੇ ਸਰਕਾਰ ਤੋਂ ਮੰਗ ਕੀਤੀ ਗਈ ਕਿ ਦਿਹਾਤੀ ਮਜ਼ਦੂਰਾਂ ਦੇ ਕਰਜ਼ੇ ਤੁਰੰਤ ਮੁਆਫ਼ ਕੀਤੇ ਜਾਣ। ਕੇਂਦਰ ਸਰਕਾਰ ਵੱਲੋਂ ਭਾਰਤ ਦੇ ਸੰਵਿਧਾਨ ਦੇ ਪ੍ਰਮੁੱਖ ਉਦੇਸ਼ਾਂ ਨੂੰ ਜਬਰੀ ਹਟਾਉਣ ਦੀ ਵੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਤੇ ਇਸ ਨੂੰ ਸੰਵਿਧਾਨ ਉੱਤੇ ਕੋਝਾ ਹਮਲਾ ਮੰਨਦਿਆਂ ਦੇਸ਼ ਪੱਧਰੀ ਵਿਰੋਧ ਕਰਨ ਦਾ ਹੋਕਾ ਦਿੱਤਾ ਗਿਆ। ਇਸ ਮੌਕੇ ਮੀਨਾ ਕੁਮਾਰੀ, ਨੇਹਾ, ਮਹਿੰਦਰ ਪਾਲ, ਨਿੰਦਰ ਪਾਲ, ਦੇਸ ਰਾਜ, ਅਸ਼ਨੀ ਕੁਮਾਰ ਅਮਰਜੀਤ, ਮਨਦੀਪ ਕੌਰ, ਬਿੱਕਰ ਰਾਮ ਨਿਰਮਲ ਰਾਮ, ਜੀਤ ਰਾਮ, ਮਿੰਦੋ, ਕੁਲਵਿੰਦਰ ਕੌਰ ਹਾਜ਼ਰ ਸਨ ।ਮੀਟਿੰਗ ਨੂੰ ਜ਼ਿਲ੍ਹਾ ਪ੍ਰਧਾਨ ਹਰਪਾਲ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਗਨਰੇਗਾ ਕਾਮਿਆਂ ਦੀਆਂ ਮੰਗਾਂ 'ਤੇ ਵਿਚਾਰ ਚਰਚਾ ਕਰਨ ਲਈ 6 ਜੁਲਾਈ ਨੂੰ ਜਲੰਧਰ ਵਿਖੇ ਕਰਵਾਈ ਜਾ ਕਨਵੈਨਸ਼ਨ ਵਿੱਚ ਵੱਡੀ ਗਿਣਤੀ ਵਿੱਚ ਵਰਕਰਾਂ ਦੀ ਸ਼ਮੂਲੀਅਤ ਕਰਵਾਈ ਜਾਵੇਗੀ।



## ਲਘੂ ਉਦਯੋਗ ਭਾਰਤੀ ਦੇ ਸਹਿਯੋਗ ਨਾਲ ਕਰਮਚਾਰੀਆਂ ਦੀ ਸੁਰੱਖਿਆ ਲਈ ਸੈਮੀਨਾਰ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਯੈੱਸ ਫਾਊਂਡੇਸ਼ਨ ਦਿੱਲੀ ਨੇ ਲਘੂ ਉਦਯੋਗ ਭਾਰਤੀ ਦੇ ਸਹਿਯੋਗ ਨਾਲ ਫਾਈਨ ਸਿਲਾਈ ਗੇਅਰ ਦੇ ਅਹਾਤੇ ਵਿੱਚ ਉਦਯੋਗਿਕ ਇਕਾਈਆਂ ਵਿੱਚ ਕੰਮ ਕਰਨ ਵਾਲੇ ਕਰਮਚਾਰੀਆਂ ਦੀ ਸੁਰੱਖਿਆ ਲਈ ਇੱਕ ਸੈਮੀਨਾਰ ਦਾ ਆਯੋਜਨ ਕੀਤਾ। ਇਸ ਸੈਮੀਨਾਰ ਵਿੱਚ ਐਮਐਸਐਮਈ ਫਾਊਂਡੇਸ਼ਨ ਦਿੱਲੀ ਦੇ ਸੀਨੀਅਰ ਮੈਨੇਜਰ ਵਿਦਿਸ਼ਾ ਰਾਏ ਅਤੇ ਸੀਨੀਅਰ ਮੈਨੇਜਰ ਰਿਸ਼ੀ ਰਾਮ ਨੇ ਉਦਯੋਗਿਕ ਇਕਾਈਆਂ ਵਿੱਚ ਹਾਦਸੇ ਦੀ ਸਥਿਤੀ ਵਿੱਚ ਕੰਮ ਕਰਨ ਵਾਲੇ ਕਰਮਚਾਰੀ ਦੀ ਸੁਰੱਖਿਆ ਕਿਵੇਂ ਕਰਨੀ ਹੈ, ਇਸ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਕਰਮਚਾਰੀਆਂ ਦੀ ਰੱਖਿਆ ਕਰਨਾ ਹਰ ਉਦਯੋਗਿਕ ਇਕਾਈ ਦਾ ਮੁੱਢਲਾ ਫਰਜ਼ ਹੈ, ਤਾਂ ਜੋ ਕਰਮਚਾਰੀਆਂ ਵਿੱਚ ਸੁਰੱਖਿਆ ਦੀ ਭਾਵਨਾ ਹੋਵੇ ਅਤੇ ਉਹ ਆਪਣਾ ਕੰਮ ਚੰਗੀ ਤਰ੍ਹਾਂ ਕਰ ਸਕਣ। ਸੈਮੀਨਾਰ ਵਿੱਚ ਮੌਜੂਦ ਬੁਲਾਰਿਆਂ ਊਸ਼ਾ ਚੋਪੜਾ ਅਤੇ ਸੁਖਦੇਵ ਸਿੰਘ ਨੇ ਹਾਦਸੇ ਤੋਂ ਬਾਅਦ ਮੁੱਢਲੀ ਸਹਾਇਤਾ ਬਾਰੇ ਵਿਸਥਾਰ ਵਿੱਚ ਦੱਸਿਆ। ਅੰਤ ਵਿੱਚ, ਲਘੂ ਉਦਯੋਗ ਭਾਰਤੀ ਦੇ ਪ੍ਰਧਾਨ ਆਈ.ਪੀ. ਖੁਰਾਨਾ ਨੇ ਆਏ ਹੋਏ ਪਤਵੰਤਿਆਂ ਦਾ ਮਹੱਤਵਪੂਰਨ ਜਾਣਕਾਰੀ ਦੇਣ ਲਈ ਧੰਨਵਾਦ ਕੀਤਾ। ਇਸ ਮੌਕੇ ਫਾਈਨ ਸਵਿੱਚ ਐਂਡ ਗੇਅਰ ਦੇ ਮੈਨੇਜਿੰਗ ਡਾਇਰੈਕਟਰ ਅਸ਼ੋਕ ਸੇਠੀ, ਲਘੂ ਉਦਯੋਗ ਭਾਰਤੀ ਦੇ ਸਕੱਤਰ ਅਰਵਿੰਦ ਬੱਗਾ, ਮਹਿੰਦਰਾ ਸੇਠੀ ਤੋਂ ਇਲਾਵਾ ਵੱਖ-ਵੱਖ ਉਦਯੋਗਿਕ ਇਕਾਈਆਂ ਵਿੱਚ ਕੰਮ ਕਰਨ ਵਾਲੇ ਕਰਮਚਾਰੀ ਵੱਡੀ ਗਿਣਤੀ ਵਿੱਚ ਮੌਜੂਦ ਸਨ।